ਸ਼ੁੱਕਰਵਾਰ, 18 ਜੁਲਾਈ, 2025
3 ਸਾਉਣ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 47

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 18 JULY, 2025 ਜਲੰਧਰ

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਸਟਾਫ ਦੀ ਲੋੜ
ਭੰਡਾਰੀ ਕਾਰ ਬਾਜ਼ਾਰ ਭੋਗਪੁਰ
ਵਿਖੇ ਦਫਤਰੀ ਕੰਮਾਂ ਲਈ ਸਟਾਫ ਅਤੇ ਕਾਰ ਵਾਸ਼ਿੰਗ ਲਈ ਲੜਕਿਆਂ ਦੀ ਜ਼ਰੂਰਤ ਹੈ। ਤਨਖਾਹ 10,000 ਤੋਂ 20,000 ਰੁਪਏ। ਚਾਹਵਾਨ 62800-30861 'ਤੇ ਸੰਪਰਕ ਕਰਨ।
ਮਿਲਣ ਦਾ ਸਮਾਂ : ਸਵੇਰੇ 8 ਤੋਂ 10 ਵਜੇ ਤੱਕ


## ਮਹਾਰਾਸ਼ਟਰ ਦੀ 'ਨਵੀਂ ਫਿਲਮ' ਦਾ ਟਰੇਲਰ ਆਇਆ ਸਾਹਮਣੇ

**ਮੁੰਬਈ** : ਸਿਆਸਤ ਵਿੱਚ ਕੋਈ ਗੱਲ ਐਵੇਂ ਹੀ ਨਹੀਂ ਕਹੀ ਜਾਂਦੀ, ਚਾਹੇ ਉਹ ਹਲਕੇ-ਫੁਲਕੇ ਅੰਦਾਜ਼ ਵਿੱਚ ਹੀ ਕਿਉਂ ਨਾ ਕਹੀ ਜਾਵੇ, ਉਸ ਦੇ ਪਿੱਛੇ ਕੁਝ ਨਾ ਕੁਝ ਮਕਸਦ ਜ਼ਰੂਰ ਹੁੰਦਾ ਹੈ। ਮਹਾਰਾਸ਼ਟਰ ਦੇ ਮੁੱਖ ਮੰਤਰੀ ਦਵਿੰਦਰ ਫੜਨਵੀਸ ਨੇ ਬੁੱਧਵਾਰ ਵਿਧਾਨ ਪ੍ਰੀਸ਼ਦ 'ਚ ਜਦੋਂ ਊਧਵ ਠਾਕਰੇ ਨੂੰ ਸਰਕਾਰ ਵਿੱਚ ਸ਼ਾਮਲ ਹੋਣ ਦੀ ਗੱਲ ਕਹੀ ਤਾਂ ਸਿਆਸੀ ਗਲਿਆਰਿਆਂ 'ਚ ਹਲਚਲ ਮਚ ਗਈ। ਇਕ ਦਿਨ ਬਾਅਦ ਵੀਰਵਾਰ ਊਧਵ ਤੇ ਉਨ੍ਹਾ ਦੇ ਬੇਟੇ ਆਦਿਤਿਆ ਠਾਕਰੇ ਦੀ ਫੜਨਵੀਸ ਨਾਲ ਮੁਲਾਕਾਤ ਨੇ ਕਿਆਸਅਰਾਈਆਂ ਨੂੰ ਤੇਜ਼ ਕਰ ਦਿੱਤਾ। ਹੁਣ ਦੋ ਸਵਾਲ ਉਠ ਰਹੇ ਹਨ ਕਿ ਜਦ ਭਾਜਪਾ ਦੀ ਅਗਵਾਈ ਵਾਲੀ ਕੁਲੀਸ਼ਨ ਸਰਕਾਰ ਨੂੰ ਅਸੈਂਬਲੀ ਵਿੱਚ ਤਕੜਾ ਬਹੁਮਤ ਹਾਸਲ ਹੈ ਤਾਂ ਊਧਵ ਠਾਕਰੇ ਨੂੰ ਨਾਲ ਲਿਆਉਣ ਦੀ ਲੋੜ ਕਿਉਂ ਪੈ ਰਹੀ ਹੈ? ਅਤੇ ਜੇ ਵਾਕਈ ਅਜਿਹਾ ਹੁੰਦਾ ਹੈ ਤਾਂ ਸ਼ਿਵ ਸੈਨਾ ਤੋੜ ਕੇ ਅਸਲੀ ਸ਼ਿਵ ਸੈਨਾ 'ਤੇ ਕੰਟਰੋਲ ਕਰਨ ਵਾਲੇ ਏਕਨਾਥ ਸ਼ਿੰਦੇ ਦਾ ਕੀ ਹੋਵੇਗਾ? ਸਾਥੀ ਨੂੰ ਬਦਲਣਾ ਚਾਹੁੰਦੀ ਹੈ। ਫੜਨਵੀਸ ਤੇ ਉੱਪ ਮੁੱਖ ਮੰਤਰੀ ਅਜੀਤ ਪਵਾਰ ਦੀ ਠੀਕ-ਠਾਕ ਬਣਦੀ ਹੈ। ਸ਼ਿੰਦੇ ਨਾਲ ਫੜਨਵੀਸ ਦੇ ਰਿਸ਼ਤੇ ਬਿਹਤਰ ਨਹੀਂ। ਉਹ ਕਈ ਗੱਲਾਂ ਨੂੰ ਲੈ ਕੇ ਨਾਰਾਜ਼ ਰਹਿੰਦੇ ਹਨ।


ਸ਼ਿਵ ਸੈਨਾ (ਊਬਾਠਾ) ਦੇ ਪ੍ਰਧਾਨ ਊਧਵ ਠਾਕਰੇ ਤੇ ਉਨ੍ਹਾ ਦੇ ਬੇਟੇ ਆਦਿਤਿਆ ਠਾਕਰੇ ਮੁੱਖ ਮੰਤਰੀ ਦਵਿੰਦਰ ਫੜਨਵੀਸ ਨੂੰ ਪੁਸਤਕ 'ਹਿੰਦੀ ਨੂੰ ਲਾਜ਼ਮੀ ਕਰਨ ਦੀ ਕੀ ਲੋੜ?' ਭੇਟ ਕਰਦੇ ਹੋਏ।

ਮਹਾਯੁਤੀ ਸਰਕਾਰ ਕੋਲ 288 ਵਿੱਚੋਂ 230 ਸੀਟਾਂ ਹਨ।
ਇਨ੍ਹਾਂ ਵਿੱਚ ਭਾਜਪਾ ਦੇ 132, ਸ਼ਿੰਦੇ ਦੀ ਸ਼ਿਵ ਸੈਨਾ ਦੇ 57 ਤੇ ਅਜੀਤ ਪਵਾਰ ਦੀ ਐੱਨ ਸੀ ਪੀ ਦੇ 41 ਵਿਧਾਇਕ ਹਨ। ਫਿਰ ਵੀ ਜੇ ਫੜਨਵੀਸ ਊਧਵ ਠਾਕਰੇ ਨੂੰ ਸੱਦਾ ਦੇ ਰਹੇ ਹਨ ਤਾਂ ਇਸ ਦੇ ਪਿੱਛੇ ਦੋ ਕਾਰਨ ਹੋ ਸਕਦੇ ਹਨ, ਉਹ ਆਪੋਜ਼ੀਸ਼ਨ ਮਹਾਂਵਿਕਾਸ ਅਘਾੜੀ ਨੂੰ ਹੋਰ ਕਮਜ਼ੋਰ ਕਰਨਾ ਚਾਹੁੰਦੇ ਹਨ। ਦੂਜਾ ਇਹ ਕਿ ਭਾਜਪਾ ਮਹਾਯੁਤੀ ਵਿੱਚੋਂ ਆਪਣੇ ਕਿਸੇ ਮੌਜੂਦਾ

## ਭੀਲ ਪ੍ਰਦੇਸ਼ ਬਣਾਉਣ ਦੀ ਮੰਗ ਫਿਰ ਉੱਭਰੀ




**ਜੈਪੁਰ** : ਦੱਖਣੀ ਰਾਜਸਥਾਨ ਤੇ ਨਾਲ ਲੱਗਦੇ ਰਾਜਾਂ ਦੇ ਕਬਾਇਲੀ ਇਲਾਕਿਆਂ ਨੂੰ ਮਿਲਾ ਕੇ ਭੀਲ ਪ੍ਰਦੇਸ਼ ਬਣਾਉਣ ਦੀ ਮੰਗ ਉਭਾਰੀ ਜਾ ਰਹੀ ਹੈ। ਭਾਰਤ ਆਦਿਵਾਸੀ ਪਾਰਟੀ (ਬੀ ਏ ਪੀ) ਦੇ ਬਾਨੀ ਤੇ ਬਾਂਸਵਾੜਾ ਤੋਂ ਲੋਕ ਸਭਾ ਮੈਂਬਰ ਰਾਜ ਕੁਮਾਰ ਰੋਟ ਨੇ ਕਿਹਾ ਹੈ ਕਿ ਰਾਜਸਥਾਨ, ਗੁਜਰਾਤ, ਮੱਧ ਪ੍ਰਦੇਸ਼ ਤੇ ਮਹਾਰਾਸ਼ਟਰ ਦੇ 49 ਜ਼ਿਲ੍ਹਿਆਂ ਨੂੰ ਮਿਲਾ ਕੇ ਭੀਲ ਪ੍ਰਦੇਸ਼ ਬਣਾਇਆ ਜਾਵੇ। ਉਨ੍ਹਾ ਕਿਹਾ ਹੈ ਕਿ ਇਹ ਮੰਗ ਆਜ਼ਾਦੀ ਤੋਂ ਪਹਿਲਾਂ ਦੀ ਹੈ ਕਿਉਂਕਿ ਇਨ੍ਹਾਂ ਖੇਤਰਾਂ ਦੇ ਲੋਕਾਂ ਦਾ ਸੱਭਿਆਚਾਰ, ਭਾਸ਼ਾ, ਬੋਲਚਾਲ ਤੇ ਰਹੁਰੀਤਾਂ ਇੱਕੋ ਜਿਹੀਆਂ ਹਨ। ਰੋਟ ਨੇ ਕਿਹਾ ਕਿ 1913 ਵਿੱਚ ਸਮਾਜ ਸੁਧਾਰਕ ਗੋਵਿੰਦ ਗੁਰੂ ਦੀ ਅਗਵਾਈ ਵਿੱਚ ਭੀਲ ਪ੍ਰਦੇਸ਼ ਦੀ ਮੰਗ ਨੂੰ ਲੈ ਕੇ ਕੀਤੇ ਜਾ ਰਹੇ ਅੰਦੋਲਨ ਵਿੱਚ ਮਾਨਗੜ੍ਹ 'ਚ 1500 ਤੋਂ ਵੱਧ ਕਬਾਇਲੀਆਂ ਨੂੰ ਸ਼ਹੀਦ ਕਰ ਦਿੱਤਾ ਗਿਆ ਸੀ। ਆਜ਼ਾਦੀ ਤੋਂ ਬਾਅਦ ਭੀਲ ਪ੍ਰਦੇਸ਼ ਨੂੰ ਚਾਰ ਰਾਜਾਂ ਵਿੱਚ ਵੰਡ ਕੇ ਲੋਕਾਂ ਨਾਲ ਬੇਇਨਸਾਫੀ ਕੀਤੀ ਗਈ। ਬੀ ਏ ਪੀ ਦੇ ਕੌਮੀ ਪ੍ਰਧਾਨ ਮੋਹਨ ਲਾਲ ਰੋਟ ਨੇ ਕਿਹਾ ਹੈ ਕਿ ਸੰਵਿਧਾਨ ਦੇ ਆਰਟੀਕਲ 2 ਤੇ 3 ਸੰਸਦ ਨੂੰ ਨਵੇਂ ਰਾਜ ਬਣਾਉਣ ਦੀ ਸ਼ਕਤੀ ਦਿੰਦੇ ਹਨ। ਜਦ ਤਿਲੰਗਾਨਾ, ਝਾਰਖੰਡ, ਉੱਤਰਾਖੰਡ ਤੇ ਛੱਤੀਸਗੜ੍ਹ ਬਣਾਏ ਗਏ ਹਨ ਤਾਂ ਭੀਲ ਪ੍ਰਦੇਸ਼ ਕਿਉਂ ਨਹੀਂ? ਉਨ੍ਹਾ ਕਿਹਾ ਹੈ ਕਿ ਇਹ ਸਿਰਫ ਬੀ ਏ ਪੀ ਦਾ ਮੁੱਦਾ ਨਹੀਂ, ਖਿੱਤੇ ਦੇ ਲੋਕਾਂ ਦਾ ਮੁੱਦਾ ਹੈ। ਰਾਜਧਾਨੀ ਜੈਪੁਰ ਬਾਂਸਵਾੜਾ ਤੋਂ ਕਰੀਬ 650 ਕਿੱਲੋਮੀਟਰ ਦੂਰ ਹੈ। ਕਾਂਗਰਸ ਤੇ ਭਾਜਪਾ ਕਬਾਇਲੀਆਂ ਦੀ ਨਾਰਾਜ਼ਗੀ ਤੋਂ ਡਰਦੀਆਂ ਇਸ ਮਾਮਲੇ ਵਿੱਚ ਖੁੱਲ੍ਹ ਕੇ ਨਹੀਂ ਬੋਲ ਰਹੀਆਂ।

### ਨਿਤੀਸ਼ ਕੁਮਾਰ ਨੇ ਵੀ ਮੁਫਤ ਦਾ ਲਾਟੂ ਜਗਾਇਆ

**ਪਟਨਾ** : ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਸਿਆਲਾਂ 'ਚ ਅਸੈਂਬਲੀ ਚੋਣਾਂ ਤੋਂ ਪਹਿਲਾਂ ਇਕ ਸਾਰੇ ਘਰੇਲੂ ਖਪਤਕਾਰਾਂ ਨੂੰ 125 ਯੂਨਿਟ ਮੁਫਤ ਬਿਜਲੀ ਦੇਣ ਦਾ ਐਲਾਨ ਕੀਤਾ ਹੈ। ਉਨ੍ਹਾ ਕਿਹਾ ਕਿ ਪਹਿਲੀ ਅਗਸਤ ਤੋਂ ਲਾਗੂ ਹੋਣ ਵਾਲੇ ਫੈਸਲੇ ਦਾ ਸੂਬੇ ਦੇ 1.67 ਕਰੋੜ ਘਰਾਂ ਨੂੰ ਲਾਭ ਪਹੁੰਚੇਗਾ। ਮੁੱਖ ਮੰਤਰੀ ਨੇ ਕਿਹਾ, "ਇਸ ਦਾ ਮਤਲਬ ਹੈ ਕਿ ਜੁਲਾਈ ਦੇ ਬਿੱਲਾਂ ਵਿੱਚ 125 ਯੂਨਿਟਾਂ ਲਈ ਕੋਈ ਚਾਰਜ ਨਹੀਂ ਲਿਆ ਜਾਵੇਗਾ।" ਮੁੱਖ ਮੰਤਰੀ ਨਿਤੀਸ਼ ਕੁਮਾਰ ਨੇ ਇਹ ਐਲਾਨ ਅਜਿਹੇ ਮੌਕੇ ਕੀਤਾ ਹੈ ਜਦੋਂ ਉਨ੍ਹਾ ਦੇ ਵਿਰੋਧੀ ਅਤੇ ਸਾਬਕਾ ਉਪ ਮੁੱਖ ਮੰਤਰੀ ਤੇਜਸਵੀ ਯਾਦਵ ਚੋਣ ਵਾਅਦੇ ਵਜੋਂ 200 ਯੂਨਿਟ ਮੁਫਤ ਬਿਜਲੀ ਦੇਣ ਦਾ ਐਲਾਨ ਕਰ ਚੁੱਕੇ ਹਨ।

### ਇਜ਼ਰਾਈਲੀ ਫੌਜ ਨੇ ਗਾਜ਼ਾ 'ਚ ਚਰਚ ਵੀ ਨਹੀਂ ਬਖਸ਼ਿਆ

**ਦੀਰ ਅਲ-ਬਲਾਹ** : ਕੈਥੋਲਿਕ ਚਰਚ ਦੇ ਅਧਿਕਾਰੀਆਂ ਨੇ ਦੱਸਿਆ ਕਿ ਵੀਰਵਾਰ ਸਵੇਰੇ ਉੱਤਰੀ ਗਾਜ਼ਾ ਵਿੱਚ ਹੋਲੀ ਫੈਮਿਲੀ ਚਰਚ 'ਤੇ ਹੋਏ ਹਮਲੇ ਵਿੱਚ ਪੈਰਿਸ਼ ਪਾਦਰੀ ਸਮੇਤ ਕਈ ਲੋਕ ਜ਼ਖਮੀ ਹੋ ਗਏ। ਪੈਰਿਸ਼ ਪਾਦਰੀ ਫਾਦਰ ਗੈਬਰੀਅਲ ਰੋਮਨੇਲੀ ਸਵਰਗਵਾਸੀ ਪੋਪ ਫਰਾਂਸਿਸ ਦੇ ਬਹੁਤ ਨਜ਼ਦੀਕੀ ਸਨ ਅਤੇ ਗਾਜ਼ਾ ਵਿੱਚ ਜੰਗ ਦੌਰਾਨ ਦੋਵੇਂ ਅਕਸਰ ਗੱਲਬਾਤ ਕਰਦੇ ਸਨ। ਅਧਿਕਾਰੀਆਂ ਨੇ ਦੱਸਿਆ ਕਿ ਹਮਲੇ ਕਾਰਨ ਚਰਚ ਨੂੰ ਕਾਫੀ ਨੁਕਸਾਨ ਪਹੁੰਚਿਆ ਹੈ ਅਤੇ ਗਵਾਹਾਂ ਅਨੁਸਾਰ ਇਹ ਇਜ਼ਰਾਈਲੀ ਟੈਂਕ ਦੀ ਗੋਲੀਬਾਰੀ ਜਾਪਦੀ ਹੈ। ਉਧਰ ਇਜ਼ਰਾਈਲੀ ਫੌਜ ਨੇ ਹਮਲੇ 'ਤੇ ਤੁਰੰਤ ਟਿੱਪਣੀ ਨਹੀਂ ਕੀਤੀ।

### ਬੱਸ 'ਚੋਂ ਡਿੱਗਣ ਨਾਲ ਵਿਦਿਆਰਥਣ ਦੀ ਮੌਤ



**ਡੇਰਾ ਬਾਬਾ ਨਾਨਕ** : ਵੀਰਵਾਰ ਸਵੇਰੇ ਸਥਾਨਕ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਵਿੱਚ ਪੜ੍ਹਦੀਆਂ ਦੋ ਕੁੜੀਆਂ ਸਕੂਲ ਨੇੜੇ ਚਲਦੀ ਨਿੱਜੀ ਬੱਸ ਵਿੱਚੋਂ ਡਿੱਗ ਕੇ ਗੰਭੀਰ ਜ਼ਖਮੀ ਹੋ ਗਈਆਂ। ਇਨ੍ਹਾਂ ਵਿੱਚੋਂ ਕੋਠੇ ਪਿੰਡ ਦੇ ਕੁਲਦੀਪ ਸਿੰਘ ਦੀ ਬਾਰ੍ਹਵੀਂ ਵਿੱਚ ਪੜ੍ਹਦੀ ਮਹਿਕਪ੍ਰੀਤ ਕੌਰ (17) ਨੂੰ ਬਟਾਲਾ ਰੈਫਰ ਕਰਨਾ ਪਿਆ, ਪਰ ਜ਼ਖਮਾਂ ਦੀ ਤਾਬ ਨਾ ਝਲਦਿਆਂ ਉਸ ਦੀ ਮੌਤ ਹੋ ਗਈ। ਦੂਜੀ ਵਿਦਿਆਰਥਣ ਜ਼ੇਰੇ ਇਲਾਜ ਸੀ।

### 96 ਲੱਖ ਦੇ ਸੋਨੇ ਸਣੇ ਦੋ ਫੜੇ

**ਅੰਮ੍ਰਿਤਸਰ** : ਕਸਟਮ ਵਿਭਾਗ ਨੇ ਸਥਾਨਕ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਦੋ ਵੱਖ-ਵੱਖ ਮਾਮਲਿਆਂ ਵਿੱਚ ਦੋ ਯਾਤਰੀਆਂ ਨੂੰ 960 ਗ੍ਰਾਮ ਸੋਨੇ ਸਮੇਤ ਕਾਬੂ ਕੀਤਾ ਹੈ, ਜਿਸ ਦੀ ਬਾਜ਼ਾਰ ਵਿੱਚ ਕੀਮਤ ਕਰੀਬ 96 ਲੱਖ ਰੁਪਏ ਦੱਸੀ ਜਾਂਦੀ ਹੈ। ਇਹ ਯਾਤਰੀ ਕੋਲਕਾਤਾ ਤੋਂ ਇੰਡੀਗੋ ਦੀ ਉਡਾਣ ਰਾਹੀਂ ਪੁੱਜੇ ਸਨ।

### ਆਕਾਸ਼ ਪ੍ਰਾਈਮ ਦੀ ਸਫਲ ਪਰਖ

**ਨਵੀਂ ਦਿੱਲੀ** : ਭਾਰਤ ਨੇ ਬੁੱਧਵਾਰ ਲੱਦਾਖ ਵਿੱਚ ਆਕਾਸ਼ ਪ੍ਰਾਈਮ ਮਿਜ਼ਾਈਲ ਦੀ ਸਫਲ ਪਰਖ ਕੀਤੀ। ਰੱਖਿਆ ਮੰਤਰਾਲੇ ਨੇ ਦੱਸਿਆ ਕਿ ਇਹ 4500 ਮੀਟਰ ਦੀ ਉੱਚਾਈ ਤੱਕ ਮਾਰ ਕਰਨ ਦੇ ਸਮਰੱਥ ਹੈ। ਇਸ ਮਿਜ਼ਾਈਲ ਨਾਲ ਲੱਦਾਖ 'ਚ ਉੱਚ ਦੂਰੀ 'ਤੇ ਮਨੁੱਖ ਰਹਿਤ ਦੋ ਤੇਜ਼ ਰਫਤਾਰ ਨਿਸ਼ਾਨਿਆਂ ਨੂੰ ਫੁੰਡਿਆ ਗਿਆ। ਮੰਤਰਾਲੇ ਨੇ ਇਸ ਸਫਲ ਅਜ਼ਮਾਇਸ਼ ਨੂੰ ਰੱਖਿਆ ਖੇਤਰ ਲਈ ਮੀਲ ਪੱਥਰ ਦੱਸਿਆ ਹੈ।

### ਤਬਲੀਗੀ ਜਮਾਤ ਦੇ 70 ਲੋਕਾਂ ਖਿਲਾਫ ਕੇਸ ਰੱਦ

**ਨਵੀਂ ਦਿੱਲੀ** : ਦਿੱਲੀ ਹਾਈ ਕੋਰਟ ਨੇ ਵੀਰਵਾਰ ਕੋਵਿਡ-19 ਮਹਾਂਮਾਰੀ ਦੌਰਾਨ ਮਾਰਚ 2020 ਵਿੱਚ ਤਬਲੀਗੀ ਜਮਾਤ ਦੀ ਸੰਗਤ ਦੇ ਵਿਦੇਸ਼ੀ ਹਾਜ਼ਰੀਨ ਦੀ ਮੇਜ਼ਬਾਨੀ ਕਰਨ ਲਈ 70 ਭਾਰਤੀ ਨਾਗਰਿਕਾਂ ਵਿਰੁੱਧ 16 ਕੇਸ ਰੱਦ ਕਰ ਦਿੱਤੇ ਹਨ। ਜਸਟਿਸ ਨੀਨਾ ਬਾਂਸਲ ਕ੍ਰਿਸ਼ਨਾ ਨੇ ਫੈਸਲਾ ਸੁਣਾਉਂਦੇ ਹੋਏ ਕਿਹਾ, "ਚਾਰਜਸ਼ੀਟਾਂ ਰੱਦ ਕਰ ਦਿੱਤੀਆਂ ਗਈਆਂ ਹਨ।" ਅਦਾਲਤ ਨੇ 70 ਭਾਰਤੀਆਂ ਨਾਲ ਸੰਬੰਧਤ 16 ਪਟੀਸ਼ਨਾਂ 'ਤੇ ਫੈਸਲਾ ਸੁਣਾਇਆ, ਜਿਨ੍ਹਾਂ ਦੀ ਨੁਮਾਇੰਦਗੀ ਵਕੀਲ ਆਸ਼ਿਮਾ ਮੰਡਲਾ ਨੇ ਕੀਤੀ। ਇਸ ਸੰਬੰਧੀ ਇੱਕ ਵਿਸਤ੍ਰਿਤ ਫੈਸਲੇ ਦੀ ਉਡੀਕ ਹੈ। ਦਿੱਲੀ ਪੁਲਸ ਨੇ ਮਾਰਚ 2020 ਵਿੱਚ ਵਿਦੇਸ਼ੀ ਹਾਜ਼ਰੀਨ ਦੀ ਮੇਜ਼ਬਾਨੀ ਲਈ ਦਰਜ ਐੱਫ ਆਈ ਆਰ ਰੱਦ ਕਰਨ ਦੀਆਂ ਪਟੀਸ਼ਨਾਂ ਦਾ ਵਿਰੋਧ ਕੀਤਾ ਸੀ ਅਤੇ ਕਿਹਾ ਸੀ ਕਿ ਦੋਸ਼ੀ ਸਥਾਨਕ ਨਿਵਾਸੀਆਂ ਨੇ ਕੋਵਿਡ-19 ਦੇ ਫੈਲਣ ਨੂੰ ਰੋਕਣ ਲਈ ਆਵਾਜਾਈ 'ਤੇ ਪਾਬੰਦੀ ਦੇ ਆਦੇਸ਼ਾਂ ਦੀ ਉਲੰਘਣਾ ਕਰਕੇ ਨਿਜ਼ਾਮੂਦੀਨ ਮਰਕਜ਼ ਆਏ ਹਾਜ਼ਰੀਨ ਨੂੰ ਪਨਾਹ ਦਿੱਤੀ ਸੀ।

ਜੈ ਮਾਤਾ ਦੀ ਜੈ ਮਾਤਾ ਦੀ
ਚਿੰਤਪੁਰਨੀ ਮਾਤਾ ਦੇ ਮੇਲੇ 'ਤੇ ਮੰਗੂਵਾਲ ਬੈਰੀਅਰ 'ਤੇ ਭੋਗਪੁਰ ਵਾਸੀਆਂ ਦੀ ਸਰਾਂ ਹੈ, ਜਿਸ ਦਾ ਪੱਕਾ ਲੈਂਟਰ ਵਾਲਾ ਹਾਲ ਹੈ, ਜਿਸ ਦਾ ਵਾਇਆ ਦਸ ਹਜ਼ਾਰ ਸਕੇਅਰ ਫੁੱਟ ਹੈ। ਜੇਕਰ ਕਿਸੇ ਵੀ ਸੇਵਾਦਾਰ ਨੇ ਮੇਲੇ 'ਤੇ ਲੰਗਰ ਲਗਾਉਣਾ ਹੈ ਤਾਂ ਹੇਠ ਲਿਖੇ ਨੰਬਰ 'ਤੇ ਸੰਪਰਕ ਕਰ ਸਕਦਾ ਹੈ।
ਪੱਪੂ ਸੇਵਾਦਾਰ : 98143-75023

## ਉਜਾੜੇ ਲੋਕਾਂ 'ਤੇ ਫਾਇਰਿੰਗ 'ਚ ਇੱਕ ਦੀ ਮੌਤ

**ਗੁਹਾਟੀ** : ਆਸਾਮ ਦੇ ਗੋਲਪਾੜਾ ਜ਼ਿਲ੍ਹੇ ਦੇ ਪਾਈਕਾਨ ਰਿਜ਼ਰਵ ਫੋਰੈਸਟ ਵਿੱਚ ਉਜਾੜੇ ਗਏ ਲੋਕਾਂ ਅਤੇ ਪੁਲਸ ਵਿਚਕਾਰ ਹੋਈ ਝੜਪ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਪੁਲਸ ਕਰਮਚਾਰੀਆਂ ਸਮੇਤ ਕਈ ਹੋਰ ਜ਼ਖਮੀ ਹੋ ਗਏ। ਪ੍ਰਸ਼ਾਸਨ ਨੇ ਉੱਥੇ ਹੋਰ ਪੁਲਸ ਭੇਜ ਦਿੱਤੀ ਹੈ।
ਗੋਲਪਾੜਾ ਦੇ ਡੀ ਸੀ ਪ੍ਰਦੀਪ ਤਿਮੁੰਗ ਨੇ ਦੱਸਿਆ ਕਿ ਜੰਗਲਾਤ ਗਾਰਡ ਅਤੇ ਪੁਲਸ ਕਰਮਚਾਰੀ ਜਦੋਂ ਪਾਈਕਾਨ ਰਿਜ਼ਰਵ ਫੋਰੈਸਟ ਦੇ ਇੱਕ ਹਿੱਸੇ ਨੂੰ ਘੇਰਨ ਗਏ ਤਾਂ ਕਥਿਤ ਕਬਜ਼ਾਧਾਰੀਆਂ ਨੇ ਲਾਠੀਆਂ ਨਾਲ ਹਮਲਾ ਕੀਤਾ ਅਤੇ ਉਨ੍ਹਾਂ 'ਤੇ ਪੱਥਰ ਸੁੱਟਣੇ ਸ਼ੁਰੂ ਕਰ ਦਿੱਤੇ। ਜ਼ਿਲ੍ਹੇ ਦੇ ਕ੍ਰਿਸ਼ਨਾਈ ਰੇਂਜ ਦੇ ਪਾਈਕਾਨ ਰਿਜ਼ਰਵ ਫੋਰੈਸਟ ਵਿੱਚ ਲਗਭਗ 135 ਹੈਕਟੇਅਰ ਖੇਤਰ ਵਿੱਚੋਂ ਕਬਜ਼ਾ ਹਟਾਉਣ ਦੀ ਮੁਹਿੰਮ ਕਾਰਨ 1,080 ਪਰਵਾਰ ਪ੍ਰਭਾਵਤ ਹੋਏ ਹਨ ਅਤੇ ਬੇਦਖਲ ਕੀਤੇ ਗਏ ਲੋਕ ਜ਼ਿਆਦਾਤਰ ਬੰਗਾਲੀ ਬੋਲਣ ਵਾਲੇ ਮੁਸਲਮਾਨ ਸਨ। ਤਿਮੁੰਗ ਨੇ ਕਿਹਾ ਕਿ ਜੰਗਲਾਤ ਵਿਭਾਗ ਇੱਕ ਚੈਨਲ ਪੁੱਟਣਾ ਚਾਹੁੰਦਾ ਸੀ, ਤਾਂ ਜੋ ਭਵਿੱਖ ਵਿੱਚ ਕੋਈ ਕਬਜ਼ਾ ਕਰਨ ਦੀ ਕੋਸ਼ਿਸ਼ ਨਾ ਹੋਵੇ। ਇਹ ਕਾਰਵਾਈ ਬੁੱਧਵਾਰ ਸ਼ੁਰੂ ਕੀਤੀ ਗਈ ਅਤੇ ਸ਼ਾਂਤੀਪੂਰਵਕ ਚੱਲੀ, ਪਰ ਜਦੋਂ ਟੀਮ ਵੀਰਵਾਰ ਸਵੇਰੇ ਕੰਮ ਮੁੜ ਸ਼ੁਰੂ ਕਰਨ ਲਈ ਪਹੁੰਚੀ, ਤਾਂ ਇਲਾਕੇ ਦੇ ਲੋਕਾਂ ਨੇ ਪੱਥਰਾਂ ਅਤੇ ਲਾਠੀਆਂ ਨਾਲ ਹਮਲਾ ਕਰ ਦਿੱਤਾ। ਜਵਾਬੀ ਕਾਰਵਾਈ ਵਿੱਚ ਪੁਲਸ ਨੇ ਗੋਲੀਬਾਰੀ ਕੀਤੀ, ਜਿਸ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ ਦੋ ਹੋਰ ਜ਼ਖਮੀ ਹੋ ਗਏ। ਮੁੱਖ ਮੰਤਰੀ ਹਿਮੰਤ ਬਿਸਵਾ ਸਰਮਾ ਨੇ ਕਿਹਾ ਕਿ ਸੁਰੱਖਿਆ ਕਰਮਚਾਰੀਆਂ 'ਤੇ ਹਮਲਾ ਕਰਨ ਵਾਲਿਆਂ 'ਤੇ ਕਾਰਵਾਈ ਕੀਤੀ ਜਾਵੇਗੀ।

## ਨਵੀਂ ਸਨਅਤੀ ਨੀਤੀ ਬਣਾਉਣ ਦੀ ਤਿਆਰੀ ਸ਼ੁਰੂ

**ਚੰਡੀਗੜ੍ਹ** : ਸਰਕਾਰ ਨੇ ਨਵੀਂ ਸਨਅਤੀ ਨੀਤੀ ਬਣਾਉਣ ਵੱਲ ਇੱਕ ਅਹਿਮ ਕਦਮ ਪੁੱਟਦਿਆਂ ਸੂਬੇ ਵਿੱਚ ਸਨਅਤੀ ਵਿਕਾਸ ਨੂੰ ਰਫਤਾਰ ਦੇਣ ਦੇ ਮੰਤਵ ਨਾਲ ਵਿਸ਼ੇਸ਼ ਕਮੇਟੀਆਂ ਬਣਾਉਣ ਦਾ ਐਲਾਨ ਕੀਤਾ ਹੈ। ਉਦਯੋਗ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ 22 ਕਮੇਟੀਆਂ ਬਣਾਈਆਂ ਜਾਣਗੀਆਂ ਤੇ ਹਰੇਕ ਕਮੇਟੀ ਦੀ ਅਗਵਾਈ ਸੰਬੰਧਤ ਖੇਤਰ ਦੀ ਪ੍ਰਮੁੱਖ ਸ਼ਖਸੀਅਤ ਕਰੇਗੀ। ਇਹ ਕਮੇਟੀਆਂ ਸਰਕਾਰ ਨੂੰ ਆਪਣੇ ਉਦਯੋਗਾਂ ਨੂੰ ਹਮਾਇਤ ਲਈ ਲੋੜੀਂਦੇ ਵਿੱਤੀ ਤੇ ਗੈਰ-ਵਿੱਤੀ ਦੋਵਾਂ ਤਰ੍ਹਾਂ ਦੇ ਇਨਸੈਂਟਿਵ ਬਾਰੇ ਸਲਾਹ ਦੇਣਗੀਆਂ।
ਕੱਪੜਾ ਸਨਅਤ ਲਈ ਤਿੰਨ ਕਮੇਟੀਆਂ ਬਣਾਈਆਂ ਜਾਣਗੀਆਂ ਜਦੋਂਕਿ ਬਾਕੀ ਕਮੇਟੀਆਂ ਆਟੋ ਤੇ ਆਟੋ ਪਾਰਟਸ ਦਾ ਨਿਰਮਾਣ, ਇਲੈਕਟ੍ਰਿਕ ਵਾਹਨ, ਖੇਡਾਂ ਦਾ ਸਾਮਾਨ, ਫਾਰਮਾਸਿਊਟੀਕਲਜ਼, ਐਗਰੀ-ਫੂਡ ਪ੍ਰੋਸੈਸਿੰਗ ਅਤੇ ਅਜਿਹੇ ਹੋਰ ਮੁੱਖ ਖੇਤਰਾਂ ਵੱਲ ਧਿਆਨ ਕੇਂਦਰਤ ਕਰਨਗੀਆਂ। ਅਰੋੜਾ ਨੇ ਕਿਹਾ, "ਕਮੇਟੀਆਂ ਤੋਂ 45 ਦਿਨਾਂ ਅੰਦਰ ਆਪਣੇ ਸੁਝਾਅ ਪੇਸ਼ ਕਰਨ ਦੀ ਉਮੀਦ ਕੀਤੀ ਜਾਂਦੀ ਹੈ, ਤਾਂ ਜੋ ਸਰਕਾਰ ਆਪਣੀ ਸਨਅਤੀ ਨੀਤੀ ਨੂੰ ਜਾਰੀ ਕਰ ਸਕੇ।"
'ਆਪ' ਸਰਕਾਰ ਦੀ ਇਹ ਪੇਸ਼ਕਦਮੀ ਪੰਜਾਬ ਉਦਯੋਗਿਕ ਅਤੇ ਵਪਾਰ ਵਿਕਾਸ ਨੀਤੀ 2022 ਤੋਂ ਅਗਲਾ ਕਦਮ ਹੈ, ਜਿਸ ਦਾ ਉਦੇਸ਼ ਰਾਜ ਵਿੱਚ ਕਾਰੋਬਾਰ ਕਰਨ ਦੀ ਸੌਖ ਨੂੰ ਬਿਹਤਰ ਬਣਾਉਣਾ ਸੀ। ਹਾਲਾਂਕਿ ਇਸ ਨੀਤੀ ਤਹਿਤ ਲੋੜੀਂਦਾ ਨਿਵੇਸ਼ ਪ੍ਰਾਪਤ ਨਹੀਂ ਹੋ ਸਕਿਆ।
ਸਰਕਾਰ ਨੇ ਇਸ ਸਾਲ ਦੇ ਸ਼ੁਰੂ ਵਿੱਚ ਪੰਜਾਬ ਉਦਯੋਗ ਕ੍ਰਾਂਤੀ ਪਹਿਲਕਦਮੀ ਸ਼ੁਰੂ ਕੀਤੀ ਸੀ, ਜੋ 45 ਦਿਨਾਂ ਦੇ ਅੰਦਰ ਤੇਜ਼ ਕਾਰੋਬਾਰੀ ਪ੍ਰਵਾਨਗੀਆਂ, ਔਨਲਾਈਨ ਅਰਜ਼ੀਆਂ ਲਈ ਇੱਕ ਸੁਚਾਰੂ ਸਿੰਗਲ-ਵਿੰਡੋ ਸਿਸਟਮ, ਐੱਮ ਐੱਸ ਐੱਮ ਈ ਅਤੇ ਸਟਾਰਟਅੱਪਸ ਲਈ ਮਜ਼ਬੂਤ ਸਹਾਇਤਾ ਦਾ ਵਾਅਦਾ ਕਰਦੀ ਹੈ। ਇਹ ਪਹਿਲਕਦਮੀ 14 ਨਿਰਮਾਣ ਅਤੇ ਸੱਤ ਸੇਵਾ ਖੇਤਰਾਂ ਦੀ ਮੁੱਖ ਫੋਕਸ ਖੇਤਰਾਂ ਵਜੋਂ ਪਛਾਣ ਕਰਦੀ ਹੈ।

### ਅਮਰਨਾਥ ਯਾਤਰਾ ਮੁਅੱਤਲ

**ਸ੍ਰੀਨਗਰ** : ਕਸ਼ਮੀਰ ਵਾਦੀ ਵਿੱਚ ਪਿਛਲੇ 36 ਘੰਟਿਆਂ ਤੋਂ ਪੈ ਰਹੇ ਭਾਰੀ ਮੀਂਹ ਕਰਕੇ ਵੀਰਵਾਰ ਅਮਰਨਾਥ ਯਾਤਰਾ ਮੁਅੱਤਲ ਕਰ ਦਿੱਤੀ ਗਈ। ਮੌਸਮ ਵਿਭਾਗ ਨੇ ਜੰਮੂ ਕਸ਼ਮੀਰ ਦੇ ਕੁਝ ਹਿੱਸਿਆਂ ਵਿੱਚ ਹੋਰ ਭਾਰੀ ਮੀਂਹ ਪੈਣ ਦੀ ਚੇਤਾਵਨੀ ਦਿੱਤੀ ਹੈ। ਯਾਤਰਾ ਮੁਅੱਤਲ ਕਰਨ ਦਾ ਫੈਸਲਾ ਗੰਦਰਬਲ ਜ਼ਿਲ੍ਹੇ ਵਿਚ ਬਾਲਟਾਲ ਰੂਟ 'ਤੇ ਢਿੱਗਾਂ ਡਿੱਗਣ ਕਰਕੇ ਇਕ ਮਹਿਲਾ ਸ਼ਰਧਾਲੂ ਦੀ ਮੌਤ ਤੇ ਤਿੰਨ ਹੋਰਨਾਂ ਦੇ ਜ਼ਖਮੀ ਹੋਣ ਦੀ ਘਟਨਾ ਤੋਂ ਬਾਅਦ ਲਿਆ ਗਿਆ। ਇਸ ਸਾਲ ਪਹਿਲੀ ਵਾਰ ਹੈ ਜਦੋਂ ਜੰਮੂ ਤੋਂ ਯਾਤਰਾ ਨੂੰ ਮੁਅੱਤਲ ਕੀਤਾ ਗਿਆ ਹੈ। ਅਮਰਨਾਥ ਯਾਤਰਾ 3 ਜੁਲਾਈ ਨੂੰ ਸ਼ੁਰੂ ਹੋਈ ਸੀ ਤੇ ਹੁਣ ਤੱਕ 2.35 ਲੱਖ ਤੋਂ ਵੱਧ ਸ਼ਰਧਾਲੂ 3,880 ਮੀਟਰ ਦੀ ਉਚਾਈ 'ਤੇ ਸਥਿਤ ਗੁਫਾ ਮੰਦਰ ਦੇ ਦਰਸ਼ਨ ਕਰ ਚੁੱਕੇ ਹਨ।

## ਫਿਰਕੂ ਫਾਸ਼ੀ ਤਾਕਤਾਂ ਨੂੰ ਹਰਾਉਣ ਲਈ ਕਮਿਊਨਿਸਟ ਲਹਿਰ ਦੀ ਮਜ਼ਬੂਤੀ ਜ਼ਰੂਰੀ : ਅਰਸ਼ੀ

### ਪਾਰਟੀ ਕਾਂਗਰਸ ਲਈ ਸਬ-ਡਵੀਜ਼ਨ ਸਰਦੂਲਗੜ੍ਹ 'ਚੋਂ 1,11,000 ਇਕੱਤਰ



**ਮਾਨਸਾ (ਆਤਮਾ ਸਿੰਘ ਪਮਾਰ)**
ਦੇਸ਼ ਆਜ਼ਾਦੀ ਤੋਂ ਬਾਅਦ ਸਭ ਤੋਂ ਬੁਰੇ ਦੌਰ 'ਚੋਂ ਗੁਜ਼ਰ ਰਿਹਾ ਹੈ, ਦੇਸ਼ ਦੀ ਸੱਤਾ 'ਤੇ ਕਾਬਜ਼ ਫਿਰਕੂ ਫਾਸ਼ੀਵਾਦੀ ਤਾਕਤਾਂ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਦਰਕਿਨਾਰ ਕਰਕੇ ਆਪਣੇ ਫਿਰਕੂ ਏਜੰਡੇ ਮੁਤਾਬਕ ਸਾਜ਼ਿਸ਼ੀ ਢੰਗ-ਤਰੀਕੇ ਅਪਣਾ ਕੇ ਘੱਟ ਗਿਣਤੀਆਂ, ਦਲਿਤਾਂ, ਆਦਿਵਾਸੀਆਂ ਤੇ ਔਰਤਾਂ 'ਤੇ ਲਗਾਤਾਰ ਹਮਲੇ ਕਰ ਰਹੀਆਂ ਹਨ, ਸੱਤਾ ਦੇ ਨਸ਼ੇ 'ਚ ਭਾਜਪਾ ਦੇ ਲੀਡਰ ਖੁੱਲ੍ਹੇ ਆਮ ਸੰਵਿਧਾਨ ਵਿੱਚੋਂ ਸਮਾਜਵਾਦ ਤੇ ਸੈਕੂਲਰ ਸ਼ਬਦ ਹਟਾਉਣ ਦਾ ਐਲਾਨ ਕਰ ਰਹੇ ਹਨ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੇ ਨੈਸ਼ਨਲ ਕੌਂਸਲ ਮੈਂਬਰ ਅਤੇ ਸਾਬਕਾ ਵਿਧਾਇਕ ਹਰਦੇਵ ਸਿੰਘ ਅਰਸ਼ੀ ਵੱਲੋਂ ਕੀਤਾ ਗਿਆ। ਅਰਸ਼ੀ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਦੀਆਂ ਗਤੀਵਿਧੀਆਂ ਤੋਂ ਸਾਫ ਝਲਕਦਾ ਹੈ ਕਿ ਉਹ ਭਾਰਤੀ ਸੰਵਿਧਾਨ ਨੂੰ ਖਤਮ ਕਰਕੇ ਦੇਸ਼ ਨੂੰ ਹਿੰਦੂ ਰਾਸ਼ਟਰ ਬਣਾਉਣ ਵੱਲ ਵਧ ਰਹੀ ਹੈ ਤੇ ਸੰਵਿਧਾਨਕ ਸੰਸਥਾਵਾਂ, ਜਾਂਚ ਏਜੰਸੀਆਂ ਤੇ ਇਲੈਕਸ਼ਨ ਕਮਿਸ਼ਨ ਪੂਰੀ ਤਰ੍ਹਾਂ ਮੋਦੀ ਸਰਕਾਰ ਦੀ ਜਕੜ ਵਿੱਚ ਆ ਚੁੱਕੀਆਂ ਹਨ।
ਕਮਿਊਨਿਸਟ ਆਗੂ ਨੇ ਕਿਹਾ ਕਿ ਦੇਸ਼ ਨੂੰ ਬਚਾਉਣ, ਭਾਈਚਾਰਕ ਸਦਭਾਵਨਾ ਦੀ ਬਰਕਰਾਰੀ ਕਾਇਮ ਰੱਖਣ ਲਈ ਮੋਦੀ ਸਰਕਾਰ ਨੂੰ ਦੇਸ਼ ਦੀ ਸੱਤਾ ਤੋਂ ਲਾਂਭੇ ਕਰਨ ਲਈ ਕਮਿਊਨਿਸਟ ਲਹਿਰ ਨੂੰ ਮਜ਼ਬੂਤ ਕਰਨਾ ਸਿਰਫ ਜ਼ਰੂਰੀ ਹੀ ਨਹੀਂ, ਸਗੋਂ ਅਤਿ ਜ਼ਰੂਰੀ ਹੈ। ਜ਼ਿਕਰਯੋਗ ਹੈ ਕਿ ਅਰਸ਼ੀ ਸਬ-ਡਵੀਜ਼ਨ ਸਰਦੂਲਗੜ੍ਹ ਵਿਖੇ ਪਾਰਟੀ ਦੀ 25 ਵੀਂ ਪਾਰਟੀ ਕਾਂਗਰਸ, ਜੋ 21 ਤੋਂ 25 ਸਤੰਬਰ ਨੂੰ ਚੰਡੀਗੜ੍ਹ ਵਿਖੇ ਆਯੋਜਿਤ ਕੀਤੀ ਜਾ ਰਹੀ ਹੈ, ਦੇ ਸੰਬੰਧੀ ਤਿਆਰੀ ਦਾ ਜਾਇਜ਼ਾ ਲੈਣ ਲਈ ਉਚੇਚੇ ਤੌਰ 'ਤੇ ਪਹੁੰਚੇ ਸਨ।
ਇਸ ਮੌਕੇ ਸਬ-ਡਵੀਜ਼ਨ ਵਿੱਚੋਂ ਇੱਕ ਲੱਖ ਗਿਆਰਾਂ ਹਜ਼ਾਰ ਰੁਪਏ ਦੀ ਰਾਸ਼ੀ ਪਾਰਟੀ ਕਾਂਗਰਸ ਲਈ ਵਰਕਰਾਂ ਵੱਲੋਂ ਇਕੱਤਰ ਕੀਤੀ ਗਈ।
ਉੱਘੇ ਕਮਿਊਨਿਸਟ ਆਗੂ ਦਲੀਪ ਸਿੰਘ ਬਾਜੇ ਵਾਲਾ ਦੇ ਪੋਤੇ ਨੌਜਵਾਨ ਆਗੂ ਐਡਵੋਕੇਟ ਹਰਪ੍ਰੀਤ ਸਿੰਘ ਬਾਜੇ ਵਾਲਾ ਵੱਲੋਂ 21000 ਰੁਪਏ ਪਾਰਟੀ ਕਾਂਗਰਸ ਲਈ ਸਹਿਯੋਗ ਵਜੋਂ ਦਿੱਤੇ ਗਏ।
ਇਸ ਮੌਕੇ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕ੍ਰਿਸ਼ਨ ਚੌਹਾਨ ਤੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਉੱਡਤ ਨੇ ਕਿਹਾ ਕਿ ਪਾਰਟੀ ਕਾਂਗਰਸ ਮੌਕੇ 21 ਸਤੰਬਰ ਨੂੰ ਚੰਡੀਗੜ੍ਹ ਵਿਖੇ ਹੋਣ ਵਾਲੀ ਰੈਲੀ 'ਚ ਮਾਨਸਾ ਜ਼ਿਲ੍ਹੇ 'ਚੋਂ ਇੱਕ ਹਜ਼ਾਰ ਪਾਰਟੀ ਵਰਕਰ ਸ਼ਮੂਲੀਅਤ ਕਰਨਗੇ, ਜਿਸ ਦੀਆਂ ਤਿਆਰੀਆਂ ਜੰਗੀ ਪੱਧਰ 'ਤੇ ਲਗਾਤਾਰ ਚੱਲ ਰਹੀਆਂ ਹਨ।

### ਕਾਮਰੇਡ ਸ਼ਰਧਾ ਸਿੰਘ ਦੀ ਪਾਰਟੀ ਸ਼ਰਧਾ ਬੇਟੀਆਂ 'ਚ ਧੜਕਦੀ



**ਚੰਡੀਗੜ੍ਹ** : ਕਾਮਰੇਡ ਸ਼ਰਧਾ ਸਿੰਘ ਸਾਡੇ ਇਨਕਲਾਬੀ ਤੇ ਮੋਢੀ ਸਾਥੀ ਤੇਜਾ ਸਿੰਘ ਸੁਤੰਤਰ ਦੇ ਇਨਕਲਾਬੀ ਸਾਥੀ ਸਨ ਤੇ ਉਹ ਪੈਪਸੂ ਮੁਜ਼ਾਰਾ ਲਹਿਰ ਦੇ ਘੁਲਾਟੀਏ ਸਨ। ਉਹਨਾਂ ਦਹਾਕਾ ਭਰ ਲੰਮਾ ਰੂਪੋਸ਼ ਜੀਵਨ ਜੀਵਿਆ। ਮਗਰੋਂ ਉਹ ਜ਼ਿਲ੍ਹਾ ਪਟਿਆਲਾ ਦੇ ਜ਼ਿਲ੍ਹਾ ਸਕੱਤਰ ਰਹੇ। ਉਹਨਾਂ ਦੀ ਰਿਹਾਇਸ਼ ਸਰਹਿੰਦ ਸੀ। ਉਹਨਾਂ ਆਪਣੀਆਂ ਦੋਹਾਂ ਬੇਟੀਆਂ ਜਸਰੀਤ ਅਤੇ ਜਸਜੀਤ ਲਈ ਉੱਚ-ਵਿੱਦਿਆ ਦਾ ਪ੍ਰਬੰਧ ਕੀਤਾ। ਉਹ 1992 ਵਿਚ ਸਦੀਵੀ ਵਿਛੋੜਾ ਦੇ ਗਏ ਸਨ। ਉਹਨਾਂ ਦੀਆਂ ਬੇਟੀਆਂ ਵੀ ਲੋਕ ਸੇਵਾ ਤੇ ਪਾਰਟੀ ਨੂੰ ਸਮਰਪਿਤ ਹਨ। ਸਾਥੀ ਦਿਲਦਾਰ ਸਿੰਘ ਉਹਨਾਂ ਕੋਲ ਗਏ ਅਤੇ 25ਵੀਂ ਪਾਰਟੀ ਕਾਂਗਰਸ ਲਈ ਯੋਗਦਾਨ ਮੰਗਿਆ। ਇਨਕਲਾਬੀ ਦੇਸ਼ਭਗਤ ਦੀਆਂ ਬੇਟੀਆਂ ਨੇ ਤੁਰੰਤ 25,000 ਰੁਪਏ ਦਾ ਯੋਗਦਾਨ ਪਾਇਆ ਅਤੇ ਹੋਰ ਵੀ ਮਦਦ ਕਰਨ ਦਾ ਭਰੋਸਾ ਦਿੱਤਾ। ਸੂਬਾ ਸਕੱਤਰ ਸਾਥੀ ਬੰਤ ਸਿੰਘ ਬਰਾੜ ਨੇ ਬੇਟੀਆਂ ਨੂੰ ਆਸ਼ੀਰਵਾਦ ਦਿੱਤਾ ਅਤੇ ਮਰਹੂਮ ਸ਼ਰਧਾ ਸਿੰਘ ਨੂੰ ਸ਼ਰਧਾ ਦੇ ਫੁੱਲ ਅਰਪਿਤ ਕੀਤੇ।

### ਮਹਾਂ-ਸੰਮੇਲਨ ਲਈ ਹਰ ਪਾਸੇ ਤਿਆਰੀਆਂ



**ਲੁਧਿਆਣਾ** : ਸੀ ਪੀ ਆਈ ਦੇ 25ਵੇਂ ਮਹਾਂ-ਸੰਮੇਲਨ ਲਈ ਲੁਧਿਆਣੇ ਜ਼ਿਲ੍ਹੇ ਵਿੱਚ ਹਰ ਪਾਸੇ ਤਿਆਰੀਆਂ ਸ਼ੁਰੂ ਹਨ। ਪਾਰਟੀ ਦੇ ਪਿਛੋਕੜ ਅਤੇ ਆਉਣ ਵਾਲੀਆਂ ਚੁਣੌਤੀਆਂ ਬਾਰੇ ਲੁਧਿਆਣਾ ਵਿੱਚ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਡਾਕਟਰ ਅਰੁਣ ਮਿਤਰਾ ਨੇ 'ਨਵਾਂ ਜ਼ਮਾਨਾ ਟੀ ਵੀ' ਲਈ ਮਨਿੰਦਰ ਸਿੰਘ ਭਾਟੀਆ ਨਾਲ ਗੱਲਬਾਤ ਕੀਤੀ। ਤੁਸੀਂ ਇਸ ਗੱਲਬਾਤ ਨੂੰ 'ਨਵਾਂ ਜ਼ਮਾਨਾ ਵੈੱਬ ਚੈਨਲ' 'ਤੇ ਦੇਖ ਸਕਦੇ ਹੋ। ਕੈਮਰਾ ਰਿਪੋਰਟ ਰੈਕਟਰ ਕਥੂਰੀਆ ਦੀ ਹੈ।

## ਪਟਨਾ ਦੇ ਹਸਪਤਾਲ 'ਚ ਗੈਂਗਸਟਰ ਦੀ ਹੱਤਿਆ



**ਪਟਨਾ** : ਰਾਜਧਾਨੀ ਪਟਨਾ ਦੇ ਪਾਰਸ ਹਸਪਤਾਲ ਵਿੱਚ ਵੀਰਵਾਰ ਬਦਨਾਮ ਅਪਰਾਧੀ ਚੰਦਨ ਮਿਸ਼ਰਾ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ। ਬਕਸਰ ਦੇ ਇੰਡਸਟਰੀਅਲ ਪੁਲਸ ਸਟੇਸ਼ਨ ਖੇਤਰ ਦੇ ਸੋਨਬਰਸਾ ਪਿੰਡ ਦੇ ਰਹਿਣ ਵਾਲੇ ਮੰਟੂ ਮਿਸ਼ਰਾ ਦਾ ਪੁੱਤਰ ਚੰਦਨ ਕਤਲ ਕੇਸ ਵਿੱਚ ਉਮਰ ਕੈਦ ਦੀ ਸਜ਼ਾ ਕੱਟ ਰਿਹਾ ਸੀ ਅਤੇ ਪੈਰੋਲ 'ਤੇ ਜੇਲ੍ਹ ਤੋਂ ਬਾਹਰ ਆਉਣ ਤੋਂ ਬਾਅਦ ਇੱਥੇ ਜ਼ੇਰੇ-ਇਲਾਜ ਸੀ। ਉਸ ਵਿਰੁੱਧ ਕਈ ਗੰਭੀਰ ਮਾਮਲੇ ਦਰਜ ਸਨ, ਜਿਨ੍ਹਾਂ ਵਿੱਚੋਂ 14 ਸਾਲ ਪਹਿਲਾਂ ਬਕਸਰ ਦੇ ਅਮਲਾ ਟੋਲੀ ਵਿੱਚ ਵਾਪਰਿਆ ਰਾਜੇਂਦਰ ਕੇਸਰੀ ਕਤਲ ਕੇਸ ਵੀ ਸੀ। ਪੰਜ ਹਮਲਾਵਰ ਕਮਰਾ ਨੰਬਰ 209 ਵਿੱਚ ਸਿਰਫ 25 ਸਕਿੰਟਾਂ ਵਿੱਚ ਚੰਦਨ ਨੂੰ ਮਾਰ ਕੇ ਫਰਾਰ ਹੋ ਗਏ। ਪੁਲਸ ਨੇ ਕਮਰੇ ਵਿੱਚੋਂ 12 ਖੋਲ ਬਰਾਮਦ ਕੀਤੇ ਹਨ। ਹਸਪਤਾਲ ਦੇ ਗਾਰਡਾਂ ਸਮੇਤ 12 ਲੋਕਾਂ ਨੂੰ ਹਿਰਾਸਤ ਵਿੱਚ ਲੈ ਕੇ ਪੁੱਛਗਿੱਛ ਕੀਤੀ ਜਾ ਰਹੀ ਸੀ। ਐੱਸ ਐੱਸ ਪੀ ਕਾਰਤਿਕ ਸ਼ਰਮਾ ਨੇ ਕਿਹਾ ਕਿ ਚੰਦਨ ਮਿਸ਼ਰਾ ਦੇ ਵਿਰੋਧੀ ਗਰੁੱਪ ਨੇ ਉਸ ਨੂੰ ਮਾਰਿਆ। ਪੁਲਸ ਮੁਤਾਬਕ ਬਕਸਰ ਵਿੱਚ ਚੰਦਨ-ਸ਼ੇਰੂ ਗੈਂਗ ਦੀ ਦਹਿਸ਼ਤ ਸੀ ਅਤੇ ਬਾਅਦ ਵਿੱਚ ਸ਼ੇਰੂ ਅਤੇ ਚੰਦਨ ਵਿਚਕਾਰ ਦੁਸ਼ਮਣੀ ਹੋ ਗਈ। ਪੁਲਸ ਨੂੰ ਸ਼ੇਰੂ ਖੇਮੇ 'ਤੇ ਕਤਲ ਦਾ ਸ਼ੱਕ ਹੈ।




## ਅੱਜ-ਨਾਮਾ

ਤਰਨ ਤਾਰਨ ਵਿੱਚ ਚੋਣ ਆ ਹੋਣ ਵਾਲੀ,
ਸੱਭੋ ਈ ਤੁਰੇ ਲੀਡਰ ਓਧਰ ਜਾਣ ਬੇਲੀ।
ਨਹੀਂ ਤਰੀਕ ਦਾ ਆਇਆ ਐਲਾਨ ਹਾਲੇ,
ਅਗੇਤਾ ਲੱਗਾ ਫਿਰ ਪੈਣ ਘਮਸਾਣ ਬੇਲੀ।
ਕੁਝ ਤਾਂ ਜਾਣੇ ਆ ਲਾਉਣ ਨੂੰ ਜ਼ੋਰ ਪੂਰਾ,
ਕਈਆਂ ਜਾਣਾ ਬੱਸ ਨੰਬਰ ਬਣਾਣ ਬੇਲੀ।
ਜਿਹੜੇ ਵੋਟਰ ਨੇ ਜਿੱਤ ਦੀ ਵੋਟ ਪਾਉਣੀ,
ਬਣਿਆ ਮਾਰ ਕੇ ਘੇਸਲ ਅਣਜਾਣ ਬੇਲੀ।
ਜਿਹੜਾ ਜਿੰਨਾ ਵੀ ਤਾਣ ਅੱਜ ਲਾਈ ਜਾਵੇ,
ਕਰਦੇ ਬਹੁਤੀ ਨਹੀਂ ਲੋਕ ਪਰਵਾਹ ਬੇਲੀ।
ਪੁੱਛ ਲਉ ਕਿਸੇ ਨੂੰ, ਕਹਿਣਗੇ ਝੱਟ ਦੇਣੀ,
ਕੋਈ ਨਹੀਂ ਸਾਡਾ ਤਾਂ ਖੈਰ-ਖਵਾਹ ਬੇਲੀ।

-ਤੀਸ ਮਾਰ ਖਾਂ

## 10 ਪਿਸਤੌਲਾਂ ਸਮੇਤ ਗ੍ਰਿਫ਼ਤਾਰ




**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**
ਕਾਊਂਟਰ ਇੰਟੈਲੀਜੈਂਸ (ਸੀ ਆਈ) ਅੰਮ੍ਰਿਤਸਰ ਨੇ ਸਰਹੱਦ ਪਾਰੋਂ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਮਡਿਊਲ ਦੇ ਸੰਚਾਲਕ ਨੂੰ .30 ਬੋਰ ਦੇ 10 ਆਧੁਨਿਕ ਪਿਸਤੌਲਾਂ ਅਤੇ ਮੈਗਜ਼ੀਨਾਂ ਸਮੇਤ ਗ੍ਰਿਫ਼ਤਾਰ ਕੀਤਾ ਹੈ। ਡੀ ਜੀ ਪੀ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਹਰਜਿੰਦਰ ਸਿੰਘ ਵਾਸੀ ਪਿੰਡ ਡੱਲ, ਤਰਨ ਤਾਰਨ ਵਜੋਂ ਹੋਈ ਹੈ। ਦੱਸਣਯੋਗ ਹੈ ਕਿ ਉਹ ਇੱਕ ਬਦਨਾਮ ਨਸ਼ਾ ਤਸਕਰ ਹੈ, ਜਿਸ ਵਿਰੁੱਧ ਐੱਨ ਡੀ ਪੀ ਐੱਸ ਐਕਟ ਨਾਲ ਸੰਬੰਧਤ ਦੋ ਮਾਮਲੇ ਦਰਜ ਹਨ। ਹਾਲ ਹੀ ਵਿੱਚ ਉਹ ਜੇਲ੍ਹ ਤੋਂ ਜ਼ਮਾਨਤ 'ਤੇ ਰਿਹਾਅ ਹੋਇਆ ਹੈ।ਇਹ ਸਫ਼ਲਤਾ ਸੀ ਆਈ ਅੰਮ੍ਰਿਤਸਰ ਵੱਲੋਂ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਕਰਨ ਵਾਲੇ ਅਜਿਹੇ ਮਡਿਊਲ ਦੇ ਤਿੰਨ ਕਾਰਕੁਨਾਂ ਸਰਬਜੀਤ ਸਿੰਘ ਅਤੇ ਕੁਲਵਿੰਦਰ ਸਿੰਘ ਦੋਵੇਂ ਵਾਸੀ ਫਿਰੋਜ਼ਪੁਰ ਅਤੇ ਅਸ਼ਮਨਦੀਪ ਸਿੰਘ ਵਾਸੀ ਤਰਨ ਤਾਰਨ ਨੂੰ ਅੱਠ ਆਧੁਨਿਕ ਹਥਿਆਰਾਂ, 1 ਕਿਲੋ ਹੈਰੋਇਨ ਅਤੇ 2.9 ਲੱਖ ਰੁਪਏ ਦੀ ਡਰੱਗ ਮਨੀ ਬਰਾਮਦ ਸਮੇਤ ਗ੍ਰਿਫ਼ਤਾਰ ਕਰਕੇ ਇਸ ਮਡਿਊਲ ਦਾ ਪਰਦਾ ਫਾਸ਼ ਕਰਨ ਤੋਂ ਪੰਦਰਾਂ ਦਿਨਾਂ ਬਾਅਦ ਹਾਸਲ ਹੋਈ ਹੈ। ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਪਾਕਿਸਤਾਨ ਅਧਾਰਤ ਤਸਕਰ, ਜੋ ਸਰਹੱਦ ਪਾਰੋਂ ਹਥਿਆਰਾਂ ਦੀ ਖੇਪ ਭੇਜਣ ਲਈ ਡਰੋਨ ਦੀ ਵਰਤੋਂ ਕਰ ਰਿਹਾ ਹੈ, ਨਾਲ ਮਿਲ ਕੇ ਕੰਮ ਕਰ ਰਿਹਾ ਸੀ। ਉਨ੍ਹਾ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਸੂਬੇ ਵਿੱਚ ਅਪਰਾਧਿਕ ਗਤੀਵਿਧੀਆਂ ਨੂੰ ਹਵਾ ਦੇਣ ਦੇ ਇਰਾਦੇ ਨਾਲ ਸੂਬੇ ਭਰ ਦੇ ਅਪਰਾਧੀਆਂ ਅਤੇ ਗੈਂਗਸਟਰਾਂ ਨੂੰ ਹਥਿਆਰ ਸਪਲਾਈ ਕਰ ਰਿਹਾ ਸੀ। ਡੀ ਜੀ ਪੀ ਨੇ ਕਿਹਾ ਕਿ ਸੀ ਆਈ ਅੰਮ੍ਰਿਤਸਰ ਦੀਆਂ ਟੀਮਾਂ ਨੂੰ ਤਰਨ ਤਾਰਨ ਦੇ ਪਿੰਡ ਡੱਲ ਨੇੜੇ ਪੈਂਦੇ ਭਾਰਤ-ਪਾਕਿਸਤਾਨ ਸਰਹੱਦੀ ਖੇਤਰ ਤੋਂ ਹਥਿਆਰਾਂ ਦੀ ਖੇਪ ਪ੍ਰਾਪਤ ਹੋਣ ਬਾਰੇ ਖੁਫੀਆ ਜਾਣਕਾਰੀ ਮਿਲੀ ਸੀ। ਇਸ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦਿਆਂ ਪੁਲਸ ਟੀਮਾਂ ਨੇ ਸ਼ੱਕੀ ਹਰਜਿੰਦਰ ਸਿੰਘ ਨੂੰ ਅੰਮ੍ਰਿਤਸਰ-ਝਬਾਲ ਸੜਕ 'ਤੇ ਬੋਹੜੂ ਪੁਲ ਨੇੜੇ ਰੋਕਿਆ, ਜਦੋਂ ਉਹ ਕਿਸੇ ਪਾਰਟੀ ਨੂੰ ਖੇਪ ਡਲਿਵਰ ਕਰਨ ਜਾ ਰਿਹਾ ਸੀ। ਉਸ ਦੇ ਕਬਜ਼ੇ ਵਿੱਚੋਂ ਗੈਰ-ਕਾਨੂੰਨੀ ਹਥਿਆਰ ਬਰਾਮਦ ਕੀਤੇ ਹਨ।

# ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ



**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀ ਕਮਿਊਨਿਸਟ ਪਾਰਟੀ ਦੀ ਜ਼ਿਲ੍ਹਾ ਕਾਰਜਕਾਰਨੀ ਦੀ ਮੀਟਿੰਗ ਸਾਥੀ ਸਤਵੰਤ ਸਿੰਘ ਖੰਡੇਬਾਦ ਦੀ ਪ੍ਰਧਾਨਗੀ ਹੇਠ ਸੁਤੰਤਰ ਭਵਨ ਸੰਗਰੂਰ ਵਿਖੇ ਹੋਈ।ਮੀਟਿੰਗ ਨੂੰ ਸੀ ਪੀ ਆਈ ਪੰਜਾਬ ਦੀ ਸਕੱਤਰੇਤ ਦੇ ਮੈਂਬਰ ਬਲਦੇਵ ਸਿੰਘ ਨਿਹਾਲਗੜ੍ਹ ਨੇ ਸੰਬੋਧਨ ਕੀਤਾ। ਜ਼ਿਲ੍ਹਾ ਸਕੱਤਰ ਸਾਥੀ ਸੁਖਦੇਵ ਸ਼ਰਮਾ ਨੇ ਪਿਛਲੇ ਸੰਘਰਸ਼ ਤੇ ਕਾਨਫਰੰਸ ਦੇ ਵੱਡਾ ਚੰਡੀਗੜ੍ਹ ਰੈਲੀ ਲਈ ਸਾਥੀਆਂ ਦੇ ਕੋਟਿਆਂ, ਮੀਨਾਰ ਤੇ 21 ਅਗਸਤ ਨੂੰ ਸ਼ਹੀਦ ਊਧਮ ਸਿੰਘ ਵਾਲਾ ਸੁਨਾਮ ਤੋਂ ਜਥਾ ਤੋਰਨ ਬਾਰੇ ਰਿਪੋਰਟਿੰਗ ਕਰਦਿਆਂ ਆਪਣੀ ਗੱਲ ਰੱਖੀ। ਸਾਥੀਆਂ ਨੇ ਬਹਿਸ ਤੋਂ ਬਾਅਦ ਫੈਸਲਾ ਕੀਤਾ ਕਿ ਟੋਲ ਫੰਡ 31 ਜੁਲਾਈ ਤੋਂ ਪਹਿਲਾਂ ਪਹਿਲਾਂ ਜ਼ਿਲ੍ਹਾ ਸਕੱਤਰ ਪਾਸ ਪੁੱਜਦੇ ਕਰ ਦਿੱਤੇ ਜਾਣਗੇ, ਮਹਾਂ ਸੰਮੇਲਨ ਦੇ ਮੁੱਢਲੇ ਦਿਨ 21 ਸਤੰਬਰ ਨੂੰ ਚੰਡੀਗੜ੍ਹ ਵਿਖੇ ਕੀਤੀ ਜਾਣ ਵਾਲੀ ਰੈਲੀ ਵਿੱਚ ਸੰਗਰੂਰ ਤੋਂ 15 ਬੱਸਾਂ ਰਾਹੀਂ ਘੱਟ ਘੱਟ 800 ਸਾਥੀ ਰੈਲੀ ਵਿੱਚ ਭਾਗ ਲੈਣਗੇ।ਪਟਿਆਲਾ ਵਿਖੇ ਹੋ ਰਹੇ ਮੀਨਾਰ ਵਿੱਚ ਜੋ ਵੀ ਕੋਟਾ ਲੱਗੇਗਾ, ਉਸ ਵਿੱਚ ਜ਼ਿਲ੍ਹਾ ਸੰਗਰੂਰ ਆਪਣਾ ਬਣਦਾ ਹਿੱਸਾ ਪਾਵੇਗਾ। 21 ਅਗਸਤ ਨੂੰ ਸੁਨਾਮ ਊਧਮ ਸਿੰਘ ਵਾਲਾ ਤੋਂ ਜਥਾ ਤੁਰਨ ਸਮੇਂ ਘੱਟ ਘੱਟ 100 ਮੋਟਰਸਾਈਕਲਾਂ ਦਾ ਜਥਾ ਤੇ ਗੱਡੀਆਂ ਦਾ ਕਾਫਲਾ ਰਵਾਨਾ ਹੋਵੇਗਾ, ਜੋ ਸੁਨਾਮ ਤੋਂ ਪਿੰਡਾਂ ਵਿੱਚ ਦੀ ਹੁੰਦਾ ਹੋਇਆ ਲਹਿਰਾ ਵਿਖੇ ਰੈਲੀ ਕਰਨ ਉਪਰੰਤ ਨਾਲ ਲੱਗਦੇ ਜ਼ਿਲ੍ਹੇ ਦੇ ਸਾਥੀਆਂ ਦੇ ਸਪੁਰਦ ਕਰ ਦਿੱਤਾ ਜਾਵੇਗਾ। ਇਸ ਜਥੇ ਵਿੱਚ ਜਿੱਥੇ ਸੰਗਰੂਰ ਦੇ ਸਾਥੀ ਵੱਡੀ ਗਿਣਤੀ ਵਿੱਚ ਹੋਣਗੇ, ਉੱਥੇ ਹੀ ਕਾਮਰੇਡ ਜਗਦੇਵ ਮਰਾਣੀ, ਨਿਰਮਲ ਧਾਲੀਵਾਲ, ਬਲਦੇਵ ਸਿੰਘ ਨਿਹਾਲਗੜ੍ਹ ਤੇ ਹੋਰ ਸੂਬਾਈ ਆਗੂ ਵੀ ਹਾਜ਼ਰ ਹੋਣਗੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਟਿੰਗ ਵਿੱਚ ਰਣਦੇਵ ਸਿੰਘ ਭਸੀਵਾਲਾ, ਸੰਪੂਰਨ ਸਿੰਘ ਛਾਜਲੀ, ਡਾਕਟਰ ਮਹਿੰਦਰ ਧਾਲੀਵਾਲ, ਬਲਵਿੰਦਰ ਸਿੰਘ ਖੰਡੇਬਾਦ, ਗੁਰਮੀਤ ਸਿੰਘ, ਨਵਜੀਤ ਸਿੰਘ ਸੰਗਰੂਰ, ਨੀਲੋ ਖਾਨ ਧੂਰੀ, ਖਲੀਲ ਮੁਹੰਮਦ, ਗੁਰਮੁੱਖ ਸਿੰਘ ਤੋਂ ਇਲਾਵਾ ਸਾਥੀ ਜਗਦੇਵ ਬਾਹੀਆ ਤੇ ਇੰਦਰ ਸਿੰਘ ਆਦਿ ਸਾਥੀ ਸ਼ਾਮਲ ਸਨ।ਇਹ ਜਾਣਕਾਰੀ ਨਿਰਮਲ ਸਿੰਘ ਬਟੜਿਆਣਾ ਨੇ ਪ੍ਰੈਸ ਨੂੰ ਦਿੱਤੀ।

# ਸ਼ਹਿਰ ਵਾਸੀਆਂ ਵੱਲੋਂ ਨਗਰ ਕੌਂਸਲ ਦਫਤਰ ਅੱਗੇ ਰੋਸ ਧਰਨਾ

## ਮੰਗਾਂ ਪੂਰੀਆਂ ਕਰਨ ਲਈ 15 ਦਿਨ ਦਾ ਅਲਟੀਮੇਟਮ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਸ਼ਹਿਰ ਨਰਕ ਸ਼ਹਿਰ ਬਣ ਗਿਆ ਹੈ। ਰੋਸ਼ਨੀਆਂ ਦਾ ਸ਼ਹਿਰ ਹਨੇਰਿਆਂ ਦਾ ਸ਼ਹਿਰ ਬਣ ਗਿਆ। ਸ਼ਹਿਰ 'ਚ ਸੀਵਰ ਦੀ ਮਾੜੀ, ਕੂੜੇ ਦੇ ਢੇਰ ਅਤੇ ਬਦਬੂ ਤੇ ਗੰਦਗੀ ਨਾਲ ਭਰੀਆਂ ਗਲੀਆਂ ਤੁਹਾਨੂੰ ਨਸੀਬ ਹੋਣਗੀਆਂ। ਸ਼ਹਿਰ 'ਚ ਕੂੜਾ ਸੁੱਟਣ ਲਈ ਕੋਈ ਪੱਕੇ ਡੰਪ ਨਹੀਂ ਹਨ। ਇਹ ਵਿਚਾਰ ਇੱਥੇ ਨਗਰ ਸੁਧਾਰ ਸਭਾ ਦੇ ਸੱਦੇ 'ਤੇ ਨਗਰ ਕੌਂਸਲ ਦਫਤਰ ਅੱਗੇ ਲੱਗੇ ਵਿਸ਼ਾਲ ਧਰਨੇ 'ਚ ਬੋਲਦਿਆਂ ਵੱਖ ਵੱਖ ਬੁਲਾਰਿਆਂ ਨੇ ਪੇਸ਼ ਕੀਤੇ। ਉਨ੍ਹਾਂ ਕਿਹਾ ਕਿ ਨਗਰ ਕੌਂਸਲ 'ਚ ਸਿਖਰਾਂ 'ਤੇ ਪਹੁੰਚੀ ਘੜਮੱਸ ਨੇ ਸ਼ਹਿਰ ਦੇ ਸਾਰੇ ਕਾਰਜ ਠੱਪ ਕਰਵਾ ਦਿੱਤੇ ਹਨ। ਟੁੱਟੀਆਂ ਸੜਕਾਂ, ਕਮਲ ਚੌਕ ਤੇ ਪੁਰਾਣੀ ਮੰਡੀ 'ਚ ਗੰਦੇ ਗੰਦੇ ਖੜ੍ਹਾ ਬਰਸਾਤ ਦਾ ਪਾਣੀ ਚਾਰ ਦਹਾਕਿਆਂ ਤੋਂ ਲੋਕਾਂ ਲਈ ਸਿਰਦਰਦੀ ਬਣਿਆ ਹੋਇਆ ਹੈ। ਰਾਏਕੋਟ ਰੋਡ, ਮਲਕ ਰੋਡ, ਡਿਸਪੋਜ਼ਲ ਰੋਡ, ਸੂਆ ਰੋਡ ਬੁਰੀ ਤਰ੍ਹਾਂ ਟੁੱਟ ਚੁੱਕੀਆਂ ਹਨ। ਸ਼ਹਿਰ ਭਰ 'ਚ ਕੂੜਾ ਸੁੱਟਣ ਲਈ ਕੋਈ ਯੋਗ ਪ੍ਰਬੰਧ ਨਹੀਂ ਹੈ। ਅਵਾਰਾ ਡੰਗਰਾਂ ਦੀ ਭਰਮਾਰ ਹੈ।ਅਵਾਰਾ ਕੁੱਤੇ ਕਿਸੇ ਸਮੇਂ ਵੀ ਕੋਈ ਹਾਦਸਾ ਕਰਨ ਲਈ ਖੁੱਲ੍ਹੇ ਫਿਰ ਰਹੇ ਹਨ। ਟ੍ਰੈਫਿਕ ਵਿਵਸਥਾ ਦਾ ਬੁਰਾ ਹਾਲ ਹੈ। ਬੁਲਾਰਿਆਂ 'ਚ ਮਾਸਟਰ ਅਵਤਾਰ ਸਿੰਘ ਪ੍ਰਧਾਨ ਨਗਰ ਸੁਧਾਰ ਸਭਾ, ਕੰਵਲਜੀਤ ਖੰਨਾ ਸਕੱਤਰ ਨਗਰ ਸੁਧਾਰ ਸਭਾ, ਕਨ੍ਹੱਈਆ ਗੁਪਤਾ ਬਾਂਕਾ ਪ੍ਰਧਾਨ ਆੜ੍ਹਤੀਆ ਐਸੋਸੀਏਸ਼ਨ, ਕਾਮਰੇਡ ਗੁਰਮੇਲ ਰੂਮੀ, ਮਾਸਟਰ ਜਸਵੰਤ ਸਿੰਘ ਕਲੇਰ, ਕਾਮਰੇਡ ਮੁਖਤਿਆਰ ਸਿੰਘ, ਜਗਦੀਸ਼ ਸਿੰਘ, ਮਜ਼ਦੂਰ ਆਗੂ ਅਵਤਾਰ ਸਿੰਘ ਬਿੱਲਾ, ਸ਼੍ਰੋ ਜਗਰਾਉਂ, ਕਰਨਲ ਇੰਦਰਪਾਲ ਸਿੰਘ ਆਦਿ ਸ਼ਾਮਲ ਸਨ।

ਧਰਨਾਕਾਰੀਆਂ ਨੇ ਮੁਜ਼ਾਹਰਾ ਕਰਕੇ ਕਾਰਜ ਸਾਧਕ ਅਫਸਰ ਸੁਖਦੇਵ ਸਿੰਘ ਰੰਧਾਵਾ, ਕੌਂਸਲ ਪ੍ਰਧਾਨ ਜਤਿੰਦਰ ਰਾਣਾ, ਐੱਸ ਡੀ ਐੱਮ ਜਗਰਾਉਂ ਕਰਨਵੀਰ ਸਿੰਘ, ਏ ਡੀ ਸੀ ਕੁਲਪਰੀਤ ਸਿੰਘ, ਹਲਕਾ ਵਿਧਾਇਕਾ ਸਰਬਜੀਤ ਕੌਰ ਮਾਣੂਕੇ ਨੂੰ ਟੂ-ਵ੍ਹੀਲਰਾਂ ਤੇ ਗੱਡੀਆਂ 'ਤੇ ਮਾਰਚ ਕਰਦਿਆਂ 17 ਮੰਗਾਂ ਦਾ ਮੰਗ ਪੱਤਰ ਪੇਸ਼ ਕੀਤਾ। ਧਰਨਾਕਾਰੀਆਂ ਨੇ ਸਾਰੇ ਅਧਿਕਾਰੀਆਂ ਨੂੰ ਪੰਦਰਾਂ ਦਿਨ ਦੇ ਅੰਦਰ ਅੰਦਰ ਮੰਗਾਂ ਦਾ ਨਿਪਟਾਰਾ ਕਰਨ ਦਾ ਅਲਟੀਮੇਟਮ ਦਿੱਤਾ ਤੇ ਨਾਂਹ ਦੀ ਹਾਲਤ 'ਚ ਤਿੱਖਾ ਜਨਤਕ ਐਕਸ਼ਨ ਕਰਨ ਦਾ ਐਲਾਨ ਕੀਤਾ। ਇਸ ਸਮੇਂ ਕਿਸਾਨ ਆਗੂ ਇੰਦਰਜੀਤ ਸਿੰਘ ਧਾਲੀਵਾਲ, ਬਲਰਾਜ ਸਿੰਘ ਕੋਟਉਮਰਾ, ਬਲਵਿੰਦਰ ਸਿੰਘ ਬਿੱਲੂ, ਸੁਰਜੀਤ ਸਿੰਘ ਦੌਧਰ, ਕੁੰਡਾ ਸਿੰਘ ਕਾਉਂਕੇ, ਮਦਨ ਸਿੰਘ, ਬਲਦੇਵ ਸਿੰਘ ਫੌਜੀ, ਜਿੰਦਰਪਾਲ ਧੀਮਾਨ, ਗੁਲਸ਼ਨ ਕਾਲੜਾ, ਸੁਦਰਸ਼ਨ ਕੁਮਾਰ, ਨੀਰਜ ਜੈਨ, ਹਰਨੇਕ ਸਿੰਘ ਸੋਈ, ਪ੍ਰਿਤਪਾਲ ਸਿੰਘ ਭੰਮੀਪੁਰਾ, ਹੁਕਮ ਰਾਜ ਦੇਹੜਕਾ ਆਦਿ ਹਾਜ਼ਰ ਸਨ। ਸਤਪਾਲ ਮਾਇਆਪੁਰੀ ਰਸੋਈ ਵਾਲਿਆਂ ਨੇ ਪਾਣੀ ਤੇ ਕੋਲਡ ਡਰਿੰਕਸ ਦੀ ਸੇਵਾ ਕੀਤੀ।

# ਵਣ ਵਿਭਾਗ ਨੇ ਪ੍ਰਵਾਸੀ ਮਜ਼ਦੂਰਾਂ ਦੀਆਂ ਨਾਜਾਇਜ਼ ਝੁੱਗੀਆਂ ਢਾਹੀਆਂ

## ਰੋਹ 'ਚ ਆਏ ਪ੍ਰਵਾਸੀਆਂ ਨੇ ਮਾਛੀਵਾੜਾ-ਖੰਨਾ ਮਾਰਗ ਕੀਤਾ ਜਾਮ



**ਮਾਛੀਵਾੜਾ ਸਾਹਿਬ (ਜ਼ੈਕੀ ਸ਼ਰਮਾ, ਜਗਦੀਸ਼ ਰਾਏ)**-ਬੀਤੇ ਦਿਨ ਵਣ ਵਿਭਾਗ ਵੱਲੋਂ ਨੇੜਲੇ ਪਿੰਡ ਗੜ੍ਹੀ ਤਰਖਾਣਾ ਵਿਖੇ ਸਰਹਿੰਦ ਨਹਿਰ ਕਿਨਾਰੇ ਬਣੀਆਂ ਨਾਜਾਇਜ਼ ਝੁੱਗੀਆਂ ਉੱਪਰ 'ਪੀਲਾ ਪੰਜਾ' ਚਲਾ ਦਿੱਤਾ। ਇਸ ਤੋਂ ਬਾਅਦ ਰੋਹ 'ਚ ਆਏ ਪ੍ਰਵਾਸੀ ਮਜ਼ਦੂਰਾਂ ਵੱਲੋਂ ਖੰਨਾ-ਮਾਛੀਵਾੜਾ ਮਾਰਗ ਜਾਮ ਕਰ ਰੋਸ ਪ੍ਰਦਰਸ਼ਨ ਕੀਤਾ ਗਿਆ।

ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪ੍ਰਵਾਸੀ ਮਜ਼ਦੂਰਾਂ ਮਹੇਸ਼ ਦਾਸ, ਇੰਦੂ ਦੇਵੀ ਆਦਿ ਨੇ ਦੱਸਿਆ ਕਿ ਉਹ ਪਿਛਲੇ 15-20 ਸਾਲ ਤੋਂ ਇਸ ਜਗ੍ਹਾ ਉੱਪਰ ਰਹਿ ਰਹੇ ਹਨ, ਪਰ ਅੱਜ ਵਣ ਵਿਭਾਗ ਵੱਲੋਂ ਸਾਨੂੰ ਬਿਨਾਂ ਦੱਸੇ ਝੁੱਗੀਆਂ ਨੂੰ ਜੇ.ਸੀ.ਬੀ. ਮਸ਼ੀਨ ਲਿਆ ਕੇ ਢਾਹ ਦਿੱਤਾ, ਜੋ ਕਿ ਸਾਡੇ ਨਾਲ ਸਰਾਸਰ ਧੱਕੇਸ਼ਾਹੀ ਹੈ। ਉਨ੍ਹਾਂ ਦੱਸਿਆ ਕਿ ਸਾਡੇ ਆਧਾਰ ਕਾਰਡ ਤੇ ਵੋਟਰ ਕਾਰਡ ਵੀ ਇਸੇ ਪਿੰਡ ਦੇ ਬਣੇ ਹੋਏ ਹਨ ਅਤੇ ਜਦੋਂ ਵੀ ਵੋਟਾਂ ਦਾ ਸਮਾਂ ਆਉਂਦਾ ਹੈ ਤਾਂ ਲੀਡਰ ਸਾਡੇ ਇੱਥੇ ਵੋਟਾਂ ਮੰਗਣ ਵੀ ਆਉਂਦੇ ਹਨ, ਪ੍ਰੰਤੂ ਅੱਜ ਸਾਨੂੰ ਲੋੜ ਪਈ ਤਾਂ ਇੱਥੇ ਕੋਈ ਵੀ ਨਹੀਂ ਪੁੱਜਾ। ਉਨ੍ਹਾਂ ਕਿਹਾ ਕਿ ਵਾਰ-ਵਾਰ ਇਹ ਗੱਲ ਸੁਣਨ ਨੂੰ ਮਿਲਦੀ ਹੈ ਕਿ ਸੂਬੇ 'ਚੋਂ ਪ੍ਰਵਾਸੀ ਮਜ਼ਦੂਰਾਂ ਨੂੰ ਬਾਹਰ ਕੱਢਿਆ ਜਾਵੇ, ਪਰ ਅਸੀਂ ਹਰ ਕਿਸੇ ਲਈ ਮਿਹਨਤ ਨਾਲ ਕੰਮ ਕਰਦੇ ਹਾਂ ਤਾਂ ਫਿਰ ਸਾਡੇ ਨਾਲ ਇਹੋ ਜਿਹਾ ਵਤੀਰਾ ਕਿਉਂ ਕੀਤਾ ਜਾਂਦਾ ਹੈ। ਮਾਛੀਵਾੜਾ-ਖੰਨਾ ਮਾਰਗ ਜਾਮ ਹੋਣ ਦੀ ਸੂਚਨਾ ਮਿਲਦੇ ਹੀ ਥਾਣਾ ਮੁਖੀ ਮਾਛੀਵਾੜਾ ਵੀ ਮੌਕੇ 'ਤੇ ਪਹੁੰਚ ਗਏ, ਜਿਨ੍ਹਾਂ ਪ੍ਰਵਾਸੀ ਮਜ਼ਦੂਰਾਂ ਨੂੰ ਸਮਝਾ ਕੇ ਜਾਮ ਖੁੱਲ੍ਹਵਾਇਆ। ਦੂਜੇ ਪਾਸੇ ਜਦੋਂ ਵਣ ਵਿਭਾਗ ਦੇ ਅਫਸਰ ਸ਼ਮਿੰਦਰ ਸਿੰਘ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਅਸੀਂ ਆਪਣੀ ਜਗ੍ਹਾ ਖਾਲੀ ਕਰਵਾਈ ਹੈ, ਜਿਸ ਉੱਪਰ ਪ੍ਰਵਾਸੀ ਮਜ਼ਦੂਰ ਵੱਲੋਂ ਪਿਛਲੇ ਲੰਮੇ ਸਮੇਂ ਤੋਂ ਨਜਾਇਜ਼ ਤੌਰ 'ਤੇ ਕਬਜ਼ਾ ਕੀਤਾ ਹੋਇਆ ਸੀ। ਉਨ੍ਹਾਂ ਕਿਹਾ ਕਿ ਪ੍ਰਵਾਸੀ ਮਜ਼ਦੂਰਾਂ ਨੂੰ ਇਹ ਜਗ੍ਹਾ ਖਾਲੀ ਕਰਨ ਸਬੰਧੀ ਕਈ ਵਾਰੀ ਨੋਟਿਸ ਵੀ ਦਿੱਤਾ ਗਿਆ, ਪ੍ਰੰਤੂ ਉਨ੍ਹਾਂ ਵੱਲੋਂ ਅਣਸੁਣੀ ਕੀਤੀ ਗਈ, ਜਿਸ ਕਾਰਨ ਅੱਜ ਵਿਭਾਗ ਨੂੰ ਜੇ.ਸੀ.ਬੀ. ਨਾਲ ਜਗ੍ਹਾ ਖਾਲੀ ਕਰਵਾਉਣੀ ਪਈ। ਇਸ ਸਬੰਧੀ ਥਾਣਾ ਮੁਖੀ ਮਾਛੀਵਾੜਾ ਹਰਵਿੰਦਰ ਸਿੰਘ ਨੇ ਕਿਹਾ ਕਿ ਫਿਲਹਾਲ ਉਨ੍ਹਾਂ ਵੱਲੋਂ ਜਾਮ ਖੁੱਲ੍ਹਵਾ ਕੇ ਆਵਾਜਾਈ ਨੂੰ ਬਹਾਲ ਕਰ ਦਿੱਤਾ ਗਿਆ ਹੈ। ਉਨ੍ਹਾਂ ਪ੍ਰਵਾਸੀ ਮਜ਼ਦੂਰਾਂ ਨੂੰ ਸਮਝਾਇਆ ਕਿ ਇਹ ਮਾਮਲਾ ਵਣ ਵਿਭਾਗ ਦਾ ਹੈ, ਜਿਸ ਸਬੰਧੀ ਉਹ ਉੱਚ ਅਫਸਰਾਂ ਨਾਲ ਸੰਪਰਕ ਕਰਨ।

# ਪ੍ਰੋ. ਮਮਤਾ ਸ਼ਰਮਾ ਨੇ ਡੀਨ ਵਿਦਿਆਰਥੀ ਭਲਾਈ ਵਜੋਂ ਅਹੁਦਾ ਸੰਭਾਲਿਆ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਵਿਖੇ ਪ੍ਰੋ. ਮਮਤਾ ਸ਼ਰਮਾ ਨੇ ਡੀਨ ਵਿਦਿਆਰਥੀ ਭਲਾਈ ਵਜੋਂ ਅਹੁਦਾ ਸੰਭਾਲ ਲਿਆ ਹੈ।ਉਨ੍ਹਾਂ ਨੂੰ ਇੱਕ ਸਾਲ ਲਈ ਇਸ ਅਹੁਦੇ 'ਤੇ ਤਾਇਨਾਤ ਕੀਤਾ ਗਿਆ ਹੈ।ਉਨ੍ਹਾਂ ਅਹੁਦਾ ਸੰਭਾਲਣ ਜਾਣ ਮੌਕੇ ਉਪ-ਕੁਲਪਤੀ ਡਾ. ਜਗਦੀਪ ਸਿੰਘ, ਡੀਨ ਅਕਾਦਮਿਕ ਮਾਮਲੇ ਪ੍ਰੋ. ਨਰਿੰਦਰ ਕੌਰ ਮੁਲਤਾਨੀ, ਰਜਿਸਟਰਾਰ ਪ੍ਰੋ. ਸੰਜੀਵ ਪੁਰੀ ਤੇ ਹੋਰ ਅਧਿਕਾਰੀ ਵਿਸ਼ੇਸ਼ ਤੌਰ 'ਤੇ ਪੁੱਜੇ।ਉਪ-ਕੁਲਪਤੀ ਡਾ. ਜਗਦੀਪ ਸਿੰਘ ਨੇ ਉਨ੍ਹਾਂ ਨੂੰ ਵਧਾਈ ਦੇ ਸ਼ੁੱਭ-ਕਾਮਨਾਵਾਂ ਦਿੱਤੀਆਂ। ਜ਼ਿਕਰਯੋਗ ਹੈ ਕਿ ਪ੍ਰੋ. ਮਮਤਾ ਸ਼ਰਮਾ ਯੂਨੀਵਰਸਿਟੀ ਦੇ ਮਨੋਵਿਗਿਆਨ ਵਿਭਾਗ ਦੇ ਪ੍ਰੋਫੈਸਰ ਹਨ ਤੇ ਕੋਆਰਡੀਨੇਟਰ ਐੱਨ. ਐੱਸ. ਐੱਸ. ਅਜੋਕ ਵੱਖ-ਵੱਖ ਅਹੁਦਿਆਂ 'ਤੇ ਰਹਿ ਚੁੱਕੇ ਹਨ।ਉਹ ਪੰਜਾਬ ਸਰਕਾਰ ਤੇ ਭਾਰਤ ਸਰਕਾਰ ਦੇ ਵੱਖ-ਵੱਖ ਨਸ਼ਾ ਵਿਰੋਧੀ ਪ੍ਰਾਜੈਕਟਾਂ ਤੇ ਮੁਹਿੰਮਾਂ ਨਾਲ ਵੀ ਮਾਹਰ ਵਜੋਂ ਜੁੜੇ ਰਹੇ ਹਨ।

# ਸਕੂਲ ਨੂੰ ਵਾਟਰ ਕੂਲਰ ਭੇਟ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪਿਛਲੇ ਦਿਨੀਂ ਬਾਬਾ ਜੀਤ ਸਿੰਘ ਜੀ ਦੀ ਯੋਗ ਰਹਿਨੁਮਾਈ ਹੇਠ ਐੱਨ ਆਰ ਆਈ ਵੀਰਾਂ ਤੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਸਕੂਲ ਵਿੱਚ ਵਿਦਿਆਰਥੀਆਂ ਦੇ ਪੀਣ ਵਾਲੇ ਠੰਡੇ ਪਾਣੀ ਦੀ ਸਮੱਸਿਆ ਨੂੰ ਮੁੱਖ ਰੱਖਦਿਆਂ ਫ਼ੌਰੀ ਤੌਰ 'ਤੇ 250 ਲੀਟਰ ਵਾਲਾ ਵਾਟਰ ਕੂਲਰ ਸਕੂਲੀ ਵਿਦਿਆਰਥੀਆਂ ਨੂੰ ਭੇਟ ਕੀਤਾ ਗਿਆ, ਜਿਨ੍ਹਾਂ ਦੀ ਬਦੌਲਤ ਵਿਦਿਆਰਥੀਆਂ ਲਈ ਠੰਢੇ ਤੇ ਪੀਣ ਵਾਲੇ ਪਾਣੀ ਦੀ ਸਮੱਸਿਆ ਦਾ ਹੱਲ ਹੋ ਗਿਆ ਹੈ।ਬਾਬਾ ਜੀ ਦੀ ਪ੍ਰੇਰਣਾ ਸਦਕਾ ਸ੍ਰ. ਮਨਜੀਤ ਸਿੰਘ ਰਿਟਾਇਰਡ ਮੁੱਖ ਖੇਤੀਬਾੜੀ ਅਫ਼ਸਰ, ਸ੍ਰ. ਕੌਰ ਸਿੰਘ ਆਸਟਰੇਲੀਆ ਵਾਲ਼ੇ, ਸ੍ਰ. ਲਾਭ ਸਿੰਘ ਸਿੱਧੂ ਜ਼ੈਦ ਪੱਤੀ, ਸ੍ਰ. ਹਮੀਰ ਸਿੰਘ ਲੋਟੇ, ਸ੍ਰ. ਦਲਜੀਤ ਸਿੰਘ ਯੂ ਕੇ ਵੱਲੋਂ ਵੱਡੀ ਵਿੱਤੀ ਰਾਸ਼ੀ ਦਾਨ ਕੀਤੀ ਗਈ।ਇਸ ਮੌਕੇ ਉਨ੍ਹਾਂ ਨਾਲ ਪਰਮਜੀਤ ਸਿੰਘ ਭੰਗੂ, ਜਗਸੀਰ ਸਿੰਘ ਵੀ ਹਾਜ਼ਰ ਸਨ।ਸਕੂਲ ਮੁਖੀ ਅਮਨਦੀਪ ਮਾਛੀਕੇ, ਸਮੂਹ ਸਟਾਫ਼ ਤੇ ਵਿਦਿਆਰਥੀਆਂ ਵੱਲੋਂ ਇਸ ਨੇਕ ਕਾਰਜ ਲਈ ਬਾਬਾ ਜੀ ਤੇ ਸਾਰੇ ਦਾਨੀ ਸੱਜਣਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ।

# ਕਾਠਗੜ੍ਹ ਦੇ ਪਿੰਡਾਂ ਦੇ ਕਰਜ਼ਦਾਰਾਂ ਨੂੰ ਕਰਜ਼ਾ ਮਾਫ਼ੀ ਸਰਟੀਫ਼ਿਕੇਟ ਵੰਡੇ

**ਜਲਾਲਾਬਾਦ (ਨਿਸ਼ਾ ਸ਼ਰਮਾ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਲਈ ਸਿਰਤੋੜ ਯਤਨ ਕਰ ਰਹੀ ਹੈ ਤੇ ਪੰਜਾਬ ਸਰਕਾਰ ਵੱਲੋਂ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਕਾਰਪੋਰੇਸ਼ਨ ਤੋਂ ਐਸ ਸੀ ਭਾਈਚਾਰੇ ਤੇ ਦਵਿਆਂਗ ਵਿਅਕਤੀਆਂ ਵੱਲੋਂ 31 ਮਾਰਚ 2020 ਤੱਕ ਪੰਜਾਬ ਦੇ ਕੁੱਲ 4727 ਕਰਜ਼ਦਾਰਾਂ ਵੱਲੋਂ ਲਏ ਗਏ 67.84 ਕਰੋੜ ਦੇ ਕਰਜ਼ੇ ਮੁਆਫ਼ ਕੀਤੇ ਗਏ ਹਨ। ਇਹ ਗੱਲ ਵਿਧਾਇਕ ਜਗਦੀਪ ਕੰਬੋਜ ਗੋਲਡੀ ਨੇ ਕਾਠਗੜ੍ਹ ਦੇ ਪਿੰਡਾਂ ਦੇ 24 ਕਰਜ਼ਦਾਰਾਂ ਨੂੰ ਕੁੱਲ 43 ਲੱਖ 39 ਹਜ਼ਾਰ 361 ਰੁਪਏ ਦਾ ਕਰਜ਼ਾ ਮਾਫ਼ੀ ਦੇ ਸਰਟੀਫਿਕੇਟ ਵੰਡਣ ਦੌਰਾਨ ਆਖੀ। ਉਨ੍ਹਾਂ ਆਖਿਆ ਕਿ ਪੰਜਾਬ ਸਰਕਾਰ ਵੱਲੋਂ ਹਲਕਾ ਜਲਾਲਾਬਾਦ ਦੇ ਕੁੱਲ 105 ਕਰਜ਼ਦਾਰਾਂ ਦਾ 2 ਕਰੋੜ 42 ਲੱਖ 97 ਹਜ਼ਾਰ 616 ਰੁਪਏ ਦਾ ਕਰਜ਼ਾ ਮੁਆਫ਼ ਕੀਤਾ ਗਿਆ ਹੈ।ਇਸੇ ਤਰ੍ਹਾਂ ਜ਼ਿਲ੍ਹਾ ਫ਼ਾਜ਼ਿਲਕਾ ਦੇ ਕੁੱਲ 266 ਕਰਜ਼ਦਾਰਾਂ ਦਾ ਲਗਭਗ 4.97 ਕਰੋੜ ਰੁਪਏ ਦਾ ਕਰਜ਼ਾ ਮੁਆਫ਼ ਹੋਇਆ ਹੈ। ਵਿਧਾਇਕ ਨੇ ਕਿਹਾ ਕਿ ਸੂਬਾ ਸਰਕਾਰ ਸਮਾਜ ਦੇ ਹਰੇਕ ਵਰਗ ਦੇ ਹਿੱਤਾਂ ਦਾ ਖਿਆਲ ਕਰ ਰਹੀ ਹੈ। ਇਸ ਕਾਰਨ ਸਰਕਾਰ ਨੇ ਉਕਤ ਸਮੇਂ ਤੋਂ ਪਹਿਲਾਂ ਦੇ ਐਸਸੀ ਭੌਂ ਵਿਕਾਸ ਤੇ ਵਿੱਤ ਕਾਰਪੋਰੇਸ਼ਨ ਤੋਂ ਲਏ ਗਏ ਸਾਰੇ ਕਰਜ਼ੇ ਮਾਫ਼ ਕਰ ਦਿੱਤੇ ਗਏ ਹਨ।

# ਕੰਬੋਜ ਮਹਾਂ ਸਭਾ ਵੱਲੋਂ ਸ਼ਹੀਦ ਊਧਮ ਸਿੰਘ ਨੂੰ ਸਮਰਪਤ ਕੈਂਸਰ ਜਾਂਚ ਕੈਂਪ 29 ਨੂੰ

## ਲੋਕ ਇਸ ਕੈਂਪ ਦਾ ਵੱਧ ਤੋਂ ਵੱਧ ਲਾਹਾ ਲੈਣ : ਭੁਪਿੰਦਰ ਸਿੰਘ, ਸਵਿੰਦਰ ਧੰਜੂ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਕੰਬੋਜ ਮਹਾਂਸਭਾ ਬਲਾਕ ਭੁਨਰਹੇੜੀ ਦੇ ਸਹਿਯੋਗ ਨਾਲ ਕੁਲਵੰਤ ਸਿੰਘ ਧਾਲੀਵਾਲ ਦੀ ਵਰਲਡ ਕੈਂਸਰ ਕੇਅਰ ਟੀਮ ਵੱਲੋਂ ਸ਼ਹੀਦ ਊਧਮ ਸਿੰਘ ਕੰਬੋਜ ਦੀ ਸ਼ਹਾਦਤ ਨੂੰ ਸਮਰਪਤ ਦੇਵੀਗੜ੍ਹ ਦੇ ਸੰਗਮ ਪੈਲੇਸ ਵਿਖੇ ਕੈਂਸਰ ਦੀ ਜਾਂਚ ਤੇ ਜਾਗਰੂਕਤਾ ਸਬੰਧੀ 29 ਜੁਲਾਈ ਨੂੰ ਜੋ ਕੈਂਪ ਲਗਾਇਆ ਜਾ ਰਿਹਾ ਹੈ, ਲੋਕ ਇਸ ਦਾ ਵੱਧ ਤੋਂ ਵੱਧ ਲਾਹਾ ਲੈਣ। ਮਾਤਾ ਗੁਜਰੀ ਸਕੂਲ ਦੇ ਨਿਰਦੇਸ਼ਕ ਤੇ ਕੰਬੋਜ ਮਹਾਂਸਭਾ ਦੇ ਆਗੂ ਭੁਪਿੰਦਰ ਸਿੰਘ ਕੰਬੋਜ, ਮਹਾਸਭਾ ਦੇ ਪ੍ਰਧਾਨ ਸਵਿੰਦਰ ਸਿੰਘ ਧੰਜੂ, ਜਨਰਲ ਸਕੱਤਰ ਦਵਿੰਦਰ ਸਿੰਘ ਮਾੜੂ, ਆੜ੍ਹਤੀਆ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ, ਜੀਤ ਸਿੰਘ ਮੀਰਾਂਪੁਰ, ਰਾਜਵਿੰਦਰ ਸਿੰਘ ਰਾਜੂ ਨੇ ਇਸ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਕੈਂਪ ਵਿੱਚ ਨਾ-ਮੁਰਾਦ ਬਿਮਾਰੀ ਕੈਂਸਰ ਦੇ ਜਾਂਚ ਟੈਸਟ ਫਰੀ ਕੀਤੇ ਜਾਣਗੇ ਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਜਾਣਗੀਆਂ।ਸ੍ਰ. ਭੁਪਿੰਦਰ ਸਿੰਘ ਨੇ ਦੱਸਿਆ ਕਿ ਸਾਡੇ ਸਮਾਜ ਵਿੱਚ ਪੇਂਡੂ ਲੋਕਾਂ ਨੂੰ ਮੁੱਢਲੀਆਂ ਸਿਹਤ ਸਹੂਲਤਾਂ ਨਹੀਂ ਮਿਲ ਰਹੀਆਂ, ਇਸ ਲਈ ਕੰਬੋਜ ਮਹਾਂਸਭਾ ਵੱਲੋਂ ਪੇਂਡੂ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਦਾ ਜੋ ਉਪਰਾਲਾ ਕੀਤਾ ਗਿਆ ਹੈ, ਉਹ ਸ਼ਲਾਘਾਯੋਗ ਉਪਰਾਲਾ ਹੈ।ਪ੍ਰਧਾਨ ਸਵਿੰਦਰ ਸਿੰਘ ਧੰਜੂ ਤੇ ਦਵਿੰਦਰ ਸਿੰਘ ਮਾੜੂ ਨੇ ਕੈਂਪ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਕੈਂਪ 'ਚ ਔਰਤਾਂ ਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ, ਔਰਤਾਂ ਦੇ ਛਾਤੀ ਦੇ ਕੈਂਸਰ ਦੀ ਜਾਂਚ, ਔਰਤਾਂ ਦੇ ਬੱਚੇਦਾਨੀ ਦੇ ਕੈਂਸਰ, ਔਰਤਾਂ ਤੇ ਮਰਦਾਂ ਦੇ ਮੂੰਹ ਦੇ ਕੈਂਸਰ, ਹੱਡੀਆਂ ਦੇ ਟੈਸਟ, ਮਰਦਾਂ ਦੇ ਗਦੂਦਾਂ ਦੇ ਕੈਂਸਰ, ਔਰਤਾਂ ਤੇ ਮਰਦਾਂ ਦੇ ਬਲੱਡ ਕੈਂਸਰ, ਔਰਤਾਂ ਤੇ ਮਰਦਾਂ ਦਾ ਸ਼ੂਗਰ ਅਤੇ ਬਲੱਡ ਪ੍ਰੈਸ਼ਰ ਟੈਸਟ ਤੋਂ ਇਲਾਵਾ ਸ਼ੂਗਰ ਬਲੱਡ ਪ੍ਰੈਸ਼ਰ ਆਮ ਬਿਮਾਰੀਆਂ ਸਬੰਧੀ ਕੈਂਪ 'ਚ ਮੁਫਤ ਜਾਂਚ ਕੀਤੀ ਜਾਵੇਗੀ ਅਤੇ ਲੋੜਵੰਦਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਜਾਣਗੀਆਂ।ਉਕਤ ਆਗੂਆਂ ਨੇ ਦੱਸਿਆ ਕਿ ਰਜਿਸਟਰੇਸ਼ਨ ਕਰਵਾਉਣ ਲਈ ਮੋਬਾਇਲ ਨੰਬਰ 76528-88160 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਇਸ ਮੌਕੇ ਗੁਰਮੇਲ ਸਿੰਘ ਫਰੀਦਪੁਰ, ਭੁਪਿੰਦਰ ਸਿੰਘ ਕੰਕਰਿਆਂ ਵਾਲ਼ਾ, ਵਿਕਰਮ ਸਿੰਘ ਫਰੀਦਪੁਰ, ਕਾਮਰੇਡ ਰੇਸ਼ਮ ਸਿੰਘ ਆਜ਼ਾਦ ਤੇ ਦਲਵੀਰ ਸਿੰਘ ਧਾਦੀਆਂ, ਬਲਵੰਤ ਸਿੰਘ ਮਹਿਮੂਦਪੁਰ, ਜਿੱਤੂ ਥਿੰਦ, ਜਸਬੀਰ ਜੱਸੀ ਸਰਪੰਚ ਤੋਂ ਇਲਾਵਾ ਹੋਰ ਕਈ ਆਗੂ ਹਜ਼ਾਰ ਸਨ।

# ਬੀ ਡੀ ਪੀ ਓ ਦਫਤਰ ਭੀਖੀ ਨੂੰ ਤੋੜਨ ਵਿਰੁੱਧ ਧਰਨਾ ਜਾਰੀ



**ਭੀਖੀ (ਧਰਮਵੀਰ ਸ਼ਰਮਾ)**-ਬਲਾਕ ਭੀਖੀ ਨੂੰ ਤੋੜਨ ਦੇ ਕਿਆਸੇ ਖਿਲਾਫ ਵੱਖ ਵੱਖ ਜਥੇਬੰਦੀਆਂ ਵੱਲੋਂ ਸਥਾਨਕ ਬੀਡੀਪੀਓ ਦਫਤਰ ਵਿਖੇ ਧਰਨਾ 31ਵੇਂ ਦਿਨ ਵੀ ਜਾਰੀ ਰੱਖਿਆ ਗਿਆ। ਅੱਜ ਦਾ ਰੋਸ ਮੁਜ਼ਾਹਰਾ ਮੁਜ਼ਾਰਾ ਲਹਿਰ ਦੇ ਮੋਢੀ ਤੇਜਾ ਸਿੰਘ ਸੁਤੰਤਰ ਦੇ 124ਵੇਂ ਜਨਮ ਦਿਹਾੜੇ ਨੂੰ ਸਮਰਪਤ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦੇ ਹੋਏ ਮਾਸਟਰ ਛੱਜੂ ਰਾਮ ਰਿਸ਼ੀ ਸੂਬਾ ਆਗੂ ਜਮਹੂਰੀ ਕਿਸਾਨ ਸਭਾ, ਰੂਪ ਸਿੰਘ ਢਿੱਲੋਂ ਜ਼ਿਲ੍ਹਾ ਪ੍ਰਧਾਨ ਕੁਲ ਹਿੰਦ ਕਿਸਾਨ ਸਭਾ, ਭੋਲਾ ਸਿੰਘ ਸਮਾਓਂ ਸੂਬਾ ਆਗੂ ਪੰਜਾਬ ਕਿਸਾਨ ਯੂਨੀਅਨ, ਕਰਨੈਲ ਸਿੰਘ ਭੀਖੀ ਏਟਕ ਆਗੂ, ਸੁਖਵਿੰਦਰ ਸਿੰਘ ਅਤਲਾ ਬੀਕੇਯੂ ਸਿੱਧੂਪੁਰ ਨੇ ਸੰਬੋਧਨ ਕਰਦਿਆਂ ਕਿਹਾ ਕਿ ਬੇਸ਼ੱਕ ਲੰਘੇ ਸੋਮਵਾਰ ਬਾਅਦ ਲੋਕ ਰੋਹ ਨੂੰ ਦੇਖਦੇ ਹੋਏ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਐੱਸਡੀਐੱਮ ਬੁਢਲਾਡਾ ਗਗਨਦੀਪ ਸਿੰਘ ਨੂੰ ਭੇਜ ਕੇ ਸੰਘਰਸ਼ ਕਮੇਟੀ ਦੀ ਮੀਟਿੰਗ ਡਿਪਟੀ ਕਮਿਸ਼ਨਰ ਨਾਲ ਕਰਵਾਉਣ ਦਾ ਭਰੋਸਾ ਦਿੱਤਾ ਸੀ, ਪ੍ਰੰਤੂ ਹਾਲੇ ਤੱਕ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੰਘਰਸ਼ ਕਮੇਟੀ ਨੂੰ ਕੋਈ ਵਿਸ਼ੇਸ਼ ਸੱਦਾ ਨਹੀਂ ਆਇਆ, ਜਿਸ ਨੂੰ ਦੇਖਦੇ ਹੋਏ 21 ਜੁਲਾਈ ਨੂੰ ਭੀਖੀ ਵਿਖੇ ਫਿਰ ਵਿਸ਼ਾਲ ਇਕੱਠ ਕਰਕੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ ਤੇ ਸੰਘਰਸ਼ ਨੂੰ ਹੋਰ ਤਿੱਖਾ ਕਰਨ ਦੀ ਰੂਪ ਰੇਖਾ ਤਿਆਰ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜਿੰਨੀ ਦੇਰ ਕੋਈ ਠੋਸ ਕਾਰਵਾਈ ਨਹੀਂ ਕੀਤੀ ਜਾਂਦੀ, ਉਨੀਂ ਦੇਰ ਤੱਕ ਸੰਘਰਸ਼ਸ਼ੀਲ ਜਥੇਬੰਦੀਆਂ ਧਰਨੇ 'ਤੇ ਡਟੀਆਂ ਰਹਿਣਗੀਆਂ।ਧਰਨੇ ਵਿੱਚ ਨਿਰਭੈ ਸਿੰਘ ਸਮਾਓਂ ਅਕਾਲੀ ਆਗੂ, ਚਰਨਾ ਸਿੰਘ ਮੱਤੀ, ਕੁਲਦੀਪ ਸਿੰਘ ਸਿੱਧੂ ਸੀਪੀਆਈ ਆਗੂ, ਬਾਲਮ ਸਿੰਘ ਫੈਪਈ ਮਜ਼ਦੂਰ ਮੁਕਤੀ ਮੋਰਚਾ ਆਜ਼ਾਦ, ਭੋਲਾ ਰਾਮ ਪਰਸੇ ਕਾ, ਅਜੈਬ ਸਿੰਘ ਖੀਵਾ ਕਾਂਗਰਸੀ ਆਗੂ, ਰਘਵੀਰ ਸਿੰਘ ਮਜ਼ਦੂਰ ਮੁਕਤੀ ਮੋਰਚਾ ਰੇਹੜੀ ਫੜੀ ਯੂਨੀਅਨ, ਜੱਗਾ ਸਿੰਘ ਸਮਾਓਂ, ਬਲਦੇਵ ਸਿੰਘ ਸਮਾਓਂ, ਦਰਸ਼ਨ ਸਿੰਘ, ਸਾਬਕਾ ਸਰਪੰਚ ਅਮਰੀਕ ਸਿੰਘ ਖੀਵਾ ਕਲਾਂ, ਜਸਵੀਰ ਸਿੰਘ ਮੈਂਬਰ ਸਮਾਓਂ, ਸੌਦਾ ਸਿੰਘ ਖੀਵਾ ਕਲਾਂ, ਨੈਬ ਸਿੰਘ ਖੀਵਾ ਕਲਾਂ, ਲਾਲ ਸਿੰਘ ਸਾਬਕਾ ਮੈਂਬਰ ਸਮਾਓਂ, ਬਿੰਦਰ ਸਿੰਘ ਬੋਗ ਕਾ ਆਦਿ ਹਾਜ਼ਰ ਸਨ।

# ਲਾਇਨਜ਼ ਕਲੱਬ ਨੇ ਸਕੂਲ ਅਧਿਆਪਕਾਂ ਨਾਲ ਮਿਲ ਕੇ ਲਾਏ ਪੌਦੇ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਲਾਇਨਜ਼ ਕਲੱਬ ਵੱਲੋਂ ਸਮੇਂ ਸਮੇਂ 'ਤੇ ਲੋਕ ਭਲਾਈ ਦੇ ਕੰਮ ਕੀਤੇ ਜਾਂਦੇ ਹਨ। ਉਸੇ ਲੜੀ ਨੂੰ ਅੱਗੇ ਤੋਰਦਿਆਂ ਲਾਈਨਜ ਕਲੱਬ ਦੇ ਪ੍ਰਧਾਨ ਗੌਰਵ ਸਚਦੇਵਾ ਅਤੇ ਉਨ੍ਹਾਂ ਦੀ ਪੂਰੀ ਟੀਮ ਵੱਲੋਂ ਵਧ ਰਹੇ ਪ੍ਰਦੂਸ਼ਣ ਨੂੰ ਸਾਫ਼-ਸੁਥਰਾ ਰੱਖਣ ਦੇ ਲਈ ਪੌਦੇ ਲਗਾਉਣ ਦੀ ਸ਼ੁਰੂਆਤ ਕੀਤੀ ਗਈ ਹੈ, ਜਿਸ ਤਹਿਤ ਉਨ੍ਹਾਂ ਵੱਲੋਂ ਸ਼ਹਿਰ ਦੇ ਨਾਲ ਲੱਗਦੇ ਪਿੰਡ ਜਵਾਏ ਸਿੰਘ ਵਾਲਾ ਵਿਖੇ ਬਣੇ ਸਰਕਾਰੀ ਪ੍ਰਾਇਮਰੀ ਸਕੂਲ ਵਿੱਚ ਵੱਖ-ਵੱਖ ਤਰ੍ਹਾਂ ਦੇ 70 ਦੇ ਕਰੀਬ ਪੌਦੇ ਲਾਏ ਗਏ ਹਨ। ਉਨ੍ਹਾਂ ਨਾਲ ਮੀਡੀਆ ਇੰਚਾਰਜ ਵਰੁਣ ਗਾਵੜੀ, ਕੈਸ਼ੀਅਰ ਸ਼ੁਭਮ ਮੋਂਗਾ, ਪੀਆਰਓ ਪ੍ਰਸ਼ਾਂਤ ਖੇੜਾ, ਸੈਕਟਰੀ ਰਾਜਨ ਮੋਂਗਾ, ਕੋਆਰਡੀਨੇਟਰ ਸਾਜਨ ਸਚਦੇਵਾ, ਕਲੱਬ ਸਰਵਿਸ ਚੇਅਰਪਰਸਨ ਮਿਲਾਪ ਛਾਬੜਾ, ਸੰਦੀਪ ਧਵਨ, ਲੱਕੀ ਤਨੇਜਾ, ਮਨੂ ਮੋਂਗਾ, ਰਨਬੀਰ ਧਵਨ, ਲਾਡੀ ਭੰਡਾਰੀ, ਰਾਹੁਲ ਬਜਾਜ, ਰਜਤ ਸਚਦੇਵਾ, ਅਮਿਤ ਅਰੋੜਾ, ਅਮਨ ਸਜਦੇਵਾ, ਮਨੀਸ਼ ਬਿੰਦਰਾ, ਰਚਿਤ ਸੋਢੀ ਵੱਲੋਂ ਮਿਲ ਕੇ ਸਕੂਲ ਮੁਖੀ ਪਰਮਜੀਤ ਸਿੰਘ, ਸੰਦੀਪ ਸ਼ਰਮਾ ਤੇ ਮੈਥਿਊ ਅਧਿਆਪਕ ਅਤੇ ਬੱਚਿਆਂ ਦੇ ਨਾਲ ਸਾਂਝੇ ਤੌਰ 'ਤੇ ਸਕੂਲ ਵਿੱਚ ਪੌਦੇ ਲਾਏ ਗਏ।

# ਠੇਕਾ ਮੁਲਾਜ਼ਮ ਯੂਨੀਅਨ ਵੱਲੋਂ ਸਰਕਾਰੀ ਆਈ ਟੀ ਆਈਜ਼ ਗੇਟ ਅੱਗੇ ਰੈਲੀ





**ਚੌਂਕੀਮਾਨ (ਇੰਜ. ਬਲਬੀਰ ਸਿੰਘ ਮਾਨ)**-ਸਰਕਾਰੀ ਆਈ ਟੀ ਆਈਜ਼ ਠੇਕਾ ਮੁਲਾਜ਼ਮ ਯੂਨੀਅਨ ਪੰਜਾਬ ਵੱਲੋਂ ਸਰਕਾਰੀ ਆਈ ਟੀ ਆਈ ਜੱਸੋਵਾਲ-ਕੁਲਾਰ (ਲੁਧਿ:) ਦੇ ਗੇਟ ਅੱਗੇ ਪੰਜਾਬ ਸਰਕਾਰ ਵਿਰੁੱਧ ਗੇਟ ਰੈਲੀ ਕੀਤੀ ਤੇ ਪੰਜਾਬ ਸਰਕਾਰ ਦੀ ਮੁਰਦਾਬਾਦ ਕੀਤੀ।ਜਥੇਬੰਦੀ ਦੇ ਮੈਂਬਰ ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਮਨਰਾਜ ਸਿੰਘ, ਰਵਿੰਦਰ ਸਿੰਘ, ਗੁਰਜਿੰਦਰ ਸਿੰਘ, ਇੰਦਰਜੀਤ ਸਿੰਘ ਤੇ ਸ੍ਰੀਮਤੀ ਪਰਮਜੀਤ ਕੌਰ ਨੇ ਦੱਸਿਆ ਕਿ ਉਹ 15-16 ਸਾਲਾਂ ਤੋਂ ਪੰਜਾਬ ਦੀਆਂ ਸਰਕਾਰੀ ਆਈ ਟੀ ਆਈਜ਼ ਵਿੱਚ ਬਿਨਾਂ ਕਿਸੇ ਸਰਕਾਰੀ ਸਹੂਲਤਾਂ ਤੋਂ ਨਿਗੂਣੀਆਂ ਤਨਖਾਹਾਂ ਸਿਰਫ਼ 15000 ਉੱਪਰ ਗਰੁੱਪ ਬੀ ਬਤੌਰ ਕਰਾਫਟ ਇੰਸਟਰਕਟਰ ਵਜੋਂ ਆਪਣਾ ਸ਼ੋਸ਼ਣ ਕਰਵਾ ਰਹੇ ਹਾਂ, ਜਦਕਿ ਇਹੀ ਪੰਜਾਬ ਸਰਕਾਰ ਗਰੁੱਪ ਸੀ ਤੇ ਡੀ ਨੂੰ ਸਾਡੇ ਨਾਲੋਂ ਵੱਧ ਤਨਖਾਹਾਂ ਦੇ ਰਹੀ ਹੈ, ਜੋ ਕਿ ਕਿਤੇ ਵੀ ਤਰਕਸੰਗਤ ਨਹੀਂ ਹੈ। ਇਸ ਤੋਂ ਇਲਾਵਾ ਸਾਨੂੰ ਕਿਸੇ ਵੀ ਕਿਸਮ ਦੀ ਛੁੱਟੀ ਨਹੀਂ ਦਿੱਤੀ ਜਾਂਦੀ, ਨਾ ਹੀ ਕੋਈ ਬਦਲੀ ਕਰਵਾਉਣ ਦਾ ਅਧਿਕਾਰ ਹੈ, ਨਾ ਹੀ ਕੋਈ ਸਰਵਿਸ ਬੁੱਕ ਲਗਾਈ ਗਈ ਹੈ ਤੇ ਨਾ ਹੀ ਕੋਈ ਸਾਲਾਨਾ ਇੰਕਰੀਮੈਂਟ ਹੈ, ਇੱਥੋਂ ਤੱਕ ਲੇਡੀਜ਼ ਲਈ ਜਣੇਪਾ ਛੁੱਟੀ ਤੱਕ ਦਾ ਅਧਿਕਾਰ ਨਹੀਂ ਹੈ ਜੋ ਕਿ ਇਹ ਪੰਜਾਬ ਸਰਕਾਰ ਲਈ ਬਹੁਤ ਹੀ ਸ਼ਰਮਨਾਕ ਗੱਲ ਹੈ।ਅਸੀਂ ਗੱਲਬਾਤ ਰਾਹੀਂ ਪਿਛਲੇ ਤਿੰਨ ਸਾਲਾਂ ਤੋਂ 40-50 ਵਾਰ ਮੁੱਖ ਮੰਤਰੀ ਦਫਤਰ ਦੇ ਗੇੜੇ ਮਾਰੇ ਕਿ ਸ਼ਾਇਦ ਉਨ੍ਹਾਂ ਨੂੰ ਮੁੱਖ ਮੰਤਰੀ ਦਾ ਸਮਾਂ ਮਿਲ ਜਾਵੇ, ਪ੍ਰੰਤੂ ਆਮ ਲੋਕਾਂ ਦੇ ਮੁੱਖ ਮੰਤਰੀ ਕਹਾਉਣ ਵਾਲੇ ਭਗਵੰਤ ਸਿੰਘ ਮਾਨ ਵੀ ਪਹਿਲੇ ਮੁੱਖ ਮੰਤਰੀਆਂ ਦੀ ਤਰ੍ਹਾਂ ਹੀ ਨਿਕਲੇ, ਇੱਕ ਮਿੰਟ ਦਾ ਵੀ ਸਮਾਂ ਨਹੀਂ ਦਿੱਤਾ ਗਿਆ।ਇਸ ਤੋਂ ਇਲਾਵਾ ਕਈ ਵਾਰ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੂੰ ਵੀ ਮਿਲ ਚੁੱਕੇ ਹਾਂ, ਉਨ੍ਹਾਂ ਵੱਲੋਂ ਹਰ ਵਾਰ ਇੰਗਨੋਰ ਕਰ ਦਿੱਤਾ ਜਾਂਦਾ ਹੈ, ਜਿਵੇਂ ਉਨ੍ਹਾਂ ਦਾ ਤਕਨੀਕੀ ਸਿੱਖਿਆ ਵੱਲ ਧਿਆਨ ਈ ਨਾ ਹੋਵੇ, ਕਿਉਂਕਿ ਉਹ ਪਿਛਲੇ ਤਿੰਨ ਸਾਲਾਂ ਤੋਂ ਸਕੂਲਾਂ ਵਿੱਚੋਂ ਹੀ ਨਹੀਂ ਨਿਕਲ ਰਹੇ, ਜਦਕਿ ਉਹ ਤਕਨੀਕੀ ਸਿੱਖਿਆ ਮੰਤਰੀ ਵੀ ਹਨ।ਅਸੀਂ ਪੰਜਾਬ ਦਾ ਕੋਈ ਆਮ ਆਦਮੀ ਪਾਰਟੀ ਦਾ ਐੱਮ ਐੱਲ, ਕੋਈ ਮੰਤਰੀ ਨਹੀਂ ਛੱਡਿਆ, ਜਿਸ ਨੂੰ ਬੇਨਤੀ ਨਾ ਕੀਤੀ ਹੋਵੇ, ਪ੍ਰੰਤੂ ਸਾਰਿਆਂ ਵੱਲੋਂ ਸਿਰਫ ਲਾਰੇ ਹੀ ਮਿਲੇ ਹਨ, ਕਿਸੇ ਨੇ ਵੀ ਕੋਈ ਹੱਲ ਕਰਵਾਉਣ ਬਾਰੇ ਨਹੀਂ ਸੋਚਿਆ।ਅਸੀਂ ਆਮ ਆਦਮੀ ਪਾਰਟੀ ਦੀ ਸਰਕਾਰ ਲਿਆਉਣ ਲਈ ਬਹੁਤ ਸਖ਼ਤ ਮਿਹਨਤ ਕੀਤੀ ਸੀ ਕਿ ਇਹ ਸਰਕਾਰ ਸਾਡਾ ਕੁੱਝ ਕਰੇਗੀ ਪ੍ਰੰਤੂ ਸਾਡੇ ਹੱਥ ਪਹਿਲਿਆਂ ਵਾਂਗ ਨਿਰਾਸ਼ਾ ਹੀ ਹੱਥ ਲੱਗੀ ਹੈ।ਜੇਕਰ ਸਰਕਾਰ ਉਨ੍ਹਾਂ ਦੀਆਂ ਮੰਗਾਂ ਵੱਲ ਧਿਆਨ ਨਹੀਂ ਦਿੰਦੀ ਤਾਂ ਆਉਣ ਵਾਲੇ ਦਿਨਾਂ ਵਿੱਚ ਤਕਨੀਕੀ ਸਿੱਖਿਆ ਮੰਤਰੀ ਤੇ ਹੋਰ ਸਾਰੇ ਮੰਤਰੀਆਂ ਦੇ ਘਰਾਂ ਅੱਗੇ ਪ੍ਰਦਰਸ਼ਨ ਕੀਤੇ ਜਾਣਗੇ।

# ਪੁਲਸ ਜਬਰ ਵਿਰੁੱਧ ਡੀ ਸੀ ਹੈੱਡਕੁਆਟਰਾਂ 'ਤੇ ਧਰਨਾ 25 ਨੂੰ

**ਦਿੜ੍ਹਬਾ (ਜਸਵੀਰ ਲਾਡੀ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਦਿੜ੍ਹਬਾ ਬਲਾਕ ਵੱਲੋਂ ਆਉਣ ਵਾਲੇ ਸੰਘਰਸ਼ਾਂ ਨੂੰ ਲੈ ਕੇ ਜੰਗੀ ਪੱਧਰ 'ਤੇ ਪਿੰਡ ਇਕਾਈਆਂ ਦੀਆਂ ਚੋਣਾਂ ਕਰਾਈਆਂ ਜਾ ਰਹੀਆਂ ਹਨ। ਇਸ ਕੜੀ ਤਹਿਤ ਦਿੜ੍ਹਬਾ ਬਲਾਕ ਦੇ ਆਗੂ ਹਰਜੀਤ ਸਿੰਘ ਮਹਿਲਾਂ ਤੇ ਖ਼ਜ਼ਾਨਚੀ ਮਿਸ਼ਰਾ ਸਿੰਘ ਨਿਹਾਲਗੜ੍ਹ ਦੀ ਅਗਵਾਈ ਹੇਠ ਪਿੰਡ ਨਿਹਾਲਗੜ੍ਹ ਅਤੇ ਪਿੰਡ ਇਕਾਈ ਖੇਤਲਾ ਦੀ ਚੋਣ ਪਿੰਡ ਦੀ ਸਾਂਝੀ ਜਗ੍ਹਾ ਗੁਰਦੁਆਰਾ ਸਾਹਿਬ ਵਿਖੇ ਕੀਤੀ ਗਈ। ਇਸ ਮੌਕੇ ਬਲਾਕ ਦਿੜ੍ਹਬਾ ਦੇ ਸੀਨੀਅਰ ਮੀਤ ਪ੍ਰਧਾਨ ਹਰਬੰਸ ਸਿੰਘ ਦਿੜ੍ਹਬਾ, ਜਗਦੀਸ਼ ਸਿੰਘ ਮਹਿਲਾਂ, ਜਸਵੰਤ ਸਿੰਘ ਸਮੂੰਰਾਂ ਜੋਗਿੰਦਰ ਸਿੰਘ ਖੇੜੀ ਤੇ ਚਰਨਜੀਤ ਸਿੰਘ ਘਨੌੜ ਸੰਤਪੁਰਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਬਲਾਕ ਦਿੜ੍ਹਬਾ ਦੇ ਆਗੂਆਂ ਨੇ ਕਿਹਾ ਕਿ ਐਸ ਕੇ ਐਮ ਦੇ ਸੱਦੇ 'ਤੇ 25 ਜੁਲਾਈ ਨੂੰ ਪੁਲਸ ਜਬਰ ਵਿਰੁੱਧ ਸੰਗਰੂਰ ਦੇ ਡੀਸੀ ਹੈੱਡ ਕੁਆਰਟਰਾਂ ਤੇ ਧਰਨਾ ਦੇ ਕੇ ਮੁਜ਼ਾਹਰਾ ਕੀਤਾ ਜਾਵੇਗਾ। ਪਿੰਡ ਇਕਾਈ ਖੇਤਲ ਦੇ ਚੁਣੇ ਗਏ ਅਹੁਦੇਦਾਰਾਂ ਦੇ ਨਾਂਅ ਪ੍ਰਧਾਨ ਪ੍ਰਗਟ ਸਿੰਘ, ਜਨਰਲ ਸਕੱਤਰ ਹਰਨੇਕ ਸਿੰਘ, ਖ਼ਜ਼ਾਨਚੀ ਕਰਨੈਲ ਸਿੰਘ ਅਤੇ ਇਸਤਰੀ ਵਿੰਗ ਦੇ ਪ੍ਰਧਾਨ ਭੈਣ ਕਰਮਜੀਤ ਕੌਰ, ਖ਼ਜ਼ਾਨਚੀ ਰਾਣੀ ਕੌਰ, ਜਨਰਲ ਸਕੱਤਰ ਜਸਵਿੰਦਰ ਕੌਰ ਤੇ ਪਿੰਡ ਇਕਾਈ ਨਿਹਾਲਗੜ੍ਹ ਦੀ 22 ਮੈਂਬਰੀ ਕਮੇਟੀ ਚੁਣੀ ਗਈ।

# ਕੋਟਕਪੂਰਾ ਦੇ ਬਲਾਕ ਪ੍ਰਧਾਨਾਂ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਮੀਟਿੰਗ





**ਕੋਟਕਪੂਰਾ (ਰਛਪਾਲ ਭੁੱਲਰ)**-ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਸੁਖਜੀਤ ਸਿੰਘ ਢਿੱਲਵਾਂ ਦੀ ਅਗਵਾਈ ਹੇਠ ਕੋਟਕਪੂਰਾ ਦੇ ਬਲਾਕ ਪ੍ਰਧਾਨਾਂ ਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਮਹੱਤਵਪੂਰਨ ਮੀਟਿੰਗ ਹੋਈ, ਜਿਸ ਵਿੱਚ ਖੇਤਰੀ ਵਿਕਾਸ, ਸਰਕਾਰੀ ਯੋਜਨਾਵਾਂ ਤੇ ਪਿੰਡ ਪੱਧਰ ਦੀਆਂ ਸਮੱਸਿਆਵਾਂ ਉੱਤੇ ਵਿਸਥਾਰ ਨਾਲ ਚਰਚਾ ਕੀਤੀ ਗਈ।ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਮੀਟਿੰਗ ਵਿੱਚ ਬਲਾਕ ਪ੍ਰਧਾਨ ਵੱਲੋਂ ਪਿੰਡਾਂ 'ਚ ਪੀਣ ਵਾਲੇ ਪਾਣੀ, ਨਿਕਾਸੀ ਪ੍ਰਣਾਲੀ, ਨਸ਼ਾ ਮੁਕਤੀ, ਸੜਕਾਂ ਦੀ ਮੁਰੰਮਤ, ਸਟ੍ਰੀਟ ਲਾਈਟਾਂ ਤੇ ਰੋਜ਼ਗਾਰ ਯੋਜਨਾਵਾਂ ਆਦਿ ਸਬੰਧੀ ਜ਼ਿਲ੍ਹਾ ਪ੍ਰਸ਼ਾਸ਼ਨ ਨਾਲ ਵਿਸਥਾਰ ਵਿਚਾਰ ਚਰਚਾ ਕੀਤੀ ਗਈ ਤੇ ਆਪਣੇ ਆਪਣੇ ਸੁਝਾਅ ਪੇਸ਼ ਕੀਤੇ ਗਏ।ਉਨ੍ਹਾਂ ਜ਼ਿਲ੍ਹਾ ਪ੍ਰਸ਼ਾਸ਼ਨ ਨੂੰ ਅਪੀਲ ਕੀਤੀ ਕਿ ਸਰਕਾਰੀ ਸਕੀਮਾਂ ਦੀ ਜਾਣਕਾਰੀ ਦੇਣ ਲਈ ਸਮੇਂ-ਸਮੇਂ 'ਤੇ ਕੈਂਪ ਲਾਏ ਜਾਣ।ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਮੀਟਿੰਗ ਵਿੱਚ ਚਰਚਿਤ ਹਰ ਮੁੱਦੇ 'ਤੇ ਤੁਰੰਤ ਕਾਰਵਾਈ ਕੀਤੀ ਜਾਵੇਗੀ।

# ਨਵੇਂ ਭਰਤੀ ਮੁਲਾਜ਼ਮਾਂ 'ਤੇ ਪੰਜਾਬ ਪੇਅ ਸਕੇਲ ਲਾਗੂ ਕੀਤੇ ਜਾਣ : ਟਿੱਬਾ, ਖ਼ਾਨ



**ਸ਼ੇਰਪੁਰ (ਰਵੀ ਟਿੱਬਾ)**-ਪੀ.ਐਚ.ਸੀ ਫਤਿਹਗੜ੍ਹ ਪੰਜਗਰਾਈਆਂ ਵਿਖੇ ਸਿਹਤ ਕ੍ਰਮਚਾਰੀਆਂ ਵੱਲੋਂ 17.07.2020 ਦੇ ਮੁਲਾਜ਼ਮ ਮਾਰੂ ਨੋਟੀਫਿਕੇਸ਼ਨ ਦੀਆਂ ਕਾਪੀਆਂ ਸਾੜੀਆਂ ਗਈਆਂ, ਜਿਸ ਵਿੱਚ ਪੰਜਾਬ ਸਰਕਾਰ ਦੁਆਰਾ ਕੇਂਦਰੀ ਪੇਅ ਸਕੇਲ ਪੰਜਾਬ ਦੇ ਨਵੇਂ ਭਾਰਤੀ ਮੁਲਾਜ਼ਮਾਂ ਉੱਪਰ ਧੱਕੇ ਨਾਲ ਲਾਗੂ ਕੀਤੇ ਗਏ ਸੀ।ਜਗਸੀਰ ਸਿੰਘ ਟਿੱਬਾ ਤੇ ਗੁਲਜ਼ਾਰ ਖਾਨ ਸੂਬਾ ਕਨਵੀਨਰ ਤਾਲਮੇਲ ਕਮੇਟੀ ਪੈਰਾ ਮੈਡੀਕਲ ਤੇ ਸਿਹਤ ਕ੍ਰਮਚਾਰੀ ਪੰਜਾਬ ਵੱਲੋਂ ਦੱਸਿਆ ਗਿਆ ਕਿ ਤਤਕਾਲੀ ਕਾਂਗਰਸ ਸਰਕਾਰ ਵੱਲੋਂ ਵਿੱਤ ਮੰਤਰੀ ਮਨਪ੍ਰੀਤ ਬਾਦਲ ਦੀ ਮੁਲਾਜ਼ਮ ਮਾਰੂ ਸੋਚ ਨੂੰ ਉਜਾਗਰ ਕਰਦੇ ਹੋਏ ਸਰਕਾਰ ਨੇ 17.7.2020 ਨੂੰ ਪੰਜਾਬ ਸਰਕਾਰ ਦੇ ਨਵੀਂ ਭਰਤੀ ਮੁਲਾਜ਼ਮਾਂ ਉੱਪਰ ਕੇਂਦਰੀ ਪੇਅ ਸਕੇਲ ਲਾਗੂ ਕਰਨ ਦਾ ਫੈਸਲਾ ਕੀਤਾ ਸੀ, ਜਿਸ ਨੂੰ ਅੱਜ ਪੂਰੇ ਪੰਜ ਸਾਲ ਹੋ ਚੁੱਕੇ ਹਨ, ਪ੍ਰੰਤੂ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਇਸ ਨੋਟੀਫਿਕੇਸ਼ਨ ਨੂੰ ਰੱਦ ਕਰਕੇ ਪੰਜਾਬ ਦੇ ਮੁਲਾਜ਼ਮਾਂ ਉੱਪਰ ਪੰਜਾਬ ਦੇ ਪੇਅ ਸਕੇਲ ਲਾਗੂ ਕਰਨ ਦਾ ਵਾਅਦਾ ਕੀਤਾ ਸੀ, ਪ੍ਰੰਤੂ ਉਹ ਵਾਅਦੇ ਵਫਾ ਨਹੀਂ ਹੋ ਸਕਿਆ।ਇਹ ਸਰਕਾਰ ਵੀ ਮੁਲਾਜ਼ਮ ਮਾਰੂ ਹੀ ਸਿੱਧ ਹੋਈ।ਉਨ੍ਹਾਂ ਕਿਹਾ ਕਿ ਸਰਕਾਰ ਨੂੰ ਆਪਣੀਆਂ ਮੁਲਾਜ਼ਮ ਮਾਰੂ ਹਰਕਤਾਂ ਤੋਂ ਬਾਜ਼ ਆਉਣਾ ਚਾਹੀਦਾ ਹੈ ਤੇ ਮੁਲਾਜ਼ਮਾਂ ਦੀ ਭਲਾਈ ਲਈ ਉਨ੍ਹਾਂ ਤੇ ਪੰਜਾਬ ਦੇ ਪੇਅ ਸਕੇਲ ਤੁਰੰਤ ਲਾਗੂ ਕਰਨੇ ਚਾਹੀਦੇ ਹਨ।

# ਅਮਨ ਅਰੋੜਾ ਤੇ ਪੱਤਰਕਾਰ ਆਰ ਐੱਨ ਕਾਂਸਲ ਬਣੇ ਰੋਟਰੀ ਕਲੱਬ ਦੇ ਆਨਰੇਰੀ ਮੈਂਬਰ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਰੋਟਰੀ ਕਲੱਬ ਵੱਲੋਂ ਸਮਾਜ ਸੇਵਾ ਦੇ ਖੇਤਰ 'ਚ ਬੇਮਿਸਾਲ ਯੋਗਦਾਨ ਦੇਣ ਵਾਲੀਆਂ ਦੋ ਪ੍ਰਸਿੱਧ ਸ਼ਖ਼ਸੀਅਤਾਂ ਕੈਬਿਨੇਟ ਮੰਤਰੀ ਅਮਨ ਅਰੋੜਾ ਤੇ ਸੀਨੀਅਰ ਪੱਤਰਕਾਰ ਆਰ.ਐਨ. ਕਾਂਸਲ ਨੂੰ ਰੋਟਰੀ ਕਲੱਬ ਦਾ ਆਨਰੇਰੀ ਮੈਂਬਰ ਨਿਯੁਕਤ ਕੀਤਾ ਗਿਆ ਹੈ।ਇਹ ਨਿਯੁਕਤੀ ਕਲੱਬ ਦੇ ਪ੍ਰਧਾਨ ਰੋਟੇਰੀਅਨ ਜਗਦੀਪ ਭਾਰਦਵਾਜ ਦੀ ਅਗਵਾਈ 'ਚ ਸਰਬਸੰਮਤੀ ਨਾਲ ਕੀਤੀ ਗਈ।ਕਲੱਬ ਪ੍ਰਧਾਨ ਜਗਦੀਪ ਭਾਰਦਵਾਜ ਨੇ ਕਿਹਾ ਕਿ ਅਮਨ ਅਰੋੜਾ ਨਾ ਸਿਰਫ਼ ਪੰਜਾਬ ਸਰਕਾਰ ਵਿੱਚ ਕੈਬਿਨੇਟ ਮੰਤਰੀ ਦੇ ਤੌਰ 'ਤੇ ਵਿਕਾਸ ਦੇ ਪ੍ਰਤੀਕ ਹਨ, ਸਗੋਂ ਰੋਟਰੀ ਇੰਟਰਨੈਸ਼ਨਲ ਵਰਗੀਆਂ ਸਮਾਜ ਸੇਵੀ ਸੰਸਥਾਵਾਂ ਦੀਆਂ ਗਤਿਵਿਧੀਆਂ ਵਿੱਚ ਵੀ ਉਨ੍ਹਾਂ ਦਾ ਯੋਗਦਾਨ ਕਾਬਲ-ਏ-ਤਾਰੀਫ਼ ਰਿਹਾ ਹੈ।ਉਨ੍ਹਾਂ ਕਿਹਾ ਕਿ ਅਮਨ ਅਰੋੜਾ ਦੀ ਕੰਮ ਕਰਨ ਦਾ ਢੰਗ, ਪਾਰਦਰਸ਼ਤਾ ਤੇ ਲੋਕਸੇਵਾ ਪ੍ਰਤੀ ਉਨ੍ਹਾਂ ਦੀ ਨਿਸ਼ਠਾ ਉਨ੍ਹਾਂ ਨੂੰ ਇਕ ਆਦਰਸ਼ ਲੋਕਪ੍ਰਤਿਨਿਧੀ ਬਣਾਉਂਦੀ ਹੈ।ਦੂਜੇ ਪਾਸੇ ਆਰ.ਐਨ.ਕਾਂਸਲ, ਜੋ ਦਿ ਇਲੈਕਟ੍ਰਾਨਿਕ ਮੀਡੀਆ ਪ੍ਰੈਸ ਕਲੱਬ ਤੇ ਸਿਟੀ ਮੀਡੀਆ ਪ੍ਰੈਸ ਦੇ ਜਰਨਲ ਸਕੱਤਰ ਹਨ, ਕਈ ਸਾਲਾਂ ਤੋਂ ਪੱਤਰਕਾਰਤਾ ਰਾਹੀਂ ਸਮਾਜ ਸੇਵਾ ਵਿੱਚ ਸਰਗਰਮ ਭੂਮਿਕਾ ਨਿਭਾ ਰਹੇ ਹਨ। ਉਨ੍ਹਾਂ ਦੀ ਨਿਸ਼ਪੱਖ ਪੱਤਰਕਾਰਤਾ ਅਤੇ ਸਮਾਜ ਪ੍ਰਤੀ ਸਕਾਰਾਤਮਕ ਸੋਚ ਨੂੰ ਵੇਖਦੇ ਹੋਏ ਕਲੱਬ ਵੱਲੋਂ ਉਨ੍ਹਾਂ ਨੂੰ ਵੀ ਇਹ ਸਨਮਾਨ ਦੇਣ ਦਾ ਫੈਸਲਾ ਲਿਆ ਗਿਆ।ਕਲੱਬ ਵੱਲੋਂ ਦੋਵੇਂ ਹਸਤੀਆਂ ਨੂੰ ਉਨ੍ਹਾਂ ਦੇ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਰੋਟਰੀ ਕਲੱਬ ਸੁਨਾਮ ਦਾ ਆਨਰੇਰੀ ਮੈਂਬਰ ਨਿਯੁਕਤ ਕੀਤਾ ਗਿਆ।

# ਬਾਇਓ ਗੈਸ ਪਲਾਂਟ ਖਿਲਾਫ਼ ਫਿਰ ਗੱਜੇ ਪਿੰਡ ਅਖਾੜਾ ਦੇ ਲੋਕ



**ਜਗਰਾਉਂ (ਸੰਜੀਵ ਅਰੋੜਾ)**

ਪਿੰਡ ਅਖਾੜਾ ਵਿਖੇ ਬਾਇਓ ਗੈਸ ਪਲਾਂਟ ਖਿਲਾਫ਼ ਲੱਗੇ ਧਰਨੇ 'ਚ ਸੰਘਰਸ਼ੀਲ ਲੋਕਾਂ ਨੇ ਕਾਫ਼ਲੇ ਬੰਨ੍ਹ ਕੇ ਸ਼ਮੂਲੀਅਤ ਕੀਤੀ। ਬਾਇਓ ਗੈਸ ਪਲਾਂਟ ਨੂੰ ਲੈ ਕੇ ਮਾਣਯੋਗ ਹਾਈਕੋਰਟ ਵਿੱਚ ਤਾਰੀਕ ਸੀ ਤੇ ਸੰਘਰਸ਼ ਕਮੇਟੀ ਦੇ ਸੱਦੇ 'ਤੇ ਇਕੱਠੇ ਹੋਏ ਤੇ ਫੈਸਲੇ ਦੀ ਉਡੀਕ ਤੱਕ ਧਰਨੇ 'ਤੇ ਡਟੇ ਰਹੇ। ਦੱਸਣਯੋਗ ਹੈ ਕਿ ਲੰਘੀਆਂ ਤਰੀਕਾਂ ਵਾਲੇ ਦਿਨ ਮਾਹੌਲ ਤਲਖੀ ਭਰਿਆ ਬਣਦਾ ਰਿਹਾ ਹੈ, ਪ੍ਰੰਤੂ ਲੰਘੇ ਦਿਨੀਂ ਐਕਸ਼ਨ ਕਮੇਟੀ ਦੀ ਮੁੱਖ ਮੰਤਰੀ ਨਾਲ ਮੀਟਿੰਗ ਤੋਂ ਬਾਅਦ ਇਸ ਮਾਮਲੇ 'ਤੇ ਮੁੱਖ ਮੰਤਰੀ ਵੱਲੋਂ ਦੋ ਮਹੀਨੇ ਦਾ ਸਮਾਂ ਦਿੱਤਾ ਗਿਆ ਸੀ, ਜਿਸ ਦੇ ਚੱਲਦਿਆਂ ਧਰਨਾਕਾਰੀਆਂ ਤੇ ਪ੍ਰਸ਼ਾਸ਼ਨ ਵਿਚਾਲੇ ਕੋਈ ਸਥਿਤੀ ਸ਼ਾਂਤੀਪੂਰਨ ਰਹੀ।

ਧਰਨੇ ਵਿਚ ਬੀਬੀਆਂ ਦੀ ਗਿਣਤੀ ਭਾਰੂ ਰਹੀ। ਇਸ ਮੌਕੇ ਗੁਰਤੇਜ ਸਿੰਘ ਸਰਾਂ ਨੇ ਸੰਬੋਧਨ ਕਰਦਿਆਂ ਆਖਿਆ ਕਿ ਬਾਇਓ ਗੈਸ ਪਲਾਂਟ ਖਿਲਾਫ਼ ਉਨ੍ਹਾਂ ਦਾ ਇਹ ਸੰਘਰਸ਼ ਇਕ ਸਾਲ ਤੋਂ ਟੱਪ ਗਿਆ ਹੈ, ਪ੍ਰੰਤੂ ਪ੍ਰਸ਼ਾਸ਼ਨ ਤੇ ਪੰਜਾਬ ਸਰਕਾਰ ਦੇ ਕੰਨ 'ਤੇ ਜੂੰਅ ਨਹੀਂ ਸਰਕੀ। ਬੁਲਾਰਿਆਂ ਨੇ ਆਖਿਆ ਕਿ ਪੰਜਾਬ ਸਰਕਾਰ ਪਿੰਡ ਅਖਾੜਾ ਦੇ ਲੋਕਾਂ ਦਾ ਸਬਰ ਪਰਖ ਰਹੀ ਹੈ। ਉਨ੍ਹਾਂ ਆਖਿਆ ਕਿ ਇਹ ਸੰਘਰਸ਼ ਸਾਡੀਆਂ ਆਉਣ ਵਾਲੀਆਂ ਨਸਲਾਂ ਦਾ ਭਵਿੱਖ ਤਹਿ ਕਰੇਗਾ, ਇਸ ਲਈ ਉਹ ਇਕ ਦੋ ਸਾਲ ਤਾਂ ਕੀ ਇਸ ਲੜਾਈ ਨੂੰ ਦਹਾਕਿਆਂ ਤੱਕ ਵੀ ਲੜਨ ਲਈ ਤਿਆਰ ਹਨ। ਇਸ ਮੌਕੇ ਮਾ. ਗੁਲਵੰਤ ਸਿੰਘ, ਗਿਆਨੀ ਜਸਵੀਰ ਸਿੰਘ, ਦਰਸ਼ਨ ਸਿੰਘ, ਸੁਖਜੀਤ ਸਿੰਘ ਬਰਿਆਰ ਤੇ ਇਸਤਰੀ ਆਗੂ ਸੁਖਦੀਪ ਕੌਰ ਆਦਿ ਬੁਲਾਰਿਆਂ ਨੇ ਕਿਹਾ ਕਿ ਲੋਕ ਏਕਤਾ ਖਿਲਾਫ਼ ਹਕੂਮਤ ਦਾ ਹਰ ਹੀਲਾ ਨਾਕਾਮ ਹੋ ਰਿਹਾ ਹੈ। ਆਗੂਆਂ ਨੇ ਕਿਹਾ ਕਿ ਜਦੋਂ ਹੋਂਦ ਦੀ ਹਸਤੀ ਮਿਟਣ ਦੀ ਗੱਲ ਹੋਵੇ ਉਦੋਂ ਘਾਟੇ-ਵਾਧੇ ਨਹੀਂ ਦੇਖੇ ਜਾਂਦੇ। ਇਸ ਮੌਕੇ ਭਰਵੇਂ ਇਕੱਠ ਵਿਚ ਬਾਹਾਂ ਖੜੀਆਂ ਕਰਕੇ ਮਤਾ ਪਾਸ ਕੀਤਾ ਗਿਆ ਕਿ ਜਦੋਂ ਤੱਕ ਇਸ ਸੰਘਰਸ਼ ਜਿੱਤ ਨਹੀਂ ਲਿਆ ਜਾਂਦਾ, ਉਦੋਂ ਤੱਕ ਇਸ ਸੰਘਰਸ਼ 'ਚ ਸ਼ੁਮਾਰ ਲੋਕ ਜਜ਼ਬੇ ਨੂੰ ਠੰਢਾ ਨਹੀਂ ਹੋਣ ਦੇਣਗੇ।

# ਹਜ਼ਰਤ ਪੀਰ ਬਾਬਾ ਮੋਹਕਮਦੀਨ ਦਾ 37ਵਾਂ ਮੇਲਾ ਮਨਾਇਆ

**ਜਲੰਧਰ** : ਕਸਬਾ ਲਾਂਬੜਾ ਨੇੜੇ ਕਲਿਆਣਪੁਰ ਵਿਖੇ ਦਰਗਾਹ ਹਜ਼ਰਤ ਪੀਰ ਬਾਬਾ ਮੋਹਕਮਦੀਨ ਸ਼ਾਹ ਜੀ ਦਾ 37ਵਾਂ ਸਾਲਾ ਉਰਸ ਮੁਬਾਰਕ ਗੱਦੀਨਸ਼ੀਨ ਸਾਈਂ ਗੁਲਾਮ ਸੋਨੀ ਜੀ ਦੀ ਰਹਿਨੁਮਾਈ ਹੇਠ 8-9 ਜੁਲਾਈ ਨੂੰ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਮੇਲੇ ਦੀ ਸ਼ੁਰੂਆਤ ਝੰਡੇ ਤੇ ਚਾਦਰ ਦੀ ਰਸਮ ਅਦਾ ਕਰਕੇ ਕੀਤੀ ਗਈ। ਇਨ੍ਹਾਂ ਰਸਮਾਂ 'ਚ ਦਰਬਾਰ ਪੀਰ ਬਾਬਾ ਮੋਹਕਮਦੀਨ ਸ਼ਾਹ ਜੀ ਜਗਰਾਵਾਂ ਤੋਂ ਸਾਈਂ ਨੂਰਦੀਨ ਸ਼ਾਹ ਜੀ ਉਚੇਚੇ ਤੌਰ 'ਤੇ ਸ਼ਾਮਲ ਹੋਏ। ਮੇਲੇ 'ਚ ਨਾਮਵਰ ਕੱਵਾਂ ਲਵਜੀਤ, ਪ੍ਰਵੇਜ ਆਲਮ, ਦਰਬਾਰੀ ਕੱਵਾਲ ਵਨੀਤ ਖਾਨ, ਸੁਲਤਾਨ ਕਾਦਰੀ, ਪ੍ਰਵੀਨ ਨੂਰ ਆਦਿ ਨੇ ਸੂਫੀ ਕਲਾਮਾਂ ਨਾਲ ਆਪਣੀ ਹਾਜ਼ਰੀ ਲਗਵਾਈ। ਇਸ ਮੌਕੇ ਨਾਮਵਰ ਗਾਇਕਾਂ ਗੁਰਜੀਤ ਜੀਤੀ, ਮਨਜੀਤ ਸਹੋਤਾ, ਜਤਿੰਦਰ ਮਾਨ, ਰਣਬੀਰ, ਲਵ ਦੌਲੇਰਾਈ, ਆਰ ਕੇ ਮਹਿੰਦੀ, ਰਮਜਾਨਾ ਹੀਰ, ਹਨੀ ਸਿੱਧੂ, ਕਿਰਨ ਸ਼ਰਮਾ, ਕਬੀਰ, ਡਾ. ਸੌਰਵ ਅਮਰ ਤੇ ਸਰਦਾਰ ਅਲੀ ਨੇ ਹਾਜ਼ਰੀ ਲਗਵਾਈ।

# ਸੜਕ ਸੁਰੱਖਿਆ ਰੈਲੀ ਰਾਹੀਂ ਲੋਕਾਂ ਨੂੰ ਜਗਾਉਣ ਦਾ ਯਤਨ





**ਬਠਿੰਡਾ (ਰਾਜੀਵ ਗੋਇਲ)**-'ਦਾ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ, ਭਗਤਾ ਭਾਈ ਕਾ' ਦੀ ਅਜਿਹੀ ਵਿੱਦਿਅਕ ਸੰਸਥਾ ਹੈ, ਜਿਸ ਵਿੱਚ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਹੋਰ ਕਈ ਪ੍ਰਕਾਰ ਦੀਆਂ ਗਤੀਵਿਧੀਆਂ, ਬੌਧਿਕ ਕ੍ਰਿਆਵਾਂ ਦਾ ਹਿੱਸਾ ਬਣਾਇਆ ਜਾਂਦਾ ਹੈ, ਜੋ ਉਨ੍ਹਾਂ ਨੂੰ ਇੱਕ ਜ਼ਿੰਮੇਵਾਰ ਨਾਗਰਿਕ ਬਣਾਉਣ ਵਿੱਚ ਸਹਾਈ ਹੁੰਦੀਆਂ ਹਨ। ਬੀਤੇ ਦਿਨ ਵੀ ਸੰਸਥਾ ਦੇ ਵਿਦਿਆਰਥੀਆਂ ਵੱਲੋਂ ਸੜਕ ਸੁਰੱਖਿਆ ਚੇਤਨਾ ਰੈਲੀ ਕੱਢੀ ਗਈ, ਜਿਸ ਵਿੱਚ ਛੇਵੀਂ ਜਮਾਤ ਤੋਂ ਦਸਵੀਂ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਵੱਲੋਂ ਰਵਾਨਾ ਕੀਤੀ ਇਸ ਰੈਲੀ ਨੇ ਸਕੂਲ ਦੇ ਡੀ.ਪੀ.ਆਈਜ਼.ਅਧਿਆਪਕਾਂ ਦੀ ਅਗਵਾਈ ਵਿੱਚ ਕੋਠਾ ਗੁਰੂ ਕਾ ਤੇ ਕਲਿਆਣ ਸੁੱਖਾ ਪਿੰਡਾਂ ਦਾ ਦੌਰਾ ਕੀਤਾ ਗਿਆ। ਵਿਦਿਆਰਥੀਆਂ ਨੇ ਕਿਹਾ ਕਿ ਲੋਕਾਂ ਨੂੰ ਸੜਕ-ਸੁਰੱਖਿਆ ਬਾਰੇ ਜਾਣੂ ਕਰਾਉਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਲੋਕ ਅਜਿਹੇ ਹੁੰਦੇ ਹਨ, ਜੋ ਸੜਕ ਆਵਾਜਾਈ ਦੇ ਨਿਯਮਾਂ ਤੋਂ ਜਾਣੂ ਨਹੀਂ ਹੁੰਦੇ, ਜਿਸ ਕਾਰਨ ਬਹੁਤ ਸਾਰੀਆਂ ਅਣਸੁਖਾਵੀਆਂ ਘਟਨਾਵਾਂ ਵਾਪਰ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਅਠਾਰਾਂ ਸਾਲ ਤੋਂ ਘੱਟ ਉਮਰ ਦੇ ਬੱਚੇ ਵਹੀਕਲ ਚਲਾ ਰਹੇ ਹਨ, ਜਿਨ੍ਹਾਂ ਨੂੰ ਨਾ ਤਾਂ ਸੜਕ ਨਿਯਮਾਂ ਦਾ ਪਤਾ ਹੁੰਦਾ ਹੈ ਅਤੇ ਨਾ ਹੀ ਉਨ੍ਹਾਂ ਕੋਲ ਡਰਾਈਵਿੰਗ ਲਾਇਸੰਸ ਹੁੰਦਾ ਹੈ। ਅਜਿਹੇ ਬੱਚੇ ਦਰਦਨਾਕ ਘਟਨਾਵਾਂ ਨੂੰ ਸੱਦਾ ਦਿੰਦੇ ਹਨ। ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪ ਲਾਲ ਬਾਂਸਲ ਨੇ ਕਿਹਾ ਕਿ ਸਾਨੂੰ ਸੜਕੀ ਆਵਾਜਾਈ ਦੇ ਨਿਯਮਾਂ ਨੂੰ ਧਿਆਨ ਚ' ਰੱਖਣਾ ਚਾਹੀਦਾ ਹੈ ਤੇ ਟ੍ਰੈਫਿਕ ਬੱਤੀਆਂ ਦਾ ਪਾਲਣ ਕਰਨਾ ਚਾਹੀਦਾ ਹੈ। ਇਸ ਤਰ੍ਹਾਂ ਕਰਕੇ ਅਸੀਂ ਆਪਣੀ ਤੇ ਹੋਰਾਂ ਦੀ ਜ਼ਿੰਦਗੀ ਵੀ ਬਚਾ ਸਕਦੇ ਹਾਂ।

# ਪੰਜਾਬ ਦੇ ਪੇਅ ਸਕੇਲਾਂ ਦੀ ਬਹਾਲੀ ਲਈ ਮਨਾਇਆ ਕਾਲਾ ਦਿਵਸ





**ਮਾਨਸਾ (ਆਤਮਾ ਸਿੰਘ ਪਮਾਰ)**

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਵੱਲੋਂ ਪੰਜਾਬ ਪੇਅ ਸਕੇਲ਼ ਬਹਾਲੀ ਸਾਂਝਾ ਫਰੰਟ ਦੇ ਸੱਦੇ 'ਤੇ 17 ਜੁਲਾਈ ਨੂੰ ਕਾਲੇ ਦਿਵਸ ਵੱਜੋਂ ਪੰਜਾਬ ਭਰ ਦੇ ਸਕੂਲਾਂ ਵਿੱਚ ਕਾਲੇ ਬਿੱਲੇ, ਕਾਲੇ ਰਿਬਨ ਬੰਨ੍ਹ ਕੇ ਮਨਾਇਆ ਗਿਆ ਤੇ ਅਧੂਰੇ ਪੇਅ ਸਕੇਲ਼ ਦੀਆਂ ਕਾਪੀਆਂ ਵੀ ਸਾੜੀਆ ਗਈਆਂ।

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਦੇ ਸੂਬਾਈ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਦੱਸਿਆ ਕਿ ਮਾਨਸਾ ਜ਼ਿਲ੍ਹੇ ਦੇ ਦਾਤੇਵਾਸ, ਕੋਟਲੀ ਖੁਰਦ, ਦਲੇਲਵਾਲਾ, ਨੰਦਗੜ੍ਹ, ਕੁਸਲਾ, ਸਮਾਉਂ ਮੇਨ, ਮੱਤੀ, ਮੌਜੋ, ਹੀਰੋਂ ਖੁਰਦ, ਹੀਰੋਂ ਕਲਾਂ, ਖੀਵਾ ਖੁਰਦ, ਖੀਵਾ ਕਲਾਂ, ਰੱਲਾ ਕੋਠੇ, ਅਕਲੀਆ, ਅਨੂਪਗੜ੍ਹ, ਸਪਸ ਝੱਬਰ, ਬੋਹਾ, ਝੇਰਿਆਵਾਲੀ, ਜਟਾਣਾ ਕਲਾਂ, ਧਿਗੜ, ਰਿਓਂਦ ਕਲਾਂ, ਫੱਤਾ ਮਲੋਕਾ, ਅਹਲੂਪੁਰ, ਨਾਹਰਾ, ਘੁਦੂਵਾਲਾ, ਬੁਰਜ ਝੱਬਰ ਸਮੇਤ ਸੈਂਕੜੇ ਸਕੂਲਾਂ ਵਿੱਚ ਕਾਲੇ ਬਿੱਲੇ ਲਾ ਕੇ 17 ਜੁਲਾਈ 2020 ਨੂੰ ਲਾਗੂ ਕੀਤੇ ਕੇਂਦਰੀ ਸਕੇਲਾਂ ਦਾ ਵਿਰੋਧ ਕੀਤਾ ਗਿਆ। ਡੀ ਟੀ ਐਫ਼ ਦੇ ਸੀਨੀਅਰ ਆਗੂਆਂ ਗੁਰਤੇਜ ਉਭਾ, ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਪਿਛਲੀ ਸਰਕਾਰ ਵੱਲੋਂ ਇਹ ਮਾਰੂ ਨੋਟੀਫੀਕੇਸ਼ਨ 17 ਜੁਲਾਈ 2020 ਨੂੰ ਲਾਗੂ ਕੀਤਾ ਗਿਆ ਸੀ ਤੇ ਉਸ ਸਮੇਂ ਵਿਰੋਧੀ ਧਿਰ ਦੀ ਭੂਮਿਕਾ ਨਿਭਾ ਰਹੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਇਸ ਮਾਰੂ ਨੋਟੀਫਿਕੇਸ਼ਨ ਦਾ ਵਿਰੋਧ ਕੀਤਾ ਗਿਆ ਸੀ ਤੇ ਸੱਤਾ 'ਚ ਆਉਣ 'ਤੇ ਸਭ ਤੋਂ ਪਹਿਲਾਂ ਪੰਜਾਬ ਪੇਅ ਸਕੇਲ਼ ਬਹਾਲ ਕਰਨ ਤੇ ਪਰਖ ਕਾਲ ਦਾ ਸਮਾਂ ਘੱਟ ਕਰਨ ਦੀ ਗਰੰਟੀ ਵੀ ਦਿੱਤੀ ਗਈ ਸੀ, ਜੋ 3 ਸਾਲ ਪੂਰੇ ਹੋਣ ਤੱਕ ਵੀ ਅਮਲੀ ਰੂਪ ਨਹੀਂ ਧਾਰਨ ਨਹੀਂ ਕਰ ਸਕੀ।

ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਸਿੰਘ ਨੇ ਸਰਕਾਰ ਤੋਂ ਹਾਈ ਕੋਰਟ ਤੇ ਸੁਪਰੀਮ ਕੋਰਟ ਦੇ ਹੁਣ ਤੱਕ ਵੱਖ ਵੱਖ ਵਿਭਾਗਾਂ ਵਿੱਚ ਮੁਲਾਜਮਾਂ ਦੇ ਹੱਕ ਵਿੱਚ ਆਏ ਫੈਸਲਿਆਂ ਨੂੰ ਵੀ ਜਨਰਲਾਈਜ ਕਰਨ ਦੀ ਮੰਗ ਕੀਤੀ।ਆਗੂਆਂ ਨੇ ਕਿਹਾ ਕਿ ਡਿਊਟੀ ਕਰਦਿਆਂ ਹੁਣ ਤੱਕ ਦਾ ਮੁਲਾਜ਼ਮਾਂ ਦਾ ਇਹ ਸਭ ਤੋਂ ਵੱਡਾ ਤੇ ਸਫ਼ਲ ਪ੍ਰੋਗਰਾਮ ਸਰਕਾਰ ਵਿਰੁੱਧ ਹੈ, ਜਿਸ ਤੋਂ ਸਰਕਾਰ ਨੂੰ ਸਮਝ ਜਾਣਾ ਚਾਹੀਦਾ ਹੈ ਕਿ ਜੇਕਰ ਵੱਖ-ਵੱਖ ਵਿਭਾਗਾਂ ਦੇ ਸਮੂਹ ਮੁਲਾਜ਼ਮਾਂ ਤੇ ਜੇਕਰ ਪੰਜਾਬ ਪੇਅ ਸਕੇਲ਼ ਬਹਾਲ ਨਹੀਂ ਹੁੰਦੇ ਤਾਂ ਇਸ ਦਾ ਆਉਣ ਵਾਲ਼ੀਆਂ 2027 ਦੀ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਕਿੰਨਾ ਵੱਡਾ ਨੁਕਸਾਨ ਹੋ ਸਕਦਾ। ਆਗੂਆਂ ਨੇ ਤਰਕ ਦਿੰਦਿਆਂ ਕਿਹਾ ਕਿ ਘਰਾਂ ਤੋਂ 150 ਤੋਂ 250 ਕਿਲੋਮੀਟਰ ਦੂਰ ਡਿਊਟੀਆਂ ਕਰਨਾ ਤੇ ਹਰ ਮਹੀਨੇ 15000 ਤੋਂ 20000 ਘੱਟ ਤਨਖਾਹ ਮਿਲਣਾ ਉਨ੍ਹਾਂ ਨਾਲ ਸ਼ਰੇਆਮ ਬੇਇਨਸਾਫੀ ਹੈ।ਆਗੂਆਂ ਨੇ ਸਪੱਸ਼ਟ ਕੀਤਾ ਕਿ ਇਸ ਐਕਸ਼ਨ ਤੋਂ ਬਾਅਦ ਅਗਸਤ ਵਿੱਚ ਸੂਬਾ ਪੱਧਰੀ ਰੈਲੀ ਦਾ ਪ੍ਰੋਗਰਾਮ ਵੀ ਉਲੀਕਿਆ ਜਾਵੇਗਾ।

# ਐੱਸ ਵੀ ਆਈ ਈ ਟੀ ਬਨੂੜ ਵਿਖੇ ਵਰਚੂਅਲ ਲੈਬ ਵਰਕਸ਼ਾਪ



**ਰਾਜਪੁਰਾ (ਰਮੇਸ਼ ਕਟਾਰੀਆ)**-ਸਵਾਮੀ ਵਿਵੇਕਾਨੰਦ ਇੰਸਟੀਚਿਊਟ ਆਫ਼ ਇੰਜੀਨੀਅਰਿੰਗ ਐਂਡ ਟੈਕਨਾਲੋਜੀ (ਐੱਸ ਵੀ ਆਈ ਈ ਟੀ) ਬਨੂੜ ਨੇ ਇੰਡੀਅਨ ਇੰਸਟੀਚਿਊਟ ਆਫ਼ ਟੈਕਨਾਲੋਜੀ (ਆਈ.ਆਈ.ਟੀ.) ਦਿੱਲੀ ਦੇ ਸਹਿਯੋਗ ਨਾਲ ਫੈਕਲਟੀ ਤੇ ਵਿਦਿਆਰਥੀਆਂ ਵਿੱਚ ਇੰਟਰਐਕਟਿਵ, ਰਿਮੋਟ ਪ੍ਰਯੋਗਾਤਮਕ ਸਾਧਨਾਂ ਨੂੰ ਉਤਸ਼ਾਹਤ ਕਰਨ ਲਈ ਵਰਚੁਅਲ ਲੈਬ 'ਤੇ ਇੱਕ ਦਿਨਾ ਵਰਕਸ਼ਾਪ ਦੀ ਸਫਲਤਾਪੂਰਵਕ ਮੇਜ਼ਬਾਨੀ ਕੀਤੀ।ਵਰਕਸ਼ਾਪ ਦਾ ਉਦੇਸ਼ ਸਾਰਿਆਂ ਨੂੰ ਵਰਚੁਅਲ ਲੈਬ ਦੀ ਧਾਰਨਾ, ਸੰਚਾਲਨ ਤੇ ਏਕੀਕਰਨ ਨਾਲ ਜਾਣੂ ਕਰਵਾਉਣਾ ਸੀ।ਇਹ ਵਿਦਿਆਰਥੀਆਂ ਨੂੰ ਰਿਮੋਟ ਐਕਸੈੱਸ ਰਾਹੀਂ ਰੀਅਲ-ਟਾਈਮ ਪ੍ਰਯੋਗ ਕਰਨ ਦੇ ਯੋਗ ਬਣਾਉਂਦਾ ਹੈ, ਖਾਸ ਤੌਰ 'ਤੇ ਸੀਮਤ ਪ੍ਰਯੋਗਸ਼ਾਲਾ ਬੁਨਿਆਦੀ ਢਾਂਚੇ ਵਾਲੇ ਅਦਾਰਿਆਂ ਲਈ ਲਾਭਦਾਇਕ ਹੁੰਦੀ ਹੈ।ਇਸ ਪ੍ਰੋਗਰਾਮ ਵਿੱਚ ਇੰਜੀਨੀਅਰ ਸ਼ਿਵਾਨੀ ਗੁਲੇਰੀਆ, ਕੋਆਰਡੀਨੇਟਰ ਆਈ.ਕਿਊ.ਏ.ਸੀ. ਵਿਭਾਗ ਦੁਆਰਾ ਆਈ.ਆਈ.ਟੀ. ਦਿੱਲੀ ਦੀ ਵਰਚੁਅਲ ਲੈਬ ਆਊਟ ਰੀਚ ਟੀਮ ਦੇ ਸਹਿਯੋਗ ਨਾਲ ਕੀਤਾ ਗਿਆ ਸੀ।ਵਰਕਸ਼ਾਪ ਦਾ ਮੁੱਖ ਉਦੇਸ਼ ਤਕਨੀਕੀ ਸਿੱਖਿਆ ਵਿੱਚ ਅਨੁਭਵੀ ਸਿੱਖਿਆ ਲਈ ਵਰਚੁਅਲ ਲੈਬਜ਼ ਨੂੰ ਇੱਕ ਸਕੇਲੇਬਲ, ਪਹੁੰਚਯੋਗ ਤੇ ਲਾਗਤ-ਪ੍ਰਭਾਵਸ਼ਾਲੀ ਹੱਲ ਵਜੋਂ ਪੇਸ਼ ਕਰਨਾ ਸੀ।ਇਸ ਵਰਕਸ਼ਾਪ ਵਿੱਚ 39 ਤੋਂ ਵੱਧ ਹਾਜ਼ਰੀਨ ਦੀ ਸਰਗਰਮ ਭਾਗੀਦਾਰੀ ਦੇਖੀ ਗਈ, ਜਿਸ ਵਿੱਚ ਭੌਤਿਕ ਵਿਗਿਆਨ, ਇਲੈਕਟ੍ਰਾਨਿਕਸ, ਇਲੈਕਟ੍ਰੀਕਲ, ਮਕੈਨੀਕਲ ਤੇ ਕੰਪਿਊਟਰ ਸਾਇੰਸ ਵਿਭਾਗਾਂ ਵਰਗੇ ਮੁੱਖ ਖੇਤਰਾਂ ਦੇ ਫੈਕਲਟੀ ਮੈਂਬਰ ਸ਼ਾਮਲ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

18 July Page 3.qxd 7/17/2025 10:36 PM Page 1



# ਮਸ਼ਹੂਰ ਕਾਰੋਬਾਰੀ ਦੀ ਦੁਕਾਨ 'ਤੇ ਦਿਨ-ਦਿਹਾੜੇ ਚੱਲੀਆਂ ਗੋਲੀਆਂ

**ਗੁਰਦਾਸਪੁਰ (ਜਨਕ ਮਹਾਜਨ)**- ਸਵੇਰੇ 9 ਵਜੇ ਦੇ ਕਰੀਬ ਗੁਰਦਾਸਪੁਰ ਸ਼ਹਿਰ ਦੇ ਮਸ਼ਹੂਰ ਕਾਰੋਬਾਰੀ ਪੰਜਾਬ ਵਾਚ ਕੰਪਨੀ ਦੇ ਸ਼ੋਰੂਮ ਵਿੱਚ ਦੋ ਅਣਪਛਾਤੇ ਵਿਅਕਤੀਆਂ



ਵੱਲੋਂ ਗੋਲੀਆਂ ਚਲਾਉਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਕੱਤਰ ਕੀਤੀ ਜਾਣਕਾਰੀ ਅਨੁਸਾਰ ਸ਼ਹਿਰ ਦੇ ਮਸ਼ਹੂਰ ਕਾਰੋਬਾਰ ਦੁਕਾਨ ਮਾਲਕ ਮਦਨ ਲਾਲ ਨੇ ਦੱਸਿਆ ਕਿ ਉਹ ਆਪਣੇ ਕਰਮਚਾਰੀਆਂ ਨਾਲ ਦੁਕਾਨ ਅੰਦਰ ਬੈਠੇ ਸਨ ਕਿ ਮੋਟਰਸਾਈਕਲ ਸਵਾਰ ਦੋ ਅਣਪਛਾਤੇ ਨੌਜਵਾਨਾਂ ਨੇ ਗੋਲੀਆਂ ਚਲਾਈਆਂ ਜਿਸ ਨਾਲ ਸ਼ੋਰੂਮ ਦੇ ਸ਼ੀਸ਼ੇ ਆਦਿ ਟੁੱਟ ਗਏ। ਉਹਨਾਂ ਕਿਹਾ ਹਮਲਾਵਰ ਫਾਇਰ ਕਰਕੇ ਹਨੂਮਾਨ ਚੌਕ ਵੱਲ ਨੂੰ ਫਰਾਰ ਹੋ ਗਏ। ਸੂਚਨਾ ਮਿਲਦੇ ਹੀ ਪੁਲਸ ਪਾਰਟੀ ਨੇ ਮੌਕੇ 'ਤੇ ਪੁੱਜ ਕੇ ਘਟਨਾ ਦੀ ਬਰੀਕੀ ਨਾਲ ਜਾਂਚ ਸ਼ੁਰੂ ਕਰ ਦਿੱਤੀ। ਇਸ ਘਟਨਾ ਕਾਰਨ ਸ਼ਹਿਰ ਅੰਦਰ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਫਿਲਹਾਲ ਪੁਲਸ ਕੁਝ ਵੀ ਕਹਿਣ ਤੋਂ ਬਚ ਰਹੀ ਹੈ ਅਤੇ ਸੀ ਸੀ ਟੀ ਵੀ ਕੈਮਰਿਆਂ ਨੂੰ ਖੰਘਾਲਿਆ ਜਾ ਰਿਹਾ ਹੈ। ਲੋਕਾਂ ਦੇ ਦੱਸਣ ਮੁਤਾਬਿਕ ਹਮਲਾਵਰਾਂ ਨੇ ਆਪਣੇ ਮੂੰਹ ਢਕੇ ਹੋਏ ਸਨ। ਸ਼ਹਿਰ ਵਾਸੀਆਂ ਨੇ ਜ਼ਿਲ੍ਹਾ ਪੁਲਸ ਮੁਖੀ ਪਾਸੋਂ ਗੋਲੀਆਂ ਚਲਾਉਣ ਵਾਲੇ ਹਮਲਾਵਰਾਂ ਨੂੰ ਜਲਦ ਤੋਂ ਜਲਦ ਗ੍ਰਿਫਤਾਰ ਕਰਨ ਦੀ ਮੰਗ ਕੀਤੀ ਹੈ।

# ਸਰਵ ਆਂਗਣਵਾੜੀ ਵਰਕਰ/ਹੈਲਪਰ ਯੂਨੀਅਨ ਵੱਲੋਂ ਬਾਲ ਵਿਕਾਸ ਪ੍ਰੋਜੈਕਟ ਅਫਸਰ ਨੂੰ ਮੰਗ ਪੱਤਰ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਪੰਜਾਬ ਦੇ ਜ਼ਿਲ੍ਹਾ ਗੁਰਦਾਸਪੁਰ ਦੀ ਪ੍ਰਧਾਨ ਕੰਵਲਜੀਤ ਕੌਰ ਚਾਹਲ ਦੀ ਅਗਵਾਈ ਹੇਠ ਆਂਗਣਵਾੜੀ ਵਰਕਰਾਂ ਵਲੋਂ ਬਾਲ ਵਿਕਾਸ ਪ੍ਰੋਜੈਕਟ ਅਫਸਰ ਧਾਰੀਵਾਲ ਰਸਪ੍ਰੀਤ ਸਿੰਘ ਨੂੰ ਇਕ ਮੰਗ ਪੱਤਰ ਦਿੱਤਾ ਗਿਆ। ਜਿਸ ਵਿੱਚ ਆਂਗਣਵਾੜੀ ਵਰਕਰਾਂ ਆਗੂਆਂ ਨੇ ਦੱਸਿਆ ਕਿ ਵਿਭਾਗ ਵੱਲੋਂ ਲਗਾਤਾਰ ਵਰਕਰਾਂ ਨੂੰ ਐਫ.ਆਰ.ਸੀ ਕਰਨ ਲਈ ਦਬਾਅ ਪਾਇਆ ਜਾ ਰਿਹਾ, ਜਦਕਿ ਵਰਕਰਾਂ ਨੂੰ ਹੁਣ ਤੱਕ ਮੋਬਾਈਲ ਫੋਨ ਨਹੀਂ ਦਿੱਤੇ ਗਏ ਅਤੇ ਜ਼ਿਆਦਾਤਰ ਪਿੰਡਾਂ ਵਿੱਚ ਨੈਟਵਰਕ ਸਿਗਨਲ ਪੂਰਾ ਨਹੀਂ ਮਿਲਦਾ। ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਵੱਲੋਂ ਇਸ ਦਾ ਪੁਰਜ਼ੋਰ ਵਿਰੋਧ ਕਰਦਿਆਂ ਯੂਨੀਅਨ ਆਗੂਆਂ ਨੇ ਦੱਸਿਆ ਕਿ ਪੰਜਾਬ ਸਰਕਾਰ ਅਤੇ ਵਿਭਾਗ ਵਲੋਂ 2018 ਵਿੱਚ ਮੋਬਾਈਲ ਫੋਨ ਦੇਣੇ ਸਨ, ਚਾਰ ਸਾਲ ਪੂਰੇ ਹੋਣ ਤੋਂ ਬਾਅਦ ਦੁਬਾਰਾ ਮੋਬਾਈਲ ਮਿਲਣੇ ਸਨ। ਪੂਰੇ ਹਿੰਦੋਸਤਾਨ ਵਿੱਚ ਦੂਸਰੀ ਵਾਰ ਮੋਬਾਈਲ ਦਿੱਤੇ ਜਾ ਰਹੇ ਹਨ। ਦਿੱਲੀ ਵਿੱਚ ਆਪ ਸਰਕਾਰ ਦੇ ਕਾਰਜਕਾਲ ਵਿੱਚ ਮੋਬਾਈਲ ਫੋਨ ਦਿੱਤੇ ਗਏ ਸੀ, ਹੋਰ ਵੀ ਇਕ ਦਰਜਨ ਤੋਂ ਬਹੁਤ ਸਾਰੇ ਗੁਆਂਢੀ ਰਾਜਾਂ ਵਿੱਚ ਮੋਬਾਈਲ ਫੋਨ ਦਿੱਤੇ ਗਏ ਹਨ। ਪਰ ਪੰਜਾਬ ਸਰਕਾਰ ਵਲੋਂ ਸੱਤ ਸਾਲ ਤੋਂ ਲੈ ਕੇ ਹੁਣ ਤੱਕ ਇਕ ਵਾਰ ਵੀ ਆਂਗਣਵਾੜੀ ਵਰਕਰਾਂ ਨੂੰ ਮੋਬਾਈਲ ਨਹੀਂ ਦਿੱਤੇ ਗਏ। 166 ਰੁਪਏ ਮਹੀਨੇ ਦਾ ਡਾਟਾ ਪੈਕੇਜ ਕੋਈ ਵੀ ਕੰਪਨੀ ਨਹੀਂ ਦਿੰਦੀ। ਵਰਕਰਾਂ ਆਪਣੇ ਨਿੱਜੀ ਫੋਨਾਂ ਜਾਂ ਆਪਣੇ ਪਰਵਾਰ ਦੇ ਮੈਂਬਰਾਂ ਦੇ ਫੋਨਾਂ 'ਤੇ ਪੋਸ਼ਣ ਟਰੈਕਰ ਐਪ



ਚਲਾ ਰਹੀਆਂ ਹਨ। ਵਾਰ ਵਾਰ ਇਸ ਦਾ ਵਰਜ਼ਨ ਵੱਡਾ ਹੋ ਰਿਹਾ ਹੈ, ਵਰਕਰਾਂ ਦੇ ਫੋਨ ਵੀ ਸਪੋਰਟ ਨਹੀਂ ਕਰ ਰਹੇ। ਉਨ੍ਹਾਂ ਕਿਹਾ ਜਦੋਂ ਤੱਕ ਸਰਕਾਰ ਵੱਲੋਂ ਵਰਕਰਾਂ ਨੂੰ ਮੋਬਾਈਲ ਫੋਨ ਮੁਹੱਈਆ ਨਹੀਂ ਕਰਵਾਏ ਜਾਂਦੇ ਅਤੇ ਡਾਟਾ ਪੈਕੇਜ ਡਬਲ ਨਹੀਂ ਕੀਤਾ ਜਾਂਦਾ, ਉਦੋਂ ਤੱਕ ਐਫ.ਆਰ.ਸੀ ਨਹੀਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਪਿਛਲੇ ਦਿਨੀਂ ਕਈ ਆਂਗਣਵਾੜੀ ਸੈਂਟਰਾਂ ਦੇ ਲਾਭਪਾਤਰੀਆਂ ਨਾਲ ਸਕੈਮ ਹੋਏ ਹਨ। ਸਕੈਮ ਕਰਨ ਵਾਲੇ ਉਹਨਾਂ ਨੂੰ ਆਂਗਣਵਾੜੀ ਵਿਭਾਗ ਦਾ ਦੱਸ ਕੇ ਉਹਨਾਂ ਦੇ ਖਾਤਿਆਂ ਵਿੱਚੋਂ ਪੈਸੇ ਕੱਢ ਲੈਂਦੇ ਹਨ। ਲਾਭਪਾਤਰੀਆਂ ਨੂੰ ਫੋਨ ਕਰਕੇ ਓ ਟੀ ਪੀ ਲੈਣ ਮਗਰੋਂ ਉਹਨਾਂ ਦੇ ਖਾਤਿਆਂ ਵਿੱਚੋਂ ਪੈਸੇ ਨਿਕਲ ਗਏ ਹਨ। ਇਸ ਲਈ ਲਾਭਪਾਤਰੀ ਸਾਨੂੰ ਓ ਟੀ ਪੀ ਦੇਣ ਵੀ ਗੁਰੇਜ਼ ਕਰਦੇ ਹਨ। ਜੇਕਰ ਕਿਸੇ ਵੀ ਲਾਭਪਾਤਰੀ ਨਾਲ ਕੋਈ ਸਕੈਮ ਹੋ ਜਾਂਦਾ ਹੈ ਤਾਂ ਉਸ ਦਾ ਜ਼ਿੰਮੇਵਾਰ ਉਹ ਆਂਗਣਵਾੜੀ ਵਰਕਰ ਨੂੰ ਹੀ ਸਮਝਣਗੇ। ਇਸ ਲਈ ਵਰਕਰਾਂ ਨੂੰ ਈ.ਕੇ.ਵਾਈ.ਸੀ ਕਰਨ ਵਿੱਚ ਬਹੁਤ ਹੀ ਦਿੱਕਤ ਦਾ ਸਾਹਮਣਾ ਕਰਨਾ ਪੈ ਰਿਹਾ। ਯੂਨੀਅਨ ਆਗੂਆਂ ਨੇ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਇਸ ਮਹੀਨੇ ਵਿੱਚ ਵਰਕਰਾਂ ਨੂੰ ਮੋਬਾਈਲ ਫੋਨ ਮੁਹੱਈਆ ਨਾ ਕਰਵਾਏ ਗਏ ਤਾਂ 1 ਅਗਸਤ ਤੋਂ ਪੋਸ਼ਣ ਟਰੈਕਰ ਐਪ ਦਾ ਕੰਮ ਮੁਕੰਮਲ ਤੌਰ 'ਤੇ ਬੰਦ ਕਰ ਦਿੱਤਾ ਜਾਵੇਗਾ। ਇਸ ਮੌਕੇ ਸਰਵ ਆਂਗਣਵਾੜੀ ਵਰਕਰ ਹੈਲਪਰ ਯੂਨੀਅਨ ਪੰਜਾਬ ਦੀ ਜ਼ਿਲ੍ਹਾ ਪ੍ਰਧਾਨ ਕੰਵਲਜੀਤ ਕੌਰ ਚਾਹਲ, ਜਨਰਲ ਸਕੱਤਰ ਹਰਪ੍ਰੀਤ ਕੌਰ ਸਿੰਘਪੁਰਾ, ਜ਼ਿਲ੍ਹਾ ਮੀਤ ਪ੍ਰਧਾਨ ਬਲਜਿੰਦਰ ਕੌਰ, ਕੈਸ਼ੀਅਰ ਸੁਦੇਸ਼ ਕੁਮਾਰੀ, ਰਣਜੀਤ ਕੌਰ, ਮਨਪ੍ਰੀਤ ਕੌਰ, ਪ੍ਰਵੀਨ ਕੌਰ, ਬਲਜਿੰਦਰ ਕੌਰ, ਮਨਜੀਤ ਕੌਰ ਤੋਂ ਇਲਾਵਾ ਬਲਾਕ ਕੋਆਰਡੀਨੇਟਰ ਗਗਨਦੀਪ ਸਿੰਘ, ਕਲਰਕ ਮੈਡਮ ਰਜਨੀ ਅਤੇ ਸਮੂਹ ਸੁਪਰਵਾਈਜ਼ਰ ਸ਼ਾਮਲ ਸਨ।

# ਪੀ ਜੀ ਆਈ ਦੇ ਸਹਿਯੋਗ ਨਾਲ ਕਮਾਂਡ ਹਸਪਤਾਲ 'ਚ ਗੁਰਦਾ ਟ੍ਰਾਂਸਪਲਾਂਟ ਦੀ ਲਾਈਵ ਸਰਜਰੀ

**ਸਮਰਾਲਾ (ਸਮਰਾਲਾ)**- ਪੀਜੀਆਈ ਚੰਡੀਗੜ੍ਹ ਦੇ ਸਹਿਯੋਗ ਨਾਲ ਕਮਾਂਡ ਹਸਪਤਾਲ ਪੰਚਕੂਲਾ ਨੇ ਪਹਿਲੇ ਲਾਈਵ ਗੁਰਦਾ ਟ੍ਰਾਂਸਪਲਾਂਟ ਨੂੰ ਸਫਲਤਾਪੂਰਵਕ ਅੰਜਾਮ ਦਿੱਤਾ। ਪੀਜੀਆਈ ਦੇ ਰੋਟੋ (ਉੱਤਰੀ) ਦੀ ਅਗਵਾਈ ਅਤੇ ਕੋਆਰਡੀਨੇਸ਼ਨ ਨਾਲ ਕਮਾਂਡ ਹਸਪਤਾਲ ਨੇ ਇਹ ਉਪਲਬਧੀ ਉਸ ਸਮੇਂ ਹਾਸਲ ਕੀਤੀ, ਜਦੋਂ ਇਸ ਸਾਲ ਦੇ ਸ਼ੁਰੂ ਵਿੱਚ ਇਸ ਨੂੰ ਲਾਈਵ ਗੁਰਦੇ ਦੇ ਟ੍ਰਾਂਸਪਲਾਂਟ ਦਾ ਲਾਇਸੈਂਸ ਪ੍ਰਾਪਤ ਹੋਇਆ। ਇਸ



ਲਾਈਵ ਟ੍ਰਾਂਸਪਲਾਂਟ ਦੌਰਾਨ, 50 ਸਾਲਾ ਦਾਨੀ ਮਹਿਲਾ ਆਸ਼ਾ ਨੇ ਆਪਣਾ ਇਕ ਗੁਰਦਾ 28 ਸਾਲਾ ਮਿਸ ਜਜੋਤੀ ਬਾਲਾ ਨੂੰ ਦਾਨ ਕੀਤਾ। ਦੋਹਾਂ ਦਾ ਆਪ੍ਰੇਸ਼ਨ ਕਮਾਂਡ ਹਸਪਤਾਲ, ਚੰਡੀ ਮੰਦਿਰ ਵਿੱਚ ਸਫਲਤਾਪੂਰਵਕ ਸਿਰੇ ਚਾੜ੍ਹਿਆ। ਪੀਜੀਆਈ ਦੇ ਮੈਡੀਕਲ ਸੁਪਰਡੈਂਟ ਡਾ ਵਿਪਿਨ ਕੌਸਲ ਨੇ ਕਿਹਾ ਕਿ ਇਹ ਰੋਟੋ (ਉੱਤਰੀ) ਅਤੇ ਕਮਾਂਡ ਹਸਪਤਾਲ ਲਈ ਕਾਬਿਲੇ ਫਖ਼ਰ ਉਪਲਬਧੀ ਹੈ। ਕਮਾਂਡ ਹਸਪਤਾਲ ਦੇ ਡਾ. (ਕਰਨਲ) ਅਨੁਰਾਗ ਗਰਗ ਨੇ ਕਿਹਾ ਕਿ ਇਸ ਸਾਲ ਦੀ ਸ਼ੁਰੂਆਤ ਵਿੱਚ ਲਾਇਸੈਂਸ ਮਿਲਣ ਤੋਂ ਲੈ ਕੇ ਹੁਣ ਤੱਕ ਇਹ ਪਹਿਲਾ ਲਾਈਵ ਟ੍ਰਾਂਸਪਲਾਂਟ ਕਰਨਾ ਚੁਣੌਤੀ ਭਰਪੂਰ ਸੀ। ਉਨ੍ਹਾਂ ਪੀਜੀਆਈ ਦੇ ਰੋਟੋ ਉੱਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਵਿੱਖ ਵਿੱਚ ਵੀ ਦੇਸ਼ ਦੀ ਅੰਗ ਦਾਨ ਅਤੇ ਟ੍ਰਾਂਸਪਲਾਂਟ ਮੂਵਮੈਂਟ ਵਿੱਚ ਆਪਣਾ ਯੋਗਦਾਨ ਪਾਉਣ ਲਈ ਵਚਨਬੱਧ ਹਾਂ। ਇਸ ਪਹਿਲੀ ਸਫਲ ਟ੍ਰਾਂਸਪਲਾਂਟ ਨਾਲ ਕਮਾਂਡ ਹਸਪਤਾਲ ਚੰਡੀ ਮੰਦਿਰ ਉੱਤਰੀ ਭਾਰਤ ਦੇ ਉਨ੍ਹਾਂ ਸੈਂਟਰਾਂ ਦੀ ਕਤਾਰ ਵਿੱਚ ਸ਼ਾਮਲ ਹੋ ਗਿਆ ਹੈ ਜੋ ਟ੍ਰਾਂਸਪਲਾਂਟ ਪਰਣਾਲੀ ਨੂੰ ਮਜ਼ਬੂਤ ਕਰ ਰਹੇ ਹਨ। ਇਹ ਕਦਮ ਖਾਸ ਕਰਕੇ ਫੌਜੀ ਸੇਵਾਵਾਂ ਨਾਲ ਸਬੰਧਤ ਮਰੀਜ਼ਾਂ ਲਈ ਅੰਗ ਟ੍ਰਾਂਸਪਲਾਂਟ ਸੇਵਾਵਾਂ ਦੀ ਪਹੁੰਚ ਅਤੇ ਗੁਣਵੱਤਾ ਨੂੰ ਨਵਾਂ ਆਕਾਰ ਦੇਵੇਗਾ।

# ਹਲਕਾ ਕਾਦੀਆਂ ਦੀਆਂ ਸੰਪਰਕ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ ਲਈ 25.98 ਕਰੋੜ ਦੀ ਰਾਸ਼ੀ ਜਾਰੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਦੀਆਂ ਕੋਸ਼ਿਸ਼ਾਂ ਸਦਕਾ ਪੰਜਾਬ ਸਰਕਾਰ ਵੱਲੋਂ ਵਿਧਾਨ ਸਭਾ ਹਲਕਾ ਕਾਦੀਆਂ ਦੀਆਂ ਸੰਪਰਕ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ ਲਈ 25.98 ਕਰੋੜ ਰੁਪਏ ਦੀ ਰਕਮ ਜਾਰੀ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਰਾਜ ਸਰਕਾਰ ਦੇ ਲੋਕ ਨਿਰਮਾਣ ਵਿਭਾਗ ਵੱਲੋਂ 25.98 ਕਰੋੜ ਰੁਪਏ ਦੀ ਲਾਗਤ ਨਾਲ ਹਲਕੇ ਦੀਆਂ ਵੱਖ-ਵੱਖ ਸੰਪਰਕ ਸੜਕਾਂ ਦੀ ਮੁਰੰਮਤ ਤੇ ਨਵੀਨੀਕਰਨ ਕੀਤਾ ਜਾਵੇਗਾ ਜਿਸ ਵਿੱਚ ਕਾਦੀਆਂ ਬਲਾਕ ਵਿੱਚ ਕਾਦੀਆਂ ਤੋਂ ਖਾਰਾ, ਰੂੜਾ ਬੁੱਟਰ ਦੀ ਸੜਕ ਉੱਪਰ 51.28 ਲੱਖ ਰੁਪਏ ਖ਼ਰਚੇ ਜਾਣਗੇ। ਇਸ ਤੋਂ ਇਲਾਵਾ ਕਾਦੀਆਂ ਤੋਂ ਤੁਗਲਵਾਲਾ ਰੋਡ ਵਾਇਆ ਸਲਾਹਪੁਰ ਸੜਕ ਉੱਪਰ 21.20 ਲੱਖ ਰੁਪਏ, ਰੈਸਟ ਹਾਊਸ ਵੱਲ ਆਉਣ ਵਾਲੀ ਅਪ੍ਰੋਚ ਰੋਡ ਉੱਪਰ 34.59 ਲੱਖ ਰੁਪਏ, ਭਗਤਪੁਰ ਤੋਂ ਡੀ.ਏ.ਵੀ. ਸਕੂਲ ਕਾਦੀਆਂ ਦੀ ਸੜਕ ਉੱਪਰ 17.31 ਲੱਖ ਰੁਪਏ, ਰਾਮਪੁਰ ਤੋਂ ਗੁਰਦੁਆਰਾ ਟਾਹਲੀ ਸਾਹਿਬ ਸੜਕ ਉੱਪਰ 12.18 ਲੱਖ ਰੁਪਏ, ਫਿਰਨੀ ਕੋਠੇ ਟੋਡਰਮਲ ਉੱਪਰ 17.64 ਲੱਖ ਰੁਪਏ ਖ਼ਰਚੇ



ਜਾਣਗੇ।ਚੇਅਰਮੈਨ ਸੇਖਵਾਂ ਨੇ ਦੱਸਿਆ ਕਿ ਕਾਹਨੂੰਵਾਨ ਬਲਾਕ ਵਿੱਚ ਕੋਟਲੀ ਹਰਚੰਦਾ ਤੋਂ ਭੈਣੀ ਮੀਆਂ ਖਾਂ ਸੜਕ ਉੱਪਰ 72.09 ਲੱਖ ਰੁਪਏ, ਫੇਰੋ ਚੀਚੀ ਤੋਂ ਘੋਰੇਵਾਂ ਸੜਕ ਉੱਪਰ 101.85 ਲੱਖ ਰੁਪਏ, ਵੜੈਚ ਤੋਂ ਜੱਗੋਵਾਲ ਬੈਂਸ ਸੜਕ ਉੱਪਰ 84.77 ਲੱਖ ਰੁਪਏ, ਕੋਟ ਜੋਗਰਾਜ ਤੋਂ ਪਸਨਾਵਾਲ ਸੜਕ ਉੱਪਰ 67.01 ਲੱਖ ਰੁਪਏ, ਕੋਟ ਖਾਂ ਮੁਹੰਮਦ ਤੋਂ ਭੈਣੀ ਖੱਦਰ ਸੜਕ ਉੱਪਰ 72.09 ਲੱਖ ਰੁਪਏ ਖ਼ਰਚੇ ਜਾਣਗੇ। ਇਸ ਤੋਂ ਇਲਾਵਾ ਸ਼ਾਲਾ-ਚੱਕ ਸ਼ਰੀਫ਼, ਭੱਟੀਆਂ, ਰਾਜੂ ਬੇਲਾ, ਸੈਦੋਵਾਲ ਸੜਕਾਂ ਦੀ ਮੁਰੰਮਤ ਵੀ ਕੀਤੀ ਜਾਵੇਗੀ। ਚੇਅਰਮੈਨ ਸੇਖਵਾਂ ਨੇ ਕਿਹਾ ਕਿ ਧਾਰੀਵਾਲ ਬਲਾਕ ਦੇ ਪਿੰਡ ਬੰਦੇਸ਼ਾ ਤੋਂ ਸਿੰਘਪੁਰਾ ਸੜਕ ਉੱਪਰ 16.97 ਲੱਖ ਰੁਪਏ, ਬੱਲ ਤੋਂ ਡੱਡਵਾਂ ਸੜਕ ਉੱਪਰ 48.23 ਲੱਖ ਰੁਪਏ, ਬੱਲ ਤੋਂ ਚੱਕ ਦੀਪੇਵਾਲ ਸੜਕ ਉੱਪਰ 57.56 ਲੱਖ ਰੁਪਏ, ਪੱਟੀ ਉੱਪਲ ਤੋਂ ਥੇਹ ਗ਼ੁਲਾਮ ਨਬੀ ਸੜਕ ਉੱਪਰ 17.35 ਲੱਖ ਰੁਪਏ, ਸਤਕੋਹਾ ਤੋਂ ਪੇਰੋਸ਼ਾਹ ਸੜਕ ਉੱਪਰ 56.45 ਲੱਖ ਰੁਪਏ, ਸੁਜਾਨਪੁਰ ਤੋਂ ਟੀ.ਪੀ. ਖੁੰਡਾ ਸੜਕ ਉੱਪਰ 20.28 ਲੱਖ ਰੁਪਏ, ਸੁਜਾਨਪੁਰ ਤੋਂ ਧਾਰੀਵਾਲ (ਮੱਲੀ ਸਮਰਾਈ ਰਾਹੀਂ) ਸੜਕ ਉੱਪਰ 56.57 ਲੱਖ ਰੁਪਏ ਖ਼ਰਚੇ ਜਾਣਗੇ। ਇਸ ਦੇ ਨਾਲ ਹੀ ਪਿੰਡ ਰਾਇ ਚੱਕ, ਸਿੰਘਪੁਰਾ ਅਤੇ ਰਣੀਆ ਦੀਆਂ ਫਿਰਨੀਆਂ ਦੀ ਮੁਰੰਮਤ ਵੀ ਕੀਤੀ ਜਾਵੇਗੀ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਕਿਹਾ ਕਿ ਵਿਧਾਨ ਸਭਾ ਕਾਦੀਆਂ ਹਲਕਾ ਕਾਦੀਆਂ ਨੂੰ ਵਿਕਾਸ ਪੱਖੋਂ ਮੋਹਰੀ ਬਣਾਇਆ ਜਾਵੇਗਾ।

# ਆੜ੍ਹਤੀਆ ਐਸੋਸੀਏਸ਼ਨ ਸਬਜ਼ੀ ਮੰਡੀ ਦੇ ਆਜ਼ਾਦ ਸਵੱਦੀ ਬਣੇ ਸਰਬਸੰਮਤੀ ਨਾਲ ਪ੍ਰਧਾਨ



**ਜਗਰਾਉਂ (ਸੰਜੀਵ ਅਰੋੜਾ)**- ਆੜ੍ਹਤੀਆ ਐਸੋਸੀਏਸ਼ਨ ਸਬਜ਼ੀ ਮੰਡੀ ਜਗਰਾਉਂ ਦੇ ਆਜ਼ਾਦ ਦਵਿੰਦਰ ਸਿੰਘ (ਆਜ਼ਾਦ ਸਵੱਦੀ) ਸਰਬੰਸਮਤੀ ਨਾਲ ਪ੍ਰਧਾਨ ਬਣਾਏ ਗਏ, ਜਿਸ 'ਤੇ ਹਲਕਾ ਵਿਧਾਇਕਾ ਮੈਡਮ ਸਰਵਜੀਤ ਕੌਰ ਮਾਣੂੰਕੇ ਨੇ ਆਜ਼ਾਦ ਸਵੱਦੀ ਦਾ ਸਨਮਾਨ ਕੀਤਾ ਅਤੇ ਮੂੰਹ ਮਿੱਠਾ ਕਰਵਾਇਆ। ਇਸ ਮੌਕੇ ਵਿਧਾਇਕਾ ਨੇ ਪ੍ਰਧਾਨ ਆਜ਼ਾਦ ਸਵੱਦੀ ਨੂੰ ਵਿਸ਼ਵਾਸ ਦੁਆਇਆ ਕਿ ਉਨ੍ਹਾਂ ਦਾ ਪੂਰਾ ਸਹਿਯੋਗ ਮਿਲੇਗਾ। ਜੋ ਵੀ ਸਬਜ਼ੀ ਮੰਡੀ ਦੇ ਕੰਮ ਅਧੂਰੇ ਪਏ ਹਨ, ਉਨ੍ਹਾਂ ਦੀ ਲਿਸਟ ਬਣਾ ਕੇ ਦਿਓ, ਪਹਿਲ ਦੇ ਆਧਾਰ 'ਤੇ ਹੱਲ ਕਰਵਾਏ ਜਾਣਗੇ। ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਆਜ਼ਾਦ ਸਵੱਦੀ ਨੇ ਸਬਜ਼ੀ ਮੰਡੀ ਦੇ ਸਮੂਹ ਆੜ੍ਹਤੀਆਂ ਦਾ ਸਹਿਯੋਗ ਦੇਣ 'ਤੇ ਧੰਨਵਾਦ ਕੀਤਾ ਅਤੇ ਆਖਿਆ ਕਿ ਸਬਜ਼ੀ ਮੰਡੀ ਦੇ ਕੰਮ ਪਹਿਲ ਦੇ ਅਧਾਰ 'ਤੇ ਕਰਵਾਏ ਜਾਣਗੇ। ਇਸ ਮੌਕੇ ਧਰਮਿੰਦਰ ਸਿੰਘ ਧਾਲੀਵਾਲ, ਭਿੰਦਾ ਸਵੱਦੀ, ਵਾਹਿਗੁਰੂਪਾਲ ਸਿੰਘ ਸ਼ੇਰਪੁਰਾ, ਨਾਨਕ ਸਿੰਘ, ਆੜ੍ਹਤੀ ਗੁਰਮੀਤ ਸਿੰਘ ਤੇ ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਗੁਰਦੁਆਰਾ ਸ਼ਹੀਦਗੰਜ ਬਾਬਾ ਦੀਪ ਸਿੰਘ ਤੋਂ ਗੁਰਬਾਣੀ ਕੀਰਤਨ ਪ੍ਰਸਾਰਨ ਲਈ ਅਧਿਕਾਰਤ ਯੂਟਿਊਬ ਚੈਨਲ ਦੀ ਸ਼ੁਰੂਆਤ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸੰਗਤ ਹੁਣ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਸ੍ਰੀ



ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ ਦਾ ਸਿੱਧਾ ਪ੍ਰਸਾਰਣ ਸਰਵਣ ਕਰ ਸਕੇਗੀ। ਇਸ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਵਲੋਂ ਆਪਣਾ ਅਧਿਕਾਰਤ ਯੂਟਿਊਬ ਚੈਨਲ ਸਥਾਪਿਤ ਕੀਤਾ ਗਿਆ, ਜਿਸ ਦਾ ਰਸਮੀ ਤੌਰ 'ਤੇ ਉਦਘਾਟਨ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪ੍ਰਮੁੱਖ ਸ਼ਖਸੀਅਤਾਂ ਦੀ ਮੌਜੂਦਗੀ ਵਿੱਚ ਕੀਤਾ ਗਿਆ।ਇਸ ਮੌਕੇ ਐਡਵੋਕਟ ਧਾਮੀ ਨੇ ਆਖਿਆ ਕਿ ਸੰਗਤ ਦੀ ਵੱਡੀ ਮੰਗ ਨੂੰ ਵੇਖਦਿਆਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਤਰਜ਼ 'ਤੇ ਗੁਰਦਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਤੋਂ ਗੁਰਬਾਣੀ ਕੀਰਤਨ ਦਾ ਸਿੱਧਾ ਪ੍ਰਸਾਰਨ ਸ਼ੁਰੂ ਕਰਨ ਦੀ ਪਹਿਲਕਦਮੀ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿੱਚ ਇੱਕ ਵੱਖਰਾ ਯੂਟਿਊਬ ਚੈਨਲ ਗੁਰਦੁਆਰਾ ਸ਼ਹੀਦ ਗੰਜ ਬਾਬਾ ਦੀਪ ਸਿੰਘ ਜੀ ਆਫੀਸ਼ੀਅਲ ਸਥਾਪਤ ਕੀਤਾ ਗਿਆ ਹੈ। ਇਸ ਚੈਨਲ 'ਤੇ ਅੰਮ੍ਰਿਤ ਵੇਲੇ ਤੋਂ ਲੈ ਕੇ ਰਾਤ ਤੱਕ ਸੰਗਤਾਂ ਗੁਰਬਾਣੀ ਕੀਰਤਨ ਸੁਣ ਸਕਣਗੀਆਂ। ਉਨ੍ਹਾਂ ਕਿਹਾ ਕਿ ਇਸ ਦੇ ਨਾਲ ਹੀ ਹੋਰ ਗੁਰਦੁਆਰਾ ਸਾਹਿਬਾਨ ਤੋਂ ਵੀ ਜਲਦੀ ਹੀ ਗੁਰਬਾਣੀ ਕੀਰਤਨ ਸੰਗਤ ਤੀਕ ਪਹੁੰਚਾਉਣ ਦੇ ਕਾਰਜ ਨੂੰ ਅਮਲ ਵਿੱਚ ਲਿਆਂਦਾ ਜਾਵੇਗਾ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਮੈਂਬਰ ਅਮਰਜੀਤ ਸਿੰਘ ਭਲਾਈਪੁਰ, ਬਾਵਾ ਸਿੰਘ ਗੁਮਾਨਪੁਰਾ, ਅਮਰਜੀਤ ਸਿੰਘ ਬੰਡਾਲਾ, ਹਰਜਾਪ ਸਿੰਘ ਸੁਲਤਾਨਵਿੰਡ, ਓ ਐਸ ਡੀ ਸਤਬੀਰ ਸਿੰਘ, ਸਕੱਤਰ ਪ੍ਰਤਾਪ ਸਿੰਘ, ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਬਿਜੈ ਸਿੰਘ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਹਰਭਜਨ ਸਿੰਘ ਵਕਤਾ, ਸਿੰਘ ਵਿਦਵਾਨ ਡਾ. ਅਮਰਜੀਤ ਸਿੰਘ, ਰਣਜੀਤ ਸਿੰਘ ਜਲੰਧਰ ਆਦਿ ਮੌਜੂਦ ਸਨ।

# ਘਰੇਲੂ ਹਿੰਸਾ ਦਾ ਸ਼ਿਕਾਰ ਔਰਤ ਨੇ ਓ ਐੱਸ ਸੀ 'ਚ ਲਿਆ ਸਹਾਰਾ, ਕਾਨੂੰਨੀ ਕਾਰਵਾਈ ਸ਼ੁਰੂ

**ਤਰਨ ਤਾਰਨ (ਪ੍ਰਿਤਪਾਲ ਸਿੰਘ)**- ਸਖੀ ਵਨ ਸਟੌਪ ਸੈਂਟਰ ਦੀ ਸੈਂਟਰ ਐਡਮਿਨਸਟ੍ਰੇਟਰ ਅਨੀਤਾ ਸਿੰਘ ਨੇ ਦੱਸਿਆ ਕਿ ਪਿਛਲੇ ਕੁਝ ਦਿਨਾਂ ਤੋਂ ਸਖੀ ਵਨ ਸਟੌਪ ਸੈਂਟਰ ਤਰਨ ਤਾਰਨ ਵਿੱਚ ਗੰਭੀਰ ਘਰੇਲੂ ਹਿੰਸਾ ਦੇ ਕੇਸ ਦਰਜ ਹੋ ਰਹੇ ਹਨ। ਬੀਤੇ ਦਿਨੀਂ ਪੀੜਤ ਔਰਤ ਦਾ ਮਾਮਲਾ ਸਾਹਮਣੇ ਆਇਆ ਹੈ ਕਿ ਉਸ ਦਾ ਪਤੀ ਜੋ ਕਿ ਫੌਜ ਵਿੱਚ ਨੌਕਰੀ ਕਰਦਾ ਹੈ, ਉਸ ਦਾ ਪ੍ਰੇਮ ਵਿਆਹ ਹੋਇਆ ਸੀ। ਪਤੀ ਤਿੰਨ ਦਿਨ ਤੋਂ ਮਾਰਕੁੱਟ ਕਰ ਰਿਹਾ ਹੈ। ਪੀੜਤ ਔਰਤ ਨੇ ਘਰੇਲੂ ਹਿੰਸਾ ਤੋਂ ਤੰਗ ਆ ਕੇ ਉਸ ਨੇ ਓ ਐਸ ਸੀ (ਸਖੀ ਵਨ ਸਟਾਪ ਸੈਂਟਰ) ਤਰਨ ਤਾਰਨ ਦਾ ਦਰਵਾਜ਼ਾ ਖਟਖਟਾਇਆ। ਔਰਤ ਨੇ ਦੱਸਿਆ ਕਿ ਉਸ ਦਾ ਪਤੀ ਉਸ ਦੀ ਰੋਜ਼ਾਨਾ ਮਾਰਕੁੱਟ ਕਰਦਾ ਹੈ ਅਤੇ ਮਾਨਸਿਕ ਤੌਰ 'ਤੇ ਤੰਗ ਪਰੇਸ਼ਾਨ ਕਰਦਾ ਹੈ ।ਓ ਐਸ ਸੀ ਐਡਮਿਨਸਟ੍ਰੇਟਰ ਨੇ ਜਾਣਕਾਰੀ ਦਿੱਤੀ ਕਿ ਪੀੜਿਤ ਮਹਿਲਾ ਤੁਰਨ ਵਿੱਚ ਅਸਮਰੱਥ ਸੀ ਤੇ ਪੀੜਿਤਾ 108 ਮੈਡੀਕਲ ਹੈਲਪਲਾਈਨ ਉਪਰ ਫੋਨ ਕਰਕੇ ਸਿਵਲ ਹਸਪਤਾਲ ਤਰਨ ਤਾਰਨ ਆਈ ਅਤੇ ਸਖੀ ਵਨ ਸਟਾਪ ਸੈਂਟਰ ਤੱਕ ਪਹੁੰਚ ਕੀਤੀ। ਪੀੜਤਾ ਨੂੰ ਸਹਾਰਾ ਦਿੰਦਿਆਂ ਉਸ ਦੀ ਸ਼ਿਕਾਇਤ ਸੁਣ ਕੇ ਮਾਮਲੇ ਦੀ ਜਾਣਕਾਰੀ ਤੁਰੰਤ ਪੁਲਸ ਨੂੰ ਦਿੱਤੀ। ਔਰਤ ਨੂੰ ਕਾਨੂੰਨੀ ਸਲਾਹ ਮੁਹੱਈਆ ਕਰਵਾਈ ਗਈ ਅਤੇ ਮਾਮਲੇ ਵਿੱਚ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ।ਸਖੀ ਵਨ ਸਟਾਪ ਸੈਂਟਰ ਦੇ ਐਡਮਿਨਸਟ੍ਰੇਟਰ ਅਨੀਤਾ ਸਿੰਘ ਨੇ ਕਿਹਾ ਕਿ ਪੀੜਤ ਔਰਤਾਂ ਲਈ ਇਹ ਸੈਂਟਰ ਹਰ ਵੇਲੇ ਖੁੱਲ੍ਹਾ ਹੈ ਅਤੇ ਉਹ ਕਿਸੇ ਵੀ ਸਮੇਂ ਸਹਾਇਤਾ ਲਈ ਸੰਪਰਕ ਕਰ ਸਕਦੀਆਂ ਹਨ। ਇਹ ਵਿਸ਼ਾ ਸਮਾਜ ਲਈ ਬਹੁਤ ਹੀ ਨਿੰਦਣਯੋਗ ਹੈ। ਇਸ ਪ੍ਰਤੀ ਮਹਿਲਾਵਾਂ ਨੂੰ ਜਾਗਰੂਕ ਹੋਣ ਦੀ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਜੇਕਰ ਕਿਸੇ ਔਰਤ ਨਾਲ ਵੀ ਘਰੇਲੂ ਹਿੰਸਾ ਜਾਂ ਮਾਨਸਿਕ ਤਸ਼ੱਦਦ ਹੋ ਰਿਹਾ ਹੋਵੇ ਤਾਂ ਉਹ ਬਿਨਾਂ ਡਰੋਂ ਓ ਐਸ ਸੀ ਤਰਨ ਤਾਰਨ ਨਾਲ ਸੰਪਰਕ ਕਰ ਸਕਦੀ ਹੈ।



# ਕ੍ਰਿਸ਼ਨਾ ਕਾਲਜ ਰੱਲੀ ਵਿਖੇ ਨਵੇਂ ਦਾਖ਼ਲਿਆਂ ਪ੍ਰਤੀ ਵਿਦਿਆਰਥੀਆਂ 'ਚ ਭਾਰੀ ਉਤਸ਼ਾਹ

**ਬਰੇਟਾ (ਰੀਤਵਾਲ)**- ਪੰਜਾਬੀ ਯੂਨੀਵਰਸਿਟੀ ਪਟਿਆਲਾ ਨਾਲ ਸੰਬੰਧਿਤ ਮਾਲਵੇ ਦੀ ਸਿਰਮੌਰ ਸੰਸਥਾ ਕ੍ਰਿਸ਼ਨਾ ਕਾਲਜ ਆਫ ਹਾਇਰ ਐਜੂਕੇਸ਼ਨ ਰੱਲੀ (ਬੁਢਲਾਡਾ) ਵਿਖੇ ਸੈਸ਼ਨ 2025-26 ਲਈ ਵੱਖ-ਵੱਖ ਕੋਰਸਾਂ ਲਈ ਦਾਖਲਾ ਪ੍ਰਕਿਰਿਆ ਚੱਲ ਰਹੀ ਹੈ। ਨਵੇਂ



ਦਾਖ਼ਲਿਆਂ ਲਈ ਵਿਦਿਆਰਥੀਆਂ ਅੰਦਰ ਭਾਰੀ ਉਤਸ਼ਾਹ ਹੈ ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਪ੍ਰਿੰਸੀਪਲ ਡਾ. ਪ੍ਰਕਾਸ ਕੌਰ ਢਿੱਲੋਂ ਨੇ ਦੱਸਿਆ ਕਿ ਕਾਲਜ ਵਿੱਚ ਸਾਰੇ ਹੀ ਕੋਰਸ ਬਹੁਤ ਸਫਲਤਾਪੂਰਵਕ ਚੱਲ ਰਹੇ ਹਨ ਜਿਵੇਂ, ਬੀ.ਏ. ਬੀ.ਸੀ.ਏ, ਬੀ-ਕਾਮ, ਪੀ.ਜੀ.ਡੀ.ਸੀ.ਏ, ਡੀ.ਲਿਬ, ਬੀ.ਲਿਬ, ਐਮ.ਲਿਬ, ਐੱਮ.ਏ.ਪੰਜਾਬੀ, ਐੱਮ.ਏ. ਹਿਸਟਰੀ, ਐੱਮ.ਏ. ਰਾਜਨੀਤੀ ਸ਼ਾਸਤਰ, ਐੱਮ. ਐੱਸ. ਸੀ ਗਣਿਤ, ਐੱਮ. ਐੱਸ. ਸੀ ਕੰਪਿਊਟਰ ਸਾਇੰਸ (ਲੇਟਰਲ ਐਂਟਰੀ) ਇਸ ਤੋਂ ਇਲਾਵਾ ਪੰਜਾਬ ਸਕੂਲ ਸਿੱਖਿਆ ਬੋਰਡ ਅਤੇ ਨੈਸ਼ਨਲ ਓਪਨ ਬੋਰਡ ਤੋਂ ਦਸਵੀਂ, ਗਿਆਰਵੀਂ, ਬਾਰ੍ਹਵੀ ਆਰਟਸ, ਮੈਡੀਕਲ, ਨਾਨ ਮੈਡੀਕਲ ਅਤੇ ਕਾਮਰਸ ਸਟਰੀਮ ਵੀ ਸਫਲਤਾਪੂਰਵਕ ਚੱਲ ਰਹੇ ਹਨ। ਇਸ ਤੋਂ ਇਲਾਵਾ ਡੀ. ਫਾਰਮੇਸੀ, ਏ.ਐੱਨ.ਐੱਮ, ਜੀ.ਐਨ.ਐਮ ਕੋਰਸ ਵੀ ਵਿਦਿਆਰਥੀ ਕਰ ਸਕਦੇ ਹਨ। ਸਮੇਂ ਦੀ ਲੋੜ ਨੂੰ ਧਿਆਨ ਵਿੱਚ ਰੱਖਦੇ ਹੋਏ ਜਗਤ ਗੁਰੂ ਨਾਨਕ ਦੇਵ ਪੰਜਾਬ ਸਟੇਟ ਓਪਨ ਯੂਨੀਵਰਸਿਟੀ ਤੋਂ ਡਿਸਟੈਂਸ ਐਜੂਕੇਸ਼ਨ ਦੇ ਕੋਰਸ ਜਿਵੇਂ, ਬੀ.ਏ, ਬੀ.ਕਾਮ, ਐਮ.ਏ. ਪੰਜਾਬੀ, ਐੱਮ.ਏ.ਅੰਗਰੇਜ਼, ਐਮ ਕਾਮ ਅਤੇ ਸਰਟੀਫਿਕੇਟ ਅਤੇ ਡਿਪਲੋਮਾ ਕੋਰਸ ਨੈਨੀ ਕੇਅਰ, ਫੈਸ਼ਨ ਡਿਜ਼ਾਈਨਿੰਗ, ਕੰਪਿਊਟਰ ਐਪਲੀਕੇਸ਼ਨ, ਇਨਕਮ ਟੈਕਸ ਐਂਡ ਡਾਕੂਮੈਨਟੇਸ਼ਨ, ਡਿਪਲੋਮਾ ਹੋਰਟੀਕਲਟਰ, ਜੀ. ਐੱਸ. ਟੀ ਫਿਲਿੰਗ ਐਂਡ ਪ੍ਰੈਕਟਿਸ, ਫੂਡ ਪ੍ਰੋਸੈਸਿੰਗ ਐਂਡ ਪ੍ਰੀਜ਼ਰਵੈਸ਼ਨ, ਡਿਪਲੋਮਾ ਇਨ ਔਰਗੈਨਿਕ ਫਾਰਮਿੰਗ ਵੀ ਵਿਦਿਆਰਥੀ ਕਰ ਸਕਦੇ ਹਨ। ਇਸ ਮੌਕੇ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਕਮਲ ਸਿੰਗਲਾ, ਚੇਅਰਮੈਨ ਸੁਖਵਿੰਦਰ ਸਿੰਘ ਚਹਿਲ, ਸਕੱਤਰ ਸੱਤਪਾਲ ਸਿੰਘ ਚਹਿਲ ਅਤੇ ਪ੍ਰਧਾਨ ਡਾਕਟਰ ਵਿਜੈ ਸਿੰਗਲਾ ਨੇ ਸਮੂਹ ਸਟਾਫ ਨੂੰ ਮੁਬਾਰਕਬਾਦ ਦਿੱਤੀ ਜਿਨ੍ਹਾਂ ਦੀ ਮਿਹਨਤ ਸਦਕਾ ਹਰ ਸਾਲ ਕਾਲਜ ਵਿੱਚ ਨਵੇਂ ਵਿਦਿਆਰਥੀਆਂ ਦੀ ਗਿਣਤੀ ਵਿੱਚ ਵਾਧਾ ਹੋ ਰਿਹਾ ਹੈ।

# ਨਥਿੰਗ ਫੋਨ (3) ਤੇ ਨਥਿੰਗ ਹੈੱਡਫੋਨ (1) ਹੁਣ ਭਾਰਤ 'ਚ ਵਿਕਰੀ ਲਈ ਉਪਲੱਬਧ

**ਲੁਧਿਆਣਾ:** ਲੰਡਨ-ਅਧਾਰਤ ਤਕਨਾਲੋਜੀ ਕੰਪਨੀ ਨਥਿੰਗ ਨੇ ਐਲਾਨ ਕੀਤਾ ਕਿ ਸ਼੍ਰੇਣੀ ਨੂੰ ਪਰਿਭਾਸ਼ਿਤ ਕਰਨ ਵਾਲੇ ਦੋ ਉਤਪਾਦ ਨਥਿੰਗ ਫੋਨ (3), ਇਸਦਾ ਪਹਿਲਾ ਟਰੂ ਫਲੈਗਸ਼ਿਪ ਸਮਾਰਟਫੋਨ ਅਤੇ ਨਥਿੰਗ ਹੈਡਫੋਨ (1), ਇਸਦਾ ਪਹਿਲਾ ਓਵਰ -ਈਅਰ ਆਡੀਓ ਪ੍ਰੋਡਕਟ ਭਾਰਤ ਭਰ ਵਿੱਚ ਅੱਜ ਦੁਪਹਿਰ 12 ਵਜੇ ਤੋਂ ਖਰੀਦ ਲਈ ਉਪਲਬਧ ਹੋਣਗੇ।ਦੋਵੇਂ ਪ੍ਰੋਡਕਟ ਸ਼ਾਨਦਾਰ ਡਿਜ਼ਾਈਨ ਅਤੇ ਬੇਮਿਸਾਲ ਨਵੀਨਤਾ ਨਾਲ ਉਪਭੋਗਤਾ ਤਕਨਾਲੋਜੀ ਦੀ ਮੁੜ ਕਲਪਨਾ ਕਰਨ ਲਈ ਨਥਿੰਗ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੇ ਹਨ।ਨਥਿੰਗ ਫੋਨ (3) ਸਮਾਰਟਫੋਨ ਉਦਯੋਗ ਵਿੱਚ ਨਵੇਂ ਮਿਆਰ ਸਥਾਪਤ ਕਰਨ ਵਾਲੀਆਂ ਸ਼ਾਨਦਾਰ ਇਨੋਵੇਸ਼ਨਾਂ ਨੂੰ ਪੇਸ਼ ਕਰਦਾ ਹੈ। ਇਸ ਡਿਵਾਈਸ ਵਿੱਚ ਇੱਕ ਪ੍ਰੋ ਪ੍ਰੋ -ਗ੍ਰੇਡ ਟ੍ਰਿਪਲ ਕੈਮਰਾ ਸਿਸਟਮ ਮੌਜੂਦ ਹੈ।ਅਲਟਰਾ ਨੈਰੋ ਬੇਜ਼ੇਲਸ ਦੇ ਨਾਲ ਇੱਕ ਜੀਵੰਤ 6.67 ਅਮੋਲੇਡ ਡਿਸਪਲੇਅ ਅਤੇ ਇੱਕ ਸ਼ਕਤੀਸ਼ਾਲੀ ਸਨੈਪਡਰੈਗਨ8ਐੱਸ ਜੇਨ 4 ਚਿੱਪਸੈੱਟ ਇੱਕ ਪ੍ਰੀਮੀਅਮ ਮਾਡਿਊਲਰ ਡਿਜ਼ਾਈਨ ਵਿੱਚ ਸਮੇਟੇ ਹੋਏ ਹਨ।

# ਸਾਨੂੰ ਵੱਧ ਤੋਂ ਵੱਧ ਛਾਂਦਾਰ ਤੇ ਫਲਦਾਰ ਰੁੱਖ ਲਗਾਉਣੇ ਚਾਹੀਦੇ : ਰੰਧਾਵਾ ਭੱਟੀਕੇ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਪ੍ਰਸਿੱਧ ਕਾਰੋਬਾਰੀ ਆਗੂ ਅਤੇ ਐਨ ਆਰ ਆਈ ਰਘਬੀਰ ਸਿੰਘ ਰੰਧਾਵਾ ਭੱਟੀਕੇ ਕੈਨੇਡਾ ਨੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਛਾਂਦਾਰ ਅਤੇ ਫਲਦਾਰ ਰੁੱਖ ਲਗਾਉਣੇ ਚਾਹੀਦੇ ਹਨ ਅਤੇ ਇਹਨਾਂ ਦੀ ਸਾਂਭ ਸੰਭਾਲ ਵੱਲ ਪੂਰਾ ਧਿਆਨ ਦੇਣਾ ਚਾਹੀਦਾ ਹੈ ਤਾਂ ਜੋ ਰੁੱਖ ਲਗਾਉਣ ਦਾ ਪੂਰੀ ਤਰਾਂ ਲਾਭ ਹੋ ਸਕੇ। ਉਹਨਾਂ ਕਿਹਾ ਕਿ ਇਸ ਦੇ ਨਾਲ ਨਾਲ ਸਾਨੂੰ ਪਾਣੀ ਦੀ ਬੱਚਤ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ, ਕਿਉਂਕਿ ਪਾਣੀ ਅਨਮੋਲ ਹੈ, ਇਸ ਦੀ ਸੁਚੱਜੇ ਢੰਗ ਨਾਲ ਵਰਤੋਂ ਕੀਤੀ ਜਾਵੇ ਅਤੇ ਬਰਬਾਦੀ ਨਾ ਕੀਤੀ ਜਾਵੇ। ਉਹਨਾਂ ਕਿਹਾ ਕਿ ਪਾਣੀ ਦੀ ਬੱਚਤ ਕਰਨ ਦੇ ਨਾਲ ਨਾਲ ਰੁੱਖਾਂ ਦਾ ਲਗਾਉਣਾ ਵੀ ਅਤਿ ਜ਼ਰੂਰੀ ਹੈ। ਉਹਨਾਂ ਕਿਹਾ ਕਿ ਧਰਤੀ ਹੇਠਲੇ ਪਾਣੀ ਦਾ ਨੀਵਾਂ ਹੋ ਰਿਹਾ ਪੱਧਰ ਬੜਾ ਹੀ ਗੰਭੀਰ ਅਤੇ ਚਿੰਤਾ ਵਾਲਾ ਵਿਸ਼ਾ ਹੈ। ਇਸ ਲਈ ਸਾਨੂੰ ਪਾਣੀ ਦੀ ਸੰਕੋਚ ਨਾਲ ਵਰਤੋਂ ਕਰਨੀ ਚਾਹੀਦੀ ਹੈ ।ਉਹਨਾਂ ਕਿਹਾ ਕਿ ਪਾਣੀ ਤੋਂ ਬਿਨਾਂ ਧਰਤੀ ਉਪਰ ਜੀਵਨ ਦੀ ਕਲਪਨਾ ਵੀ ਨਹੀਂ ਕੀਤੀ ਜਾ ਸਕਦੀ। ਇਸ ਲਈ ਸਾਡੇ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਪਾਣੀ ਦੀ ਬਰਬਾਦੀ ਨਾ ਕਰੀਏ ਅਤੇ ਇਸ ਦੀ ਸੰਕੋਚ ਨਾਲ ਵਰਤੋਂ ਕਰਦੇ ਹੋਏ ਇਸਦੀ ਬੱਚਤ ਵੱਲ ਉਚੇਚਾ ਧਿਆਨ ਦੇਈਏ। ਉਹਨਾਂ ਕਿਹਾ ਕਿ ਤਪਸ਼ ਤੋਂ ਬਚਣ ਲਈ ਅਤੇ ਵਾਤਾਵਰਣ ਦੀ ਸ਼ੁੱਧੀ ਲਈ ਵੱਧ ਤੋਂ ਵੱਧ ਰੁੱਖ ਲਗਾਉਣਾ ਅਤੇ ਉਹਨਾਂ ਦੀ ਸੰਭਾਲ ਕਰਨਾ ਵੀ ਅਤਿ ਹੀ ਜ਼ਰੂਰੀ ਹੈ। ਇਸ ਲਈ ਜੇ ਅਸੀਂ ਹੁਣ ਵੀ ਨਾ ਸੰਭਲੇ ਤਾਂ ਆਉਣ ਵਾਲੀਆਂ ਪੀੜੀਆਂ ਸਾਨੂੰ ਮਾਫ਼ ਨਹੀਂ ਕਰਨਗੀਆਂ। ਇਸ ਲਈ ਸਾਡੇ ਸਾਰਿਆਂ ਦਾ ਫਰਜ਼ ਬਣਦਾ ਹੈ ਕਿ ਪਾਣੀ ਦੀ ਸੰਕੋਚ ਨਾਲ ਵਰਤੋਂ ਕਰੀਏ ਅਤੇ ਇਸ ਸਬੰਧ ਵਿੱਚ ਵੱਧ ਤੋਂ ਵੱਧ ਜਾਗ੍ਰਤਿ ਵੀ ਪੈਦਾ ਕਰੀਏ ਅਤੇ ਰੁੱਖ ਵੀ ਲਗਾਈਏ।



# ਸ਼ਹੀਦ ਭਾਈ ਤਾਰੂ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਦੁਆਰਾ ਮੰਜੀ ਸਾਹਿਬ ਵਿਖੇ ਗੁਰਮਤਿ ਸਮਾਗਮ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਦਾ ਸ਼ਹੀਦੀ ਦਿਹਾੜਾ ਸ਼੍ਰੋਮਣੀ ਗੁਰਦੁਆਰਾ



ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਸਬੰਧ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਤਾਰ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ। ਅਰਦਾਸ ਭਾਈ ਬਲਜੀਤ ਸਿੰਘ ਨੇ ਕੀਤੀ ਅਤੇ ਸੰਗਤਾਂ ਨੂੰ ਪਾਵਨ ਹੁਕਮਨਾਮਾ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸਰਵਣ ਕਰਵਾਇਆ।ਸਮਾਗਮ ਮੌਕੇ ਵਿਚਾਰ ਕਰਦਿਆਂ ਗਿਆਨੀ ਰਾਜਦੀਪ ਸਿੰਘ ਨੇ ਸੰਗਤ ਨੂੰ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ ਜੀਵਨ ਇਤਿਹਾਸ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਜੀ ਨੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚਲਦਿਆਂ, ਸਿੱਖੀ ਕੇਸਾਂ ਸਵਾਸਾਂ ਨਾਲ ਨਿਭਾਈ, ਜਿਨ੍ਹਾਂ ਦਾ ਜੀਵਨ ਸਾਡੇ ਲਈ ਪ੍ਰੇਰਨਾ ਸਰੋਤ ਹੈ। ਉਨ੍ਹਾਂ ਨੌਜੁਆਨੀ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਸ਼ਹੀਦ ਭਾਈ ਤਾਰੂ ਸਿੰਘ ਦੇ ਜੀਵਨ ਤੋਂ ਸੇਧ ਲੈਂਦਿਆਂ ਸਿੱਖੀ ਸਰੂਪ ਵਿਚ ਪ੍ਰਪੱਕ ਰਹਿਣ ਅਤੇ ਅੰਮ੍ਰਿਤਪਾਨ ਕਰਕੇ ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ।ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ, ਮੈਨੇਜਰ ਸਤਨਾਮ ਸਿੰਘ ਰਿਆੜ, ਵਧੀਕ ਮੈਨੇਜਰ ਇਕਬਾਲ ਸਿੰਘ, ਮੀਤ ਮੈਨੇਜਰ ਗੁਰਤਿੰਦਰਪਾਲ ਸਿੰਘ ਕਾਦੀਆਂ, ਸਾਬਕਾ ਮੈਨੇਜਰ ਬਘੇਲ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

# 700 ਨਸ਼ੀਲੀਆਂ ਗੋਲੀਆਂ ਸਮੇਤ ਨੌਜਵਾਨ ਗ੍ਰਿਫਤਾਰ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਦੇ ਚਲਦਿਆਂ 700 ਨਸ਼ੀਲੀਆਂ ਗੋਲੀਆਂ ਸਮੇਤ ਕਾਦੀਆਂ ਪੁਲਸ ਵੱਲੋਂ ਇੱਕ ਨੌਜਵਾਨ ਨੂੰ ਗ੍ਰਿਫਤਾਰ ਕੀਤੇ ਜਾਣ ਦਾ ਸਮਾਚਾਰ ਮਿਲਿਆ ਹੈ। ਥਾਣਾ ਕਾਦੀਆਂ ਦੇ ਐਸ ਐਚ ਓ ਇੰਸਪੈਕਟਰ ਗੁਰਮੀਤ ਸਿੰਘ ਨੇ ਦੱਸਿਆ ਕਿ ਪੁਲਸ ਜ਼ਿਲਾ ਬਟਾਲਾ ਦੇ ਐਸ ਐਸ ਪੀ ਸੁਹੇਲ ਕਾਸਿਮ ਮੀਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਕਾਦੀਆਂ ਪੁਲਸ ਵੱਲੋਂ ਲਗਾਤਾਰ ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਵੱਖ-ਵੱਖ ਥਾਵਾਂ 'ਤੇ ਨਾਕੇਬੰਦੀ ਕਰਕੇ ਨਸ਼ਾ ਤਸਕਰਾਂ ਨੂੰ ਗ੍ਰਿਫਤਾਰ ਕੀਤਾ ਜਾ ਰਿਹਾ ਹੈ ਜਿਸ ਦੇ ਚਲਦਿਆਂ ਏ ਐਸ ਆਈ ਰਸ਼ਪਾਲ ਸਿੰਘ ਵੱਲੋਂ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਮੁਹੱਲਾ ਪ੍ਰੇਮ ਨਗਰ ਕਾਦੀਆਂ ਤੋਂ ਇੱਕ ਨੌਜਵਾਨ ਨੂੰ 700 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫਤਾਰ ਕੀਤਾ ਗਿਆ। ਪੁਲਸ ਨੇ ਦੱਸਿਆ ਕਿ ਫੜੇ ਗਏ ਨੌਜਵਾਨ ਦੀ ਪਹਿਚਾਣ ਮਨਜੀਤ ਸਿੰਘ ਉਰਫ ਭੋਲੂ ਪੁੱਤਰ ਸਵਰਨ ਸਿੰਘ ਵਾਸੀ ਮਹੱਲਾ ਪ੍ਰੇਮ ਨਗਰ ਕਾਦੀਆਂ ਵਜੋਂ ਹੋਈ । ਜਿਸ ਨੂੰ ਗ੍ਰਿਫਤਾਰ ਕਰਕੇ ਉਸ ਖਿਲਾਫ ਥਾਣਾ ਕਾਦੀਆਂ 'ਚ ਮੁਕੱਦਮਾ ਦਰਜ ਕੀਤਾ ਗਿਆ।

# ਪੰਜਾਬ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਉਣ ਵਾਲਾ ਦੇਸ਼ ਦਾ ਪਹਿਲਾ ਸੂਬਾ ਬਣਿਆ : ਤਲਬੀਰ ਗਿੱਲ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਦੇਸ਼ ਦੀ ਆਪਣੀ ਤਰ੍ਹਾਂ ਦੀ ਪਹਿਲੀ ਸਕੀਮ ਮੁੱਖ ਮੰਤਰੀ ਸਿਹਤ ਯੋਜਨਾ ਨੂੰ ਮਨਜ਼ੂਰੀ ਦੇ ਦਿੱਤੀ। ਇਸ ਤਹਿਤ ਸੂਬਾਈ ਵਾਸੀ 10 ਲੱਖ ਰੁਪਏ ਦਾ ਡਾਕਟਰੀ ਇਲਾਜ ਨਕਦੀ ਰਹਿਤ ਕਰਵਾ ਸਕਦੇ ਹਨ। ਵਿਧਾਨ ਸਭਾ ਹਲਕਾ ਮਜੀਠਾ ਦੇ ਨਵ ਨਿਯੁਕਤ ਆਮ ਆਦਮੀ ਪਾਰਟੀ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਗੱਲਬਾਤ ਕਰਦਿਆਂ ਦੱਸਿਆ ਕਿ



ਪੰਜਾਬ ਦੇ ਲੋਕਾਂ ਨੂੰ ਮੁਫ਼ਤ ਇਲਾਜ ਮੁਹੱਈਆ ਕਰਨ ਵਾਲੀ ਇਹ ਸਕੀਮ 2 ਅਕਤੂਬਰ ਤੋਂ ਸ਼ੁਰੂ ਹੋਵੇਗੀ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਸੂਬੇ ਦਾ ਹਰੇਕ ਪਰਵਾਰ 10 ਲੱਖ ਰੁਪਏ ਤੱਕ ਦਾ ਨਕਦੀ ਰਹਿਤ ਇਲਾਜ ਕਰਵਾਉਣ ਦੇ ਯੋਗ ਹੋਵੇਗਾ।ਇਸ ਨਾਲ ਪੰਜਾਬ ਦੇਸ਼ ਦਾ ਪਹਿਲਾ ਅਜਿਹਾ ਸੂਬਾ ਬਣ ਗਿਆ ਹੈ, ਜਿੱਥੇ ਹਰੇਕ ਪਰਵਾਰ ਨੂੰ ਸਿਹਤ ਸੰਭਾਲ ਲਈ ਵਿਆਪਕ ਯੋਜਨਾ ਅਧੀਨ ਲਿਆਂਦਾ ਗਿਆ ਹੈ। ਤਲਬੀਰ ਗਿੱਲ ਨੇ ਦੱਸਿਆ ਕਿ ਇਸ ਸਕੀਮ ਦਾ ਲਾਭ ਪੰਜਾਬ ਦੀ ਸਮੁੱਚੀ ਤਿੰਨ ਕਰੋੜ ਵਸੋਂ ਨੂੰ ਹੋਵੇਗਾ ਅਤੇ ਹੁਣ ਤੱਕ 550 ਤੋਂ ਵੱਧ ਪ੍ਰਾਈਵੇਟ ਹਸਪਤਾਲਾਂ ਨੂੰ ਇਸ ਯੋਜਨਾ ਲਈ ਸੂਚੀਬੱਧ ਕੀਤਾ ਗਿਆ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਹ ਗਿਣਤੀ ਇੱਕ ਹਜ਼ਾਰ ਤੱਕ ਵਧਾਈ ਜਾਵੇਗੀ। ਇਸ ਸਕੀਮ ਅਧੀਨ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਅਤੇ ਸੂਚੀਬੱਧ ਪ੍ਰਾਈਵੇਟ ਹਸਪਤਾਲਾਂ ਵਿੱਚ ਮੁਹੱਈਆ ਹੋਵੇਗਾ ਅਤੇ ਪੰਜਾਬ ਦੇ ਕਿਸੇ ਵੀ ਵਾਸੀ ਨੂੰ ਹੁਣ ਵਿੱਤੀ ਤੰਗੀ ਖੁਣੋਂ ਇਲਾਜ ਤੋਂ ਵਾਂਝਾ ਨਹੀਂ ਰਹਿਣਾ ਪਵੇਗਾ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪਰਮਿੰਦਰ ਸਿੰਘ ਉੱਪਲ ਰਮਾਨਾ ਚੱਕ, ਨੰਬਰਦਾਰ ਰਣਜੀਤ ਸਿੰਘ ਰਮਾਣਾ ਚੱਕ ਤੇ ਹੋਰ ਆਗੂ ਵੀ ਹਾਜ਼ਰ ਸਨ ।

# ਗੁ: ਬੀੜ ਬਾਬਾ ਬੁੱਢਾ ਸਾਹਿਬ ਵਿਖੇ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਬ੍ਰਹਮ ਗਿਆਨੀ ਪੁੱਤਰਾਂ ਦੇ ਦਾਨੀ ਧੰਨ ਧੰਨ ਬਾਬਾ ਬੁੱਢਾ ਸਾਹਿਬ ਜੀ ਦੇ ਪਵਿੱਤਰ ਧਾਰਮਿਕ ਅਸਥਾਨ ਗੁਰਦੁਆਰਾ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਸਾਵਣ ਦੇ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਮਨਾਇਆ ਗਿਆ। ਇਸ ਮੌਕੇ ਅੰਮ੍ਰਿਤ ਵੇਲੇ ਤੋਂ ਹੀ ਬੇਅੰਤ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਨਵੇ ਮਹੀਨੇ ਦੀ ਸ਼ੁਰੂਆਤ ਗੁਰੂ ਚਰਨਾਂ ਵਿੱਚ ਸੁੱਖ ਸ਼ਾਂਤੀ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਕਰਕੇ ਕੀਤੀ ਗਈ।ਗੁਰਦੁਆਰਾ ਸਾਹਿਬ ਵਿਖੇ ਖੁੱਲ੍ਹੇ ਪੰਡਾਲ ਵਿਚ ਗੁਰਮਤਿ ਸਮਾਗਮ ਕਰਵਾਇਆ ਗਿਆ ਜਿਸ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਕੀਰਤਨ ਕੀਤਾ ਅਤੇ ਢਾਡੀ ਅਤੇ ਕਵੀਸ਼ਰੀ ਜਥਿਆਂ ਵੱਲੋਂ ਇਤਿਹਾਸ ਸੁਣਾ ਕੇ ਗੁਰੂ ਦੇ ਲੜ ਲੱਗਣ ਲਈ ਪ੍ਰੇਰਿਤ ਕੀਤਾ । ਇਸ ਮੌਕੇ ਪੰਜ ਪਿਆਰਿਆਂ ਸਹਿਬਾਨ ਵੱਲੋਂ ਤਿਆਰ ਕੀਤੇ ਗਏ ਖੰਡੇ ਬਾਟੇ ਦੇ ਪਾਹੁਲ ਨੂੰ 25 ਗੁਰੂ ਪਿਆਰਿਆਂ ਨੇ ਅੰਮ੍ਰਿਤ ਛਕ ਕੇ ਗੁਰੂ ਦੀ ਦਾਤ ਕੀਤੀ।ਜਿਨ੍ਹਾ ਨੂੰ ਗੁਰਦੁਆਰਾ ਸਾਹਿਬ ਵੱਲੋਂ ਪੰਜ ਕਕਾਰ ਭੇਟਾ ਰਹਿਤ ਦਿੱਤੇ ਗਏ।ਇਸ ਸਮੇਂ ਗੁ: ਸਾਹਿਬ ਦਾ ਸਮੁੱਚਾ ਸਟਾਫ ਤੇ ਵੱਡੀ ਗਿਣਤੀ ਵਿੱਚ ਸੰਗਤਾਂ ਵੀ ਹਾਜ਼ਰ ਸਨ।



# ਸੱਚਖੰਡ ਹਰਿਮੰਦਰ ਸਾਹਿਬ ਬਾਰੇ ਧਮਕੀ ਭਰੀਆਂ ਈਮੇਲਾਂ ਭੇਜਣ ਵਾਲੇ ਦਾ ਤੁਰੰਤ ਪਤਾ ਲਗਾਏ ਸਰਕਾਰ : ਧਾਮੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਮੁੱਚੀ ਮਨੁੱਖਤਾ ਲਈ ਸਰਬਸਾਂਝਾ ਕੇਂਦਰ ਹੈ, ਜਿਥੇ ਦੇਸ਼ ਵਿਦੇਸ਼ ਤੋਂ ਲੱਖਾਂ ਸੰਗਤਾਂ ਰੋਜ਼ਾਨਾ ਨਤਮਸਤਕ ਹੁੰਦੀਆਂ ਹਨ। ਇਸ ਅਸਥਾਨ 'ਤੇ ਧਮਾਕੇ ਕਰਨ ਦੀਆਂ ਧਮਕੀਆਂ ਸਬੰਧੀ ਲਗਾਤਾਰ ਆ ਰਹੀਆਂ ਈਮੇਲਾਂ ਗਹਿਰੀ ਚਿੰਤਾ ਦਾ ਵਿਸ਼ਾ ਹੈ। ਇਹ ਪ੍ਰਗਟਾਵਾ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਐਡਵੋਕੇਟ ਧਾਮੀ ਨੇ ਦੱਸਿਆ ਕਿ ਬੀਤੀ 14 ਜੁਲਾਈ ਤੋਂ ਲਗਾਤਾਰ ਈਮੇਲਾਂ ਆ ਰਹੀਆਂ ਹਨ, ਜਿਸ ਬਾਰੇ ਸ਼੍ਰੋਮਣੀ ਕਮੇਟੀ ਵੱਲੋਂ ਸਰਕਾਰ ਤੇ ਪੁਲਸ ਪ੍ਰਸ਼ਾਸਨ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ, ਪਰੰਤੂ ਦੁੱਖ ਦੀ ਗੱਲ ਹੈ ਕਿ ਅਜੇ ਤੀਕ ਇਹ ਈਮੇਲਾਂ ਭੇਜਣ ਵਾਲੇ ਦਾ ਕੋਈ ਪਤਾ ਨਹੀਂ ਲੱਗ ਸਕਿਆ। ਉਨ੍ਹਾਂ ਕਿਹਾ ਕਿ ਇਹ ਵੱਡਾ ਸਵਾਲ ਹੈ ਕਿ ਆ ਰਹੀਆਂ ਈਮੇਲਾਂ ਕੇਵਲ ਕਿਸੇ ਸ਼ੈਤਾਨੀ ਦਿਮਾਗ ਦੀ ਸ਼ਰਾਰਤ ਹੈ ਜਾਂ ਕਿਸੇ ਵੱਡੀ ਸਾਜ਼ਿਸ਼ ਦਾ ਹਿੱਸਾ। ਉਨ੍ਹਾਂ ਕਿਹਾ ਕਿ ਕਿਤੇ ਸਰਬ-ਸਾਂਝੀਵਾਲਤਾ ਦੇ ਇਸ ਪਾਵਨ ਕੇਂਦਰ ਵਿਖੇ ਵੱਡੀ ਗਿਣਤੀ ਵਿਚ ਨਤਮਸਤਕ ਹੋਣ ਆਉਂਦੀਆਂ ਸੰਗਤਾਂ ਦੇ ਅੰਦਰ ਡਰ ਪੈਦਾ ਕਰਨ ਦੀ ਕੋਸ਼ਿਸ਼ ਤਾਂ ਨਹੀਂ ਕੀਤੀ ਜਾ ਰਹੀ, ਇਹ ਵੀ ਜਾਂਚ ਕੀਤੀ ਜਾਣੀ ਚਾਹੀਦੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸਰਕਾਰ ਦੀ ਜ਼ੁੰਮੇਵਾਰੀ ਹੈ ਕਿ ਉਹ ਤੁਰੰਤ ਇਹ ਪਤਾ ਲਗਾਏ ਕਿ ਇਹ ਈਮੇਲਾਂ ਕਿਸ ਥਾਂ ਤੋਂ ਆ ਰਹੀਆਂ ਹਨ ਅਤੇ ਇਸ ਲਈ ਕਿਸ ਸਰਵਰ, ਆਈ ਪੀ



ਐਡਰੈਸ ਤੇ ਦੇਸ਼ ਦੀ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ 15 ਅਤੇ 16 ਜੁਲਾਈ ਨੂੰ ਆਈਆਂ ਈਮੇਲਾਂ ਸ਼੍ਰੋਮਣੀ ਕਮੇਟੀ ਦੇ ਨਾਲ-ਨਾਲ ਅੰਮ੍ਰਿਤਸਰ ਦੇ ਲੋਕ ਸਭਾ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਭੇਜੀਆਂ ਗਈਆਂ ਹਨ, ਪਰੰਤੂ ਉਨ੍ਹਾਂ ਵੱਲੋਂ ਇਸ 'ਤੇ ਚੁੱਪੀ ਸਵਾਲ ਪੈਦਾ ਕਰਦੀ ਹੈ। ਉਨ੍ਹਾਂ ਕਿਹਾ ਕਿ ਹੈਰਾਨੀਜਨਕ ਗੱਲ ਇਹ ਹੈ ਕਿ ਇਹ ਈਮੇਲਾਂ ਅਹਿਮ ਸ਼ਖ਼ਸੀਅਤਾਂ ਦੇ ਨਾਵਾਂ ਦੀ ਦੁਰਵਰਤੋਂ ਕਰਕੇ ਭੇਜੀਆਂ ਜਾ ਰਹੀਆਂ ਹਨ, ਪਰ ਸਰਕਾਰ ਵੱਲੋਂ ਅਜੇ ਤੀਕ ਕੁਝ ਵੀ ਪਤਾ ਨਹੀਂ ਲਗਾਇਆ ਜਾ ਸਕਿਆ ਕਿ ਇਸ ਪਿੱਛੇ ਕਿਹੜੀ ਸ਼ਕਤੀ ਕੰਮ ਕਰ ਰਹੀ ਹੈ। ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਪੂਰੀ ਸੁਹਿਰਦਤਾ ਨਾਲ ਆਪਣੀ ਜ਼ੁੰਮੇਵਾਰੀ ਨਿਭਾਅ ਰਹੀ ਹੈ ਅਤੇ ਪ੍ਰਬੰਧਕਾਂ ਵੱਲੋਂ ਪੂਰੀ ਮੁਸਤੈਦੀ ਨਾਲ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਦੇ ਸਮੂਹ ਦਾ ਧਿਆਨ ਰੱਖਿਆ ਜਾ ਰਿਹਾ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਉਣ ਸਮੇਂ ਕਿਸੇ ਤਰ੍ਹਾਂ ਦਾ ਵੀ ਡਰ ਨਾ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਸੰਗਤਾਂ ਹਮੇਸ਼ਾ ਦੀ ਤਰ੍ਹਾਂ ਵੱਡੀ ਗਿਣਤੀ ਵਿਚ ਨਤਮਸਤਕ ਹੋਣ ਪੁੱਜ ਰਹੀਆਂ ਹਨ।ਐਡਵੋਕੇਟ ਧਾਮੀ ਨੇ ਪੰਜਾਬ ਸਰਕਾਰ ਵੱਲੋਂ ਬੇਅਦਬੀ ਸਬੰਧੀ ਬਣਾਏ ਜਾ ਰਹੇ ਕਾਨੂੰਨ ਬਾਰੇ ਗੱਲ ਕਰਦਿਆਂ ਕਿਹਾ ਕਿ ਇਹ ਪੰਜਾਬ ਸਰਕਾਰ ਦਾ ਚੰਗਾ ਉਪਰਾਲਾ ਹੈ, ਜਿਸ ਪ੍ਰਤੀ ਸਰਕਾਰ ਨੂੰ ਸੰਜੀਦਾ ਹੋਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਬੇਅਦਬੀਆਂ 'ਤੇ ਕਾਨੂੰਨ ਬਨਾਉਣ ਦਾ ਮਾਮਲਾ ਪਹਿਲੀ ਵਾਰ ਨਹੀਂ ਇਸ ਤੋਂ ਪਹਿਲਾਂ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਨੇ ਵੀ ਇਸ 'ਤੇ ਚਰਚਾ ਕੀਤੀ ਹੈ, ਜਿਸ ਨੂੰ ਅਗਾਂਹ ਵਧਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਬੇਅਦਬੀ ਦੀਆਂ ਘਟਨਾਵਾਂ ਜ਼ਿਆਦਾਤਰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ ਸਬੰਧਤ ਹਨ, ਪਰੰਤੂ ਸਰਕਾਰ ਵੱਲੋਂ ਬਣਾਏ ਜਾ ਰਹੇ ਕਾਨੂੰਨ ਵਿਚ ਕੇਵਲ ਪਵਿੱਤਰ ਗ੍ਰੰਥ ਲਿਖਣਾ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ, ਜੋ ਸਿੱਖ ਸੰਗਤਾਂ ਦੀਆਂ ਭਾਵਨਾਵਾਂ ਨੂੰ ਸੱਟ ਮਾਰਨ ਵਾਲਾ ਹੈ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਮੈਂਬਰ ਅਮਰਜੀਤ ਸਿੰਘ ਭਲਾਈਪੁਰ, ਜਥੇਦਾਰ ਬਾਵਾ ਸਿੰਘ ਗੁਮਾਨਪੁਰਾ, ਹਰਜਾਪ ਸਿੰਘ ਸੁਲਤਾਨਵਿੰਡ, ਅਮਰਜੀਤ ਸਿੰਘ ਬੰਡਾਲਾ, ਓ ਐਸ ਡੀ ਸਤਬੀਰ ਸਿੰਘ, ਸਕੱਤਰ ਪ੍ਰਤਾਪ ਸਿੰਘ, ਸ. ਬਲਵਿੰਦਰ ਸਿੰਘ ਕਾਹਲਵਾਂ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਬਿਜੈ ਸਿੰਘ, ਮੀਤ ਸਕੱਤਰ ਜਸਵਿੰਦਰ ਸਿੰਘ ਜੱਸੀ, ਹਰਭਜਨ ਸਿੰਘ ਵਕਤਾ, ਸਿੱਖ ਵਿਦਵਾਨ ਡਾ. ਅਮਰਜੀਤ ਸਿੰਘ ਆਦਿ ਮੌਜੂਦ ਸਨ।

# ਪੱਤਰਕਾਰ ਗੁਰਸ਼ਰਨ ਔਲਖ ਨੂੰ ਸਦਮਾ, ਦਾਦਾ ਨਰਿੰਦਰ ਸਿੰਘ ਔਲਖ ਦਾ ਦੇਹਾਂਤ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਕਸਬਾ ਸਰਾਏ ਅਮਾਨਤ ਖਾਂ ਤੋਂ ਪੱਤਰਕਾਰ ਗੁਰਸ਼ਰਨ ਸਿੰਘ ਔਲਖ ਨੂੰ ਉਸ ਵੇਲੇ ਗਹਿਰਾ ਸਦਮਾ ਪੁੱਜਾ ਜਦ ਉਨ੍ਹਾਂ ਦੇ ਸਤਿਕਾਰਯੋਗ ਦਾਦਾ ਨਰਿੰਦਰ ਸਿੰਘ ਔਲਖ ਦਾ ਤੜਕੇ ਸੰਖੇਪ ਬਿਮਾਰੀ ਪਿੱਛੋਂ ਦੇਹਾਂਤ ਹੋ ਗਿਆ।ਜਿਨ੍ਹਾ ਦਾ ਅੰਤਿਮ ਸੰਸਕਾਰ ਸ਼ਮਸ਼ਾਨਘਾਟ ਸਰਾਏ ਅਮਾਨਤ ਖਾਂ ਵਿਖੇ ਕਰ ਦਿੱਤਾ ਗਿਆ।ਇਸ ਮੌਕੇ ਸਾਬਕਾ ਵਿਧਾਇਕ ਹਰਮੀਤ ਸਿੰਘ ਸੰਧੂ, ਪੀਏ ਕੋਮਲਪ੍ਰੀਤ ਸਿੰਘ, ਚੇਅਰਮੈਨ ਰਣਜੀਤ ਸਿੰਘ ਰਾਣਾ ਗੰਡੀਵਿੰਡ, ਐਡਵੋਕੇਟ ਜਗਮੀਤ ਸਿੰਘ ਗੰਡੀਵਿੰਡ, ਸਾਬਕਾ ਸਰਪੰਚ ਗੁਰਭੇਜ ਸਿੰਘ ਚੀਮਾ ਖੁਰਦ, ਸਰਪੰਚ ਹਰਪ੍ਰੀਤ ਸਿੰਘ ਪੀਤਾ, ਮੈਂਬਰ ਕੁਲਦੀਪ ਸਿੰਘ ਸਰਾ, ਨੰਬਰਦਾਰ ਜਸਬੀਰ ਸਿੰਘ, ਮੇਜਰ ਸਿੰਘ ਭੋਲਾ, ਲਖਬੀਰ ਸਿੰਘ ਲੱਖਾ, ਅੰਗਰੇਜ ਸਿੰਘ ਰਾਧਾ ਸੁਆਮੀ, ਗੁਰਸਾਹਿਬ ਸਿੰਘ ਮਾਣਕਪੁਰਾ, ਡਾ ਧਰਮਿੰਦਰ ਸਿੰਘ ਬਾਠ, ਸੁਖਪਾਲ ਸਿੰਘ ਭੁੱਲਰ, ਜੋਨ ਪ੍ਰਧਾਨ ਪ੍ਰਮਜੀਤ ਸਿੰਘ ਛੀਨਾ, ਪ੍ਰੈਸ ਸਕੱਤਰ ਕੁਲਜੀਤ ਸਿੰਘ ਛੀਨਾ, ਸੁਖਵੰਤ ਸਿੰਘ ਗੰਡੀਵਿੰਡ, ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪ੍ਰਧਾਨ ਸਤਵਿੰਦਰ ਸਿੰਘ ਬਾਠ, ਗੁਰਦੇਵ ਸਿੰਘ ਰਾਂਝਾ, ਗੁਰਜੀਤ ਸਿੰਘ ਢਿੱਲੋਂ, ਦਿਲਬਾਗ ਸਿੰਘ ਸਾਂਘਣੀਆ, ਸੁੱਖਵਿੰਦਰ ਸਿੰਘ, ਅਵਤਾਰ ਸਿੰਘ, ਤਜਿੰਦਰ ਸਿੰਘ ਬਾਈ, ਲਖਵਿੰਦਰ ਸਿੰਘ, ਸ਼ਮਸ਼ੇਰ ਸਿੰਘ ਡੱਡਵਾਲ, ਗੁਰਦੇਵ ਸਿੰਘ ਡੱਡਵਾਲ, ਸੁਖਵੰਤ ਸਿੰਘ ਗੰਡੀਵਿੰਡ, ਰਛਪਾਲ ਸਿੰਘ ਕਸੇਲ, ਦਲਬੀਰ ਸਿੰਘ ਮੱਲ੍ਹੀ ਮਾਣਕਪੁਰਾ, ਪ੍ਰਗਟ ਸਿੰਘ ਮਾਣਕਪੁਰਾ, ਸਤਨਾਮ ਸਿੰਘ ਐੱਸਟੀਡੀ, ਜਗਦੀਪ ਸਿੰਘ ਲਾਡੀ, ਸਾਬਕਾ ਸਰਪੰਚ ਗੁਰਭੇਜ ਸਿੰਘ ਚੀਮਾ ਖੁਰਦ, ਕੁਲਜੀਤ ਸਿੰਘ ਚੀਮਾ, ਸਰਪੰਚ ਮਲਕੀਤ ਸਿੰਘ ਚੀਮਾ, ਸਰਪੰਚ ਤੇਜਿੰਦਰਪਾਲ ਸਿੰਘ ਕਾਲਾ ਰਸੂਲਪੁਰ, ਬਲਜੀਤ ਸਿੰਘ ਸਰਾ, ਕੈਪਟਨ ਸਿੰਘ ਬਘਿਆੜੀ, ਕੁਲਵਿੰਦਰ ਸਿੰਘ ਡੀਸੀ, ਜੋਬਨਜੀਤ ਸਿੰਘ, ਗੋਲਡੀ ਆਧੀ, ਹਰਜਿੰਦਰ ਸਿੰਘ ਭੂਸੇ, ਸਵਿੰਦਰ ਸਿੰਘ ਗਿੱਲ ਤੋ ਇਲਾਵਾ ਪੱਤਰਕਾਰ ਨਰਿੰਦਰ ਪੱਪਾ, ਅਜੀਤ ਸਿੰਘ ਘਰਿਆਲਾ, ਸੁਖਦੇਵ ਸਿੰਘ ਮੀਆਂਪੁਰ, ਸਰਬਜੀਤ ਸਿੰਘ, ਮੱਖਣ ਮਨੋਜ, ਹਰਦੀਪ ਸਿੰਘ ਝਬਾਲ, ਤਜਿੰਦਰ ਸਿੰਘ ਬੱਬੂ, ਕਿਰਪਾਲ ਸਿੰਘ ਸੋਹਲ, ਹਰਜਿੰਦਰ ਸਿੰਘ, ਜਤਿੰਦਰ ਸਰਮਾ, ਵਿੱਕੀ, ਗੁਰਬੀਰ ਗੰਡੀਵਿੰਡ, ਸਾਗਰ ਅਰੋੜਾ, ਕੁਲਦੀਪ ਸਿੰਘ ਦੀਪਾ, ਸਰਬਜੀਤ ਸਿੰਘ, ਪ੍ਰਗਟ ਸਿੰਘ ਪੰਡੋਰੀ, ਦਵਿੰਦਰਪਾਲ ਝਬਾਲ, ਗੁਰਜਿੰਦਰ ਸਿੰਘ ਬਘਿਆੜੀ, ਜਗਰੂਪ ਸਿੰਘ ਐਮਾਂ ਆਦਿ ਵੱਲੋਂ ਗੁਰਸ਼ਰਨ ਸਿੰਘ ਔਲਖ, ਕੁਲਦੀਪ ਸਿੰਘ ਔਲਖ, ਦਲਜੀਤ ਸਿੰਘ ਔਲਖ, ਮਲਕੀਤ ਸਿੰਘ ਔਲਖ, ਗੁਰਪ੍ਰੀਤ ਸਿੰਘ ਔਲਖ ਪਰਿਵਾਰਕ ਮੈਂਬਰਾਂ ਨਾਲ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਦੇ ਵੀ ਨਾ ਪੈਣ ਵਾਲਾ ਘਾਟਾ ਦੱਸਿਆ।



ਨਵਾਂ ਜ਼ਮਾਨਾ
ਸ਼ੁੱਕਰਵਾਰ, 18 ਜੁਲਾਈ 2025

# ਫੌਰੀ ਲੋੜ

ਸੁਪਰੀਮ ਕੋਰਟ ਨੇ ਮੰਗਲਵਾਰ ਕੇਰਲਾ ਵਿੱਚ 2011 'ਚ ਇੱਕ ਜੋੜੇ ਦੀ ਹੱਤਿਆ ਦੇ ਮਾਮਲੇ ਵਿੱਚ ਕੱਟਾਵੇਲਈ ਉਰਫ ਦੇਵਕਰ ਨੂੰ ਬਰੀ ਕਰਦਿਆਂ ਜਿੱਥੇ ਜਾਂਚ ਵਿੱਚ ਗੰਭੀਰ ਖਾਮੀਆਂ ਗਿਣਾਈਆਂ, ਉੱਥੇ ਆਪਣੇ ਫੈਸਲੇ ਵਿੱਚ ਲਿਖਿਆ ਕਿ ਇਹ ਚਿੰਤਾਜਨਕ ਹੈ ਕਿ ਦੋਸ਼ ਸਿੱਧ ਹੋਣ ਦਾ ਕੋਈ ਆਧਾਰ ਹੀ ਨਹੀਂ ਸੀ, ਪਰ ਫਿਰ ਵੀ ਅਪੀਲ ਕਰਤਾ ਨੂੰ ਹੇਠਲੀਆਂ ਅਦਾਲਤਾਂ ਦੇ ਫੈਸਲਿਆਂ ਕਾਰਨ ਏਨੇ ਸਾਲ ਹਿਰਾਸਤ 'ਚ ਰੱਖਿਆ ਗਿਆ। ਜਸਟਿਸ ਵਿਕਰਮ ਨਾਥ, ਜਸਟਿਸ ਸੰਜੇ ਕਰੋਲ ਤੇ ਜਸਟਿਸ ਸੰਦੀਪ ਮਹਿਤਾ ਦੀ ਬੈਂਚ ਨੇ 77 ਸਫਿਆਂ ਦੇ ਫੈਸਲੇ ਵਿੱਚ ਜਿਹੜੀ ਇੱਕ ਹੋਰ ਗੱਲ 'ਤੇ ਜ਼ੋਰ ਦਿੱਤਾ ਹੈ, ਉਹ ਬਹੁਤ ਅਹਿਮ ਹੈ। ਬੈਂਚ ਨੇ ਕਿਹਾ ਹੈ ਕਿ ਭਾਰਤ ਵਿੱਚ ਗਲਤ ਢੰਗ ਨਾਲ ਜੇਲ੍ਹਾਂ ਵਿੱਚ ਰੱਖੇ ਜਾਣ ਵਾਲੇ ਪੀੜਤਾਂ ਨੂੰ ਮੁਆਵਜ਼ਾ ਦੇਣ ਲਈ ਕੋਈ ਕਾਨੂੰਨ ਨਹੀਂ, ਜਦਕਿ ਅਮਰੀਕਾ ਵਰਗੇ ਦੇਸ਼ਾਂ ਵਿੱਚ ਅਜਿਹੀ ਵਿਵਸਥਾ ਹੈ। ਗਲਤ ਤਰੀਕੇ ਨਾਲ ਦੋਸ਼ੀ ਠਹਿਰਾਏ ਗਏ ਵਿਅਕਤੀ ਨੂੰ ਲੰਮੇ ਸਮੇਂ ਤੱਕ ਹਿਰਾਸਤ ਵਿੱਚ ਰੱਖਣਾ ਉਸ ਦੇ ਜੀਵਨ ਤੇ ਨਿੱਜੀ ਆਜ਼ਾਦੀ ਦੇ ਅਧਿਕਾਰ ਦੀ ਉਲੰਘਣਾ ਹੈ, ਜਿਸ ਲਈ ਉਸ ਨੂੰ ਮੁਆਵਜ਼ਾ ਦਿੱਤਾ ਜਾਣਾ ਚਾਹੀਦਾ ਹੈ।

ਇਹ ਪਹਿਲੀ ਵਾਰ ਨਹੀਂ ਕਿ ਸੁਪਰੀਮ ਕੋਰਟ ਨੇ ਅਜਿਹੇ ਮਾਮਲਿਆਂ ਵਿੱਚ ਮੁਆਵਜ਼ੇ 'ਤੇ ਜ਼ੋਰ ਦਿੱਤਾ ਹੈ, ਉਸ ਨੇ 1983 ਵਿੱਚ ਰੁਦਲ ਸਾਹ ਬਨਾਮ ਬਿਹਾਰ ਸਰਕਾਰ ਦੇ ਮਾਮਲੇ ਵਿੱਚ ਬਿਹਾਰ ਸਰਕਾਰ ਨੂੰ 30 ਹਜ਼ਾਰ ਰੁਪਏ ਦਾ ਮੁਆਵਜ਼ਾ ਦੇਣ ਦਾ ਆਦੇਸ਼ ਦਿੱਤਾ ਸੀ। ਸਾਹ ਨੂੰ 1968 ਵਿੱਚ ਬਰੀ ਹੋਣ ਦੇ ਬਾਵਜੂਦ 14 ਸਾਲ ਤੱਕ ਜੇਲ੍ਹ ਵਿੱਚ ਰੱਖਿਆ ਗਿਆ ਸੀ। ਇਸੇ ਤਰ੍ਹਾਂ ਨੰਬੀ ਨਾਰਾਇਣਨ ਬਨਾਮ ਕੇਰਲਾ ਸਰਕਾਰ ਦੇ ਮਾਮਲੇ ਵਿੱਚ 24 ਸਾਲ ਦੀ ਕਾਨੂੰਨੀ ਲੜਾਈ ਦੇ ਮਾਮਲੇ ਵਿੱਚ ਕੇਰਲਾ ਸਰਕਾਰ ਨੂੰ 50 ਲੱਖ ਰੁਪਏ ਦਾ ਮੁਆਵਜ਼ਾ ਦੇਣ ਦਾ ਨਿਰਦੇਸ਼ ਦਿੱਤਾ ਸੀ। ਇਸਰੋ ਵਿਗਿਆਨੀ ਨੰਬੀ ਨਾਰਾਇਣਨ ਨੂੰ 1994 ਵਿੱਚ ਜਾਸੂਸੀ ਦੇ ਝੂਠੇ ਮਾਮਲੇ ਵਿੱਚ ਗ੍ਰਿਫਤਾਰ ਕੀਤਾ ਗਿਆ ਸੀ।

ਗਲਤ ਢੰਗ ਨਾਲ ਜੇਲ੍ਹ ਵਿੱਚ ਰੱਖਣਾ ਨਾ ਸਿਰਫ ਵਿਅਕਤੀ ਦੇ ਜੀਵਨ ਨੂੰ ਪ੍ਰਭਾਵਤ ਕਰਦਾ ਹੈ, ਸਗੋਂ ਉਸ ਦੇ ਪਰਵਾਰ ਨੂੰ ਸਮਾਜੀ ਕਲੰਕ, ਮਾਨਸਕ ਧੱਕੇ ਤੇ ਆਰਥਕ ਨੁਕਸਾਨ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਲਾਅ ਕਮਿਸ਼ਨ ਨੇ 2018 ਵਿੱਚ ਆਪਣੀ 277ਵੀਂ ਰਿਪੋਰਟ ਵਿੱਚ ਸਿਫਾਰਸ਼ ਕੀਤੀ ਸੀ ਕਿ ਗਲਤ ਮੁਕੱਦਮਿਆਂ ਦਾ ਸ਼ਿਕਾਰ ਲੋਕਾਂ ਦੇ ਮਾਮਲਿਆਂ ਵਿੱਚ ਵਿਸ਼ੇਸ਼ ਅਦਾਲਤਾਂ ਕਾਇਮ ਕੀਤੀਆਂ ਜਾਣ ਤੇ ਪੀੜਤਾਂ ਨੂੰ ਫੌਰੀ ਮੁਆਵਜ਼ਾ ਦਿੱਤਾ ਜਾਵੇ। ਉਸ ਨੇ 25 ਹਜ਼ਾਰ ਤੋਂ 50 ਹਜ਼ਾਰ ਰੁਪਏ ਤੱਕ ਦੇ ਅੰਤਰਮ ਮੁਆਵਜ਼ੇ ਅਤੇ ਸੰਪਤੀ, ਸਿਹਤ, ਮੌਕਿਆਂ ਤੇ ਪਰਵਾਰਕ ਜੀਵਨ ਦੇ ਨੁਕਸਾਨ ਦੇ ਆਧਾਰ 'ਤੇ ਅੰਤਮ ਮੁਆਵਜ਼ੇ ਦੀ ਸਿਫਾਰਸ਼ ਕੀਤੀ ਸੀ। ਹਾਲਾਂਕਿ ਸੰਸਦ ਨੇ ਅਜੇ ਤੱਕ ਇਨ੍ਹਾਂ ਸਿਫਾਰਸ਼ਾਂ ਨੂੰ ਲਾਗੂ ਕਰਨ ਲਈ ਕੋਈ ਕਦਮ ਨਹੀਂ ਚੁੱਕਿਆ।

ਭਾਰਤ ਵਿੱਚ ਗਲਤ ਮੁਕੱਦਮੇ ਅਕਸਰ ਸਿਆਸੀ ਜਾਂ ਸਮਾਜੀ ਕਾਰਨਾਂ ਨਾਲ ਪ੍ਰੇਰਤ ਹੁੰਦੇ ਹਨ, ਜਿਵੇਂ ਦਹਿਸ਼ਤਗਰਦ ਵਿਰੋਧੀ ਮੁਹਿੰਮਾਂ ਵਿੱਚ ਮੁਸਲਿਮ ਨੌਜਵਾਨਾਂ ਨੂੰ ਨਿਸ਼ਾਨਾ ਬਣਾਉਣਾ ਜਾਂ ਕੁਝ ਭਾਈਚਾਰਿਆਂ ਨੂੰ ਨਕਸਲੀ ਗਰਦਾਨਣਾ। ਇਨ੍ਹਾਂ ਮਾਮਲਿਆਂ ਵਿੱਚ ਦੋਸ਼ ਸਾਬਤ ਨਹੀਂ ਹੁੰਦੇ, ਪਰ ਪੀੜਤ ਵਰ੍ਹਿਆਂਬੱਧੀ ਜੇਲ੍ਹਾਂ ਵਿੱਚ ਸੜਦੇ ਰਹਿੰਦੇ ਹਨ। ਸਾਰੀਆਂ ਪਾਰਟੀਆਂ ਦੇ ਸੰਸਦ ਮੈਂਬਰਾਂ ਨੂੰ ਅਜਿਹੇ ਕਾਨੂੰਨ ਲਈ ਆਵਾਜ਼ ਬੁਲੰਦ ਕਰਨੀ ਚਾਹੀਦੀ ਹੈ ਅਤੇ ਮੁਆਵਜ਼ੇ ਦਾ ਅਧਿਕਾਰ ਸੰਵਿਧਾਨ ਦੇ ਆਰਟੀਕਲ 32 ਤਹਿਤ ਬੁਨਿਆਦੀ ਅਧਿਕਾਰ ਦੇ ਰੂਪ ਵਿੱਚ ਸ਼ਾਮਲ ਕਰਾਉਣਾ ਚਾਹੀਦਾ ਹੈ, ਤਾਂ ਕਿ ਪੀੜਤਾਂ ਨੂੰ ਤੁਰੰਤ ਰਾਹਤ ਮਿਲ ਸਕੇ। ਕੇਹੀ ਤ੍ਰਾਸਦੀ ਹੈ ਕਿ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਹੋਣ ਦਾ ਦਾਅਵਾ ਕਰਨ ਵਾਲਾ ਦੇਸ਼ ਅਜੇ ਤੱਕ ਅਜਿਹਾ ਕਾਨੂੰਨ ਨਹੀਂ ਬਣਾ ਸਕਿਆ।

# ਧਰਮ ਨਿਰਪੱਖ ਅਤੇ ਸਮਾਜਵਾਦ ਦਾ ਵਿਵਾਦ

**ਹਰਭਜਨ ਸਿੰਘ**

'ਧਰਮ ਨਿਰਪੱਖ' ਅਤੇ 'ਸਮਾਜਵਾਦ' ਸ਼ਬਦਾਂ ਨਾਲ ਭਾਜਪਾ ਅਤੇ ਆਰ ਐੱਸ ਐੱਸ ਨੂੰ ਬਹੁਤ ਜ਼ਿਆਦਾ ਨਫਰਤ ਹੈ। ਖਾਸ ਤੌਰ 'ਤੇ ਧਰਮ ਨਿਰਪੱਖ ਸ਼ਬਦ ਨਾਲ ਤਾਂ ਨਫਰਤ ਦੀ ਕੋਈ ਸੀਮਾ ਹੀ ਨਹੀਂ। ਇਸ ਦਾ ਇੱਕੋ ਇੱਕ ਕਾਰਨ ਹੈ ਕਿ ਇਹ ਸ਼ਬਦ ਭਾਜਪਾ ਆਰ ਐੱਸ ਐੱਸ ਦੇ ਹਿੰਦੂਤਵ ਏਜੰਡੇ ਦੇ ਰਾਹ ਦਾ ਰੋੜਾ ਹੈ। ਇਸ ਨੂੰ ਉਹ ਹਟਾ ਕੇ ਦੇਸ਼ ਦੇ ਜਮਹੂਰੀ ਧਰਮ ਨਿਰਪੱਖ ਰਾਜ ਨੂੰ ਹਿੰਦੂ ਰਾਸ਼ਟਰ ਵਿੱਚ ਤਬਦੀਲ ਕਰਨ ਲਈ ਅਤੇ ਹਿੰਦੂਤਵ ਏਜੰਡੇ ਨੂੰ ਰਾਜ ਦੀ ਵਿਚਾਰਧਾਰਾ ਬਣਾਉਣ ਵਾਸਤੇ ਬਹੁਤ ਹੀ ਯੋਜਨਾਬੱਧ ਤਰੀਕੇ ਨਾਲ ਕੰਮ ਕਰ ਰਹੀ ਹੈ। ਉਹ ਹਮੇਸ਼ਾ ਦੇਸ਼ ਦੇ ਧਰਮ ਨਿਰਪੱਖ ਤਾਣੇ-ਬਾਣੇ ਉੱਪਰ ਹਮਲਾ ਕਰਨ ਦੀ ਤਾਕ ਵਿੱਚ ਹੁੰਦੀ ਹੈ। ਉਹ ਇਸ ਉਦੇਸ਼ ਵਾਸਤੇ ਮਿਲੇ ਕਿਸੇ ਵੀ ਮੌਕੇ ਨੂੰ ਖੁੰਝਾਉਣਾ ਨਹੀਂ ਚਾਹੁੰਦੀ। ਐਮਰਜੈਂਸੀ ਦੀ 50ਵੀਂ ਵਰ੍ਹੇਗੰਢ ਦੇ ਅਵਸਰ ਨੂੰ ਭਾਜਪਾ, ਆਰ ਐੱਸ ਐੱਸ ਨੇ ਇਸ ਉਦੇਸ਼ ਲਈ ਹੀ ਵਰਤਿਆ ਹੈ ।

ਇਸ ਮੁੱਦੇ ਉੱਪਰ ਬਹਿਸ ਦਾ ਆਰੰਭ ਆਰ ਐੱਸ ਐੱਸ ਦੇ ਜਨਰਲ ਸਕੱਤਰ ਦੱਤਾ ਤ੍ਰੇਯਾ ਹੋਸਾਬਲੇ ਵੱਲੋਂ ਭਾਰਤੀ ਸੰਵਿਧਾਨ ਦੀ ਪ੍ਰਸਤਾਵਨਾ ਵਿੱਚੋਂ 'ਸਮਾਜਵਾਦ' ਅਤੇ 'ਧਰਮ ਨਿਰਪੱਖ' ਸ਼ਬਦਾਂ ਨੂੰ ਹਟਾਉਣ ਦੀ ਤਜਵੀਜ਼ ਨਾਲ ਕੀਤਾ ਗਿਆ। ਉਸ ਉਪਰੰਤ ਭਾਰਤ ਦੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ 1976 ਵਿੱਚ 42ਵੀਂ ਸੰਵਿਧਾਨਿਕ ਸੋਧ ਰਾਹੀਂ ਇਹਨਾਂ ਸ਼ਬਦਾਂ ਨੂੰ ਸੰਵਿਧਾਨ ਦੀ ਪ੍ਰਸਤਾਵਨਾ ਵਿੱਚ ਜੋੜਨ ਨੂੰ ਨਾਸੂਰ ਭਾਵ ਜ਼ਖਮ ਅਤੇ ਸਨਾਤਨ ਧਰਮ ਦੀ ਆਤਮਾ ਉੱਪਰ ਹਮਲਾ ਕਿਹਾ ਹੈ। ਉਹਨਾਂ ਕਿਹਾ ਹੈ ਕਿ ਇਹ ਸ਼ਬਦ ਮੂਲ ਸੰਵਿਧਾਨ ਵਿੱਚ ਨਹੀਂ ਸਨ। ਇਹ ਸ਼ਬਦ ਪੱਛਮੀ ਵਿਚਾਰਧਾਰਾ ਦੇ ਥੋਪੇ ਹੋਏ ਤੱਤ ਹਨ। ਅਸਾਮ ਦੇ ਮੁੱਖ ਮੰਤਰੀ ਹਿਮਾਂਤ ਬਿਸਵਾ ਸਰਮਾ ਨੇ ਕਿਹਾ ਕਿ ਇਹ ਸ਼ਬਦ ਭਾਰਤੀ ਸੰਸਕ੍ਰਿਤੀ ਦੇ ਵਿਰੁੱਧ ਹਨ। ਇਹਨਾਂ ਸ਼ਬਦਾਂ ਨੂੰ ਸੰਵਿਧਾਨ ਵਿੱਚੋਂ ਹਟਾਇਆ ਜਾਣਾ ਚਾਹੀਦਾ ਹੈ। ਜੇ ਪੀ ਨੱਡਾ ਨੇ ਕਿਹਾ ਕਿ ਕਾਂਗਰਸ ਵੱਲੋਂ 'ਧਰਮ ਨਿਰਪੱਖ' ਸ਼ਬਦ ਮੁਸਲਮਾਨਾਂ ਦੇ ਵੋਟ ਹਾਸਲ ਕਰਨ ਅਤੇ 'ਸਮਾਜਵਾਦ' ਸ਼ਬਦ ਖੱਬੇ ਪੱਖੀਆਂ ਨੂੰ ਖੁਸ਼ ਕਰਨ ਲਈ ਜੋੜੇ ਗਏ ਸਨ। ਇਹਨਾਂ ਆਗੂਆਂ ਦੇ ਬਿਆਨਾਂ ਉਪਰੰਤ ਯੂ ਪੀ ਦੇ ਮੁੱਖ ਮੰਤਰੀ ਆਦਿਤਿਆਨਾਥ ਯੋਗੀ ਤੋਂ ਲੈ ਕੇ ਹੇਠਾਂ ਤੱਕ ਦੇ ਸਾਰੇ ਭਾਜਪਾ ਲੀਡਰਾਂ ਨੇ ਸੰਵਿਧਾਨ ਵਿੱਚੋਂ ਧਰਮ ਨਿਰਪੱਖ ਅਤੇ ਸਮਾਜਵਾਦ ਸ਼ਬਦ ਨੂੰ ਬਾਹਰ ਕੱਢਣ ਦਾ ਰਾਗ ਹੀ ਅਲਾਪ ਦਿੱਤਾ ਹੈ। ਉਹ ਇਹ ਵੀ ਭੁੱਲ ਗਏ ਹਨ ਕਿ ਜਿਸ ਸੰਵਿਧਾਨ ਦੀ ਸਹੁੰ ਚੁੱਕ ਕੇ ਉਹ ਰਾਜ ਚਲਾ ਰਹੇ ਹਨ, ਇਹ ਉਸ ਦੇ ਹੀ ਵਿਪਰੀਤ ਹੈ। ਉਹਨਾਂ ਦੀਆਂ ਦਲੀਲਾਂ ਨੂੰ ਸੁਪਰੀਮ ਕੋਰਟ ਦੇ ਦੋ ਮਹੱਤਵਪੂਰਨ ਫੈਸਲਿਆਂ ਨੇ ਖਾਰਜ ਕੀਤਾ ਹੋਇਆ ਹੈ। ਸੁਪਰੀਮ ਕੋਰਟ ਨੇ ਆਪਣੇ 1973 ਦੇ ਕੇਸਵਾ ਨੰਦ ਭਾਰਤੀ ਫੈਸਲੇ ਵਿੱਚ ਸਪੱਸ਼ਟ ਕੀਤਾ ਹੋਇਆ ਹੈ ਕਿ ਧਰਮ ਨਿਰਪੱਖਤਾ ਭਾਰਤੀ ਸੰਵਿਧਾਨ ਦਾ ਮੂਲ ਢਾਂਚਾ ਹੈ। ਸੰਵਿਧਾਨ ਦੇ ਮੂਲ ਢਾਂਚੇ ਨੂੰ ਸੰਸਦ ਵੀ ਨਹੀਂ ਬਦਲ ਸਕਦੀ। ਸੁਪਰੀਮ ਕੋਰਟ ਨੇ 1994 ਵਿੱਚ ਐੱਸ ਆਰ ਬੋਮਈ ਨਾਲ ਜਾਣੇ ਕੇਸ ਵਿੱਚ ਸਪੱਸ਼ਟ ਫੈਸਲਾ ਦਿੱਤਾ ਹੋਇਆ ਹੈ ਕਿ ਜੇਕਰ ਕੋਈ ਰਾਜ ਸਰਕਾਰ ਧਰਮ ਨਿਰਪੱਖਤਾ ਵਿਰੁੱਧ ਕੰਮ ਕਰਦੀ ਹੈ ਤਾਂ ਇਹ ਭਾਰਤ ਦੇ ਸੰਵਿਧਾਨ ਵਿਰੁੱਧ ਹੋਵੇਗਾ। ਸਮਾਜਵਾਦ ਸ਼ਬਦ ਬਾਰੇ ਵੀ ਸੁਪਰੀਮ ਕੋਰਟ ਨੇ 1980 ਦੇ ਇੱਕ ਫੈਸਲੇ ਰਾਹੀਂ ਕਿਹਾ ਹੈ ਕਿ ਸਮਾਜਵਾਦ ਰਾਜ ਦੇ ਨਿਰਦੇਸ਼ਕ ਸਿਧਾਂਤਾਂ ਵਿੱਚ ਸਮਾਇਆ ਹੋਇਆ ਹੈ। ਸੁਪਰੀਮ ਕੋਰਟ ਦੇ ਇਹਨਾਂ ਫੈਸਲਿਆਂ ਤੋਂ ਵੀ ਇਹ ਭਲੀਭਾਂਤ ਪਤਾ ਲੱਗਦਾ ਹੈ ਕਿ ਇਹਨਾਂ ਸ਼ਬਦਾਂ ਨੂੰ ਸੰਵਿਧਾਨ ਦੀ ਪ੍ਰਸਤਾਵਨਾ ਵਿੱਚ ਇੱਕ ਸੰਵਿਧਾਨਿਕ ਸੋਧ ਰਾਹੀਂ ਸ਼ਾਮਲ ਕਰਨ ਨਾਲ ਸੰਵਿਧਾਨ ਦੇ ਮੂਲ ਢਾਂਚੇ ਵਿੱਚ ਕੋਈ ਤਬਦੀਲੀ ਨਹੀਂ ਕੀਤੀ ਗਈ। ਇਹਨਾਂ ਸ਼ਬਦਾਂ ਦੀ ਭਾਵਨਾ ਸੰਵਿਧਾਨ ਦੀਆਂ ਵੱਖ-ਵੱਖ ਧਾਰਾਵਾਂ ਵਿੱਚ ਪਹਿਲਾਂ ਹੀ ਮੌਜੂਦ ਹੈ। ਇਹਨਾਂ ਦੋਹਾਂ ਸ਼ਬਦਾਂ ਦਾ ਸੰਵਿਧਾਨ ਦੀ ਪ੍ਰਸਤਾਵਨਾ ਵਿੱਚ ਸ਼ਾਮਲ ਕਰਨ ਦਾ ਮੁਸਲਮਾਨਾਂ ਤੋਂ ਵੋਟ ਲੈਣ ਅਤੇ ਖੱਬੇ-ਪੱਖੀਆਂ ਨੂੰ ਖੁਸ਼ ਕਰਨ ਨਾਲ ਕੋਈ ਸਬੰਧ ਨਹੀਂ ਹੈ। ਆਰ ਐੱਸ ਐੱਸ ਭਾਜਪਾ ਇਸ ਤੋਂ ਵੀ ਅੱਗੇ ਜਾਣਾ ਚਾਹੁੰਦੇ ਹਨ। ਇਹ ਪੂਰੇ ਦਾ ਪੂਰਾ ਸੰਵਿਧਾਨ ਹੀ ਬਦਲਣਾ ਚਾਹੁੰਦੇ ਹਨ। ਸੰਵਿਧਾਨ ਬਣਨ ਦੇ ਦਿਨ ਤੋਂ ਹੀ ਸਾਡਾ ਸੰਵਿਧਾਨ ਆਰ ਐੱਸ ਐੱਸ ਦੀ ਪਸੰਦ ਦਾ ਨਹੀਂ ਹੈ ਸੰਵਿਧਾਨ ਬਣਨ ਸਮੇਂ ਇਹਨਾਂ ਨੇ ਸੰਵਿਧਾਨ ਦੀਆਂ ਕਾਪੀਆਂ ਸਾੜੀਆਂ ਸਨ। ਅੱਜ ਵੀ ਇਹਨਾਂ ਦਾ ਉਦੇਸ਼ ਸੰਵਿਧਾਨ ਤਬਦੀਲੀ ਦਾ ਹੈ, ਤਾਂ ਜੋ ਹਿੰਦੂਤਵ ਅਧੀਨ ਹਿੰਦੂ ਰਾਸ਼ਟਰ ਦੀ ਪ੍ਰਾਪਤੀ ਹੋ ਸਕੇ।

ਸੰਵਿਧਾਨ ਸਭਾ ਵਿੱਚ ਨਾਗਰਿਕਤਾ ਦੇ ਵਿਸ਼ੇ ਉੱਪਰ ਦੋ ਤਰ੍ਹਾਂ ਦੇ ਵਿਚਾਰ ਆਏ ਸਨ। ਇੱਕ ਵਿਚਾਰ ਸੀ ਜਨਮ ਸਥਾਨ ਨੂੰ ਆਧਾਰ ਬਣਾ ਕੇ ਨਾਗਰਿਕ ਦੇਣਾ ਅਤੇ ਦੂਜਾ ਵਿਚਾਰ ਸੀ ਧਰਮ, ਨਸਲ ਨੂੰ ਆਧਾਰ ਬਣਾ ਕੇ ਨਾਗਰਿਕਤਾ ਪ੍ਰਦਾਨ ਕੀਤੀ ਜਾਵੇ। ਸੰਵਿਧਾਨ ਸਭਾ ਨੇ ਜਨਮ ਸਥਾਨ ਦੇ ਅਧਾਰ 'ਤੇ ਨਾਗਰਿਕਤਾ ਦੇਣ ਦੇ ਆਧੁਨਿਕ ਦ੍ਰਿਸ਼ਟੀਕੋਣ ਨੂੰ ਹੀ ਪ੍ਰਵਾਨ ਕੀਤਾ। ਇਸੇ ਆਧਾਰ 'ਤੇ ਭਾਰਤੀ ਸੰਵਿਧਾਨ ਦੇ ਆਰਟੀਕਲ 5(ਏ) ਵਿੱਚ ਸਪੱਸ਼ਟ ਲਿਖਿਆ ਹੈ ਕਿ ਭਾਰਤ ਦੀ ਸੀਮਾ ਅੰਦਰ ਜਨਮਿਆ ਕੋਈ ਵੀ ਵਿਅਕਤੀ ਭਾਰਤੀ ਨਾਗਰਿਕ ਹੋਵੇਗਾ। ਇਸ ਤਰ੍ਹਾਂ ਮੌਜੂਦਾ ਰਾਸ਼ਟਰ ਇਸ ਦੇਸ਼ 'ਚ ਰਹਿਣ ਵਾਲੇ ਸਾਰੇ ਧਰਮਾਂ, ਨਸਲਾਂ, ਵਿਸ਼ਵਾਸਾਂ ਦੇ ਲੋਕਾਂ ਦੀ ਨਾਗਰਿਕਤਾ 'ਤੇ ਆਧਾਰਿਤ ਹੈ, ਪਰ ਹਿੰਦੂਤਵ ਅਧੀਨ ਬਣਿਆ ਹਿੰਦੂ ਰਾਸ਼ਟਰ ਕੇਵਲ ਹਿੰਦੂ ਧਰਮ ਅਧੀਨ ਨਾਗਰਿਕਤਾ ਅਧੀਨ ਬਣੇਗਾ। ਇਸ ਨੂੰ ਆਰ ਐੱਸ ਐੱਸ ਦੇ ਸਰਸੰਘਚਾਲਕ ਐੱਮ ਐੱਸ ਗੋਲਵਾਲਕਰ ਨੇ ਆਪਣੀ ਕਿਤਾਬ 'ਅਸੀਂ, ਜਾਂ ਸਾਡਾ ਰਾਸ਼ਟਰ' ਵਿੱਚ ਪਰਿਭਾਸ਼ਿਤ ਕੀਤਾ ਹੋਇਆ ਹੈ । "ਹਿੰਦੁਸਤਾਨ ਵਿੱਚ ਰਹਿਣ ਵਾਲੀਆਂ ਵਿਦੇਸ਼ੀ ਨਸਲਾਂ (ਮੁਸਲਮਾਨ, ਈਸਾਈ ਆਦਿ) ਨੂੰ ਜਾਂ ਤਾਂ ਹਿੰਦੂ ਸੱਭਿਆਚਾਰ ਅਤੇ ਭਾਸ਼ਾ ਨੂੰ ਅਪਣਾਉਣਾ ਪਵੇਗਾ, ਹਿੰਦੂ ਧਰਮ ਪ੍ਰਤੀ ਗਹਿਰੀ ਸ਼ਰਧਾ ਅਤੇ ਸਤਿਕਾਰ ਰੱਖਣਾ ਅਤੇ ਸਿੱਖਣਾ ਹੋਵੇਗਾ, ਉਨ੍ਹਾਂ ਨੂੰ ਹਿੰਦੂ ਨਸਲ ਅਤੇ ਹਿੰਦੂ ਸੱਭਿਆਚਾਰ ਦੀ ਵਡਿਆਈ ਤੋਂ ਬਿਨਾਂ ਕੋਈ ਵਿਚਾਰ ਨਹੀਂ ਰੱਖਣਾ ਹੋਵੇਗਾ। ਹਿੰਦੂ ਨਸਲ ਵਿੱਚ ਅਭੇਦ ਹੋਣ ਲਈ ਉਸ ਨੂੰ ਆਪਣੀ ਵੱਖਰੀ ਹੋਂਦ ਗਵਾਉਣੀ ਪਵੇਗੀ ਜਾਂ ਫਿਰ ਉਹ ਪੂਰੀ ਤਰ੍ਹਾਂ ਹਿੰਦੂ ਰਾਸ਼ਟਰ ਦੇ ਅਧੀਨ ਕੋਈ ਵੀ ਦਾਅਵਾ ਕਰਨ ਤੋਂ ਬਿਨਾਂ ਦੇਸ਼ ਵਿੱਚ ਰਹਿ ਸਕਦੇ ਹਨ । ਉਹ ਕਿਸੇ ਵੀ ਤਰਜੀਹੀ ਵਿਹਾਰ ਦੇ ਹੱਕਦਾਰ ਨਹੀਂ ਹੋਣਗੇ, ਇੱਥੋਂ ਤੱਕ ਕਿ ਉਹਨਾਂ ਨੂੰ ਨਾਗਰਿਕ ਅਧਿਕਾਰ ਵੀ ਨਹੀਂ ਹੋਵੇਗਾ।" ਇਸ ਦਾ ਅਰਥ ਹਿੰਦੂ ਧਰਮ ਅਧਾਰਤ ਰਾਸ਼ਟਰ ਤੋਂ ਬਿਨਾਂ ਕੁਝ ਵੀ ਨਹੀਂ ਹੈ। ਉਹਨਾਂ ਦੀ ਇਸ ਪਰਿਭਾਸ਼ਾ ਕਰਕੇ ਹੀ ਉਹ ਧਰਮ ਨਿਰਪੱਖਤਾ ਦੇ ਵਿਚਾਰ ਨੂੰ ਨਫਰਤ ਕਰਦੇ ਹਨ ਅਤੇ ਇਸ ਨੂੰ ਪੱਛਮੀ ਕਦਰਾਂ-ਕੀਮਤਾਂ ਉੱਪਰ ਅਧਾਰਤ ਦੱਸਦੇ ਹਨ।

ਪੱਛਮੀ ਸਿਧਾਂਤਾਂ ਅਨੁਸਾਰ ਧਰਮ ਨਿਰਪੱਖਤਾ ਦਾ ਅਰਥ ਧਰਮ ਅਤੇ ਰਾਜ ਦਾ ਆਪੋ ਵਿੱਚੀ ਪੂਰਨ ਵਖਰੇਵਾਂ ਹੈ । ਭਾਰਤ ਦੇ ਸੰਦਰਭ ਵਿੱਚ ਧਰਮ ਨਿਰਪੱਖਤਾ ਦਾ ਅਰਥ ਸਭ ਧਰਮਾਂ ਨੂੰ ਬਰਾਬਰ ਰੱਖਣਾ ਅਤੇ ਬਰਾਬਰ ਦਾ ਦਰਜਾ ਦੇਣਾ ਹੈ ਅਤੇ ਧਾਰਮਿਕ ਘੱਟ ਗਿਣਤੀਆਂ ਨੂੰ ਸੰਵਿਧਾਨ ਦੇ ਆਰਟੀਕਲ 29 ਅਤੇ 30 ਰਾਹੀਂ ਵਿਸ਼ੇਸ਼ ਮੌਲਿਕ ਅਧਿਕਾਰ ਵੀ ਦਿੱਤੇ ਗਏ ਹਨ। ਭਾਜਪਾ ਲਈ ਨਾ ਪੱਛਮੀ ਸਿਧਾਂਤਾਂ ਅਨੁਸਾਰ ਅਤੇ ਨਾ ਹੀ ਭਾਰਤੀ ਸੰਦਰਭ ਵਿੱਚ ਧਰਮ ਨਿਰਪੱਖ ਦੀ ਪਰਿਭਾਸ਼ਾ ਠੀਕ ਹੈ।

ਭਾਜਪਾ ਆਰ ਐੱਸ ਐੱਸ ਦੀ ਰਾਜਨੀਤਿਕ ਸੰਤਾਨ ਹੈ। ਭਾਜਪਾ ਆਰ ਐੱਸ ਐੱਸ ਦੇ ਹਿੰਦੂ ਰਾਸ਼ਟਰ ਦੇ ਏਜੰਡੇ ਨੂੰ ਲਾਗੂ ਕਰਨ ਵੱਲ ਕਦਮ-ਬ-ਕਦਮ ਅੱਗੇ ਵਧ ਰਹੀ ਹੈ। ਇਸੇ ਸੇਧ 'ਚ ਭਾਜਪਾ ਨਾਗਰਿਕਤਾ ਸੋਧ ਐਕਟ (311), ਰਾਸ਼ਟਰੀ ਨਾਗਰਿਕ ਰਜਿਸਟਰ ਰਾਹੀਂ ਨਾਗਰਿਕਤਾ ਨੂੰ ਧਰਮ ਨਾਲ ਜੋੜ ਕੇ ਕਰੋੜਾਂ ਲੋਕਾਂ ਦੀ ਨਾਗਰਿਕਤਾ ਦਾ ਹੱਕ ਖੋਹਣਾ ਚਾਹੁੰਦੀ ਹੈ। ਸੰਵਿਧਾਨ ਦੀ ਧਾਰਾ 370 ਤੋੜ ਕੇ ਜੰਮੂ ਕਸ਼ਮੀਰ ਦੇ ਲੋਕਾਂ ਤੋਂ ਅਧਿਕਾਰ ਖੋਹੇ ਗਏ ਹਨ। ਵਕਫ ਬੋਰਡ, ਅਯੁੱਧਿਆ 'ਚ ਮਸਜਿਦ ਦੀ ਥਾਂ ਮੰਦਰ ਬਣਾਉਣ, ਲਵ ਜਿਹਾਦ, ਵਾਰਾਨਸੀ ਗਿਆਨ ਵਾਪੀ ਮਸਜਿਦ ਅਤੇ ਮਥੁਰਾ 'ਚ ਈਦਗਾਹ ਦਾ ਕਾਨੂੰਨੀ ਵਿਵਾਦ ਖੜਾ ਕਰਨਾ ਵੀ ਇਹੋ ਕੁਝ ਦਰਸਾਉਂਦਾ ਹੈ। ਇੱਕ ਦੇਸ਼ ਇੱਕ ਚੋਣ, ਸੰਵਿਧਾਨ ਦੀ ਹਰ ਅਥਾਰਟੀ ਅਤੇ ਸੰਸਥਾ ਜਿਵੇਂ ਵਿਧਾਨ ਪਾਲਿਕਾ, ਨਿਆਂ ਪਾਲਕਾ, ਚੋਣ ਕਮਿਸ਼ਨ, ਸਿਵਲ ਸਰਵਿਸ, ਹਥਿਆਰਬੰਦ ਬਲਾਂ ਆਦਿ ਨੂੰ ਕਮਜ਼ੋਰ ਕਰਨ ਦੇ ਰਾਹੀਂ ਉਹ ਆਪਣੇ ਟੀਚੇ ਵੱਲ ਵਧਣਾ ਚਾਹੁੰਦੀ ਹੈ। ਸੰਘਵਾਦ ਨੂੰ ਕਮਜ਼ੋਰ ਕਰਨ ਲਈ ਰਾਜਪਾਲਾਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ।

ਲੋਕ ਸਭਾ ਦੀਆਂ ਚੋਣਾਂ ਵਿੱਚ 400 ਪਾਰ ਦਾ ਨਾਅਰਾ ਵੀ ਸੰਵਿਧਾਨ ਬਦਲਣ ਦੇ ਟੀਚੇ ਨੂੰ ਹਾਸਲ ਕਰਨ ਲਈ ਦਿੱਤਾ ਗਿਆ ਸੀ, ਜਿਸ ਨੂੰ ਭਾਰਤ ਦੇ ਸੂਝਵਾਨ ਲੋਕਾਂ ਨੇ ਸੰਵਿਧਾਨ ਬਚਾਓ ਦੇ ਨਾਅਰੇ ਹੇਠ ਭਾਜਪਾ ਨੂੰ ਕਰਾਰਾ ਜਵਾਬ ਦੇ ਕੇ 240 ਸੀਟਾਂ ਤੱਕ ਸੀਮਤ ਕਰ ਦਿੱਤਾ ਸੀ, ਤਾਂ ਵੀ ਉਹ ਆਪਣੇ ਸਹਿਯੋਗੀਆਂ ਨਾਲ ਸਰਕਾਰ ਚਲਾ ਰਹੀ ਹੈ। ਹਿੰਦੂਤਵ ਅਧੀਨ ਹਿੰਦੂ ਰਾਸ਼ਟਰ ਬਣਾਉਣ ਦੇ ਮਨੋਰਥ ਲਈ, ਉਹ ਸੰਵਿਧਾਨ ਬਦਲਣ ਲਈ, ਸੰਵਿਧਾਨ ਨੂੰ ਕਮਜ਼ੋਰ ਕਰਨ ਲਈ ਯਤਨਸ਼ੀਲ ਹੈ। ਉਸ ਨੇ ਆਪਣਾ ਏਜੰਡਾ ਨਹੀਂ ਛੱਡਿਆ। ਉਸ ਦੇ ਮਾੜੇ ਇਰਾਦਿਆਂ ਨੂੰ ਰੋਕਣ ਲਈ ਸਾਰੀਆਂ ਧਰਮ ਨਿਰਪੱਖ ਅਤੇ ਲੋਕਤੰਤਰ ਤਾਕਤਾਂ ਨੂੰ ਇੱਕਜੁੱਟ ਹੋ ਕੇ ਜਵਾਬ ਦੇਣਾ ਚਾਹੀਦਾ ਹੈ।

**# ਸੰਪਰਕ : 96460-01023**

# ਕੱਚ ਦੀਆਂ ਬੋਤਲਾਂ 'ਚ ਪਾਏ ਪਦਾਰਥ ਵੀ ਖ਼ਤਰੇ ਤੋਂ ਖਾਲੀ ਨਹੀਂ

ਲੰਮੇ ਸਮੇਂ ਤੋਂ ਕੱਚ ਦੀਆਂ ਬੋਤਲਾਂ ਨੂੰ ਪਲਾਸਟਿਕ ਦਾ ਇੱਕ ਸੁਰੱਖਿਅਤ ਵਿਕਲਪ ਮੰਨਿਆ ਜਾਂਦਾ ਰਿਹਾ ਹੈ । ਹਾਲਾਂਕਿ ਇੱਕ ਨਵੇਂ ਅਧਿਐਨ ਨੇ ਖੁਲਾਸਾ ਕੀਤਾ ਹੈ ਕਿ ਉਹ ਅਸਲ ਵਿੱਚ ਪੀਣ ਵਾਲੇ ਪਦਾਰਥਾਂ ਵਿੱਚ ਪੰਜਾਹ ਗੁਣਾ ਜ਼ਿਆਦਾ ਮਾਈਕ੍ਰੋਪਲਾਸਟਿਕ ਛੱਡਦੇ ਹਨ ।

ਫਰਾਂਸ ਦੀ ਭੋਜਨ ਸੁਰੱਖਿਆ ਏਜੰਸੀ ਏ ਐਨ ਐਸ ਈ ਸੀ (ANSES) ਦੁਆਰਾ ਕੀਤੇ ਗਏ ਅਧਿਐਨ ਤੋਂ ਪਤਾ ਚੱਲਦਾ ਹੈ ਕਿ ਭਾਵੇਂ ਮਾਈਕ੍ਰੋਪਲਾਸਟਿਕ ਸਾਰੇ ਪੀਣ ਵਾਲੇ ਪਦਾਰਥਾਂ ਵਿੱਚ ਮੌਜੂਦ ਹੁੰਦੇ ਹਨ, ਪਰ ਕੱਚ ਦੀਆਂ ਬੋਤਲਾਂ ਵਿੱਚ ਪੈਕ ਕੀਤੇ ਗਏ ਪਦਾਰਥਾਂ ਵਿੱਚ ਪਲਾਸਟਿਕ ਦੀਆਂ ਬੋਤਲਾਂ, ਡੱਬਿਆਂ ਜਾਂ ਡੱਬਿਆਂ ਨਾਲੋਂ ਜ਼ਿਆਦਾ ਮਾਈਕ੍ਰੋਪਲਾਸਟਿਕ ਕਣ ਹੁੰਦੇ ਹਨ।

ਇਹ ਖੁਲਾਸਾ ਪਹਿਲਾਂ ਅਣਦੇਖੇ ਗਏ ਪ੍ਰਦੂਸ਼ਣ ਦੇ ਸਰੋਤ ਨੂੰ ਉਜਾਗਰ ਕਰਦਾ ਹੈ ਅਤੇ ਮਾਈਕ੍ਰੋਪਲਾਸਟਿਕ ਪ੍ਰਦੂਸ਼ਣ ਦੀ ਗੁੰਝਲਦਾਰ ਪ੍ਰਕਿਰਤੀ ਨੂੰ ਉਜਾਗਰ ਕਰਦਾ ਹੈ। ਅਧਿਐਨ ਕੀਤੇ ਗਏ ਜ਼ਿਆਦਾਤਰ ਪੀਣ ਵਾਲੇ ਪਦਾਰਥਾਂ ਲਈ ਕੱਚ ਦੀਆਂ ਬੋਤਲਾਂ ਵਿੱਚ ਮਾਈਕ੍ਰੋਪਲਾਸਟਿਕ ਦਾ ਪੱਧਰ ਦੂਜੇ ਡੱਬਿਆਂ ਨਾਲੋਂ ਵੱਧ ਪਾਇਆ ਗਿਆ।

ਉਦਾਹਰਣ ਵਜੋਂ ਔਸਤਨ, ਕੋਲਾ, ਨਿੰਬੂ ਪਾਣੀ, ਆਈਸਡ ਚਾਹ ਅਤੇ ਬੀਅਰ ਦੀਆਂ ਕੱਚ ਦੀਆਂ ਬੋਤਲਾਂ ਵਿੱਚ ਪ੍ਰਤੀ ਲੀਟਰ ਲਗਭਗ 100 ਮਾਈਕ੍ਰੋਪਲਾਸਟਿਕ ਕਣ ਸਨ। ਇਹ ਗਿਣਤੀ ਪਲਾਸਟਿਕ ਦੀਆਂ ਬੋਤਲਾਂ ਅਤੇ ਡੱਬਿਆਂ ਵਿੱਚ ਪੰਜ ਤੋਂ 50 ਗੁਣਾ ਘੱਟ ਸੀ।



ਸੁਰਜੀਤ ਸਿੰਘ ਫਲੋਰਾ

ਇਸ ਦੇ ਨਾਲ ਹੀ ਰਿਪੋਰਟ ਦੇ ਅਨੁਸਾਰ ਖੋਜਕਰਤਾਵਾਂ ਨੇ ਕੱਚ ਦੀਆਂ ਬੋਤਲਾਂ ਦੇ ਢੱਕਣਾਂ 'ਤੇ ਵਰਤੇ ਗਏ ਪੇਂਟ ਤੋਂ ਗੰਦਗੀ ਦੇ ਅਣਕਿਆਸੇ ਸਰੋਤ ਦਾ ਪਤਾ ਲਗਾਇਆ। ਸਮੇਂ ਦੇ ਨਾਲ ਢੱਕਣ ਤੇ ਰੰਗ ਕੀਤੀ ਪਰਤ ਵਿਗੜ ਜਾਂਦੀ ਹੈ ਅਤੇ ਸਟੋਰੇਜ ਅਤੇ ਟ੍ਰਾਂਸਪੋਰਟ ਦੌਰਾਨ ਛੋਟੇ ਪਲਾਸਟਿਕ ਕਣਾਂ ਨੂੰ ਤਰਲ ਵਿੱਚ ਛੱਡ ਦਿੰਦੀ ਹੈ।

ਦੂਜਾ, ਸੂਖਮ ਵਿਸ਼ਲੇਸ਼ਣ ਨੇ ਢੱਕਣ ਤੇ ਛੋਟੇ-ਛੋਟੇ ਖੁਰਚਰਣ ਦਾ ਖੁਲਾਸਾ ਕੀਤਾ। ਨੰਗੀ ਅੱਖ ਨੂੰ ਅਦਿੱਖ - ਸੰਭਾਵਤ ਤੌਰ 'ਤੇ ਸਟੋਰੇਜ ਦੌਰਾਨ ਕੈਂਪਸ ਇੱਕ-ਦੂਜੇ ਦੇ ਵਿਰੁੱਧ ਰਗੜਨ ਤੇ ਇਹ ਰੰਗ ਪੀਣ ਵਾਲੇ ਪਦਾਰਥਾਂ ਵਿਚ ਮਿਲ ਜਾਂਦਾ ਹੈ, ਜੋ ਸਿਹਤ ਲਈ ਹਾਨੀਕਾਰਕ ਸਾਬਿਤ ਹੁੰਦਾ ਹੈ। ਏ ਐਨ ਐਸ ਈ ਸੀ ਦਾ ਕਹਿਣਾ ਹੈ ਕਿ ਜਦੋਂ ਉਹ ਇਹ ਖੋਜ ਕਰ ਰਹੇ ਸਨ ਤਾਂ ਉਹਨਾਂ ਨੂੰ ਉਲਟ ਨਤੀਜੇ ਦੀ ਉਮੀਦ ਸੀ, ਪਰ ਇਸਦੀ ਬਜਾਏ ਉਨ੍ਹਾਂ ਨੇ ਪਾਇਆ ਕਿ ਕੱਚ ਦੀਆਂ ਬੋਤਲਾਂ ਮਾਈਕ੍ਰੋਪਲਾਸਟਿਕਸ ਦਾ ਇੱਕ ਵੱਡਾ ਸਰੋਤ ਹਨ, ਜੋ ਉਹਨਾਂ ਕਦੇ ਸੋਚਿਆ ਵੀ ਨਹੀਂ ਸੀ।

ਟੈਸਟ ਕੀਤੇ ਗਏ ਪੀਣ ਵਾਲੇ ਪਦਾਰਥਾਂ ਵਿੱਚੋਂ ਬੀਅਰ ਸਭ ਤੋਂ ਵੱਧ ਦੂਸ਼ਿਤ ਸੀ, ਪ੍ਰਤੀ ਲੀਟਰ ਔਸਤਨ 60 ਮਾਈਕ੍ਰੋਪਲਾਸਟਿਕ ਕਣ ਸਨ। ਨਿੰਬੂ ਪਾਣੀ 40 ਕਣ ਪ੍ਰਤੀ ਲੀਟਰ 'ਤੇ ਨੇੜਿਓਂ ਦੇਖਿਆ, ਜਦੋਂ ਕਿ ਹੋਰ ਸਾਫਟ ਡਰਿੰਕਸ ਲਗਭਗ 30 ਦਿਖਾਏ।ਮਾਈਕ੍ਰੋਪਲਾਸਟਿਕ ਦੇ ਪੱਧਰ ਪੀਣ ਵਾਲੇ ਪਦਾਰਥਾਂ ਵਿਚਕਾਰ ਕਿਉਂ ਵੱਖਰੇ ਹੁੰਦੇ ਹਨ, ਇਸ ਦਾ ਕਾਰਨ ਅਜੇ ਲੱਭਣਾ ਬਾਕੀ ਹੈ, ਜਿਵੇਂ ਕਿ ਇਹ ਨਿਰਧਾਰਤ ਕਰਨਾ ਅਜੇ ਸੰਭਵ ਨਹੀਂ ਹੈ ਕਿ ਕੀ ਇਹ ਪੱਧਰ ਸਿਹਤ ਲਈ ਜੋਖਮ ਪੈਦਾ ਕਰਦੇ ਹਨ।

ਕੱਚ ਦੀਆਂ ਬੋਤਲਾਂ ਵਿੱਚ ਪੀਣ ਵਾਲੇ ਪਦਾਰਥ ਕਿਵੇਂ ਦੂਸ਼ਿਤ ਹੁੰਦੇ ਹਨ ਅਤੇ ਮਾਈਕ੍ਰੋਪਲਾਸਟਿਕ ਦੇ ਪੱਧਰ ਨੂੰ ਘਟਾਉਣ ਦੇ ਤਰੀਕਿਆਂ ਦੀ ਪੜਚੋਲ ਕਰਨ ਲਈ ਖੋਜ ਟੀਮ ਨੇ ਵੱਖ-ਵੱਖ ਸਫਾਈ ਤਰੀਕਿਆਂ ਦੇ ਪ੍ਰਭਾਵ ਦੀ ਜਾਂਚ ਕੀਤੀ ਹੈ।ਉਨ੍ਹਾਂ ਤਿੰਨ ਦ੍ਰਿਸ਼ਾਂ ਦੀ ਜਾਂਚ ਕੀਤੀ: ਪਹਿਲਾਂ ਉਨ੍ਹਾਂ ਨੇ ਬੋਤਲਾਂ ਨੂੰ ਸਾਫ਼ ਕੀਤਾ ਅਤੇ ਉਨ੍ਹਾਂ ਨੂੰ ਫਿਲਟਰ ਕੀਤੇ ਪਾਣੀ ਨਾਲ ਭਰਿਆ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਕੋਈ ਮਾਈਕ੍ਰੋਪਲਾਸਟਿਕ ਮੌਜੂਦ ਨਹੀਂ ਸੀ, ਫਿਰ ਉਨ੍ਹਾਂ ਨੂੰ ਅਣ-ਪ੍ਰਮਾਣਿਤ ਕੈਪਾਂ ਨਾਲ ਸੀਲ ਕਰ ਦਿੱਤਾ। ਉਨ੍ਹਾਂ ਏਅਰ ਬਲੋਅਰ ਨਾਲ ਕੈਪਾਂ 'ਤੇ ਹਵਾ ਉਡਾਉਣ ਦੇ ਪ੍ਰਭਾਵ ਦੀ ਜਾਂਚ ਕੀਤੀ ਅਤੇ ਅੰਤ ਵਿੱਚ ਉਨ੍ਹਾਂ ਬੋਤਲਾਂ ਨੂੰ ਸੀਲ ਕਰਨ ਤੋਂ ਪਹਿਲਾਂ ਫਿਲਟਰ ਕੀਤੇ ਪਾਣੀ ਅਤੇ ਅਲਕੋਹਲ ਵਿੱਚ ਢੱਕਣਾਂ ਨੂੰ ਸਾਫ ਕੀਤਾ ਗਿਆ।

ਨਤੀਜੇ ਹੈਰਾਨ ਕਰਨ ਵਾਲੇ ਸਨ । ਗੰਦੇ ਢੱਕਣਾਂ ਨਾਲ ਸੀਲ ਕੀਤੀਆਂ ਬੋਤਲਾਂ ਵਿੱਚ ਔਸਤਨ 287 ਕਣ ਪ੍ਰਤੀ ਲੀਟਰ ਸਨ।ਇਹ ਗਿਣਤੀ ਕਾਫ਼ੀ ਘਟ ਕੇ 106 ਕਣ ਪ੍ਰਤੀ ਲੀਟਰ ਹੋ ਗਈ। ਜਦੋਂ ਵਰਤੋਂ ਤੋਂ ਪਹਿਲਾਂ ਢੱਕਣਾਂ ਨੂੰ ਹਵਾ ਵਿਚ ਰੱਖ ਕੇ ਸਾਫ ਕਰਕੇ ਲਗਾਇਆ ਗਿਆ ਅਤੇ ਹੋਰ ਵੀ ਘਟ ਕੇ 87 ਕਣ ਪ੍ਰਤੀ ਲੀਟਰ ਹੋ ਗਿਆ, ਜਦੋਂ ਢੱਕਣਾਂ ਨੂੰ ਅਲਕੋਹਲ ਨਾਲ ਧੋਤਾ ਗਿਆ।

ਨਵੇਂ ਢੱਕਣਾਂ ਅਤੇ ਪਾਣੀ ਨਾਲ ਭਰੀਆਂ ਸਾਫ਼ ਬੋਤਲਾਂ ਦੇ ਨਾਲ ਇਨਕੈਪਸੂਲੇਸ਼ਨ ਪ੍ਰਯੋਗਾਂ ਨੇ ਪਾਣੀ ਵਿੱਚ ਢੱਕਣ ਦੇ ਰੰਗ ਦੇ ਸਮਾਨ ਮਾਈਕ੍ਰੋਪਲਾਸਟਿਕਸ ਦੀ ਮੌਜੂਦਗੀ ਦਾ ਖੁਲਾਸਾ ਕੀਤਾ। ਇਹਨਾਂ ਨਤੀਜਿਆਂ ਨੇ ਦਿਖਾਇਆ ਕਿ ਢੱਕਣ 'ਤੇ ਕੀਤੇ ਰੰਗ ਬੋਤਲਾਂ ਵਿੱਚ ਮਾਈਕ੍ਰੋਪਲਾਸਟਿਕਸ ਗੰਦਗੀ ਦਾ ਇੱਕ ਸਰੋਤ ਹਨ।

ਰਿਪੋਰਟ ਨੇ ਗੰਦਗੀ ਨੂੰ ਘਟਾਉਣ ਲਈ ਇੱਕ ਵਿਹਾਰਕ ਢੰਗ ਦੀ ਪਛਾਣ ਕੀਤੀ ਹੈ, ਢੱਕਣਾਂ ਨੂੰ ਸਾਫ਼ ਕਰਨਾ । ਹਵਾ ਉਡਾ ਕੇ ਅਤੇ ਪਾਣੀ ਅਤੇ ਅਲਕੋਹਲ ਦੇ ਮਿਸ਼ਰਣ ਨਾਲ ਢੱਕਣ ਨੂੰ ਸਾਫ ਕਰਕੇ ਮਾਈਕ੍ਰੋਪਲਾਸਟਿਕਸ ਦੇ ਪੱਧਰ ਨੂੰ 60 ਪ੍ਰਤੀਸ਼ਤ ਤੱਕ ਘਟਾਇਆ ਜਾ ਸਕਦਾ ਹੈ।ਇਹ ਸਧਾਰਨ ਦਖਲਅੰਦਾਜ਼ੀ ਪੀਣ ਵਾਲੇ ਪਦਾਰਥਾਂ 'ਚ ਦਾਖਲ ਹੋਣ ਵਾਲੇ ਮਾਈਕ੍ਰੋਪਲਾਸਟਿਕਸ ਦੀ ਗਿਣਤੀ ਨੂੰ ਕਾਫ਼ੀ ਘਟਾ ਸਕਦੀ ਹੈ। ਖਪਤਕਾਰਾਂ ਦੀ ਸੁਰੱਖਿਆ ਨੂੰ ਬਿਹਤਰ ਬਣਾਉਣ ਲਈ ਇੱਕ ਸਹੀ ਪਹੁੰਚ ਪੇਸ਼ ਕਰਦੀ ਹੈ।

ਨਿਰਮਾਤਾ ਕਾਰਵਾਈ ਦੀਆਂ ਹੋਰ ਲਾਈਨਾਂ ਦੀ ਵੀ ਪੜਚੋਲ ਕਰ ਸਕਦੇ ਹਨ, ਜਿਵੇਂ ਕਿ ਵਰਤੋਂ ਤੋਂ ਪਹਿਲਾਂ ਕੈਪਸ ਨੂੰ ਸਟੋਰ ਕਰਨ ਵਾਲੀਆਂ ਸਥਿਤੀਆਂ ਨੂੰ ਬਦਲਣਾ, ਰਗੜ ਤੋਂ ਬਚਣ ਲਈ ਜਾਂ ਢੱਕਣ 'ਤੇ ਵਰਤੇ ਗਏ ਪੇਂਟ ਕਰਨ ਦੇ ਤਰੀਕੇ ਨੂੰ ਬਦਲ ਸਕਦੀ ਹੈ।

# ਬੇਰੁਜ਼ਗਾਰੀ ਸਮਾਜਿਕ ਕੁਰੀਤੀਆਂ ਤੇ ਸਮੱਸਿਆਵਾਂ ਦੀ ਮੂਲ ਜੜ੍ਹ

**ਜੀਤ ਕੁਮਾਰ ਕੰਬੋਜ**

ਜੀਵਨ ਬਸਰ ਕਰਨ ਦੀਆਂ ਬੁਨਿਆਦੀ ਜਰੂਰਤਾਂ 'ਤੇ ਬਣੀ ਹਿੰਦੀ ਫਿਲਮ ਰੋਟੀ, ਕੱਪੜਾ ਔਰ ਮਕਾਨ ਦਾ ਗੀਤ 'ਤੇਰੀ ਦੋ ਟਕਿਆਂ ਦੀ ਨੌਕਰੀ ਵੇ ਮੇਰਾ ਲਾਖੋਂ ਕਾ ਸਾਵਣ ਜਾਏ' ਬੇਰੁਜ਼ਗਾਰੀ 'ਤੇ ਸੱਟ ਮਾਰਦੀ ਹੈ। ਨੌਜਵਾਨੀ ਆਪਣੇ ਸਕੂਲ ਕਾਲਜ ਦਿਨਾਂ ਦੌਰਾਨ ਉੱਚੀਆਂ ਉਡਾਰੀਆਂ ਮਾਰਨ ਦੇ ਸੁਪਨੇ ਬੁਣਦੀ ਹੈ ਪਰ ਸਕੂਲ, ਕਾਲਜ ਤੋਂ ਨਿਕਲਦੇ ਹੀ ਉਹਨਾਂ ਦੇ ਸੁਪਨੇ ਟਕਿਆਂ ਦੀ ਨੌਕਰੀ ਲਈ ਹੌਲੀ ਹੌਲੀ ਚੂਰ ਚੂਰ ਹੋ ਜਾਂਦੇ ਹਨ । ਉੱਚੀਆਂ ਉਡਾਰੀਆਂ ਮਾਰਨ ਦੀ ਲੋਚਨਾ ਕੁਝ ਵੀ ਕਰਨ ਨੂੰ ਮਜਬੂਰ ਹੋ ਜਾਂਦੀ ਹੈ, ਜਦੋਂ ਕੋਈ ਉਸ ਨੂੰ ਕੋਈ ਕੰਮ ਨਹੀਂ ਮਿਲਦਾ। ਨੌਕਰੀ ਨਾ ਮਿਲਣ ਕਰਕੇ 'ਤੇਰੀ ਰਾਹੋਂ ਮੇਂ ਖੜੇ ਹੈਂ ਦਿਲ ਥਾਮ ਕੇ' ਦੀ ਨਿਰਾਸ਼ਾ ਚਿਹਰਿਆਂ 'ਤੇ ਝਲਕਣ ਲੱਗਦੀ ਹੈ । ਸਰਕਾਰੀ ਤੰਤਰ ਅਤੇ ਗਲੇ ਸੜੇ ਸਿਸਟਮ ਅੱਗੇ 'ਅਰੇ ਯਾਰੋ ਮੁਝੇ ਸੰਭਾਲੋ' ਦੇ ਤਰਲੇ ਪਾਉਂਦੀ ਨੌਜਵਾਨੀ ਸਰਕਾਰ ਦੁਆਰਾ ਪੁਲਸੀਆ ਤੰਤਰ ਹਵਾਲੇ ਕਰ ਦਿੱਤੀ ਜਾਂਦੀ ਹੈ, ਜਦੋਂ ਕੰਮ ਨਾ ਮਿਲਣ ਕਰਕੇ ਬੇਰੋਜ਼ਗਾਰ ਜਵਾਨੀ ਧਰਨੇ-ਮੁਜ਼ਾਹਰੇ ਕਰਨ ਲੱਗਦੀ ਹੈ।

ਬਿਨਾਂ ਸ਼ੱਕ ਬੇਰੁਜ਼ਗਾਰੀ ਦੀ ਸਮੱਸਿਆ ਦਿਨੋਂ-ਦਿਨ ਵਿਕਰਾਲ ਰੂਪ ਧਾਰਨ ਕਰ ਰਹੀ ਹੈ। ਇੱਥੇ ਮੈਂ ਬੇਰੁਜ਼ਗਾਰੀ ਦੇ ਅੰਕੜਿਆਂ ਦੀ ਗਿਣਤੀ-ਮਿਣਤੀ ਵਿੱਚ ਨਹੀਂ ਜਾਵਾਂਗਾ। ਦੇਸ਼ ਦੀ ਵੱਡੀ ਤਾਦਾਦ ਵਿੱਚ ਨੌਜਵਾਨੀ ਕੰਮ ਕਰਨਾ ਚਾਹੁੰਦੀ ਹੈ, ਪਰ ਉਸ ਨੂੰ ਕੰਮ ਨਹੀਂ ਮਿਲ ਰਿਹਾ। ਵਿਸਵ ਬੈਂਕ ਦੇ ਸਾਬਕਾ ਅਰਥ ਸ਼ਾਸਤਰੀ ਕੌਸ਼ਿਕ ਬਾਸੂ ਦਾ ਕਹਿਣਾ ਹੈ ਕਿ ਇਸ ਵਕਤ ਭਾਰਤ ਦੀ ਸਭ ਤੋਂ ਵੱਡੀ ਸਮੱਸਿਆ ਬੇਰੁਜ਼ਗਾਰੀ ਹੈ ਅਤੇ ਇਹ ਸਮੱਸਿਆ ਦੁਨੀਆ ਭਰ ਵਿੱਚੋਂ ਸਭ ਨਾਲੋਂ ਵੱਧ ਭਾਰਤ ਵਿੱਚ ਹੈ। ਰਾਜ ਕਰਦੀਆਂ ਰਹੀਆਂ ਅਤੇ ਕਰ ਰਹੀਆਂ ਸਰਕਾਰਾਂ ਨੂੰ ਗੱਦੀ ਪੱਕੀ ਕਰਨ ਤੋਂ ਸਿਵਾਏ ਕੁਝ ਨਹੀਂ ਦਿਸਦਾ ਅਤੇ ਰਾਜ ਕਰਨ ਨੂੰ ਹੀ ਆਪਣੀ ਪ੍ਰਾਪਤੀ ਦੱਸਦੀਆਂ ਹਨ। ਰੁਜ਼ਗਾਰ ਨਾ ਮਿਲਣ ਕਰਕੇ ਹਾਲਾਤ ਏਨੇ ਮਾੜੇ ਹਨ ਕਿ ਨੌਜਵਾਨੀ ਨੂੰ ਚੰਗੇ ਭਵਿੱਖ ਦੀ ਕੋਈ ਉਮੀਦ ਵਿਖਾਈ ਨਹੀਂ ਦੇ ਰਹੀ ਅਤੇ ਪੜ੍ਹ-ਲਿਖ ਕੇ ਉਹਨਾਂ ਨੂੰ ਯੋਗਤਾ ਅਨੁਸਾਰ ਯੋਗ ਕੰਮ ਨਹੀਂ ਮਿਲਦਾ। ਵੱਡੀਆਂ ਡਿਗਰੀਆਂ ਤੇ ਯੋਗਤਾ ਦੇ ਸਰਟੀਫਕੇਟ ਚੁੱਕੀ ਫਿਰਦੀ ਨੌਜਵਾਨੀ ਨੂੰ ਥਾਂ-ਥਾਂ ਦੁਰਕਾਰਿਆ ਜਾ ਰਿਹਾ ਹੈ । ਇਸੇ ਕਰਕੇ ਉਹ ਵਿਦੇਸ਼ਾਂ ਨੂੰ ਭੱਜ ਰਹੇ ਹਨ ਸਰਕਾਰਾਂ ਦਾ ਇਸ ਪਾਸੇ ਵੱਲ ਕੋਈ ਧਿਆਨ ਨਹੀਂ ਅਤੇ ਵਧੀ ਬੇਰੁਜ਼ਗਾਰੀ ਕਾਰਨ ਨੌਜਵਾਨੀ ਵਿੱਚ ਲੱਖਾਂ ਰੁਪਏ ਲਗਾ ਕੇ ਬਾਹਰ ਜਾਣ ਦੀ ਚਾਹਤ ਵਧਾ ਦਿੱਤੀ ਹੈ । ਜਿਹੜੀ ਨੌਜਵਾਨੀ ਨੇ ਪੜ੍ਹ-ਲਿਖ ਕੇ ਦੇਸ਼ ਦੀ ਤਰੱਕੀ ਦੀ ਹਿੱਸਾ ਪਾਉਣਾ ਹੁੰਦਾ ਹੈ, ਕੰਮ ਨਾ ਮਿਲਣ ਕਰਕੇ ਬਾਹਰਲੇ ਦੇਸ਼ਾਂ ਵਿੱਚ ਜਾ ਕੇ ਉਥੋਂ ਦੀ ਆਰਥਿਕਤਾ ਨੂੰ ਹੁਲਾਰਾ ਦਿੰਦੀ ਹੈ।

ਭਾਵੇਂ ਬੇਰੁਜ਼ਗਾਰੀ ਦਾ ਵੱਡਾ ਕਾਰਨ ਆਬਾਦੀ ਦਾ ਬੇਹਿਸਾਬੀ ਵਾਧਾ ਮੁੱਖ ਕਾਰਨ ਹੈ ਅਤੇ ਜਦੋਂ ਕਿਸੇ ਦੇਸ਼ ਵਿੱਚ ਰੁਜ਼ਗਾਰ ਪੈਦਾ ਹੋਣ ਦੇ ਮੌਕੇ ਘੱਟ ਅਤੇ ਆਬਾਦੀ 'ਚ ਵਾਧਾ ਤੇਜ਼ ਰਫਤਾਰ ਨਾਲ ਹੋਵੇ ਤਾਂ ਬੇਰੁਜ਼ਗਾਰੀ ਪੈਦਾ ਹੋਣੀ ਸੁਭਾਵਿਕ ਹੈ। ਆਜ਼ਾਦੀ ਸਮੇਂ 36 ਕਰੋੜ ਦੀ ਆਬਾਦੀ ਵਾਲਾ ਦੇਸ਼ ਦੁਨੀਆਂ ਦਾ ਸਭ ਤੋਂ ਵੱਧ ਆਬਾਦੀ ਵਾਲਾ ਮੁਲਕ ਬਣ ਗਿਆ ਹੈ ਜਿਸ ਦੀਆਂ ਰਾਜਨੀਤੀ ਦੇ ਉੱਚ ਕੋਟੀ ਦੇ ਆਗੂ ਦੁਨੀਆਂ ਭਰ ਵਿੱਚ ਟਾਹਰਾਂ ਮਾਰਦੇ ਫਿਰ ਰਹੇ ਹਨ, ਪਰ ਇਹ ਬੇਰੁਜ਼ਗਾਰੀ ਦੇਸ਼ ਅਤੇ ਸਮਾਜ ਲਈ ਕਿੰਨੀ ਘਾਤਕ ਤੇ ਮਾਰੂ ਹੈ, ਸ਼ਾਇਦ ਸੱਤਾ 'ਤੇ ਕਾਬਜ਼ ਆਗੂ ਅਵੇਸਲੇ ਅਤੇ ਬੇਪਰਵਾਹ ਹਨ, ਭਾਵੇਂ ਇਹ ਵੀ ਹਕੀਕਤ ਹੈ ਕਿ ਏਨੀ ਵੱਡੀ ਬੇਰੁਜ਼ਗਾਰ ਨੌਜਵਾਨੀ ਨੂੰ ਕੰਮ ਦੇਣਾ ਸੁਖਾਲਾ ਕੰਮ ਨਹੀਂ, ਪਰ ਆਬਾਦੀ ਦੇ ਕੰਟਰੋਲ ਕਰਕੇ ਇਸ ਸਮੱਸਿਆ ਦਾ ਕੁਝ ਹੱਦ ਤੱਕ ਹੱਲ ਕੀਤਾ ਜਾ ਸਕਦਾ ਸੀ। ਡਿਗਰੀਆਂ ਚੁੱਕੀ ਫਿਰਦੀ ਨੌਜਵਾਨੀ ਛੋਟੀ ਤੋਂ ਛੋਟੀ ਨੌਕਰੀ ਲਈ ਥਾਂ-ਥਾਂ ਧੱਕੇ ਖਾਂਦੀ ਫਿਰਦੀ ਹੈ ਅਤੇ ਕੁਝ ਕੁ ਅਸਾਮੀਆਂ ਲਈ ਲੱਖਾਂ ਦੀ ਗਿਣਤੀ ਵਿੱਚ ਅਰਜ਼ੀਆਂ ਪਹੁੰਚ ਜਾਂਦੀਆਂ ਹਨ, ਪਰ ਜਦੋਂ ਕੰਮ ਨਹੀਂ ਮਿਲਦਾ ਤਾਂ ਬੇਰੁਜ਼ਗਾਰੀ ਦਾ ਮਾਰਿਆ, ਝੰਬਿਆ ਨੌਜਵਾਨ ਗੁੰਡਾਗਰਦੀ, ਜ਼ਬਰਦਸਤੀ ਕਰਨ, ਲੁੱਟਾਂ-ਖੋਹਾਂ, ਕਤਲਾਂ ਤੇ ਨਸ਼ਿਆਂ ਵਰਗੀਆਂ ਅਲਾਮਤਾਂ ਕਰਨ ਲੱਗ ਜਾਂਦੇ ਹਨ। ਪੰਜਾਬ ਦੇ ਹਾਲਾਤ ਅਜਿਹੇ ਹਨ ਕਿ ਸੋਸ਼ਲ ਮੀਡੀਆ ਤੇ ਅਖਬਾਰ ਨਸ਼ਿਆਂ ਕਾਰਨ ਹੋ ਰਹੀਆਂ ਮੌਤਾਂ ਭਰੇ ਹੋਏ ਹੁੰਦੇ ਹਨ, ਖਾਸ ਕਰਕੇ ਬਾਰਡਰ ਏਰੀਆ ਵਿੱਚ ਵੱਡੀ ਗਿਣਤੀ 'ਚ ਨੌਜਵਾਨ ਜਹਾਨੋਂ ਤੁਰ ਗਏ ਹਨ। ਅਜੇ ਵੀ ਨਸ਼ਿਆਂ ਕਾਰਨ ਨੌਜਵਾਨੀ ਦੀਆਂ ਰੋਜ਼ਾਨਾ ਮੌਤਾਂ ਹੋ ਰਹੀਆਂ ਹਨ। ਅਤੇ ਹਿੰਦ ਪਾਕ ਬਾਰਡਰ ਦੇ ਨਾਲ ਲੱਗਦੇ ਪਿੰਡਾਂ ਵਿੱਚ ਤਕਰੀਬਨ ਹਰ ਘਰ ਵਿੱਚ ਸਥਰ ਵਿਛ ਗਏ ਹਨ। ਪਰ ਮੌਜੂਦਾ ਅਫਸਰਸ਼ਾਹੀ ਅਤੇ ਸਰਕਾਰ ਨਸ਼ਿਆਂ ਕਾਰਨ ਹੋ ਰਹੀਆਂ ਮੌਤਾਂ ਦੇ ਸਹੀ ਅੰਕੜੇ ਛੁਪਾ ਰਹੀ ਹੈ ਤੇ ਪੱਤਰਕਾਰਾਂ ਨੂੰ ਅਜਿਹੀਆਂ ਖਬਰਾਂ ਨਾ ਛਾਪਣ ਅਤੇ ਸੋਸ਼ਲ ਮੀਡੀਆ ਪਲੇਟਫਾਰਮ ਦੇ ਪੱਤਰਕਾਰਾਂ ਨੂੰ ਡਰਾਇਆ-ਧਮਕਾਇਆ ਜਾ ਰਿਹਾ ਹੈ। ਨੌਜਵਾਨ ਕੰਮ ਨਾ ਮਿਲਣ ਕਰਕੇ ਅਤੇ ਜਲਦੀ ਤੇ ਜ਼ਿਆਦਾ ਪੈਸਾ ਕਮਾਉਣ ਦੇ ਚੱਕਰ ਵਿੱਚ ਨਸ਼ਿਆਂ ਦੀ ਢੋਆ-ਢੁਆਈ ਵਿੱਚ ਸ਼ਾਮਲ ਹੋ ਰਹੇ ਹਨ ਅਤੇ ਉਹਨਾਂ ਨੂੰ ਇਸ ਧੰਦੇ ਰਾਹੀਂ ਪੈਸਾ ਕਮਾਉਣ ਲਈ ਕੋਈ ਕਠਿਨ ਤੇ ਸਰੀਰਕ ਮਿਹਨਤ ਵੀ ਨਹੀਂ ਕਰਨੀ ਪੈਂਦੀ।



ਚੀਨ ਨੇ ਇਸ ਸਮੱਸਿਆ ਦਾ ਸਫਲਤਾ-ਪੂਰਵਕ ਹੱਲ ਨੌਜਵਾਨੀ ਨੂੰ ਛੋਟੇ-ਛੋਟੇ ਕੰਮਾਂ 'ਤੇ ਲਗਾ ਕੇ ਕੀਤਾ ਹੈ, ਪਰ ਭਾਰਤ ਸਰਕਾਰ ਨਾ ਤਾਂ ਇਸ ਸਮੱਸਿਆ ਪ੍ਰਤੀ ਗੰਭੀਰ ਹੈ ਅਤੇ ਨਾ ਹੀ ਭਵਿੱਖ ਵਿੱਚ ਕੋਈ ਯੋਜਨਾ ਉਸ ਦੇ ਅਜੰਡੇ 'ਤੇ ਹੈ। ਦੇਸ਼ ਵਿੱਚ ਵਧੀਆ ਹਾਲਾਤ ਪੈਦਾ ਕਰਨ ਲਈ ਤੁਰੰਤ 1 ਲੱਖ ਕਰੋੜ ਰੁਪਏ ਦੇ ਵਾਧੂ ਨਿਵੇਸ਼ ਦੀ ਜ਼ਰੂਰਤ ਹੈ, ਜੋ ਬਿਨਾਂ ਸ਼ੱਕ ਕੇਂਦਰ ਸਰਕਾਰ ਨਹੀਂ ਕਰੇਗੀ। ਪੰਜਾਬ ਦੀ ਆਮ ਆਦਮੀ ਸਰਕਾਰ ਨੇ ਨੌਜਵਾਨੀ ਨੂੰ ਸਰਕਾਰੀ ਨੌਕਰੀਆਂ ਦੇ ਕੇ ਕੁਝ ਕੰਮ ਕੀਤਾ ਹੈ, ਪਰ ਅਣਸਿਖਿਅਤ ਅਤੇ ਅਨਪੜ੍ਹ ਜਵਾਨੀ ਲਈ ਵੱਡਾ ਕੰਮ ਕਰਨ ਦੀ ਲੋੜ ਹੈ।

ਬੇਰੁਜ਼ਗਾਰੀ ਦੇ ਹੱਲ ਲਈ ਸਰਕਾਰਾਂ ਨੂੰ ਵੱਡੇ ਉਪਰਾਲੇ ਕਰਨੇ ਪੈਣਗੇ । ਸਭ ਤੋਂ ਪਹਿਲਾਂ ਤੇਜ਼ ਰਫਤਾਰ ਨਾਲ ਵਧ ਰਹੀ ਆਬਾਦੀ ਨੂੰ ਕੰਟਰੋਲ ਕਰਨ ਲਈ ਸਖਤ ਕਾਇਦੇ-ਕਾਨੂੰਨ ਬਣਾਉਣੇ ਪੈਣਗੇ। ਜੇਕਰ ਅਜਿਹਾ ਨਾ ਕੀਤਾ ਗਿਆ ਤਾਂ ਬੇਰੁਜ਼ਗਾਰੀ 'ਤੇ ਕਾਬੂ ਪਾਉਣਾ ਮੁਸ਼ਕਲ ਹੋਵੇਗਾ। ਇਸ ਦੇ ਨਾਲ ਸਿੱਖਿਆ ਨੀਤੀ 'ਚ ਵੱਡੀ ਤਬਦੀਲੀ ਕਰਨ ਦੀ ਲੋੜ ਹੈ ਅਤੇ ਸਿੱਖਿਆ ਕਿੱਤਾ ਮੁਖੀ ਹੋਣੀ ਚਾਹੀਦੀ ਹੈ। ਪੇਂਡੂ ਤੇ ਲਘੂ ਉਦਯੋਗਾਂ ਨੂੰ ਮੁੜ ਸੁਰਜੀਤ ਕਰਨਾ ਹੋਵੇਗਾ, ਜੋ ਅੱਜ ਖਤਮ ਹੋ ਗਏ ਹਨ। ਨਿੱਜੀ ਨਿਵੇਸ਼ਕਾਂ ਨੂੰ ਉਤਸਾਹਿਤ ਕੀਤਾ ਜਾਣਾ ਚਾਹੀਦਾ ਹੈ ਅਤੇ ਸਰਕਾਰ ਨੂੰ ਵੱਡੇ ਉਦਯੋਗ ਲਗਾਉਣੇ ਪੈਣਗੇ, ਜੋ ਦੇਸ਼ ਦੇ ਵਿਕਾਸ ਦੇ ਨਾਲ-ਨਾਲ ਬੇਰੁਜ਼ਗਾਰੀ 'ਤੇ ਸੱਟ ਮਾਰਨਗੇ।

**# ਸੰਪਰਕ : 90564-00073**

# ਖਾਲੀ ਪਲਾਟ ਮਾਲਕਾਂ 'ਤੇ ਪ੍ਰਸ਼ਾਸਨ ਦੀ ਕਾਰਵਾਈ

ਹਾਲ ਹੀ ਵਿੱਚ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਖਾਲੀ ਪਏ ਪਲਾਟਾਂ ਖ਼ਿਲਾਫ਼ ਪ੍ਰਸ਼ਾਸਨ ਨੇ ਕਾਰਵਾਈ ਕੀਤੀ ਹੈ, ਜੋ ਕਿ ਬਹੁਤ ਹੀ ਵਧੀਆ ਉਪਰਾਲਾ ਹੈ।ਵੱਡੇ-ਵੱਡੇ ਸ਼ਹਿਰਾਂ ਵਿੱਚ ਖਾਲੀ ਤੇ ਲਾਵਾਰਿਸ ਪਲਾਟ ਪ੍ਰਸ਼ਾਸਨ ਲਈ ਚੁਣੌਤੀ ਬਣ ਗਏ ਹਨ। ਇਹਨਾਂ ਖਾਲੀ ਪਲਾਟਾਂ ਵਿੱਚ ਲੋਕ ਕੂੜਾ ਸੁੱਟਦੇ ਹਨ, ਜਿਸ ਕਾਰਨ ਬਰਸਾਤਾਂ ਦੇ ਮੌਸਮ ਵਿੱਚ ਡੇਂਗੂ, ਮਲੇਰੀਆ ਵਰਗੀ ਬਿਮਾਰੀਆਂ ਹੁੰਦੀਆਂ ਹਨ। ਖਾਲੀ ਪਲਾਟਾਂ ਵਿੱਚ ਕੂੜਾ ਕਰਕਟ, ਗੰਦਗੀ ਅਤੇ ਗੰਦਾ ਪਾਣੀ ਇਕੱਠਾ ਹੁੰਦਾ ਰਹਿੰਦਾ ਹੈ।ਕਈ ਜਗ੍ਹਾ 'ਤੇ ਤਾਂ ਕੂੜੇ ਦੇ ਵੱਡੇ-ਵੱਡੇ ਢੇਰ ਲੱਗ ਚੁੱਕੇ ਹਨ।ਕੂੜੇ ਦੇ ਲੱਗੇ ਢੇਰ ਦੀ ਓਟ ਵਿੱਚ ਕਈ ਵਾਰ ਚੋਰ ਕਲੋਨੀਆਂ ਵਿੱਚ ਚੋਰੀ ਵੀ ਕਰ ਲੈਂਦੇ ਹਨ।ਕਈ ਸ਼ਹਿਰਾਂ ਦੇ ਸ਼ੁਰੂ ਵਿੱਚ ਹੀ ਲੱਗਿਆ ਗੰਦਗੀ ਦਾ ਢੇਰ ਸ਼ਹਿਰ ਦੀ ਖ਼ੂਬਸੂਰਤੀ ਨੂੰ ਦਾਗ ਲਗਾ ਰਿਹਾ ਹੈ।ਬਰਸਾਤਾਂ ਦੌਰਾਨ ਤਾਂ ਬਹੁਤ ਮਾੜੀ ਹਾਲਤ ਹੋ ਜਾਂਦੀ ਹੈ, ਜਿਸ ਨਾਲ ਕਈ ਤਰ੍ਹਾਂ ਦੇ ਨੁਕਸਾਨ ਦਾਇਕ ਜੀਵ-ਜੰਤੂ ਪੈਦਾ ਹੁੰਦੇ ਹਨ।ਅੰਦਰੋਂ ਹੀ ਅੰਦਰ ਨਾਲ ਵਾਲੀ ਕੋਠੀਆਂ ਵਿੱਚ ਤਰ੍ਹਾਂ-ਤਰ੍ਹਾਂ ਦੇ ਜੀਵ ਚਲੇ ਜਾਂਦੇ ਹਨ। ਬਿਮਾਰੀਆਂ ਦਾ ਖਤਰਾ ਵਧਣ ਲੱਗ ਜਾਂਦਾ ਹੈ। ਨਾਲ ਰਹਿੰਦੇ ਮਕਾਨਾਂ ਤੱਕ ਬਦਬੂ ਆਉਣ ਲੱਗ ਜਾਂਦੀ ਹੈ। ਜੇ ਕਾਲੋਨੀ ਵਿੱਚ ਰਹਿੰਦੇ ਲੋਕ ਖਾਲੀ ਪਲਾਟ ਮਾਲਕਾਂ ਨੂੰ ਕਹਿੰਦੇ ਹਨ ਤਾਂ ਅੱਗੋਂ ਲੜਨ ਨੂੰ ਆਉਂਦੇ ਹਨ। ਕਈ ਅਜਿਹੇ ਪਲਾਟ ਐਨ ਆਰ ਆਈ ਦੇ ਪਏ ਹਨ, ਜੋ ਛੱਡ ਕੇ ਵਿਦੇਸ਼ ਵਿੱਚ ਜਾ ਵਸੇ ਹਨ।

ਹਾਲ ਹੀ ਵਿੱਚ ਪ੍ਰਸ਼ਾਸਨ ਵੱਲੋਂ ਸੰਬੰਧਤ ਵਿਭਾਗ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਪਲਾਟ ਮਾਲਕਾਂ ਦੇ ਖ਼ਿਲਾਫ਼ ਕਾਰਵਾਈ ਦੀ ਸਮੀਖਿਆ ਕੀਤੀ ਗਈ ।ਕਈ ਪਲਾਟ ਮਾਲਕਾਂ ਦੇ ਚਲਾਨ ਵੀ ਕੱਟੇ ਗਏ ਤੇ ਉੱਚ ਅਧਿਕਾਰੀਆਂ ਨੂੰ ਜੁਰਮਾਨੇ ਬਾਰੇ ਰਿਪੋਰਟ ਦਿੱਤੀ ਗਈ । ਕਲੋਨੀਆਂ ਵਿੱਚ ਰਹਿੰਦੇ ਲੋਕਾਂ ਨੇ ਉੱਚ ਅਧਿਕਾਰੀਆਂ ਕੋਲ ਸ਼ਿਕਾਇਤ ਕੀਤੀ ਕਿ ਇਹਨਾਂ ਪਲਾਟਾਂ ਵਿੱਚ ਰੋਜ਼ਾਨਾ ਕੂੜਾ ਸੁੱਟਿਆ ਜਾ ਰਿਹਾ ਹੈ। ਹੋਰ ਤਾਂ ਹੋਰ ਜੋ ਸ਼ਹਿਰ ਵਿੱਚ ਪ੍ਰਾਈਵੇਟ ਕੂੜਾ ਚੁੱਕਣ ਵਾਲੇ ਹੁੰਦੇ ਹਨ ਉਹ ਵੀ ਇਹਨਾਂ ਪਲਾਟਾਂ ਵਿੱਚ ਸਾਰੇ ਸ਼ਹਿਰ ਦਾ ਕੂੜਾ ਇਕੱਠਾ ਕਰਕੇ ਸੁੱਟ ਜਾਂਦੇ ਹਨ। ਪ੍ਰਸ਼ਾਸਨ ਦਾ ਇਹ ਕਦਮ ਸ਼ਲਾਘਾਯੋਗ ਹੈ। ਕਈ ਥਾਵਾਂ 'ਤੇ ਪ੍ਰਸ਼ਾਸਨ ਨੇ ਖਾਲੀ ਪਲਾਟ ਮਾਲਕਾਂ ਨੂੰ ਹਦਾਇਤਾਂ ਕੀਤੀਆਂ ਹਨ ਕਿ ਪਲਾਟਾਂ ਦੀ ਚਾਰਦੀਵਾਰੀ ਕੀਤੀ ਜਾਵੇ, ਤਾਂ ਜੋ ਇਹਨਾਂ ਵਿੱਚ ਕੋਈ ਗੰਦਗੀ ਨਾ ਸੁੱਟ ਸਕੇ। ਕਈ ਸ਼ਹਿਰਾਂ ਵਿੱਚ ਪਲਾਟ ਮਾਲਕਾਂ ਨੂੰ ਕਾਨੂੰਨੀ ਨੋਟਿਸ ਵੀ ਭੇਜਿਆ ਗਿਆ ਹੈ। ਪ੍ਰਸ਼ਾਸਨ ਦੀ ਪਾਲਣਾ ਨਾ ਕਰਨ 'ਤੇ ਜੇ ਕੋਈ ਵਟਸਐਪ ਨੰਬਰ 'ਤੇ ਆਪਣੀ ਸ਼ਿਕਾਇਤ ਦਰਜ ਕਰਵਾਉਂਦਾ ਹੈ ਤਾਂ ਉਸ ਪਲਾਟ ਮਾਲਕ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਮਿਉਂਸੀਪਲ ਕਾਰਪੋਰੇਸ਼ਨ ਜਾਂ ਕਮੇਟੀਆਂ ਵੱਲੋਂ ਵੀ ਘਰ-ਘਰ ਕੂੜਾ ਇਕੱਠਾ ਕਰਨ ਵਾਲੇ ਜ਼ਿਆਦਾ ਕਰਮਚਾਰੀ ਲਗਾਉਣੇ ਚਾਹੀਦੇ ਹਨ ।ਪ੍ਰਸ਼ਾਸਨ ਵੱਲੋਂ ਪਲਾਟ ਮਾਲਕਾਂ ਨੂੰ ਹਦਾਇਤ ਵੀ ਕੀਤੀ ਗਈ ਹੈ ਕਿ ਜੇ ਉਹ ਖਾਲੀ ਪਲਾਟਾਂ ਦੀ ਸਫਾਈ ਨਹੀਂ ਕਰਦੇ ਤਾਂ ਉਹਨਾਂ ਦੇ ਰਿਕਾਰਡ ਵਿੱਚ ਰੈੱਡ ਐਂਟਰੀ ਕੀਤੀ ਜਾਵੇਗੀ। ਪਲਾਟ ਮਾਲਕਾਂ ਨੂੰ ਆਪਣੀ ਜ਼ਿੰਮੇਵਾਰੀ ਪ੍ਰਤੀ ਜਾਗਰੂਕ ਕਰਨਾ ਚਾਹੀਦਾ ਹੈ।ਪ੍ਰਸ਼ਾਸਨ ਵੱਲੋਂ ਕਮੇਟੀਆਂ ਦਾ ਵੀ ਗਠਨ ਕਰਨਾ ਚਾਹੀਦਾ ਹੈ, ਤਾਂ ਜੋ ਉਹ ਸਮੇਂ-ਸਮੇਂ ਮੁਤਾਬਕ ਖਾਲੀ ਪਲਾਟਾਂ ਦੀ ਦੇਖਰੇਖ ਕਰ ਸਕਣ ਤੇ ਉਲੰਘਣਾ ਕਰਨ 'ਤੇ ਪਲਾਟ ਮਾਲਕਾਂ ਵਿਰੁੱਧ ਕਾਰਵਾਈ ਹੋ ਸਕੇ । ਜੇ ਇਹ ਕੋਸ਼ਿਸ਼ ਲਗਾਤਾਰ ਜਾਰੀ ਰਹਿੰਦੀ ਹੈ ਤਾਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇ ਸ਼ਹਿਰ ਖ਼ੂਬਸੂਰਤ ਤੇ ਸਾਫ-ਸੁਥਰੇ ਹੋ ਜਾਣਗੇ ਤੇ ਲੋਕ ਵੀ ਸਿਹਤਮੰਦ ਹੋਣਗੇ।

**ਸੰਜੀਵ ਸਿੰਘ ਸੈਣੀ**
ਸੰਪਰਕ : 78889-66168

CMYK

18-JULY-PAGE-5.qxd 7/17/2025 9:28 PM Page 1



# ਜਲਾਲਾਬਾਦ ਰੋਡ ਦੀ ਖਸਤਾ ਹਾਲਤ ਤੋਂ ਭੜਕੇ ਲੋਕਾਂ ਨੇ ਲਾਇਆ ਤਿੰਨ ਘੰਟੇ ਧਰਨਾ

- ਯੂਥ ਕਾਂਗਰਸ ਦੀ ਅਗਵਾਈ 'ਚ ਦਿੱਤੇ ਧਰਨੇ ਦੌਰਾਨ ਲੋਕਾਂ ਪ੍ਰਸ਼ਾਸਨ ਤੇ ਮਹਿਕਮੇ ਖਿਲਾਫ ਭੜਾਸ ਕੱਢੀ
- ਨਗਰ ਕੌਂਸਲ ਪ੍ਰਧਾਨ ਦੇ ਦੋ ਮਹੀਨਿਆਂ 'ਚ ਸੜਕ ਬਣਾਉਣ ਦੇ ਭਰੋਸੇ ਮਗਰੋਂ ਚੁੱਕਿਆ ਧਰਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਜਲਾਲਾਬਾਦ ਰੋਡ ਦੀ ਖਸਤਾ ਹਾਲਤ ਤੋਂ ਭੜਕੇ ਲੋਕਾਂ ਨੇ ਵੀਰਵਾਰ ਸਵੇਰੇ ਨੌਂ ਵਜੇ ਆਦਰਸ਼ ਸਟ੍ਰੀਟ ਨੇੜੇ ਰੋਡ ਜਾਮ ਕਰਕੇ ਧਰਨਾ ਲਾ ਦਿੱਤਾ। ਇਹ ਧਰਨਾ ਯੂਥ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ ਭੁੱਲਰ ਸੋਹਣੇਵਾਲਾ ਦੀ ਅਗਵਾਈ ਹੇਠ ਲਾਇਆ ਗਿਆ, ਜਿਸ 'ਚ ਵੱਡੀ ਗਿਣਤੀ ਨੇੜਲੇ ਮੁਹੱਲਿਆਂ ਦੇ ਲੋਕ ਵੀ ਸ਼ਾਮਲ ਹੋਏ।ਇਸ ਦੌਰਾਨ ਲੋਕਾਂ ਨੇ ਆਮ ਆਦਮੀ ਪਾਰਟੀ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ, ਨਗਰ ਕੌਂਸਲ ਪ੍ਰਧਾਨ ਕ੍ਰਿਸ਼ਨ ਕੁਮਾਰ ਸ਼ੰਮੀ ਤੇਰੀਆ ਸਮੇਤ ਹੋਰ ਅਧਿਕਾਰੀਆਂ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ।ਜ਼ਿਕਰਯੋਗ ਹੈ ਕਿ ਇਸ ਰੋਡ ਦੀ ਹਾਲਤ ਕਈ ਸਾਲਾਂ ਤੋਂ ਬਹੁਤ ਹੀ ਖਸਤਾ ਹੋ ਚੁੱਕੀ ਹੈ ਤੇ ਇਸ ਰੋਡ 'ਤੇ ਮਾਧੋ ਹਸਪਤਾਲ ਤੋਂ ਲੈ ਕੇ ਦਿੱਲੀ ਹਸਪਤਾਲ ਤੱਕ ਦਾ ਟੋਟਾ ਬਹੁਤ ਹੀ ਖਰਾਬ ਹੋ ਚੁੱਕਾ ਹੈ।ਇਸ ਥਾਂ 'ਤੇ ਲਗਭਗ 20 ਤੋਂ 25 ਕਾਫੀ ਡੂੰਘੇ ਟੋਏ ਪੈ ਚੁੱਕੇ ਨੇ, ਜਿੱਥੇ ਹੁਣ ਤੱਕ ਅਨੇਕਾਂ ਵਾਰੀ ਹਾਦਸੇ ਹੋ ਚੁੱਕੇ ਨੇ। ਬੀਤੇ ਦਿਨੀਂ ਹੀ ਇੱਥੇ ਸਕੂਲੀ ਵਿਦਿਆਰਥੀਆਂ ਨੂੰ ਲੈ ਕੇ ਜਾ ਰਿਹਾ ਇੱਕ ਆਟੋ ਪਲਟ ਗਿਆ ਸੀ, ਜਿਸ ਨਾਲ ਇੱਕ ਵਿਦਿਆਰਥੀ ਨੂੰ ਕਾਫੀ ਸੱਟਾਂ ਵੀ ਆਈਆਂ।ਕਈ ਵਾਰ ਇਸ ਸਬੰਧੀ ਨਗਰ ਕੌਂਸਲ ਤੇ ਸਬੰਧਤ ਮਹਿਕਮੇ ਨੂੰ ਕਹਿਣ ਦੇ ਬਾਵਜੂਦ ਇਸ ਸੜਕ ਨੂੰ ਨਹੀਂ ਬਣਾਇਆ ਜਾ ਰਿਹਾ।ਇੱਕ ਦੋ ਵਾਰੀ ਪਹਿਲਾਂ ਵੀ ਟੋਏ ਭਰਨ ਦੇ ਨਾਂਅ 'ਤੇ ਵਿਭਾਗ ਵੱਲੋਂ ਖਾਨਾਪੂਰਤੀ ਕੀਤੀ ਗਈ ਸੀ, ਪਰ ਸਮੱਸਿਆ ਫਿਰ ਜਿਉਂ ਦੀ ਤਿਉਂ ਹੋ ਗਈ।ਸੜਕੀ ਹਾਦਸਿਆਂ ਤੋਂ ਦੁਖੀ ਲੋਕਾਂ ਨੇ ਰੋਸ ਵਜੋਂ ਅੱਜ ਧਰਨਾ ਲਾ ਦਿੱਤਾ। ਧਰਨੇ ਨੂੰ ਸੰਬੋਧਨ ਕਰਦਿਆਂ ਯੂਥ ਕਾਂਗਰਸ ਦੇ ਪ੍ਰਧਾਨ ਮਲਕੀਤ ਸਿੰਘ ਭੁੱਲਰ, ਸਮਾਜਸੇਵੀ ਰਾਜਵੀਰ ਰਾਜੂ, ਸਮਾਜਸੇਵੀ ਸੰਦੀਪ ਗੁੰਬਰ ਨੇ ਕਿਹਾ ਕਿ ਇਸ ਸੜਕ ਨੂੰ ਬਣੇ ਕਈ ਸਾਲ ਲੰਘ ਚੁੱਕੇ ਨੇ।ਇਸ ਰੋਡ ਦੀ ਹਾਲਤ ਕਾਫੀ ਨਾਜ਼ੁਕ ਹੋ ਚੁੱਕੀ ਹੈ ਤੇ ਆਏ ਦਿਨ ਹੀ ਹਾਦਸੇ ਹੁੰਦੇ ਰਹਿੰਦੇ ਨੇ।ਹੈਰਾਨੀ ਦੀ ਗੱਲ ਹੈ ਕਿ ਅਨੇਕਾਂ ਵਾਰੀ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਤੇ ਹੋਰ ਅਧਿਕਾਰੀ ਵੀ ਇੱਥੋਂ ਲੰਘਦੇ ਨੇ, ਪਰ ਉਨ੍ਹਾਂ ਅੱਜ ਤੱਕ ਇਸ ਸਮੱਸਿਆ ਵੱਲ ਧਿਆਨ ਨਹੀਂ ਦਿੱਤਾ।ਉਨ੍ਹਾਂ ਚਿਤਾਵਨੀ ਦਿੱਤੀ ਕਿ ਇਸ ਸੜਕ ਨੂੰ ਬਣਵਾਉਣ ਤੱਕ ਉਨ੍ਹਾਂ ਦਾ ਸੰਘਰਸ਼ ਜਾਰੀ ਰਹੇਗਾ।ਅੱਜ ਤਾਂ ਪਹਿਲੇ ਗੇੜ ਵਜੋਂ ਇਹ ਧਰਨਾ ਲਾਇਆ ਗਿਆ ਹੈ, ਆਉਣ ਵਾਲੇ ਦਿਨਾਂ 'ਚ ਭੁੱਖ ਹੜਤਾਲ ਤੇ ਰੋਡ ਜਾਮ ਕੀਤੇ ਜਾਣਗੇ।ਹਾਲਾਂਕਿ ਮੌਕੇ 'ਤੇ ਨਗਰ ਕੌਂਸਲ ਪ੍ਰਧਾਨ ਕ੍ਰਿਸ਼ਨ ਕੁਮਾਰ ਸ਼ੰਮੀ ਤੇਰੀਆ ਤੇ 23 ਨੰਬਰ ਵਾਰਡ ਦੇ ਕੌਂਸਲਰ ਰਵੀ ਮੋਰਿਆ ਵੀ ਪਹੁੰਚੇ, ਜਿਨ੍ਹਾਂ ਨੂੰ ਭੜਕੇ ਹੋਏ ਲੋਕਾਂ ਨੇ ਖੂਬ ਖਰੀਆਂ-ਖਰੀਆਂ ਸੁਣਾਈਆਂ।ਲੋਕਾਂ ਨੇ ਕਿਹਾ ਕਿ ਉਨ੍ਹਾਂ ਅੱਜ ਤੱਕ ਆਪਣੇ ਮੁਹੱਲੇ ਦਾ ਕੌਂਸਲਰ ਹੀ ਨਹੀਂ ਦੇਖਿਆ ਕਿ ਕੌਣ ਹੈ, ਕਿਉਂਕਿ ਚੋਣ ਜਿੱਤਣ ਮਗਰੋਂ ਉਹ ਇੱਧਰ ਆਇਆ ਹੀ ਨਹੀਂ।ਲੋਕਾਂ ਨੇ ਨਗਰ ਕੌਂਸਲ ਪ੍ਰਧਾਨ 'ਤੇ ਵਰ੍ਹਦਿਆਂ ਸੜਕ ਨਵੇਂ ਸਿਰਿਓਂ ਬਣਾਉਣ ਦੀ ਮੰਗ ਕੀਤੀ, ਜਿਸ 'ਤੇ ਪ੍ਰਧਾਨ ਸ਼ੰਮੀ ਤੇਰੀਆ ਨੇ ਕਿਹਾ ਕਿ ਇਹ ਸੜਕ ਮੰਡੀਕਰਨ ਬੋਰਡ ਅਧੀਨ ਆਉਂਦੀ ਹੈ।ਸ਼ਹਿਰ ਦੀਆਂ ਲਗਭਗ 8 ਸੜਕਾਂ ਨਵੀਆਂ ਬਣਨ ਵਾਲੀਆਂ ਨੇ, ਜਿਸ 'ਚ ਇਹ ਸੜਕ ਵੀ ਸ਼ਾਮਲ ਹੈ।ਉਨ੍ਹਾਂ ਇਸ ਸਬੰਧੀ ਅਸਟੀਮੇਟ ਬਣਾ ਕੇ ਭੇਜਿਆ ਹੋਇਆ ਹੈ ਤੇ ਦੋ ਤੋਂ ਢਾਈ ਮਹੀਨੇ ਵਿੱਚ ਸੜਕ ਬਣਾਉਣ ਦਾ ਕੰਮ ਸ਼ੁਰੂ ਹੋ ਜਾਵੇਗਾ।ਫਿਲਹਾਲ ਉਹ ਇੱਕ-ਦੋ ਦਿਨ ਅੰਦਰ ਰੋਡ 'ਤੇ ਬਜਰੀ ਪਵਾ ਕੇ ਟੋਏ ਭਰਵਾ ਦਿੰਦੇ ਨੇ ਤਾਂ ਜੋ ਹਾਦਸੇ ਨਾ ਹੋਣ।ਜਿਵੇਂ ਵੀ ਬਰਸਾਤੀ ਮੌਸਮ ਖ਼ਤਮ ਹੋਵੇਗਾ, ਉਵੇਂ ਹੀ ਸੜਕ ਬਣਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇਸ ਮੌਕੇ ਯੂਥ ਕਾਂਗਰਸ ਦੇ ਜਨਰਲ ਸਕੱਤਰ ਕਸ਼ਮੀਰ ਵੱਟੂ, ਮਨਜਿੰਦਰ ਸਿੰਘ ਬਰੀਵਾਲਾ, ਮੁਹੱਲਾ ਵਾਸੀ ਸੁਰਿੰਦਰ ਕੁਮਾਰ, ਮਾੜੂ ਰਾਮ, ਮੱਖਣ ਸਿੰਘ, ਸਾਹਿਲ ਕੁਮਾਰ, ਰੋਸ਼ਨ ਲਾਲ, ਮੋਹਨ ਲਾਲ, ਲੱਖਾ, ਸੀਟਾ, ਰਵੀ ਮੁਜਰਾਲ, ਸੋਨੂੰ ਧਨਵਾੜੀਆ, ਸ਼ੇਰੂ ਕਟਾਰੀਆ, ਗਗਨ, ਇੰਦਰਜੀਤ, ਪ੍ਰਦੀਪ ਕੁਮਾਰ, ਜੈਪਾਲ, ਰਾਜਵੀਰ, ਅਮਨਦੀਪ, ਬਲਦੇਵ ਕੁਮਾਰ, ਟੀਟੂ, ਚਿਮਨ ਲਾਲ, ਦੁੱਲੀ ਕੁਮਾਰ, ਕ੍ਰਿਸ਼ਨ ਕੁਮਾਰ, ਰਾਜੇਸ਼ ਕੁਮਾਰ, ਰਜਿੰਦਰ ਕੁਮਾਰ, ਸੁਦੇਸ਼ ਸ਼ਰਮਾ, ਸੋਨੂੰ ਵੈਲਡਿੰਗ ਵਾਲਾ ਸਮੇਤ ਵੱਡੀ ਗਿਣਤੀ 'ਚ ਲੋਕ ਧਰਨੇ ਵਿੱਚ ਸ਼ਾਮਲ ਹੋਏ।

## ਵਿਆਹੁਤਾ ਨੂੰ ਕੁੱਟਮਾਰ ਕਰਕੇ ਘਰੋਂ ਕੱਢਿਆ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵਿਆਹੁਤਾ ਕੋਲੋਂ ਹੋਰ ਦਾਜ ਦੀ ਮੰਗ ਕਰਕੇ ਤੰਗ ਪ੍ਰੇਸ਼ਾਨ ਤੇ ਕੁੱਟਮਾਰ ਕਰਕੇ ਘਰੋਂ ਬਾਹਰ ਕੱਢਣ ਦੇ ਦੋਸ਼ ਵਿੱਚ ਵਿਆਹੁਤਾ ਦੇ ਪਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਦਰਖਾਸਤ ਨੰਬਰ ਯੂਆਈਡੀ 578519 ਮਿਤੀ 21 ਅਪ੍ਰੈਲ 2025 ਵੱਲੋਂ ਸਾਕਸ਼ੀ ਭੰਡਾਰੀ ਪੁੱਤਰੀ ਸਵ. ਨੀਰਜ ਕੱਕੜ ਵਾਸੀ ਬੇਦੀ ਕਾਲੋਨੀ ਫਿਰੋਜ਼ਪੁਰ ਸ਼ਹਿਰ ਨੇ ਦੱਸਿਆ ਕਿ 11 ਦਸੰਬਰ 2021 ਨੂੰ ਅਨੁਰਾਗ ਭੰਡਾਰੀ ਪੁੱਤਰ ਕਮਲਜੀਤ ਭੰਡਾਰੀ ਵਾਸੀ ਮਕਾਨ ਨੰਬਰ ਬੀ-10297 ਕਿਸ਼ਨਪੁਰਾ ਜਲੰਧਰ ਨਾਲ ਹੋਇਆ ਸੀ। ਵਿਆਹੁਤਾ ਨੇ ਦੱਸਿਆ ਕਿ ਵਿਆਹ ਸਮੇਂ ਉਸ ਦੇ ਮਾਤਾ-ਪਿਤਾ ਨੇ ਆਪਣੀ ਹੈਸੀਅਤ ਤੋਂ ਵੱਧ ਦਾਜ ਦਹੇਜ ਦਿੱਤਾ ਸੀ, ਪਰ ਉਸ ਦਾ ਪਤੀ ਅਨੁਰਾਗ ਭੰਡਾਰੀ ਉਕਤ ਇਸ ਦਾਜ ਤੋਂ ਖੁਸ਼ ਨਹੀਂ ਸੀ ਤੇ ਹੋਰ ਦਾਜ ਦਹੇਜ ਦੀ ਮੰਗ ਕਰਨ ਲੱਗਾ, ਉਸ ਵੱਲੋਂ ਇਨਕਾਰ ਕਰਨ ਤੇ ਅਨੁਰਾਗ ਭੰਡਾਰੀ ਨੇ ਉਸ ਨੂੰ ਕੁੱਟਮਾਰ ਕਰਕੇ ਆਪਣੇ ਘਰੋਂ ਕੱਢ ਦਿੱਤਾ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਦਰਸ਼ਨ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਵਿਆਹੁਤਾ ਦੇ ਬਿਆਨਾਂ 'ਤੇ ਉਸ ਦੇ ਪਤੀ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## 2 ਕਿੱਲੋ ਅਫੀਮ, ਆਈਫੋਨ ਤੇ ਕਾਰ ਸਮੇਤ ਤਸਕਰ ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਤਲਵੰਡੀ ਭਾਈ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਇੱਕ ਵਿਅਕਤੀ ਨੂੰ 2 ਕਿੱਲੋ ਅਫੀਮ, 1 ਆਈਫੋਨ ਤੇ ਇੱਕ 1 ਸਵਿਫਟ ਸਮੇਤ ਗ੍ਰਿਫਤਾਰ ਕਰਕੇ ਉਸ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਇੰਸਪੈਕਟਰ ਬਲਰਾਜ ਸਿੰਘ ਨੇ ਦੱਸਿਆ ਕਿ ਉਹ ਪੁਲਸ ਪਾਰਟੀ ਗਸ਼ਤ ਕਰਦੇ ਹੋਏ ਨੇੜੇ ਸਟੇਡੀਅਮ ਤਲਵੰਡੀ ਭਾਈ ਮੌਜੂਦ ਸੀ ਤਾਂ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਕਰਨਵੀਰ ਸਿੰਘ ਉਰਫ ਕਰਨ ਪੁੱਤਰ ਗੁਰਮੇਜ ਸਿੰਘ ਵਾਸੀ ਅੱਛੇ ਵਾਲਾ ਆਰਿਫ ਕੇ ਜੋ ਕਿ ਅਫੀਮ ਵੇਚਣ ਦਾ ਆਦੀ ਹੈ, ਜੋ ਹੁਣ ਵੀ ਕਾਰ ਸਵਿਫਟ ਨੰਬਰ ਪੀਬੀ 05 ਐਨ 9977 'ਤੇ ਖੋਸਾ ਦਲ ਸਿੰਘ ਤੋਂ ਤਲਵੰਡੀ ਭਾਈ ਨੂੰ ਆ ਰਿਹਾ ਹੈ। ਪੁਲਸ ਨੇ ਦੱਸਿਆ ਕਿ ਨਾਕਾਬੰਦੀ ਕਰਕੇ ਕਰਨਵੀਰ ਸਿੰਘ ਨੂੰ ਕਾਬੂ ਕੀਤਾ ਗਿਆ ਤੇ ਉਸ ਪਾਸੋਂ 2 ਕਿੱਲੋ ਅਫੀਮ ਬਰਾਮਦ ਹੋਈ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

# ਪੈਨਸ਼ਨਰਜ਼ ਐਸੋਸੀਏਸ਼ਨ ਸਿਟੀ ਮੰਡਲ ਫਿਰੋਜ਼ਪੁਰ ਵੱਲੋਂ ਐਕਸੀਅਨ ਵਿਰੁੱਧ ਧਰਨਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**- ਪੈਨਸ਼ਨਰਜ਼ ਐਸੋਸੀਏਸ਼ਨ ਸਿਟੀ ਮੰਡਲ ਫਿਰੋਜ਼ਪੁਰ ਦਾ ਧਰਨਾ ਐਕਸੀਅਨ ਸਿਟੀ ਡਵੀਜ਼ਨ ਦੇ ਵਿਰੁੱਧ ਸਾਥੀ ਚੇਨਣ ਸਿੰਘ ਦੀ ਪ੍ਰਧਾਨਗੀ ਹੇਠ ਦਿੱਤਾ ਗਿਆ, ਜਿਸ ਵਿੱਚ ਸਾਥੀਆਂ ਨੇ ਆਪਣੀਆਂ ਮੰਗਾਂ ਬਾਰੇ ਵਿਚਾਰ ਵਟਾਂਦਰਾ ਕੀਤਾ ਕਿ ਐਕਸੀਅਨ ਸ਼ਹਿਰੀ ਸਾਰੇ ਪੰਜਾਬ ਵਿੱਚੋਂ ਇਕ ਇਕ ਅਧਿਕਾਰੀ ਹੈ, ਜਿਸ ਨੇ 1 ਜਨਵਰੀ 2016 ਤੋਂ 30 ਜੂਨ 2021 ਤੱਕ ਦੇ ਬਕਾਏ 66 ਮਹੀਨਿਆਂ ਦੇ ਸਕੇਲਾਂ ਦਾ ਬਕਾਇਆ ਏਰੀਅਰ ਨਹੀਂ ਦੇ ਰਿਹਾ, ਜਦਕਿ ਸਾਰੇ ਪੰਜਾਬ ਦੇ ਪੈਨਸ਼ਨਰਾਂ ਨੂੰ ਏਰੀਅਰ ਤੋਂ ਇਲਾਵਾ ਲੀਵ ਇਨ ਕੈਸ਼ਮੈਂਟ ਦੀਆਂ ਬਕਾਇਆ ਕਿਸ਼ਤਾਂ ਦਾ ਬਕਾਇਆ ਵੀ ਦੇਣਾ ਸ਼ੁਰੂ ਕਰ ਦਿੱਤਾ ਹੈ। ਸ਼ਹਿਰੀ ਡਵੀਜ਼ਨ ਦੇ ਫੈਸਲੇ ਮੁਤਾਬਿਕ ਨੋਟਿਸ ਦੇਣ ਦੇ ਬਾਵਜੂਦ ਵੀ ਐਕਸੀਅਨ ਸਿਟੀ ਫਿਰੋਜ਼ਪੁਰ ਦੇ ਕੰਨ 'ਤੇ ਜੂੰ ਨਹੀਂ ਸਰਕ ਰਹੀ, ਜਾਣਬੁੱਝ ਕੇ ਪੈਨਸ਼ਨਰਾਂ ਦੇ ਏਰੀਅਰ ਨਹੀਂ ਦੇ ਰਿਹਾ। ਇਸ ਦੇ ਰੋਸ ਵਜੋਂ ਪੈਨਸ਼ਨਰਾਂ ਵਿੱਚ ਰੋਹ ਦਿਨੋਂ ਦਿਨ ਵਧ ਰਿਹਾ ਹੈ। ਧਰਨੇ ਵਿੱਚ ਬੁਲਾਰੇ ਸਾਥੀਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਾਨੂੰ ਜਲਦ ਤੋਂ ਜਲਦ ਏਰੀਅਰ ਤੇ ਲੀਵ ਇਨ ਕੈਸ਼ਮੈਂਟ ਦਾ ਬਕਾਇਆ ਨਾ ਦਿੱਤਾ ਤਾਂ ਐਕਸੀਅਨ ਵਿਰੁੱਧ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਐਕਸੀਅਨ ਸਿਟੀ ਦੀ ਹੋਵੇਗੀ। ਧਰਨੇ ਨੂੰ ਸਟੇਟ ਕਮੇਟੀ ਪੰਜਾਬ ਦੇ ਪੈਨਸ਼ਨਰ ਐਸੋਸੀਏਸ਼ਨ ਪਾਵਰਕਾਮ ਸੀਨੀਅਰ ਮੀਤ ਪ੍ਰਧਾਨ ਰਾਕੇਸ਼ ਸ਼ਰਮਾ, ਸਰਕਲ ਪ੍ਰਧਾਨ ਸੁਰਿੰਦਰ ਸ਼ਰਮਾ ਤੋਂ ਬਲਵਿੰਦਰ ਸਿੰਘ, ਹਰੂਮਲ ਰਾਏ, ਕੁਲਵੰਤ ਸਿੰਘ, ਮੁਖਤਿਆਰ ਸਿੰਘ, ਹਾਕਮ ਸਿੰਘ ਮੁੱਦਕੀ, ਸ਼ਾਮ ਸਿੰਘ ਸਕੱਤਰ ਤੋਂ ਇਲਾਵਾ ਕਿਸਾਨ ਜਥੇਬੰਦੀਆਂ ਵੱਲੋਂ ਨਿੱਜੀਕਰਨ ਵਿਰੁੱਧ ਧਰਨੇ ਵਿੱਚ ਸ਼ਾਮਲ ਹੋ ਕੇ ਪੈਨਸ਼ਨਰਾਂ ਦੇ ਧਰਨੇ ਦੀ ਹਮਾਇਤ ਕੀਤੀ। ਧਰਨੇ ਵਿੱਚ ਵਿਸ਼ੇਸ਼ ਤੌਰ 'ਤੇ ਪਹੁੰਚੇ ਸੀਨੀਅਰ ਮੀਤ ਪ੍ਰਧਾਨ ਪੰਜਾਬ ਪਾਵਰਕਾਮ ਪੈਨਸ਼ਨਰ ਐਸੋਸੀਏਸ਼ਨ ਤੇ ਸਰਕਲ ਪ੍ਰਧਾਨ ਸੁਰਿੰਦਰ ਸ਼ਰਮਾ ਨੇ ਐਕਸੀਅਨ ਸਿਟੀ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਸ਼ਹਿਰੀ ਮੰਡਲ ਦੇ ਸਾਥੀਆਂ ਦੇ ਬਕਾਏ ਜਲਦ ਤੋਂ ਜਲਦ ਨਾ ਦਿੱਤੇ ਤਾਂ ਇਹ ਸੰਘਰਸ਼ ਸਰਕਲ ਪੱਧਰ ਤੇ ਲੈ ਕੇ ਜਾਇਆ ਜਾਵੇਗਾ ਅਤੇ ਉਨ੍ਹਾਂ ਸਾਥੀਆਂ ਨੇ ਨਿਗਰਾਨ ਇੰਜ. ਸਰਕਲ ਫਿਰੋਜ਼ਪੁਰ ਹੈੱਡ ਕੁਆਟਰ ਨੂੰ ਅਪੀਲ ਕੀਤੀ ਕਿ ਮਾਹੌਲ ਖਰਾਬ ਹੋਣ ਦੀ ਜ਼ਿੰਮੇਵਾਰੀ ਉੱਚ ਅਧਿਕਾਰੀਆਂ ਦੀ ਹੋਵੇਗੀ। ਸਟੇਜ ਦੀ ਕਾਰਵਾਈ ਸਾਥੀ ਬਿਸ਼ਨ ਸਿੰਘ ਨੇ ਬਾਖੂਬੀ ਨਿਭਾਈ। ਕਿਸਾਨ ਆਗੂ ਸੁਰਜੀਤ ਕੁਮਾਰ ਬਾਜੀਦਪੁਰ ਨੇ ਵੀ ਧਰਨੇ ਵਿੱਚ ਸਾਥੀਆਂ ਸਮੇਤ ਸ਼ਮੂਲੀਅਤ ਕੀਤੀ। ਸ਼ਹਿਰ ਮੰਡਲ ਦੇ ਟੀਐੱਸਯੂ ਦੇ ਸਕੱਤਰ ਗੁਰਦੇਵ ਸਿੰਘ ਤੇ ਸਬ ਅਰਬਨ ਮੰਡਲ ਫਿਰੋਜ਼ਪੁਰ ਦੇ ਪ੍ਰਧਾਨ ਸਾਥੀ ਰਜਿੰਦਰ ਸ਼ਰਮਾ ਵੀ ਧਰਨੇ ਵਿੱਚ ਸਾਥੀਆਂ ਸਮੇਤ ਸ਼ਾਮਲ ਹੋਏ।

## ਕਾਤਰਾਂ

### ਚਿੱਟੇ ਸਣੇ ਸਿਟੀ ਪੁਲਸ ਵੱਲੋਂ ਇੱਕ ਕਾਬੂ

**ਬੁਢਲਾਡਾ (ਅਸ਼ੋਕ ਲਾਕੜਾ)**-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਥਾਣਾ ਸ਼ਹਿਰੀ ਦੀ ਪੁਲਿਸ ਦੇ ਸਹਾਇਕ ਥਾਣੇਦਾਰ ਕੌਰ ਸਿੰਘ ਨੇ ਆਈਟੀ ਚੌਂਕ ਵਿਖੇ ਲਾਏ ਹਾਈਟੈਕ ਨਾਕੇ ਦੌਰਾਨ ਸ਼ੱਕੀ ਵਿਅਕਤੀ ਦੀ ਤਲਾਸ਼ੀ ਕਰਨ ਸਮੇਂ ਛੇ ਗ੍ਰਾਮ ਚਿੱਟਾ ਬਰਾਮਦ ਕਰਕੇ ਮੌਕੇ 'ਤੇ ਬਲਕਾਰ ਸਿੰਘ ਪੁੱਤਰ ਰਜਿੰਦਰ ਸਿੰਘ ਨੂੰ ਕਾਬੂ ਕਰ ਲਿਆ ਹੈ। ਉਨ੍ਹਾਂ ਦੱਸਿਆ ਕਿ ਉਕਤ ਵਿਅਕਤੀ ਨੂੰ ਮਾਨਯੋਗ ਅਦਾਲਤ ਵਿੱਚ ਪੇਸ਼ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

### ਨਿਰਵੈਰ ਸਿੰਘ ਸਿੰਧੀ 'ਆਪ' ਦੇ ਜ਼ਿਲ੍ਹਾ ਮੀਡੀਆ ਇੰਚਾਰਜ ਨਿਯੁਕਤ



**ਮਮਦੋਟ (ਹਰਪਾਲ ਸਿੰਘ ਸੋਢੀ)**-ਸੂਬੇ ਵਿੱਚ ਆਮ ਆਦਮੀ ਪਾਰਟੀ ਨੇ 2027 ਦੇ ਚੋਣ ਮੈਦਾਨ ਵਿੱਚ ਉਤਰਨ ਵਾਸਤੇ ਪਿਛਲੇ ਦਿਨੀਂ ਵੱਡੇ ਪੱਧਰ 'ਤੇ ਵੱਖ ਵੱਖ ਵਿੰਗਾਂ ਵਿੱਚ ਨਿਯੁਕਤੀਆਂ ਕੀਤੀਆ ਹਨ, ਜਿਸ ਤਹਿਤ ਅੱਜ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਮੀਡੀਆ ਵਿੰਗ ਦੇ ਜ਼ਿਲ੍ਹਾ ਇੰਚਾਰਜ ਤੇ ਹੋਰ ਅਹੁਦੇਦਾਰ ਨਿਯੁਕਤ ਕੀਤੇ ਗਏ ਹਨ, ਜਿਨ੍ਹਾਂ ਵਿੱਚ ਪਾਰਟੀ ਦੇ ਫਾਊਂਡਰ ਮੈਂਬਰ ਤੇ ਟਕਸਾਲੀ ਆਗੂ ਡਾ. ਨਿਰਵੈਰ ਸਿੰਘ ਸਿੰਧੀ ਨੂੰ ਜ਼ਿਲ੍ਹਾ ਮੀਡੀਆ ਇੰਚਾਰਜ ਫਿਰੋਜ਼ਪੁਰ ਨਿਯੁਕਤ ਕੀਤਾ ਹੈ ਅਤੇ ਐਡਵੋਕੇਟ ਗੁਰਜੀਤ ਸਿੰਘ ਭੁੱਲਰ ਨੂੰ ਜ਼ਿਲ੍ਹਾ ਮੀਡੀਆ ਸਕੱਤਰ ਦੀ ਜ਼ਿੰਮੇਵਾਰੀ ਦਿੱਤੀ ਹੈ।ਇਸ ਮੌਕੇ ਡਾ. ਸਿੰਧੀ ਨੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪਾਰਟੀ ਨੇ ਵੱਡੀ ਜ਼ਿੰਮੇਵਾਰੀ ਦਿੱਤੀ ਹੈ, ਜਿਸ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ ਅਤੇ ਪਹਿਲਾਂ ਦੀ ਤਰ੍ਹਾਂ ਪਾਰਟੀ ਪ੍ਰਤੀ ਵਫ਼ਾਦਾਰੀ ਨਾਲ ਕੰਮ ਕਰਨਗੇ।

### ਅਮਰਦੀਪ ਸੰਘੇੜਾ 'ਆਪ' ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ



**ਪਟਿਆਲਾ/ਸਨੌਰ (ਰਾਜਿੰਦਰ ਸਿੰਘ ਥਿੰਦ)**-ਆਮ ਆਦਮੀ ਪਾਰਟੀ ਦੇ ਨੌਜਵਾਨ ਆਗੂ ਅਮਰਦੀਪ ਸੰਘੇੜਾ ਨੂੰ ਪਾਰਟੀ ਪ੍ਰਤੀ ਨਿਭਾਈਆਂ ਸ਼ਾਨਦਾਰ ਸੇਵਾਵਾਂ ਬਦਲੇ ਜ਼ਿਲ੍ਹਾ ਪਟਿਆਲਾ ਤੋਂ ਯੂਥ ਵਿੰਗ ਦਾ ਜ਼ਿਲ੍ਹਾ ਪ੍ਰਧਾਨ ਬਣਾਇਆ ਗਿਆ ਹੈ। ਆਪਣੀ ਨਿਯੁਕਤੀ ਲਈ ਉਨ੍ਹਾਂ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮਨੀਸ਼ ਸਿਸੋਦੀਆ, ਮੁੱਖ ਮੰਤਰੀ ਭਗਵੰਤ ਮਾਨ ਤੇ ਵਿਧਾਇਕ ਹਰਮੀਤ ਸਿੰਘ ਪਠਾਣ ਮਾਜਰਾ ਦਾ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਪਾਰਟੀ ਵੱਲੋਂ ਦਿੱਤੀਆਂ ਗਈਆਂ ਜ਼ਿੰਮੇਵਾਰੀਆਂ ਨੂੰ ਉਹ ਪੂਰੀ ਇਮਾਨਦਾਰੀ ਨਾਲ ਨਿਭਾਉਣਗੇ।

### 50 ਗ੍ਰਾਮ ਹੈਰੋਇਨ ਸਮੇਤ ਪੁਲਸ ਅੜਿੱਕੇ

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਥਾਣਾ ਸਦਰ ਧੂਰੀ ਦੀ ਪੁਲਸ ਨੇ 50 ਗ੍ਰਾਮ ਹੈਰੋਇਨ ਸਣੇ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਨ ਦੀ ਕਾਮਯਾਬੀ ਪ੍ਰਾਪਤ ਕੀਤੀ ਹੈ।ਇੰਸਪੈਕਟਰ ਕਰਨਬੀਰ ਸਿੰਘ ਸੰਧੂ, ਮੁਖੀ ਥਾਣਾ ਸਦਰ ਧੂਰੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਦੀਆਂ ਹਦਾਇਤਾਂ ਤਹਿਤ ਪੁਲਸ ਟੀਮ ਨੇ ਕਾਰਵਾਈ ਕਰਦਿਆਂ ਜਗਤਾਰ ਸਿੰਘ ਉਰਫ ਬਿੱਟੂ ਨੂੰ 50 ਗ੍ਰਾਮ ਹੈਰੋਇਨ ਸਣੇ ਕਾਬੂ ਕੀਤਾ ਹੈ ਤੇ ਫੜੇ ਗਏ ਮੁਲਜ਼ਮ ਖਿਲਾਫ਼ ਨਸ਼ਾ ਵਿਰੋਧੀ ਐਕਟ ਤਹਿਤ ਮੁਕੱਦਮਾ ਦਰਜ ਕਰਕੇ ਪੁੱਛਗਿੱਛ ਕੀਤੀ ਜਾ ਰਹੀ ਹੈ ਤੇ ਕਈ ਅਹਿਮ ਸੁਰਾਗ ਲੱਗਣ ਦੀ ਸੰਭਾਵਨਾ ਹੈ।

## ਗੱਜਣ ਸਿੰਘ 'ਆਪ' ਦੇ ਜ਼ਿਲ੍ਹਾ ਮੀਡੀਆ ਸਕੱਤਰ ਨਿਯੁਕਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਗੱਜਣ ਸਿੰਘ, ਜੋ ਡਾਕਟਰ ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਨਾਲ ਮੀਡੀਆ ਸਲਾਹਕਾਰ ਦੇ ਤੌਰ 'ਤੇ ਕੰਮ ਕਰ ਹਨ, ਨੂੰ ਆਮ ਆਦਮੀ ਪਾਰਟੀ ਵੱਲੋਂ ਜ਼ਿਲ੍ਹਾ ਪਟਿਆਲਾ ਦਾ ਮੀਡੀਆ ਸਕੱਤਰ ਨਿਯੁਕਤ ਕੀਤਾ ਹੈ। ਜ਼ਿਕਰਯੋਗ ਹੈ ਕਿ ਗੱਜਣ ਸਿੰਘ ਪੁਰਾਣੇ ਤਜਰਬੇਕਾਰ ਪ੍ਰੈੱਸ ਨਾਲ ਸੰਬੰਧਤ ਰਹੇ ਹਨ। ਉਹ ਪੰਜਾਬ ਰਾਜ ਬਿਜਲੀ ਬੋਰਡ ਤੋਂ ਡਿਪਟੀ ਡਾਇਰੈਕਟਰ, ਲੋਕ ਸੰਪਰਕ ਰਿਟਾਇਰ ਹਨ। ਉਨ੍ਹਾਂ ਨੇ ਆਮ ਆਦਮੀ ਪਾਰਟੀ 2012 ਵਿੱਚ ਜੁਆਇਨ ਕੀਤੀ, ਲੰਬੇ ਸਮੇਂ ਤੋਂ ਪਾਰਟੀ ਨਾਲ ਜੁੜੇ ਹੋਏ ਹਨ, ਉਹ 2014 ਵਿੱਚ ਧਰਮਵੀਰ ਗਾਂਧੀ ਲੋਕ ਸਭਾ ਮੈਂਬਰ, ਨੀਨਾ ਮਿੱਤਲ ਪਟਿਆਲਾ ਤੋਂ ਲੋਕ ਸਭਾ ਉਮੀਦਵਾਰ ਦੇ ਨਾਲ ਵੀ ਮੀਡੀਆ ਸਲਾਹਕਾਰ ਰਹਿ ਚੁੱਕੇ ਹਨ, ਉਸ ਤੋਂ ਉਪਰੰਤ ਲਗਾਤਾਰ ਡਾਕਟਰ ਬਲਵੀਰ ਸਿੰਘ ਵਿਧਾਨ ਸਭਾ ਮੈਂਬਰ/ਕੈਬਨਿਟ ਮੰਤਰੀ ਦੇ ਨਾਲ ਮੀਡੀਆ ਸਲਾਹਕਾਰ ਰਹੇ।

ਗੱਜਣ ਸਿੰਘ ਨੇ ਪਾਰਟੀ ਵੱਲੋਂ ਜ਼ਿਲ੍ਹੇ ਦਾ ਮੀਡੀਆ ਸਕੱਤਰ ਨਿਯੁਕਤ ਕਰਨ 'ਤੇ ਪਾਰਟੀ ਸੁਪਰੀਮੋ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮਨੀਸ਼ ਸਿਸੋਦੀਆ ਪੰਜਾਬ ਦੇ ਇੰਚਾਰਜ ਤੇ ਡਾਕਟਰ ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਦਾ ਧੰਨਵਾਦ ਕੀਤਾ।ਇਸ ਦੇ ਨਾਲ ਹੀ ਮੀਡੀਆ ਮਾਲਵਾ ਈਸਟ ਜ਼ੋਨ ਦੇ ਇੰਚਾਰਜ ਹਰਪਾਲ ਜਨੇਜਾ, ਤਜਿੰਦਰ ਮਹਿਤਾ ਪਟਿਆਲਾ ਸ਼ਹਿਰੀ ਪ੍ਰਧਾਨ ਡਾਕਟਰ ਬਲਬੀਰ ਸਿੰਘ ਸਿਹਤ ਮੰਤਰੀ ਪੰਜਾਬ ਦੇ ਆਫਿਸ ਇੰਚਾਰਜ ਜਸਵੀਰ ਸਿੰਘ ਗਾਂਧੀ ਤੇ ਈਸਟ ਜ਼ੋਨ ਮੀਡੀਆ ਸਕੱਤਰ ਮਹਿੰਦਰ ਮੋਹਨ ਸਿੰਘ ਦਾ ਵੀ ਧੰਨਵਾਦ ਕੀਤਾ।

## ਕੋਹਲੀ ਨੇ ਐੱਸ ਸੀ ਭਾਈਚਾਰੇ ਦੇ 24 ਕਰਜ਼ਦਾਰਾਂ ਨੂੰ ਕਰਜ਼ਾ ਮੁਆਫੀ ਦੇ ਸਰਟੀਫਿਕੇਟ ਵੰਡੇ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਹਲਕਾ ਪਟਿਆਲਾ ਅਰਬਨ (ਸ਼ਹਿਰੀ) ਐੱਸ. ਸੀ. ਭਾਈਚਾਰੇ ਦੇ 24 ਕਰਜ਼ਦਾਰਾਂ ਨੂੰ ਕਰੀਬ 37.33 ਲੱਖ ਰੁਪਏ ਦੀ ਕਰਜ਼ਾ ਮੁਆਫੀ ਦਾ ਲਾਭ ਪ੍ਰਦਾਨ ਕਰਕੇ ਸਮਾਜਿਕ ਤੇ ਆਰਥਿਕ ਸਥਿਤੀ ਨੂੰ ਮਜ਼ਬੂਤ ਬਣਾਉਣ ਵੱਲ ਇੱਕ ਵੱਡਾ ਕਦਮ ਚੁੱਕਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਗਰੀਬ ਪਰਿਵਾਰਾਂ ਦਾ ਸਾਰਾ ਕਰਜ਼ਾ ਮਾਫ਼ ਕਰਕੇ ਗਰੀਬ ਪਰਿਵਾਰਾਂ ਨੂੰ ਵਿੱਤੀ ਬੋਝ ਤੋਂ ਮੁਕਤ ਕੀਤਾ ਹੈ। ਅਜੀਤਪਾਲ ਸਿੰਘ ਕੋਹਲੀ ਨੇ ਕਰਜ਼ਾ ਮੁਆਫੀ ਸਰਟੀਫਿਕੇਟ ਵੰਡਦਿਆਂ ਕਿਹਾ ਕਿ ਗਰੀਬ ਪਰਿਵਾਰ ਹੁਣ ਆਪਣੇ ਬੱਚਿਆਂ ਦੀ ਪੜ੍ਹਾਈ ਤੇ ਪਰਿਵਾਰਾਂ ਦੀਆਂ ਜ਼ਰੂਰਤਾਂ ਲਈ ਬਿਹਤਰ ਤਰੀਕੇ ਨਾਲ ਯਤਨ ਕਰ ਸਕਣਗੇ, ਜਿਸ ਨਾਲ ਇਹ ਪਰਿਵਾਰ ਨਵੀਂ ਉਮੀਦ ਤੇ ਹੌਸਲੇ ਨਾਲ ਆਪਣੀ ਜ਼ਿੰਦਗੀ ਨੂੰ ਅੱਗੇ ਵਧਾ ਸਕਣਗੇ।ਵਿਧਾਇਕ ਕੋਹਲੀ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਅੰਦਰ 400 ਲਾਭਪਾਤਰੀਆਂ ਨੂੰ 4 ਕਰੋੜ 83 ਲੱਖ ਰੁਪਏ ਦੀ ਕਰਜ਼ਾ ਮੁਆਫੀ ਦਾ ਲਾਭ ਮਿਲਿਆ ਹੈ ਤੇ ਇਸ ਲਈ ਮੁੱਖ ਮੰਤਰੀ ਸ: ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਧਾਈ ਦੀ ਪਾਤਰ ਹੈ, ਜਿਸ ਨੇ ਇਸ ਭਾਈਚਾਰੇ ਦੇ ਲੋਕਾਂ ਨਾਲ ਵਾਅਦਾ ਪੂਰਾ ਕੀਤਾ ਹੈ।ਉਨ੍ਹਾਂ ਕਿਹਾ ਕਿ ਐੱਸ. ਸੀ. ਭਾਈਚਾਰੇ ਵੱਲੋਂ ਲੰਬੇ ਸਮੇਂ ਤੋਂ ਇਹ ਮੰਗ ਕੀਤੀ ਜਾ ਰਹੀ ਸੀ ਕਿ ਉਨ੍ਹਾਂ ਦੇ ਕਰਜ਼ੇ ਮਾਫ਼ ਕੀਤੇ ਜਾਣ, ਕਿਉਂਕਿ ਹੜ੍ਹਾਂ, ਬਿਮਾਰੀਆਂ ਤੇ ਆਰਥਿਕ ਕਮਜ਼ੋਰੀ ਕਾਰਨ ਬਹੁਤ ਸਾਰੇ ਪਰਿਵਾਰ ਉਕਤ ਕਰਜ਼ੇ ਅਦਾ ਕਰਨ ਤੋਂ ਅਸਮਰਥ ਸਨ।ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਇਸ ਮੁਹਿੰਮ ਵਿੱਚ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਕਾਰਪੋਰੇਸ਼ਨ ਦੀ ਅਹਿਮ ਭੂਮਿਕਾ ਹੈ।ਉਨ੍ਹਾਂ ਲੋੜਵੰਦ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਉਹ ਅੱਗੇ ਆ ਕੇ ਸਰਕਾਰ ਵੱਲੋਂ ਦਿੱਤੀ ਜਾ ਰਹੀ ਸਹੂਲਤ ਦਾ ਲਾਭ ਲੈਣ।ਇਸ ਮੌਕੇ ਜ਼ਿਲ੍ਹਾ ਮੈਨੇਜਰ ਮੰਜੂ ਬਾਲਾ, ਐੱਸ.ਡੀ.ਐੱਮ. ਤੋਂ ਇਲਾਵਾ ਪੰਜਾਬ ਅਨੁਸੂਚਿਤ ਜਾਤੀਆਂ ਭੌਂ ਵਿਕਾਸ ਤੇ ਵਿੱਤ ਕਾਰਪੋਰੇਸ਼ਨ ਦੇ ਅਧਿਕਾਰੀ ਤੇ ਵੱਡੀ ਗਿਣਤੀ 'ਚ ਲਾਭਪਾਤਰੀ ਹਾਜ਼ਰ ਸਨ।

## ਡੰਪਰ ਤੇ ਟਰੈਕਟਰ ਹਾਦਸੇ 'ਚ ਕਿਸਾਨ ਦੀ ਮੌਤ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਿਰਸਾ ਖੇਤਰ ਦੇ ਪਿੰਡ ਬੇਗੂ ਤੇ ਬਾਜੇਕਾਂ ਦੇ ਵਿਚਕਾਰ ਹੋਈ ਡੰਪਰ ਤੇ ਟਰੈਕਟਰ ਦੀ ਟੱਕਰ ਵਿੱਚ ਇੱਕ ਕਿਸਾਨ ਦੀ ਮੌਤ ਹੋ ਗਈ। ਕਿਸਾਨ ਆਪਣੇ ਖੇਤ ਵਿੱਚ ਹਲ ਵਾਹੁਣ ਲਈ ਜਾ ਰਿਹਾ ਸੀ। ਹਾਦਸੇ ਦੀ ਸੂਚਨਾ ਮਿਲਣ 'ਤੇ ਪੁਲਸ ਮੌਕੇ 'ਤੇ ਪਹੁੰਚੀ ਤੇ ਡੰਪਰ ਨੂੰ ਆਪਣੇ ਕਬਜ਼ੇ ਵਿੱਚ ਲੈ ਲਿਆ ਅਤੇ ਲਾਸ਼ ਨੂੰ ਸਿਵਲ ਹਸਪਤਾਲ ਪਹੁੰਚਾਇਆ। ਮਿਲੀ ਜਾਣਕਾਰੀ ਅਨੁਸਾਰ 31 ਸਾਲਾ ਕਿਸਾਨ ਪਰਵਿੰਦਰ ਸਿੰਘ ਪਿੰਡ ਬਾਜੇਕਾਂ ਦਾ ਰਹਿਣ ਵਾਲਾ ਸੀ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਪਰਵਿੰਦਰ ਸਵੇਰੇ ਖੇਤ ਵਿੱਚ ਹਲ ਵਾਹੁਣ ਲਈ ਟਰੈਕਟਰ ਦੇ ਪਿੱਛੇ ਵੱਡਾ ਰੋਟਾਵੇਟਰ ਲੈ ਕੇ ਬਾਜੇਕਾਂ ਰੋਡ 'ਤੇ ਜਾ ਰਿਹਾ ਸੀ ਤੇ ਪਿੱਛੇ ਤੋਂ ਇੱਕ ਡੰਪਰ ਆ ਰਿਹਾ ਸੀ ਤੇ ਟੱਕਰ ਹੁੰਦੇ ਹੀ ਟਰੈਕਟਰ ਜ਼ਮੀਨ 'ਤੇ ਪਲਟ ਗਿਆ ਤੇ ਪਰਵਿੰਦਰ ਟਰੈਕਟਰ ਹੇਠਾਂ ਦੱਬ ਗਿਆ ਤੇ ਉਸ ਦੀ ਗਰਦਨ ਟਾਇਰਾਂ ਤੇ ਮਡਗਾਰਡਾਂ ਵਿੱਚ ਫਸ ਗਈ, ਜਿਸ ਕਾਰਨ ਉਸ ਦੀ ਮੌਤ ਹੋ ਗਈ। ਪਰਵਿੰਦਰ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ। ਪੁਲਸ ਦੇ ਜਾਂਚ ਅਧਿਕਾਰੀ ਲੇਖ ਰਾਜ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਡੰਪਰ ਚਾਲਕ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ।

## ਨਰੇਗਾ ਮਜ਼ਦੂਰਾਂ ਵੱਲੋਂ 25 ਦੇ ਮੁਜ਼ਾਹਰੇ ਦੀ ਤਿਆਰੀ ਲਈ ਬਲਾਕ ਮੋਗਾ-2 ਦੀ ਮੀਟਿੰਗ



**ਮੋਗਾ (ਇਕਬਾਲ ਸਿੰਘ ਖਹਿਰਾ)**-ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਪੰਜਾਬ( ਏਟਕ) ਵੱਲੋਂ ਦੇ ਸੱਦੇ 'ਤੇ 25 ਜੁਲਾਈ ਜ਼ਿਲ੍ਹਾ ਪੱਧਰੀ ਧਰਨਿਆਂ ਦੀ ਤਿਆਰੀ ਵਜੋਂ, ਬਲਾਕ ਮੋਗਾ-2 ਦੀ ਮੀਟਿੰਗ ਸਥਾਨਕ ਸ਼ਹੀਦ ਕਾਮਰੇਡ ਨਛੱਤਰ ਸਿੰਘ ਧਾਲੀਵਾਲ ਭਵਨ ਮੋਗਾ ਵਿਖੇ ਦਰਸ਼ਨ ਕੌਰ ਦੀ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ ਵਿੱਚ ਵੱਖ-ਵੱਖ ਪਿੰਡਾਂ ਦੇ ਆਗੂਆਂ ਨੇ ਹਿੱਸਾ ਲਿਆ।ਮੀਟਿੰਗ ਵਿੱਚ ਪਹੁੰਚੇ ਸੂਬਾ ਜਨਰਲ ਸਕੱਤਰ ਜਗਸੀਰ ਖੋਸਾ ਤੇ ਜ਼ਿਲ੍ਹਾ ਪ੍ਰਧਾਨ ਸ਼ੇਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਕੇਂਦਰ ਤੇ ਪੰਜਾਬ ਸਰਕਾਰਾਂ ਨਰੇਗਾ ਮਜ਼ਦੂਰਾਂ ਨੂੰ ਉਨ੍ਹਾਂ ਦਾ ਕਾਨੂੰਨੀ ਹੱਕ ਦੇਣ ਵਿੱਚ ਵੀ ਵੱਡੀ ਪੱਧਰ 'ਤੇ ਅਣਗਹਿਲੀਆਂ ਕਰ ਰਹੀਆਂ ਹਨ, ਜਿਸ ਕਾਰਨ ਨਰੇਗਾ ਮਜ਼ਦੂਰਾਂ ਨੂੰ ਕਾਨੂੰਨੀ ਰੂਪ ਵਿੱਚ ਮਿਲੀ 100 ਦਿਨਾਂ ਦੇ ਕੰਮ ਦੀ ਗਰੰਟੀ ਦਾ ਤੀਜਾ ਕੁ ਹਿੱਸਾ ਹੀ ਮਿਲਦਾ ਹੈ।ਇਸ ਸਾਰੇ ਕਾਸੇ ਦੇ ਵਿਰੁੱਧ ਤੇ ਨਰੇਗਾ ਮਜ਼ਦੂਰਾਂ ਨੂੰ ਉਨ੍ਹਾਂ ਦਾ ਪੂਰਾ ਹੱਕ ਦਵਾਉਣ ਲਈ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੀ ਸੂਬਾ ਕਮੇਟੀ ਨੇ ਫੈਸਲਾ ਕੀਤਾ ਹੈ, ਕਿ 25 ਜੁਲਾਈ ਨੂੰ ਜ਼ਿਲ੍ਹਾ ਪੱਧਰ 'ਤੇ ਵਿਸ਼ਾਲ ਮੁਜ਼ਾਹਰੇ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਨਰੇਗਾ ਮਜ਼ਦੂਰਾਂ ਨੂੰ ਕਾਨੂੰਨੀ ਤੌਰ ਤੇ ਪਾਸ ਦਿਹਾੜੀ ਤੋਂ ਵੀ ਘੱਟ ਦਿਹਾੜੀ ਦਿੱਤੀ ਜਾ ਰਹੀ ਹੈ।ਨਰੇਗਾ ਮੇਟਾਂ ਨੂੰ ਵੀ ਲੇਬਰ ਵਾਲੀ ਦਿਹਾੜੀ ਹੀ ਦਿੱਤੀ ਜਾ ਰਹੀ ਹੈ, ਜਦੋਂ ਕਿ ਕਾਨੂੰਨੀ ਤੌਰ 'ਤੇ ਗਲਤ ਹੈ ਨਰੇਗਾ ਮੇਟਾ ਨੂੰ ਸੈਮੀ ਸਕਿਲਡ ਵਾਲੀ ਦਿਹਾੜੀ ਯਾਨੀ ਕਿ ਅੱਜ ਦੇ ਸਮੇਂ ਵਿੱਚ 499 ਮਿਲਣੀ ਚਾਹੀਦੀ ਹੈ।ਉਨ੍ਹਾਂ ਦੱਸਿਆ ਕਿ ਇਸ ਧਰਨੇ ਵਿੱਚ ਨਰੇਗਾ ਦੀ ਪੇਮੈਂਟ 15 ਦਿਨਾਂ ਦੇ ਅੰਦਰ ਅੰਦਰ ਕਰਨ, ਕੰਮ ਦੇ ਦਿਨਾਂ ਦੀ ਗਿਣਤੀ 200 ਦਿਨ ਕਰਵਾਉਣ, ਨਰੇਗਾ ਦਿਹਾੜੀ ਰੇਟ 1000 ਰੁਪਏ ਕਰਵਾਉਣ, ਨਰੇਗਾ ਮਜ਼ਦੂਰਾਂ ਲਈ ਕੰਮ ਦਾ ਸਮਾਂ ਛੇ ਘੰਟੇ, ਕੰਮ ਵਾਲੀ ਜਗ੍ਹਾ ਤੇ ਮਿਲਦੀਆਂ ਸਹੂਲਤਾਂ ਫਸਟ ਏਡ ਬਾਕਸ ਜਾਂ ਪੀਣ ਵਾਲੇ ਪਾਣੀ ਦਾ ਪ੍ਰਬੰਧ ਨੂੰ ਅਮਲੀ ਰੂਪ ਵਿੱਚ ਲਾਗੂ ਕਰਵਾਉਣ ਲਈ ਆਵਾਜ਼ ਉਠਾਈ ਜਾਵੇਗੀ।

ਉਨ੍ਹਾਂ ਜ਼ਿਲ੍ਹੇ ਭਰ ਦੇ ਨਰੇਗਾ ਮਜ਼ਦੂਰਾਂ ਨੂੰ ਇਸ ਧਰਨੇ ਵਿੱਚ ਵੱਧ ਤੋਂ ਵੱਧ ਪਹੁੰਚਣ ਦੀ ਅਪੀਲ ਕੀਤੀ।ਇਸ ਮੀਟਿੰਗ ਨੂੰ ਹੋਰਨਾਂ ਤੋਂ ਇਲਾਵਾ ਰਾਣੀ ਕੌਰ, ਸੁਖਪ੍ਰੀਤ ਕੌਰ ਸਲੀਣਾ, ਰਾਜੂ ਮਹੇਸ਼ਰੀ, ਜਬਰਜੰਗ ਸਿੰਘ ਮਹੇਸ਼ਰੀ, ਜੀਤ ਸਿੰਘ, ਇੰਦਰਜੀਤ ਸਿੰਘ ਘੱਲ ਕਲਾਂ ਨੇ ਵੀ ਸੰਬੋਧਨ ਕੀਤਾ।

## ਵਿਧਾਇਕਾ ਨੇ ਬਹਾਵਲਪੁਰ ਪਾਰਕ 'ਚ ਟਿਊਬਵੈੱਲ ਦਾ ਨੀਂਹ ਪੱਥਰ ਰੱਖਿਆ



**ਰਾਜਪੁਰਾ (ਰਮੇਸ਼ ਕਟਾਰੀਆ)**

ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਰਾਜ ਦੇ ਹਰ ਨਾਗਰਿਕ ਤੱਕ ਪੀਣਯੋਗ ਤੇ ਸਾਫ ਪਾਣੀ ਪਹੁੰਚਾਉਣ ਲਈ ਜ਼ਮੀਨੀ ਪੱਧਰ 'ਤੇ ਪ੍ਰਯਾਸ ਕਰ ਰਹੀ ਹੈ।ਇਸ ਦੌਰਾਨ ਹਲਕਾ ਰਾਜਪੁਰਾ ਵਿਧਾਇਕਾ ਮੈਡਮ ਨੀਨਾ ਮਿੱਤਲ ਨੇ ਅੱਜ ਵਾਰਡ ਨੰਬਰ 12 ਸਥਿਤ ਬਹਾਵਲਪੁਰ ਪਾਰਕ ਵਿਖੇ 36.70 ਲੱਖ ਰੁਪਏ ਦੀ ਲਾਗਤ ਨਾਲ ਲਗਾਏ ਜਾਣ ਵਾਲੇ ਨਵੇਂ ਟਿਊਬਵੈੱਲ ਦਾ ਨੀਂਹ ਪੱਥਰ ਰੱਖਿਆ।ਇਸ ਮੌਕੇ ਮੈਡਮ ਨੀਨਾ ਮਿੱਤਲ ਨੇ ਕਿਹਾ ਕਿ ਰਾਜਪੁਰਾ ਸ਼ਹਿਰ ਵਿੱਚ ਪੀਣ ਵਾਲੇ ਪਾਣੀ ਦੀ ਲਗਾਤਾਰ ਆ ਰਹੀ ਸਮੱਸਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਨਗਰ ਕੌਂਸਲ ਰਾਜਪੁਰਾ ਵੱਲੋਂ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਨਵੇਂ ਟਿਊਬਵੈੱਲ ਲਗਾਏ ਜਾ ਰਹੇ ਹਨ।ਉਨ੍ਹਾਂ ਦੱਸਿਆ ਕਿ ਕੁਝ ਜਗ੍ਹਾ 'ਤੇ ਟਿਊਬਵੈੱਲਾਂ ਦੇ ਨਵੀਨੀਕਰਨ ਦਾ ਕੰਮ ਵੀ ਜ਼ੋਰਾਂ-ਸ਼ੋਰਾਂ ਨਾਲ ਜਾਰੀ ਹੈ ਤਾਂ ਜੋ ਲੋਕਾਂ ਨੂੰ ਬਿਹਤਰ ਪਾਣੀ ਸਪਲਾਈ ਪ੍ਰਦਾਨ ਕੀਤਾ ਜਾ ਸਕੇ।ਵਿਧਾਇਕਾ ਨੇ ਕਿਹਾ ਕਿ ਬਹਾਵਲਪੁਰ ਪਾਰਕ ਵਿੱਚ ਨਵੇਂ ਟਿਊਬਵੈੱਲ ਦੇ ਚਾਲੂ ਹੋਣ ਨਾਲ ਇਲਾਕੇ ਦੇ ਵਾਰਡ ਨੰਬਰ 12 ਤੋਂ 16 ਤੱਕ ਦੇ ਨਿਵਾਸੀਆਂ ਨੂੰ ਪੀਣਯੋਗ ਸਾਫ ਪਾਣੀ ਮਿਲੇਗਾ।ਇੱਥੇ ਬਣੀ ਵਾਟਰ ਸਪਲਾਈ ਟੈਂਕੀ ਦੇ ਜ਼ਰੀਏ ਇਹ ਪਾਣੀ ਘਰ-ਘਰ ਤੱਕ ਪੁਜਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਇਸ ਪ੍ਰਾਜੈਕਟ ਨਾਲ ਹਜ਼ਾਰਾਂ ਸ਼ਹਿਰ ਨਿਵਾਸੀਆਂ ਨੂੰ ਲਾਭ ਮਿਲੇਗਾ ਤੇ ਪਾਣੀ ਦੀ ਮੇਨ ਸਮੱਸਿਆ ਹੱਲ ਹੋਵੇਗੀ।ਇਸ ਮੌਕੇ ਸਰਕਾਰ ਦੀ ਸ਼ਲਾਘਾ ਕਰਦੇ ਹੋਏ ਸਥਾਨਕ ਨਿਵਾਸੀਆਂ ਨੇ ਕਿਹਾ ਕਿ ਨਵੇਂ ਟਿਊਬਵੈੱਲ ਨਾਲ ਇਲਾਕੇ ਦੀ ਸਾਲਾਂ ਪੁਰਾਣੀ ਪਾਣੀ ਦੀ ਤੰਗੀ ਖਤਮ ਹੋਵੇਗੀ ਤੇ ਲੋਕਾਂ ਨੂੰ ਸਾਫ ਤੇ ਸ਼ੁੱਧ ਪਾਣੀ ਮਿਲੇਗਾ।ਇਸ ਮੌਕੇ ਗੀਤੇਸ਼ ਬਾਂਸਲ, ਸ਼ਾਮ ਸੁੰਦਰ ਵਧਵਾ, ਯਸ਼ ਪਾਲ ਸਿੰਧੀ, ਦਿਨੇਸ਼ ਮਹਿਤਾ, ਕੌਂਸਲਰ ਗੁਰਧਿਆਨ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਮੌਜੂਦ ਸਨ।

## ਬੀ ਐੱਸ ਐੱਫ ਤੇ ਪੰਜਾਬ ਪੁਲਸ ਨੇ 15 ਪੈਕਟ ਹੈਰੋਇਨ ਦੀ ਖੇਪ ਫੜੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਭਾਰਤ-ਪਾਕਿਸਤਾਨ ਸਰਹੱਦ 'ਤੇ ਫਿਰੋਜ਼ਪੁਰ ਜ਼ਿਲ੍ਹੇ ਦੇ ਪਿੰਡ ਟੇਂਡੀ ਵਾਲਾ ਨੇੜੇ ਬੀਐੱਸਐੱਫ (ਸੀਮਾ ਸੁਰੱਖਿਆ ਬਲ) ਤੇ ਫਿਰੋਜ਼ਪੁਰ ਪੁਲਸ ਨੇ ਸਾਂਝੇ ਸਰਚ ਆਪ੍ਰੇਸ਼ਨ ਦੌਰਾਨ ਪਾਕਿਸਤਾਨ ਤੋਂ ਤਸਕਰੀ ਕਰਕੇ ਲਿਆਂਦੀ ਗਈ ਹੈਰੋਇਨ ਦੀ ਵੱਡੀ ਖੇਪ ਬਰਾਮਦ ਕੀਤੀ ਹੈ। ਇਸ ਕਾਰਵਾਈ ਵਿੱਚ 15 ਪੈਕਟ ਹੈਰੋਇਨ ਜ਼ਬਤ ਕੀਤੀ ਗਈ, ਜਿਸ ਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤ ਕਰੋੜਾਂ ਰੁਪਏ ਦੱਸੀ ਜਾ ਰਹੀ ਹੈ। ਸੂਤਰਾਂ ਅਨੁਸਾਰ ਬੀਐੱਸਐੱਫ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਪਾਕਿਸਤਾਨੀ ਤਸਕਰਾਂ ਵੱਲੋਂ ਭਾਰਤੀ ਤਸਕਰਾਂ ਨੂੰ ਹੈਰੋਇਨ ਦੀ ਇੱਕ ਵੱਡੀ ਖੇਪ ਸੌਂਪੀ ਜਾਣ ਵਾਲੀ ਹੈ। ਇਸ ਸੂਚਨਾ ਦੇ ਆਧਾਰ 'ਤੇ ਸੀਨੀਅਰ ਸੁਪਰਡੈਂਟ ਆਫ ਪੁਲਸ (ਐੱਸਐੱਸਪੀ) ਫਿਰੋਜ਼ਪੁਰ ਭੁਪਿੰਦਰ ਸਿੰਘ ਸਿੱਧੂ ਦੀ ਅਗਵਾਈ ਵਿੱਚ ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਤੇ ਬੀਐੱਸਐੱਫ ਨੇ ਮਿਲ ਕੇ ਸਰਹੱਦੀ ਖੇਤਰ ਵਿੱਚ ਸਰਚ ਆਪ੍ਰੇਸ਼ਨ ਸ਼ੁਰੂ ਕੀਤਾ। ਇਸ ਦੌਰਾਨ ਪਿੰਡ ਟੇਂਡੀ ਵਾਲਾ ਦੇ ਇਲਾਕੇ ਵਿਚ ਲੁਕਾਈ ਹੋਈ 15 ਪੈਕਟ ਹੈਰੋਇਨ ਬਰਾਮਦ ਕੀਤੀ ਗਈ। ਇਹ ਹੈਰੋਇਨ, ਜਿਸ ਨੂੰ ਸਰਹੱਦ ਪਾਰੋਂ ਤਸਕਰੀ ਕਰਕੇ ਲਿਆਂਦਾ ਗਿਆ ਸੀ, ਨੂੰ ਭਾਰਤੀ ਬਾਜ਼ਾਰਾਂ ਵਿੱਚ ਸਪਲਾਈ ਕਰਨ ਦੀ ਯੋਜਨਾ ਸੀ। ਸੁਰੱਖਿਆ ਏਜੰਸੀਆਂ ਨੇ ਇਸ ਖੇਪ ਨੂੰ ਸਮੇਂ ਸਿਰ ਫੜ ਕੇ ਤਸਕਰਾਂ ਦੇ ਮਨਸੂਬਿਆਂ 'ਤੇ ਪਾਣੀ ਫੇਰ ਦਿੱਤਾ। ਬਰਾਮਦ ਕੀਤੀ ਹੈਰੋਇਨ ਦੀ ਮਾਤਰਾ ਤੇ ਇਸ ਦੀ ਅੰਤਰਰਾਸ਼ਟਰੀ ਮੁੱਲ ਦੇ ਮੱਦੇਨਜ਼ਰ, ਇਹ ਕਾਰਵਾਈ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਵਿਰੁੱਧ ਇਕ ਵੱਡੀ ਜਿੱਤ ਮੰਨੀ ਜਾ ਰਹੀ ਹੈ। ਬੀਐੱਸਐੱਫ ਤੇ ਪੰਜਾਬ ਪੁਲਸ ਦਾ ਸਾਂਝਾ ਸਰਚ ਆਪ੍ਰੇਸ਼ਨ ਅਜੇ ਵੀ ਜਾਰੀ ਹੈ। ਅਧਿਕਾਰੀਆਂ ਵੱਲੋਂ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਇਸ ਹੈਰੋਇਨ ਦੀ ਖੇਪ ਨੂੰ ਕਿਹੜੇ ਭਾਰਤੀ ਤਸਕਰਾਂ ਨੇ ਮੰਗਵਾਇਆ ਸੀ ਅਤੇ ਇਸ ਨੂੰ ਅੱਗੇ ਕਿੱਥੇ ਸਪਲਾਈ ਕਰਨ ਦੀ ਯੋਜਨਾ ਸੀ।

ਇਸ ਦੇ ਨਾਲ ਹੀ ਸਰਹੱਦ 'ਤੇ ਸੁਰੱਖਿਆ ਵਧਾਉਣ ਤੇ ਅਜਿਹੀਆਂ ਗਤੀਵਿਧੀਆਂ ਨੂੰ ਰੋਕਣ ਲਈ ਵਧੇਰੇ ਚੌਕਸੀ ਵਰਤੀ ਜਾ ਰਹੀ ਹੈ।

## ਨਸ਼ੇੜੀ ਆਪਣੇ ਘਰ ਨੂੰ ਹੀ ਅੱਗ ਲਗਾ ਕੇ ਹੋਇਆ ਫ਼ਰਾਰ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਨੇੜਲੇ ਪਿੰਡ ਨਗਰ 'ਚ ਇੱਕ ਨਸ਼ੇੜੀ ਵਿਅਕਤੀ ਵੱਲੋਂ ਅਪਣੇ ਘਰ ਨੂੰ ਅੱਗ ਲਗਾਉਣ ਦਾ ਮਾਮਲਾ ਸਾਹਮਣੇ ਆਇਆ ਹੈ।ਜਾਣਕਾਰੀ ਅਨੁਸਾਰ ਸਨੌਰ ਦੇ ਪਿੰਡ ਨਗਰ 'ਚ ਬੀਤੀ ਰਾਤ ਦੋ ਵਜੇ ਦੇ ਕਰੀਬ ਇੱਕ ਨਸ਼ੇੜੀ ਵਿਅਕਤੀ ਬਲਵੀਰ ਸਿੰਘ ਸੋਢੀ ਵੱਲੋਂ ਅਪਣੇ ਘਰ ਨੂੰ ਰਾਤ ਸਮੇਂ ਅੱਗ ਲਗਾ ਦਿੱਤੀ ਗਈ।ਫ਼ਾਇਰ ਬ੍ਰਿਗੇਡ ਨੇ ਮੌਕੇ 'ਤੇ ਪਹੁੰਚ ਅੱਗ 'ਤੇ ਕਾਬੂ ਪਾਇਆ। ਮੁਲਜ਼ਮ ਮੌਕੇ ਤੋਂ ਫਰਾਰ ਹੋ ਗਿਆ।ਮੁਲਜ਼ਮ ਬਲਵੀਰ ਸਿੰਘ ਸੋਢੀ ਦੀ ਧਰਮਪਤਨੀ ਸੁਨੀਤਾ ਦੇਵੀ ਨੇ ਦੱਸਿਆ ਕਿ ਉਸਦਾ ਪਤੀ ਨਸ਼ੇ ਦਾ ਆਦੀ ਹੈ ਤੇ ਉਹ ਗਰੀਬ ਪਰਿਵਾਰ ਹੈ। ਪਹਿਲਾਂ ਵੀ ਉਸ ਵੱਲੋਂ ਅੱਗ ਲਗਾਈ ਗਈ ਸੀ, ਅੱਜ ਲੱਗੀ ਅੱਗ 'ਚ ਕਣਕ, ਕੱਪੜੇ, ਰਾਸ਼ਨ, ਜ਼ਰੂਰੀ ਕਾਗ਼ਜ਼, ਅਧਾਰ ਕਾਰਡ, ਬੱਚਿਆਂ ਦੇ ਸਰਟੀਫਿਕੇਟ, ਬੈਂਕ ਦੀ ਕਾਪੀ, ਕੁੱਝ ਨਗਦੀ ਜਲ ਕੇ ਸੁਆਹ ਹੋ ਗਿਆ। ਸੁਨੀਤਾ ਦੇਵੀ ਨੇ ਮਦਦ ਦੀ ਗੁਹਾਰ ਲਗਾਈ ਤੇ ਕਿਹਾ ਕਿ ਉਸ ਦੇ ਨਸ਼ੇੜੀ ਪਤੀ ਬਲਵੀਰ ਸਿੰਘ ਸੋਢੀ ਨੂੰ ਸਖ਼ਤ ਸਜ਼ਾ ਦਿੱਤੀ ਜਾਵੇ, ਉਨ੍ਹਾਂ ਨੂੰ ਜਾਨੀ ਨੁਕਸਾਨ ਦਾ ਵੀ ਖਤਰਾ ਹੈ।ਪਿੰਡ ਦੇ ਸਰਪੰਚ ਜਰਨੈਲ ਸਿੰਘ ਨੇ ਦੱਸਿਆ ਕਿ ਪਹਿਲਾਂ ਵੀ ਇਸ ਨਸ਼ੇੜੀ ਵਿਅਕਤੀ ਵੱਲੋਂ ਘਰ 'ਚ ਅੱਗ ਲਗਾਈ ਗਈ ਸੀ।ਗਰੀਬ ਪਰਵਾਰ ਦੀ ਰਿਸ਼ਤੇਦਾਰਾਂ ਤੇ ਪਿੰਡ ਵਾਸੀਆਂ ਨੇ ਮਦਦ ਕੀਤੀ ਸੀ।ਉਨ੍ਹਾ ਦੱਸਿਆ ਕਿ ਇਹ ਅੱਗ ਰਾਤ ਦੋ ਵਜੇ ਦੇ ਕਰੀਬ ਲਗਾਈ ਗਈ।ਪਿੰਡ ਨੂੰ ਇਸ ਨਸ਼ੇੜੀ ਕਾਰਨ ਹਰ ਸਮੇਂ ਖ਼ਤਰਾ ਰਹਿੰਦਾ ਹੈ, ਮੁਲਜ਼ਮ ਬਲਵੀਰ ਸਿੰਘ ਸੋਢੀ ਅੱਗ ਲਗਾ ਕੇ ਫਰਾਰ ਹੋ ਗਿਆ, ਪੁਲਸ ਨੂੰ ਇਸ ਬਾਰੇ ਰਿਪੋਰਟ ਕਰਵਾ ਦਿੱਤੀ ਗਈ ਹੈ।

## ਨਗਰ ਪੰਚਾਇਤ ਨਜਾਇਜ਼ ਕਬਜ਼ਾਧਾਰੀਆਂ ਅੱਗੇ ਹੋਈ ਬੇਵੱਸ, ਏ ਡੀ ਸੀ ਨੂੰ ਕਾਰਵਾਈ ਲਈ ਲਿਖਿਆ ਪੱਤਰ



**ਭੀਖੀ (ਧਰਮਵੀਰ ਸ਼ਰਮਾ)**-ਲੈਫਟੀਨੈਂਟ ਸ਼ਹੀਦ ਗੁਰਦੇਵ ਸਿੰਘ ਢਿੱਲੋਂ ਯਾਦਗਾਰੀ ਬੱਸ ਅੱਡਾ ਭੀਖੀ ਵਿਖੇ ਟੈਕਸੀ ਯੂਨੀਅਨ ਵੱਲੋਂ ਬੱਸ ਅੱਡੇ ਦੀ ਵਪਾਰਕ ਜ਼ਮੀਨ 'ਤੇ ਕੀਤੇ ਜਾ ਰਹੇ ਨਜਾਇਜ਼ ਕਬਜ਼ੇ ਨੂੰ ਰੋਕਣ ਲਈ ਨਗਰ ਪੰਚਾਇਤ ਬੇਵੱਸ ਜਾਪ ਰਹੀ ਹੈ।ਨਗਰ ਪੰਚਾਇਤ ਵੱਲੋਂ ਕਾਰਜ ਸਾਧਕ ਅਫਸਰ ਨਾ ਹੋਣ ਦੀ ਵਜ੍ਹਾ ਦੱਸ ਕੇ ਏਡੀਸੀ (ਜ) ਨੂੰ ਬੱਸ ਅੱਡੇ ਵਿੱਚ ਟੈਕਸੀ ਯੂਨੀਅਨ ਵੱਲੋਂ ਮੰਦਰ ਦੇ ਨਾਮ 'ਤੇ ਕੀਤੀ ਜਾ ਰਹੀ ਨਜਾਇਜ਼ ਉਸਾਰੀ ਨੂੰ ਰੋਕਣ ਤੇ ਉਨ੍ਹਾਂ ਖਿਲਾਫ ਬਣਦੀ ਕਾਰਵਾਈ ਕਰਨ ਲਈ ਬੇਨਤੀ ਕੀਤੀ ਹੈ।

ਵਿਭਾਗੀ ਸੂਤਰਾਂ ਅਨੁਸਾਰ ਪੱਤਰ ਨੰਬਰ 937 ਮਿਤੀ 10 ਜੁਲਾਈ 2025 ਨੂੰ ਏਡੀਸੀ (ਜ) ਨੂੰ ਨਗਰ ਪੰਚਾਇਤ ਪ੍ਰਧਾਨ, ਉਪ-ਪ੍ਰਧਾਨ ਤੇ 4 ਕੌਂਸਲਰਾਂ ਦੇ ਦਸਤਖ਼ਤਾਂ ਹੇਠ ਲਿਖੇ ਬੇਨਤੀ ਪੱਤਰ ਵਿੱਚ ਲਿਖਿਆ ਹੈ ਕਿ ਬੱਸ ਅੱਡੇ ਵਿੱਚ ਸ੍ਰੀ ਦਸ਼ਮੇਸ਼ ਜੀ ਵੈੱਲਫੇਅਰ ਸੁਸਾਇਟੀ (ਰਜਿ. 3317) ਭੀਖੀ ਯੂਨੀਅਨ ਦੇ ਪ੍ਰਧਾਨ ਤੇ ਮੈਂਬਰਾਂ ਵੱਲੋਂ ਨਗਰ ਪੰਚਾਇਤ ਭੀਖੀ ਦੀ ਬੱਸ ਸਟੈਂਡ ਵਾਲੀ ਜਗ੍ਹਾ ਉੱਪਰ ਮੰਦਰ ਦੇ ਨਾਮ 'ਤੇ ਨਜਾਇਜ਼ ਉਸਾਰੀ ਕੀਤੀ ਜਾ ਰਹੀ ਹੈ, ਦਾ ਕੰਮ ਇੱਕ ਵਾਰ ਰੁਕਵਾ ਦਿੱਤਾ ਸੀ, ਪ੍ਰੰਤੂ ਯੂਨੀਅਨ ਵੱਲੋਂ ਦੁਬਾਰਾ ਕੰਮ ਸ਼ੁਰੂ ਕਰ ਦਿੱਤਾ ਹੈ।ਕਾਰਜ ਸਾਧਕ ਅਫਸਰ ਨਾ ਹੋਣ 'ਤੇ ਨੋਟਿਸ ਨਹੀਂ ਦਿੱਤਾ ਜਾ ਸਕਦਾ। ਇਸ ਲਈ ਆਪ ਜੀ ਦਾ ਦਫਤਰ ਕਾਰਵਾਈ ਕਰਕੇ ਨਜਾਇਜ਼ ਉਸਾਰੀ ਤੁਰੰਤ ਹਟਾਵੇ ਤੇ ਉਨ੍ਹਾਂ ਖਿਲਾਫ ਬਣਦੀ ਕਾਰਵਾਈ ਕੀਤੀ ਜਾਵੇ।ਹੈਰਾਨੀਜਨਕ ਹੈ ਕਿ ਬੇਸ਼ੱਕ ਨਗਰ ਪੰਚਾਇਤ ਪ੍ਰਧਾਨ ਏਡੀਸੀ (ਜ) ਨੂੰ ਇਹ ਪੱਤਰ ਤਾਂ ਲਿਖ ਦਿੱਤਾ ਗਿਆ, ਪਰ ਸੋਚਣ ਵਾਲੀ ਗੱਲ ਹੈ ਕਿ ਜੇਕਰ ਕਾਰਜ ਸਾਧਕ ਅਫਸਰ ਨਹੀਂ ਤਾਂ ਪ੍ਰਧਾਨ, ਕੌਂਸਲਰ ਜਾਂ ਭਾਗ ਅਫਸਰ ਆਪਣੇ ਪੱਧਰ 'ਤੇ ਕੋਈ ਕਾਰਵਾਈ ਕਰਨ ਲਈ ਸਮਰੱਥ ਹਨ ਜਾਂ ਨਹੀਂ? ਕਾਬਿਲੇ ਜ਼ਿਕਰ ਇਹ ਵੀ ਹੈ ਕਿ ਸ਼ਹਿਰ ਦਾ ਵਿਕਾਸ, ਨਿਰਮਾਣ ਤੇ ਨਕਸ਼ਿਆਂ ਆਦਿ ਕੰਮਾਂ ਨੂੰ ਦਫਤਰ ਦੀ ਵਰਕਸ ਬ੍ਰਾਂਚ ਦੇਖਦੀ ਹੈ ਤੇ ਇਸ ਦਾ ਮੁਖੀ ਭਾਗ ਅਫਸਰ (ਜੇ.ਈ.) ਹੁੰਦਾ ਹੈ, ਕੀ ਉਹ ਸਬੰਧਤ ਪਾਰਟੀ ਜਾਂ ਪੁਲਸ ਨੂੰ ਆਪਣੇ ਪੱਧਰ 'ਤੇ ਕਾਰਵਾਈ ਲਈ ਕੋਈ ਸੂਚਨਾ ਜਾਂ ਨੋਟਿਸ ਦੇਣ ਦੇ ਸਮਰੱਥ ਹੈ ਜਾਂ ਨਹੀਂ? ਨਗਰ ਪੰਚਾਇਤ ਦਫਤਰ ਵੱਲੋਂ ਏਡੀਸੀ (ਜ) ਨੂੰ ਲਿਖਿਆ ਪੱਤਰ ਵੀ ਇੱਕ ਫਾਇਲ ਵਿੱਚ ਕਾਗਜ਼ਾਂ ਦਾ ਥੱਬਾ ਇਕੱਠਾ ਕਰਨ ਤੋਂ ਇਲਾਵਾ ਹੋਰ ਕੁਝ ਨਹੀਂ। ਜੇਕਰ ਲੋਕ ਨੁਮਾਇੰਦੇ (ਕੌਂਸਲਰ) ਜਾਂ ਨਗਰ ਪੰਚਾਇਤ ਪ੍ਰਸ਼ਾਸਨ ਦਾ ਇਰਾਦਾ ਸਕਾਰਾਤਮਕ ਤੇ ਇਮਾਨਦਾਰੀ ਵਾਲਾ ਹੁੰਦਾ ਤਾਂ ਕਿਸੇ ਦੀ ਜੁਰਅਤ ਨਹੀਂ ਕਿ ਉਹ ਨਗਰ ਪੰਚਾਇਤ ਦੀ ਮਹਿੰਗੀ ਵਪਾਰਕ ਜਗ੍ਹਾ 'ਤੇ ਕਬਜ਼ਾ ਕਰ ਲੈਂਦਾ।

ਬੀਤੇ ਸ਼ਨੀਵਾਰ ਪੱਤਰਕਾਰਾਂ ਵੱਲੋਂ ਮਾਮਲਾ ਡਿਪਟੀ ਕਮਿਸ਼ਨਰ ਮਾਨਸਾ ਦੇ ਧਿਆਨ ਵਿੱਚ ਲਿਆਉਣ 'ਤੇ ਹੀ ਥੋੜ੍ਹੀ ਬਹੁਤੀ ਕਾਰਵਾਈ ਕਰਕੇ ਇੱਕ ਵਾਰ ਇਮਾਰਤ ਦੇ ਨਿਰਮਾਣ ਨੂੰ ਰੋਕਿਆ ਗਿਆ ਹੈ।ਉਧਰ ਜਾਗਰੂਕ ਸ਼ਹਿਰੀ ਇਸ ਨਜਾਇਜ਼ ਕਬਜ਼ੇ ਨੂੰ ਲੈ ਕੇ ਜਿੱਥੇ ਪ੍ਰਸ਼ਾਸਨ ਤੋਂ ਖਫਾ ਹਨ, ਉੱਥੇ ਕੌਂਸਲਰਾਂ ਦੇ ਰਵੱਈਏ ਨੂੰ ਵੀ ਸ਼ੱਕ ਦੀ ਨਿਗ੍ਹਾ ਨਾਲ ਦੇਖ ਰਹੇ ਹਨ।

## ਦੇਸ਼ ਭਗਤ ਗਲੋਬਲ ਸਕੂਲ 'ਚ ਪੇਪਰ ਬੈਗ ਮੇਕਿੰਗ ਮੁਕਾਬਲਾ

**ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਲਈ ਕਾਗਜ਼ ਦੀਆਂ ਥੈਲੀਆਂ ਵਰਤੀਆਂ ਜਾਣ : ਡਾ. ਜਿੰਦਲ**



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਦੇਸ਼ ਭਗਤ ਕੈਂਪਸ ਸ੍ਰੀ ਮੁਕਤਸਰ ਸਾਹਿਬ ਦੇ ਚੇਅਰਮੈਨ ਤੇ ਦੇਸ਼ ਭਗਤ ਯੂਨੀਵਰਸਿਟੀ ਦੇ ਮਾਨਯੋਗ ਚਾਂਸਲਰ ਡਾ. ਜ਼ੋਰਾ ਸਿੰਘ ਤੇ ਪ੍ਰੋ ਚਾਂਸਲਰ ਡਾ. ਤੇਜਿੰਦਰ ਕੌਰ ਦੀ ਯੋਗ ਅਗਵਾਈ ਹੇਠ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਤੇ ਵਾਈਸ ਪ੍ਰਿੰਸੀਪਲ ਡਾ. ਪਰਮਪ੍ਰੀਤ ਕੌਰ ਦੀ ਦੇਖ-ਰੇਖ ਹੇਠ ਦੇਸ਼ ਭਗਤ ਗਲੋਬਲ ਸਕੂਲ ਵਿਖੇ ਵਿਦਿਆਰਥੀਆਂ ਵਿੱਚ ਵਾਤਾਵਰਣ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ 'ਪੇਪਰ ਬੈਗ ਬਣਾਉਣ ਦੇ ਮੁਕਾਬਲਾ' ਕਰਵਾਇਆ ਗਿਆ।ਇਸ ਮੁਕਾਬਲੇ ਵਿੱਚ ਤੀਜੀ ਤੋਂ ਪੰਜਵੀਂ ਕਲਾਸ ਦੇ ਬੱਚਿਆਂ ਨੇ ਵੱਧ ਚੜ੍ਹ ਕੇ ਭਾਗ ਲਿਆ।ਬੱਚਿਆਂ ਨੇ ਰੰਗ-ਬਿਰੰਗੇ ਤੇ ਆਕਰਸ਼ਕ ਡਿਜ਼ਾਇਨ ਵਾਲੇ ਪੇਪਰ ਬੈਗ ਤਿਆਰ ਕਰਕੇ ਆਪਣੀ ਕਲਾ ਤੇ ਰਚਨਾਤਮਕਤਾ ਦਾ ਪਰਚਮ ਲਹਿਰਾਇਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਸੰਜੀਵ ਜਿੰਦਲ ਨੇ ਬੱਚਿਆਂ ਨੂੰ ਵਾਤਾਵਰਣ ਸੰਭਾਲ ਦੇ ਮਹੱਤਵ ਬਾਰੇ ਦੱਸਦਿਆਂ ਕਿਹਾ ਕਿ ਪਲਾਸਟਿਕ ਦੀਆਂ ਥੈਲੀਆਂ ਦੀ ਵਰਤੋਂ ਛੱਡ ਕੇ ਕਾਗਜ਼ ਦੀਆਂ ਥੈਲੀਆਂ ਵਰਤਣੀਆਂ ਚਾਹੀਦੀਆਂ ਹਨ।

ਕਾਗਜ਼ ਦੇ ਬਣੇ ਹੋਏ ਥੈਲੇ ਸਾਡੇ ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਂਦੇ ਹਨ।ਪਲਾਸਟਿਕ ਦੀਆਂ ਥੈਲੀਆਂ ਦੀ ਵਰਤੋਂ ਨਾ ਕਰਕੇ ਅਸੀਂ ਆਪਣੇ ਵਾਤਾਵਰਨ ਨੂੰ ਪ੍ਰਦੂਸ਼ਤ ਹੋਣ ਤੋਂ ਬਚਾਉਣ ਵਿੱਚ ਇੱਕ ਅਣਮੁੱਲਾ ਯੋਗਦਾਨ ਪਾ ਸਕਦੇ ਹਾਂ।ਵਾਈਸ ਪ੍ਰਿੰਸਪਲ ਡਾ. ਪਰਮਪ੍ਰੀਤ ਕੌਰ ਨੇ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਨਾਲ ਅਸੀਂ ਬੱਚਿਆਂ ਅੰਦਰ ਛਪੀਆਂ ਹੋਈਆਂ ਕਲਾਵਾਂ ਨੂੰ ਉਜਾਗਰ ਕਰ ਸਕਦੇ ਹਾਂ।

## ਭਗਵੰਤ ਮਾਨ ਦੇ ਪੁਲਸ ਰਾਜ ਵਿਰੁੱਧ ਕੱਢੀ ਪੇਂਡੂ ਮਜ਼ਦੂਰਾਂ ਨੇ ਜਾਗੋ



**ਜਗਰਾਓਂ (ਸੰਜੀਵ ਅਰੋੜਾ)**

ਬਦਲਾਅ ਦਾ ਲਾਰਾ ਲਾ ਕੇ ਸੱਤਾ ਵਿੱਚ ਆਈ ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਪੁਲਸ ਸਟੇਟ ਵਿੱਚ ਬਦਲਕੇ ਮਜ਼ਦੂਰ-ਕਿਸਾਨ ਜਥੇਬੰਦੀਆਂ ਅਤੇ ਖਾਸ ਕਰਕੇ ਦਲਿਤ ਮਜ਼ਦੂਰਾਂ ਦੀ ਨੁਮਾਇੰਦਾ ਜਥੇਬੰਦੀ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਉਪਰ ਅਣਐਲਾਨੀ ਪੰਬਾਦੀ ਲਾ ਕੇ ਜਨਤਕ ਸਰਗਰਮੀਆਂ 'ਤੇ ਰੋਕ ਲਾ ਦਿੱਤੀ ਹੈ।

ਭਗਵੰਤ ਮਾਨ ਹਕੂਮਤ ਦੇ ਇਸ ਲੋਕ ਵਿਰੋਧੀ ਹੱਲੇ ਵਿਰੁੱਧ ਪੰਜਾਬ ਦੀਆਂ ਜੁਝਾਰੂ ਮਜ਼ਦੂਰ ਕਿਸਾਨ ਜੱਥੇਬੰਦੀਆਂ ਵੱਲੋਂ 25 ਜੁਲਾਈ ਨੂੰ ਸੰਗਰੂਰ ਵਿਖੇ ਵਿਸ਼ਾਲ ਰੈਲੀ ਕੀਤੀ ਜਾਵੇਗੀ। ਪੁਲਸ ਰਾਜ ਵਿਰੋਧੀ ਇਸ ਸੰਗਰੂਰ ਰੈਲੀ ਵਿੱਚ ਪੇਂਡੂ ਮਜ਼ਦੂਰ ਯੂਨੀਅਨ ਦੇ ਵਰਕਰਾਂ ਵੱਲੋਂ ਵੀ ਵੱਡੇ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇਗੀ, ਜਿਸ ਸਬੰਧੀ ਜੱਥੇਬੰਦੀ ਵੱਲੋਂ ਪਿੰਡ-ਪਿੰਡ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ, ਇਸ ਲੜੀ ਤਹਿਤ ਅੱਜ ਵੱਖ-ਵੱਖ ਪਿੰਡਾਂ ਵਿੱਚ ਮੀਟਿੰਗਾਂ ਕਰਨ ਤੋਂ ਬਾਅਦ ਪਿੰਡ ਸਿੱਧਵਾਂ ਕਲਾਂ ਵਿਖੇ ਵਿਸ਼ਾਲ ਜਾਗੋ ਮਾਰਚ ਕੀਤਾ ਗਿਆ, ਜਿਸ ਵਿੱਚ ਮਜ਼ਦੂਰ ਬੀਬੀਆਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਜਥੇਬੰਦੀਆਂ 'ਤੇ ਲਾਈ ਅਣ ਐਲਾਨੀ ਪਾਬੰਦੀ ਦਾ ਵਿਰੋਧ ਕਰਦਿਆਂ ਸੰਗਰੂਰ ਰੈਲੀ ਸ਼ਾਮਿਲ ਹੋਣ ਦਾ ਐਲਾਨ ਕੀਤਾ।

ਜ਼ਿਲ੍ਹਾ ਪ੍ਰਧਾਨ ਅਵਤਾਰ ਸਿੰਘ ਰਸੂਲਪੁਰ ਤੇ ਜ਼ਿਲ੍ਹਾ ਸਕੱਤਰ ਸੁਖਦੇਵ ਸਿੰਘ ਮਾਣੂੰਕੇ ਨੇ ਕਿਹਾ ਕਿ 20 ਮਈ ਨੂੰ ਸੰਗਰੂਰ ਵਿਖੇ ਜ਼ਮੀਨ ਪ੍ਰਾਪਤੀ ਸੰਘਰਸ਼ ਕਮੇਟੀ ਵਲੋਂ ਬੇਗਮਪੁਰਾ ਵਸਾਉਣ ਜਾਂਦੇ ਦਲਿਤਾਂ ਅਤੇ ਬੇਜ਼ਮੀਨੇ ਲੋਕਾਂ ਨੂੰ ਪੰਜਾਬ ਸਰਕਾਰ ਦੇ ਇਸ਼ਾਰੇ 'ਤੇ ਝੂਠੇ ਕੇਸ ਦਰਜ ਕਰਕੇ ਗ੍ਰਿਫਤਾਰ ਕਰ ਲਿਆ ਗਿਆ ਸੀ, ਸਰਕਾਰ ਨੇ ਸੰਘਰਸ਼ ਦੇ ਦਬਾਅ ਤਹਿਤ ਮੀਟਿੰਗ ਸੱਦੀ ਅਤੇ ਵਾਅਦਾ ਕੀਤਾ ਕਿ ਸਾਰੇ ਗ੍ਰਿਫ਼ਤਾਰ ਮਜ਼ਦੂਰਾਂ ਨੂੰ ਬਿਨ੍ਹਾਂ ਸ਼ਰਤ ਰਿਹਾਅ ਕੀਤਾ ਜਾਵੇਗਾ, ਪਰ ਸਰਕਾਰ ਨੇ ਵਾਅਦੇ ਮੁਤਾਬਕ ਸਾਰੇ ਮਜ਼ਦੂਰਾਂ ਦੀ ਰਿਹਾਈ ਨਹੀਂ ਕੀਤੀ, ਅਜੇ ਵੀ ਪਿੰਡ ਸ਼ਾਦੀਹਰੀ ਦੇ ਮਜ਼ਦੂਰਾਂ ਜੇਲ੍ਹੀ ਬੰਦ ਹਨ।

ਇਸ ਤੋਂ ਇਲਾਵਾ ਮਜ਼ਦੂਰ ਆਗੂ ਬਿੱਕਰ ਸਿੰਘ ਹੱਥੋਆ ਅਤੇ ਵਿਦਿਆਰਥੀ ਆਗੂ ਕਮਲਦੀਪ ਕੌਰ ਨੂੰ ਵੀ ਪੁਲਿਸ ਨੇ ਗ੍ਰਿਫ਼ਤਾਰ ਕਰਕੇ ਜੇਲ੍ਹੀ ਬੰਦ ਕਰ ਦਿੱਤਾ ਹੈ।

## ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਇਕਾਈ ਮਾਨਸਾ ਦੀ ਮੀਟਿੰਗ



**ਮਾਨਸਾ (ਆਤਮਾ ਸਿੰਘ ਪਮਾਰ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਜ਼ਿਲ੍ਹਾ ਮਾਨਸਾ ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਡਾ. ਸੰਤਪਾਲ ਰਿਸ਼ੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ 'ਚ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ, ਸੂਬਾ ਸਹਾਇਕ ਕੈਸ਼ੀਅਰ ਵੈਦ ਤਾਰਾ ਚੰਦ ਭਾਵਾ, ਜ਼ਿਲ੍ਹਾ ਚੇਅਰਮੈਨ ਡਾ. ਰਘਵੀਰ ਚੰਦ ਸ਼ਰਮਾ, ਸਕੱਤਰ ਡਾ. ਸਿਮਰਜੀਤ ਸਿੰਘ ਗਾਗੋਵਾਲ, ਕੈਸ਼ੀਅਰ ਡਾ.ਅਮਰੀਕ ਸਿੰਘ ਮਾਖਾ ਅਤੇ ਜ਼ਿਲ੍ਹਾ ਅਤੇ ਬਲਾਕ ਆਗੂਆਂ ਨੇ ਵੀ ਸ਼ਿਰਕਤ ਕੀਤੀ।ਮੀਟਿੰਗ ਦੇ ਸ਼ੁਰੂ 'ਚ ਜਥੇਬੰਦਕ ਪਰਵਾਰ ਵਿੱਚੋਂ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਅਤੇ ਸਹਾਇਕ ਕੈਸ਼ੀਅਰ ਵੈਦ ਤਾਰਾ ਚੰਦ ਭਾਵਾ, ਜ਼ਿਲ੍ਹਾ ਚੇਅਰਮੈਨ ਡਾ ਰਘਵੀਰ ਸ਼ਰਮਾ ਵੱਲੋਂ ਸਾਂਝੇ ਤੌਰ 'ਤੇ ਪਿਛਲੇ ਅੱਠ ਮਹੀਨਿਆਂ ਦੀ ਕਾਰਗੁਜ਼ਾਰੀ ਦੀ ਰਿਪੋਰਟ ਪੇਸ਼ ਕੀਤੀ ਗਈ।ਬਲਾਕ ਆਗੂਆਂ ਵੱਲੋਂ ਆ ਰਹੀਆਂ ਦਿੱਕਤਾਂ ਦੀ ਜਾਣਕਾਰੀ ਸਾਂਝੀ ਕੀਤੀ ਤੇ ਮੈਂਬਰਸ਼ਿਪ ਵਧਾਉਣ ਤੋਂ ਇਲਾਵਾ ਜਥੇਬੰਦਕ ਨੂੰ ਬਿਹਤਰ ਕਰਨ ਲਈ ਵਿਚਾਰ ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਜ਼ਿਲ੍ਹਾ ਕਮੇਟੀ ਕਨਵੀਨਰ ਜ਼ਿਲ੍ਹਾ ਹੈਡਕੁਆਟਰ 'ਤੇ ਮਾਨਸਾ ਵਿਖੇ 20 ਅਗਸਤ ਨੂੰ ਕਰਨ ਦਾ ਫੈਸਲਾ ਸਰਬਸੰਮਤੀ ਨਾਲ ਲਿਆ ਗਿਆ।ਮੀਟਿੰਗ ਵਿੱਚ ਜ਼ਿਲ੍ਹਾ ਸਕੱਤਰ ਡਾ. ਸਿਮਰਜੀਤ ਸਿੰਘ ਗਾਗੋਵਾਲ, ਕੈਸ਼ੀਅਰ ਡਾ.ਅਮਰੀਕ ਸਿੰਘ ਮਾਖਾ, ਸਹਾਇਕ ਸਕੱਤਰ ਡਾ. ਹਰਬੰਸ ਸਿੰਘ, ਬਲਾਕ ਮਾਨਸਾ ਦੇ ਪ੍ਰਧਾਨ ਡਾ. ਗੁਰਪ੍ਰੀਤ ਭੈਣੀ ਬਾਘਾ, ਬਰੇਟਾ ਦੇ ਡਾ. ਪ੍ਰੇਮ ਸਿੰਘ ਕਿਸ਼ਨਗੜ੍ਹ, ਬੁਢਲਾਡਾ ਦੇ ਪ੍ਰਧਾਨ ਡਾ. ਗੁਰਜੀਤ ਸਿੰਘ ਬਰੇ, ਝੁਨੀਰ ਦੇ ਪ੍ਰਧਾਨ ਡਾ. ਅੰਗਰੇਜ਼ ਸਿੰਘ ਸਾਹਨੇਵਾਲੀ, ਜੋਗਾ ਦੇ ਪ੍ਰਧਾਨ ਡਾ.ਗੁਰਬਿੰਦਰ ਸਿੰਘ, ਡਾ. ਲੱਖਾ ਸਿੰਘ ਅਤੇ ਸਰਗਰਮ ਕਾਰਕੁੰਨ ਵੀ ਹਾਜ਼ਰ ਸਨ।

# 5178 ਅਧਿਆਪਕਾਂ ਦੇ ਬਕਾਏ ਜਾਰੀ ਕਰਵਾਉਣ ਲਈ ਡੀ ਟੀ ਐੱਫ ਨੇ ਡੀ ਸੀ ਨੂੰ ਦਿੱਤੇ ਮੁੱਖ ਮੰਤਰੀ ਦੇ ਨਾਂਅ ਰੋਸ ਪੱਤਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਸੂਬਾ ਕਮੇਟੀ ਦੀ ਮੀਟਿੰਗ ਵਿੱਚ ਲਏ ਫੈਸਲੇ ਅਨੁਸਾਰ ਡੈਮੋਕ੍ਰੇਟਿਕ ਟੀਚਰਜ਼ ਫਰੰਟ ਪਟਿਆਲਾ ਦੀ ਅਗਵਾਈ 'ਚ ਅਧਿਆਪਕਾਂ ਵੱਲੋਂ 5178 ਅਧਿਆਪਕਾਂ ਅਤੇ ਆਰਟ ਐਂਡ ਕਰਾਫਟ ਅਧਿਆਪਕਾਂ ਦੀਆਂ ਮੰਗੀਆਂ ਮੰਗਾਂ ਹੱਲ ਨਾ ਹੋਣ ਕਾਰਨ ਡਿਪਟੀ ਕਮਿਸ਼ਨਰ ਪਟਿਆਲਾ ਰਾਹੀਂ ਮੁੱਖ ਮੰਤਰੀ ਪੰਜਾਬ ਅਤੇ ਸਿੱਖਿਆ ਸਕੱਤਰ (ਸਕੂਲਜ਼) ਪੰਜਾਬ ਨੂੰ ਰੋਸ ਪੱਤਰ ਭੇਜਿਆ ਗਿਆ।ਮੀਡੀਆ ਨੂੰ ਸੰਬੋਧਿਤ ਹੁੰਦੇ ਹੋਏ ਡੀ ਟੀ ਐੱਫ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜ਼ਿਲ੍ਹਾ ਪ੍ਰਧਾਨ ਹਰਵਿੰਦਰ ਰੱਖੜਾ, ਸਕੱਤਰ ਜਸਪਾਲ ਸਿੰਘ ਖਾਂਗ, ਵਿੱਤ ਸਕੱਤਰ ਰਜਿੰਦਰ ਸਿੰਘ ਸਮਾਣਾ ਤੇ ਜ਼ਿਲ੍ਹਾ ਆਗੂ ਕੁਲਦੀਪ ਗੁਰਦਿਆਲਪੁਰ ਨੇ ਦੱਸਿਆ ਕਿ 5178 ਅਧਿਆਪਕਾਂ (ਨਾਨ-ਪਟੀਸ਼ਨਰਜ਼) ਨੂੰ ਪਰਖ ਸਮੇਂ ਦੇ ਪੂਰੀ ਤਨਖਾਹ ਅਨੁਸਾਰ ਬਕਾਏ ਜਾਰੀ ਕਰਨ ਵਿੱਚ ਹੋ ਰਹੀ ਦੇਰੀ ਕਾਰਨ ਸਾਰੇ ਪੰਜਾਬ ਦੇ ਡਿਪਟੀ ਕਮਿਸ਼ਨਰਾਂ ਰਾਹੀਂ ਪੰਜਾਬ ਦੇ ਮੁੱਖ ਮੰਤਰੀ ਦੇ ਨਾਂ ਰੋਸ ਪੱਤਰ ਦਿੱਤੇ ਗਏ ਹਨ। ਉਹਨਾਂ ਕਿਹਾ ਕਿ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਵੱਲੋਂ 26 ਫਰਵਰੀ 2025 ਨੂੰ ਸਪੀਕਿੰਗ ਆਰਡਰ ਜਾਰੀ ਕਰਦੇ ਹੋਏ 5178 ਅਧਿਆਪਕਾਂ ਨੂੰ ਪ੍ਰੋਬੇਸ਼ਨ ਪੀਰੀਅਡ ਦੌਰਾਨ ਪੂਰੀ ਤਨਖਾਹ ਸਕੇਲ ਅਨੁਸਾਰ ਬਕਾਏ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ। ਇਸ ਤੋਂ ਪਹਿਲਾਂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਵਿੱਚ ਜਮ੍ਹਾ ਕੀਤੀ ਕਾਰਵਾਈ ਰਿਪੋਰਟ ਵਿੱਚ ਵੀ ਸਿੱਖਿਆ ਵਿਭਾਗ ਵੱਲੋਂ ਇਸ ਫੈਸਲੇ ਨੂੰ ਜਨਰਲਾਈਜ਼ ਕਰਨਾ ਅੰਕਿਤ ਕੀਤਾ ਗਿਆ ਸੀ। ਪ੍ਰੰਤੂ ਹਾਲੇ ਤੱਕ 5178 ਭਰਤੀ ਵਿਚਲੇ ਨਾਨ-ਪਟੀਸ਼ਨਰ ਅਧਿਆਪਕਾਂ ਨੂੰ ਪੂਰੀ ਤਨਖਾਹ ਸਕੇਲ ਅਨੁਸਾਰ ਬਕਾਏ ਨਹੀਂ ਦਿੱਤੇ ਗਏ।ਆਗੂਆਂ ਨੇ ਕਿਹਾ ਕਿ ਜੇਕਰ ਉਪਰੋਕਤ ਮਸਲੇ ਜਲਦ ਹੱਲ ਨਾ ਕੀਤੇ ਗਏ ਤਾਂ ਜਥੇਬੰਦੀ ਵੱਲੋਂ ਸੰਘਰਸ਼ ਹੋਰ ਤਿੱਖਾ ਕਰਦੇ ਹੋਏ 5 ਅਗਸਤ ਨੂੰ ਡਾਇਰੈਕਟਰ ਸਿੱਖਿਆ ਵਿਭਾਗ (ਸੈਕੰਡਰੀ) ਦੇ ਦਫਤਰ ਮਾਸ ਡੈਪੂਟੇਸ਼ਨ ਦੇ ਰੂਪ ਵਿੱਚ ਪਹੁੰਚਦੇ ਹੋਏ 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਸਰਕਾਰੀ ਸਮਾਗਮ ਦੇ ਸਮਾਂਤਰ ਸੂਬਾਈ ਐਕਸ਼ਨ ਵੀ ਕਰਨ ਦੀ ਵਿਉਂਤਬੰਦੀ ਉਲੀਕੀ ਜਾਵੇਗੀ।

**ਸੰਗਰੂਰ (ਪ੍ਰਵੀਨ ਸਿੰਘ)** : ਸੂਬਾ ਪੱਧਰੀ ਫੈਸਲੇ ਅਨੁਸਾਰ ਅੱਜ ਡੈਮੋਕ੍ਰੇਟਿਕ ਟੀਚਰਜ਼ ਫਰੰਟ ਇਕਾਈ ਸੰਗਰੂਰ ਵੱਲੋਂ 5178 ਭਰਤੀ ਅਧੀਨ ਅਧਿਆਪਕਾਂ (ਨਾਨ-ਪਟੀਸ਼ਨਰਜ਼) ਨੂੰ ਪਰਖ ਸਮੇਂ ਦੌਰਾਨ ਪੂਰੀ ਤਨਖਾਹ ਸਕੇਲ ਅਨੁਸਾਰ ਬਕਾਏ ਜਾਰੀ ਕਰਨ 'ਚ ਹੋ ਰਹੀ ਬੇਲੋੜੀ ਦੇਰੀ ਖਿਲਾਫ ਰੋਸ ਵਜੋਂ ਡਿਪਟੀ ਕਮਿਸ਼ਨਰ ਸੰਗਰੂਰ ਸੰਦੀਪ ਰਿਸ਼ੀ ਰਾਹੀਂ ਮੁੱਖ ਮੰਤਰੀ ਪੰਜਾਬ ਦੇ ਨਾਅ ਰੋਸ ਪੱਤਰ ਭੇਜੇ ਗਏ। ਇਸ ਮੌਕੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਪ੍ਰਧਾਨ ਸੁਖਵਿੰਦਰ ਗਿਰ ਅਤੇ ਜ਼ਿਲ੍ਹਾ ਜਨਰਲ ਸਕੱਤਰ ਅਮਨ ਵਸ਼ਿਸ਼ਟ ਨੇ ਦੱਸਿਆ ਕਿ ਡਾਇਰੈਕਟਰ ਸਕੂਲ ਸਿੱਖਿਆ (ਸੈਕੰਡਰੀ) ਵੱਲੋਂ 26 ਫਰਵਰੀ 2025 ਨੂੰ ਸਪੀਕਿੰਗ ਆਰਡਰ ਜਾਰੀ ਕਰਦੇ ਹੋਏ ਮੂਲ 5178 ਅਧਿਆਪਕਾਂ ਨੂੰ ਪਰਖ ਸਮੇਂ ਦੀ ਪੂਰੀ ਤਨਖਾਹ ਸਕੇਲ ਅਨੁਸਾਰ ਬਣਦੇ ਬਕਾਏ ਜਾਰੀ ਕਰਨ ਦੇ ਨਿਰਦੇਸ਼ ਦਿੱਤੇ ਗਏ ਸਨ, ਪਰ ਵਿਭਾਗ ਵੱਲੋਂ ਬਕਾਏ ਜਾਰੀ ਕਰਨ ਵਿੱਚ ਦੇਰੀ ਕੀਤੀ ਜਾ ਰਹੀ ਹੈ।ਇਸ ਮੌਕੇ ਜ਼ਿਲ੍ਹਾ ਪ੍ਰੈੱਸ ਸਕੱਤਰ ਕਰਮਜੀਤ ਨਦਾਮਪੁਰ, ਵਿੱਤ ਸਕੱਤਰ ਕਮਲਜੀਤ ਬਨਭੌਰਾ, ਬਲਵਿੰਦਰ ਸਤੌਜ, ਮਨੋਜ ਕੁਮਾਰ ਲਹਿਰਾ ਗਾਗਾ, ਮਨਜੀਤ ਸਰਵਾਰਾ ਨੇ ਕਿਹਾ ਕਿ ਇਸ ਤੋਂ ਪਹਿਲਾਂ ਪੰਜਾਬ ਤੇ ਹਰਿਆਣਾ ਹਾਈਕੋਰਟ ਵਿੱਚ ਵੀ ਸਿੱਖਿਆ ਵਿਭਾਗ ਵੱਲੋਂ ਇਸ ਫੈਸਲੇ ਨੂੰ ਜਨਰਲਾਈਜ਼ ਕਰਨਾ ਅੰਕਿਤ ਕੀਤਾ ਗਿਆ ਸੀ, ਪ੍ਰੰਤੂ ਹਾਲੇ ਤੱਕ 5178 ਵਿਚਲੇ ਨਾਨ-ਪਟੀਸ਼ਨਰ ਅਧਿਆਪਕਾਂ ਨੂੰ ਪੂਰੀ ਤਨਖਾਹ ਸਕੇਲ ਅਨੁਸਾਰ ਬਕਾਏ ਜਾਰੀ ਨਹੀਂ ਕੀਤੇ ਗਏ, ਜਦਕਿ ਡੀ ਟੀ ਐੱਫ ਵੱਲੋਂ ਜੂਨ 2025 ਦਰਮਿਆਨ ਸਿੱਖਿਆ ਸਕੱਤਰ (ਸਕੂਲ) ਅਤੇ ਕੈਬਨਿਟ ਸਬ-ਕਮੇਟੀ ਨਾਲ ਹੋਈਆਂ ਮੀਟਿੰਗਾਂ ਵਿੱਚ ਇੱਕ ਕਾਡਰ ਤੇ ਇੱਕ ਜਿਹਾ ਤਨਖਾਹ ਸਕੇਲ ਲਾਗੂ ਹੋਣ ਦੇ ਤੈਅਸ਼ੁਦਾ ਨਿਯਮ ਤਹਿਤ ਮਸਲਾ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ ਗਿਆ ਸੀ। ਇਸ ਮੌਕੇ ਉਪਰੋਕਤ ਤੋਂ ਇਲਾਵਾ ਇਸ ਮੌਕੇ ਕੰਵਲਜੀਤ ਸਿੰਘ, ਬਲਜੀਤ ਸਿੰਘ, ਹਰਿੰਦਰ ਸਿੰਘ, ਹਰਪ੍ਰੀਤ ਕੌਰ, ਸ਼ਿਵਾਲੀ, ਸੁਖਜੀਤ ਕੌਰ, ਮਮਤਾ ਰਾਣੀ, ਦੀਪ ਸਿਖਾ, ਗੀਤੂ ਕਾਂਸਲ, ਲਲੀਤਾ, ਅਮਨਜੋਤ, ਮਨਪ੍ਰੀਤ ਕੌਰ, ਰੂਹੀ ਗੋਇਲ ਸਮੇਤ ਡੀਟੀਐੱਫ ਦੇ ਆਗੂ ਅਤੇ ਵੱਡੀ ਗਿਣਤੀ ਵਿੱਚ 5178 ਅਧਿਆਪਕ ਹਾਜ਼ਰ ਸਨ।

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**- ਡੈਮੋਕ੍ਰੇਟਿਕ ਟੀਚਰਜ਼ ਫਰੰਟ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਵਿੱਚ ਲਏ ਫੈਸਲੇ ਅਨੁਸਾਰ 5178 ਅਧਿਆਪਕਾਂ (ਨਾਨ-ਪਟੀਸ਼ਨਰਜ਼) ਨੂੰ ਪਰਖ ਸਮੇਂ ਦੇ ਪੂਰੀ ਤਨਖਾਹ ਅਨੁਸਾਰ ਬਕਾਏ ਜਾਰੀ ਕਰਨ ਵਿੱਚ ਹੋ ਰਹੀ ਦੇਰੀ ਲਈ ਬੁੱਧਵਾਰ ਜ਼ਿਲ੍ਹਾ ਪ੍ਰਧਾਨ ਪਵਨ ਕੁਮਾਰ, ਬਲਾਕ ਪ੍ਰਧਾਨ ਜਸਵੰਤ ਸਿੰਘ, ਬਲਾਕ ਸਕੱਤਰ ਕੰਵਲਜੀਤ ਪਾਲ, ਕੁਲਵੰਤ ਸਿੰਘ ਤੇ 5178 ਦੇ ਆਗੂਆਂ ਅਮਰ ਕੁਮਾਰ, ਸਰਬਜੀਤ ਸਿੰਘ ਵੱਲੋਂ ਸਾਂਝੇ ਤੌਰ 'ਤੇ ਵਧੀਕ ਡਿਪਟੀ ਕਮਿਸ਼ਨਰ ਸ਼ਿਵਾਂਸ਼ ਅਸ਼ਵਾਨਾ ਨੂੰ ਰੋਸ ਪੱਤਰ ਸੌਂਪਿਆ ਗਿਆ।ਆਗੂਆਂ ਨੇ ਰੋਸ ਪੱਤਰ ਸੌਂਪਦਿਆਂ ਮੰਗ ਕੀਤੀ ਕਿ 5178 ਭਰਤੀ ਤਹਿਤ ਹੀ ਨਿਯੁਕਤ ਆਰਟ ਐਂਡ ਕਰਾਫਟ ਅਧਿਆਪਕਾਂ ਦੀ ਪ੍ਰੋਬੇਸ਼ਨ ਪੀਰੀਅਡ ਦੌਰਾਨ ਤਨਖਾਹ ਫਿਕਸੇਸ਼ਨ ਨੂੰ ਭਰਤੀ ਦੇ ਨਿਯਮਾਂ ਤੇ ਰੈਗੂਲਰਾਈਜ਼ੇਸ਼ਨ ਦੇ ਆਰਡਰਾਂ ਅਨੁਸਾਰ 4400 ਤਨਖਾਹ ਗ੍ਰੇਡ ਅਨੁਸਾਰ ਹੀ ਫਿਕਸ ਕਰਨ ਦੇ ਨਿਰਦੇਸ਼ ਜ਼ਿਲ੍ਹਾ ਅਧਿਕਾਰੀਆਂ ਨੂੰ ਦਿੱਤੇ ਜਾਣ।ਆਗੂਆਂ ਨੇ ਕਿਹਾ ਕਿ ਬਕਾਏ ਜਾਰੀ ਕਰਨ ਤੇ ਅਧਿਆਪਕਾਂ ਦੇ ਬਾਕੀ ਪ੍ਰਮੁੱਖ ਮਾਮਲੇ ਹੱਲ ਨਾ ਹੋਣ ਦੀ ਸੂਰਤ ਵਿੱਚ 5 ਅਗਸਤ ਨੂੰ ਡਾਇਰੈਕਟਰ ਸਿੱਖਿਆ ਵਿਭਾਗ (ਸੈਕੰਡਰੀ) ਦੇ ਦਫ਼ਤਰ 'ਮਾਸ ਡੈਪੂਟੇਸ਼ਨ' ਦੇ ਰੂਪ ਵਿੱਚ ਪਹੁੰਚਦੇ ਤੇ 5 ਸਤੰਬਰ ਨੂੰ ਅਧਿਆਪਕ ਦਿਵਸ ਮੌਕੇ ਰਾਜ ਪੱਧਰੀ ਸਰਕਾਰੀ ਸਮਾਗਮ ਦੇ ਸਮਾਂਤਰ ਸੂਬਾਈ ਐਕਸ਼ਨ ਵੀ ਕੀਤਾ ਜਾਵੇਗਾ।ਇਸ ਮੌਕੇ ਨਵਦੀਪ ਸਿੰਘ, ਸ਼ਿਵ ਦੇਵ, ਗਗਨਦੀਪ ਸਿੰਘ, ਜੋਗਿੰਦਰ ਪਾਲ, ਰਿੰਕੂ, ਮਨੁਜ ਕੁਮਾਰ, ਤੇਜ ਰਾਮ, ਲਖਵੀਰ ਸਿੰਘ, ਲਖਵੀਰ ਕੌਰ, ਸ਼ੈਲੀ ਮੈਮ ਆਦਿ ਹਾਜ਼ਰ ਸਨ।

## ਬਾਵਾ ਲਾਲੀ ਨੇ ਪਾਰਕ ਸੁੰਦਰੀਕਰਨ ਦਾ ਕਾਰਜ ਆਰੰਭ ਕੀਤਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਪਿੰਡ ਚੱਕ ਬੀੜ ਸਰਕਾਰ ਦੇ ਬਾਵਾ ਯਾਦਵਿੰਦਰ ਸਿੰਘ (ਲਾਲੀ ਬਾਵਾ) ਨੇ ਡਾ. ਅੰਬੇਡਕਰ ਪਾਰਕ ਵਿਖੇ ਕੀਤੇ ਜਾ ਰਹੇ ਸੁੰਦਰੀਕਰਨ ਦੇ ਕਾਰਜਾਂ ਦਾ ਨਿਰੀਖਣ ਕੀਤਾ ਅਤੇ ਰਸਮੀ ਤੌਰ 'ਤੇ ਇਸਦੀ ਸ਼ੁਰੂਆਤ ਕੀਤੀ।ਬਾਵਾ ਲਾਲੀ ਨੇ ਸੁੰਦਰੀਕਰਨ ਦਾ ਕਾਰਜ ਪਹਿਲੀ ਇੱਟ ਲਾ ਕੇ ਸ਼ੁਰੂ ਕੀਤਾ।ਇਸ ਮੌਕੇ ਖੁਸ਼ੀ ਵਿੱਚ ਲੱਡੂ ਵੀ ਵੰਡੇ ਗਏ।ਇਸ ਸਮੇਂ ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਤ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਦੇ ਪ੍ਰਧਾਨ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ, ਗਾਇਡ ਇੰਜ. ਅਸ਼ੋਕ ਕੁਮਾਰ ਭਾਰਤੀ, ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਡਾ. ਸੁਰਿੰਦਰ ਗਿਰਧਰ ਤੇ ਪ੍ਰਦੀਪ ਧੁੜੀਆ (ਦੋਵੇਂ ਪੈਟਰਨ), ਐਡਵੋਕੇਟ ਰਣਜੀਤ ਸਿੰਘ ਥਾਂਦੇਵਾਲਾ, ਸੀਨੀਅਰ ਮੈਂਬਰ ਮਮਤਾ ਸ਼ੁਕਲਾ, ਵਿਕਾਸ ਸ਼ੁਕਲਾ, ਹਨੀ ਕਾਉਣੀ ਅਤੇ ਵਿਸ਼ੂ ਚੌਧਰੀ ਆਦਿ ਮੌਜੂਦ ਸਨ।ਇਸ ਤੋਂ ਇਲਾਵਾ ਮੌਜੂਦਾ ਸਮੇਂ ਵਿੱਚ ਪਾਰਕ ਦੀ ਦੇਖ ਰੇਖ ਤੇ ਸੇਵਾ ਸੰਭਾਲ ਕਰ ਰਹੀ ਦੇਸ਼ ਭਗਤ ਯੂਨੀਵਰਸਿਟੀ ਮੰਡੀ ਗੋਬਿੰਦਗੜ੍ਹ ਦੇ ਚਾਂਸਲਰ ਡਾ. ਜੋਰਾ ਸਿੰਘ ਵੱਲੋਂ ਉਚੇਚੇ ਤੌਰ 'ਤੇ ਭੇਜੇ ਗਏ ਦੋ ਨੁਮਾਇੰਦੇ ਸੁਪਰਵਾਈਜਰ ਦਿਲਬਾਗ ਸਿੰਘ ਬਾਗੀ ਮਾਨ ਤੇ ਪ੍ਰਿੰ. ਸੰਜੀਵ ਜਿੰਦਲ ਵੀ ਮੌਜੂਦ ਸਨ।ਜ਼ਿਕਰਯੋਗ ਹੈ ਕਿ ਵਿਕਾਸ ਮਿਸ਼ਨ ਵੱਲੋਂ ਲੋਕਾਂ ਦੇ ਆਰਥਿਕ ਸਹਿਯੋਗ ਨਾਲ ਅੰਬੇਡਕਰ ਪਾਰਕ ਦੇ ਸੁੰਦਰੀਕਰਨ ਦਾ ਕਾਰਜ ਆਰੰਭਿਆ ਹੋਇਆ ਹੈ। ਮਿਸ਼ਨ ਦੇ ਇਸ ਸ਼ਲਾਘਾਯੋਗ ਉਪਰਾਲੇ ਲਈ ਬਾਵਾ ਲਾਲੀ ਨੇ ਮਿਸ਼ਨ ਪ੍ਰਧਾਨ ਸ੍ਰੀ ਢੋਸੀਵਾਲ ਸਮੇਤ ਸਮੁੱਚੀ ਟੀਮ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਵਿਕਾਸ ਮਿਸ਼ਨ ਵੱਲੋਂ ਸਮਾਜ ਸੇਵਾ ਦੀ ਭਾਵਨਾ ਨੂੰ ਮੱਦੇਨਜ਼ਰ ਰੱਖਦੇ ਹੋਏ ਇਸ ਪਾਰਕ ਨੂੰ ਰੈਨੋਵੇਟ ਕੀਤਾ ਜਾ ਰਿਹਾ ਹੈ।ਸ੍ਰੀ ਢੋਸੀਵਾਲ ਨੇ ਦੱਸਿਆ ਹੈ ਕਿ ਕਰੀਬ ਦੋ ਦਹਾਕੇ ਪਹਿਲਾਂ ਬਣਾਏ ਗਏ ਇਸ ਪਾਰਕ ਲਈ ਬਾਵਾ ਲਾਲੀ ਦੇ ਪਰਿਵਾਰ ਵੱਲੋਂ ਮੌਜੂਦਾ ਸਮੇਂ ਵਿੱਚ ਕਰੋੜਾਂ ਰੁਪਏ ਵਾਲੀ ਇਹ ਕੀਮਤੀ ਜਗ੍ਹਾ ਦਾਨ ਕੀਤੀ ਸੀ।ਉਸ ਵੇਲੇ ਜਿਲ੍ਹਾ ਪ੍ਰਸ਼ਾਸਨ ਅਤੇ ਸਿਰਫ਼ ਬਾਵਾ ਲਾਲੀ ਦੇ ਸਾਂਝੇ ਯਤਨਾਂ ਨਾਲ ਅੰਬੇਡਕਰ ਪਾਰਕ ਦੀ ਸਥਾਪਨਾ ਕੀਤੀ ਗਈ ਸੀ।ਪਾਰਕ ਦੀ ਉਸਾਰੀ ਲਈ ਐਲ.ਬੀ.ਸੀ.ਟੀ. (ਲਾਰਡ ਬੁੱਧਾ ਚੈਰੀਟੇਬਲ ਟਰੱਸਟ) ਵੱਲੋਂ ਵੀ ਉਸ ਵੇਲੇ ਇਕਵੰਜਾ ਸੌ ਰੁਪਏ ਦਾ ਆਰਥਿਕ ਸਹਿਯੋਗ ਦਿੱਤਾ ਗਿਆ ਸੀ।

## ਬਿਨਾਂ ਐਨ ਓ ਸੀ ਲਗਾਏ ਜਾ ਰਹੇ ਟਾਵਰ ਦਾ ਕਾਲੋਨੀ ਵਾਸੀਆਂ ਵੱਲੋਂ ਵਿਰੋਧ

**ਪਟਿਆਲਾ, ਸਨੌਰ (ਰਾਜਿੰਦਰ ਥਿੰਦ)**-ਪਟਿਆਲਾ ਸ਼ਹਿਰ ਦੇ ਸੂਲਰ ਰੋਡ ਵਿਖੇ ਪੈਂਦੇ ਬੁੱਢਾ ਦਲ ਗਰਾਊਂਡ ਨੇੜੇ ਪੈਂਦੀ ਅਮਰ ਦਰਸ਼ਨ ਕਾਲੋਨੀ ਦੇ ਸਮੂਹ ਵਸਨੀਕਾਂ ਨੇ ਨਗਰ ਨਿਗਮ ਪਟਿਆਲਾ ਦੇ ਕਮਿਸ਼ਨਰ ਨੂੰ ਇਕ ਪੱਤਰ ਲਿਖ ਕੇ ਮੰਗ ਕੀਤੀ ਹੈ ਕਿ ਜੋ ਉਕਤ ਕਾਲੋਨੀ ਵਿਖੇ ਬਿਨਾਂ ਐਨ. ਓ. ਸੀ. ਅਤੇ ਬਿਨਾਂ ਨਿਗਮ ਦੀ ਮਨਜ਼ੂਰੀ ਦੇ ਇਕ ਕੰਪਨੀ ਦਾ ਟਾਵਰ ਕੁਝ ਵਿਅਕਤੀਆਂ ਵਲੋਂ ਲਗਾਇਆ ਜਾ ਰਿਹਾ ਹੈ, ਨੂੰ ਰੋਕਿਆ ਜਾਵੇ।ਨਿਗਮ ਕਮਿਸ਼ਨਰ ਨੂੰ ਲਿਖੇ ਪੱਤਰ ਵਿਚ ਅਮਰ ਦਰਸ਼ਨ ਕਾਲੋਨੀ ਦੇ ਵਸਨੀਕਾਂ ਨੇ ਦੱਸਿਆ ਕਿ ਅਮਰ ਦਰਸ਼ਨ ਕਾਲੋਨੀ ਜੋ ਕਿ ਇਕ ਰਿਹਾਇਸ਼ੀ ਕਾਲੋਨੀ ਹੈ, ਵਿਚ ਪਹਿਲਾਂ ਤੋਂ ਹੀ ਇਕ ਕੰਪਨੀ ਦਾ ਟਾਵਰ ਨਗਰ ਨਿਗਮ ਪਟਿਆਲਾ ਦੀ ਮਨਜ਼ੂਰੀ ਨਾਲ ਲੱਗਿਆ ਹੋਇਆ ਹੈ, ਜਿਸ ਨੂੰ ਦੇਖਦਿਆਂ ਕਾਲੋਨੀ ਦੇ ਇਕ ਹੋਰ ਵਸਨੀਕ ਵਲੋਂ ਵੀ ਇਕ ਹੋਰ ਕਿਸੇ ਪ੍ਰਾਈਵੇਟ ਕੰਪਨੀ ਦਾ ਟਾਵਰ ਲਗਾਇਆ ਜਾ ਰਿਹਾ ਹੈ ਜਦੋਂ ਕਿ ਪਹਿਲਾਂ ਤੋਂ ਹੀ ਮੌਜੂਦਾ ਥਾਂ 'ਤੇ ਲੱਗਣ ਵਾਲੇ ਟਾਵਰ ਤੋਂ ਸਿਰਫ਼ 50-60 ਫੁੱਟ ਦੀ ਦੂਰੀ 'ਤੇ ਇਕ ਮਕਾਨ ਵਿਚ ਟਾਵਰ ਲੱਗਿਆ ਹੋਇਆ ਹੈ। ਇਲਾਕਾ ਨਿਵਾਸੀਆਂ ਨੇ ਪੱਤਰ ਵਿਚ ਲਿਖਿਆ ਹੈ ਕਿ ਅਮਰ ਦਰਸ਼ਨ ਕਾਲੋਨੀ ਵਿਚ ਟਾਵਰ ਤੇ ਟਾਵਰ ਹੋਣ ਨਾਲ ਰੇਡੀਏਸ਼ਨ ਬਹੁਤ ਜ਼ਿਆਦਾ ਵਧ ਜਾਵੇਗੀ, ਜਿਸ ਨਾਲ ਨੇੜੇ ਰਹਿੰਦੇ ਲੋਕਾਂ, ਸੀਨੀਅਰ ਸਿਟੀਜ਼ਨਾਂ, ਬੱਚਿਆਂ, ਗਰਭਵਤੀ ਔਰਤਾਂ ਅਤੇ ਬਿਮਾਰੀ ਨਾਲ ਪੀੜਤ ਹੋਣ ਦਾ ਖਤਰਾ ਵਧ ਜਾਵੇਗਾ।ਅਮਰ ਦਰਸ਼ਨ ਕਾਲੋਨੀ ਦੇ ਵਸਨੀਕਾਂ ਨਿਗਮ ਕਮਿਸ਼ਨਰ ਤੋਂ ਮੰਗ ਕੀਤੀ ਕਿ ਇਹ ਟਾਵਰ ਲੱਗਣ ਦੀ ਮਨਜ਼ੂਰੀ ਨਾ ਦਿੱਤੀ ਜਾਵੇ।

## ਆਪਣੇ ਹਲਕੇ ਰੰਗੀਆਂ-ਬਰਨਾਲਾ ਸੜਕ ਦੀ ਸਾਰ ਲੈਣ ਮੁੱਖ ਮੰਤਰੀ : ਦੌਲਤਪੁਰ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਪੰਜਾਬ ਕਾਂਗਰਸ ਕਿਸਾਨ ਵਿੰਗ ਦੇ ਸੂਬਾ ਜਨਰਲ ਸਕੱਤਰ ਤੇ ਹਲਕਾ ਧੂਰੀ ਦੇ ਆਗੂ ਹਰਦੀਪ ਸਿੰਘ ਦੌਲਤਪੁਰ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਜੋ ਕਿ ਇਸੇ ਹਲਕੇ ਤੋਂ ਵਿਧਾਇਕ ਵੀ ਹਨ, ਨੂੰ ਰੰਗੀਆਂ-ਬਰਨਾਲਾ ਸੜਕ ਦੀ ਖਸਤਾ ਹਾਲਤ ਵੱਲ ਧਿਆਨ ਦੇਣ ਦੀ ਅਪੀਲ ਕੀਤੀ ਹੈ। ਸ੍ਰੀ ਦੌਲਤਪੁਰ ਨੇ ਦੱਸਿਆ ਕਿ ਇਹ ਸੜਕ, ਜੋ ਕਿ ਰੰਗੀਆਂ ਪਿੰਡ ਨੂੰ ਜ਼ਿਲ੍ਹਾ ਬਰਨਾਲਾ ਨਾਲ ਜੋੜਦੀ ਹੈ, ਬਹੁਤ ਹੀ ਖਸਤਾ ਹਾਲਤ ਵਿੱਚ ਹੈ। ਸੜਕ 'ਤੇ ਥਾਂ-ਥਾਂ ਖੱਡੇ ਬਣ ਚੁੱਕੇ ਹਨ, ਜਿਸ ਕਾਰਨ ਗੱਡੀਆਂ ਦਾ ਚੱਲਣਾ ਮੁਸ਼ਕਲ ਹੋ ਗਿਆ ਹੈ ਅਤੇ ਹਾਦਸਿਆਂ ਦਾ ਖਤਰਾ ਵੀ ਹਰ ਵੇਲੇ ਬਣਿਆ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਲੋਕ ਰੋਜ਼ਾਨਾ ਇਸ ਰਸਤੇ ਤੋਂ ਬਰਨਾਲਾ ਜਾਂਦੇ ਹਨ, ਪਰ ਸੜਕ ਦੀ ਖਸਤਾ ਹਾਲਤ ਕਾਰਨ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਸ੍ਰੀ ਦੌਲਤਪੁਰ ਨੇ ਕਿਹਾ ਕਿ ਉਹ ਜਲਦੀ ਹੀ ਇਸ ਮਸਲੇ ਬਾਰੇ ਇੱਕ ਮੰਗ ਪੱਤਰ ਤਿਆਰ ਕਰਕੇ ਪੰਜਾਬ ਸਰਕਾਰ ਤੇ ਮੁੱਖ ਮੰਤਰੀ ਨੂੰ ਭੇਜਣਗੇ, ਤਾਂ ਜੋ ਲੋਕਾਂ ਦੀ ਆਵਾਜ਼ ਸਿੱਧੀ ਸਰਕਾਰ ਤੱਕ ਪਹੁੰਚ ਸਕੇ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਸਮੇਂ ਸਿਰ ਧਿਆਨ ਨਾ ਦਿੱਤਾ ਤਾਂ ਸਥਾਨਕ ਲੋਕਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕਰਨ ਤੋਂ ਗੁਰੇਜ਼ ਨਹੀਂ ਕੀਤਾ ਜਾਵੇਗਾ। ਇਸ ਮੌਕੇ ਦੀਦਾਰ ਸਿੰਘ ਰੰਗੀਆਂ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਸੰਗਰੂਰ, ਕੇਵਲ ਸਿੰਘ ਕਾਂਗਰਸੀ ਆਗੂ ਗੁਰਮੇਲ ਸਿੰਘ ਨੰਬਰਦਾਰ, ਮੱਖਣ ਸਿੰਘ ਦਿਓਲ ਸਾਬਕਾ ਸਰਪੰਚ, ਭਾਗ ਸਿੰਘ ਮਿਸਤਰੀ ਜਰਨੈਲ ਸਿੰਘ ਲੋਹਟ, ਸੋਹਣ ਸਿੰਘ ਘੁਮਾਣ, ਦੀਪ ਸਿੰਘ ਮੈਂਬਰ ਆਦਿ ਹਾਜ਼ਰ ਸਨ।

## ਸ਼੍ਰੋਮਣੀ ਅਕਾਲੀ ਦਲ ਦੇ ਯੂਥ ਵਿੰਗ ਵੱਲੋਂ ਰਾਜਾ ਵੜਿੰਗ ਦੇ ਘਰ ਅੱਗੇ ਧਰਨਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**- ਸ਼੍ਰੋਮਣੀ ਅਕਾਲੀ ਦਲ ਦੇ ਯੂਥ ਵਿੰਗ ਵੱਲੋਂ ਕਾਂਗਰਸ ਸਰਕਾਰ ਵੱਲੋਂ ਬੇਅਦਬੀਆਂ ਦੇ ਮਾਮਲਿਆਂ 'ਚ ਕੀਤੀ ਗਈ ਘਟੀਆ ਸਿਆਸਤ ਦੇ ਵਿਰੁੱਧ ਸ੍ਰੀ ਮੁਕਤਸਰ ਸਾਹਿਬ ਵਿਖੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੇ ਘਰ ਬਾਹਰ ਧਰਨਾ ਦੇ ਕੇ ਕਾਂਗਰਸ ਦਾ ਪੁਤਲਾ ਸਾੜ ਕੇ ਵਿਰੋਧ ਦਰਜ ਕਰਵਾਇਆ ਗਿਆ।ਕਾਂਗਰਸੀਆਂ ਦੇ ਨਕਸ਼ੇ ਕਦਮਾਂ 'ਤੇ ਹੀ ਚਲਦਿਆਂ ਹੁਣ ਆਪ ਸਰਕਾਰ ਬੇਅਦਬੀ ਦੇ ਸੰਬੰਧ 'ਚ ਘਟੀਆ ਸਿਆਸਤ 'ਤੇ ਉੱਤਰੀ ਹੋਈ ਹੈ। ਸ਼੍ਰੋਮਣੀ ਅਕਾਲੀ ਦਲ ਅਜਿਹੀ ਦੋਗਲੀ ਤੇ ਘਟੀਆ ਰਾਜਨੀਤੀ ਦਾ ਵਿਰੋਧ ਕਰਦਾ ਹੈ।ਇਸ ਵਿਰੋਧ ਪ੍ਰਦਰਸ਼ਨ ਮੌਕੇ ਯੂਥ ਅਕਾਲੀ ਦਲ ਦੇ ਸਕੱਤਰ ਜਰਨਲ ਅਕਾਸ਼ਦੀਪ ਸਿੰਘ ਮਿੱਡੂਖੇੜਾ, ਅਕਾਸ਼ਦੀਪ ਸਿੰਘ ਮਿੱਡੂਖੇੜਾ, ਜ਼ਿਲ੍ਹਾ ਪ੍ਰਧਾਨ ਲੱਪੀ ਈਨਾਖੇੜਾ, ਜ਼ਿਲ੍ਹਾ ਪ੍ਰਧਾਨ ਨਵਜਿੰਦਰ ਮਾਨ ਕਰਮਗੜ੍ਹ, ਰਣਜੋਧ ਸਿੰਘ ਲੰਬੀ, ਮਨੂੰ ਬਰਾੜ, ਜਗਮੀਤ ਸਿੰਘ ਨੀਟੂ ਤੱਪਾ ਖੇੜਾ, ਜਗਮੀਤ ਸਿੰਘ ਚਹਿਲ, ਜਗਮੀਤ ਸਿੰਘ ਨਾਨਕਪੁਰਾ, ਗੁਰਵਿੰਦਰ ਸਿੰਘ ਫੂਲੇਵਾਲਾ, ਗੁਰਸ਼ਿਮੰਦਰ ਸਿੰਘ ਟੋਨਾਂ, ਲਾਡੀ ਈਨਾ ਖੇੜਾ, ਦਿਲਬਾਗ ਸਿੰਘ ਪੰਜਾਵਾਂ, ਲਵੀ ਪੰਜਾਵਾਂ, ਬਾਬੂ ਸਰਾਂ, ਗੁਰਪ੍ਰੀਤ ਸਿੰਘ ਬਾਦਲ, ਜਗਸੀਰ ਸਿੰਘ ਤੇ ਹੋਰ ਵਰਕਰ ਹਾਜ਼ਰ ਸਨ। ਮੁਕਤਸਰ ਸਾਹਿਬ ਦੇ ਦਿਹਾਤੀ ਜ਼ਿਲ੍ਹਾ ਪ੍ਰਧਾਨ ਲੱਪੀ ਈਨਾ ਖੇੜਾ, ਸ਼ਹਿਰੀ ਪ੍ਰਧਾਨ ਨਵਜਿੰਦਰ ਸਿੰਘ, ਰਣਜੋਧ ਸਿੰਘ ਲੰਬੀ ਸਮੇਤ ਵੱਡੀ ਗਿਣਤੀ ਵਿੱਚ ਨੌਜਵਾਨ ਆਗੂਆਂ ਨੇ ਸ਼ਮੂਲੀਅਤ ਕੀਤੀ।

## ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਕੀਤਾ ਜਾਗਰੂਕ



**ਭੀਖੀ (ਧਰਮਵੀਰ ਸ਼ਰਮਾ)**-ਸਥਾਨਕ ਬੀਡੀਪੀਓ ਦਫਤਰ ਵੱਲੋਂ ਨੇੜਲੇ ਪਿੰਡ ਜੱਸੜਵਾਲਾ ਵਿਖੇ ਲੋਕਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਨ ਲਈ ਵਿਸ਼ੇਸ਼ ਇਕੱਤਰਤਾ ਕੀਤੀ ਗਈ ਅਤੇ ਇਕੱਠ ਨੂੰ ਸੰਬੋਧਨ ਕਰਦੇ ਹੋਏ ਬੀਡੀਪੀਓ ਭੁਪਿੰਦਰ ਸਿੰਘ ਨੇ ਕਿਹਾ ਕਿ ਨਸ਼ੇ ਸਮਾਜ ਤੇ ਸਰੀਰ ਲਈ ਭਿਆਨਕ ਹਨ ਅਤੇ ਇਨ੍ਹਾਂ ਤੋਂ ਬਚਾਅ ਲਈ ਖੁਦ ਸਮਾਜ ਨੂੰ ਵੀ ਅੱਗੇ ਆਉਣਾ ਪਏਗਾ।ਉਨ੍ਹਾਂ ਕਿਹਾ ਕਿ ਸਰਕਾਰ ਸਿੰਥੈਟਿਕ ਨਸ਼ਿਆਂ ਦੀ ਵਰਤੋਂ ਤੇ ਵੇਚ ਵੱਟ ਨੂੰ ਲੈ ਕੇ ਗੰਭੀਰ ਹੈ ਤੇ ਤਸਕਰਾਂ ਖਿਲਾਫ ਠੋਸ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਨੌਜਵਾਨਾਂ ਨੂੰ ਨਸ਼ੇ ਦੀ ਵਰਤੋਂ ਨਾ ਕਰਨ ਦੀ ਸਹੁੰ ਚੁਕਾਉਂਦੇ ਕਿਹਾ ਕਿ ਉਹ ਹੀ ਦੇਸ਼ ਤੇ ਸਮਾਜ ਦੇ ਸਿਰਜਕ ਹਨ ਅਤੇ ਸਮਾਜ ਨੂੰ ਅੱਗੇ ਲਿਜਾਣ ਲਈ ਆਪਣੀ ਬਣਦੀ ਭੂਮਿਕਾ ਨਿਭਾਉਣ।ਇਸ ਮੌਕੇ ਸਰਪੰਚ ਬੇਅੰਤ ਕੌਰ, ਪੰਚਾਇਤ ਅਫਸਰ ਬਘੇਲ ਸਿੰਘ ਤੇ ਸਮਾਜ ਸੇਵੀ ਗੋਪੀ ਨਾਥ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਸ਼ਾਮਲ ਸਨ।

## ਡਰੱਗਜ਼ ਕੰਟਰੋਲ ਅਫਸਰ ਹਰਜਿੰਦਰ ਸਿੰਘ ਦਾ ਹੈਦਰਾਬਾਦ 'ਚ ਸਨਮਾਨ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਡਰੱਗਜ਼ ਕੰਟਰੋਲ ਅਫਸਰ ਵੈੱਲਫੇਅਰ ਐਸੋਸੀਏਸ਼ਨ ਇੰਡੀਆ ਵੱਲੋਂ ਪਿਛਲੇ ਦਿਨੀਂ ਹੈਦਰਾਬਾਦ ਵਿਖੇ ਤੀਜੀ ਸਾਲਾਨਾ ਕਾਂਗਰਸ ਕਰਵਾਈ ਗਈ, ਜਿਸ ਵਿੱਚ ਭਾਰਤ ਦੇ ਵੱਖ-ਵੱਖ ਸੂਬਿਆਂ ਤੋਂ ਵਧੀਆ ਕਾਰਗੁਜ਼ਾਰੀ ਕਰਨ ਵਾਲੇ ਡਰੱਗਜ਼ ਕੰਟਰੋਲ ਅਫਸਰਾਂ ਨੂੰ ਸਨਮਾਨਤ ਕੀਤਾ ਗਿਆ, ਜਿਸ ਵਿੱਚ ਪੰਜਾਬ ਤੋਂ ਸ੍ਰੀ ਹਰਜਿੰਦਰ ਸਿੰਘ ਡਰੱਗਜ਼ ਕੰਟਰੋਲ ਅਫਸਰ ਦਫਤਰ ਸਿਵਲ ਸਰਜਨ ਫਰੀਦਕੋਟ ਨੂੰ ਵਿਸ਼ੇਸ਼ ਤੌਰ 'ਤੇ ਬੈਸਟ ਡਰੱਗਜ਼ ਕੰਟਰੋਲ ਅਫਸਰ ਆਫ ਦਾ ਈਅਰ ਪੰਜਾਬ ਸਟੇਟ 2024-25 ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨੂੰ ਸ਼ੁੱਭ-ਕਾਮਨਾਵਾਂ ਭੇਟ ਕਰਦਿਆਂ ਸਿਵਲ ਸਰਜਨ ਫਰੀਦਕੋਟ ਡਾ. ਚੰਦਰ ਸ਼ੇਖਰ ਕੱਕੜ, ਡਿਪਟੀ ਮੈਡੀਕਲ ਕਮਿਸ਼ਨਰ ਫਰੀਦਕੋਟ ਡਾ. ਵਿਸ਼ਵਦੀਪ ਗੋਇਲ, ਸੀਨੀਅਰ ਮੈਡੀਕਲ ਅਫਸਰ ਫਰੀਦਕੋਟ ਡਾ. ਪਰਮਜੀਤ ਸਿੰਘ ਬਰਾੜ, ਕਾ. ਸੀਨੀਅਰ ਮੈਡੀਕਲ ਅਫਸਰ ਜੰਡ ਸਾਹਿਬ ਡਾ. ਅਰਸ਼ਦੀਪ ਬਰਾੜ, ਕਾ. ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਸਰਵਦੀਪ ਰੋਮਾਣਾ, ਡਿਪਟੀ ਮਾਸ ਮੀਡੀਆ ਅਫਸਰ ਸੁਧੀਰ ਧੀਰ, ਡਾ. ਪ੍ਰਭਦੀਪ ਚਾਵਲਾ ਤੇ ਲਖਵਿੰਦਰ ਸਿੰਘ ਕੈਂਥ, ਸੀਨੀਅਰ ਫਾਰਮੇਸੀ ਅਫਸਰ ਸੁਨੀਲ ਸਿੰਗਲਾ ਨੇ ਮੁਬਾਰਕਬਾਦ ਦਿੱਤੀ ਤੇ ਅੱਗੋਂ ਵੀ ਇਸੇ ਤਰ੍ਹਾਂ ਵਧੀਆ ਕਾਰਗੁਜ਼ਾਰੀ ਲਈ ਹੌਂਸਲਾ ਅਫਜ਼ਾਈ ਕੀਤੀ।

## ਕੋਆਪ੍ਰੇਟਿਵ ਸੁਸਾਇਟੀ ਕਹੇਰੂ 'ਚ ਕਿਸਾਨ ਸਿਖਲਾਈ ਕੈਂਪ ਲਗਾਇਆ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)**-ਕੋਆਪ੍ਰੇਟਿਵ ਸੁਸਾਇਟੀ ਕਹੇਰੂ ਵਿਖੇ ਸੀ.ਆਈ. ਪੀ. ਟੀ. ਸੰਸਥਾ ਵੱਲੋਂ ਸਹਿਕਾਰਤਾ ਮਹਿਕਮੇ ਦੇ ਸਹਿਯੋਗ ਨਾਲ ਸਾਉਣੀ ਦੀ ਫਸਲ ਸੰਬੰਧੀ ਕਿਸਾਨ ਸਿਖਲਾਈ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਪਲਵਿੰਦਰ ਸਿੰਘ, ਹਰਮਨਪ੍ਰੀਤ ਸਿੰਘ, ਗੋਬਿੰਦਰ ਸਿੰਘ, ਜਗਮੀਤ ਸਿੰਘ ਤੇ ਅਮਨਦੀਪ ਸਿੰਘ ਵੱਲੋਂ ਕਿਸਾਨਾਂ ਨਾਲ ਵਿਸ਼ੇਸ਼ ਜਾਣਕਾਰੀ ਸਾਂਝੀ ਕਰਦਿਆਂ ਪਾਣੀ ਦੇ ਬਚਾਅ ਤੇ ਝੋਨੇ ਦੀ ਫਸਲ ਦੀ ਸਾਂਭ ਸੰਭਾਲ ਅਤੇ ਉਸ ਨੂੰ ਲੱਗਣ ਵਾਲੀਆਂ ਬਿਮਾਰੀਆਂ ਪ੍ਰਤੀ ਜਾਣਕਾਰੀ ਦਿੱਤੀ। ਇਸ ਮੌਕੇ ਗੁਰਚਰਨ ਸਿੰਘ ਸੈਕਟਰੀ ਨੇ ਧੰਨਵਾਦ ਕਰਦਿਆਂ ਕਿਹਾ ਕਿ ਕਿਸਾਨ ਭਰਾ ਅਜਿਹੇ ਕੈਂਪਾਂ ਦਾ ਵਧੇਰੇ ਲਾਭ ਉਠਾਉਣ ਤਾਂ ਜੋ ਘੱਟ ਖਰਚੇ 'ਤੇ ਵੱਧ ਮੁਨਾਫਾ ਪਾ ਸਕੀਏ ਤੇ ਸਮੇਂ ਦੇ ਹਾਣੀ ਬਣੀਏ। ਇਸ ਮੌਕੇ ਕਾਲਾ ਸਿੰਘ, ਸਾਬਕਾ ਪੰਚਾਇਤ ਮੈਂਬਰ ਗੁਰਤੇਜ ਸਿੰਘ, ਮਲਕੀਤ ਸਿੰਘ ਨੰਬਰਦਾਰ, ਜਸਬੀਰ ਸਿੰਘ ਤੇ ਵੱਡੀ ਗਿਣਤੀ 'ਚ ਕਿਸਾਨ ਮੌਜੂਦ ਸਨ।

## ਪ੍ਰੋ. ਅਨਿਲ ਕੁਮਾਰ ਵੱਲੋਂ ਯੂ ਪੀ ਸੀ ਐੱਸ ਤੇ ਪੀ ਸੀ ਐੱਸ ਲਈ ਕੌਂਸਲਿੰਗ ਸੈਸ਼ਨ



**ਦੇਵੀਗੜ੍ਹ (ਰਾਜਿੰਦਰ ਸਿੰਘ ਥਿੰਦ)**-ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੇਵੀਗੜ੍ਹ ਵਿੱਚ ਚੰਡੀਗੜ੍ਹ ਦੇ ਪ੍ਰਸਿੱਧ ਵਿਚਾਰਕ ਪ੍ਰੋਫੈਸਰ ਅਨਿਲ ਕੁਮਾਰ ਵੱਲੋਂ ਬੱਚਿਆਂ ਦਾ ਮਾਰਗਦਰਸ਼ਨ ਕਰਦੇ ਹੋਏ ਉਨ੍ਹਾਂ ਨੂੰ ਇਹ ਜਾਣਕਾਰੀ ਦਿੱਤੀ ਕਿ ਜ਼ਿੰਦਗੀ ਵਿੱਚ ਚੰਗੇ ਅਫਸਰ ਬਣਨ ਲਈ ਸਖਤ ਮਿਹਨਤ ਕਰਨ ਦੀ ਲੋੜ ਹੈ। ਇਸ ਦੇ ਨਾਲ ਹੀ ਉਨ੍ਹਾਂ ਨੇ ਬੱਚਿਆਂ ਨੂੰ ਇਹ ਵੀ ਜਾਣਕਾਰੀ ਦਿੱਤੀ ਕਿ ਉਨ੍ਹਾਂ ਨੂੰ ਆਈ ਪੀ ਐੱਸ, ਆਈ ਏ ਐੱਸ, ਪੀ ਸੀ ਐੱਸ ਦੀ ਪ੍ਰੀਖਿਆ ਦੀ ਤਿਆਰੀ ਕਿਸ ਤਰ੍ਹਾਂ ਕਰਨੀ ਚਾਹੀਦੀ ਹੈ ਅਤੇ ਕਿਸ ਤਰ੍ਹਾਂ ਉਹ ਜ਼ਿੰਦਗੀ ਵਿੱਚ ਇੱਕ ਕਾਮਯਾਬ ਇਨਸਾਨ ਬਣ ਕੇ ਦੇਸ਼ ਦੇ ਨਾਗਰਿਕਾਂ ਦੀ ਸੇਵਾ ਕਰ ਸਕਦੇ ਹਨ। ਇਸ ਕੌਂਸਲਿੰਗ ਸੈਸ਼ਨ ਦੌਰਾਨ ਸਕੂਲ ਦੇ ਬੱਚਿਆਂ ਨੇ ਵੀ ਪ੍ਰੋਫੈਸਰ ਅਨਿਲ ਕੁਮਾਰ ਨੂੰ ਇਸ ਸਬੰਧੀ ਕਈ ਸਵਾਲ ਪੁੱਛੇ। ਸਕੂਲ ਨਿਰਦੇਸ਼ਕ ਸ੍ਰ. ਭੁਪਿੰਦਰ ਸਿੰਘ, ਸਕੂਲ ਪ੍ਰੈਜ਼ੀਡੈਂਟ ਰਵਿੰਦਰ ਕੌਰ ਤੇ ਸਕੂਲ ਪ੍ਰਿੰਸੀਪਲ ਮੈਡਮ ਮਮਤਾ ਤੇ ਅਕਾਦਮਿਕ ਡਾਇਰੈਕਟਰ ਤੇਜਿੰਦਰ ਕੌਰ ਵਾਲੀਆ ਵੱਲੋਂ ਪ੍ਰੋਫੈਸਰ ਅਨਿਲ ਕੁਮਾਰ ਦਾ ਧੰਨਵਾਦ ਕਰਦੇ ਹੋਏ ਉਨ੍ਹਾਂ ਨੂੰ ਸਨਮਾਨ ਦੇ ਤੌਰ 'ਤੇ ਇੱਕ ਯਾਦਗਾਰ ਚਿੰਨ ਦਿੱਤਾ।

## ਬਿਮਾਰ ਲੋੜਵੰਦ ਮਰੀਜ਼ਾਂ ਲਈ ਮਸੀਹਾ ਬਣੇ ਡੇਰਾ ਸ਼ਰਧਾਲੂ

### ਸਾਡਾ ਖੂਨ ਐਮਰਜੈਂਸੀ 'ਚ ਲੋੜਵੰਦਾਂ ਨੂੰ ਦੇ ਦਿਓ : ਮੋਹਿਤ ਇੰਸਾਂ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਡੇਰਾ ਸੱਚਾ ਸੌਦਾ ਦੇ ਸ਼ਰਧਾਲੂ ਖ਼ੂਨਦਾਨ ਕਰਕੇ ਇਨਸਾਨੀਅਤ ਦਾ ਸੱਚਾ ਫਰਜ਼ ਨਿਭਾਅ ਰਹੇ ਹਨ।ਇਸੇ ਤਹਿਤ ਸੁਨਾਮ ਸ਼ਹਿਰ ਦੇ ਰਹਿਣ ਵਾਲੇ ਡੇਰਾ ਸ਼ਰਧਾਲੂ ਮੋਹਿਤ ਇੰਸਾਂ ਤੇ ਸੰਜੀਵ ਇੰਸਾਂ ਨੇ ਇਕ-ਇਕ ਯੂਨਿਟ ਖ਼ੂਨ ਦਾਨ ਕੀਤਾ ਹੈ।ਇਸ ਸੰਬੰਧੀ ਮੋਹਿਤ ਇੰਸਾ ਨੇ ਦੱਸਿਆ ਕਿ ਉਸ ਨੇ ਦੂਜੀ ਵਾਰ ਤੇ ਸੰਜੀਵ ਇੰਸਾਂ ਨੇ ਪਹਿਲੀ ਵਾਰ ਖ਼ੂਨ ਦਾਨ ਕੀਤਾ ਹੈ।ਉਨ੍ਹਾਂ ਕਿਹਾ ਕਿ ਇਹ ਖੂਨ ਉਨ੍ਹਾਂ ਲੋੜਵੰਦ ਲੋਕਾਂ ਲਈ ਹਸਪਤਾਲ ਦੇ ਬਲੱਡ ਬੈਂਕ ਵਿੱਚ ਜਮ੍ਹਾਂ ਕਰਵਾਇਆ ਹੈ, ਕਿ ਜੇਕਰ ਕਿਸੇ ਲੋੜਵੰਦ ਬਿਮਾਰ ਵਿਅਕਤੀ ਦੇ ਇਲਾਜ ਲਈ ਐਮਰਜੈਂਸੀ ਵਿੱਚ ਖੂਨ ਦੀ ਜ਼ਰੂਰਤ ਪੈਂਦੀ ਹੈ ਤਾਂ ਇਹ ਖੂਨ ਉਸ ਨੂੰ ਦੇ ਦਿੱਤਾ ਜਾਵੇ ਤਾਂ ਜੋ ਮਰੀਜ਼ ਦੀ ਮੌਕੇ 'ਤੇ ਜਾਨ ਬਚਾਈ ਜਾ ਸਕੇ।ਉਨ੍ਹਾਂ ਕਿਹਾ ਕਿ ਸੱਚੇ ਰੂਹਾਨੀ ਰਹਿਬਰ ਪੂਜਨੀਕ ਗੁਰੂ ਸੰਤ ਡਾਕਟਰ ਗੁਰਮੀਤ ਰਾਮ ਰਹੀਮ ਸਿੰਘ ਜੀ ਇੰਸਾਂ ਵੱਲੋਂ ਉਨ੍ਹਾਂ ਨੂੰ ਇਹੀ ਸਿੱਖਿਆ ਦਿੱਤੀ ਗਈ ਹੈ ਕਿ ਲੋੜਵੰਦ ਲੋਕਾਂ ਦੀ ਹਰ ਤਰ੍ਹਾਂ ਦੀ ਸਹਾਇਤਾ ਕਰਨ ਲਈ ਤੁਸੀਂ ਤਿਆਰ-ਬਰ-ਤਿਆਰ ਰਹਿਣਾ ਹੈ ਤਾਂ ਇਨ੍ਹਾਂ ਹੀ ਬਚਨਾਂ 'ਤੇ ਅਮਲ ਕਰਦਿਆਂ ਉਨ੍ਹਾਂ ਨੇ ਇਹ ਖ਼ੂਨ ਦਾਨ ਕੀਤਾ ਹੈ।ਖ਼ੂਨ ਦਾਨ ਕਰਨ 'ਤੇ ਹਸਪਤਾਲ ਬਲੱਡ ਬੈਂਕ ਦੀ ਟੀਮ ਨੇ ਦੋਵਾਂ ਸੇਵਾਦਾਰਾਂ ਦਾ ਧੰਨਵਾਦ ਕੀਤਾ।

## ਲੇਖਕ ਵਿਚਾਰ ਮੰਚ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰ ਮੀਟਿੰਗ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸਾਹਿਤਕ ਸੰਸਥਾ ਲੇਖਕ ਵਿਚਾਰ ਮੰਚ ਨਿਹਾਲ ਸਿੰਘ ਵਾਲਾ ਦੀ ਮਹੀਨਾਵਾਰ ਮੀਟਿੰਗ ਹੋਈ, ਜਿਸ ਵਿੱਚ ਇਲਾਕੇ ਦੇ ਸਾਹਿਤਕਾਰਾਂ ਤੇ ਸਾਹਿਤ ਪ੍ਰੇਮੀਆਂ ਨੇ ਭਾਗ ਲਿਆ।ਮੀਟਿੰਗ ਦੇ ਸ਼ੁਰੂ ਵਿੱਚ ਮੰਚ ਦੇ ਜਨਰਲ ਸਕੱਤਰ ਨਿਰਮਲ ਪੱਤੋ ਨੇ ਸਭ ਨੂੰ ਜੀ ਆਇਆਂ ਕਿਹਾ।ਮੰਚ ਵੱਲੋਂ ਉੱਘੇ ਲੇਖਕ ਮੰਗਲ ਮੀਤ ਪੱਤੋ ਨੂੰ ਉਨ੍ਹਾਂ ਦੇ ਜਨਮ ਦਿਨ 'ਤੇ ਵਧਾਈ ਦਿੱਤੀ ਗਈ।ਬੱਚਿਆਂ ਨੂੰ ਸਹਿਤ ਨਾਲ ਕਿਵੇਂ ਜੋੜਿਆਂ ਜਾਵੇ, ਇਸ ਮੁੱਦੇ ਉੱਤੇ ਗੰਭੀਰਤਾ ਨਾਲ ਵਿਚਾਰਾਂ ਕੀਤੀਆਂ ਗਈਆਂ ਤੇ ਫੈਸਲਾ ਕੀਤਾ ਗਿਆ ਕਿ ਮੰਚ ਵੱਲੋਂ ਇਸ ਸਬੰਧੀ ਸਕੂਲ ਬੱਚਿਆਂ ਨੂੰ ਸਹਿਤ ਨਾਲ ਜੋੜਨ ਬਾਰੇ ਪ੍ਰੋਗਰਾਮ ਉਲੀਕੇ ਜਾਣਗੇ।ਕਵੀ ਦਰਬਾਰ ਦੀ ਸ਼ੁਰੂਆਤ ਅਮਰੀਕ ਸਿੰਘ ਸੈਦੋਕੇ ਦੇ ਗੀਤ ਨਾਲ ਕੀਤੀ ਗਈ।ਮੰਗਲ ਮੀਤ ਪੱਤੋ ਨੇ ਗੀਤ, ਅਜਮੇਰ ਸਿੰਘ ਜਨੇਰ ਨੇ ਬੋਲੀਆਂ, ਬੱਚੇ ਗੁਰਮਾਨ ਸਿੰਘ ਨੇ ਰੁੱਖਾਂ ਦੀ ਮਹੱਹਤਾ ਬਾਰੇ ਇੱਕ ਕਵਿਤਾ, ਫ਼ਿਲਮੀ ਅਦਾਕਾਰ ਸੁਖਦੇਵ ਲੱਧੜ ਨੇ ਗੀਤ, ਨਿਮਰਤ ਕਰ ਸੁੱਖ ਨੇ ਆਪਣੇ ਕੁੱਝ ਖ਼ੂਬਸੂਰਤ ਸ਼ੇਅਰ ਬੋਲੇ।ਕਾਮੇਡੀ ਕਲਾਕਾਰ ਜਗਸੀਰ ਲੁਹਾਰਾਂ ਨੇ ਢਿੱਡੀਂ ਪੀੜਾਂ ਪਾਉਣ ਵਾਲੇ ਆਪਣੇ ਟੋਟਕੇ ਸੁਣਾ ਕੇ ਖ਼ੂਬ ਤਾੜੀਆਂ ਬਟੋਰੀਆਂ।ਫ਼ਿਲਮੀ ਐਕਟਰ ਇੰਦਰ ਮਾਣੂੰਕੇ ਨੇ ਆਪਣੇ ਖ਼ੂਬਸੂਰਤ ਗੀਤ ਨਾਲ ਹਾਜ਼ਰ ਲਵਾਈ।ਪ੍ਰਗਟ ਢਿੱਲੋਂ ਸਮਾਧ ਭਾਈ ਨੇ ਕਹਾਣੀ, ਤਰਸੇਮ ਗੋਪੀਕਾ ਨੇ ਗੀਤ ਸੁਰਜੀਤ ਸਿੰਘ ਕਾਲੇਕੇ ਨੇ ਗਜ਼ਲ, ਹਰਵਿੰਦਰ ਧਾਲੀਵਾਲ ਨੇ ਗਜ਼ਲ, ਪ੍ਰਧਾਨ ਗੁਰਬਚਨ ਕਮਲ ਨੇ ਗੀਤ ਤੇ ਨਿਰਮਲ ਪੱਤੋ ਨੇ ਆਪਣਾ ਗੀਤ ਗਾ ਕੇ ਆਪਣੀ ਹਾਜ਼ਰ ਲਵਾਈ।ਮੰਚ ਦੇ ਸਾਬਕਾ ਪ੍ਰਧਾਨ ਗੁਰਦੀਪ ਲੋਪੋ (ਕੈਨੇਡਾ) ਨੇ ਮੰਚ ਦੇ ਮੈਂਬਰਾਂ ਨੂੰ ਬਰਫੀ ਦੇ ਡੱਬੇ ਨਾਲ ਮਨ ਦੀ ਮਿਠਾਸ ਭੇਜੀ। ਸਟੇਜ ਦੀ ਕਾਰਵਾਈ ਜਨਰਲ ਸਕੱਤਰ ਨਿਰਮਲ ਪੱਤੋ ਨੇ ਬਾਖੂਬੀ ਨਿਭਾਈ।ਅੰਤ ਵਿੱਚ ਮੰਚ ਦੇ ਪ੍ਰਧਾਨ ਗੁਰਬਚਨ ਕਮਲ ਨੇ ਆਏ ਸਾਰੇ ਸਾਹਿਤਕਾਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਨਗਰ ਕੌਂਸਲ ਬੁਢਲਾਡਾ ਦਾ ਦਫਤਰ ਤਬਦੀਲ

**ਬੁਢਲਾਡਾ (ਅਸ਼ੋਕ ਲਾਕੜਾ)**-ਪਿਛਲੇ ਲੰਮੇ ਸਮੇਂ ਤੋਂ ਆਖਰਕਾਰ ਬੁਢਲਾਡਾ ਦੀ ਨਗਰ ਕੌਂਸਲ ਨੂੰ ਆਪਣਾ ਖੁਦ ਮੁਖਤਿਆਰੀ ਨਗਰ ਕੌਂਸਲ ਦਾ ਨਵਾਂ ਦਫਤਰ ਮਿਲ ਚੁੱਕਾ ਹੈ। ਜਾਣਕਾਰੀ ਅਨੁਸਾਰ ਦਫਤਰ ਵਾਰਡ ਨੰਬਰ ਛੇ ਅਧੀਨ ਪੈਂਦੇ ਵਾਟਰ ਵਰਕਸ ਵਿੱਚ ਤਬਦੀਲ ਹੋ ਚੁੱਕਾ ਹੈ। ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ ਸੁਖਪਾਲ ਸਿੰਘ ਨੇ ਕਿਹਾ ਕਿ ਨਗਰ ਕੌਂਸਲ ਅੰਦਰ ਕਿਸੇ ਵੀ ਸ਼ਹਿਰੀ ਨੂੰ ਰੋਜ਼ਾਨਾ ਦੇ ਕੰਮ ਧੰਦਿਆਂ ਸਮੇਂ ਕੋਈ ਵੀ ਦਿੱਕਤ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਬਰਸਾਤਾਂ ਦੀ ਗੱਲ ਕਰਦਿਆਂ ਕਿਹਾ ਕਿ ਬਰਸਾਤਾਂ ਦੇ ਦਿਨਾਂ ਵਿੱਚ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿੱਚ ਖੜਨ ਵਾਲੇ ਬਰਸਾਤੀ ਪਾਣੀ ਸਬੰਧੀ ਨਗਰ ਕੌਂਸਲ ਪੂਰੀ ਤਰ੍ਹਾਂ ਮੁਸਤੈਦ ਹੈ ਤੇ ਹਰੇਕ ਕਰਮਚਾਰੀ ਦੀ ਡਿਊਟੀ ਲਗਾਈ ਗਈ ਹੈ।ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਬਰਸਾਤਾਂ ਦੇ ਜ਼ੋਰ ਨੂੰ ਦੇਖਦਿਆਂ ਉਨ੍ਹਾਂ ਵੱਡੇ ਪੱਧਰ 'ਤੇ ਪ੍ਰਬੰਧ ਕਰਵਾਉਣ ਲਈ ਉੱਚ ਅਫਸਰਾਂ ਨਾਲ ਮੀਟਿੰਗਾਂ ਦਾ ਦੌਰ ਜਾਰੀ ਰੱਖਿਆ ਹੋਇਆ।


**ਉਤਰ ਰੇਲਵੇ**

**ਈ-ਨਿਵਿਦਾ ਸੂਚਨਾ**

**ਨਿਵਿਦਾ ਸੂਚਨਾ ਨੰ. 433-ਸਿਗ- ਟੀ-17-25-26 ਮਿਤੀ: 17.07.2025**

**ਬੰਦ ਹੋਣ ਦੀ ਮਿਤੀ/ਸਮਾਂ: 11.08.2025 ਨੂੰ 15:00 ਵਜੇ**

ਸੀਨੀਅਰ ਮੰਡਲ ਸੰਕੇਤ ਅਤੇ ਦੂਰਸੰਚਾਰ ਇੰਜੀਨੀਅਰ, ਉਤਰ ਰੇਲਵੇ, ਫਿਰੋਜ਼ਪੁਰ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ **ਟੈਂਡਰ ਨੰ. 433-ਸਿਗ/ਟੀ-17/25-26** ਈ ਟੈਂਡਰਿੰਗ ਦੇ ਮਾਧਿਅਮ ਨਾਲ **ਮਿਤੀ 11.08.2025 ਨੂੰ 15:00** ਵਜੇ ਤਕ ਵੈਬਸਾਈਟ https://www.ireps.gov.in'ਤੇ ਟੈਂਡਰਾਂ ਦੀ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਆਪਣੇ ਟੈਂਡਰ ਅਸਲੀ/ਸੰਸ਼ੋਧਿਤ ਤੈਅ ਕੀਤੇ ਗਏ ਸਮੇਂ ਅਤੇ ਮਿਤੀ ਤਕ ਜਰੂਰ ਜਮ੍ਹਾ ਕਰਾਉਣ ਇਸ ਟੈਂਡਰ ਦੇ ਤਹਿਤ ਮੈਨੂੰਅਲ ਟੈਂਡਰ ਵਰਜਿਤ ਹੈ ਅਤੇ ਜੇਕਰ ਕੋਈ ਮੈਨੂੰਅਲ ਟੈਂਡਰ ਪ੍ਰਾਪਤ ਹੋਵੇਗੀ ਤਾਂ ਉਹ ਮਾਨਯ ਨਹੀਂ ਹੋਵੇਗੀ। ਠੇਕੇਦਾਰਾਂ ਦੁਆਰਾ ਟੈਂਡਰ ਡਾਕੂਮੈਂਟ ਦੀ ਕੀਮਤ ਅਤੇ ਬਿਆਨਾ ਰਾਸ਼ੀ ਜੋ ਕਿ ਇਸ ਟੈਂਡਰ ਦੇ ਲਈ ਮਾਨਯ ਹੈ ਉਹ ਕੇਵਲ ਆਈਆਰਈਪੀਐਸ ਪੋਰਟਲ ਜਿਵੇਂ ਕਿ ਨੈਟ ਬੈਂਕਿੰਗ, ਡੈਬਿਟ ਕਾਰਡ, ਕਰੈਡਿਟ ਕਾਰਡ ਆਦਿ ਦੁਆਰਾ ਸਵੀਕ੍ਰਿਤ ਕੀਤੀ ਜਾਵੇਗੀ ਇਸ ਦੇ ਇਲਾਵਾ ਡਿਮਾਂਡ ਡ੍ਰਾਫਟ, ਬੈਂਕਰ ਚੈਕ, ਡਿਪੋਜਿਟ ਰਸੀਦ, ਐਫਡੀਆਰ ਆਦਿ ਦੇ ਮਾਧਿਅਮ ਦੁਆਰਾ ਜਮ੍ਹਾ ਕਰਵਾਈ ਗਈ ਰਾਸ਼ੀ ਮਾਨਯ ਨਹੀਂ ਹੋਵੇਗੀ।

**ਐਨ ਆਈ ਟੀ**

| | | | |
|---|---|---|---|
| ਕੰਮ ਦਾ ਨਾਮ | (i) ਸਾਹਨੇਵਾਲ-ਅੰਮ੍ਰਿਤਸਰ ਸੈਕਸ਼ਨ ਉਤੇ ਮਾਨਾਵਾਲਾ-ਅੰਮ੍ਰਿਤਸਰ ਅਤੇ ਹਮੀਰਾ-ਢਿਲਵਾਂ ਦੇ ਵਿਚ ਆਈਬੀਐਸ ਦਾ ਪ੍ਰਾਵਧਾਨ। (ii) ਫਿਰੋਜ਼ਪੁਰ ਡਵੀਜਨ ਤੇ ਜਲੰਧਰ ਸਿਟੀ-ਅੰਮ੍ਰਿਤਸਰ ਸੇਕਸ਼ਨ ਦੀ ਸੇਕਸ਼ਨਲ ਗਤੀ ਨੂੰ 130 ਕਿਲੋਮੀਟਰ ਪ੍ਰਤੀ ਘੰਟੇ ਤਕ ਵਧਾਉਣ ਦੇ ਸਬੰਧ ਵਿਚ 4 ਮਾਨਵਯੁਕਤ ਐਲ-ਐਕਸਿੰਗ ਗੇਟਾਂ ਦੀ ਇੰਟਰਲਾਕਿੰਗ ਦਾ ਕੰਮ। (ii) ਫਿਰੋਜ਼ਪੁਰ ਡਵੀਜਨ ਵਿਚ 50000 ਤੋਂ ਜਿਆਦਾ ਟੀਵੀਯੂ ਵਾਲੇ 5 ਗੈਰ-ਇੰਟਰਲਾਕਡ ਐਲ-ਜਿੰਗ ਗੇਟਾਂ ਦੀ ਇੰਟਰਲਾਕਿੰਗ ਦਾ ਕੰਮ। | | |
| ਟੈਂਡਰ ਬੰਦ ਕਰਨ ਦੀ ਮਿਤੀ ਅਤੇ ਸਮਾਂ | (i) 11.08.2025 15:00 ਵਜੇ (ii) 12.08.2025 12:30 ਵਜੇ | ਟੈਂਡਰ ਦੀ ਅਪਲੋਡ ਕਰਨ ਦੀ ਮਿਤੀ ਅਤੇ ਸਮਾਂ | (i) 16.07.2025 12:51 ਵਜੇ (ii) 17.07.2025 14:03 ਵਜੇ |
| ਅੰਦਾਜਨ ਕੀਮਤ (ਰੁ.) | (i) 5,34,62,913.90 (ii) 2,59,74,461.96 | ਬਿਡਿੰਗ ਸ਼ੁਰੂ ਦੀ ਮਿਤੀ ਆਈਆਰਈਪੀਐਸ | (i) 28.07.2025 (ii) 29.07.2025 |
| ਬਿਆਨਾ ਰਾਸ਼ੀ (ਰੁ) | (i) 4,17,300.00 (ii) 2,79,900.00 | ਕੰਮ ਪੂਰਾ ਕਰਨ ਦਾ ਸਮਾਂ | (i) 12 ਮਹੀਨੇ (ii) 09 ਮਹੀਨੇ |

ਨੋਟ: ਨਿਵਿਦਾਕਰਤਾ ਰੈਗੂਲਰ ਤੌਰ ਤੇ ਵੈਬਸਾਈਟ ਦੇ ਸੰਪਰਕ ਵਿਚ ਰਹਿ ਕੇ ਨਿਵਿਦਾ ਸੰਸ਼ੋਧਨਾਂ, ਸ਼ੁਧੀਪੱਤਰ ਆਦਿ ਦੇ ਬਾਰੇ ਵਿਚ ਖੁਦ ਨੂੰ ਅਪਡੇਟ ਰਖਣ।

2172/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ


## ਗੁਰੂ ਨਾਨਕ ਕਾਲਜ ਵਿਖੇ ਰੁਜ਼ਗਾਰ ਮੇਲੇ 'ਚ ਸਵਾ ਸੌ ਦੇ ਕਰੀਬ ਵਿਦਿਆਰਥੀਆਂ ਦੀ ਚੋਣ



**ਬੁਢਲਾਡਾ (ਅਸ਼ੋਕ ਲਾਕੜਾ)**-ਉੱਤਰੀ ਭਾਰਤ ਦੀ ਸਿਰਮੌਰ ਤੇ ਆਟੋਨੌਮਸ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ ਵਿਖੇ ਰੁਜ਼ਗਾਰ ਮੇਲੇ ਦੌਰਾਨ ਵੱਖ ਵੱਖ ਕੰਪਨੀਆਂ/ਉਦਯੋਗਿਕ ਇਕਾਈਆਂ ਦੁਆਰਾ ਸਵਾ ਸੌ ਦੇ ਕਰੀਬ ਵਿਦਿਆਰਥੀਆਂ ਦੀ ਚੋਣ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਦੱਸਿਆ ਕਿ ਇਸ ਪਲੇਸਮੈਂਟ ਡਰਾਈਵ ਵਿੱਚ 25 ਤੋਂ ਵੱਧ ਕੰਪਨੀਆਂ/ਉਦਯੋਗਿਕ ਇਕਾਈਆਂ ਨੇ ਹਿੱਸਾ ਲਿਆ।ਉਨ੍ਹਾਂ ਕਿਹਾ ਕਿ ਇਲਾਕੇ ਲਈ ਇਹ ਖੁਸ਼ੀ ਦੀ ਗੱਲ ਹੈ ਕਿ ਕੰਪਨੀਆਂ/ਉਦਯੋਗਿਕ ਇਕਾਈਆਂ ਨੇ ਖੁਦ ਗੁਰੂ ਨਾਨਕ ਕਾਲਜ ਬੁਢਲਾਡਾ ਵਿੱਚ ਆ ਕੇ ਨਾ ਸਿਰਫ ਰੁਜ਼ਗਾਰ ਸਬੰਧੀ ਜਾਣਕਾਰੀ ਹੀ ਦਿੱਤੀ, ਬਲਕਿ ਉਨ੍ਹਾਂ ਦੀ ਚੋਣ ਵੀ ਕੀਤੀ ਹੈ।ਉਨ੍ਹਾਂ ਦੱਸਿਆ ਕਿ ਸ੍ਰੀ ਨਵੀਨ ਸੁਤੇਰੀ, ਜਰਨਲ ਸੈਕਟਰੀ ਯੂ.ਪੀ.ਏ.ਐੱਨ.ਆਰ, ਡਾਇਰੈਕਟਰ ਰੈਕ ਕੌਰਪ ਹੈਲਥ ਕੇਅਰ ਪ੍ਰਾਈਵੇਟ ਲਿਮਟਿਡ ਨੇ ਜਾਣਕਾਰੀ ਦਿੱਤੀ ਕਿ ਅਗਲੇ ਵਰ੍ਹੇ 300 ਕੰਪਨੀਆਂ ਇਸ ਇੰਡਸਟਰੀ-ਅਕੈਡਮੀਆ ਮੀਟ ਤੇ ਰੁਜ਼ਗਾਰ ਮੇਲੇ ਦਾ ਹਿੱਸਾ ਬਣਨਗੀਆਂ ਅਤੇ ਇਸ ਸਾਲ ਦੀ ਤਰ੍ਹਾਂ ਹੀ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਰੁਜ਼ਗਾਰ ਮੁਹੱਈਆ ਕਰਵਾਇਆ ਜਾਵੇਗਾ।

ਪ੍ਰਿੰਸੀਪਲ ਨੇ ਦੱਸਿਆ ਕਿ ਬੀਤੇ ਕੱਲ੍ਹ ਰੁਜ਼ਗਾਰ ਮੇਲੇ ਵਿੱਚ ਸਵਾ ਸੌ ਦੇ ਕਰੀਬ ਵਿਦਿਆਰਥੀਆਂ ਨੂੰ ਵੱਖ-ਵੱਖ ਕੰਪਨੀਆਂ ਵਿੱਚ ਰੁਜ਼ਗਾਰ ਮਿਲਿਆ ਹੈ।ਉਨ੍ਹਾਂ ਦੱਸਿਆ ਕਿ ਕੰਪਨੀਆਂ ਤੇ ਉਦਯੋਗਿਕ ਇਕਾਈਆਂ ਨਾਲ ਹੋਏ ਐੱਮ.ਓ.ਯੂ. ਤਹਿਤ ਲੋੜਾਂ ਅਨੁਸਾਰ ਪਾਠਕ੍ਰਮ ਵਿੱਚ ਜ਼ਰੂਰੀ ਬਦਲਾਅ ਕੀਤੇ ਜਾਣਗੇ ਤੇ ਇਸੇ ਸੈਸ਼ਨ ਵਿੱਚ ਸ਼ਾਰਟ ਟਰਮ ਤੇ ਐਡ ਆਨ ਕੋਰਸ ਸ਼ੁਰੂ ਕੀਤੇ ਜਾਣਗੇ, ਤਾਂ ਜੋ ਇਲਾਕੇ ਵਿੱਚ ਵਿਦਿਆਰਥੀਆਂ ਨੂੰ ਰੁਜ਼ਗਾਰ ਮੁਹੱਈਆ ਕਰਵਾਇਆ ਜਾ ਸਕੇ।ਇਸ ਮੌਕੇ ਸਕੱਤਰ ਵਿੱਦਿਆ ਸ੍ਰ. ਸੁਖਮਿੰਦਰ ਸਿੰਘ, ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਤੇ ਪਲੇਸਮੈਂਟ ਡਰਾਈਵ ਦੇ ਕੋਆਰਡੀਨੇਟਰ ਡਾ. ਨੀਤਿਕਾ ਗੋਇਲ ਨੂੰ ਇਸ ਰੁਜ਼ਗਾਰ ਮੇਲੇ ਦੀ ਸਫਲਤਾ ਦੀ ਵਧਾਈ ਦਿੰਦੇ ਹੋਏ ਕਿਹਾ ਕਿ ਇਸ ਸੰਸਥਾ ਵੱਲੋਂ ਕੀਤੇ ਇਸ ਯਤਨ ਸਦਕਾ ਨਾ ਸਿਰਫ ਸਵਾ ਸੌ ਵਿਦਿਆਰਥੀਆਂ ਦਾ ਭਵਿੱਖ ਸੁਰੱਖਿਅਤ ਹੋਇਆ ਹੈ, ਸਗੋਂ ਆਉਣ ਵਾਲੇ ਸਮੇਂ ਵਿਚ ਇਸ ਤਰ੍ਹਾਂ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਰੁਜ਼ਗਾਰ ਮੁਹੱਈਆ ਕਰਵਾਇਆ ਜਾਵੇਗਾ।

## ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਸੰਬੰਧੀ ਕੀਤੀ ਮੀਟਿੰਗ

**ਨਾਭਾ (ਵਰਿੰਦਰ ਵਰਮਾ)**-ਆਉਣ ਵਾਲੀਆਂ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਵਿੱਚ ਆਮ ਆਦਮੀ ਪਾਰਟੀ ਹੂੰਝਾਫੇਰ ਜਿੱਤ ਪ੍ਰਾਪਤ ਕਰੇਗੀ, ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਪਲੈਨਿੰਗ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਵਲੰਟੀਅਰਾਂ ਨਾਲ ਮੀਟਿੰਗ ਕਰਨ ਉਪਰੰਤ ਕੀਤਾ।ਉਨ੍ਹਾਂ ਕਿਹਾ ਕਿ ਇਨ੍ਹਾਂ ਚੋਣਾਂ ਵਿੱਚ ਪਾਰਟੀ ਦੇ ਮਿਹਨਤੀ ਅਤੇ ਇਮਾਨਦਾਰ ਵਲੰਟੀਅਰਾਂ ਨੂੰ ਟਿਕਟਾਂ ਦੇ ਕੇ ਚੋਣ ਲੜਾਈ ਜਾਵੇਗੀ। ਜੱਸੀ ਸੋਹੀਆਂਵਾਲਾ ਨੇ ਕਿਹਾ ਕਿ ਸੂਬੇ ਅੰਦਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੇ ਲੋਕਪੱਖੀ ਕੰਮਾਂ ਨੂੰ ਦੇਖਦਿਆਂ ਲੋਕ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਫਤਵਾ ਦੇਣਗੇ।

## ਭਾਈ ਤਾਰੂ ਸਿੰਘ ਦੀ ਸ਼ਹਾਦਤ ਸਾਨੂੰ ਸਿਖਾਉਂਦੀ ਹੈ ਕਿ ਸੱਚ ਤੇ ਨਾਮ ਦੀ ਕਮਾਈ ਹੀ ਜੀਵਨ ਦਾ ਅਸਲ ਮਕਸਦ : ਬਾਬਾ ਗੁਰਦੀਪ ਸਿੰਘ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਮਾਲਵੇ ਦੇ ਪ੍ਰਸਿੱਧ ਤੇ ਪਵਿੱਤਰ ਇਤਿਹਾਸਕ ਸਥਾਨ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਤਪ ਅਸਥਾਨ ਸੱਚਖੰਡ ਵਾਸੀ ਬਾਬਾ ਨਛੱਤਰ ਸਿੰਘ, ਚੰਦ ਪੁਰਾਣਾ ਵਿਖੇ ਸ਼ਹੀਦ ਭਾਈ ਤਾਰੂ ਸਿੰਘ ਦੇ ਸ਼ਹੀਦੀ ਦਿਨ ਨੂੰ ਸਮਰਪਿਤ ਪੁੰਨਿਆ ਦਾ ਦਿਹਾੜਾ ਵੱਡੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਸਮਾਗਮ ਦੀ ਸ਼ੁਰੂਆਤ ਸਹਿਜ ਪਾਠ ਦੇ ਭੋਗ ਪਾਉਣ ਨਾਲ ਹੋਈ, ਜਿਸ ਤੋਂ ਬਾਅਦ ਗੁਰੂ ਘਰ ਦੇ ਹਜ਼ੂਰੀ ਰਾਗੀ ਭਾਈ ਸੋਹਨ ਸਿੰਘ ਜੀ, ਭਾਈ ਜਸਪਾਲ ਸਿੰਘ ਜੀ ਲੱਲਿਆਂ ਵਾਲੇ ਤੇ ਸ਼੍ਰੋਮਣੀ ਕਮੇਟੀ ਦੇ ਧਰਮ ਪ੍ਰਚਾਰਕ ਭਾਈ ਲਖਬੀਰ ਸਿੰਘ ਜੀ ਮੋਗੇ ਵਾਲਿਆਂ ਨੇ ਮਧੁਰ ਬਾਣੀ ਦਾ ਕੀਰਤਨ ਕਰ ਕੇ ਸੰਗਤਾਂ ਨੂੰ ਗੁਰੂ ਦੇ ਚਰਨਾਂ ਨਾਲ ਜੋੜਿਆ।ਇਸ ਦੌਰਾਨ ਉਨ੍ਹਾਂ ਭਾਈ ਤਾਰੂ ਸਿੰਘ ਦੀ ਸ਼ਹਾਦਤ ਦੇ ਇਤਿਹਾਸ ਬਾਰੇ ਵੀ ਸੰਗਤ ਨੂੰ ਵਿਸਥਾਰ ਨਾਲ ਜਾਣਕਾਰੀ ਦਿੱਤੀ, ਜਿਸ ਨੇ ਸੰਗਤਾਂ ਦੇ ਮਨਾਂ ਵਿੱਚ ਗੁਰੂ ਪ੍ਰਤੀ ਸ਼ਰਧਾ ਤੇ ਸਤਿਕਾਰ ਨੂੰ ਹੋਰ ਡੂੰਘਾ ਕੀਤਾ।ਇਸ ਮੌਕੇ ਇਲਾਕੇ ਦੀ ਪ੍ਰਮੁੱਖ ਧਾਰਮਿਕ ਸ਼ਖਸੀਅਤ ਤੇ ਗੁਰਦੁਆਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਗੁਰਦੀਪ ਸਿੰਘ ਜੀ ਚੰਦ ਪੁਰਾਣੇ ਵਾਲਿਆਂ ਨੇ ਦੀਵਾਨ ਵਿੱਚ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀਂ ਆਪਣੇ ਜੀਵਨ ਨੂੰ ਸਫਲ ਤਾਂ ਹੀ ਕਰ ਸਕਦੇ ਹਾਂ, ਜੇਕਰ ਅਸੀਂ ਆਪਣਾ ਮਨ ਨਾਮ ਸਿਮਰਨ ਵਿੱਚ ਜੋੜੀਏ।

ਉਨ੍ਹਾਂ ਕਿਹਾ ਕਿ ਅੱਜ ਦਾ ਜੀਵ ਆਪਣੇ ਅਸਲ ਟਿਕਾਣੇ ਤੋਂ ਭਟਕ ਚੁੱਕਾ ਹੈ, ਜੇਕਰ ਅੱਜ ਵੀ ਅਸੀਂ ਆਪਣਾ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਦਰਜ ਬਾਣੀ ਮੁਤਾਬਕ ਢਾਲ ਲਈਏ ਤਾਂ ਸਾਡਾ ਇਸ ਸੰਸਾਰ 'ਤੇ ਆਉਣਾ ਸਫਲ ਹੋ ਸਕਦਾ ਹੈ।ਸੰਤ ਬਾਬਾ ਗੁਰਦੀਪ ਸਿੰਘ ਨੇ ਦੀਵਾਨ ਵਿੱਚ ਸੰਗਤ ਨੂੰ ਭਾਈ ਤਾਰੂ ਸਿੰਘ ਦੀ ਸ਼ਹਾਦਤ ਬਾਰੇ ਚਾਨਣਾ ਪਾਉਂਦਿਆਂ ਕਿਹਾ ਕਿ ਭਾਈ ਤਾਰੂ ਸਿੰਘ ਜੀ ਸਿੱਖੀ ਦੇ ਅਡੋਲ ਸਿਦਕ ਦੀ ਜੀਵੰਤ ਮਿਸਾਲ ਸਨ।ਉਨ੍ਹਾਂ ਜ਼ਾਲਮ ਹਕੂਮਤ ਦੇ ਸਾਹਮਣੇ ਸਿੱਖੀ ਸਿਦਕ ਤੇ ਕੇਸਾਂ ਦੀ ਮਾਣ-ਮਰਿਆਦਾ ਨੂੰ ਸਰਵਉੱਚ ਰੱਖਿਆ।ਜਦੋਂ ਮੁਗਲ ਹਾਕਮ ਨੇ ਉਨ੍ਹਾਂ ਨੂੰ ਧਰਮ ਤਿਆਗਣ ਤੇ ਕੇਸ ਕਟਵਾਉਣ ਲਈ ਮਜਬੂਰ ਕੀਤਾ, ਤਾਂ ਭਾਈ ਸਾਹਿਬ ਨੇ ਮੌਤ ਨੂੰ ਗਲੇ ਲਗਾਉਣਾ ਮਨਜ਼ੂਰ ਕੀਤਾ, ਪਰ ਗੁਰੂ ਦੀ ਦਿੱਤੀ ਸਿੱਖੀ ਨੂੰ ਨਹੀਂ ਛੱਡਿਆ।ਉਨ੍ਹਾਂ ਦੀ ਅਟੱਲ ਸ਼ਹਾਦਤ ਸਾਨੂੰ ਸਿਖਾਉਂਦੀ ਹੈ ਕਿ ਸੱਚ ਤੇ ਨਾਮ ਦੀ ਕਮਾਈ ਹੀ ਜੀਵਨ ਦਾ ਅਸਲੀ ਮਕਸਦ ਹੈ, ਜੋ ਸਾਨੂੰ ਗੁਰੂ ਦੇ ਚਰਨਾਂ ਵਿੱਚ ਜੋੜਦੀ ਹੈ।ਸਮਾਗਮ ਦੀ ਸਟੇਜ ਸੰਚਾਲਨ ਦੀ ਸੇਵਾ ਦਰਸ਼ਨ ਸਿੰਘ ਡਰੋਲੀ ਭਾਈ ਨੇ ਬਾਖੂਬੀ ਨਿਭਾਈ।ਇਸ ਮੌਕੇ ਭਾਈ ਬਿੱਲੂ ਸਿੰਘ, ਡਾਕਟਰ ਅਵਤਾਰ ਸਿੰਘ, ਅਜਮੇਰ ਸਿੰਘ, ਧਰਮ ਸਿੰਘ, ਹੈੱਡ ਗ੍ਰੰਥੀ ਬਾਬਾ ਸੁੱਚਾ ਸਿੰਘ, ਸੋਹਣ ਸਿੰਘ, ਜਸਵਿੰਦਰ ਸਿੰਘ, ਭਾਈ ਚਮਕੌਰ ਸਿੰਘ, ਰਾਜਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ।ਸਮੁੱਚਾ ਸਮਾਗਮ ਸ਼ਰਧਾ ਤੇ ਗੁਰਮਤਿ ਦੇ ਰੰਗ ਵਿੱਚ ਰੰਗਿਆ ਹੋਇਆ ਸੀ, ਜਿਸ ਨੇ ਸੰਗਤਾਂ ਨੂੰ ਗੁਰੂ ਦੀ ਬਖਸ਼ਿਸ਼ ਦਾ ਅਹਿਸਾਸ ਕਰਵਾਇਆ।


**ਉੱਤਰ ਰੇਲਵੇ**

**ਈ-ਟੈਂਡਰ ਸੂਚਨਾ**

**ਸੀਨੀਅਰ ਮੰਡਲ ਇੰਜੀਨੀਅਰ - ਪਹਿਲੀ,** ਫਿਰੋਜ਼ਪੁਰ ਦੁਵਾਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਹੇਠਾ ਲਿਖੀ ਈ-ਟੈਂਡਰਾ, ਆਖਰੀ ਮਿਤੀ ਆਖਰੀ ਮਿਤੀ **08/08/2025 ਵਕਤ 15.00 ਵਜੇ ਤਕ www.ireps.gov.in** ਉਤੇ ਮੰਗ ਕੀਤੀ ਜਾਂਦੀ ਹੈ। ਟੈਂਡਰਕਰਤਾ ਅਪਣੇ ਮੂਲ/ਸੰਸ਼ੋਧਿਤ ਟੈਂਡਰ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਪੇਸ਼ ਕਰ ਸਕਦੇ ਹਨ। ਮੈਨੂੰਅਲ ਟੈਂਡਰ ਮਾਨਯ ਨਹੀਂ ਹੈ ਅਤੇ ਇਸਤਰ੍ਹਾਂ ਕਿਸੀ ਵੀ ਮੈਨੂੰਅਲ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਠੇਕੇਦਾਰ ਟੈਂਡਰ ਪ੍ਰਪੱਤਰ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ **www.ireps.gov.in** ਪੋਰਟਲ ਉਤੇ ਉਪਲਬਧ ਆਨਲਾਈਨ ਸਾਧਨਾਂ ਦੇ ਦੁਵਾਰਾ ਜਿਸਤਰ੍ਹਾਂ ਨੇਟ ਬੈਂਕਿੰਗ, ਡੇਬਿਟ ਕਾਰਡ, ਕ੍ਰੇਡਿਟ ਕਾਰਡ ਆਦਿ ਤੋਂ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਦੁਵਾਰਾ ਤੋਂ ਭੁਗਤਾਨ ਦੀ ਅਨੁਮਤੀ ਨਹੀਂ ਹੈ।

| ਟੈਂਡਰ ਪ੍ਰਕਾਰ | ਟੈਂਡਰ ਅਨੁਭਾਗ | ਬੋਲੀ ਪ੍ਰਣਾਲੀ | ਟੈਂਡਰ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਪੂਰਾ ਕਰਨਦੀ ਮਿਤੀ ਅਤੇ ਸਮਾਂ |
|---|---|---|---|---|---|
| ਖੁਲੀ | ਕੰਮ | ਏਕਲ ਬੋਲੀ ਪ੍ਰਣਾਲੀ | 15.07.2025 & 16.07.2025 | 25.07.2025 | 08/08/2025/15:00 ਵਜੇ |

| ਲ.ਨੰ: | ਟੈਂਡਰ ਨੰ: ਮਿਤੀ | ਟੈਂਡਰ ਦਾ ਵੇਰਵਾ | | | |
|---|---|---|---|---|---|
| 1 | 82-2025-26-ADEN-LDH | ਸੀਨੀਅਰ ਮੰਡਲ ਇੰਜੀਨੀਅਰ-ਪਹਿਲੀ/ਫਿਰੋਜ਼ਪੁਰ ਦੇ ਅਧੀਨ ਸਹਾਇਕ ਮੰਡਲ ਇੰਜੀਨੀਅਰ-ਲੁਧਿਆਣਾ ਅਨੁਭਾਗ ਪੁਲ ਦੀ ਮੁਰੰਮਤ ਅਤੇ ਰੱਖ-ਰੱਖਾਵ ਦਾ ਕੰਮ। | | | |
| | | ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 29,99,957.22/- | 60,000.00/- | 60 ਦਿਨ | 12 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ:- "ਕੋਈ ਕੰਮ ਨਹੀਂ।" | | | | |
| 2 | 84-2025-26-ADEN-LDH | ਸੀਨੀਅਰ ਮੰਡਲ ਇੰਜੀਨੀਅਰ-ਪਹਿਲੀ/ਫਿਰੋਜ਼ਪੁਰ ਦੇ ਅੰਤਰਗਤ ਅਨੁਭਾਗ ਵਿਚ ਫਗਵਾੜਾ ਗੁਡਸ ਸ਼ੇਡ ਦਾ ਉਨਯਨ/ਸੁਧਾਰ ਦਾ ਕੰਮ। | | | |
| | | ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 3,90,69,919.14/- | 3,45,400.00/- | 60 ਦਿਨ | 06 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |
| 3 | 85-2025-26-ADEN- JRC | ਸੀਨੀਅਰ ਮੰਡਲ ਇੰਜੀਨੀਅਰ-ਪਹਿਲੀ/ਫਿਰੋਜ਼ਪੁਰ ਦੇ ਅਧੀਨ ਸਹਾਇਕ ਮੰਡਲ ਇੰਜੀਨੀਅਰ-ਜਲੰਧਰ ਕੈਂਟਾ ਅਨੁਭਾਗ ਪੁਲ ਦੀ ਮੁਰੰਮਤ ਅਤੇ ਰੱਖ-ਰੱਖਾਵ ਦਾ ਕੰਮ। | | | |
| | | ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 34,99,884.82/- | 70,000.00/- | 60 ਦਿਨ | 12 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ:- "ਕੋਈ ਕੰਮ ਨਹੀਂ।" | | | | |
| 4 | 86-2025-26-ADEN-LDH | ਸੀਨੀਅਰ ਮੰਡਲ ਇੰਜੀਨੀਅਰ-ਪਹਿਲੀ/ਫਿਰੋਜ਼ਪੁਰ ਦੇ ਅਧਿਕਾਰ ਖੇਤਰ ਵਿਚ ਫਿਲੌਰ ਗੁਡਸ ਸ਼ੇਡ ਦਾ ਉਨਯਨ/ਸੁਧਾਰ ਦਾ ਕੰਮ। | | | |
| | | ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 8,10,72,766.41/- | 5,55,400.00/- | 60 ਦਿਨ | 06 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |
| 5 | 87-2025-26-ADEN- JRC | ਜਲੰਧਰ ਕੈਂਟ ਵਿਚ ਕਲੋਨੀ ਨੰਬਰ 1, 2 ਅਤੇ 3 ਸਟਾਫ ਕਵਾਟਰਾਂ ਦੇ ਘਿਸੇ ਹੋਏ ਦਰਵਾਜੇ ਅਤੇ ਪਲਾਸਟਰ ਦੀ ਮੁਰੰਮਤ, ਫਰਸ਼ ਦੀ ਮੁਰੰਮਤ ਅਤੇ ਸਟਾਫ ਕਵਾਟਰਾਂ ਦੇ ਪਖਾਨਿਆਂ, ਸਨਾਨਘਰ ਅਤੇ ਰਸੋਈ ਦੇ ਫਰਸ਼ ਵਿਚ ਸੁਧਾਰ ਅਤੇ ਜਲੰਧਰ ਕੈਂਟ ਵਿਚ ਕਲੋਨੀ 1, 2 ਅਤੇ 3 ਦੇ ਸਟਾਫ ਕਵਾਟਰਾਂ ਵਿਚ ਜਲ ਆਪੂਰਤੀ ਪ੍ਰਣਾਲੀ ਦੀ ਮੁਰੰਮਤ ਦਾ ਕੰਮ। | | | |
| | | ਵਿਗਿਆਪਨ ਮੁਲ (ਰੁ:) | ਬਿਆਨਾ ਰਾਸ਼ੀ | ਆਫਰ ਦੀ ਵੈਧਤਾ | ਪੂਰਾ ਕਰਨ ਦਾ ਸਮਾਂ |
| | | 89,99,360.81/- | 1,80,000.00/- | 60 ਦਿਨ | 09 ਮਹੀਨੇ |
| | ਸਮਾਨ ਪ੍ਰਕ੍ਰਿਤੀ ਦਾ ਕੰਮ:- "ਟ੍ਰੈਕ ਕੰਮ ਦੇ ਇਲਾਵਾ ਕੋਈ ਵੀ ਸਿਵਿਲ ਕੰਮ।" | | | | |

ਨੋਟ:- 1. ਟੈਂਡਰ ਪਾਉਣ ਤੋਂ ਪਹਿਲਾ, ਟੈਂਡਰਕਰਤਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੀ ਵੀ ਸ਼ੁੱਧੀਪੱਤਰ ਦੀ ਜਾਂਚ ਕਰਨਗੇ।
2. ਹਿੰਦੀ ਵਿਚ ਕਿਸੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਟੈਂਡਰ ਸੂਚਨਾ ਪੱਤਰ ਨੰ:- 82, 84, 86-2025-26-ADEN-LDH & 85,87-2025-26-ADEN-JRC ਮਿਤੀ : 16.07.2025 2160/2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਲੈਂਡ ਪੂਲਿੰਗ ਮਾਮਲੇ ਖਿਲਾਫ ਬੀ ਕੇ ਯੂ ਏਕਤਾ ਪੀੜਤ ਕਿਸਾਨਾਂ ਨਾਲ ਖੜ੍ਹੀ : ਬਲੌਰ ਸਿੰਘ



ਮੋਗਾ, (ਇਕਬਾਲ ਸਿੰਘ ਖਹਿਰਾ)-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਬਲਾਕ ਮੋਗਾ 2 ਦੀ ਮੀਟਿੰਗ ਬਲਾਕ ਪ੍ਰਧਾਨ ਇਕਬਾਲ ਸਿੰਘ ਸਿੰਘਾਂਵਾਲਾ ਦੀ ਪ੍ਰਧਾਨਗੀ ਹੇਠ ਪਿੰਡ ਡਰੋਲੀ ਭਾਈ ਦੇ ਗੁਰਦੁਆਰਾ ਜਨਮ ਸਥਾਨ ਬਾਬਾ ਗੁਰਦਿੱਤਾ ਜੀ ਵਿਖੇ ਹੋਈ।ਇਸ ਮੀਟਿੰਗ ਦੌਰਾਨ ਜ਼ਿਲ੍ਹਾ ਵਿੱਤ ਸਕੱਤਰ ਬਲੌਰ ਸਿੰਘ ਘੱਲਕਲਾਂ ਵਿਸ਼ੇਸ਼ ਰੂਪ ਵਿੱਚ ਸ਼ਾਮਲ ਹੋਏ।ਇਸ ਮੀਟਿੰਗ ਵਿੱਚ ਜੋ ਪੰਜਾਬ ਦੀ ਮੌਜੂਦਾ ਸਥਿਤੀ ਲੈਂਡ ਪੋਲਿੰਗ ਵਰਗੀਆਂ ਨਵੀਆਂ ਪੌਲਸੀਆਂ ਤਹਿਤ ਕਿਸਾਨਾਂ ਤੋਂ ਜਮੀਨਾਂ ਖੋਹਣ ਦੀ ਤੇ ਕੋਪਰੇਟ ਘਰਾਣਿਆਂ ਨੂੰ ਸੌਂਪਣ ਦੀ ਨੀਤੀ ਸਰਕਾਰ ਵੱਲੋਂ ਅਪਣਾਈ ਗਈ ਹੈ, ਉਸ ਬਾਰੇ ਵਿਸ਼ੇਸ਼ ਰੂਪ ਵਿੱਚ ਚਰਚਾ ਹੋਈ, ਜਿਸ ਵਿੱਚ ਮੋਗੇ ਜ਼ਿਲ੍ਹੇ ਦੇ ਪੰਜ ਪਿੰਡ ਤਲਵੰਡੀ ਭੰਗੇਰੀਆਂ, ਬੁੱਗੀਪੁਰਾ, ਖੇੜਾ ਸਵਾਦ, ਰੌਲੀ ਤੇ ਚੁਗਾਵਾਂ ਆਦਿ ਪਿੰਡਾਂ ਦੀ 542 ਏਕੜ ਜ਼ਮੀਨ ਇਸ ਪੌਲਸੀ ਤਹਿਤ ਖੋਹਣ ਜਾ ਰਹੀ ਹੈ।ਇਸ ਦੇ ਬਦਲੇ ਕਿਸਾਨ ਨੂੰ ਇੱਕ ਕਿੱਲੇ ਮਗਰ ਹਜ਼ਾਰ ਗਜ ਦਾ ਪਲਾਟ ਰਹਾਇਸ਼ੀ ਤੇ 200 ਗਜ ਦਾ ਪਲਾਟ ਕਮਰਸ਼ੀਅਲ ਦੇਣ ਦੀ ਆਫਰ ਕਰਦੀ ਹੈ।ਕਿੱਡੀ ਵੱਡੀ ਤਰਾਸਦੀ ਹੈ ਕਿ ਕਿਸਾਨ ਦੀ ਹੀ ਜ਼ਮੀਨ ਵਿੱਚੋਂ ਕਿਸਾਨ ਨੂੰ 1200 ਗਜ ਦੇ ਕੇ ਬਾਕੀ ਸਾਰੇ 'ਤੇ ਸਰਕਾਰ ਮਾਲਕ ਬਣਨਾ ਚਾਹੁੰਦੀ ਹੈ।ਇਸ ਜਬਰ ਖਿਲਾਫ ਭਾਰਤੀ ਕਿਸਾਨ ਯੂਨੀਅਨ ਏਕਤਾ ਇਨ੍ਹਾਂ ਪਿੰਡਾਂ ਦੇ ਨਾਲ ਖੜੀ ਹੈ।ਇਸ ਮੌਕੇ ਬਲਾਕ ਮੋਗਾ ਦੋ ਦੇ ਜਨਰਲ ਸਕੱਤਰ ਜਸਵਿੰਦਰ ਸਿੰਘ ਛਿੰਦਾ ਘੱਲਕਲਾਂ, ਬੇਅੰਤ ਸਿੰਘ ਵੱਡਾ ਘਰ, ਬਲਦੇਵ ਸਿੰਘ ਡਰੋਲੀ ਭਾਈ, ਗੁਰਪ੍ਰੀਤ ਸਿੰਘ ਗਰੇਵਾਲ ਮੋਗਾ, ਬਲਦੇਵ ਸਿੰਘ ਮੋਠਾਵਾਲੀ, ਬਲਵੰਤ ਸਿੰਘ, ਜਗਤਾਰ ਸਿੰਘ ਕੋਰੇਵਾਲਾ, ਮਹਿੰਦਰ ਪਾਲ ਸਿੰਘਾਂਵਾਲਾ, ਲਾਭ ਸਿੰਘ ਗਿੱਲ, ਲਖਬੀਰ ਸਿੰਘ ਖੋਸਾ ਪਾਂਡੋ, ਅੰਗਰੇਜ਼ ਸਿੰਘ, ਬਾਬੂ ਸਿੰਘ, ਮੇਜਰ ਸਿੰਘ, ਅਵਤਾਰ ਸਿੰਘ, ਬਲਜਿੰਦਰ ਸਿੰਘ, ਹਰਬੰਸ ਸਿੰਘ, ਬਹਾਦਰ ਸਿੰਘ, ਗੁਰਜੰਟ ਸਿੰਘ ਹਾਜ਼ਰ ਸਨ।

# ਕੌਮੀ ਇਨਸਾਫ ਮੋਰਚੇ ਵੱਲੋਂ 22 ਦੀ ਸਰਬਸਾਂਝੀ ਮੀਟਿੰਗ ਸੰਬੰਧੀ ਤਿਆਰੀਆਂ ਜ਼ੋਰਾਂ 'ਤੇ



ਮੋਗਾ, (ਇਕਬਾਲ ਸਿੰਘ ਖਹਿਰਾ)-ਕੌਮੀ ਇਨਸਾਫ ਮੋਰਚਾ ਮੋਹਾਲੀ ਦੀ ਤਾਲਮੇਲ ਕਮੇਟੀ ਦੀ ਅਹਿਮ ਮੀਟਿੰਗ ਮੋਰਚੇ ਵਾਲੇ ਸਥਾਨ 'ਤੇ ਹੋਈ। ਇਸ ਮੀਟਿੰਗ ਵਿੱਚ ਬਾਪੂ ਗੁਰਚਰਨ ਸਿੰਘ ਹਵਾਰਾ ਸਰਪ੍ਰਸਤ, ਜਥੇਦਾਰ ਗੁਰਦੀਪ ਸਿੰਘ ਬਠਿੰਡਾ ਸਪੋਕਸ ਪਰਸਨ, ਜਥੇਦਾਰ ਬਲਬੀਰ ਸਿੰਘ ਬੈਰੋਪੁਰ ਤਾਲਮੇਲ ਕਮੇਟੀ ਮੈਂਬਰ, ਬਲਜੀਤ ਸਿੰਘ ਭਾਉ ਬੰਦੀ ਸਿੰਘ, ਕਿਸਾਨ ਆਗੂ ਮੈਂਬਰ ਤਾਲਮੇਲ ਕਮੇਟੀ, ਕਾਲਾ ਝਾੜ ਸਾਹਿਬ ਮੈਂਬਰ ਤਾਲਮੇਲ ਕਮੇਟੀ, ਬਲਜਿੰਦਰ ਗੁੱਡੂ ਤਾਲਮੇਲ ਕਮੇਟੀ ਮੈਂਬਰ, ਗੁਰਮੀਤ ਸਿੰਘ ਟੋਨੀ ਤਾਲਮੇਲ ਕਮੇਟੀ ਮੈਂਬਰ, ਪਾਲ ਸਿੰਘ ਘੜੂੰਆਂ ਤਾਲਮੇਲ ਕਮੇਟੀ ਮੈਂਬਰ ਤੇ ਸੁੱਖ ਗਿੱਲ ਮੋਗਾ ਸੂਬਾ ਪ੍ਰਧਾਨ ਤੇ ਮੈਂਬਰ ਤਾਲਮੇਲ ਕਮੇਟੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਮੀਟਿੰਗ ਵਿੱਚ 22 ਜੁਲਾਈ ਨੂੰ ਕਿਸਾਨ ਭਵਨ ਵਿੱਚ ਸਵੇਰੇ 11 ਵਜੇ ਹੋਣ ਜਾ ਰਹੀ ਸਰਬ ਸਾਂਝੀ ਮੀਟਿੰਗ ਦੀਆਂ ਤਿਆਰੀਆਂ ਦਾ ਜਾਇਜ਼ਾ, ਪ੍ਰਬੰਧ ਕਰਨ ਲਈ ਕਮੇਟੀ ਦੀਆਂ ਡਿਊਟੀਆਂ ਤੇ ਸਿੱਖ ਸੰਸਥਾਵਾਂ, ਨਿਹੰਗ ਸਿੰਘ ਜਥੇਬੰਦੀਆਂ, ਸਮਾਜ ਸੇਵੀ ਜਥੇਬੰਦੀਆਂ, ਸੰਤ ਮਹਾਂਪੁਰਸ਼ਾਂ ਤੇ ਕਿਸਾਨ-ਮਜ਼ਦੂਰ ਜਥੇਬੰਦੀਆਂ ਨੂੰ 22 ਜੁਲਾਈ ਦੀ ਮੀਟਿੰਗ ਵਿੱਚ ਪਹੁੰਚਣ ਦੀ ਅਪੀਲ ਕੀਤੀ ਗਈ। ਆਗੂਆਂ ਨੇ ਦੱਸਿਆ ਕਿ 4 ਅਗਸਤ ਨੂੰ ਪੂਰੇ ਪੰਜਾਬ ਦੇ ਜ਼ਿਲ੍ਹਾ ਹੈੱਡਕੁਆਰਟਰਾਂ 'ਤੇ ਮੁੱਖ ਮੰਤਰੀ ਪੰਜਾਬ ਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਪੁਤਲਾ ਫੂਕਣ ਦਾ ਸਾਰੀਆਂ ਸਿੱਖ ਸੰਗਤਾਂ, ਕਿਸਾਨ-ਮਜ਼ਦੂਰ ਜਥੇਬੰਦੀਆਂ ਨੂੰ ਸੱਦਾ ਦਿੱਤਾ ਤੇ 15 ਅਗਸਤ ਨੂੰ ਕੌਮੀ ਇਨਸਾਫ ਮੋਰਚੇ ਵਿੱਚ ਵੱਡਾ ਇਕੱਠ ਕਰਨ ਦਾ ਫੈਸਲਾ ਵੀ ਕੀਤਾ ਗਿਆ ਅਤੇ ਪੰਜਾਬ ਵਾਸੀਆਂ, ਨੌਜਵਾਨਾਂ, ਔਰਤਾਂ ਨੂੰ 15 ਅਗਸਤ ਨੂੰ ਕੌਮੀ ਇਨਸਾਫ ਮੋਰਚੇ ਵਿੱਚ ਵੱਡੀ ਗਿਣਤੀ ਵਿੱਚ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਜੀਤ ਸਿੰਘ ਔਲਖ, ਬਾਬਾ ਹਰੀ ਸਿੰਘ ਨਿਹੰਗ ਸਿੰਘ, ਮੱਖਣ ਸਿੰਘ ਫੌਜੀ, ਪਰਮਜੀਤ ਖਰੜ, ਬਲਜੀਤ ਸਿੰਘ ਰੁੜਕੀ, ਪੱਪੀ ਟਾਇਰਾਂ ਵਾਲਾ, ਬਾਬਾ ਕਿਰਪਾਲ ਸਿੰਘ ਨਿਹੰਗ ਸਿੰਘ, ਰਛਪਾਲ ਸਿੰਘ ਚੰਡੀਗੜ੍ਹ, ਤਲਵਿੰਦਰ ਗਿੱਲ ਤੋਤੇਵਾਲ, ਹੈਰੀ ਗਿੱਲ, ਪਰਵਿੰਦਰ ਸਿੰਘ ਮਲੋਆ ਹਾਜ਼ਰ ਸਨ।

# 509 ਗ੍ਰਾਮ ਹੈਰੋਇਨ, ਮੋਟਰਸਾਈਕਲ ਸਮੇਤ ਦੋ ਗ੍ਰਿਫਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਸੀਆਈਏ ਸਟਾਫ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਦੋ ਵਿਅਕਤੀਆਂ ਨੂੰ 509 ਗ੍ਰਾਮ ਹੈਰੋਇਨ ਤੇ ਇਕ ਮੋਟਰਸਾਈਕਲ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਥਾਣਾ ਮਮਦੋਟ ਵਿਖੇ ਐੱਨਡੀਪੀਐੱਸ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸੀਆਈਏ ਦੇ ਸਬ ਇੰਸਪੈਕਟਰ ਸੁਖਬੀਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਫਿਰੋਜ਼ਪੁਰ ਫਾਜ਼ਿਲਕਾ ਰੋਡ ਤੋਂ ਮੇਨ ਸੜਕ ਮਮਦੋਟ ਵੱਲ ਨੂੰ ਮੁੜੇ ਤਾਂ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਦੋਸ਼ੀਆਨ ਕ੍ਰਿਸ਼ਨ ਸਿੰਘ ਉਰਫ ਲਾਲਾ ਪੁੱਤਰ ਬਲਵਿੰਦਰ ਸਿੰਘ ਵਾਸੀ ਗੰਧੂ ਕਿਲਚਾ ਉਤਾੜ ਨਾਗਰ ਵਾਲੇ ਝੁੱਗੇ ਤੇ ਵਰਿੰਦਰ ਸਿੰਘ ਪੁੱਤਰ ਹਰਜਿੰਦਰ ਸਿੰਘ ਵਾਸੀ ਵਾਰਡ ਨੰਬਰ 5 ਗਲੀ ਨੰਬਰ 1 ਖਾਲਸਾ ਕਲੌਨੀ ਦੁਲਚੀ ਕੇ ਰੋਡ ਫਿਰੋਜ਼ਪੁਰ ਸ਼ਹਿਰ ਹੈਰੋਇਨ ਵੇਚਣ ਦਾ ਧੰਦਾ ਕਰਦੇ ਹਨ ਤੇ ਅੱਜ ਵੀ ਉਹ ਦੋਵੇਂ ਜਣੇ ਮੋਟਰਸਾਈਕਲ ਹੀਰੋ ਐੱਚ ਐੱਫ ਡੀਲਕਸ ਨੰਬਰ ਪੀਬੀ 05 ਏਜੀ 8573 'ਤੇ ਸਵਾਰ ਹੋ ਕੇ ਭਾਰੀ ਮਾਤਰਾ ਵਿੱਚ ਹੈਰੋਇਨ ਲੈ ਕੇ ਅੱਗੇ ਵੇਚਣ ਲਈ ਇਸੇ ਰੋਡ 'ਤੇ ਨੇੜੇ ਸ਼ਮਸ਼ਾਨਘਾਟ ਪਿੰਡ ਵਰਿਆਮ ਸਿੰਘ ਵਾਲਾ ਵਿਖੇ ਰੁਕ ਕੇ ਗਾਹਕਾਂ ਦੀ ਉਡੀਕ ਕਰ ਰਹੇ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ 'ਤੇ ਛਾਪੇਮਾਰੀ ਕਰ ਗ੍ਰਿਫਤਾਰ ਕਰਕੇ ਤਲਾਸ਼ੀ ਲਈ ਤਾਂ ਉਨ੍ਹਾਂ ਕੋਲੋਂ 509 ਗ੍ਰਾਮ ਹੈਰੋਇਨ ਅਤੇ 1 ਮੋਟਰਸਾਈਕਲ ਹੀਰੋ ਐੱਓਐੱਫ ਡੀਲਕਸ ਬਰਾਮਦ ਹੋਇਆ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਗਿਆ ਤੇ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

**ਕੋਰਟ ਨੋਟਿਸ ਜ਼ਿਲ੍ਹਾ ਮੈਰਿਜ ਅਫਸਰ** ਤਰਨ ਤਾਰਨ V/s ਆਮ ਜਨਤਾ ਵਿਸ਼ਾ : ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਬਾਰੇ। ਬਿਨੈਕਾਰ ਦਾ ਨਾਮ: ਮਹਿੰਦਰ ਸਿੰਘ ਪਿਤਾ/ਪਤੀ ਦਾ ਨਾਮ: ਜੀਵਨ ਸਿੰਘ ਪਤਾ: MUSE, VILLAGE-TEHSIL-SUB TEHSIL, JHABHAL/ DISTRICT-TARN TARAN, PUNJAB ਉਪਰੋਕਤ ਪ੍ਰਾਰਥੀ ਨੇ ਵਿਆਹ ਯੋਗਤਾ ਸਰਟੀਫਿਕੇਟ ਜਾਰੀ ਕਰਨ ਲਈ ਸੇਵਾ ਕੇਂਦਰ ਵਿੱਚ ਆਪਣੇ ਪੁੱਤਰ ਦੇ ਲਈ ਬਿਨੈ-ਪੱਤਰ ਦਿੱਤਾ ਹੈ। ਜਿਸ ਦੇ ਵੇਰਵੇ ਹੇਠ ਲਿਖੇ ਦਿੱਤੇ ਗਏ ਹਨ:- ਨਾਮ: ਗੁਰਵਿੰਦਰ ਸਿੰਘ, ਪੱਕਾ ਪਤਾ: MUSE, VILLAGE-TEHSIL-SUB TEHSIL, JHABHAL /DISTRICT-TARN TARAN, PUNJAB ਵਿਦੇਸ਼ੀ ਪਤਾ: BUCHEWEG 16 12529 SCHONEFELD OT ROTBERG GERMANY /ਬੁਚੇਵੇਗ 16 12529 ਸੋਨਫੇਲਡ ਓਟ ਰੋਟਬਰਗ ਜਰਮਨੀ ਉਮਰ/ਜਨਮ ਮਿਤੀ 31-(04/12/1993) ਬਿਨੈਕਾਰ ਨੇ ਕਿਹਾ ਕਿ ਉਸ ਦਾ ਭਾਰਤ ਵਿੱਚ ਕੋਈ ਵਿਆਹੁਤਾ ਸਬੰਧ ਨਹੀਂ ਹੈ। ਅਧ ਲੋਕਾਂ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਜੇ ਉਪਰੋਕਤ ਸਰਟੀਫਿਕੇਟ ਜਾਰੀ ਕਰਨ ਬਾਰੇ ਕਿਸੇ ਵੀ ਵਿਅਕਤੀ ਨੂੰ ਕੋਈ ਇਤਰਾਜ਼ ਹੈ ਤਾਂ ਉਹ ਵਿਅਕਤੀ ਜਾਂ ਉਸਦੇ ਨੁਮਾਇੰਦੇ ਇਸ ਨੋਟਿਸ ਦੇ ਜਾਰੀ ਹੋਣ ਤੋਂ 30 ਦਿਨਾਂ ਦੇ ਅੰਦਰ-ਅੰਦਰ ਆਪਣੀ ਇਤਰਾਜ਼ (ਸ਼ਿਕਾਇਤ) ਪੇਸ਼ ਕਰ ਸਕਦੇ ਹਨ। ਉਸ ਤੋਂ ਬਾਅਦ ਕੋਈ ਇਤਰਾਜ਼ ਨਹੀਂ ਮੰਨਿਆ ਜਾਵੇਗਾ। ਇਸ ਇਸ਼ਤਿਹਾਰ ਮੇਰੇ ਦਸਤਖਤਾਂ ਹੇਠ ਅਦਾਲਤੀ ਮੋਹਰ ਨਾਲ ਮਿਤੀ 16.07.2025 ਨੂੰ ਜਾਰੀ ਹੋਇਆ।

ਨੰ.ਐਮ.ਏ/ਐਮ.ਸੀ-1/290-82 ਮਿਤੀ 16.07.2025 — ਜ਼ਿਲ੍ਹਾ ਮੈਰਿਜ ਅਫਸਰ, ਤਰਨ ਤਾਰਨ।



## COURT NOTICE

(U/o 5 Rule 20 CPC)
In The Court of
**Sh. Jagmohan Singh Sanghe**
Principal Judge, Family Court, Jalandhar
GW/110/25
CNR No. PBJL01-008468-2025
Next Date:- 01-09-2025
Anita Bhatti W/O Sarabjit Singh D/O Sarwan Kumar Address:317 Ward No 4 Guru Nanak Bhogpur, Distt. Jalandhar
Vs.
1) Sarabjit Singh Alias Sonu S/o Shinder Pal Address:Village Bhundian PO Behram Sarishta, Ps Bhogpur, Distt. Jalandhar
2) General Public
Address- General Public
Petition Under Guardian and Wards Act

Publication Issued To: General Public :- General Public

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 01-09-2025 at 10:00 a.m.

For details logon to https://highcourtchd.gov.in/?mod=district_notice&district=Jalandhar

Principal Judge, Family Court Jalandhar
Dated, this day of 09-07-2025

**AXIS BANK** Retail Asset Centre: AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana- 141001.
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai- 400025
Registered Office: 'Trishul', 3rd Floor, opposite Samartheswar Temple, Law garden, Ellisbridge, Ahmadabad- 380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਿਟਾਈਜੇਸ਼ਨ ਐਂਡ ਰਿਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਿਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਨਿਕਲਦੀ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਲੜੀ ਨੰ. | ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਦਾ ਨਾਂਅ | ਐੱਨ ਪੀ ਏ ਦੀ ਮਿਤੀ/ਡਿਮਾਂਡ ਨੋਟਿਸ ਦੀ ਮਿਤੀ<br>ਕਬਜ਼ੇ ਦੀ ਮਿਤੀ<br>ਡਿਮਾਂਡ ਨੋਟਿਸ ਦੀ ਰਾਸ਼ੀ (ਰੁਪਏ 'ਚ) |
|---|---|---|
| 1. | (1) ਸ੍ਰੀ ਚੰਦਨ ਕੁਮਾਰ ਪੁੱਤਰ ਵਿਨੇ ਕੁਮਾਰ (ਕਰਜ਼ਦਾਰ) ਅਤੇ (2) ਸ੍ਰੀਮਤੀ ਜਿਓਤੀ ਸ੍ਰੀਵਾਸਤਵ ਪਤਨੀ ਚੰਦਨ ਕੁਮਾਰ (ਸਹਿ-ਕਰਜ਼ਦਾਰ/ਰਹਿਣਕਾਰ) | 09 ਦਸੰਬਰ 2024/27 ਫਰਵਰੀ 2025<br>16 ਜੁਲਾਈ 2025<br>ਰੁਪਏ 10,10,841/- (ਦਸ ਲੱਖ ਦਸ ਹਜ਼ਾਰ ਅੱਠ ਸੌ ਇਕਤਾਲੀ ਰੁਪਏ ਕੇਵਲ) |

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਬੈਨਾਮਾ ਦਸਤਾਵੇਜ਼ ਨੰ. 2021/22/106/1/13937 ਮਿਤੀ 22 ਦਸੰਬਰ 2021, ਰਾਹੀਂ ਸ੍ਰੀਮਤੀ ਜਿਓਤੀ ਸ੍ਰੀਵਾਸਤਵਾ ਪਤਨੀ ਸ੍ਰੀ ਚੰਦਨ ਕੁਮਾਰ ਦੇ ਨਾਂਅ 'ਤੇ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. 69 ਮਿਨ-70 ਮਿਨ, ਰਕਬਾ 60 ਵਰਗ ਗਜ਼, ਖਸਰਾ ਨੰ. 63//7, 8/1, 6, 62//8, 9, 10, 13, 18, 23, ਖੱਤਾ ਨੰ. 237/258, 240/264, 243/267 ਜਮ੍ਹਾਂਬੰਦੀ ਸਾਲ 2008-2009 ਪਿੰਡ ਭਾਮੀਆਂ ਕਲਾਂ, ਹਦਬਸਤ ਨੰ. 181, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਸੀਮਾ ਦੇਵੀ, ਪੱਛਮ : ਪੂਜਾ ਕੁਮਾਰੀ, ਉੱਤਰ : ਗਲੀ 20' ਚੌੜੀ, ਦੱਖਣ : ਗੁਰਮੀਤ ਸਿੰਘ

ਮਿਤੀ : 18.07.2025 ਸਥਾਨ : ਲੁਧਿਆਣਾ ਸਹੀ/- ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

## COURT NOTICE

(U/O 5 Rule 20 Cpc)
In The Court of
**Sh. Jarnail Singh**
Principal Judge Family Court Kharar
CNR No. PBSAF2-000321-2024
Next Date: 27-08-2025
Kamaljit Kaur
Vs.
Harjinder Singh
Petition U/S 125 Cr. P.C. for grant of maintenance to the petitioner
Publication Issued To:
Harjinder Singh
Son : Late Manmohan Singh, Vill. Rampur Majri, Roopnagar, Punjab

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 27-08-2025 at 10:00 a.m.

For details logon to https://highcourtchd.gov.in/?trs=district_notice&district=SAS Nagar

Principal Judge Family Court Kharar
Dated this day of 16-07-2025

## COURT NOTICE

(U/o 5 Rule 20 CPC)
In The Court of
**Sh. Raman Kumar**
Principal Judge Family Court Samrala
CNR No. :- PBLDF4-000059-2025
Next Date:-13-08-2025
Harpreet Kaur
Vs.
General Public
Publication Issued To:
General Public

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 13-08-2025 at 10:00 a.m.

For details logon to https://highcourtchd.gov.in/?mod=district_notice&district=Ludhiana

Principal Judge Family Court Samrala
Dated, this day of 16-07-2025

## COURT NOTICE

(U/o 5 Rule 20 CPC)
In The Court of
**Ms. Amanpreet Kaur**
Civil Judge Junior Division-10, Patiala
CNR No. PBPT02-000869-2024
Next Date: 05-08-2025
State Bank of India through its Branch Manager
Vs.
Soma Devi now deceased through her Lr. Deepak Kumar S/o Late Ramesh Chand
Publication Issued To:
Manjit Kaur
Father : Prem Chand R/o H. No. 88,Ward No. 11, Sanaur,Teh. and Distt. Patiala

In above titled case, the defendant(s)/respondent(s) could not be served. It is ordered that defendant(s)/ respondent(s) should appear in person or through counsel on 05-08-2025 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division-10, Patiala
Dated, this day of 16-07-2025

## COURT NOTICE

(U/o 5 Rule 20 CPC)
In The Court of
**Parminder Kaur Bains**
Civil Judge (Senior Division) Amritsar
CNR No. PBAS02-002131-2025
Next Date : 06.09.2025
Harjit Singh S/o Late Narinder Singh , R/o 3173, Gali No.2, Azad Nagar Putligarh, Amritsar.
Vs
State Bank of India
CS DECL P INJ
Publication Issued To:
General Public
: Whom May its Concern

In above titled case, the defendant(s)/ respondent (s) could not be served. It is ordered that defendant(s)/ respondant (s) should appear in person or through counsel on 06.09.2025 at 10:00 A.M.

For details logon to https://highcourtchd.gov.in/?trs=district_notice&district=Amritsar.

Civil Judge (Senior Division) Amritsar
Dated this day of 16-07-2025

## COURT NOTICE

(U/o 5 Rule 20 CPC)
In The Court of Garima Gupta
Civil Judge (Junior Division), Amritsar
CNR No. PBAS02-004566-2024
Next Date:- 02-08-2025
1. Sushil Kumar Arora S/o Sohan Lal R/o H.No. 62, Krishna Square, Amritsar
2. Sagar Arora S/o Sushil Kumar Arora R/o 64 Garden Enclave, Vallah Byepass Amritsar.
Vs.
Sapna Arora
Cs/4937/2024 P INJ
Publication Issued To:
Sapna Arora W/o Sushil Kumar Arora D/o Sudarshan Lamba, R/o 64 Garden Enclave, Vallah Byepass Amritsar

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 02-08-2025 at 10:00 a.m.

For details logon to https://highcourtchd.gov.in/?trs=district_notice&district=Amritsar

Civil Judge (Junior Division) Amritsar
Datead, this day of 16-07-2025




## Change of Name

I, Eknoor D/o Vinay Pal Singh R/o E.G. 1084 L, Mohalla Gobindgarh Jalandhar city have changed my name from Eknoor to Eknoor Singh. Please Note. (12279)

I, Poonam Sharma W/O Vinod Sharma R/O H.No. 27, Gali No.5, Majitha Road, Nehru Colony, Amritsar, Punjab have changed my name from Poonam Sharma to Punam.Concerned note.

I, Gurmit Kaur W/o Amarjit Singh R/o Village Gajju Gazi, Tehsil Batala, District Gurdaspur. I have changed my name from Gurmit Kaur to Gurmeet Kaur. Please Concerned note.

I, Amritpal Singh S/O Balwinder Singh R/O Vill. Sugga,Teh.Patti Distt. TarnTaran hereby inform that Amritpal is my given name and Singh is my surname. Concerned please note.

I, Sarabjit Kaur W/o Lovejit Singh R/o Village Shamnagar, Tehsil Majitha, Distt. Amritsar declare that in my daughter's school record her name and her father name was wrongly mentioned as Deepika Jaitly and her father's name was mentioned as Kapil Jaitly instead of Deepika and Lovejit Singh.

I, Lakwinder Singh S/o Avtar Singh R/o 377, East Mohan Nagar, Sultanwind Road, Amritsar, Punjab have changed my name from Lakwinder Singh to Lakhwinder Singh.

I, Harsimarjit Singh S/o Jagtar Singh R/o Mohar, Mahar, PO Mohar, Distt. Amritsar, Punjab-143102 have changed my name from Harsimarjit Singh to Simarjit Singh.

I, Amardeep Kaur W/o Manjit Singh R/o H.No.97, Gali No.2, Sant Avenue, Miran Kot Road, District Amritsar have changed my name from Amardeep Kaur to Amarjit Kaur

I, Gurdial Singh S/O Ujagar Singh R/o Vill Sarangra Teh Ajnala Distt Amritsar have changed my name from Gurdial Singh to Dial Singh

I, Kushalya Devi W/o Brahm Dutt R/o New Dashmesh Nagar Gali No.3, Tower Wali Gali, Kot Khalsa Amritsar have declare that Kushalya is my Given name and Devi is my Surname

I, Rajeev Gandhi alias Rajiv kumar S/o Satpal H.No.1358/9, Gali Hatim Tai, Gate Hakima, District Amritsar -1 have declare that above both names are mine one and same person.

I, Jaspal Middha S/O Sadhu Singh R/O Hazipur, P.O. & Teh. Shahkot, Distt. Jalandhar, Pin-144702, Punjab, India have changed my name to Middha Jaspal. Middha considered as Surname and Jaspal Considered as given name. Note Please.

I, Sarbjeet Kaur W/o Anil Kumar R/o Vill Sagranwali, P.O. Bhatnura Lubana, Distt. Jalandhar, (Pb.) have Changed my name from Sarbjit Kaur to Sarbjeet Kaur.

I Sukhdev Singh Lehal S/O Ajit Singh VPO Thowana Tehsil Garhshankar Distt Hoshiarpur I Have Changed My Name To Sukhdev Singh.

I, Kavita w/o Karanvir Sharma r/o H.No. E-K-293, Phagwara Gate, Jalandhar, Punjab have changed my name to Kavita Sharma, After Marriage.

I, Gurmit Kaur d/o Ram Singh r/o 80/7-8, Bhargo Camp, Jalandhar Correction in my name from Gurmit Kaur to Gurmeet Kaur.

I, Gurpreet s/o Amarjeet Lal R/o Vill. Chanian, Po. Jandiala, Tehsil Nakodar, Distt. Jalandhar have changed my name to Singh Gurpreet (Surname as Singh)

I, Amarjit Kaur w/o Sandeep Kumar r/o Vill. Ralhan, Po. Khudda, Teh.Dasuya, Distt. Hoshiarpur have changed my name to Amarjeet Kaur.

I, Sandeep Kumar s/o Sucha Singh r/o Vill. Ralhan, Po. Khudda, Teh.Dasuya, Distt. Hoshiarpur have changed my name to Kumar Sandeep.

I, Sarabjit Singh S/o Tarsem Singh R/o Muhala Patti, Dhirowal, Daroli Kalan, Distt. Jalandhar have changed my minor daughter name from Simran to Simran Kaur.

I, Vimal S/o Lal Chand R/o H.No. 83, Arya Nagar, Gulab Devi Road, Canal Road, Jalandhar have changed my name from Vimal to Vimal Kumar.

I Deepika W/o Pardeep Lal R/o VPO Bhandal Bet, Kapurthala-144804, Punjab, have changed my name from Deepika to Deepika Kanda. All concerned please note.

I, Brij Mohan S/o Late Sh. Madan Lal Agnihotri R/o Prem Villa, Bajwara Ring Road, Shergarh, Near Green Field Palace, Hoshiarpur, Punjab have changed my name from Brij Mohan to Brij Mohan Agnihotri. All concerned please note.

I, Manmohan Kaur W/O Kulvinder Singh, R/o B-XXIV 948, Street no-7/5, Harcharan Nagar, Samrala Road, Ludhiana, Punjab- 141008. have changed my name and shall hereafter be Known as Pinky Kapoor.

I, Honey W/O Ajit Singh, R/o Ward no-6, VTC: Amloh (P), Sub Dist: Amloh (P), Dist: Fategarh Sahib, State: Punjab- 147203. have changed my name and shall hereafter be Known as Harjeet Kaur.

I, Chetan S/O Amrit Lal, R/o Kanago Muhalla, Ward no 7, Hariana, Hoshiarpur, Punjab- 144208, have changed my name and shall hereafter be Known as Chetan Kakria.

I, Rommyo S/o Hans Raj R/o Village Mubarakpur, PO. Sheikhe, Distt. Jalandhar, Punjab have changed my name from Rommyo to Rommyo Heer. All concerned please note.

I, Siso Alias Bakhsish Kaur W/o Mahinder Ram R/o VPO. Gobindpur, Distt. Nawanshahr, Punjab-144510 have changed my name from Siso Alias Bakhsish Kaur to Bakhsish Kaur. All concerned please note.

I, Karanjit Singh S/o Swaran Singh R/o 242, Madhuban Colony, Raj Nagar, Basti Bawa Khel, Jalandhar have changed my name to Given Name as Karanjit & Surname as Singh. All concerned please note.

I, Bhopinder Singh S/o Kartar Singh R/o H.No. 18, Jyoti Nagar, Jalandhar, Punjab have changed my name from Bhopinder Singh to Bhupinder Singh.

## Change of Name

I Harbhajan Singh S/o Tara Singh resident of Vill. Sarai PO. Lakhan Kalan Distt. Gurdaspur have changed my name from Harbhajan Singh to Bhajan Singh concerned note please.

I Baljeet Kaur W/o Satnam Singh resident of Vill. Sarai PO. Lakhan Kalan Distt. Gurdaspur have changed my name from Baljeet Kaur to Baljit Kaur concerned note please.

I, Ramn Preet Kaur W/o Santokh Singh R/o ITI Road, V.P.O. Kalanaur, Tehsil Kalanaur, Distt. Gurdaspur, State Punjab, India, Pincode 143512, I have changed my name from Ramn Preet kaur to Ramanpreet Kaur.

## PUBLIC NOTICE

I, Ajay Kumar S/o Dalbari Ram Resident of Village Sanghe Jagir, Tehsil Phillaur, Distt. Jalandhar, Punjab, India declare that my daughter name is Radika Kumari. She is also known as Radika. Radika Kumari and Radika is one and and the same person. (12278)

I, Tarundeep Kaur Bhatia W/o Gaganpreet Singh Bhatia R/o H. No. 1031, Street No. 5, Bhola Nath Nagar, Shahdara, North East Delhi 110032 declare that I am known by these names i.e. Tarundeep Kaur Bhatia, Tarandeep Kaur and Neha, Tarundeep Kaur Bhatia, Tarandeep Kaur and Neha is one and the same person/Lady. (12281)

I, Triloki Nath S/o Rama Shanker Pandey R/o 16 New Bashirpura, Jalandhar declare that my name wrongly entered in my son's Utkarsh Pandey School Certificate as Trilok Nath Pandey. But my actual & correct name is Triloki Nath. Triloki Nath & Trilok Nath Pandey is one & Same Person. Please note.

I Sukhwinder Singh S/O. Ram Singh R/O. Village Dehriwal (Amritsar) declare that my son Amarbir Singh is out of my control. I disown him from my movable and immovable property. If anyone deal with him at own risk, me and my family not responsible for any act.

## ਆਮ ਸੂਚਨਾ

ਮੈਂ ਮਨਜੀਤ ਕੌਰ (ਆਧਾਰ ਕਾਰਡ 8526 9344 1352) ਪਤਨੀ ਸੰਦੀਪ ਸਿੰਘ ਵਾਸੀ ਪਿੰਡ ਤਾਜਪੁਰ ਡਾਕਖਾਨਾ ਮੁਦੋਵਾਲ ਤਹਿਸੀਲ ਵਾ ਜਿਲਾ ਕਪੂਰਥਲਾ ਇਹ ਬਿਆਨ ਕਰਦੀ ਹਾਂ ਕਿ ਮੇਰੇ ਸਰਕਾਰੀ ਦਸਤਾਵੇਜਾਂ ਵਿੱਚ ਮੇਰਾ ਨਾਮ ਮਨਜੀਤ ਤੇ ਮਨਜੀਤ ਕੋਰ ਹੈ । ਦੋਵੇ ਨਾਮ ਮੇਰੇ ਹੀ ਹਨ, ਇਸ ਲਈ ਮੇਨੂੰ ਦੋਵਾਂ ਨਾਂਵਾ ਨਾਲ ਜਾਣਿਆ ਜਾਵੇ।

ਮੈਂ ਸੰਦੀਪ ਸਿੰਘ ਪੁੱਤਰ ਸਰਵਿੰਦਰ ਸਿੰਘ, ਵਾਸੀ ਚੱਕ ਕਰੇ ਖਾਨ [illegible] ਪਰ ਸਕੂਲ ਸਰਟੀਫਿਕੇਟ ਤੇ ਪਤਨੀ ਦੀ ਨਾਮ ਦਾਨਿਸ਼ ਗਲਤੀ ਨਾਲ ਲਿਖਿਆ ਹੈ । ਸੋ ਸਕੂਲ ਰਿਕਾਰਡ ਵਿੱਚ ਮੇਰੀ ਪਤਨੀ ਦੇ ਨਾਮ ਦੇ ਸਪੈਲਿੰਗ ਦਾਨਿਸ਼ਪ੍ਰੀਤ ਕੌਰ ਦਰੁਸਤ ਕੀਤੇ ਜਾਣ।

ਅਸੀਂ, ਰਵਿੰਦਰ ਸਿੰਘ ਗਿੱਲ ਪੁੱਤਰ ਗੁਰਮੇਜ ਸਿੰਘ ਗਿੱਲ ਅਤੇ ਪਰਮਜੀਤ ਕੌਰ ਪਤਨੀ ਰਵਿੰਦਰ ਸਿੰਘ ਗਿੱਲ ਵਾਸੀਆਨ ਮਕਾਨ ਨੰਬਰ 431 ਗਲੀ ਨੰ: 3, ਨਜ਼ਦੀਕ ਗਰੀਨ ਸਿਟੀ ਨਰਾਇਣਗੜ੍ਹ, ਗੁਰੂ ਅਮਰਦਾਸ ਕਾਲੋਨੀ ਛੇਹਰਟਾ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਲੜਕੇ ਸ਼ਰਨਦੀਪ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਮਿਤੀ 25.10.2024 ਨੂੰ ਅਖਬਾਰ ਨਵਾਂ ਜ਼ਮਾਨਾ ਰਾਹੀਂ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਸਾਡਾ ਲੜਕਾ ਸ਼ਰਨਦੀਪ ਸਿੰਘ ਸਾਡੇ ਕਹਿਣੇ ਵਿਚ ਹੈ ਅਤੇ ਸਾਡੀ ਹਰ ਗੱਲ ਮੰਨਦਾ ਹਾਂ। ਇਸ ਲਈ ਅਸੀਂ ਆਪਣਾ ਬੇਦਖਲੀ ਨੋਟਿਸ ਰੱਦ ਕਰਦੇ ਹਾਂ। ਹੁਣ ਇਹ ਸਾਡੀ ਚੱਲ ਵਾ ਅਚੱਲ ਜਾਇਦਾਦ ਦਾ ਕਾਨੂੰਨੀ ਵਾਰਸ ਹੋਵੇਗਾ। ਸੰਬੰਧਤ ਨੋਟ ਕਰਨ।

ਮੈਂ, ਗੁਰਦੇਵ ਸਿੰਘ ਪੁੱਤਰ ਮੇਜਰ ਸਿੰਘ ਵਾਸੀ ਦੀਦਾਰੇ ਵਾਲਾ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਰਣਜੀਤ ਸਿੰਘ ਅਤੇ ਨੂੰਹ ਬਲਵਿੰਦਰ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰ ਦਿੱਤਾ ਸੀ। ਹੁਣ ਮੇਰਾ ਲੜਕਾ ਰਣਜੀਤ ਸਿੰਘ ਅਤੇ ਨੂੰਹ ਬਲਵਿੰਦਰ ਕੌਰ ਮੇਰੇ ਕਹਿਣੇ ਵਿਚ ਹੈ। ਇਸ ਲਈ ਮੈਂ ਆਪਣਾ ਬੇਦਖਲੀ ਨੋਟਿਸ ਵਾਪਸ ਲੈਂਦਾ ਹਾਂ। ਸੰਬੰਧਤ ਨੋਟ ਕਰਨ।

ਅਸੀਂ, ਜੋਗਿੰਦਰ ਸਿੰਘ ਪੁੱਤਰ ਕਰਮ ਸਿੰਘ ਅਤੇ ਦਵਿੰਦਰ ਕੌਰ ਪਤਨੀ ਜੋਗਿੰਦਰ ਸਿੰਘ ਵਾਸੀ ਗੁਰਦੁਆਰੇ ਵਾਲੀ ਗਲੀ, ਮਾਹਲ, ਰਾਮ ਤੀਰਥ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਅਸੀਂ ਆਪਣੇ ਲੜਕੇ ਸੁਖਪ੍ਰੀਤ ਸਿੰਘ ਨੂੰ 05.10.2017 ਨੂੰ ਅਖਬਾਰ ਸਪੋਕਸਮੈਨ ਰਾਹੀਂ ਕਹਿਣੇ ਤੋਂ ਬਾਹਰ ਹੋਣ ਕਰਕੇ ਬੇਦਖਲ ਕਰ ਦਿੱਤਾ ਸੀ। ਹੁਣ ਸਾਡਾ ਲੜਕਾ ਸਾਡੀ ਦੇਖਭਾਲ ਅਤੇ ਸਾਡੇ ਕਹਿਣੇ ਵਿਚ ਹੈ। ਇਸ ਲਈ ਅਸੀਂ ਹੁਣ ਆਪਣਾ ਬੇਦਖਲੀ ਨੋਟਿਸ ਰੱਦ ਕਰਦੇ ਹਾਂ। ਹੁਣ ਸਾਡਾ ਉਕਤ ਲੜਕਾ ਸਾਡੀ ਚੱਲ ਵਾ ਅਚੱਲ ਜਾਇਦਾਦ ਦਾ ਕਾਨੂੰਨੀ ਵਾਰਸ ਹੋਵੇਗਾ। ਸੰਬੰਧਤ ਨੋਟ ਕਰਨ।

ਅਸੀਂ, ਗੁਰਜੰਟ ਸਿੰਘ ਪੁੱਤਰ ਸ੍ਰੀ ਅਮਰ ਸਿੰਘ ਵਾ ਜਸਵੀਰ ਕੌਰ ਪਤਨੀ ਗੁਰਜੰਟ ਸਿੰਘ ਵਾਸੀਆਨ ਪਿੰਡ ਖੇੜੀ ਜੱਟਾਂ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਲੜਕੇ ਹਰਪ੍ਰੀਤ ਸਿੰਘ ਨੂੰ ਸਾਡੇ ਕਹਿਣੇਕਾਰ ਨਾ ਹੋਣ ਕਰਕੇ 11/12 ਸਾਲ ਪਹਿਲਾਂ ਬੇਦਖਲ ਕੀਤਾ ਸੀ। ਹੁਣ ਉਕਤ ਸਾਡਾ ਲੜਕਾ ਸਾਡੇ ਕਹਿਣੇ ਵਿਚ ਹੈ। ਅਸੀਂ ਉਸ ਨੂੰ ਦਿੱਤੀ ਬੇਦਖਲੀ ਰੱਦ ਕਰਦੇ ਹਾਂ। ਹੁਣ ਸਾਡਾ ਲੜਕਾ ਸਾਡੀ ਚੱਲ-ਅਚੱਲ ਜਾਇਦਾਦ ਦਾ ਹੱਕਦਾਰ ਹੋਵੇਗਾ।

ਕੁਲਵੰਤ ਸਿੰਘ ਪੁੱਤਰ ਦਲੀਪ ਸਿੰਘ ਦੇਹਲਾ ਐਪੀ 09-305 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਗੁਰਮੀਤ ਸਿੰਘ ਪੁੱਤਰ ਰਾਮ ਸਰੂਪ ਦੇਹਲਾ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ 15 ਦਿਨਾ ਵਿੱਚ ਕਰ ਸਕਦਾ ਹੈ। ਵੱਲੋਂ:- ਐਸ.ਡੀ.ਓ ਪੰਜਾਬ ਰਾਜਪਾਵਰ ਕਾਰਪੋਰੇਸ਼ਨ ਲਿਮ: ਬੰਗਾਂ

ਮੋਟਰ ਕੁਨੈਕਸ਼ਨ ਖਾਤਾ ਨੰਬਰ ਜੇ.ਜੀ.ਏ.ਪੀ.72 ਜੋ ਕਿ ਹਰਦੀਪ ਸਿੰਘ ਪੁੱਤਰ ਗੁਰਜੰਟ ਸਿੰਘ ਵਾਸੀ ਜੁਗਲਾਣ ਦੇ ਨਾਮ ਤੇ ਚਲਦਾ ਹੈ। ਇਸ ਕੁਨੈਕਸ਼ਨ ਨੂੰ ਹੁਣ ਰਾਣੀ ਕੌਰ ਪਤਨੀ ਹਰਦੀਪ ਸਿੰਘ ਵਾਸੀ ਜੁਗਲਾਣ ਆਪਣੇ ਨਾਮ ਕਰਵਾਉਣਾ ਚਾਹੁੰਦੀ ਹੈ।ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ.ਐਸ.ਪੀ.ਸੀ.ਐਲ. ਦਫਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਮੈਂ, ਰਾਜਵਿੰਦਰ ਕੌਰ ਪਤਨੀ ਗੁਰਦਿਆਲ ਸਿੰਘ ਵਾਸੀ ਪਿੰਡ ਫੂਲਕੇ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੀ ਹਾਂ ਕਿ ਮੇਰਾ ਇੱਕ ਬੈਂਕ ਖਾਤਾ ਸਟੇਟ ਬੈਂਕ ਆਫ ਇੰਡੀਆ ਵਿੱਚ ਚਲ ਰਿਹਾ ਹੈ ਜਿਸ ਦਾ ਖਾਤਾ ਨੰਬਰ 36730136570 ਹੈ। ਇਸ ਖਾਤੇ ਤੇ ਮੇਰਾ ਨਾਮ ਰਾਜ ਕੋਰ ਲਿਖਿਆ ਹੈ। ਰਾਜਵਿੰਦਰ ਕੋਰ ਅਤੇ ਰਾਜ ਕੋਰ ਦੋਵੇਂ ਨਾਮ ਮੇਰੇ ਹਨ ਤੇ ਇੱਕ ਹੀ ਔਰਤ ਦੇ ਹਨ।

## ਨਾਂਅ ਦੀ ਬਦਲੀ

ਮੈਂ, ਬਲਜੀਤ ਸਿੰਘ ਸੋਹੀ ਪੁੱਤਰ ਬਲਦੇਵ ਸਿੰਘ, ਵਾਸੀ ਪਿੰਡ ਭੋਜੋਵਾਲੀ, ਧੂਰੀ (ਸੰਗਰੂਰ), ਆਪਣੇ ਨਾਬਾਲਿਗ ਪੁੱਤਰ ਬਿਕਰਮਜੀਤ ਸਿੰਘ ਦਾ ਨਾਂ ਬਦਲ ਕੇ ਬਿਕਰਮਜੀਤ ਸਿੰਘ ਸੋਹੀ ਰੱਖ ਦਿੱਤਾ ਹੈ।

ਮੈਂ, ਬਲਜੀਤ ਸਿੰਘ ਪੁੱਤਰ ਬਲਦੇਵ ਸਿੰਘ, ਵਾਸੀ ਪਿੰਡ ਭੋਜੋਵਾਲੀ, ਧੂਰੀ (ਸੰਗਰੂਰ), ਆਪਣਾ ਨਾਂ ਬਦਲ ਕੇ ਬਲਜੀਤ ਸਿੰਘ ਸੋਹੀ ਰੱਖ ਲਿਆ ਹੈ।

ਮੈਂ, ਬਲਰਾਜ ਕੌਰ ਪਤਨੀ ਬਲਜੀਤ ਸਿੰਘ ਸੋਹੀ, ਵਾਸੀ ਪਿੰਡ ਭੋਜੋਵਾਲੀ, ਧੂਰੀ (ਸੰਗਰੂਰ), ਆਪਣਾ ਨਾਂ ਬਦਲ ਕੇ ਬਲਰਾਜ ਕੌਰ ਸੋਹੀ ਰੱਖ ਲਿਆ ਹੈ।

ਮੈਂ, ਸੰਧਿਆ ਪਤਨੀ ਸ੍ਰੀ ਰਪ੍ਰੀਤ ਕੁਮਾਰ ਵਾਸੀ ਪਿੰਡ ਚਿੱਟੀ, ਤਹਿ. ਅਤੇ ਜ਼ਿਲ੍ਹਾ ਜਲੰਧਰ ਨੇ ਆਪਣੀ ਲੜਕੀ ਪਲਵੀ ਦਾ ਨਾਂਅ ਬਦਲ ਕੇ ਪਲਵੀ ਸ਼ਰਮਾ ਰੱਖ ਲਿਆ ਹੈ।

ਮੈਂ, ਪਰਦੀਪ ਕੁਮਾਰ ਅਗਰਵਾਲ, ਪੁੱਤਰ ਰਾਮ ਕੁਮਾਰ, ਨਿਵਾਸੀ 9/321, ਗਲੀ ਨੰ. 5, ਮੋਹਣੀ ਪਾਰਕ, ਅੰਮ੍ਰਿਤਸਰ, ਆਪਣੇ ਪੂਰੇ ਹੋਸ ਹੋਵਾਸ ਵਿੱਚ ਘੋਸ਼ਣਾ ਕਰਦਾ ਹਾਂ ਕਿ ਮੈਂ ਆਪਣਾ ਨਾਂ "ਪਰਦੀਪ ਕੁਮਾਰ ਅਗਰਵਾਲ" ਤੋਂ ਬਦਲ ਕੇ "ਪਰਦੀਪ ਕੁਮਾਰ" ਰੱਖ ਲਿਆ ਹੈ।

## ਨਾਂਅ ਦੀ ਬਦਲੀ

ਮੈਂ, ਸੁਮਨ ਕੌਰ ਪੁੱਤਰੀ ਚਰੰਜੀ ਲਾਲ ਵਾਸੀ ਮੁਹੱਲਾ ਕੋਟ ਰਾਮ ਦਾਸ, ਜਲੰਧਰ ਨੇ ਆਪਣਾ ਨਾਮ ਸੁਮਨ ਤੋਂ ਬਦਲ ਕੇ ਸੁਮਨ ਕੌਰ ਰੱਖ ਲਿਆ ਹੈ। ਸੰਬੰਧਿਤ ਨੋਟ ਕਰਨ।

ਮੈਂ, ਲਾਲ ਬਾਬੂ, ਪੁੱਤਰ ਮੁਹੰਮਦ ਇਬਰਾਹੀਮ, ਨਿਵਾਸੀ ਘਰ ਨੰ. R-120/5, ਉਪਕਾਰ ਨਗਰ, ਜਲੰਧਰ, ਪੰਜਾਬ - 144009, ਨੇ ਆਪਣਾ ਨਾਂ ਮੁਹੰਮਦ ਮੁਸ਼ੱਰਫ਼ ਰੱਖ ਲਿਆ ਹੈ। ਹੁਣ ਤੋਂ ਮੈਂ ਸਾਰੇ ਕੰਮਕਾਜ ਲਈ ਮੁਹੰਮਦ ਮੁਸ਼ੱਰਫ਼ ਦੇ ਨਾਂ ਨਾਲ ਜਾਣਿਆ ਜਾਵਾਂਗਾ।

ਮੈਂ, ਜ਼ੈਨਵ ਖ਼ਤੂਨ, ਪਤਨੀ ਮੁਹੰਮਦ ਇਬਰਾਹੀਮ, ਨਿਵਾਸੀ ਘਰ ਨੰ. R-120/5, ਉਪਕਾਰ ਨਗਰ, ਜਲੰਧਰ, ਪੰਜਾਬ - 144009, ਆਪਣੇ ਪੁੱਤਰ ਫੂਲਬਾਬੂ, ਜਨਮ ਤਾਰੀਖ 15/10/2005, ਦਾ ਨਾਂ ਬਦਲ ਕੇ ਮੁਹੰਮਦ ਜੋਹਰਾਨ ਰੱਖ ਦਿੱਤਾ ਹੈ। ਉਹ ਹੁਣ ਤੋਂ ਮੁਹੰਮਦ ਜੋਹਰਾਨ ਦੇ ਨਾਂ ਨਾਲ ਜਾਣਿਆ ਜਾਵੇਗਾ।

ਮੈਂ, ਸਤੀਸ਼ ਕੁਮਾਰ ਪੁੱਤਰ ਸੋਹਨ ਲਾਲ ਵਾਸੀ ਪਿੰਡ ਦਿਅੰਤਪੁਰ, ਡਾਕਖਾਨਾ ਮਾਣਕੋ, ਜ਼ਿਲ੍ਹਾ ਜਲੰਧਰ ਦਾ ਰਹਿਣ ਵਾਲਾ ਹਾਂ। ਮੈਂ ਆਪਣੀ ਬੇਟੀ ਦਾ ਨਾਂਅ ਚਿਤਰਾਂਸ਼ੂ ਤੋਂ ਬਦਲ ਕੇ ਚਿਤਰਾਂਸ਼ੂ ਸ਼ਰਮਾ ਰੱਖ ਲਿਆ ਹੈ।

ਮੈਂ, ਸਤੀਸ਼ ਕੁਮਾਰ ਪੁੱਤਰ ਸੋਹਨ ਲਾਲ ਵਾਸੀ ਪਿੰਡ ਦਿਅੰਤਪੁਰ, ਡਾਕਖਾਨਾ ਮਾਣਕੋ, ਜ਼ਿਲ੍ਹਾ ਜਲੰਧਰ ਦਾ ਰਹਿਣ ਵਾਲਾ ਹਾਂ। ਮੈਂ ਆਪਣੀ ਬੇਟੀ ਦਾ ਨਾਂਅ ਅਨੁਸ਼ਕਾ ਤੋਂ ਬਦਲ ਕੇ ਅਨੁਸ਼ਕਾ ਸ਼ਰਮਾ ਰੱਖ ਲਿਆ ਹੈ।

## ਬੇਦਖਲੀ ਨੋਟਿਸ

ਮੈਂ, ਗੁਰਨਾਮ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਟਿਵਾਣਾ ਕਲਾਂ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਸੂਚਨਾ ਕਰਦਾ ਹਾਂ ਕਿ ਮੇਰੀ ਪਤਨੀ ਗੁਰਮੀਤ ਕੌਰ ਉਰਫ ਮਾਨੀ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਇਸ ਨਾਲ ਕੋਈ ਰਿਸ਼ਤਾ-ਨਾਤਾ ਨਹੀਂ ਹੈ। ਸੰਬੰਧਤ ਨੋਟ ਕਰਨ।

ਮੈਂ, ਸੁਭਾਸ਼ ਚੰਦ ਪੁੱਤਰ ਆਗਿਆ ਰਾਮ ਪਿੰਡ ਤੇ ਡਾਕਖਾਨਾ ਕੋਈ, ਤਹਿਸੀਲ ਦਸੂਹਾ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਜੇ ਕੁਮਾਰ ਅਤੇ ਉਸ ਦੀ ਪਤਨੀ ਪ੍ਰਿਅੰਕਾ ਸਿੰਘ ਮੇਰੇ ਕੰਟਰੋਲ ਤੋਂ ਬਾਹਰ ਹਨ। ਬੁਢਾਪੇ ਵਿਚ ਮੇਰੀ ਦੇਖਭਾਲ ਨਹੀਂ ਕਰਦੇ। ਮੈਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਤਰ੍ਹਾਂ ਦੇ ਲੈਣ-ਦੇਣ ਦਾ ਜ਼ਿੰਮੇਵਾਰ ਨਹੀਂ ਹਾਂ। ਉਹ ਆਪਣੇ ਕੀਤੇ ਦੇ ਖੁਦ ਜ਼ਿੰਮੇਵਾਰ ਹੋਣਗੇ। ਸੰਬੰਧਤ ਨੋਟ ਕਰਨ।

ਅਸੀਂ, ਸੁਖਲਾਲ ਪੁੱਤਰ ਮੁਨਸ਼ੀ ਲਾਲ ਅਤੇ ਅਨੂੰ ਪਤਨੀ ਸੁਖਲਾਲ ਦੋਨੋਂ ਵਾਸੀ ਮਕਾਨ ਨੰ: 391/6, ਬਾਬੂ ਲਾਭ ਸਿੰਘ ਨਗਰ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਰੋਹਿਤ ਕੁਮਾਰ ਅਤੇ ਉਸ ਦੀ ਪਤਨੀ ਨੇਹਾ ਸ਼ਾਹ ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਡੇ ਨਾਲ ਲੜਾਈ-ਝਗੜਾ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਰਣਜੀਤ ਸਿੰਘ ਪੁੱਤਰ ਸ੍ਰ.ਲਾਲ ਸਿੰਘ ਵਾਸੀ ਏ-292, ਗਲੀ ਨੰ.3, ਨਿਊ ਪ੍ਰਤਾਪ ਨਗਰ,ਅੰਮ੍ਰਿਤਸਰ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਸਿਮਰਨ ਸਿੰਘ ਅਤੇ ਉਸਦੀ ਪਤਨੀ ਰਮਨਦੀਪ ਕੌਰ ਦੋਵੇਂ ਮੇਰੇ ਕਹਿਣੇ ਸੁਨਣੇ ਤੋਂ ਬਾਹਰ ਹਨ, ਆਪਣੀ ਮਨ ਮਰਜੀਆਂ ਕਰਦੇ ਹਨ ਅਤੇ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਅਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਅਸੀਂ, ਜਗਦੇਵ ਸਿੰਘ ਪੁੱਤਰ ਕਰਨੈਲ ਸਿੰਘ, ਸਵਰਨ ਕੌਰ ਪਤਨੀ ਜਗਦੇਵ ਸਿੰਘ, ਪਿੰਡ ਘਨੌਰੀ ਕਲਾਂ (ਸੰਗਰੂਰ) ਆਪਣੇ ਲੜਕੇ ਗੁਰਪ੍ਰੀਤ ਸਿੰਘ, ਨੂੰਹ ਰਸ਼ਨਦੀਪ ਕੌਰ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁਦ ਜਿੰਮੇਵਾਰ ਹੋਣਗੇ।

ਮੈਂ ਹੀਰਾ ਸਿੰਘ ਪੁੱਤਰ ਕਰਮ ਸਿੰਘ ਵਾਸੀ ਨਵਾਂ ਪਿੰਡ (ਬਹਾਦੁਰ) ਜਿਲ੍ਹਾ ਗੁਰਦਾਸਪੁਰ ਆਪਣੇ ਲੜਕੇ ਇੰਦਰਜੀਤ ਸਿੰਘ ਉਰਫ ਅਕਾਸ਼, ਨੂੰਹ ਸ਼ਵਾਨਿਆ ਉਰਫ ਕਾਜਲ ਨੂੰ ਆਪਣੀ ਚੱਲ- ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ ।

ਮੈਂ ਸਰਬਜੀਤ ਕੌਰ ਪਤਨੀ ਅਮਰੀਕ ਸਿੰਘ ਵਾਸੀ ਫਤਿਹਗੜ੍ਹ ਤਹਿਸੀਲ ਲਹਿਰਾ( ਸੰਗਰੂਰ) ਹਲਫ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਸਿੰਘ ਅਤੇ ਨੂੰਹ ਅਰਸ਼ਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਵਾਲਾ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਅੱਜ ਤੋਂ ਬਾਅਦ ਮੇਰਾ ਤੇ ਮੇਰੇ ਪਰਿਵਾਰ ਦਾ ਗੁਰਪ੍ਰੀਤ ਸਿੰਘ ਤੇ ਅਰਸ਼ਪ੍ਰੀਤ ਕੌਰ ਕੋਈ ਤਾਲੁਕ ਸੰਬੰਧ ਨਹੀਂ ਹੈ। ਇਹ ਆਪਣੇ ਨਫੇ ਨੁਕਸਾਨ ਦੇ ਖੁਦ ਜਿੰਮੇਵਾਰ ਹੋਣਗੇ।

ਮੈਂ ਕਮਲਜੀਤ ਪੁੱਤਰ ਸੋਹਣ ਲਾਲ ਪਿੰਡ ਮੌਰੋਂ ਤਹਿਸੀਲ ਫਿਲੌਰ ਜਿਲ੍ਹਾ ਜਲੰਧਰ ਬਿਆਨ ਕਰਦਾਂ ਹਾਂ ਕਿ ਮੇਰੀ ਪਤਨੀ ਮਨਜੀਤ ਕੌਰ ਅਤੇ ਮੇਰੇ ਦੋਵੇਂ ਲੜਕੇ ਡੈਂਪਲ ਕੁਮਾਰ ਤੇ ਪਰਮਿੰਦਰ ਪਾਲ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁੱਦ ਜ਼ਿੰਮੇਵਾਰ ਹੋਵੇਗਾ।

ਮੈਂ ਸੁਖਵਿੰਦਰ ਸਿੰਘ ਪੁੱਤਰ ਨਿਰਮਲ ਸਿੰਘ ਵਾਸੀ ਪਿੰਡ ਤੇ ਡਾਕਖਾਨਾ ਬਹਿਬਲਪੁਰ, ਤਹਿਸੀਲ ਗੜ੍ਹਸ਼ੰਕਰ, ਜਿਲ੍ਹਾ ਹੁਸ਼ਿਆਰਪੁਰ, ਪੰਜਾਬ, ਬਿਆਨ ਕਰਦਾ ਹਾਂ ਕਿ ਮੇਰਾ ਲੜਕਾ 'ਰਣਜੀਤ ਸਿੰਘ' ਜੋ ਮੇਰੇ ਕਹਿਣੇ ਤੋ ਬਾਹਰ ਹੋਣ ਕਰਕੇ ਮੈਂ ਇਸਨੂੰ ਆਪਣੀ ਸਾਰੀ ਚੱਲ- ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ । ਹੁਣ ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਸਬੰਧ ਨਹੀਂ ਰਿਹਾ ਹੈ ਜੇਕਰ ਕੋਈ ਵਿਅਕਤੀ ਇਸ ਨਾਲ ਕਿਸੇ ਕਿਸਮ ਦਾ ਤਾਲੁਕ ਵਾਸਤਾ ਰੱਖਦਾ ਹੈ, ਜਾਂ ਇਸਦੇ ਨਾਲ ਲੈਣ-ਦੇਣ ਕਰੇਗਾ ਤਾਂ ਉਹ ਖੁਦ ਜਿੰਮੇਵਾਰ ਹੋਵੇਗਾ ਸਾਰੇ ਸਬੰਧਤ ਨੋਟ ਕਰਨ ।

ਅਸੀਂ, ਜਗਦੇਵ ਸਿੰਘ ਪੁੱਤਰ ਸ੍ਰੀ ਕਰਨੈਲ ਸਿੰਘ ਵਾ ਸਵਰਨ ਕੌਰ ਪਤਨੀ ਸ੍ਰੀ ਜਗਦੇਵ ਸਿੰਘ ਵਾਸੀਆਨ ਪਿੰਡ ਘਨੌਰੀ ਕਲਾਂ, ਤਹਿਸੀਲ ਧੂਰੀ, ਜ਼ਿਲ੍ਹਾ ਸੰਗਰੂਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਪ੍ਰੀਤ ਸਿੰਘ ਅਤੇ ਨੂੰਹ ਰਸਨਦੀਪ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸੁਰਜੀਤ ਕੌਰ ਪਤਨੀ ਹੀਰਾ ਸਿੰਘ ਵਾਸੀ 489, ਗੌਰਮਿੰਟ ਸੀਨੀਅਰ ਸੈਕੰਡਰੀ ਸਕੂਲ ਘਨੂੰਪੁਰ, ਛੇਹਰਟਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਝੰਡ ਸਿੰਘ ਅਤੇ ਇਸ ਦੀ ਪਤਨੀ ਗਗਨ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਕਮਲਾ ਪਤਨੀ ਸ਼ੰਗਾਰਾ ਵਾਸੀ ਮਕਾਨ ਨੰ: 2795/2, ਗੁਰੂ ਗੋਬਿੰਦ ਸਿੰਘ ਕਾਲੋਨੀ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਤਰਸੇਮ ਪਾਲ, ਉਸ ਦੀ ਪਤਨੀ ਸੁਨੀਤਾ ਰਾਣੀ ਅਤੇ ਉਨ੍ਹਾਂ ਦਾ ਬੱਚਾ ਮੋਹਿਤ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਕੁਲਵੰਤ ਸਿੰਘ ਪੁੱਤਰ ਸੇਵਾ ਸਿੰਘ ਵਾਸੀ ਮਕਾਨ ਨੰਬਰ 253, ਤਰਨ ਤਾਰਨ ਰੋਡ, ਦਵਿੰਦਰ ਨਗਰ, ਅੰਮ੍ਰਿਤਸਰ-1, ਅੰਮ੍ਰਿਤਸਰ ਅਤੇ ਵੀਰੋ ਪਤਨੀ ਕੁਲਵੰਤ ਸਿੰਘ ਵਾਸੀ ਮਕਾਨ ਨੰਬਰ ਜੇ21/253, ਦਵਿੰਦਰ ਨਗਰ, ਕੋਟ ਮਿੱਤ ਸਿੰਘ, ਤਰਨ ਤਾਰਨ ਰੋਡ ਅੰਮ੍ਰਿਤਸਰ-1, ਅੰਮ੍ਰਿਤਸਰ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਮਨਜੀਤ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹਾਂ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਹਰਜਿੰਦਰ ਸਿੰਘ ਪੁੱਤਰ ਮੱਖਣ ਸਿੰਘ ਅਤੇ ਅਨੀਤਾ ਰਾਣੀ ਪਤਨੀ ਹਰਜਿੰਦਰ ਸਿੰਘ ਵਾਸੀਆਨ ਮਕਾਨ ਨੰ. 515/12, ਗਲੀ ਨਾਈਆਂ, ਕਟੜਾ ਪਰਜਾ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸ਼ਿਵਮ ਪ੍ਰਜਾਪਤ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹਾਂ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਅਸੀਂ ਅਤੇ ਸਾਡਾ ਬਾਕੀ ਪਰਵਾਰ ਇਸ ਦੇ ਕਿਸੇ ਵੀ ਕੰਮ ਦੇ ਜ਼ਿੰਮੇਵਾਰ ਨਹੀਂ ਹੋਵਾਂਗੇ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਐੱਸ ਸੀ ਕਮਿਸ਼ਨ ਮੈਂਬਰ ਗੁਲਜ਼ਾਰ ਸਿੰਘ ਨੇ ਕਾਲਾਬੂਲਾ 'ਚ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



ਧੂਰੀ, (ਮੋਹਿਤ ਗਰਗ, ਬਿੰਨੀ ਗਰਗ)-ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਸ੍ਰੀ ਗੁਲਜ਼ਾਰ ਸਿੰਘ ਬੌਬੀ ਨੇ ਪਿੰਡ ਕਾਲਾਬੂਲਾ ਵਿਖੇ ਅਨੁਸੂਚਿਤ ਜਾਤੀਆਂ ਭਾਈਚਾਰੇ ਦੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਹੱਲ ਦਾ ਭਰੋਸਾ ਦਿੱਤਾ, ਜਿਨ੍ਹਾਂ ਵਿੱਚ ਜ਼ਿਆਦਾਤਰ ਲਾਲ ਕਾਪੀਆਂ ਬੰਦ ਹੋਣ ਦਾ ਮੁੱਦਾ ਉਠਾਇਆ ਗਿਆ।ਇਸ ਮੌਕੇ ਸ੍ਰੀ ਬੌਬੀ ਨੇ ਕਿਹਾ ਕਿ ਅਨੁਸੂਚਿਤ ਜਾਤੀਆਂ ਕਮਿਸ਼ਨ ਇਸੇ ਗੱਲ ਨੂੰ ਲੈ ਕੇ ਕਾਰਜਸ਼ੀਲ ਹੈ ਕਿ ਅਨੁਸੂਚਿਤ ਜਾਤੀਆਂ ਭਾਈਚਾਰੇ ਦੇ ਲੋਕਾਂ ਦੀਆਂ ਸਮੱਸਿਆਵਾਂ ਦਾ ਢੁੱਕਵਾਂ ਹੱਲ ਹੋਵੇ ਤੇ ਭਾਈਚਾਰੇ ਦੇ ਲੋਕਾਂ ਨਾਲ ਕਿਸੇ ਕਿਸਮ ਦਾ ਧੱਕਾ ਨਾ ਹੋਵੇ।ਉਨ੍ਹਾਂ ਦੀ ਆਪਣੀ ਇਹ ਕੋਸ਼ਿਸ਼ ਹੁੰਦੀ ਹੈ ਕਿ ਲੋਕਾਂ ਵਿੱਚ ਜ਼ਮੀਨੀ ਪੱਧਰ 'ਤੇ ਵੱਧ ਤੋਂ ਵੱਧ ਵਿਚਰਿਆ ਜਾਵੇ ਤਾਂ ਜੋ ਜ਼ਮੀਨੀ ਹਕੀਕਤਾਂ ਦਾ ਪਤਾ ਲਗਦਾ ਰਹੇ ਤੇ ਮੁਸ਼ਕਲਾਂ ਦਾ ਠੋਸ ਹੱਲ ਕੀਤਾ ਜਾ ਸਕੇ।ਸ੍ਰੀ ਬੌਬੀ ਨੇ ਕਿਹਾ ਕਿ ਅਨੁਸੂਚਿਤ ਜਾਤੀਆਂ ਨਾਲ ਭੇਦਭਾਵ ਕਿਸੇ ਵੀ ਹਾਲਤ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਗਰੀਬ ਵਰਗ ਨੂੰ ਇਨਸਾਫ਼ ਦਿਵਾਉਣ ਲਈ ਕਮਿਸ਼ਨ ਕੋਲ ਸੰਵਿਧਾਨਕ ਸ਼ਕਤੀਆਂ ਹਨ ਤੇ ਕਿਸੇ ਵੀ ਖੇਤਰ ਵਿੱਚ ਜਾਤੀ ਵਿਤਕਰੇਬਾਜ਼ੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਨੇ ਕਿਹਾ ਕਿ ਕਈ ਵਾਰੀ ਲੋਕ ਵੱਖੋ ਵੱਖ ਕਾਰਨਾਂ ਕਰ ਕੇ ਆਪਣੇ ਨਾਲ ਹੋਈਆਂ ਵਧੀਕੀਆਂ ਬਾਰੇ ਸ਼ਿਕਾਇਤ ਕਰਨ ਤੋਂ ਝਿਜਕ ਜਾਂਦੇ ਹਨ, ਜਿਸ ਕਰਕੇ ਵਾਰ ਵਾਰ ਵਧੀਕੀਆਂ ਦਾ ਸ਼ਿਕਾਰ ਹੁੰਦੇ ਹਨ। ਉਨ੍ਹਾਂ ਕਿਹਾ ਕਿ ਜਦੋਂ ਵੀ ਕਦੇ ਕਿਤੇ ਵੀ ਕੋਈ ਵਧੀਕੀ ਹੁੰਦੀ ਹੈ, ਉਸ ਦੀ ਸ਼ਿਕਾਇਤ ਜ਼ਰੂਰ ਕੀਤੀ ਜਾਵੇ।ਸ੍ਰੀ ਬੌਬੀ ਨੇ ਕਿਹਾ ਕਿ ਐੱਸ. ਸੀ. ਭਾਈਚਾਰੇ ਦੇ ਲੋਕ ਬੇਝਿਜਕ ਹੋ ਕੇ ਆਪਣੀਆਂ ਸ਼ਿਕਾਇਤਾਂ ਦਰਜ ਕਰਵਾਉਣ।ਉਨ੍ਹਾਂ ਕਿਹਾ ਕਿ ਸ਼ਿਕਾਇਤ ਦਰਜ ਕਰਵਾਉਣ ਨਾਲ ਉਨ੍ਹਾਂ ਨੂੰ ਜਲਦ ਇਨਸਾਫ ਮਿਲੇਗਾ।ਇਸ ਮੌਕੇ ਸਰਪੰਚ ਵੱਲੋਂ ਸ੍ਰੀ ਬੌਬੀ ਦਾ ਸਨਮਾਨ ਵੀ ਕੀਤਾ ਗਿਆ।ਇਸ ਦੌਰਾਨ ਬਲਵਿੰਦਰ ਸਿੰਘ ਬਾਵਲਾ, ਅਨਿਲ ਕੁਮਾਰ ਰੌਕੀ, ਰਾਜ ਸਿੰਘ, ਸੋਨੂ ਸਿੰਘ, ਸਰਪੰਚ ਰਣਜੀਤ ਸਿੰਘ ਕਾਲਾਬੂਲਾ, ਸਰਪੰਚ ਦਵਿੰਦਰ ਬਧੇਸ਼ਾ ਹਲਕਾ ਪ੍ਰਧਾਨ ਮਹਿਲ ਕਲਾਂ ਐੱਸ.ਸੀ. ਵਿੰਗ, ਹਰਬੰਸ ਸਿੰਘ ਹੰਸਾ ਗੰਡੇਵਾਲ ਬਲਾਕ ਪ੍ਰਧਾਨ ਸ਼ੇਰਪੁਰ, ਕਾਕਾ ਸਲੇਮਪੁਰ ਆਪ ਆਗੂ ਤੇ ਸੁੱਖਾ ਦੀਦਾਰਗੜ੍ਹ ਆਪ ਆਗੂ ਸਮੇਤ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।

# ਡੇਅਰੀ ਵਿਕਾਸ ਵਿਭਾਗ ਨੇ ਫ੍ਰੀ ਦੁੱਧ ਸੈਂਪਲਿੰਗ ਕੈਂਪ ਲਗਾਇਆ

## 13 ਦੁੱਧ ਦੇ ਸੈਂਪਲਾਂ 'ਚ ਪਾਣੀ ਦੀ ਮਾਤਰਾ ਵੱਧ ਪਾਈ ਗਈ



ਧੂਰੀ, (ਮੋਹਿਤ ਗਰਗ, ਬਿੰਨੀ ਗਰਗ)-ਡੇਅਰੀ ਵਿਕਾਸ ਵਿਭਾਗ ਵੱਲੋਂ ਪ੍ਰੀਤ ਵਿਹਾਰ ਨਗਰ ਨੇੜੇ ਨੀਲ ਕੰਠ ਮੰਦਰ ਵਿਖੇ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਉਕਾਬ ਫੈਡਰੇਸ਼ਨ ਦੇ ਸਹਿਯੋਗ ਨਾਲ ਲਗਾਇਆ ਗਿਆ, ਜਿਸ ਵਿੱਚ 19 ਦੁੱਧ ਦੇ ਸੈਂਪਲ ਚੈੱਕ ਕੀਤੇ ਗਏ, ਜਿਨ੍ਹਾਂ 'ਚੋਂ 13 ਦੁੱਧ ਦੇ ਸੈਂਪਲਾਂ ਵਿੱਚ ਪਾਣੀ ਦੀ ਮਾਤਰਾ ਵੱਧ ਪਾਈ ਗਈ।ਕਿਸੇ ਵੀ ਸੈਂਪਲ ਵਿੱਚ ਕੋਈ ਹਾਨੀਕਾਰਕ ਰਸਾਇਣ ਨਹੀਂ ਪਾਇਆ ਗਿਆ।ਕੈਂਪ ਦੌਰਾਨ ਦਵਿੰਦਰ ਸਿੰਘ ਡੇਅਰੀ ਵਿਕਾਸ ਇੰਸਪੈਕਟਰ, ਗੁਰਵਿੰਦਰ ਸਿੰਘ ਡਰਾਈਵਰ, ਉਕਾਬ ਫੈਡਰੇਸ਼ਨ ਧੂਰੀ ਦੇ ਪ੍ਰਧਾਨ ਵਿਕਾਸ ਵਰਮਾ, ਸੋਹਨ ਲਾਲ, ਨਰੇਸ਼ ਅੱਤਰੀ ਹਾਜ਼ਰ ਰਹੇ। ਇਸ ਮੌਕੇ ਦੁੱਧ ਦੇ ਖਪਤਕਾਰਾਂ ਨੇ ਇਸ ਕੈਂਪ ਦੀ ਪ੍ਰਸ਼ੰਸਾ ਕੀਤੀ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ ਕਿ ਇਹੋ ਜਿਹੇ ਦੁੱਧ ਸੈਂਪਲਿੰਗ ਕੈਂਪ ਲਗਾਉਣੇ ਚਾਹੀਦੇ ਹਨ।

## ਬੇਦਖਲੀ ਨੋਟਿਸ

ਮੈਂ, ਮੁਖਤਾਰ ਸਿੰਘ ਪੁੱਤਰ ਬਗੇਲ ਸਿੰਘ ਵਾਸੀ 1102 ਬਾਬਾ ਫਰੀਦ ਨਗਰ, ਛੇਹਰਟਾ ਕਾਲੇ ਘਣੂੰਪੁਰ, ਛੇਹਰਟਾ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਮਲਕੀਤ ਸਿੰਘ ਅਤੇ ਉਸ ਦੀ ਪਤਨੀ ਜਰਮਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਹਰਦੇਵ ਸਿੰਘ ਪੁੱਤਰ ਕਰਤਾਰ ਸਿੰਘ ਵਾਸੀ ਪਿੰਡ ਚੂੰਘ, ਤਹਿਸੀਲ ਭਿੱਖੀਵਿੰਡ, ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਭੁਪਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ ਕਾਂਤਾ ਪਤਨੀ ਲੇਟ ਰਾਮ ਚੰਦ ਵਾਸੀ ਮਕਾਨ ਨੰਬਰ 1214 , ਗਲੀ ਨੰਬਰ 5 , ਕਬੀਰ ਨਗਰ, ਨੇੜੇ ਡੀ.ਏ.ਵੀ. ਕਾਲਜ, ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਜਿੰਦਰ ਅਤੇ ਉਸ ਦੀ ਪਤਨੀ ਨੇਹਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹਨ । ਜਿਸ ਕਾਰਨ ਮੈਂ ਇਨ੍ਹਾਂ ਦੋਵਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ । ਜੋ ਕੋਈ ਵੀ ਇਨ੍ਹਾਂ ਦੇ ਨਾਲ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ , ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ ।

ਅਸੀਂ, ਸੱਤਪਾਲ ਸਿੰਘ ਪੁੱਤਰ ਪਿਆਰਾ ਸਿੰਘ ਅਤੇ ਰਣਜੀਤ ਕੌਰ ਪਤਨੀ ਸੱਤਪਾਲ ਸਿੰਘ ਵਾਸੀਆਨ ਫਤਿਹਗੜ੍ਹ ਚੂੜੀਆਂ ਰੋਡ, ਬਲਾਕ ਵੇਰਕਾ, ਮੁਰਾਦਪੁਰਾ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡੇ ਲੜਕੇ ਮਨਜੀਤ ਸਿੰਘ ਅਤੇ ਉਸ ਦੀ ਪਤਨੀ ਜੋਤੀ ਅਤੇ ਕੁਲਦੀਪ ਸਿੰਘ ਅਤੇ ਉਸ ਦੀ ਪਤਨੀ ਸੋਨੀਆ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਉਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸਵਿੰਦਰ ਸਿੰਘ ਪੁੱਤਰ ਗੁਰਮੁੱਖ ਸਿੰਘ ਵਾਸੀ ਪਿੰਡ ਸੇਖਵਾਂ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਵਿੱਤਰ ਸਿੰਘ ਵਾ ਮੇਰੀ ਨੂੰਹ ਸ਼ਰਨਜੀਤ ਕੌਰ ਪਤਨੀ ਪਵਿੱਤਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਵਾ ਮੇਰੇ ਪਰਿਵਾਰ ਦਾ ਇਨ੍ਹਾਂ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਤ ਨੋਟ ਕਰਨ।

ਅਸੀਂ ਸਤਨਾਮ ਸਿੰਘ ਪੁੱਤਰ ਮੁਖਤਾਰ ਸਿੰਘ ਵਾ ਹਰਜਿੰਦਰ ਕੌਰ ਪਤਨੀ ਸਤਨਾਮ ਸਿੰਘ ਵਾਸੀਆਨ ਪਿੰਡ ਤੇ ਡਾਕਖਾਨਾ ਨੌਸ਼ਹਿਰਾ ਮੱਝਾ ਸਿੰਘ, ਤਹਿਸੀਲ ਵਾ ਜ਼ਿਲ੍ਹਾ ਗੁਰਦਾਸਪੁਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਲਵਪ੍ਰੀਤ ਸਿੰਘ (ਸ਼ਾਦੀਸ਼ੁਦਾ) ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਜੋ ਕੋਈ ਵੀ ਇਸ ਨਾਲ ਕਿਸੇ ਨਾਲ ਕਿਸੇ ਵੀ ਤਰ੍ਹਾਂ ਦਾ ਲੈਣ ਦੇਣ ਕਰੇਗਾ ਉਹ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰਕ ਕਿਸੇ ਵੀ ਮੈਂਬਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਰਾਮ ਸਮੁਝ ਯਾਦਵ ਪੁੱਤਰ ਸ੍ਰੀ ਰਾਮ ਯਾਦਵ ਵਾਸੀ ਮਕਾਨ ਨੰ: 38/ਏ, ਏਕਤਾ ਵਿਹਾਰ ਫੇਜ਼-2, ਮਿੱਠਾਪੁਰ, ਜਲੰਧਰ ਹਾਲ ਵਾਸੀ ਮਕਾਨ ਨੰ: 61, ਸੈਂਟਰਲ ਟਾਊਨ, ਜਲੰਧਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਨੀਰਜ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਮੈਂ, ਪੂਨਮ ਪਤਨੀ ਗੁਰਸੇਵਕ ਸਿੰਘ ਵਾਸੀ ਮਕਾਨ ਨੰ: 336/2, ਅਵਤਾਰ ਨਗਰ, ਚੁਗਿੱਟੀ, ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਵਰਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਅਪਾਰ ਸਿੰਘ ਪੁੱਤਰ ਜਸਪਾਲ ਸਿੰਘ ਵਾ ਹਰਜੀਤ ਕੌਰ ਪਤਨੀ ਅਪਾਰ ਸਿੰਘ ਵਾਸੀਆਨ ਮਕਾਨ ਨੰ: 2011, ਵਾਰਡ ਨੰ: 10, ਚੰਡੀਗੜ੍ਹ ਰੋਡ, ਸੈਕਟਰ 32-ਏ, ਲੁਧਿਆਣਾ, ਪੰਜਾਬ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਹਰਲੀਨ ਕੌਰ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਦੇ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸੁਖਵੰਤ ਕੌਰ ਪਤਨੀ ਜਗਤਾਰ ਸਿੰਘ ਵਾਸੀ ਪਿੰਡ ਮੱਟਮ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਮਨਪ੍ਰੀਤ ਸਿੰਘ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

# ਗਰੀਨ ਮਿਸ਼ਨ ਪਹਿਲ ਤਹਿਤ ਲਗਾਏ ਪੌਦੇ



ਕਾਦੀਆਂ( ਯਾਦਵਿੰਦਰ ਸਿੰਘ ਮਲਹੋਤਰਾ )-ਵਧੀਕ ਡਿਪਟੀ ਕਮਿਸ਼ਨਰ ਹਰਜਿੰਦਰ ਸਿੰਘ ਬੇਦੀ ਗੁਰਦਾਸਪੁਰ ਦੇ ਹੁਕਮਾਂ ਅਨੁਸਾਰ ਗਰੀਨ ਮਿਸ਼ਨ ਪਹਿਲ ਤਹਿਤ ਚੇਅਰਮੈਨ ਰਮਨੀ ਸੁਜਾਨਪੁਰੀ, ਰੇਖਾ ਦੇਵੀ ਅਤੇ ਮਾਸਟਰ ਕੁਲਬੀਰ ਸਿੰਘ, ਸਰਪੰਚ ਹਰਭੇਜ ਸਿੰਘ, ਸਮੂਹ ਸਟਾਫ, ਵਿਦਿਆਰਥੀ, ਪਿੰਡ ਵਾਸੀਆਂ ਦੇ ਸਹਿਯੋਗ ਨਾਲ ਪਿੰਡ ਦੇ ਵਾਤਾਵਰਣ ਨੂੰ ਹਰਿਆ ਭਰਿਆ ਤੇ ਸਾਫ ਸੁਥਰਾ ਬਣਾਉਣ ਲਈ ਗੁਰਦੁਆਰਾ ਸਾਹਿਬ ਵਿਖੇ ਪੌਦੇ ਲਗਾਏ ਗਏ। ਚੇਅਰਮੈਨ ਸਾਹਿਬ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਾਤਾਵਰਣ ਨੂੰ ਸ਼ਾਨਦਾਰ ਹਰਿਆ ਭਰਿਆ ਤੇ ਖੂਬਸੂਰਤ ਬਣਾਉਣ ਲਈ ਨਗਰ ਭਾਮ ਅਤੇ ਹੋਰ ਲਾਗੇ ਦੇ ਪਿੰਡਾਂ ਵਿੱਚ ਸਕੂਲਾਂ ਵਿੱਚ ਜਾ ਕੇ ਬੂਟੇ ਲਗਾਏ ਜਾਣਗੇ।

# ਸ੍ਰੀ ਰਾਮ ਇੰਟਰਨੈਸ਼ਨਲ ਸਕੂਲ 'ਚ ਪੌਦੇ ਲਗਾਏ



ਧੂਰੀ, (ਮੋਹਿਤ ਗਰਗ, ਬਿੰਨੀ ਗਰਗ)-ਸਥਾਨਕ ਸ੍ਰੀ ਰਾਮ ਇੰਟਰਨੈਸ਼ਨਲ ਸਕੂਲ ਨੇ ਸਕੂਲ ਕੈਂਪਸ ਵਿੱਚ 'ਇਕ ਪੇਡ ਮਾਂ ਕੇ ਨਾਮ' ਮੁਹਿੰਮ ਤਹਿਤ ਪੌਦੇ ਲਗਾਏ ਗਏ।ਇਸ ਮੌਕੇ ਥਾਣਾ ਸਦਰ ਧੂਰੀ ਦੇ ਮੁਖੀ ਇੰਸਪੈਕਟਰ ਕਰਨਵੀਰ ਸਿੰਘ ਸੰਧੂ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ।ਇਸ ਮੌਕੇ ਤੇਜਿੰਦਰ ਕੌਰ ਸੇਖੋਂ ਸਕੂਲ ਪ੍ਰਿੰਸੀਪਲ, ਗੁਰਜੀਤ ਕੌਰ, ਮੈਨੇਜਿੰਗ ਡਾਇਰੈਕਟਰ ਅਭਿਨਵ ਗੋਇਲ ਨਵੀ ਤੇ ਮਨੋਜ ਗਰਗ ਦੇ ਨਾਲ 100 ਪੌਦੇ ਲਗਾਏ ਗਏ।ਈਕੋ ਕਲੱਬ ਫਾਰ ਮਿਸ਼ਨ ਲਾਈਫ ਦੀ ਅਗਵਾਈ ਹੇਠ ਏਕ ਪੇਡ ਮਾਂ ਕੇ ਨਾਮ 2.0 ਪਹਿਲਕਦਮੀ ਵਿਦਿਆਰਥੀਆਂ ਨੂੰ ਆਪਣੀ ਮਾਂ ਤੇ ਧਰਤੀ ਮਾਤਾ ਦੇ ਸਨਮਾਨ ਵਿੱਚ ਲਗਾਏ ਗਏ ਪੌਦੇ ਦੀ ਪੌਦੇ ਲਗਾਉਣ ਤੋਂ ਬਾਅਦ ਦੇਖਭਾਲ ਲਈ ਸਰਗਰਮ ਜ਼ਿੰਮੇਵਾਰੀ ਲੈਣ ਲਈ ਉਤਸ਼ਾਹਤ ਕਰਦੀ ਹੈ।ਨਿਰੰਤਰ ਪਾਲਣ-ਪੋਸ਼ਣ, ਜਿਵੇਂ ਕਿ ਬਹੁਤ ਜ਼ਿਆਦਾ ਗਰਮੀ ਦੌਰਾਨ ਛਾਂ ਪ੍ਰਦਾਨ ਕਰਨਾ, ਪੌਦੇ ਦੇ ਲੰਬੇ ਸਮੇਂ ਦੇ ਬਚਾਅ ਤੇ ਵਿਕਾਸ ਨੂੰ ਯਕੀਨੀ ਬਣਾਉਂਦਾ ਹੈ।

## ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ ਧੀਰਜ ਵਸ਼ਿਸ਼ਟ ਦਾ ਸਨਮਾਨ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਸਰਕਾਰੀ ਐਲੀਮੈਂਟਰੀ ਸਕੂਲ ਜਲਾਲਪੁਰ ਵਿੱਚ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ, ਜਿਸ ਵਿੱਚ ਸਕੂਲ ਮੈਨੇਜਮੈਂਟ ਕਮੇਟੀ ਵੱਲੋਂ ਉਪ ਜ਼ਿਲ੍ਹਾ ਸਿੱਖਿਆ ਅਧਿਕਾਰੀ (ਸੈਕੰਡਰੀ ਸਿੱਖਿਆ) ਧੀਰਜ ਵਿਸ਼ਿਸ਼ਟ ਨੂੰ ਸਿੱਖਿਆ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਸਿੱਖਿਆ ਖੇਤਰ ਦੇ ਕਈ ਮਾਣਯੋਗ ਵਿਅਕਤੀਆਂ ਨੇ ਹਿੱਸਾ ਲੈ ਕੇ ਕਾਰਜਕ੍ਰਮ ਦੀ ਸ਼ਾਨ ਵਧਾਈ। ਸਮਾਰੋਹ ਵਿੱਚ ਸਹਾਇਕ ਜ਼ਿਲ੍ਹਾ ਸਮਾਰਟ ਸਕੂਲ ਕੋਆਰਡੀਨੇਟਰ ਸਤੀਸ਼ ਕੁਮਾਰ, ਰਜਨੀਸ਼ ਗੁਲਿਆਨੀ, ਕੁਲਜੀਤ ਸਿੰਘ, ਜਸਵੰਤ ਸਿੰਘ ਭੋਗਲ, ਜਗਮੀਤ ਸਿੰਘ ਸੇਠੀ, ਸੰਦੀਪ ਸ਼ਰਮਾ ਅਤੇ ਪਰਵੀਨ ਗੁਲਿਆਨੀ ਖ਼ਾਸ ਤੌਰ 'ਤੇ ਮੌਜੂਦ ਰਹੇ। ਸਭ ਨੇ ਸਿੱਖਿਆ ਖੇਤਰ ਵਿੱਚ ਆ ਰਹੇ ਸਕਾਰਾਤਮਕ ਬਦਲਾਵਾਂ ਦੀ ਸਰਾਹਨਾ ਕਰਦਿਆਂ ਇਸ ਤਰ੍ਹਾਂ ਦੇ ਸਮਾਰੋਹਾਂ ਨੂੰ ਪ੍ਰੇਰਣਾਦਾਇਕ ਦੱਸਿਆ।ਇਸ ਮੌਕੇ 'ਤੇ ਸੈਂਟਰ ਹੈਡ ਟੀਚਰ ਜਸਵਿੰਦਰ ਕੌਰ ਅਤੇ ਹੈਡ ਟੀਚਰ ਰਜਵਿੰਦਰ ਕੌਰ ਵੀ ਮੌਜੂਦ ਸਨ। ਸਕੂਲ ਸਟਾਫ ਵਿਚੋਂ ਮਧੂ ਬਾਲਾ, ਸ਼ਵੇਤਾ, ਜਸਵਿੰਦਰ ਸਿੰਘ, ਬਲਬੀਰ ਕੌਰ ਅਤੇ ਮਨਪ੍ਰੀਤ ਕੌਰ ਨੇ ਵੀ ਸਮਾਰੋਹ ਨੂੰ ਕਾਮਯਾਬ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਸਕੂਲ ਮੈਨੇਜਮੈਂਟ ਕਮੇਟੀ ਦੇ ਸਰਗਰਮ ਮੈਂਬਰ ਸੁਖਵਿੰਦਰ ਸਿੰਘ, ਮੰਗਤ ਰਾਮ, ਅਸ਼ਵਨੀ ਕੁਮਾਰ, ਮੀਨਾ ਕੁਮਾਰੀ, ਮਮਤਾ ਅਤੇ ਸਾਈਂ ਦਿਨ ਦੀ ਹਾਜ਼ਰੀ ਨੇ ਸਮਾਰੋਹ ਨੂੰ ਹੋਰ ਵੀ ਵਿਲੱਖਣ ਬਣਾ ਦਿੱਤਾ। ਕਾਰਜਕ੍ਰਮ ਦਾ ਮਕਸਦ ਸਿੱਖਿਆ ਖੇਤਰ ਵਿੱਚ ਸ਼੍ਰੇਸ਼ਠ ਕੰਮ ਕਰ ਰਹੇ ਵਿਅਕਤੀਆਂ ਨੂੰ ਉਤਸ਼ਾਹਿਤ ਕਰਨਾ ਅਤੇ ਸਕੂਲ ਦੇ ਵਿਕਾਸ ਵਿੱਚ ਸਮੁਦਾਇਕ ਸਹਿਯੋਗ ਨੂੰ ਉਤਸ਼ਾਹਿਤ ਕਰਨਾ ਸੀ। ਸਮਾਰੋਹ ਦੇ ਅੰਤ ਵਿੱਚ ਸਾਰੇ ਹਾਜ਼ਰੀਨਾਂ ਨੇ ਮਿਲ ਕੇ ਸਿੱਖਿਆ ਦੇ ਉਤਥਾਨ ਅਤੇ ਡਿਜੀਟਲ ਲਰਨਿੰਗ ਦੇ ਵਿਸਥਾਰ ਲਈ ਇਕੱਠੇ ਕੰਮ ਕਰਨ ਦਾ ਸੰਕਲਪ ਲਿਆ।

## ਪੰਜਾਬ ਭਰ ਦੀਆਂ ਮੰਡੀਆਂ 'ਚ 50,000 ਤੋਂ ਵੱਧ ਪੌਦੇ ਲਗਾਏ ਜਾਣਗੇ : ਬਰਸਟ

**ਮੋਹਾਲੀ (ਗੁਰਜੀਤ ਬਿੱਲਾ)**- ਨਵੀਕਰਨਯੋਗ ਊਰਜਾ ਨੂੰ ਵਧਾਵਾ ਦੇਣ ਵੱਲ ਇੱਕ ਵੱਡਾ ਕਦਮ ਚੁੱਕਦਿਆਂ, ਪੰਜਾਬ ਮੰਡੀ ਬੋਰਡ ਨੇ ਜਲੰਧਰ, ਪਟਿਆਲਾ, ਫਿਰੋਜ਼ਪੁਰ ਅਤੇ ਲੁਧਿਆਣਾ ਦੀਆਂ ਵੱਖ-ਵੱਖ ਮੰਡੀਆਂ ਵਿੱਚ 24.5 ਕਰੋੜ ਰੁਪਏ ਦੀ ਲਾਗਤ ਨਾਲ ਸੋਲਰ ਪਾਵਰ ਪਲਾਂਟ ਲਗਾਉਣ ਦੀ ਯੋਜਨਾ ਬਣਾਈ ਹੈ। ਇਹ ਵਾਤਾਵਰਣ - ਅਨੁਕੂਲ ਪਹਿਲਕਦਮੀ ਨਾਲ ਬਿਜਲੀ ਖਰਚਿਆਂ ਵਿੱਚ ਸਾਲਾਨਾ ਲਗਭਗ 3.5 ਕਰੋੜ ਰੁਪਏ ਦੀ ਬਚਤ ਹੋਣ ਦੀ ਉਮੀਦ ਹੈ। ਇਹ ਜਾਣਕਾਰੀ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ ਵੱਲੋਂ ਦਿੱਤੀ ਗਈ।ਬਰਸਟ ਨੇ ਪੰਜਾਬ ਮੰਡੀ ਬੋਰਡ ਦੇ ਉੱਚ ਅਧਿਕਾਰੀਆਂ ਦੇ ਨਾਲ ਅਨਾਜ ਮੰਡੀਆਂ, ਫਲ ਅਤੇ ਸਬਜ਼ੀ ਮੰਡੀਆਂ, ਮਾਰਕੀਟ ਕਮੇਟੀਆਂ ਅਤੇ ਈ-ਨੈਮ ਸਬੰਧੀ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ। ਚੇਅਰਮੈਨ ਨੇ ਅੱਗੇ ਦੱਸਿਆ ਕਿ ਪੰਜਾਬ ਮੰਡੀ ਬੋਰਡ ਸੂਬੇ ਦੀਆਂ ਮੰਡੀਆਂ ਵਿੱਚ 50,000 ਤੋਂ ਵੱਧ ਬੂਟੇ ਲਗਾਏਗਾ। ਇਹ ਉਪਰਾਲਾ ਪੰਜਾਬ ਭਰ ਦੀਆਂ ਮੰਡੀਆਂ ਅਤੇ ਉਸ ਦੇ ਆਲੇ-ਦੁਆਲੇ ਹਰਿਆਲੀ ਵਧਾਉਣ ਅਤੇ ਵਾਤਾਵਰਣ ਸਥਿਰਤਾ ਨੂੰ ਉਤਸ਼ਾਹਿਤ ਕਰਨ ਲਈ ਬੋਰਡ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਬਰਸਟ ਨੇ ਅਧਿਕਾਰੀਆਂ ਨੂੰ ਤਲਵੰਡੀ ਸਾਬੋ ਸਥਿਤ ਗੈਸਟ ਹਾਊਸ ਦੇ ਨਵੀਨੀਕਰਨ ਦੇ ਕਾਰਜਾਂ ਨੂੰ ਜਲਦ ਤੋਂ ਜਲਦ ਪੂਰਾ



ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਇਸ ਨੂੰ ਕਿਸਾਨ ਭਵਨ, ਚੰਡੀਗੜ੍ਹ ਦੀ ਤਰਜ਼ ਤੇ ਚਲਾਇਆ ਜਾ ਸਕੇ। ਇਸ ਤੋਂ ਇਲਾਵਾ ਅਧਿਕਾਰੀਆਂ ਨੂੰ ਬੋਰਡ ਦੀਆਂ ਰਿਹਾਇਸ਼ੀ ਕਲੋਨੀਆਂ ਵਿੱਚ ਖਾਲੀ ਪਏ ਮਕਾਨਾਂ ਨੂੰ ਅਲਾਟ ਕਰਨ ਲਈ ਤੁਰੰਤ ਕਾਰਵਾਈ ਕਰਨ ਦੇ ਵੀ ਨਿਰਦੇਸ਼ ਦਿੱਤੇ ਗਏ। ਉਨ੍ਹਾਂ ਦੱਸਿਆ ਕਿ ਸਬਜ਼ੀ ਮੰਡੀਆਂ ਦੇ ਆਧੁਨਿਕੀਕਰਨ ਦੇ ਤਹਿਤ ਸਬਜ਼ੀ ਮੰਡੀ, ਸਨੌਰ (ਪਟਿਆਲਾ) ਵਿੱਚ ਬੂਮ ਬੈਰੀਅਰ ਲਗਾਏ ਗਏ ਸਨ, ਜਿਸ ਨਾਲ ਮਾਰਕੀਟ ਫੀਸ ਵਿੱਚ ਵਾਧਾ ਹੋਇਆ। ਇਸ ਪ੍ਰੋਜੈਕਟ ਦੀ ਸਫਲਤਾ ਨੂੰ ਦੇਖਦੇ ਹੋਏ, ਇਸ ਨੂੰ ਰਾਜ ਭਰ ਦੀਆਂ ਹੋਰ ਮੰਡੀਆਂ ਵਿੱਚ ਲਾਗੂ ਕਰਨ ਦਾ ਫੈਸਲਾ ਲਿਆ ਗਿਆ।ਸ. ਬਰਸਟ ਨੇ ਅਧਿਕਾਰੀਆਂ ਨੂੰ ਸੂਬੇ ਦੀਆਂ ਮੰਡੀਆਂ ਵਿੱਚ ਹੋਏ ਕਬਜ਼ਿਆਂ ਨੂੰ ਤੁਰੰਤ ਹਟਾਉਣ ਦੇ ਨਿਰਦੇਸ਼ ਦਿੱਤੇ, ਨਾਲ ਹੀ ਸਬਜ਼ੀ ਮੰਡੀਆਂ ਦੀ ਸਫਾਈ ਬਣਾਏ ਰੱਖਣ ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਮੰਡੀਆਂ ਵਿੱਚ ਪੈਦਾ ਹੋਣ ਵਾਲੇ ਰਹਿੰਦ-ਖੂੰਹਦ ਦੇ ਰੋਜ਼ਾਨਾ ਨਿਪਟਾਰੇ ਨੂੰ ਯਕੀਨੀ ਬਣਾਉਣ ਅਤੇ ਇਸ ਬਾਇਓ-ਵੇਸਟ ਰਾਹੀਂ ਆਮਦਨ ਪੈਦਾ ਕਰਨ ਦੇ ਉਪਰਾਲੇ ਕਰਨ।ਬੋਰਡ ਦੀਆਂ ਉਪਲਬਧੀਆਂ ਨੂੰ ਉਜਾਗਰ ਕਰਦਿਆਂ ਹੋਇਆ ਚੇਅਰਮੈਨ ਨੇ ਦੱਸਿਆ ਕਿ ਮੰਡੀ ਬੋਰਡ ਨੂੰ ਇਸ ਸਾਲ ਹੁਣ ਤੱਕ 842 ਪਲਾਟਾਂ ਦੀ ਈ-ਨੀਲਾਮੀ ਰਾਹੀਂ 373 ਕਰੋੜ ਰੁਪਏ ਦੀ ਆਮਦਨ ਹੋਈ ਹੈ। ਉਨ੍ਹਾਂ ਸੂਬੇ ਦੀਆਂ ਮੰਡੀਆਂ ਦੇ ਕਵਰ ਸ਼ੈੱਡਾਂ ਨੂੰ ਆਫ-ਸੀਜ਼ਨ ਦੌਰਾਨ ਲੋਕਾਂ ਦੀ ਵਰਤੋਂ ਲਈ ਖੋਲ੍ਹਣ ਦੀ ਪਹਿਲਕਦਮੀ ਬਾਰੇ ਦੱਸਿਆ ਕਿ ਇਸ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ ਅਤੇ ਇਸ ਨਾਲ ਇੱਕ ਕਰੋੜ ਰੁਪਏ ਦੀ ਆਮਦਨ ਹੋਈ ਹੈ। ਇਹ ਪਹਿਲ ਮੰਡੀਆਂ ਦੇ ਮੌਜੂਦਾ ਬੁਨਿਆਦੀ ਢਾਂਚੇ ਦੀ ਵਰਤੋਂ ਨੂੰ ਅਨੁਕੂਲ ਬਣਾਉਣ ਲਈ ਬੋਰਡ ਦੇ ਯਤਨਾਂ ਨੂੰ ਦਰਸਾਉਂਦਾ ਹੈ।

## ਪ੍ਰਾਚੀਨ ਸ਼ਿਵ ਮੰਦਰ 'ਚ ਫੁੱਲਾਂ ਦੇ ਕੂੜੇ ਨੂੰ ਖਾਦ ਬਣਾਉਣ ਦੀ ਵਿਲੱਖਣ ਪਹਿਲ

**ਫਗਵਾੜਾ (ਜਸਵਿੰਦਰ ਢੱਡਾ)** ਇਸ ਮਹੀਨੇ ਦੀ ਸ਼ੁਰੂਆਤ ਵਿੱਚ ਸ਼ੁਰੂ ਕੀਤੀ ਗਈ ਸਫਾਈ ਅਪਨਾਓ, ਬਿਮਾਰੀ ਭਗਾਓ ਮੁਹਿੰਮ ਦੇ ਤਹਿਤ ਆਪਣੇ ਯਤਨਾਂ ਨੂੰ ਜਾਰੀ ਰੱਖਦਿਆਂ ਫਗਵਾੜਾ ਨਗਰ ਨਿਗਮ ਨੇ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ (ਆਈ.ਏ.ਐੱਸ.) ਦੀ ਦੂਰਦਰਸ਼ੀ ਅਗਵਾਈ ਹੇਠ ਠਾਕੁਰ ਦੁਆਰਾ ਪ੍ਰਾਚੀਨ ਸ਼ਿਵ ਮੰਦਰ, ਪੱਕਾ ਬਾਗ ਵਿੱਚ ਸਫਾਈ ਅਤੇ ਲੋਕ ਸਿਹਤ ਜਾਗਰੂਕਤਾ ਮੁਹਿੰਮ ਲਈ ਸਾਂਝੇਦਾਰੀ ਕੀਤੀ।ਨਗਰ ਨਿਗਮ ਦੇ ਸਹਾਇਕ ਕਮਿਸ਼ਨਰ ਅਨੀਸ਼ ਬਾਂਸਲ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਸਫਾਈ ਬਣਾਈ ਰੱਖਣ ਅਤੇ ਰੋਕਥਾਮ ਯੋਗ ਬਿਮਾਰੀਆਂ ਦੇ ਫੈਲਾਅ ਨੂੰ ਰੋਕਣ ਵਿੱਚ ਜਨਤਾ ਦੀ ਭਾਗੀਦਾਰੀ ਦੀ ਮਹੱਤਤਾ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਸਫਾਈ ਘਰ ਅਤੇ ਆਪਣੇ ਆਲੇ ਦੁਆਲੇ ਤੋਂ ਸ਼ੁਰੂ ਹੁੰਦੀ ਹੈ। ਇਹ ਜ਼ਿੰਮੇਵਾਰੀ ਸਾਡੇ ਹਰ ਇੱਕ ਦੇ ਕੰਧਿਆਂ 'ਤੇ ਹੈ । ਇਸ ਸਮਾਗਮ ਦਾ ਮੁੱਖ ਆਕਰਸ਼ਣ ਮੰਦਰ ਪ੍ਰੰਗਣ ਵਿੱਚ ਲਗਾਇਆ ਗਿਆ ਖਾਦ ਸਟਾਲ ਸੀ, ਜਿੱਥੇ ਮੰਦਰ ਦੇ ਫੁੱਲਾਂ ਦੇ ਚੜ੍ਹਾਵੇ ਨੂੰ ਪੌਸ਼ਟਿਕ ਜਿਵੇਂ ਜੈਵਿਕ ਖਾਦ ਵਿੱਚ ਬਦਲਿਆ ਜਾ ਰਿਹਾ ਹੈ। ਧਾਰਮਿਕ ਸਨਮਾਨ ਅਤੇ ਪਰਿਆਵਰਨਿਕ ਜ਼ਿੰਮੇਵਾਰੀ ਨੂੰ ਮਿਲਾ ਕੇ ਤਿਆਰ ਕੀਤੀ ਗਈ ਇਹ ਵਿਲੱਖਣ ਪਹਿਲ ਸ਼ਹਿਰ ਵਿੱਚ ਕੂੜਾ ਪ੍ਰਬੰਧਨ ਲਈ ਇੱਕ ਨਵਾਂ ਮਾਪਦੰਡ ਸਾਬਤ ਹੋਈ ਹੈ।ਮੰਦਰ ਦੇ ਆਪਣੇ ਖਾਦ ਯੂਨਿਟ ਵਿੱਚ



ਤਿਆਰ ਕੀਤੀ ਖਾਦ ਸ਼ਹਿਰ ਵਾਸੀਆਂ ਲਈ ਮੁਫ਼ਤ ਉਪਲਬਧ ਕਰਵਾਈ ਗਈ ਅਤੇ ਆਗਾਮੀ ਦਿਨਾਂ ਵਿੱਚ ਇਹ ਨਾ-ਮਾਤਰ ਦਰਾਂ 'ਤੇ ਉਪਲਬਧ ਹੋਵੇਗੀ।ਇੰਦਰਜੀਤ ਕਾਲਰਾ, ਰਾਜੇਸ਼ ਸ਼ਰਮਾ, ਮਧੂ ਭੂਸ਼ਣ ਕਾਲੀਆ, ਲਕਸ਼ਮੀਕਾਂਤ ਪ੍ਰਭਾਕਰ ਅਤੇ ਪਰਮੋਦ ਜਲੋਟਾ ਨੇ ਮੁਹਿੰਮ ਵਿੱਚ ਪੂਰਾ ਸਹਿਯੋਗ ਦਿੱਤਾ ਅਤੇ ਨਿਗਮ ਦੀ ਇਸ ਪਹਿਲ ਦੀ ਸਰਾਹਣਾ ਕੀਤੀ। ਇਸ ਸਮਾਗਮ ਦੌਰਾਨ ਸੀਐਸਆਈ ਅਜੈ ਕੁਮਾਰ, ਐਸਆਈ ਨਾਮਦੇਵ, ਆਈਈਸੀ ਕੋਆਰਡੀਨੇਟਰ ਪੂਜਾ, ਸੁਨੀਤਾ ਅਤੇ ਆਸ਼ਾ ਵੀ ਮੌਜੂਦ ਸਨ।

## ਸਰਕਾਰੀ ਸਕੂਲ 'ਚ ਐੱਸ ਐੱਮ ਸੀ ਨੂੰ ਲੈ ਕੇ ਵਿਵਾਦ ਭਖਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਥਾਨਕ ਸਰਕਾਰੀ ਸਕੂਲ 'ਚ ਸਕੂਲ ਪ੍ਰਬੰਧਕ ਕਮੇਟੀ (ਐਸ ਐਮ ਸੀ) ਦੀ ਚੋਣ ਨੂੰ ਲੈ ਕੇ ਛਿੜਿਆ ਵਿਵਾਦ ਅਧਿਆਪਕਾਂ ਦੀ ਆਪਸੀ ਲੜਾਈ 'ਚ ਬਦਲ ਗਿਆ ਹੈ। ਇੱਕ ਅਧਿਆਪਕਾ ਨੇ ਸਕੂਲ ਪ੍ਰਬੰਧਕ ਅਤੇ ਆਪਣੀ ਸਹਿਕਰਮੀ ਅਧਿਆਪਕਾ ਨਾਲ ਹੱਥੋਪਾਈ ਕੀਤੀ ਹੈ। ਮਾਮਲਾ ਵਿਗੜਦਾ ਦੇਖ ਸਕੂਲ ਪ੍ਰਬੰਧਕ ਨੇ ਪੁਲਸ ਸੱਦ ਲਈ। ਪੁਲਸ ਨੇ ਹਮਲਾਵਰ ਅਧਿਆਪਕਾ 'ਤੇ 107/151 ਦਾ ਮਾਮਲਾ ਦਰਜ ਕੀਤਾ ਹੈ। ਹੱਥੋਪਾਈ ਦੀ ਵੀਡਿਓ ਸਕੂਲ 'ਚ ਲੱਗੇ ਸੀਸੀਟੀਵੀ ਕੈਮਰੇ 'ਚ ਕੈਦ ਹੋ ਗਈ ਹੈ। ਹੱਥੋਪਾਈ ਦੀ ਸੋਸ਼ਲ ਮੀਡੀਆ 'ਤੇ ਵਾਈਰਲ ਵੀਡਿਓ ਚਰਚਾ ਦਾ ਵਿਸ਼ਾ ਬਣੀ ਹੋਈ ਹੈ।ਗੌਰਮਿੰਟ ਟੀਚਰਜ਼ ਯੂਨੀਅਨ (ਜੀਟੀਯੂ) ਨੇ ਪੰਜਾਬ ਸਰਕਾਰ 'ਤੇ ਸਕੂਲ ਪ੍ਰਬੰਧਕ ਕਮੇਟੀਆਂ ਦੀ ਆੜ ਹੇਠ ਸਕੂਲਾਂ ਦੇ ਰਾਜਨੀਤੀਕਰਨ ਦੇ ਦੋਸ਼ ਲਗਾਏ ਹਨ। ਮਾਮਲਾ ਸਰਕਾਰੀ ਮਾਡਲ ਹਾਈ ਸਕੂਲ ਸੈਕਟਰ-2 ਤਲਵਾੜਾ ਦਾ ਹੈ। ਲੰਘੇ ਸੋਮਵਾਰ ਨੂੰ ਸਕੂਲ ਪ੍ਰਬੰਧਕ ਕਮੇਟੀ ਐਸਐਮਸੀ ਦੀ ਚੋਣ ਸੀ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਅਧਿਆਪਕਾਂ ਵਿਚਾਲੇ ਹੱਥੋਪਾਈ ਦਾ ਮਾਮਲਾ ਸਕੂਲ ਪ੍ਰਬੰਧਕ ਕਮੇਟੀ ਐਸਐਮਸੀ ਦੇ ਚੇਅਰਮੈਨ ਅਹੁਦੇ ਲਈ ਹੋਈ ਚੋਣ ਨਾਲ ਜੁੜਿਆ ਹੋਇਆ ਹੈ। ਦੋ ਸਾਲ ਪਹਿਲਾਂ ਐਸਐਮਸੀ ਕਮੇਟੀ ਦੀ ਚੋਣ 'ਚ ਚੇਅਰਮੈਨ ਬਣਿਆ ਵਿਅਕਤੀ ਇਸ ਵਾਰ ਵੀ ਚੇਅਰਮੈਨ ਬਣਨ ਦਾ ਚਾਹਵਾਨ ਸੀ। ਪਰ ਐਂਤਕੀ ਉਸ ਨੂੰ ਮੈਂਬਰ ਵਜੋਂ ਹੀ ਚੁਣਿਆ ਗਿਆ। ਜਦ ਕਿ ਹਮਲਾਵਰ ਅਧਿਆਪਕਾ ਜੋ ਕਿ ਪਹਿਲਾਂ ਮੈਂਬਰ ਵਜੋਂ ਨਾਮਜ਼ਦ ਸੀ।



ਉਸ ਨੂੰ ਇਸ ਵਾਰ ਚੁਣਿਆ ਨਹੀਂ ਗਿਆ। ਐਸਐਮਸੀ ਕਮੇਟੀ ਦੀ ਚੋਣ ਦੌਰਾਨ ਕਾਫ਼ੀ ਹੰਗਾਮਾ ਹੋਇਆ। ਸਕੂਲ 'ਚ ਛੁੱਟੀ ਉਪਰੰਤ ਨਵੀਂ ਚੁਣੀ ਗਈ ਕਮੇਟੀ ਵੇਲ਼ੇ ਪੈਦਾ ਹੋਇਆ ਵਿਵਾਦ ਅਧਿਆਪਕਾਂ 'ਚ ਆਪਸੀ ਲੜਾਈ ਦਾ ਕਾਰਨ ਬਣ ਗਿਆ। ਐਸਐਮਸੀ ਕਮੇਟੀ ਦੀ ਚੋਣ ਤੋਂ ਅਸੰਤੁਸ਼ਟ ਅਧਿਆਪਕਾ ਨੇ ਛੁੱਟੀ ਦੌਰਾਨ ਹਾਜ਼ਰੀ ਲਾਉਣ ਵੇਲ਼ੇ ਪਹਿਲਾਂ ਸਕੂਲ ਪ੍ਰਬੰਧਕ ਨੂੰ ਥੱਪੜ ਜੜ ਦਿੱਤਾ, ਉਪਰੰਤ ਹਾਜ਼ਰੀ ਲਗਾ ਰਹੀ ਸਹਿਕਰਮੀ ਅਧਿਆਪਕਾਂ ਨੂੰ ਵਾਲਾਂ ਤੋਂ ਫੜ ਕੇ ਖਿੱਚ ਧੂਹ ਕਰਦਿਆਂ ਚਪੇੜਾਂ ਮਾਰੀਆਂ। ਇਹ ਵਾਰਦਾਤ ਦਫ਼ਤਰ 'ਚ ਲੱਗੇ ਸੀਸੀਟੀਵੀ ਕੈਮਰਿਆਂ 'ਚ ਕੈਦ ਹੋ ਗਈ। ਮਾਮਲਾ ਵਿਗੜਦਾ ਦੇਖ ਸਕੂਲ ਪ੍ਰਬੰਧਕ ਨੇ ਪੁਲਸ ਨੂੰ ਮੌਕੇ 'ਤੇ ਬੁਲਾਇਆ। ਜਾਂਚ ਅਧਿਕਾਰੀ ਸਿਕੰਦਰ ਸਿੰਘ ਰਾਣਾ ਨੇ ਸੀਸੀਟੀਵੀ ਫੁਟੇਜ਼ ਅਤੇ ਸਕੂਲ ਪ੍ਰਬੰਧਕ ਦੀ ਸ਼ਿਕਾਇਤ 'ਤੇ ਹਮਲਾਵਾਰ ਅਧਿਆਪਕਾ 'ਤੇ ਮਾਮਲਾ ਦਰਜ ਕਰ ਲਿਆ ਹੈ।

## ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕਾਂ ਨੂੰ ਸਮਰਪਤ : ਕੁਲਵੰਤ ਸਿੰਘ

**ਸਾਹਿਬਜਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਨੂੰ ਸਮਰਪਿਤ ਸਰਕਾਰ ਹੈ ਅਤੇ ਜੋ ਗਾਰੰਟੀਆਂ ਅਤੇ ਵਾਅਦੇ, ਆਮ ਆਦਮੀ ਪਾਰਟੀ ਦੀ ਲੀਡਰਸ਼ਿਪ ਨੇ ਵਿਧਾਨ ਸਭਾ ਚੋਣਾਂ ਦੇ ਦੌਰਾਨ ਲੋਕਾਂ ਨਾਲ ਕੀਤੇ ਸਨ, ਉਹਨਾਂ ਨੂੰ ਲਗਪਗ ਪੂਰਾ ਕਰ ਲਿਆ ਗਿਆ ਹੈ, ਜਿਨ੍ਹਾਂ ਵਿੱਚੋਂ ਮਹਿਲਾਵਾਂ ਲਈ 1000 ਪ੍ਰਤੀ ਮਹੀਨਾ ਦੀ ਗਰੰਟੀ ਨੂੰ ਵੀ ਆਉਣ ਵਾਲੇ ਕੁਝ ਸਮੇਂ ਵਿੱਚ ਪੂਰਾ ਕਰ ਲਿਆ ਜਾਵੇਗਾ, ਜਿਸ ਦੇ ਲਈ ਸਮੁੱਚਾ ਬਜਟ ਪ੍ਰਬੰਧ ਕੀਤਾ ਜਾ ਰਿਹਾ ਹੈ। ਇਹ ਪ੍ਰਗਟਾਵਾ ਵਿਧਾਇਕ ਕੁਲਵੰਤ ਸਿੰਘ ਨੇ ਬੜਮਾਜਰਾ ਕਲੋਨੀ ਪੰਚਾਇਤ ਵੱਲੋਂ 26 ਲੱਖ ਰੁਪਏ ਦੀ ਲਾਗਤ ਨਾਲ ਤਿਆਰ 1200 ਫੁੱਟ ਲੰਮੀ ਅਤੇ 22 ਫੁੱਟ ਚੌੜੀ ਗਲੀ/ਸੜਕ ਦਾ ਉਦਘਾਟਨ ਕਰਨ ਦੇ ਲਈ ਰੱਖੇ ਗਏ ਸਮਾਗਮ ਵਿੱਚ ਕਹੀ। ਉਨ੍ਹਾਂ ਨੇ ਕਿਹਾ ਕਿ ਨਸ਼ਿਆਂ ਦੀ ਰੋਕਥਾਮ ਦੇ ਲਈ ਸਰਕਾਰ ਵੱਲੋਂ ਲਗਾਤਾਰ ਯਤਨ ਕੀਤੇ ਜਾ ਰਹੇ ਰਹੇ ਹਨ ਅਤੇ ਸਰਕਾਰ ਦੀਆਂ ਕੋਸ਼ਿਸ਼ਾਂ



ਦੇ ਚੱਲਦਿਆਂ ਹੀ ਬਹੁਤ ਸਾਰੇ ਪਿੰਡਾਂ ਵਿੱਚ ਨਸ਼ਾ ਕਾਫੀ ਹੱਦ ਤੱਕ ਖਤਮ ਹੋ ਗਿਆ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਨੂੰ ਬਿਲਕੁਲ ਖਤਮ ਕਰ ਦਿੱਤਾ ਜਾਵੇਗਾ। ਆਮ ਆਦਮੀ ਪਾਰਟੀ ਦੀ ਸਰਕਾਰ ਜਦੋਂ ਦੀ ਹੋਂਦ ਵਿੱਚ ਆਈ ਹੈ,ਉਦੋਂ ਤੋਂ ਹੀ ਪੰਜਾਬ ਭਰ ਵਿੱਚ ਵਿਕਾਸਮੁਖੀ ਕੰਮਾਂ ਨੂੰ ਵੀ ਕੀਤਾ ਜਾ ਰਿਹਾ ਹੈ। ਇਲਾਕੇ ਦੀਆਂ ਟੁੱਟੀਆਂ ਸੜਕਾਂ ਤੇ 50 ਕਰੋੜ ਰੁਪਏ ਲਗਾ ਕੇ ਉਹਨਾਂ ਨੂੰ ਠੀਕ ਕੀਤਾ ਜਾ ਰਿਹਾ ਹੈ। 10 ਲੱਖ ਰੁਪਏ ਤੱਕ ਦਾ ਕੈਸ਼ਲੈਸ ਇਲਾਜ ਪੰਜਾਬ ਦੇ 65 ਲੱਖ ਪਰਵਾਰਾਂ ਨੂੰ ਮੁਫਤ ਦਿੱਤਾ ਜਾ ਰਿਹਾ ਹੈ ਅਤੇ ਭਾਰਤ ਭਰ ਵਿੱਚ ਪੰਜਾਬ ਪਹਿਲੀ ਸਟੇਟ ਹੈ, ਜਿੱਥੇ ਕਿ ਲੋਕਾਂ ਦਾ ਮੁਫਤ ਇਲਾਜ ਕਿਸੇ ਸਰਕਾਰ ਵੱਲੋਂ ਸ਼ੁਰੂ ਕੀਤਾ ਗਿਆ ਹੋਵੇ। ਸਮਾਗਮ ਦੌਰਾਨ ਗੁਰਨਾਮ ਸਿੰਘ ਸਰਪੰਚ ਬੜਮਾਜਰਾ ਕਲੌਨੀ, ਮਨਪ੍ਰੀਤ ਸਿੰਘ ਮਨੀ, ਭੁਪਿੰਦਰ ਸਿੰਘ ਜੋਗੀ ਪੰਚ, ਰਜਿੰਦਰ ਸਿੰਘ ਪ੍ਰਧਾਨ ਹਿਮਾਚਲ ਬਿਹਾਰ ਕਲੌਨੀ, ਕਰਨੈਲ ਸਿੰਘ ਰਾਣਾ, ਸੋਮ ਨਾਥ, ਕੁਲਦੀਪ ਸਿੰਘ ਸਮਾਣਾ, ਹਰਪਾਲ ਸਿੰਘ ਬਰਾੜ, ਗੁਰਪਾਲ ਸਿੰਘ ਗਰੇਵਾਲ, ਅਮਰਜੀਤ ਸਿੰਘ, ਅਕਬਿੰਦਰ ਸਿੰਘ ਗੋਸਲ, ਜਸਪਾਲ ਸਿੰਘ, ਹਰਪਾਲ ਸਿੰਘ ਚੰਨਾ, ਆਰ.ਪੀ. ਸ਼ਰਮਾ, ਹਰਮੀਤ ਸਿੰਘ, ਹਰਮੇਸ਼ ਸਿੰਘ, ਗੁਰਪ੍ਰੀਤ ਸਿੰਘ ਕੁਰੜਾ ਆਦਿ ਹਾਜਰ ਸਨ।

## ਦਰਬਾਰ ਸਾਹਿਬ ਲਈ ਧਮਕੀ ਭਰੀਆਂ ਈਮੇਲਾਂ ਅਤਿ ਚਿੰਤਾਜਨਕ : ਸੇਖੋਂ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸ੍ਰੀ ਦਰਬਾਰ ਸਾਹਿਬ ਇਲਾਕੇ ਵਿੱਚ ਬੰਬ ਰੱਖਣ ਦੀਆਂ ਖ਼ਬਰਾਂ ਅਤੀ ਚਿੰਤਾਜਨਕ ਹਨ, ਇਹ ਮਨੁੱਖਤਾ ਨਾਲ ਜੁੜਿਆ ਹੋਇਆ ਮਾਮਲਾ ਹੈ, ਪਰ ਇਸ ਬਾਰੇ ਮੁੱਖ ਮੰਤਰੀ ਚੁੱਪ ਹਨ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਇਸ ਮਾਮਲੇ ਬਾਰੇ ਮੁੱਖ ਮੰਤਰੀ ਸਥਿਤੀ ਸਪੱਸ਼ਟ ਕਰਨ ਤਾਂ ਜੋ ਸ਼ਰਧਾਲੂ ਯਾਤਰੀਆਂ ਦੇ ਮਨਾਂ ਵਿੱਚੋਂ ਡਰ ਦੂਰ ਕੀਤਾ ਜਾ ਸਕੇ। ਇੱਥੇ ਇਹ ਵਰਨਣਯੋਗ ਹੈ ਬੀਤੇ ਦਿਨਾਂ ਦੌਰਾਨ ਸ੍ਰੀ ਦਰਬਾਰ ਸਾਹਿਬ ਦੇ ਲੰਗਰ ਹਾਲ ਨੂੰ ਉਡਾਉਣ ਲਈ ਬੰਬ ਰੱਖਣ ਦੀਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪੰਜ ਈਮੇਲਾਂ ਆਈਆਂ ਹਨ। ਇਹ ਈਮੇਲਾਂ ਰਾਜ ਦੇ ਮੁੱਖ ਮੰਤਰੀ ਨੂੰ ਵੀ ਭੇਜੇ ਜਾਣ ਦੀ ਚਰਚਾ ਹੈ।ਕਾ: ਸੇਖੋਂ ਨੇ ਕਿਹਾ ਕਿ ਸਿੱਖ ਕੌਮ ਦੇ ਸਭ ਤੋਂ ਪਵਿੱਤਰ ਅਸਥਾਨ ਸ੍ਰੀ ਦਰਬਾਰ ਸਾਹਿਬ ਬਾਰੇ ਅਜਿਹੀਆਂ ਖ਼ਬਰਾਂ ਅਤੀ ਚਿੰਤਾਜਨਕ ਹਨ। ਭਾਵੇਂ ਫੋਰਸਾਂ ਨੇ ਤਲਾਸ਼ੀ ਮੁਹਿੰਮ ਚਲਾਈ ਹੋਈ ਹੈ ਅਤੇ ਸੁਰੱਖਿਆ ਦੇ ਪ੍ਰਬੰਧ ਵੀ ਸਖ਼ਤ ਕੀਤੇ ਹਨ, ਪਰ ਇਹ ਈਮੇਲਾਂ ਕੌਣ ਭੇਜ ਰਿਹਾ ਹੈ, ਇਸਦੀ ਪੜਤਾਲ ਕਰਨ ਵਿੱਚ ਸਰਕਾਰ ਫੇਲ੍ਹ ਹੋਈ ਹੈ। ਹੈਰਾਨੀ ਹੈ ਕਿ ਮੁੱਖ ਮੰਤਰੀ ਦੇ ਈਮੇਲ ਐਡਰੈਸ ਤੇ ਭੇਜੀ ਧਮਕੀ ਦਾ ਵੀ ਸਰਕਾਰ ਪਤਾ ਨਹੀਂ ਲਗਾ ਸਕੀ ਤਾਂ ਆਮ ਲੋਕ ਕੀ ਉਮੀਦ ਰੱਖ ਸਕਦੇ ਹਨ ? ਉਹਨਾਂ ਕਿਹਾ ਕਿ ਅਜਿਹੀਆਂ ਖ਼ਬਰਾਂ ਨਾਲ ਸ੍ਰੀ ਦਰਬਾਰ ਸਾਹਿਬ ਜਾਣ ਵਾਲੇ ਯਾਤਰੀਆਂ ਦੇ ਮਨਾਂ ਵਿੱਚ ਡਰ ਪੈਦਾ ਹੁੰਦਾ ਹੈ, ਜਿਸਨੂੰ ਦੂਰ ਕਰਨਾ ਰਾਜ ਸਰਕਾਰ ਦਾ ਫ਼ਰਜ ਬਣਦਾ ਹੈ।ਸੂਬਾ ਸਕੱਤਰ ਨੇ ਕਿਹਾ ਕਿ ਇਸ ਅਤੀ ਗੰਭੀਰ ਮਾਮਲੇ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਚੁੱਪ ਸਰਕਾਰ ਦੀ ਜ਼ੁੰਮੇਵਾਰੀ ਉੱਪਰ ਸੁਆਲ ਖੜ੍ਹੇ ਕਰਦੀ ਹੈ। ਉਹਨਾਂ ਕਿਹਾ ਕਿ ਮੁੱਖ ਮੰਤਰੀ ਤੁਰੰਤ ਇਸ ਸਮੁੱਚੇ ਮਾਮਲੇ ਬਾਰੇ ਸਥਿਤੀ ਸਪੱਸ਼ਟ ਕਰਨ, ਤਾਂ ਜੋ ਲੋਕਾਂ ਦੇ ਮਨਾਂ 'ਚੋਂ ਡਰ ਦੂਰ ਕੀਤਾ ਜਾ ਸਕੇ।

## ਸਕੂਲ 'ਚ ਅੰਤਰ ਹਾਊਸ ਮੁਕਾਬਲਾ ਕਰਵਾਇਆ

**ਕਰਤਾਰਪੁਰ (ਹਰਮੇਸ਼ ਦੱਤ)** ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ, ਕਰਤਾਰਪੁਰ ਵਿਖੇ ਇੱਕ ਅੰਤਰ ਹਾਊਸ ਪਾਵਰਪੁਆਇੰਟ ਪੇਸ਼ਕਾਰੀ ਮੁਕਾਬਲਾ ਆਯੋਜਿਤ ਕਰਵਾਇਆ



ਗਿਆ, ਜਿਸ ਵਿੱਚ 6ਵੀਂ ਤੋਂ 8ਵੀਂ ਜਮਾਤ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ। ਇਸ ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਦੀਆਂ ਡਿਜੀਟਲ ਯੋਗਤਾਵਾਂ ਦੀ ਪਰਖ ਕਰਨਾ ਅਤੇ ਉਨ੍ਹਾਂ ਦੇ ਉੱਚ ਪੱਧਰੀ ਸੋਚਣ ਦੇ ਹੁਨਰ ਨੂੰ ਉਤਸ਼ਾਹਿਤ ਕਰਨਾ ਸੀ। ਵਿਦਿਆਰਥੀਆਂ ਨੂੰ ਮੌਕੇ 'ਤੇ ਹੀ ਵਿਸ਼ੇ ਦਿੱਤੇ ਗਏ ਅਤੇ ਉਨ੍ਹਾਂ ਨੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਦੇ ਹੋਏ ਉਨ੍ਹਾਂ ਨੂੰ ਪ੍ਰਿੰਸੀਪਲ ਮੈਡਮ ਦੇ ਸਾਹਮਣੇ ਪੇਸ਼ ਕੀਤਾ। ਇਸ ਮੁਕਾਬਲੇ ਵਿੱਚ ਸ਼ਿਵਾਜੀ ਹਾਊਸ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਰਣਜੀਤ ਹਾਊਸ ਨੇ ਦੂਜਾ ਸਥਾਨ ਪ੍ਰਾਪਤ ਕੀਤਾ ਅਤੇ ਟੈਗੋਰ ਹਾਊਸ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸ ਮੌਕੇ ਸ਼੍ਰੀਮਤੀ ਕੰਵਲਜੀਤ ਕੌਰ ਨੇ ਬੱਚਿਆਂ ਨੂੰ ਸਨਮਾਨਿਤ ਕੀਤਾ।

## ਰਾਜ ਚਿੰਨ੍ਹ ਦੀ ਦੁਰਵਰਤੋਂ ਕਰਨ ਵਾਲਿਆਂ ਵਿਰੁੱਧ ਹੋਵੇਗੀ ਸਖ਼ਤ ਕਾਰਵਾਈ : ਡਾ. ਸੁਮਿਤਾ ਮਿਸ਼ਰਾ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਗ੍ਰਹਿ ਵਿਭਾਗ ਦੀ ਵਧੀਕ ਮੁੱਖ ਸਕੱਤਰ ਡਾ. ਸੁਮਿਤਾ ਮਿਸ਼ਰਾ ਨੇ ਨਾਗਰਿਕਾਂ ਨੂੰ ਭਾਰਤ ਦੇ ਰਾਜ ਚਿੰਨ੍ਹ, ਜੋ ਭਾਰਤ ਸਰਕਾਰ ਦੀ ਅਧਿਕਾਰਤ ਮੋਹਰ ਹੈ, ਦੀ ਦੁਰਵਰਤੋਂ ਨਾ ਕਰਨ ਦੀ ਇੱਕ ਸਖ਼ਤ ਅਪੀਲ ਜਾਰੀ ਕੀਤੀ ਹੈ। ਉਨ੍ਹਾਂ ਨੇ ਵਿਸ਼ੇਸ਼ ਤੌਰ 'ਤੇ ਨਿੱਜੀ ਵਾਹਨਾਂ, ਲੈਟਰਹੈਡ ਅਤੇ ਸਾਈਨਬੋਰਡ 'ਤੇ ਇਸ ਚਿੰਨ੍ਹ ਦੇ ਅਨਾਧਿਕਰਤ ਪ੍ਰਦਰਸ਼ਨ ਵਿਰੁੱਧ ਚੈਲੇਂਜ ਕੀਤਾ ਹੈ ਕਿ ਅਜਿਹਾ ਕੰਮ ਕਾਨੂੰਨ ਦੀ ਗੰਭੀਰ ਉਲੰਘਣਾ ਹੈ ਅਤੇ ਇਸ ਦੇ ਲਈ ਸਖ਼ਤ ਸਜਾ ਦਿੱਤੀ ਜਾਵੇਗੀ।ਡਾ. ਮਿਸ਼ਰਾ ਨੇ ਕਿਹਾ ਕਿ ਭਾਰਤ ਦਾ ਰਾਜ ਚਿੰਨ੍ਹ ਸਾਰਨਾਥ ਸਥਿਤ ਅਸ਼ੋਕ ਦੇ ਸ਼ੇਰਥੰਭ ਦਾ ਇੱਕ ਰੂਪਾਂਤਰ ਹੈ। ਇਸ ਪ੍ਰਤੀਕ ਚਿੰਨ੍ਹ ਦਾ ਉਪਯੋਗ ਭਾਰਤ ਦੇ ਰਾਜ ਪ੍ਰਤੀਕ ਚਿੰਨ੍ਹ ਐਕਟ, 2005 ਅਤੇ ਨਿਯਮ, 2007 ਵਲੋਂ ਨਿਯੰਤਰਿਤ ਹੁੰਦਾ ਹੈ, ਜਿਸ ਵਿੱਚ 2010 ਵਿੱਚ ਸੋਧ ਕੀਤਾ ਗਿਆ ਹੈ। ਉਨ੍ਹਾਂ ਨੇ ਦੱਸਿਆ ਕਿ ਇਹ ਕਾਨੂੰਨ ਭਾਰਤ ਸਰਕਾਰ ਵੱਲੋਂ ਵਿਸ਼ੇਸ਼ ਤੌਰ 'ਤੇ ਅਧਿਕਾਰਤ ਨਾ ਕੀਤੇ ਗਏ ਵਿਅਕਤੀਆਂ ਜਾਂ ਸੰਗਠਨਾਂ ਵੱਲੋਂ ਇਸ ਦੇ ਉਪਯੋਗ 'ਤੇ ਸਖ਼ਤ ਰੋਕ ਲਗਾਉਂਦੇ ਹਨ।ਡਾ. ਮਿਸ਼ਰਾ ਨੇ ਸਪੱਸ਼ਟ ਕੀਤਾ ਕਿ ਇਹ ਪ੍ਰਤੀਕ ਚਿੰਨ੍ਹ ਵਿਅਕਤੀਗਤ ਪਛਾਣ, ਸਮਾਜਿਕ ਸਥਿਤੀ ਜਾਂ ਪ੍ਰਭਾਵ ਦਾ ਪ੍ਰਤੀਕ ਨਹੀਂ ਹੈ। ਇਹ ਸਿਰਫ਼ ਸੰਵਿਧਾਨਕ ਅਥਾਰਿਟੀਆਂ ਅਤੇ ਸਰਕਾਰੀ ਵਿਭਾਗਾਂ ਲਈ ਰਜਿਸਟਰਡ ਹੈ, ਜਿੱਥੇ ਕਾਨੂੰਨ ਵੱਲੋਂ ਇਜਾਜ਼ਤ ਪ੍ਰਾਪਤ ਹੈ। ਉਨ੍ਹਾਂ ਨੇ ਦੱਸਿਆ ਕਿ 2005 ਦੇ ਐਕਟ ਅਤੇ 2007 ਦੇ ਨਿਯਮਾਂ ਤਹਿਤ ਅਨਧਿਕਾਰਤ ਉਪਯੋਗ ਸਜਾਯੋਗ ਹੈ, ਜਿਸ ਵਿੱਚ ਭਾਰੀ ਜੁਰਮਾਨੇ ਅਤੇ ਕਾਨੂੰਨੀ ਕਾਰਵਾਈ ਦੇ ਪ੍ਰਾਵਧਾਨ ਸ਼ਾਮਲ ਹਨ।ਡਾ. ਮਿਸ਼ਰਾ ਨੇ ਕਿਹਾ ਕਿ ਪ੍ਰਤੀਕ ਚਿੰਨ੍ਹ ਰਾਸ਼ਟਰ ਦੇ ਸਵੈਧਾਨਿਕ ਮਾਣ ਦਾ ਪ੍ਰਤੀਨਿਧਿਤਵ ਕਰਦਾ ਹੈ। ਵਿਅਕਤੀਗਤ ਪ੍ਰਦਰਸ਼ਣ ਲਈ ਇਸ ਦੀ ਦੁਰਵਰਤੋਂ ਨਾ ਸਿਰਫ਼ ਗੈਰ-ਕਾਨੂੰਨੀ ਹੈ ਸਗੋਂ ਉਨ੍ਹਾਂ ਕਦਰਾਂ ਕੀਮਤਾਂ ਦਾ ਵੀ ਅਪਮਾਨ ਕਰਦਾ ਹੈ ਜਿਨ੍ਹਾਂ ਦਾ ਇਹ ਪ੍ਰਤੀਨਿਧਿਤਵ ਕਰਦਾ ਹੈ। ਉਨ੍ਹਾਂ ਨੇ ਸਾਰੇ ਨਾਗਰਿਕਾਂ ਨਾਲ ਜਿੰਮੇਦਾਰੀ ਨਾਲ ਕੰਮ ਕਰਨ, ਕਾਨੂੰਨੀ ਹੱਦਾਂ ਪ੍ਰਤੀ ਜਾਗਰੂਕ ਰਹਿਣ ਅਤੇ ਰਾਸ਼ਟਰ ਦੇ ਅਧਿਕਾਰਤ ਪ੍ਰਤੀਕਾਂ ਦੀ ਪਵਿੱਤਰਤਾ ਦੀ ਰੱਖਿਆ ਵਿੱਚ ਮਦਦ ਕਰਨ ਦੀ ਅਪੀਲ ਕੀਤੀ ਹੈ।

## ਆਧੁਨਿਕ ਕਲਾਸਰੂਮਾਂ 'ਚ ਏ ਆਈ ਦੀ ਭੂਮਿਕਾ ਦੀ ਵਰਕਸ਼ਾਪ ਲਗਾਈ


**ਅੱਡਾ ਸਰਾਂ (ਕਾਜਲ)**- ਗੁਰੂ ਗੋਬਿੰਦ ਗੋਬਿੰਦ ਸਿੰਘ ਪਬਲਿਕ ਸਕੂਲ ਵਿਖੇ ਪ੍ਰਿੰਸੀਪਲ ਹਰਜੀਤ ਸਿੰਘ ਦੀ ਨਿਗਰਾਨੀ ਹੇਠ ਕਲਾਸਰੂਮਾਂ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ 'ਤੇ ਇੱਕ ਸੂਝਵਾਨ ਸੈਸ਼ਨ ਸਫਲਤਾਪੂਰਵਕ ਆਯੋਜਿਤ ਕੀਤਾ ਗਿਆ, ਜਿਸ ਵਿਚ ਸਿੱਖਿਆ ਸ਼ਾਸਤਰੀ ਦ੍ਰਿਸ਼ਟੀਕੋਣ ਵਿਚ ਏ.ਆਈ. ਦੀ ਪਰਿਵਰਤਨਸ਼ੀਲ ਸੰਭਾਵਨਾ 'ਤੇ ਵਿਚਾਰ-ਵਟਾਂਦਰਾ ਕਰਨ ਲਈ ਸਿੱਖਿਅਕਾਂ ਅਤੇ ਵਿਚਾਰਵਾਨਾਂ ਨੂੰ ਇਕੱਠਾ ਕੀਤਾ ਗਿਆ। ਇਸ ਸਮਾਗਮ ਵਿੱਚ ਵਿਸ਼ੇਸ਼ ਸਰੋਤ ਵਿਅਕਤੀ, ਨਵਲਪ੍ਰੀਤ ਸਿੰਘ, ਪੀ.ਜੀ.ਟੀ. ਮਾਸ ਮੀਡੀਆ, ਅਤੇ ਹਰਦੀਪ ਕੌਰ ਅਠਵਾਲ, ਪੀ.ਜੀ.ਟੀ. ਸ਼ਾਮਲ ਸਨ, ਜਿਨ੍ਹਾਂ ਨੇ ਇਸ ਵਿਕਸਤ ਹੋ ਰਹੇ ਵਿਸ਼ੇ 'ਤੇ ਆਪਣੀ ਮੁਹਾਰਤ ਅਤੇ ਦ੍ਰਿਸ਼ਟੀਕੋਣ ਸਾਂਝੇ ਕੀਤੇ। ਸੈਸ਼ਨ ਦੀ ਸ਼ੁਰੂਆਤ ਇਸ ਗੱਲ ਦੇ ਸੰਖੇਪ ਨਾਲ ਹੋਈ ਕਿ ਕਿਵੇਂ ਆਰਟੀਫੀਸ਼ੀਅਲ ਇੰਟੈਲੀਜੈਂਸ ਤੇਜ਼ੀ ਨਾਲ ਵੱਖ-ਵੱਖ ਖੇਤਰਾਂ ਵਿੱਚ ਏਕੀਕ੍ਰਿਤ ਹੋ ਰਿਹਾ ਹੈ, ਸਿੱਖਿਆ ਇੱਕ ਮਹੱਤਵਪੂਰਨ ਸਰਹੱਦ ਹੈ। ਨਵਲਪ੍ਰੀਤ ਸਿੰਘ, ਮਾਸ ਮੀਡੀਆ ਦੇ ਮਾਹਰ, ਨੇ ਏ.ਆਈ. ਦੇ ਯੁੱਗ ਵਿੱਚ ਮੀਡੀਆ ਸਾਖਰਤਾ ਦੀ ਮਹੱਤਤਾ ਨੂੰ ਉਜਾਗਰ ਕੀਤਾ, ਇਸ ਗੱਲ 'ਤੇ ਜ਼ੋਰ ਦਿੱਤਾ ਕਿ ਵਿਦਿਆਰਥੀਆਂ ਨੂੰ ਏ.ਆਈ. ਟੂਲਸ ਦੁਆਰਾ ਤਿਆਰ ਜਾਂ ਪ੍ਰਭਾਵਿਤ ਜਾਣਕਾਰੀ ਦਾ ਆਲੋਚਨਾਤਮਕ ਵਿਸ਼ਲੇਸ਼ਣ ਕਰਨ ਲਈ ਕਿਵੇਂ ਤਿਆਰ ਕੀਤਾ ਜਾਣਾ ਚਾਹੀਦਾ ਹੈ। ਇਸ ਤੋਂ ਬਾਅਦ, ਹਰਦੀਪ ਕੌਰ ਅਠਵਾਲ,



ਇੱਕ ਤਜਰਬੇਕਾਰ ਪੀਜੀਟੀ, ਨੇ ਰੋਜ਼ਾਨਾ ਕਲਾਸਰੂਮ ਗਤੀਵਿਧੀਆਂ ਵਿਚ ਏ.ਆਈ. ਦੇ ਵਿਹਾਰਕ ਉਪਯੋਗਾਂ ਵਿੱਚ ਡੂੰਘਾਈ ਨਾਲ ਵਿਚਾਰ ਕੀਤਾ। ਉਸਨੇ ਦਿਖਾਇਆ ਕਿ ਕਿਵੇਂ ਏਆਈ-ਸੰਚਾਲਿਤ ਟੂਲ ਸਿੱਖਣ ਦੇ ਤਜ਼ਰਬਿਆਂ ਨੂੰ ਵਿਅਕਤੀਗਤ ਬਣਾ ਸਕਦੇ ਹਨ, ਅਨੁਕੂਲ ਮੁਲਾਂਕਣ ਪੇਸ਼ ਕਰ ਸਕਦੇ ਹਨ, ਅਤੇ ਪ੍ਰਸ਼ਾਸਕੀ ਕਾਰਜਾਂ ਨੂੰ ਸਵੈਚਾਲਿਤ ਕਰ ਸਕਦੇ ਹਨ, ਜਿਸ ਨਾਲ ਸਿੱਖਿਅਕ ਸਿੱਧੇ ਨਿਰਦੇਸ਼ ਅਤੇ ਵਿਦਿਆਰਥੀਆਂ ਦੀ ਸ਼ਮੂਲੀਅਤ 'ਤੇ ਵਧੇਰੇ ਧਿਆਨ ਕੇਂਦਰਿਤ ਕਰ ਸਕਦੇ ਹਨ। ਇੰਟਰਐਕਟਿਵ ਸੈਸ਼ਨ ਵਿੱਚ ਇੱਕ ਜੀਵੰਤ ਪ੍ਰਸ਼ਨ ਅਤੇ ਉੱਤਰ ਭਾਗ ਸ਼ਾਮਲ ਸੀ ਜਿੱਥੇ ਹਾਜ਼ਰੀਨ ਨੇ ਡੇਟਾ ਗੋਪਨੀਯਤਾ, ਏਆਈ ਟੂਲਸ ਨਾਲ ਸਿੱਖਿਅਤ ਵਿਦਿਆਰਥੀਆਂ ਲਈ ਭਵਿੱਖ ਦੀ ਨੌਕਰੀ ਦੀ ਮਾਰਕੀਟ, ਅਤੇ ਏਆਈ ਸਰੋਤਾਂ ਤੱਕ ਬਰਾਬਰ ਪਹੁੰਚ ਲਈ ਰਣਨੀਤੀਆਂ ਸੰਬੰਧੀ ਢੁਕਵੇਂ ਸਵਾਲ ਉਠਾਏ। ਦੋਵਾਂ ਸਰੋਤ ਵਿਅਕਤੀਆਂ ਨੇ ਵਿਆਪਕ ਜਵਾਬ ਦਿੱਤੇ, ਜਿਸ ਨਾਲ ਭਾਗੀਦਾਰਾਂ ਵਿੱਚ ਡੂੰਘੀ ਸਮਝ ਪੈਦਾ ਹੋਈ। ਇਹ ਪ੍ਰੋਗਰਾਮ ਸਿੱਖਿਆ ਵਿਚ ਕ੍ਰਾਂਤੀ ਲਿਆਉਣ ਲਈ ਏਆਈ ਦੀ ਅਥਾਹ ਸੰਭਾਵਨਾ 'ਤੇ ਸਹਿਮਤੀ ਨਾਲ ਸਮਾਪਤ ਹੋਇਆ, ਬਸ਼ਰਤੇ ਇਸਨੂੰ ਸੋਚ-ਸਮਝ ਕੇ ਅਤੇ ਨੈਤਿਕ ਤੌਰ 'ਤੇ ਲਾਗੂ ਕੀਤਾ ਜਾਵੇ। ਨਵਲਪ੍ਰੀਤ ਸਿੰਘ ਅਤੇ ਹਰਦੀਪ ਕੌਰ ਅਠਵਾਲ ਦੁਆਰਾ ਸਾਂਝੀਆਂ ਕੀਤੀਆਂ ਗਈਆਂ ਸੂਝਾਂ ਨੇ ਸਿੱਖਿਅਕਾਂ ਨੂੰ ਇਹਨਾਂ ਤਕਨੀਕੀ ਤਰੱਕੀਆਂ ਨੂੰ ਅਪਣਾਉਣ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ, ਅਜਿਹੀਆਂ ਚਰਚਾਵਾਂ ਵਿਦਿਆਰਥੀਆਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਦੁਆਰਾ ਵਧਦੇ ਹੋਏ ਆਕਾਰ ਦੇ ਭਵਿੱਖ ਲਈ ਤਿਆਰ ਕਰਨ ਵਿੱਚ ਮਹੱਤਵਪੂਰਨ ਹਨ।

## ਪ੍ਰਵਾਸੀ ਬਾਲਗ ਲੜਕੀ ਨੂੰ ਲੈ ਕੇ ਫ਼ਰਾਰ

**ਮਾਹਿਲਪੁਰ (ਸ਼ਫ਼ਰੀ)**- ਥਾਣਾ ਚੱਬੇਵਾਲ ਅਧੀਨ ਪੈਂਦੇ ਪਿੰਡ ਪੱਟੀ ਜ਼ਿਲ੍ਹਾ ਹੁਸ਼ਿਆਰਪੁਰ ਤੋਂ ਇਕ ਲੜਕੀ ਨੂੰ ਇਕ ਪ੍ਰਵਾਸੀ ਲੈ ਕੇ ਫ਼ਰਾਰ ਹੋ ਗਿਆ ਹੈ । ਥਾਣਾ ਚੱਬੇਵਾਲ ਦੀ ਪੁਲਸ ਉਨ੍ਹਾਂ ਦੀ ਭਾਲ ਕਰ ਰਹੀ ਹੈ। ਲੜਕੀ ਦੀ ਮਾਤਾ ਸੰਦੀਪ ਕੌਰ ਪਤਨੀ ਲੇਟ ਕਸ਼ਮੀਰੀ ਲਾਲ ਵਾਸੀ ਪੱਟੀ ਨੇ ਥਾਣਾ ਚੱਬੇਵਾਲ ਵਿੱਚ ਦਿੱਤੀ ਸ਼ਿਕਾਇਤ ਵਿਚ ਲਿਖਿਆ ਹੈ ਕਿ ਮੇਰੀ 21 ਸਾਲਾਂ ਦੀ ਨੌਜਵਾਨ ਬੇਟੀ ਨੂੰ ਜੁਨੇਜਾ ਨਾਂਅ ਦਾ ਭਈਆ, ਵਾਸੀ ਯੂ.ਪੀ ਹਾਲ ਵਾਸੀ ਬਸੀ ਕਲਾਂ ਥਾਣਾ ਚੱਬੇਵਾਲ ਜ਼ਿਲ੍ਹਾ ਹੁਸ਼ਿਆਰਪੁਰ ,ਮੇਰੇ ਘਰੋਂ ਸ਼ਾਮ ਕੋਈ ਪੰਜ ਕੁ ਵਜੇ ਉਸ ਵੇਲੇ ਨਾਲ ਲੈ ਗਿਆ ਜਦੋਂ ਮੈਂ ਖੇਤਾਂ ਵਿਚੋਂ ਪਸ਼ੂਆਂ ਲਈ ਚਾਰਾ ਲੈਣ ਗਈ ਹੋਈ ਸੀ। ਅਸੀਂ ਸਾਰੀ ਰਾਤ ਆਲੇ ਦੁਆਲੇ ਸਾਰੀ ਰਿਸ਼ਤੇਦਾਰੀ ਵਿਚ ਭਾਲ ਕੀਤੀ ਪਰ ਉਹ ਨਹੀਂ ਲੱਭੀ। ਜਦੋਂ ਮੈਂ ਆਪਣੀ ਬੇਟੀ ਦਾ ਫੂਨ ਦੇਖਿਆ ਤਾਂ ਦੋਹਾਂ ਦੀਆਂ ਫੋਟੋਆਂ ਦੇਖ ਕੇ ਪਤਾ ਲੱਗਾ ਕਿ ਮੇਰੀ ਬੇਟੀ ਨੂੰ ਇਕ ਪ੍ਰਵਾਸੀ ਲੈ ਗਿਆ ਹੈ। ਥਾਣੇਦਾਰ ਪਰਮਜੀਤ ਸਿੰਘ ਨੇ ਦੱਸਿਆ ਕਿ ਕਿ ਅਸੀਂ ਥਾਂ ਥਾਂ ਛਾਪੇਮਾਰੀ ਕਰ ਰਹੇ ਹਾਂ, ਬਹੁਤ ਜਲਦ ਕਾਬੂ ਕਰ ਲਵਾਂਗੇ।



## ਮੋਦੀ ਸਰਕਾਰ ਦੀਆਂ ਸਕੀਮਾਂ ਦਾ ਲਾਭ ਲੈ ਕੇ ਲੋਕ ਹੋਏ ਖ਼ੁਸ਼ : ਲੱਕੀ

**ਬਲਾਚੌਰ (ਜਸਵਿੰਦਰ ਬੈਂਸ)**— ਭਾਰਤੀਆ ਜਨਤਾ ਪਾਰਟੀ ਜ਼ਿਲ੍ਹਾ ਐਸ.ਬੀ.ਐਸ. ਨਗਰ ਵੱਲੋਂ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਦੀ ਅਗਵਾਈ ਹੇਠ ਹਲਕਾ ਬਲਾਚੌਰ ਦੇ ਪਿੰਡ ਚਾਂਦਪੁਰ ਰੁੜਕੀ ਵਿਖੇ ਕੇਂਦਰ ਸਰਕਾਰ ਦੀਆਂ ਸਕੀਮਾਂ ਦਾ ਵਿਸ਼ੇਸ ਸਹਾਇਤਾ ਕੈਂਪ



ਲਗਾਇਆ ਗਿਆ। ਲੱਕੀ ਨੇ ਕਿਹਾ ਕਿ ਕੇਂਦਰੀ ਸਕੀਮਾਂ ਦੇ ਕੈਂਪਾਂ ਵਿੱਚ ਲੋਕ ਬੜੇ ਹੀ ਉਤਸ਼ਾਹ ਨਾਲ ਲਾਭ ਲੈਣ ਲਈ ਆ ਰਹੇ ਹਨ । ਰੈਲਮਾਜਰਾ ਦੇ ਇਸ ਕੈਂਪ ਵਿੱਚ 250 ਤੋਂ ਵੱਧ ਲੋਕਾਂ ਨੇ ਸਕੀਮਾਂ ਦਾ ਲਾਭ ਲਿਆ। ਆਯੁਸ਼ਮਾਨ ਕਾਰਡ ਬਣਾਏ ਗਏ, ਜਿਸ ਰਾਹੀਂ ਲਾਭਪਾਤਰੀ ਹੁਣ 5 ਲੱਖ ਰੁਪਏ ਤੱਕ ਮੁਫਤ ਇਲਾਜ ਦੀ ਸਹੂਲਤ ਪ੍ਰਾਪਤ ਕਰ ਸਕਣਗੇ। ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਯੋਜਨਾ ਤਹਿਤ ਕਿਸਾਨਾਂ ਨੇ ਆਪਣੀ ਕਰਵਾਈ, ਜੋ ਉਨ੍ਹਾਂ ਨੂੰ ਰੁਪਏ 6 ਹਜਾਰ ਸਾਲਾਨਾ ਦੀ ਆਵਰਤੀ ਰਾਸ਼ੀ ਲੈਣ ਯੋਗ ਬਣਾਉਂਦੀ ਹੈ। ਮਹਿਲਾਵਾਂ ਲਈ ਟੂਲ ਕਿੱਟ ਯੋਜਨਾ ਤਹਿਤ ਮਹਿਲਾਵਾਂ ਨੇ ਟੂਲ ਕਿੱਟ ਲਈ ਫਾਰਮ ਭਰਵਾਏ, ਜੋ ਉਨ੍ਹਾਂ ਦੇ ਸਵੈਰੋਜਗਾਰ ਨੂੰ ਉਤਸਾਹਿਤ ਕਰਨ ਵਿੱਚ ਮਦਦਗਾਰ ਸਾਬਤ ਹੋਵੇਗਾ। ਈ-ਸ੍ਰਮ ਕਾਰਡ ਕਈ ਅਨਸੰਗਠਿਤ ਖੇਤਰਾਂ ਵਿੱਚ ਕੰਮ ਕਰਨ ਵਾਲੇ ਮਜਦੂਰਾਂ ਨੇ ਵੀ ਆਪਣੇ ਈ-ਸ੍ਰਮ ਕਾਰਡ ਬਣਵਾਏ, ਜਿਸ ਨਾਲ ਉਹ ਭਵਿੱਖ ਵਿੱਚ ਸਰਕਾਰੀ ਲਾਭਾਂ ਦੇ ਹੱਕਦਾਰ ਬਣਨਗੇ। ਸਰਪੰਚ ਜਤਿੰਦਰ ਸਿੰਘ ਜਿੰਦੂ ਨੇ ਕਿਹਾ ਕਿ ਭਾਜਪਾ ਦੇ ਵਰਕਰ ਪਿੰਡ ਪਿੰਡ ਜਾ ਕੇ ਇਹ ਯੋਜਨਾਵਾਂ ਲੋਕਾਂ ਤੱਕ ਪਹੁੰਚਾ ਰਹੇ, ਜਿਸ ਦਾ ਲਾਭ ਗਰੀਬ ਲੋਕਾਂ ਨੂੰ ਮਿਲ ਰਿਹਾ ਹੈ । ਇਸ ਮੌਕੇ ਸਰਪੰਚ ਜਤਿੰਦਰ ਸਿੰਘ ਜਿੰਦੂ , ਗੁਰਦਿਆਲ ਸਿੰਘ, ਸਰਵਣ ਮੀਲੂ, ਸੰਕਰਦਾਸ ਮੀਲੂ, ਚਰਨਜੀਤ ਚੌਹਾਨ ਸਾਬਕਾ ਸਰਪੰਚ , ਉਪ ਪ੍ਰਧਾਨ ਅਜੈ ਕਟਾਰੀਆ ਖੁਰਦਾਂ,ਅਮਨ ਰਾਣਾ ,ਪੰਕਜ ਕੁਮਾਰ ਪ੍ਰਧਾਨ ਯੁਵਾ, ਕੀਮਤੀ ਲਾਲ ਸੈਂਕੜੇ ਦੀ ਗਿਣਤੀ ਵਿੱਚ ਪਿੰਡ ਦੇ ਵਸਨੀਕ ਮੌਜੂਦ ਰਹੇ।

## ਹਲਕਾ ਦਿੜ੍ਹਬਾ 'ਚ 27 ਨੂੰ ਰੋਸ ਪ੍ਰਦਰਸ਼ਨ ਕਰਨ ਦਾ ਬਿਗਲ ਵਜਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ )**— ਆਲ ਪੰਜਾਬ ਡੀ ਐਸ ਟੀ/ਸੀ ਟੀ ਐਸ ਕੰਟੈਰਕਟ ਇੰਸਟਰਕਟਰ ਯੂਨੀਅਨ ਦੀ ਮੀਟਿੰਗ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਯੂਨੀਅਨ ਦੇ ਪ੍ਰਧਾਨ ਵੱਲੋਂ ਦੱਸਿਆ ਕਿ ਸਾਡੀ ਮੀਟਿੰਗ ਮੁੱਖ ਮੰਤਰੀ ਨਾਲ ਤਿੰਨ ਵਾਰ ਹੋ ਚੁੱਕੀ ਹੈ, ਵਿੱਤ ਮੰਤਰੀ ਨਾਲ ਸਾਡੀ ਮੀਟਿੰਗ 12 ਵਾਰ ਹੋ ਚੁੱਕੀ ਹੈ ਅਤੇ ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਸਾਡੀ ਬਹੁਤ ਵਾਰ ਮੀਟਿੰਗ ਹੋ ਚੁੱਕੀ ਹੈ ਅਤੇ ਇਹਨਾਂ ਤੋ ਇਲਾਵਾ ਮੰਤਰੀ ਅਮਨ ਅਰੋੜਾ, ਲਾਲਜੀਤ ਭੁੱਲਰ, ਮੈਡਮ ਡਾਕਟਰ ਗੁਰਪ੍ਰੀਤ ਕੌਰ ਅਤੇ ਹੋਰ ਕਈ ਕੈਬਿਨੇਟ ਮੰਤਰੀਆਂ ਨਾਲ ਸਾਡੀ ਮੀਟਿੰਗ ਹੋ ਚੁੱਕੀ ਹੈ। ਇਹਨਾ ਸਾਰੀਆਂ ਮੀਟਿੰਗਾਂ ਵਿੱਚ ਸਾਨੂੰ ਸਾਡੀਆਂ ਮੰਗਾਂ ਪੂਰੀਆਂ ਕਰਨ ਲਈ ਵਿਸ਼ਵਾਸ਼ ਦਵਾਇਆ ਗਿਆ ਸੀ। ਪਰ ਸਾਡੀਆਂ ਮੰਗਾਂ ਸਾਢੇ ਤਿੰਨ ਸਾਲ ਬੀਤਣ ਉਪਰੰਤ ਵੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪੂਰੀਆਂ ਨਹੀਂ ਕੀਤੀਆਂ ਗਈਆਂ। ਜਦੋਂ ਕਿ ਵੋਟਾਂ ਤੋਂ ਪਹਿਲਾਂ ਸਾਡੇ ਨਾਲ ਵਾਧੇ ਕੀਤੇ ਗਏ ਸਨ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ 'ਤੇ ਪਹਿਲ ਦੇ ਅਧਾਰ 'ਤੇ ਕੰਮ ਕੀਤੇ ਜਾਣਗੇ। ਪਰ ਕੋਈ ਹੱਲ ਨਹੀਂ ਹੋਇਆ ਤੰਗ ਆ ਕੇ ਯੂਨੀਅਨ ਵੱਲੋਂ ਵਿੱਤ ਮੰਤਰੀ ਦੇ ਹਲਕਾ ਦਿੜ੍ਹਬਾ ਵਿਚ ਮਿਤੀ 27/07/2025 ਨੂੰ ਰੋਸ ਪ੍ਰਦਰਸ਼ਨ ਕਰਨ ਲਈ



ਤਿਆਰੀ ਵਿੱਢ ਲਈ ਗਈ ਹੈ। ਯੂਨੀਅਨ ਆਗੂਆਂ ਵੱਲੋਂ ਇਹ ਚੇਤਾਵਨੀ ਦਿੱਤੀ ਗਈ ਕੇ ਜੇਕਰ ਸਰਕਾਰ ਸਾਡੀਆਂ ਮੰਗਾਂ ਜਲਦੀ ਪੂਰੀਆਂ ਨਹੀਂ ਕਰਦੀ ਤਾਂ ਇਹ ਸੰਘਰਸ਼ ਤਿੱਖਾ ਕਰਦੇ ਹੋਏ ਪੱਕੇ ਤੌਰ 'ਤੇ ਕੰਮ ਬੰਦ ਕਰਕੇ ਧਰਨਾ ਪ੍ਰਦਰਸ਼ਨ ਕੀਤੇ ਜਾਣਗੇ। ਇਸ ਮੌਕੇ ਯੂਨੀਅਨ ਦੇ ਸੂਬਾ ਪ੍ਰਧਾਨ ਸੰਦੀਪ ਸਿੰਘ ਗਗੜੇਵਾਲ, ਸਿਮਰਨਜੀਤ ਸਿੰਘ ਫਿਰੋਜ਼ਪੁਰ, ਕਿਰਨਦੀਪ ਸਿੰਘ ਰੁਪਾਣਾ, ਮਨਜਿੰਦਰ ਸਿੰਘ ਅਤੇ ਯੂਨੀਅਨ ਦੇ ਹੋਰ ਮੈਂਬਰ ਹਾਜਰ ਸਨ।

## ਮੌਤ ਦੇ ਮੂੰਹ 'ਚ ਫਸਿਆ ਬਲਵਿੰਦਰ ਸੀਚੇਵਾਲ ਦੇ ਯਤਨਾਂ ਸਦਕਾ ਵਤਨ ਪਰਤਿਆ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਕੋਲੰਬੀਆ ਵਿੱਚੋਂ ਜਾਨ ਬਚਾਅ ਕੇ ਆਏ ਨੌਜਵਾਨ ਨੇ ਰੌਂਗਟੇ ਖੜੇ ਕਰਨ ਵਾਲੀਆਂ ਘਟਨਾਵਾਂ ਦੱਸੀਆਂ। ਇਸ ਨੌਜਵਾਨ ਨੂੰ ਡੌਕਰਾਂ ਨੇ ਕੋਲੰਬੀਆਂ ਵਿੱਚ ਬੰਧਕ ਬਣਾ ਲਿਆ ਸੀ ਤੇ ਉਸ ਨੂੰ ਗੋਲੀ ਮਾਰਨ ਦੀ ਧਮਕੀ ਦਿੱਤੀ ਹੋਈ ਸੀ। ਨਿਰਮਲ ਕੁਟੀਆ ਸੁਲਤਾਨਪੁਰ ਲੋਧੀ ਵਿਖੇ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਦੀ ਹਾਜ਼ਰੀ ਵਿੱਚ ਆਪਣੀ ਹੱਡਬੀਤੀ ਸੁਣਾਈ। ਕੋਲੰਬੀਆ ਵਿੱਚ ਭਾਰਤੀ ਦੂਤਾਵਾਸ ਨੇ ਰਾਜ ਸਭਾ ਮੈਂਬਰ ਸੰਤ ਸੀਚੇਵਾਲ ਦੀਆਂ ਸਿਫਾਰਸ਼ਾਂ 'ਤੇ ਕਾਰਵਾਈ ਕਰਦਿਆਂ ਬਲਵਿੰਦਰ ਸਿੰਘ ਨੂੰ ਵਾਪਸ ਭੇਜਣ ਵਿੱਚ ਵਾਈਟ ਪਾਸਪੋਰਟ ਦਾ ਇੰਤਜਾਮ ਕਰਕੇ ਦਿੱਤਾ।ਕਪੂਰਥਲਾ ਜਿਲ੍ਹੇ ਦੇ ਪਿੰਡ ਬਾਜ਼ ਦੇ ਰਹਿਣ ਵਾਲੇ ਬਲਵਿੰਦਰ ਸਿੰਘ ਨਾਂਅ ਦੇ ਨੌਜਵਾਨ ਨੇ ਕਿਹਾ ਕਿ ਉਹ ਜੁਲਾਈ 2024 ਨੂੰ ਬੇਹਤਰ ਭਵਿੱਖ ਦੀ ਆਸ ਘਰੋਂ ਅਮਰੀਕਾ ਲਈ ਰਵਾਨਾ ਹੋਇਆ ਸੀ।ਘਰੋਂ ਤਾਂ ਅਮਰੀਕਾ ਲਈ ਰਵਾਨਾ ਹੋਏ ਇਸ ਨੌਜਵਾਨ ਨੂੰ ਏਜੰਟਾਂ ਨੇ ਵੱਖ ਵੱਖ ਦੇਸ਼ ਵਿੱਚੋਂ ਦੀ ਲਿਜਾਂਦੇ ਹੋਏ, ਕੋਲੰਬੀਆ ਵਿੱਚ ਡੌਕਰਾਂ ਹਵਾਲੇ ਕਰ ਦਿੱਤਾ ਸੀ। ਜਿੱਥੇ ਏਜੰਟਾਂ ਨੇ ਇਸਦੇ ਨਾਲ ਦੇ ਹੋਰ 4 ਸਾਥੀਆਂ ਦਾ ਫੋਨ ਅਤੇ ਪਾਸਪੋਰਟ ਖੋਹ ਲਏ ਤੇ 5 ਮਹੀਨਿਆਂ ਤੱਕ ਕਮਰਿਆਂ ਵਿੱਚ ਬੰਦ ਕਰਕੇ ਰੱਖਿਆ।ਬਲਵਿੰਦਰ ਨੇ ਦੱਸਿਆ ਕਿ ਡੌਕਰਾਂ ਨੇ ਕਈ ਮੁੰਡਿਆਂ ਨੂੰ ਅਣਮਨੁੱਖੀ ਤਸੀਹੇ ਦਿੱਤੇ ਗਏ। ਲੋਹੇ ਦੀਆਂ ਰਾਡਾਂ ਗਰਮ ਕਰਕੇ ਲਗਾਈਆਂ ਗਈਆਂ, ਪਲਾਸਟਿਕ ਦੀਆਂ ਬੋਤਲਾਂ ਪਿਘਲਾ ਕਿ ਸਰੀਰ 'ਤੇ ਪਾਈਆਂ ਗਈਆਂ ਅਤੇ ਸਰੀਰ 'ਤੇ ਬਲੇਡ ਮਾਰ-ਮਾਰ ਕੇ ਬੁਰੀ ਤਰ੍ਹਾਂ ਨਾਲ ਛਿਲਿਆ ਗਿਆ।ਇੰਨ੍ਹਾਂ ਤਸੀਹਿਆਂ ਦੀਆਂ ਵੀਡੀਓਜ਼ ਬਣਾ ਕਿ ਪਰਵਾਰਾਂ ਨੂੰ ਭੇਜੀਆਂ ਗਈਆਂ।ਬਲਵਿੰਦਰ ਸਿੰਘ ਨੇ ਦੱਸਿਆ ਡੌਕਰ ਨੇ ਉਨ੍ਹਾਂ ਨੂੰ ਪੰਜ ਮਹੀਨਿਆਂ ਤੱਕ ਬੰਧਕ ਬਣਾ ਕੇ ਰੱਖਿਆ ਸੀ।ਇੱਕ ਰਾਤ ਉਹ ਡੌਕਰਾਂ ਦੀ ਚੁੰਗਲ ਵਿੱਚੋਂ ਆਪਣੀ ਜਾਨ ਬਚਾਉਣ ਵਿੱਚ ਸਫਲ ਰਿਹਾ ।ਨੌਜਵਾਨ ਦੇ ਪਰਵਾਰ ਨੇ ਸੰਤ ਬਲਬੀਰ ਸਿੰਘ ਸੀਚੇਵਾਲ ਦਫਤਰ ਸੰਪਰਕ ਕੀਤਾ।ਉਸ ਵੇਲੇ ਸੰਤ ਸੀਚੇਵਾਲ ਕਨੇਡਾ ਗਏ ਹੋਏ ਸਨ। ਉਨ੍ਹਾਂ ਨੇ ਉਥੋਂ ਹੀ ਵਿਦੇਸ਼ ਮੰਤਰਾਲੇ ਨਾਲ ਸੰਪਰਕ ਕਰਕੇ ਕੋਲੰਬੀਆਂ ਵਿੱਚ ਫਸੇ ਨੌਜਵਾਨ ਦੀ ਮੱਦਦ ਕਰਨ ਅਪੀਲ ਕੀਤੀ ।ਵਿਦੇਸ਼ ਮੰਤਰਾਲੇ ਤੇ ਭਾਰਤੀ ਦੂਤਾਵਾਸ ਨਾਲ ਸੰਪਰਕ ਕੀਤਾ, ਜਿਹਨਾਂ ਦੇ ਸਹਿਯੋਗ ਨਾਲ ਇਹ ਲੜਕਾ 13 ਦਿਨਾਂ ਵਿੱਚ ਸਹੀ ਸਲਾਮਤ ਵਾਪਸ ਪਰਵਾਰ ਵਿੱਚ ਪਰਤ ਆਇਆ ਹੈ।



## ਮਹੰਤ ਬਾਬਾ ਹਰੀ ਸਿੰਘ ਤੇ ਮਹੰਤ ਬਾਬਾ ਭਗਤ ਸਿੰਘ ਦੀ 120ਵੀਂ ਤੇ 118ਵੀਂ ਯਾਦ ਮਨਾਈ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸੇਵਾ ਪੰਥੀ ਸੰਪਰਦਾ ਦੇ ਪ੍ਰਸਿਧ ਅਸਥਾਨ ਡੇਰਾ ਹਰੀ ਭਗਤ ਪੁਰਾ ਗੁਰਦੁਆਰਾ ਮਿੱਠਾ ਟਿਵਾਣਾ ਹੁਸ਼ਿਆਰਪੁਰ ਵਿਖੇ ਸੱਚਖੰਡ ਵਾਸੀ ਮਹੰਤ ਬਾਬਾ ਹਰੀ ਸਿੰਘ ਤੇ ਮਹੰਤ ਬਾਬਾ ਭਗਤ ਸਿੰਘ ਦੀ 130ਵੀਂ ਤੇ 118ਵੀਂ ਯਾਦ ਵਿੱਚ ਸਲਾਨਾ ਯੱਗ ਸਮਾਗਮ ਸੰਪੰਨ ਹੋ ਗਿਆ। ਜੁੱਗੋ ਜੁੱਗ ਅਟੱਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਸਰਪ੍ਰਸਤੀ ਅਤੇ ਸੇਵਾ ਪੰਥੀ ਅਸਥਾਨ ਦੇ ਮੁਖੀ ਮਹੰਤ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ ਦੀ ਅਗਵਾਈ 'ਚ ਹੋਏ ਇਸ ਸਲਾਨਾ ਯੱਗ ਸਮਾਗਮ ਵਿੱਚ ਦੇਸ਼ ਅਤੇ ਵਿਦੇਸ਼ ਤੋਂ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜ਼ਰੀਆਂ ਭਰੀਆਂ। ਸ਼੍ਰੀ ਅਖੰਡ ਪਾਠ ਸਾਹਿਬਾਨ ਦੀ ਲੜੀ ਦੇ ਭੋਗ ਉਪਰੰਤ ਸਜਾਏ ਗਏ ਕੀਰਤਨ ਦੀਵਾਨ ਵਿੱਚ ਪੰਥ ਪ੍ਰਸਿੱਧ ਕੀਰਤਨੀ ਪਦਮਸ੍ਰੀ ਭਾਈ ਹਰਜਿੰਦਰ ਸਿੰਘ ਸ੍ਰੀਨਗਰ ਵਾਲੇ, ਭਾਈ ਮਨਿੰਦਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ , ਭਾਈ ਸਤਨਾਮ ਸਿੰਘ ਕੁਹਾੜਕਾ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਸ਼ੌਕੀਨ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਜਬਰਤੋੜ ਸਿੰਘ ਹਜ਼ੂਰੀ



ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਕੁਲਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ,ਭਾਈ ਸਰਵਣ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ,ਭਾਈ ਕੁਲਦੀਪ ਸਿੰਘ, ਭਾਈ ਤਰਨਦੀਪ ਸਿੰਘ ਅਤੇ ਮਿੱਠਾ ਟਿਵਾਣਾ ਕੀਰਤਨ ਕੌਂਸਲ ਅਤੇ ਇਸਤਰੀ ਸਤਸੰਗ ਸਭਾ ਦੀਆਂ ਬੀਬੀਆਂ ਦੇ ਜਥਿਆਂ ਨੇ ਧੁਰ ਕੀ ਬਾਣੀ ਦਾ ਰਸਭਿੰਨਾ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਵਿੱਚ ਉਚੇਚੇ ਤੌਰ 'ਤੇ ਸੰਤ ਬਾਬਾ ਸਰਬਜੋਤ ਸਿੰਘ ਊਨਾ ਸਾਹਿਬ ਵਾਲੇ, ਮਹੰਤ ਰਮਿੰਦਰ ਦਾਸ ਮੁਖੀ ਡੇਰਾ ਬਾਬਾ ਚਰਨ ਸ਼ਾਹ ਬਹਾਦਰਪੁਰ, ਗਿਆਨੀ ਗੁਰਬਚਨ ਸਿੰਘ, ਸੰਤ ਰਣਜੀਤ ਸਿੰਘ ਸੇਵਾਪੰਥੀ, ਸੰਤ ਕਰਮਜੀਤ ਸਿੰਘ ਸੇਵਾਪੰਥੀ, ਸੰਤ ਸੁਰਿੰਦਰ ਸਿੰਘ ਸੇਵਾਪੰਥੀ, ਸੁਆਮੀ ਕਥੈਲਸੰਤ ਚਮਕੌਰ ਸਿੰਘ ਅੰਮ੍ਰਿਤਸਰ, ਬਾਬਾ ਉਂਕਾਰ ਦਾਸ ਲੁਧਿਆਣਾ, ਸੰਤ ਅਮਰਜੀਤ ਸਿੰਘ ਹਰਖੋਵਾਲ, ਸੰਤ ਬਲਵੰਤ ਸਿੰਘ ਹਰਖੋਵਾਲ, ਸੰਤ ਤਰਲੋਚਨ ਸਿੰਘ ਬਿਰਕਤਾ ਵਾਲੇ, ਸੰਤ ਕਰਮਜੀਤ ਸਿੰਘ ਟਿੱਬਾ ਸਾਹਿਬ, ਬਾਬਾ ਅਵਤਾਰ ਸਿੰਘ ਭੀਖੋਵਾਲ, ਸੰਤ ਅਮਨਦੀਪ ਸਿੰਘ ਸੇਵਾਪੰਥੀ, ਸੁਆਮੀ ਸਾਂਤਾਨੰਦ ਜਲੰਧਰ, ਬਾਬਾ ਪਰਮਜੀਤ ਸਿੰਘ ਹੰਸਾਲੀ ਵਾਲੇ, ਬਾਬਾ ਅਜੀਤ ਸਿੰਘ ਸੇਵਾਪੰਥੀ, ਸੰਤ ਰਣਜੀਤ ਸਿੰਘ ਤਲਵੰਡੀ ਅਰਾਈਆਂ, ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ, ਠੇਕੇਦਾਰ ਸੁਰਿੰਦਰ ਸਿੰਘ ਭੁੱਲੇਵਾਲ ਰਾਠਾਂ ਮੈਂਬਰ ਸ਼੍ਰੋਮਣੀ ਕਮੇਟੀ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ। ਮੰਚ ਸੰਚਾਲਨ ਬਾਬਾ ਬਹਾਦਰ ਸਿੰਘ ਮਿੱਠਾ ਟਿਵਾਣਾ ਨੇ ਕੀਤਾ। ਗੁਰੂ ਕਾ ਲੰਗਰ, ਖੀਰ ਤੇ ਮਾਲ ਪੂੜਿਆਂ ਦੇ ਲੰਗਰ ਅਤੁੱਟ ਵਰਤਾਏ ਗਏ।

## ਭਾਈ ਤਾਰੂ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਗੁਰਮਤਿ ਸਮਾਗਮ ਕਰਵਾਏ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**— ਪਿੰਡ ਬਜਵਾੜਾ ਕਲਾਂ ਵਿਖੇ ਗੁਰਦੁਆਰਾ ਸ਼੍ਰੀ ਸਿੰਘ ਸਭਾ ਛਾਉਣੀ ਨਿਹੰਗ ਸਿੰਘਾਂ ਊਨਾ ਰੋਡ ਹੁਸ਼ਿਆਰਪੁਰ ਵਿਖੇ ਸਿੱਖ ਕੌਮ ਦੇ ਮਹਾਨ ਸ਼ਹੀਦ ਭਾਈ ਤਾਰੂ ਸਿੰਘ ਜੀ ਦੇ ਸ਼ਹੀਦੀ ਦਿਹਾੜੇ, ਸ਼੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਅਤੇ ਬਾਬਾ ਮੇਲਾ ਸਿੰਘ ਜਾਗਣੀਵਾਲ ਵਾਲਿਆਂ ਦੀ ਸਾਲਾਨਾ ਬਰਸੀ ਮੌਕੇ ਮਹਾਨ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਨਾਲ ਕਰਵਾਏ ਗਏ।ਇਸ ਮੌਕੇ ਜਥੇਬੰਦੀ ਦੇ ਮੁੱਖ ਸੇਵਾਦਾਰ ਸਿੰਘ ਸਾਹਿਬ ਜਥੇਦਾਰ ਬਾਬਾ ਗੁਰਦੇਵ ਸਿੰਘ ਸਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਛਾਉਣੀ ਨਿਹੰਗ ਸਿੰਘਾਂ ਤਰਨਾ ਦਲ ਬਜਵਾੜਾ ਕਲਾਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਮਾਗਮ ਦੌਰਾਨ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਭੋਗ ਪਾਏ ਗਏ।ਉਪਰੰਤ ਦੀਵਾਨ ਹਾਲ ਵਿੱਚ ਭਾਈ ਅਕਾਸ਼ਦੀਪ ਸਿੰਘ ਮੁੱਖ ਗ੍ਰੰਥੀ



ਬਜਵਾੜਾ ਕਲਾਂ, ਗਿਆਨੀ ਹਰਭਜਨ ਸਿੰਘ ਕਨੇਡਾ, ਭਾਈ ਗੁਰਮੇਲ ਸਿੰਘ ਬਜਵਾੜਾ ਕਲਾਂ ਆਦਿ ਨੇ ਗੁਰਬਾਣੀ ਗੁਰਇਤਿਹਾਸ, ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਸਮਾਗਮ ਦੌਰਾਨ ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਾਹਿਬਜ਼ਾਦਾ ਬਾਬਾ ਫਤਹਿ ਸਿੰਘ ਜੀ ਵੈਲਫੇਅਰ ਸੁਸਾਇਟੀ ਵਾਤਾਵਰਨ ਨੂੰ ਸ਼ੁੱਧ ਰੱਖਣ ਲਈ ਬੂਟੇ ਵੰਡੇ ਗਏ। ਇਸ ਮੌਕੇ ਸਮਾਗਮ ਦੌਰਾਨ ਜਥੇਦਾਰ ਜਸਵਿੰਦਰ ਸਿੰਘ ਮਸਾਣੀ, ਅਵਤਾਰ ਸਿੰਘ, ਦਵਿੰਦਰ ਸਿੰਘ, ਦਲਜੀਤ ਸਿੰਘ ਬਾਠ, ਬਾਬਾ ਬਲਵੀਰ ਸਿੰਘ, ਰਾਜੂ ਸਿੰਘ, ਗੁਰਪਾਲ ਸਿੰਘ, ਰਾਜਵੀਰ ਸਿੰਘ, ਕੁਲਵਰਨ ਸਿੰਘ ਗੋਪਾਲੀਆਂ, ਹਰਵਿੰਦਰ ਸਿੰਘ ਰਾਣਾ, ਮਾਨ ਸਿੰਘ, ਕੁਲਵੰਤ ਸਿੰਘ ਹਾਰਟਾ, ਕਰਨੈਲ ਸਿੰਘ ਭੱਟੀ, ਮਨਜਿੰਦਰ ਸਿੰਘ ਲੰਗੇਰੀ, ਹਰਜੀਤ ਸਿੰਘ ਲੁਧਿਆਣਾ, ਤਰਲੋਚਨ ਸਿੰਘ, ਬਲਵੀਰ ਸਿੰਘ ਹੇੜੀਆ, ਬਲਦੇਵ ਸਿੰਘ ਅਜੜਾਮ, ਅਜਮੇਹਰ ਸਿੰਘ ਮੁੱਖਲਿਆਣਾ ਆਦਿ ਹਾਜ਼ਰ ਸਨ।ਮਾਲ ਪੂੜਿਆਂ ਦੇ ਲੰਗਰ ਅਤੁੱਟ ਵਰਤਾਏ ਗਏ।

## ਸੇਵਾ ਕੇਂਦਰ ਸਵੇਰੇ 8:00 ਵਜੇ ਤੋਂ ਰਾਤ 8:00 ਵਜੇ ਤੱਕ ਖੁੱਲ੍ਹੇ ਰਹਿਣਗੇ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਜਨਤਾ ਨੂੰ ਵਧੀਆ ਅਤੇ ਸਹੂਲਤ ਭਰੀਆਂ ਸਰਕਾਰੀ ਸੇਵਾਵਾਂ ਉਪਲਬਧ ਕਰਵਾਉਣ ਦੇ ਉਦੇਸ਼ ਨਾਲ, ਸੇਵਾ ਕੇਂਦਰ, ਐਸ. ਡੀ. ਐਮ ਦਫਤਰ ਫਗਵਾੜਾ ਦੇ ਕੰਮਕਾਜ ਦੇ ਸਮੇਂ ਵਿੱਚ ਵਾਧਾ ਕੀਤਾ ਗਿਆ ਹੈ। ਹੁਣ ਇਹ ਸੇਵਾ ਕੇਂਦਰ ਨਵੇਂ ਸਮੇਂ ਅਨੁਸਾਰ ਸਵੇਰੇ 8:00 ਵਜੇ ਤੋਂ ਰਾਤ 8:00 ਵਜੇ ਤੱਕ ਖੁੱਲ੍ਹਾ ਰਹੇਗਾ। ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਦੱਸਿਆ ਕਿ ਇਸ ਫੈਸਲੇ ਨਾਲ ਨਾਗਰਿਕਾਂ ਨੂੰ ਆਪਣੀ ਦਫਤਰੀ ਜਾਂ ਨਿੱਜੀ ਜ਼ਿੰਦਗੀ ਵਿੱਚ ਕਿਸੇ ਵਿਘਨ ਤੋਂ ਬਿਨਾਂ ਆਸਾਨੀ ਨਾਲ ਸਰਕਾਰੀ ਸੇਵਾਵਾਂ ਹਾਸਲ ਕਰਨ ਵਿੱਚ ਮਦਦ ਮਿਲੇਗੀ। ਖਾਸ ਕਰਕੇ ਉਹ ਲੋਕ ਜੋ ਦਿਨ ਭਰ ਦਫਤਰ ਜਾਂ ਕੰਮ ਵਿੱਚ ਵਿਆਸਤ ਰਹਿੰਦੇ ਹਨ, ਉਹ ਹੁਣ ਸ਼ਾਮ ਦੇ ਸਮੇਂ ਵਿਚ ਵੀ ਸੇਵਾਵਾਂ ਲੈ ਸਕਣਗੇ।

18 July Page 9.qxd 7/17/2025 10:42 PM Page 1



## ਮਾਨ ਸਰਕਾਰ ਵੱਲੋਂ ਲਿਆਂਦੀ ਲੈਂਡ ਪੂਲਿੰਗ ਪਾਲਸੀ ਹੈ ਕਿਸਾਨ ਵਿਰੋਧੀ : ਗਿਲਜ਼ੀਆਂ

**ਅੱਡਾ ਸਰਾਂ (ਜਸਵੀਰ ਕਾਜਲ)**- ਪੰਜਾਬ ਸਰਕਾਰ ਵੱਲੋਂ ਲਿਆਂਦੀ ਗਈ ਲੈਂਡ ਪੂਲਿੰਗ ਪਾਲਸੀ ਨੂੰ ਵਾਪਸ ਲੈਣ ਦੀ ਮੰਗ ਕਰਦਿਆਂ ਸਾਬਕਾ ਕੈਬਨਿਟ ਮੰਤਰੀ ਪੰਜਾਬ ਸੰਗਤ ਸਿੰਘ ਗਿਲਜ਼ੀਆਂ ਨੇ ਕਿਹਾ ਕਿ ਇਹ ਕਿਸਾਨ ਵਿਰੋਧੀ ਹੈ ਅਤੇ ਸਰਕਾਰ ਵੱਡੇ ਬਿਲਡਰਾਂ, ਕਾਰਪੋਰੇਟ



ਘਰਾਣਿਆਂ ਨੂੰ ਫਾਇਦਾ ਦੇਣਾ ਚਾਹੁੰਦੀ ਹੈ। ਇਸ ਨਾਲ ਪੰਜਾਬ ਦਾ ਛੋਟਾ ਕਾਰੋਬਾਰੀ ਅਤੇ ਸੂਬੇ ਦੀ ਉਪਜਾਊ ਜ਼ਮੀਨ ਖ਼ਤਮ ਹੋ ਜਾਵੇਗੀ।ਗਿਲਜ਼ੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵੱਖ ਵੱਖ ਵਰਗਾਂ ਨੂੰ ਠੱਗਣ ਤੋਂ ਬਾਅਦ ਹੁਣ ਕਿਸਾਨਾਂ ਨਾਲ ਵੀ ਧੋਖਾਧੜੀ ਸ਼ੁਰੂ ਕਰ ਦਿੱਤੀ ਹੈ। ਸਰਕਾਰ ਹੁਣ ਨਵੀਂ ਲੈਂਡ ਪੂਲਿੰਗ ਨੀਤੀ ਰਾਹੀਂ ਕਿਸਾਨਾਂ ਕੋਲੋਂ ਜ਼ਮੀਨਾਂ ਖੋਹੀਆਂ ਜਾ ਰਹੀਆਂ ਹਨ। ਪੰਜਾਬ ਦੇ ਅੰਨਦਾਤਾ ਨੂੰ ਠੱਗ ਕੇ ਪੂੰਜੀਪਤੀਆਂ ਨੂੰ ਲਾਭ ਪਹੁੰਚਾਉਣ ਦਾ ਯਤਨ ਕਰ ਰਹੀ ਹੈ। ਉਨ੍ਹਾਂ ਆਖਿਆ ਕਿ ਆਪਣੇ ਆਪ ਨੂੰ ਕਿਸਾਨ ਹਿਤੈਸ਼ੀ ਦੱਸਣ ਵਾਲੀ ਮਾਨ ਸਰਕਾਰ ਨੇ ਨਵੀਂ ਲੈਂਡ ਪੂਲਿੰਗ ਨੀਤੀ ਬਣਾਉਣ ਸਮੇਂ ਕਿਸੇ ਵੀ ਕਿਸਾਨ ਦੀ ਸਲਾਹ ਨਹੀਂ ਲਈ ਅਤੇ ਹੁਣ ਇਹ ਨੀਤੀ ਉਨ੍ਹਾਂ 'ਤੇ ਥੋਪੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਨੂੰ ਧਿਆਨ ਵਿਚ ਨਹੀਂ ਰੱਖਿਆ ਗਿਆ ਜੋ ਉਨ੍ਹਾਂ ਨਾਲ ਸਰਾਸਰ ਧੋਖਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਮਾਨ ਸਰਕਾਰ ਦੀ ਇਸ ਨੀਤੀ ਦਾ ਪੁਰਜ਼ੋਰ ਵਿਰੋਧ ਕਰਦੀ ਹੈ ਅਤੇ ਕਿਸਾਨਾਂ ਨਾਲ ਡਟ ਕੇ ਖੜ੍ਹੀ ਹੈ। ਇਸ ਮੌਕੇ ਬਲਾਕ ਪ੍ਰਧਾਨ ਅਵਤਾਰ ਸਿੰਘ ਖੋਖਰ ਵੀ ਉਨ੍ਹਾਂ ਨਾਲ ਮੌਜੂਦ ਸਨ ।

## ਪੰਜਾਬ ਸੰਭਾਲੋ ਮੁਹਿੰਮ ਤਹਿਤ ਬੂਥ ਪੱਧਰ ਤੱਕ ਦਾ ਮਜ਼ਬੂਤ ਸੰਗਠਨ ਬਣਾਇਆ ਜਾਵੇ : ਕਰੀਮਪੁਰੀ

**ਬੰਗਾ (ਅਵਤਾਰ ਕਲੇਰ)** ਬਹੁਜਨ ਸਮਾਜ ਪਾਰਟੀ ਵਿਧਾਨ ਸਭਾ ਹਲਕਾ ਬੰਗਾ ਦੀ ਸਮਿਖਿਆ ਮੀਟਿੰਗ ਬਸਪਾ ਪੰਜਾਬ ਦੇ ਜਨਰਲ ਸਕੱਤਰ ਪ੍ਰਵੀਨ ਬੰਗਾ ਜੋਨ ਇੰਚਾਰਜ ਨਵਾਂ ਸ਼ਹਿਰ ਦੀ ਅਗਵਾਈ ਹੇਠ ਹੋਈ। ਮੀਟਿੰਗ ਵਿੱਚ ਬੰਗਾ ਹਲਕੇ ਦੇ ਨਾਲ ਸਬੰਧਤ ਜ਼ਿਲ੍ਹਾ ਵਿਧਾਨ ਸਭਾ ਸੈਕਟਰ ਲੇਡੀਜ਼ ਵਿੰਗ ਤੇ ਬੀ ਵੀ ਐਫ ਦੀ ਸਮੂਚੀ ਲੀਡਰਸ਼ਿਪ ਨੇ ਸ਼ਮੂਲੀਅਤ ਕੀਤੀ ਮੀਟਿੰਗ ਵਿਚ ਬਜ਼ੁਰਗ ਮੈਰਾਥਨ ਦੌੜਾਕ ਫੌਜਾ ਸਿੰਘ ਮਿਸ਼ਨਰੀ ਆਗੂ ਗੁਰਦਿਆਲ ਦੋਸਾਂਝ ਤੇ ਗੁਰਮੇਲ ਭੱਟੀ ਨੂੰ ਬਹੁਜਨ ਸਮਾਜ ਪਾਰਟੀ ਵਲੋਂ ਸਰਧਾਂਜਲੀ ਭੇਂਟ ਕੀਤੀ। ਮੀਟਿੰਗ ਵਿੱਚ ਸ਼ਾਮਲ ਹੋਏ ਮੁੱਖ ਮਹਿਮਾਨ ਬਸਪਾ ਪੰਜਾਬ ਦੇ ਪ੍ਰਧਾਨ ਡਾ ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਪਾਰਲੀਮੈਂਟ ਨੇ ਬਸਪਾ ਪੰਜਾਬ ਵਲੋਂ ਸ਼ੁਰੂ ਕੀਤੀ ਪੰਜਾਬ ਸੰਭਾਲੋ ਮੁਹਿੰਮ ਨੂੰ ਜਨਤਕ ਅੰਦੋਲਨ ਬਣਾਉਣ ਲਈ ਪੰਜਾਬੀਆਂ ਦੇ ਵਿਹੜੇ ਤੱਕ ਪਹੁਚਾਉਣ ਲਈ ਬੂਥ ਪੱਧਰ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਤੈਅ ਸਮੇਂ ਵਿੱਚ ਹਲਕੇ ਦੀ ਲੀਡਰਸ਼ਿਪ ਨੂੰ ਮੁਕੰਮਲ ਕਰਨ ਨਾਲ ਹੀ 2027 ਵਿਚ ਬਹੁਜਨ ਸਮਾਜ ਨੂੰ ਸੱਤਾ ਦਾ ਭਾਗੀਦਾਰ ਬਣਾਉਣ ਵਿੱਚ ਸਹਿਯੋਗੀ ਹੋਵੇਗਾ। ਡਰੱਗ ਮਾਫੀਆ ਦੇ ਨੈਟਵਰਕ ਅਕਾਲੀ ,ਭਾਜਪਾ, ਕਾਂਗਰਸ ਪਾਰਟੀ ਦੀਆਂ ਸਰਕਾਰਾਂ ਵਿੱਚ ਪੈਦਾ ਹੋਇਆ ਤੇ ਡਰੱਗ ਮਾਫੀਆ ਨੂੰ ਤਿੰਨ ਮਹੀਨੇ ਵਿੱਚ ਖਤਮ ਕਰਨ ਦੀ ਗਰੰਟੀ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਡਰੱਗ ਮਾਫੀਆ ਦੇ ਨੈਟਵਰਕ ਨੂੰ ਖਤਮ 'ਚ ਸਰਕਾਰ ਬੁਰੀ ਤਰ੍ਹਾਂ ਫੇਲ੍ਹ ਹੋ ਚੁੱਕੀ ਹੈ। ਬਸਪਾ ਪੰਜਾਬ ਦੇ ਪ੍ਰਧਾਨ ਡਾ. ਕਰੀਮਪੁਰੀ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350 ਸਾਲਾ ਸਮਾਗਮਾਂ ਵਿੱਚ ਸ਼੍ਰੋਮਣੀ ਗੁਰਦਵਾਰਾ ਪ੍ਰਬੰਧ ਕਮੇਟੀ ਤੇ ਸ਼੍ਰੋਮਣੀ ਅਕਾਲੀ ਦਲ ਵਲੋਂ ਮਨਾਏ ਜਾ ਰਹੇ ਸ਼ਹੀਦੀ ਸਮਾਗਮ ਵਿਚ ਪ੍ਰਧਾਨ ਮੰਤਰੀ ਮੋਦੀ ਨੂੰ ਸ਼ਾਮਲ ਹੋਣ ਲਈ ਸਦਾ ਪੱਤਰ ਦੇਣ ਦੇ ਫੈਸਲੇ ਦਾ ਬਸਪਾ ਵਿਰੋਧ ਕਰਦੀ ਹੈ। ਇਹ ਉਹੀ ਭਾਜਪਾ ਤੇ ਆਰ ਆਰ ਐਸ ਹੈ ਜਿਨ੍ਹਾਂ ਨੇ ਦਿੱਲੀ ਤਾਂ ਹਰਿਆਣਾ ਵਿੱਚ ਵੱਖਰੀਆਂ ਸ਼੍ਰੋਮਣੀ ਗੁਰਦਵਾਰਾ ਪ੍ਰਬੰਧ ਕਮੇਟੀਆਂ ਰਾਹੀਂ ਗੁਰੂ ਘਰਾਂ 'ਤੇ ਕਬਜੇ ਕੀਤੇ ਹਨ। ਇਸ ਮੌਕੇ ਬਸਪਾ ਪੰਜਾਬ ਦੇ ਸਕੱਤਰ ਦਿਲਬਾਗ ਮਹਿੰਦੀਪੁਰ, ਜ਼ਿਲ੍ਹਾ ਪ੍ਰਧਾਨ ਸਰਬਜੀਤ ਜਾਫਰਪੁਰ, ਜ਼ਿਲ੍ਹਾ ਇੰਚਾਰਜ ਮਨੋਹਰ ਕਮਾਮ, ਜ਼ਿਲ੍ਹਾ ਜਨਰਲ ਸਕੱਤਰ ਹਰਬਲਾਸ ਬਸਰਾ, ਹਲਕਾ ਪ੍ਰਧਾਨ ਮਾਸਟਰ ਸਤਪਾਲ ਰਟੈਂਡਾ, ਜ਼ਿਲ੍ਹਾ ਸਕੱਤਰ ਵਿਜੇ ਕੁਮਾਰ ਗੁਣਾਚੌਰ, ਜ਼ਿਲ੍ਹਾ ਸਕੱਤਰ ਸੋਮ ਨਾਥ ਰਟੈਂਡਾ, ਰੂਪ ਲਾਲ ਧੀਰ,ਕੇਹਰ ਚੰਦ ਫਰਾਲਾ, ਜੈ ਪਾਲ ਸੂੰਡਾ, ਚਰਨਜੀਤ ਮੰਢਾਲੀ,ਅਸ਼ੋਕ ਕੁਮਾਰ ਹਲਕਾ ਉਪ ਪ੍ਰਧਾਨ , ਜਸਵੰਤ ਕਟਾਰੀਆ, ਚਰਨਜੀਤ ਸੁਮਨ, ਹਰਜਿੰਦਰ ਜੰਡਿਆਲੀ ਮੈਂਬਰ ਬਲਾਕ ਸੰਮਤੀ,ਧਰਮ ਪਾਲ ਤਲਵੰਡੀ ,ਕੁਲਦੀਪ ਬਹਿਰਾਮ, ਰਵਿੰਦਰ ਮਹਿਮੀ, ਪਰਮਜੀਤ ਕੌਰ ਬਹਿਰਾਮ, ਰਣਜੀਤ ਝਿੰਗੜਾਂ, ਗੁਰਮੁਖ ਨੌਰਧ, ਸੁਰਿੰਦਰ ਸਿੰਘ ਝਿੰਗੜਾਂ, ਰਕੇਸ਼ ਕੁਮਾਰ ਮੇਹਲੀ,ਮਹਿੰਦਰ ਪਾਲ ਬੈਂਸ, ਜੋਗਿੰਦਰ ਸਿੰਘ ਔੜ, ਪਰਕਾਸ਼ ਫਰਾਲਾ, ਜਸਪਾਲ ਉਚਾ,ਹਰਜਿੰਦਰ ਲੱਧੜ,ਪਰਮਜੀਤ ਦੋਸਾਂਝ, ਪਰਮਜੀਤ ਮਹਿਰਮਪੁਰ, ਮਲਕੀਤ ਮੰਢਾਲੀ, ਰਕੇਸ਼ ਕੁਮਾਰ ਕੁਲਥਮ, ਡਾ ਜੱਸੀ, ਦਲਵੀਰ ਬੇਗਮਪੁਰੀ, ਇੰਦਰਜੀਤ ਅਟਾਰੀ, ਅਵਤਾਰ ਹੀਉਂ, ਸੁਰਿੰਦਰ ਮੰਡੇਰਾਂ, ਜਗਤਾਰ ਸਿੰਘ ਚੱਕਰਾਮੂ,ਗੁਰਦਿਆਲ ਚੱਕ ਮੰਡੇਰ ,ਸੋਹਣ ਲਾਲ ਰਟੈਂਡਾ, ਰਮੇਸ਼ ਚੱਕ ਕਲਾਲ ਤੋਂ ਇਲਾਵਾ ਵਰਕਰ ਹਾਜ਼ਰ ਸਨ।



## ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਆਮ ਲੋਕ ਸਹਿਯੋਗ ਦੇਣ : ਡਾ. ਗੌਤਮ

**ਭਲਾਣ (ਹਰਭਜਨ ਚਿੱਲੋਂ)**- ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਨਸ਼ਾ ਜੜ੍ਹ ਤੋਂ ਖ਼ਤਮ ਕਰਨ ਲਈ ਨਸ਼ਾ ਮੁਕਤੀ ਯਾਤਰਾ ਮੁੜ ਤੋਂ ਉਪ ਮੰਡਲ ਨੰਗਲ ਵਿਚ ਸਰਗਰਮੀ ਨਾਲ ਸ਼ੁਰੂ ਹੋ ਗਈ ਹੈ। ਇਸ ਮਿਸ਼ਨ ਤਹਿਤ ਬੋਸਪੁਰ, ਸਹਿਜੋਵਾਲ, ਹਾਜੀਪੁਰ, ਪੱਤੀ



ਦੁਲਚੀ ਅਤੇ ਹਰਸਾਬੇਲਾ ਵਿਖੇ ਕੈਂਪ ਲਗਾਏ ਗਏ। ਡਾ.ਸੰਜੀਵ ਗੌਤਮ ਚੇਅਰਮੈਨ ਗੁਰੂ ਰਵਿਦਾਸ ਆਯੂਰਵੇਦਿਕ ਯੂਨੀਵਰਸਿਟੀ ਤੇ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਰੂਪਨਗਰ ਨੇ ਕਿਹਾ ਕਿ ਹਰਜੋਤ ਸਿੰਘ ਬੈਂਸ ਕੈਬਨਿਟ ਮੰਤਰੀ ਦੀ ਅਗਵਾਈ ਹੇਠ ਸ੍ਰੀ ਅਨੰਦਪੁਰ ਸਾਹਿਬ ਹਲਕੇ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਨਸ਼ਾ ਮੁਕਤੀ ਯਾਤਰਾਂ ਦੀ ਮੁੜ ਸਰਗਰਮੀ ਨਾਲ ਸ਼ੁਰੂਆਤ ਕਰ ਦਿੱਤੀ ਹੈ। ਪਿਛਲੇ ਪੜਾਅ ਅਧੀਨ ਹਲਕੇ ਵਿੱਚ ਇਸ ਨੂੰ ਅਪਾਰ ਸਫਲਤਾ ਮਿਲੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਕੋਹੜ ਨੂੰ ਜੜ੍ਹ ਤੋਂ ਖ਼ਤਮ ਕਰਨ ਲਈ ਸਾਨੂੰ ਸਾਰਿਆਂ ਨੂੰ ਸਾਂਝੇ ਤੌਰ 'ਤੇ ਆਪਣਾ ਯੋਗਦਾਨ ਪਾਉਣਾ ਪਵੇਗਾ। ਸਰਕਾਰ ਸੰਜੀਦਗੀ ਨਾਲ ਕੰਮ ਕਰ ਰਹੀ ਹੈ, ਪ੍ਰੰਤੂ ਇਹ ਮਿਸ਼ਨ ਸਰਕਾਰ ਅਤੇ ਪੁਲਸ ਵਿਭਾਗ ਵੱਲੋਂ ਸਫਲ ਨਹੀਂ ਬਣਾਇਆ ਜਾ ਸਕਦਾ। ਇਸ ਵਿੱਚ ਹਰ ਨਾਗਰਿਕ ਦਾ ਸਹਿਯੋਗ ਬਹੁਤ ਜ਼ਰੂਰੀ ਹੈ।ਇਸ ਮੌਕੇ ਤਹਿਸੀਲਦਾਰ ਜਸਵੀਰ ਸਿੰਘ, ਇਸ਼ਾਨ ਚੌਧਰੀ ਬੀਡੀਪੀਓ, ਰਹਿਤ ਸ਼ਰਮਾ ਇੰਸਪੈਕਟਰ, ਹਿਤੇਸ਼ ਸ਼ਰਮਾ ਦੀਪੂ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਐਡਵੋਕੇਟ ਨਿਸ਼ਾਤ ਗੁਪਤਾ ਜਨੇਸ ਸਕੱਤਰ, ਅਰਚਨਾ ਸ਼ਰਮਾ ਸਰਪੰਚ, ਰਾਜ ਕੁਮਾਰੀ ਪੰਚ, ਬਖਸ਼ੀਸ਼ ਸਿੰਘ ਹਾਜੀਪੁਰ, ਨੀਲਮ ਕੁਮਾਰੀ ਪੰਚ, ਰਾਜੇਸ਼ ਕੁਮਾਰ ਪੰਚ, ਸ਼ਾਮ ਲਾਲ ਪੰਚ, ਸ਼ਿਵ ਕੁਮਾਰ ਪੰਚ, ਬਿਸ਼ਨ ਕੁਮਾਰ, ਅਸਵਨੀ ਕੁਮਾਰ, ਸੀਤਾ ਰਾਮ, ਦਵਿੰਦਰ ਗੋਤਮ, ਜੋਤੀ ਲਾਲ ਗੋਤਮ, ਸੁਰਿੰਦਰ ਕੁਮਾਰ, ਸੰਜੇ ਸਿਨਾ ਸਰਪੰਚ, ਬਿੱਲਾ, ਦੀਪੂ ਸਹਿਜੋਵਾਲ, ਮਨੋਹਰ ਲਾਲ ਨੰਬਰਦਾਰ, ਛੋਟੂ ਰਾਮ, ਰਾਜੀਵ, ਸਰਵਣ ਹਾਜ਼ਰ ਸਨ।

## ਬਾਲ ਭਿਖਿਆ ਰੋਕੂ ਜ਼ਿਲ੍ਹਾ ਟਾਸਕ ਫੋਰਸ ਨੇ ਕੀਤੀ ਚੈਕਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਆਸ਼ਿਕਾ ਜੈਨ ਦੀ ਰਹਿਨੁਮਾਈ ਹੇਠ ਪ੍ਰੋਜੈਕਟ ਜੀਵਨਜੋਤ ਤਹਿਤ ਜਾਰੀ ਗਾਈਡ ਲਾਈਨ ਅਨੁਸਾਰ ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਹਰਪ੍ਰੀਤ ਕੌਰ ਦੀ ਅਗਵਾਈ ਵਿੱਚ ਬਾਲ ਭਿਖਿਆ ਰੋਕੂ ਜ਼ਿਲ੍ਹਾ ਟਾਸਕ ਫੋਰਸ ਵੱਲੋਂ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ ਨਵੀਂ ਸਬਜ਼ੀ ਮੰਡੀ, ਮੰਗੀ ਸਵੀਟ ਸ਼ਾਪ, ਬੰਗਾਲੀ ਸਵੀਟ ਸ਼ਾਪ, ਫਗਵਾੜਾ ਚੌਕ, ਪ੍ਰਭਾਤ ਚੌਕ, ਸ਼ਿਮਲਾ ਪਹਾੜੀ ਚੌਕ, ਹਨੂਮਾਨ ਮੰਦਿਰ, ਸ਼ਨੀ ਮੰਦਿਰ, ਭੰਗੀ ਚੋਅ ਵਿਖੇ ਰੇਡ ਕੀਤੀ ਗਈ। ਇਸ ਰੇਡ ਦੌਰਾਨ 4 ਬੱਚੇ ਬਾਲ ਭਿਖਿਆ ਤੋਂ ਮੁਕਤ ਕਰਵਾਏ ਗਏ ਅਤੇ ਬਾਲ ਭਲਾਈ ਕਮੇਟੀ ਸਾਹਮਣੇ ਪੇਸ਼ ਕੀਤਾ ਗਿਆ। ਬਾਲ ਭਲਾਈ ਕਮੇਟੀ ਵਲੋਂ ਬੱਚਿਆਂ ਦੀ ਕੌਂਸਲਿੰਗ ਕੀਤੀ ਗਈ ਅਤੇ ਬੱਚਿਆਂ ਦੀ ਭਲਾਈ ਨੂੰ ਮੁੱਖ ਰੱਖਦੇ ਹੋਏ ਫੈਸਲਾ ਲਿਆ ਗਿਆ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਨੇ ਆਮ ਜਨਤਾ ਨੂੰ ਇਹ ਅਪੀਲ ਵੀ ਕੀਤੀ ਗਈ ਜੇਕਰ ਤੁਹਾਨੂੰ ਕੋਈ ਬੱਚਾ ਭੀਖ ਮੰਗਦਾ ਜਾਂ ਬਾਲ ਮਜ਼ਦੂਰੀ ਕਰਦਾ ਹੋਇਆ ਮਿਲਦਾ ਹੈ, ਤਾਂ ਉਸ ਦੀ ਸੂਚਨਾ ਬਾਲ ਹੈਲਪਲਾਈਨ 1098 'ਤੇ ਦਿੱਤੀ ਜਾਵੇ ਤਾਂ ਜੋ ਤੁਹਾਡੀ ਇੱਕ ਪਹਿਲ ਕਿਸੇ ਬੱਚੇ ਦੀ ਜ਼ਿੰਦਗੀ ਬਦਲ ਸਕੇ। 0 ਤੋਂ 18 ਸਾਲ ਦੇ ਬੱਚਿਆਂ ਲਈ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਸਕੀਮਾਂ ਬਾਰੇ ਜਾਣਕਾਰੀ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਹੁਸ਼ਿਆਰਪੁਰ ਵਿਖੇ ਜਾਂ ਬਾਲ ਹੈਲਪਲਾਈਨ 1098 'ਤੇ ਫੋਨ ਕਰਕੇ ਲਈ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਇਸ ਤਰ੍ਹਾਂ ਦੀ ਰੇਡਸ ਪਹਿਲਾਂ ਵੀ ਹੋ ਰਹੀਆਂ ਹਨ ਅਤੇ ਇਹ ਲਗਾਤਾਰ ਜਾਰੀ ਰਹਿਣਗੀਆਂ। ਜੇਕਰ ਕੋਈ ਮਾਤਾ ਪਿਤਾ ਬੱਚੇ ਤੋਂ ਬਾਲ ਭਿਖਿਆ ਕਰਵਾਉਂਦਾ ਪਾਇਆ ਗਿਆ, ਤਾਂ ਮਾਤਾ ਪਿਤਾ 'ਤੇ ਵੀ ਕਾਰਵਾਈ ਕੀਤੀ ਜਾਵੇਗੀ। ਬੱਚਿਆਂ ਦੀ ਸੁਰੱਖਿਆ ਅਤੇ ਦੇਖ-ਭਾਲ ਸਬੰਧੀ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਰਾਮ ਕਲੋਨੀ ਕੈਂਪ ਹੁਸ਼ਿਆਰਪੁਰ ਨਾਲ ਤਾਲਮੇਲ ਕੀਤਾ ਜਾ ਸਕਦਾ ਹੈ। ਇਸ ਰੇਡਸ ਵਿੱਚ (ਸੋਸ਼ਲ ਵਰਕਰ) ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਮੋਹਿਤ, ਸਿਟੀ ਥਾਣਾ ਹੁਸ਼ਿਆਰਪੁਰ ਤੋਂ ਐਸ.ਐਚ.ਓ ਕਿਰਨ ਸਿੰਘ, ਕੁਲਦੀਪ ਸਿੰਘ (ਕੌਂਸਲਰ) ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਡਾ. ਸ਼ਾਲਿਨੀ (ਸਿਹਤ ਵਿਭਾਗ) ਅਮਿਤ ਕੁਮਾਰ (ਸਿੱਖਿਆ ਵਿਭਾਗ) ਮੌਜੂਦ ਸਨ। ਬਾਲ ਭਲਾਈ ਕਮੇਟੀ ਵਲੋਂ ਬੱਚਿਆਂ ਦੀ ਕੌਂਸਲਿੰਗ ਕੀਤੀ ਗਈ ਅਤੇ ਬੱਚਿਆਂ ਦੀ ਭਲਾਈ ਨੂੰ ਮੁੱਖ ਰੱਖਦੇ ਹੋਏ ਫੈਸਲਾ ਲਿਆ ਗਿਆ।



## ਮਾਨ ਪਵਿੱਤਰ ਸ਼ਹਿਰ ਐਲਾਨਣ ਤੋਂ ਮੁੱਕਰੇ : ਹਵਾਰਾ ਕਮੇਟੀ




**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**— ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਕੇਜਰੀਵਾਲ 'ਤੇ ਦੋਸ਼ ਲਾਇਆ ਕਿ ਉਹ ਸ੍ਰੀ ਅਨੰਦਪੁਰ ਸਾਹਿਬ ਅਤੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਪਵਿੱਤਰ ਸ਼ਹਿਰ ਐਲਾਨਣ ਦੇ ਕੀਤੇ ਵਾਅਦੇ ਤੋਂ ਮੁੱਕਰ ਗਏ ਹਨ। ਸਾਢੇ ਤਿੰਨ ਸਾਲ ਤੋਂ ਕੁੰਭਕਰਨ ਦੀ ਨੀਂਦ ਵਿੱਚ ਸੁੱਤੀ ਸਰਕਾਰ ਨੂੰ ਜਗਾਉਣ ਲਈ ਪੰਜਾਬ ਵਾਸੀ ਮੀਡੀਆ ਦਾ ਸਹਾਰਾ ਲੈ ਰਹੇ ਹਨ।ਤਖਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਪੱਤਰਕਾਰ ਸੰਮੇਲਨ ਦੌਰਾਨ ਹਵਾਰਾ ਕਮੇਟੀ ਦੇ ਪ੍ਰੋਫੈਸਰ ਬਲਜਿੰਦਰ ਸਿੰਘ, ਬਾਪੂ ਗੁਰਚਰਨ ਸਿੰਘ, ਮਹਾਂਬੀਰ ਸਿੰਘ ਸੁਲਤਾਨਵਿੰਡ, ਜਨਰਲ ਸਬੇਗ ਸਿੰਘ, ਪੰਜ ਸਿੰਘਾਂ 'ਚ ਸਤਨਾਮ ਸਿੰਘ ਖੰਡਾ, ਐਡਵੋਕੇਟ ਜਸਬੀਰ ਸਿੰਘ ਜੰਮੂ ਅਤੇ ਰਘਬੀਰ ਸਿੰਘ ਭੁੱਚਰ ਨੇ ਕਿਹਾ ਜੇਕਰ ਦੋ ਦਹਾਕਿਆਂ ਤੋਂ ਵੱਧ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਸਿੰਘਾ ਦੀ ਰਿਹਾਈ ਅਤੇ ਸ੍ਰੀ ਅਨੰਦਪੁਰ ਸਾਹਿਬ ਤੇ ਸ੍ਰੀ ਅੰਮ੍ਰਿਤਸਰ ਸਾਹਿਬ ਨੂੰ ਪਵਿੱਤਰ ਸ਼ਹਿਰ ਐਲਾਨਣ ਦਾ ਨੋਟੀਫ਼ਿਕੇਸ਼ਨ ਜਾਰੀ ਨਹੀਂ ਹੁੰਦਾ ਤਾਂ ਆਪ ਅਤੇ ਭਾਜਪਾ ਸਰਕਾਰਾਂ ਨੂੰ ਸ਼ਤਾਬਦੀਆਂ ਮਨਾਉਣ ਦਾ ਕੋਈ ਹੱਕ ਨਹੀ । ਉਨ੍ਹਾਂ ਕਿਹਾ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਗੁਰੂ ਤੇਗ ਬਹਾਦਰ ਜੀ ਦਾ ਪ੍ਰਕਾਸ਼ ਹੋਇਆ ਸੀ ਅਤੇ ਉੱਥੇ ਸਥਿਤ ਸ੍ਰੀ ਹਰਿਮੰਦਰ ਸਾਹਿਬ ਸਾਰੀ ਮਨੁੱਖਤਾ ਨੂੰ ਇਲਾਹੀ ਸੰਦੇਸ਼ ਦੇਂਦਾ ਹੈ ਜਿਸ ਵੱਲ ਸਰਕਾਰ ਦਾ ਧਿਆਨ ਨਹੀਂ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਦੇ ਵੋਟਰ ਆਪ ਨੂੰ 92 ਸੀਟਾਂ ਜਿਤਾਉਣ ਦੇ ਬਾਅਦ ਠੱਗਿਆ ਮਹਿਸੂਸ ਕਰ ਰਹੇ ਹਨ।

## ਸਕੂਲ 'ਚ ਰੈੱਡ ਡੇ ਮਨਾਇਆ

**ਕਰਤਾਰਪੁਰ (ਹਰਮੇਸ਼ ਦੱਤ)** ਕਰਤਾਰਪੁਰ ਸੰਤ ਬਾਬਾ ਨਿਧਾਨ ਸਿੰਘ ਜੀ ਪਬਲਿਕ ਸਕੂਲ ਵਿੱਚ ਲਾਲ ਦਿਵਸ ਮਨਾਇਆ ਗਿਆ। ਲਾਲ ਰੰਗ ਖੁਸ਼ੀ, ਪਿਆਰ ਅਤੇ ਉਤਸ਼ਾਹ ਦਾ ਪ੍ਰਤੀਕ ਹੈ। ਸਕੂਲ ਦੇ ਪ੍ਰੀ-ਵਿੰਗ ਦੇ ਬੱਚਿਆਂ ਨੇ ਲਾਲ ਕੱਪੜੇ ਪਾ ਕੇ, ਲਾਲ ਰੰਗ ਦਾ ਭੋਜਨ ਅਤੇ ਫਲ ਲਿਆ ਕੇ ਲਾਲ ਦਿਵਸ ਮਨਾਇਆ। ਬੱਚਿਆਂ ਨੇ ਇੱਕ ਤਰ੍ਹਾਂ ਦੇ ਲਾਲ ਰੰਗ ਦੇ ਕੱਪੜੇ ਪਾਏ ਅਤੇ ਕਵਿਤਾਵਾਂ ਸੁਣਾਈਆਂ, ਵੱਖ-ਵੱਖ ਮੁਕਾਬਲਿਆਂ ਵਿੱਚ ਹਿੱਸਾ ਲਿਆ ਅਤੇ ਬਹੁਤ ਮਸਤੀ ਕੀਤੀ। ਪ੍ਰਿੰਸੀਪਲ ਮੈਡਮ ਸ਼੍ਰੀਮਤੀ ਕਮਲਜੀਤ ਕੌਰ ਨੇ ਬੱਚਿਆਂ ਨਾਲ ਤਸਵੀਰਾਂ ਖਿਚਵਾਉਣ ਦਾ ਆਨੰਦ ਮਾਣਿਆ।



## ਖਾਲਸਾ ਕਾਲਜ ਦੇ ਆਈ.ਟੀ ਤੇ ਕੰਪਿਊਟਰ ਵਿਭਾਗ ਦਾ ਨਤੀਜਾ ਰਿਹਾ ਸ਼ਾਨਦਾਰ

**ਸੁਲਤਾਨਪੁਰ ਲੋਧੀ (ਹਨੀ)** ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਆਈ ਟੀ ਅਤੇ ਕੰਪਿਊਟਰ ਵਿਭਾਗ ਬੀ ਸੀ ਏ ਛੇਵੇਂ ਸਮੈਸਟਰ ਦੇ ਨਤੀਜੇ 'ਚ ਗੁਰੂ ਨਾਨਕ



ਖਾਲਸਾ ਕਾਲਜ ਦਾ ਨਤੀਜਾ ਸ਼ਾਨਦਾਰ ਰਿਹਾ । ਇਸ ਦੌਰਾਨ ਆਈ.ਟੀ ਅਤੇ ਕੰਪਿਊਟਰ ਵਿਭਾਗ ਦੇ ਮੁਖੀ ਪ੍ਰੋਫੈਸਰ ਰਾਜਪ੍ਰੀਤ ਕੌਰ ਨੇ ਦੱਸਿਆ ਕਿ ਵਿਦਿਆਰਥਣ ਮਹਿਕਪ੍ਰੀਤ ਕੌਰ ਸਪੁੱਤਰੀ ਪਰਮਜੀਤ ਸਿੰਘ ਨੇ 72 ਫੀਸਦੀ ਅੰਕ ਹਾਸਲ ਕਰਕੇ ਕਾਲਜ ਵਿੱਚੋਂ ਪਹਿਲਾ ਸਥਾਨ ਅਤੇ ਅਰਜੁਨ ਸਿੰਘ ਸਪੁੱਤਰ ਸਤਪਾਲ ਸਿੰਘ ਨੇ 71 ਫੀਸਦੀ ਅੰਕਾਂ ਨਾਲ ਦੂਜਾ ਅਤੇ ਤਾਨੀਆ ਹੰਸ ਸਪੁੱਤਰੀ ਸਰਵਣ ਸਿੰਘ ਨੇ 70.5 ਫੀਸਦੀ ਅੰਕਾਂ ਨਾਲ ਕਾਲਜ ਵਿੱਚੋਂ ਤੀਜਾ ਸਥਾਨ ਹਾਸਲ ਕੀਤਾ । ਕਾਲਜ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਇੰਜੀਨੀਅਰ ਸਵਰਨ ਸਿੰਘ, ਕਾਲਜ ਦੇ ਸਕੱਤਰ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਇੰਜੀਨੀਅਰ ਹਰਨਿਆਮਤ ਕੌਰ, ਇੰਜੀਨੀਅਰ ਨਿਮਰਤਾ ਕੌਰ ਅਤੇ ਕਾਰਜਕਾਰੀ ਪ੍ਰਿੰਸੀਪਲ ਜਸਬੀਰ ਕੌਰ ਨੇ ਵਿਦਿਆਰਥੀਆਂ, ਉਨਾਂ ਦੇ ਮਾਪਿਆਂ ਅਤੇ ਸਟਾਫ਼ ਮੈਂਬਰਾਂ ਨੂੰ ਵਧਾਈ ਦਿੱਤੀ।

## ਡਿਪਟੀ ਕਮਿਸ਼ਨਰ ਨੇ ਫੌਜਾ ਸਿੰਘ ਦੇ ਦੇਹਾਂਤ 'ਤੇ ਸਾਂਝਾ ਕੀਤਾ ਦੁੱਖ

**ਜਲੰਧਰ (ਸ਼ੈਲੀ ਐਲਬਰਟ)**— ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਜਲੰਧਰ ਜ਼ਿਲ੍ਹੇ ਦੇ ਬਿਆਸ ਪਿੰਡ ਵਿੱਚ ਵਿਸ਼ਵ ਪ੍ਰਸਿੱਧ ਦੌੜਾਕ ਫੌਜਾ ਸਿੰਘ ਦੇ ਘਰ ਜਾ ਕੇ ਉਹਨਾਂ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ। ਉਨ੍ਹਾਂ ਦੁਖੀ ਪਰਵਾਰ ਨਾਲ ਮੁਲਾਕਾਤ ਕੀਤੀ ਅਤੇ ਉਹਨਾਂ ਨੂੰ ਦਿਲਾਸਾ ਦਿੱਤਾ। ਉਨ੍ਹਾਂ ਕਿਹਾ ਕਿ ਇਸ ਦੁੱਖ ਦੀ ਘੜੀ ਵਿਚ ਜ਼ਿਲ੍ਹਾ ਪ੍ਰਸ਼ਾਸ਼ਨ ਪਰਵਾਰ ਦੇ ਨਾਲ ਖੜ੍ਹਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ 114 ਸਾਲਾ ਦੌੜਾਕ ਫੌਜਾ ਸਿੰਘ ਦੇ ਜਾਣ ਨਾਲ ਨਾ ਸਿਰਫ਼ ਪੰਜਾਬ ਸਗੋਂ ਵਿਦੇਸ਼ਾਂ ਵਿੱਚ ਰਹਿਣ ਵਾਲੇ ਹਰ ਪੰਜਾਬੀ ਦੀਆਂ ਅੱਖਾਂ ਨਮ ਹਨ। ਉਨ੍ਹਾਂ ਕਿਹਾ ਕਿ ਜਲੰਧਰ ਦਿਹਾਤੀ ਪੁਲਸ ਵਲੋਂ ਤੇਜ਼ੀ ਨਾਲ ਕਾਰਵਾਈ ਕਰਦਿਆਂ ਸੜਕ ਹਾਦਸੇ ਦੌਰਾਨ ਟੱਕਰ ਮਾਰਨ ਵਾਲੇ ਚਾਲਕ ਨੂੰ ਗੱਡੀ ਸਮੇਤ ਗ੍ਰਿਫਤਾਰ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਚਾਲਕ 'ਤੇ ਕਾਨੂੰਨ ਮੁਤਾਬਕ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਫੌਜਾ ਸਿੰਘ ਦੇ ਜਾਣ ਨਾਲ ਪਰਵਾਰ ਨੂੰ ਜੋ ਘਾਟਾ ਪਿਆ ਹੈ, ਉਸ ਦੀ ਭਰਪਾਈ ਕਦੇ ਨਹੀਂ ਹੋ ਸਕਦੀ। ਉਨ੍ਹਾਂ ਭਰੋਸਾ ਦਿਵਾਇਆ ਕਿ ਜ਼ਿਲ੍ਹਾ ਪ੍ਰਸ਼ਾਸ਼ਨ ਹਮੇਸ਼ਾ ਪਰਵਾਰ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹਾ ਰਹੇਗਾ।



## ਚੈੱਸ ਮੁਕਾਬਲੇ 'ਚ ਗੁਰੂ ਹਰਕ੍ਰਿਸ਼ਨ ਸਕੂਲ ਦਾ ਸ਼ਾਨਦਾਰ ਪ੍ਰਦਰਸ਼ਨ



**ਕਪੂਰਥਲਾ (ਹਨੀ)** ਗੁਰੂ ਅਮਰਦਾਸ ਪਬਲਿਕ ਸਕੂਲ ਕਪੂਰਥਲਾ ਵਿਖੇ ਸਹੋਦਿਆ ਅੰਤਰ ਸਕੂਲ ਚੈੱਸ ਮੁਕਾਬਲੇ ਕਰਵਾਏ ਗਏ । ਜਿਸ ਵਿੱਚ ਇਲਾਕੇ ਦੇ ਬਹੁਤ ਸਾਰੇ ਸਕੂਲਾਂ ਨੇ ਭਾਗ ਲਿਆ । ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਸਾਹਮਣੇ ਰੇਲ ਕੋਚ ਫੈਕਟਰੀ ਕਪੂਰਥਲਾ ਦੇ ਸਾਇੰਸ ਦੇ ਵਿਦਿਆਰਥੀ ਮਨਵੀਰ ਸਿੰਘ ਅਤੇ ਨਿਤੀਸ਼ ਜੋਇਆ ਨੇ ਵੀ ਮੁਕਾਬਲੇ ਵਿਚ ਭਾਗ ਲਿਆ ਅਤੇ ਕੌਂਸਲੇਸ਼ਨ ਪ੍ਰਾਈਜ ਹਾਸਲ ਕੀਤਾ । ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਡਾਇਰੈਕਟਰ ਸਕੂਲ ਇੰਜੀਨੀਅਰ ਹਰਨਿਆਮਤ ਕੌਰ, ਪ੍ਰਸ਼ਾਸਕ ਇੰਜੀਨੀਅਰ ਨਿਮਰਤਾ ਕੌਰ ਅਤੇ ਪ੍ਰਿੰਸੀਪਲ ਪ੍ਰਬਦੀਪ ਕੌਰ ਮੋਂਗਾ ਨੇ ਇਸ ਉਪਲਬਧੀ 'ਤੇ ਉਨ੍ਹਾਂ ਦੀ ਹੌਸਲਾ ਅਫਜਾਈ ਕੀਤੀ।



## ਮੰਗੂਪੁਰ ਦੀ ਅਗਵਾਈ 'ਚ ਕਾਂਗਰਸ ਪਾਰਟੀ ਹੋ ਰਹੀ ਮਜ਼ਬੂਤ

**ਬਲਾਚੌਰ (ਜਸਵਿੰਦਰ ਬੈਂਸ)**- ਸ਼ਹੀਦ ਭਗਤ ਸਿੰਘ ਨਗਰ ਤੋਂ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਦੀ ਅਗਵਾਈ 'ਚ ਕਾਂਗਰਸ ਪਾਰਟੀ ਨੇ ਨਵੇਂ ਵਰਕਰਾਂ ਅਤੇ ਆਗੂਆਂ ਨੂੰ ਸ਼ਾਮਲ ਕਰਕੇ ਪਾਰਟੀ ਦੀਆਂ ਜੜ੍ਹਾਂ ਨੂੰ ਵਧੇਰੇ ਮਜ਼ਬੂਤ ਕੀਤਾ ਹੈ। ਲੋਕ ਆਮ ਆਦਮੀ ਪਾਰਟੀ ਤੇ ਹੋਰ ਪਾਰਟੀਆਂ ਨੂੰ ਦਰ ਕਿਨਾਰ ਕਰ ਕਾਂਗਰਸ ਉੱਤੇ ਵਿਸ਼ਵਾਸ ਜਤਾ ਰਹੇ ਹਨ। ਬੀਤੇ ਦਿਨੀ ਸ਼ਹਿਰ ਬਲਾਚੌਰ ਦੇ ਵਾਰਡ ਨੰ-1 ਅਤੇ ਵਾਰਡ ਨੰ-2 ਤੋਂ ਹਰਪ੍ਰੀਤ ਹੈਰੀ ਅਤੇ ਰਾਣੀ ਵਿਜੇ ਆਪਣੇ ਸਾਥੀਆਂ ਜਸਪਾਲ ਕਾਲਾ, ਰਜਨੀ, ਮੀਨਾ ਕੁਮਾਰੀ, ਨਿਰਮਲਾ ਨਿੰਮੋ, ਬਲਜਿੰਦਰ, ਲਵਲੀ, ਬਲਵੀਰ, ਆਸ਼ੀ, ਮਨਜਿੰਦਰ ਕੌਰ, ਸੋਨੀ, ਕੁਲਦੀਪ ਕੌਰ, ਸੋਨੀਆ ਸ਼ਰਮਾ, ਸਾਗਰ ਜਨਾਗਲ, ਨੀਲਮ ਰਾਣੀ, ਨੀਲਮ ਰਾਣੀ, ਮੱਲਿਕਾ ਕੌਰ, ਪ੍ਰਦੀਪ, ਭਜਨ ਕੌਰ, ਕਮਲੇਸ਼, ਚਰਨਜੀਤ, ਅਵਤਾਰ ਸਿੰਘ, ਕੁਲਵਿੰਦਰ, ਏਕਤਾ, ਜੀਤੋ ਰਾਣੀ ਹਰਮਨਜੀਤ ਰਾਣਾਂ, ਜਸਵੀਰ ਆਦਿ ਪਰਵਾਰਾਂ ਸਮੇਤ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ।ਮੰਗੂਪੁਰ ਨੇ ਕਿਹਾ ਕਿ ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਨੂੰ ਬਣਦਾ ਮਾਣ-ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ, ਧਰਮਪਾਲ ਚੇਅਰਮੈਨ ਬਲਾਕ ਸੰਮਤੀ ਬਲਾਚੌਰ, ਰਾਜਿੰਦਰ ਸਿੰਘ ਸ਼ਿੰਦੀ ਦਫ਼ਤਰ ਸਕੱਤਰ ਡੀ.ਸੀ.ਸੀ., ਚਮਨ ਲਾਲ ਭੂੰਬਲਾ ਰਿਟਾਇਰਡ ਡੀ.ਐਸ.ਪੀ., ਮੋਹਿੰਦਰ ਪਾਲ ਸੀਨੀਅਰ ਮੀਤ ਪ੍ਰਧਾਨ ਬੀ.ਸੀ.ਸੀ., ਆਤਮਾ ਰਾਮ ਸੀਨੀਅਰ ਆਗੂ, ਨਰੇਸ਼ ਚੇਚੀ ਕੌਂਸਲਰ, ਲਾਲ ਬਹਾਦੁਰ ਗਾਂਧੀ ਸਾਬਕਾ ਕੌਂਸਲਰ, ਯਸ਼ਪਾਲ ਸ਼ਰਮਾ ਸੀਨੀਅਰ ਆਗੂ, ਪਾਨੀ ਕੁਮਾਰ ਕੌਂਸਲਰ, ਸੋਮਨਾਥ ਤੱਕਲਾ ਮੀਤ ਪ੍ਰਧਾਨ ਸ਼ਹਿਰੀ, ਪਵਨ ਕੁਮਾਰ ਪੱਪੂ ਆਦਿ ਕਾਂਗਰਸੀ ਵਰਕਰ ਹਾਜ਼ਰ ਸਨ।

## ਨਸ਼ਾ ਨੌਜਵਾਨਾਂ ਨੂੰ ਅੰਦਰੋਂ ਖੋਖਲਾ ਕਰ ਰਿਹੈ : ਡਾ. ਚੱਬੇਵਾਲ

**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)** ਹੁਸ਼ਿਆਰਪੁਰ ਤੋਂ ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਨੇ ਪਿੰਡ ਮੋਤੀਆਂ ਵਿੱਚ ਇੱਕ ਵਿਸ਼ੇਸ਼ ਜਨ ਸਭਾ ਨੂੰ ਸੰਬੋਧਨ ਕਰਦਿਆਂ ਨਸ਼ੇ ਦੇ ਖਿਲਾਫ ਜੰਗ ਦਾ ਐਲਾਨ ਕੀਤਾ। ਇਸ ਜਨ ਸਭਾ ਵਿੱਚ ਸੈਂਕੜੇ ਪਿੰਡ ਵਾਸੀਆਂ, ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਨੇ ਭਾਗ ਲਿਆ। ਡਾ. ਚੱਬੇਵਾਲ ਨੇ ਸਾਫ ਸ਼ਬਦਾਂ ਵਿੱਚ ਕਿਹਾ ਕਿ ਜੇ ਅਸੀਂ ਅਗਲੀ ਪੀੜ੍ਹੀ ਨੂੰ ਸੁਰੱਖਿਅਤ ਅਤੇ ਸਸ਼ਕਤ ਬਣਾਉਣਾ ਚਾਹੁੰਦੇ ਹਾਂ ਤਾਂ ਨਸ਼ੇ ਵਰਗੀਆਂ ਬੁਰਾਈਆਂ ਨੂੰ ਜੜ੍ਹ ਤੋਂ ਖਤਮ ਕਰਨਾ ਹੋਵੇਗਾ।ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀ ਧਰਤੀ ਸੰਤਾਂ ਤੇ ਗੁਰੂਆਂ ਦੀ ਧਰਤੀ ਹੈ, ਪਰ ਅੱਜ ਇਹ ਧਰਤੀ ਨਸ਼ੇ ਦੀ ਮਾਰ ਝੱਲ ਰਹੀ ਹੈ। ਨਸ਼ਾ ਨੌਜਵਾਨਾਂ ਨੂੰ ਅੰਦਰੋਂ ਖੋਖਲਾ ਕਰ ਰਿਹਾ ਹੈ, ਪਰਵਾਰਾਂ ਨੂੰ ਤਬਾਹ ਕਰ ਰਿਹਾ ਹੈ ਅਤੇ ਸਮਾਜ ਵਿੱਚ ਅਸ਼ਾਂਤੀ ਫੈਲਾ ਰਿਹਾ ਹੈ। ਇਸੀ ਲਈ ਉਨ੍ਹਾਂ ਨੇ ਪਿੰਡ ਮੋਤੀਆਂ ਤੋਂ ਨਸ਼ੇ ਦੇ ਖਿਲਾਫ ਇਸ ਜਨ ਜਾਗਰੂਕਤਾ ਅਭਿਆਨ ਦੀ ਸ਼ੁਰੂਆਤ ਕੀਤੀ ਹੈ, ਜਿਸਨੂੰ ਹਰ ਪਿੰਡ, ਹਰ ਗਲੀ ਤੱਕ ਪਹੁੰਚਾਇਆ ਜਾਵੇਗਾ।ਲੋਕ ਸਭਾ ਮੈਂਬਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇੱਕ ਪਿੰਡ, ਇੱਕ ਸੰਕਲਪ ਨਸ਼ਾ ਮੁਕਤ ਪਿੰਡ ਦਾ ਪ੍ਰਣ ਲੈਣ। ਉਨ੍ਹਾਂ ਨੇ ਇਹ ਵੀ ਕਿਹਾ ਕਿ ਨਸ਼ਾ ਵੇਚਣ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ ਅਤੇ ਪ੍ਰਸ਼ਾਸਨ ਨੂੰ ਸਾਫ ਨਿਰਦੇਸ਼ ਦਿੱਤੇ ਜਾ ਚੁੱਕੇ ਹਨ ਕਿ ਐਸੇ ਤੱਤਾਂ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇ। ਡਾ. ਚੱਬੇਵਾਲ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਖੇਡਾਂ, ਸਿੱਖਿਆ ਅਤੇ ਸਵੈਰੋਜ਼ਗਾਰ ਵੱਲ ਧਿਆਨ ਦੇਣ। ਉਨ੍ਹਾਂ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਯੋਜਨਾਵਾਂ ਬਾਰੇ ਵੀ ਜਾਣਕਾਰੀ ਦਿੱਤੀ ਤਾਂ ਜੋ ਨੌਜਵਾਨ ਆਪਣੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਗਾ ਸਕਣ। ਸਭਾ ਵਿੱਚ ਪਿੰਡ ਦੇ ਸਰਪੰਚ, ਪੰਚ ਅਤੇ ਹੋਰ ਮਾਣਯੋਗ ਵਿਅਕਤੀਆਂ ਨੇ ਵੀ ਨਸ਼ੇ ਦੇ ਖਿਲਾਫ ਲੜਾਈ ਵਿੱਚ ਪੂਰਾ ਸਾਥ ਦੇਣ ਦਾ ਭਰੋਸਾ ਦਿੱਤਾ। ਪਿੰਡ ਵਾਸੀਆਂ ਨੇ ਵੀ ਇਕੱਠੇ ਹੋ ਕੇ ਇਹ ਸੰਕਲਪ ਲਿਆ ਕਿ ਉਹ ਆਪਣੇ ਪਿੰਡ ਵਿੱਚ ਨਸ਼ੇ ਨੂੰ ਕਦੇ ਵੀ ਪੈਰ ਨਹੀਂ ਪਸਾਰਣ ਦੇਣਗੇ।



## ਹਰਿਆਣਾ ਕੈਬਨਿਟ ਦੀ ਮੀਟਿੰਗ ਪਹਿਲੀ ਨੂੰ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਕੈਬਨਿਟ ਦੀ ਮੀਟਿੰਗ 1 ਅਗਸਤ ਨੂੰ ਸਵੇਰੇ 11 ਵਜੇ ਹਰਿਆਣਾ ਸਿਵਿਲ ਸਕੱਤਰੇਤ ਚੰਡੀਗੜ੍ਹ ਦੀ ਚੌਥੀ ਮੰਜਲ ਦੇ ਮੁੱਖ ਮੀਟਿੰਗ ਹਾਲ ਵਿੱਚ ਹੋਵੇਗੀ।

## ਪੀਰ ਬਾਬਾ ਲਾਭੇ ਸ਼ਾਹ ਈਦਗਾਹ ਵਿਖੇ ਸਾਲਾਨਾ ਜੋੜ ਮੇਲੇ ਸੰਬੰਧੀ ਪੋਸਟਰ ਰਿਲੀਜ਼



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਦੋਆਬੇ ਇਲਾਕੇ ਦੇ ਪ੍ਰਸਿੱਧ ਪਿੰਡ ਖਨੌੜਾ ਦਰਗਾਹ ਪੀਰ ਬਾਬਾ ਲਾਭੇ ਸ਼ਾਹ (ਈਦਗਾਹ) ਵਿਖੇ ਪੀਰ ਬਾਬਾ ਲਾਂਭੇ ਸ਼ਾਹ ਦੀ ਯਾਦ ਵਿੱਚ ਸਾਲਾਨਾ ਜੋੜ ਮੇਲਾ 25 ਜੁਲਾਈ ਨੂੰ ਮੁੱਖ ਸੇਵਾਦਾਰ ਜਸਵੰਤ ਸਿੰਘ ਜੱਸਾ ਦੀ ਅਗਵਾਈ ਹੇਠ ਕਰਵਾਇਆ ਜਾ ਰਿਹਾ ਹੈ। 23 ਜੁਲਾਈ ਨੂੰ ਮਹਿੰਦੀ ਦੀ ਰਸਮ ਹੋਵੇਗੀ। ਉਪਰੰਤ ਲਖਵੀਰ ਜੋਗੀ ਖੰਨੌੜਾ ਪੀਰਾਂ ਦੀ ਮਹਿਮਾ ਦਾ ਗੁਣਗਾਨ ਕਰਨਗੇ। 24 ਜੁਲਾਈ ਨੂੰ ਚਾਦਰ ਅਤੇ ਚਿਰਾਗਾਂ ਦੀ ਰਸਮ ਹੋਵੇਗੀ ਉਪਰੰਤ ਰਾਤ ਨੂੰ ਅਸ਼ੀਸ਼ ਗਿੱਲ, ਬੰਟੀ ਕਵਾਲ ਹਾਜ਼ਰੀ ਭਰਨਗੇ। 25 ਜੁਲਾਈ ਨੂੰ ਸਵੇਰੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਜਾਵੇਗੀ।ਇੰਟਰਨੈਸ਼ਨਲ ਕਲਾਕਾਰ ਚਰਨ ਖੈੜੀਆ, ਰਾਜਨਦੀਪ ਭਟੋਏ, ਹਰਮਨ ਜਰਮਨ, ਇੰਟਰਨੈਸ਼ਨਲ ਸੂਫ਼ੀ ਗਾਇਕ ਕਾਸ਼ੀ ਨਾਥ ਪੀਰਾਂ ਦੀ ਮਹਿਫ਼ਿਲ ਸਜਾਉਣਗੇ। ਸਟੇਜ ਸਕੱਤਰ ਦੀ ਸੇਵਾ ਮੋਤਾ ਸਿੰਘ ਮਸਤਾਨਾ ਮੇਹਟੀਆਣਾ ਵੱਲੋਂ ਨਿਭਾਈ ਜਾਵੇਗੀ। 25 ਜੁਲਾਈ ਨੂੰ ਡਾਕਟਰ ਪਰਮਿੰਦਰ ਸੂਦ (ਐਮ ਡੀ)ਐਸ ਜੀ ਆਰ ਹਸਪਤਾਲ ਕੋਟ ਫਤੂਹੀ ਵੱਲੋਂ ਮੁਫ਼ਤ ਮੈਡੀਕਲ ਕੈਂਪ ਲਗਾਇਆ ਜਾ ਰਿਹਾ ਹੈ ਅਤੇ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਡਰੋਲੀ ਕਲਾਂ ਵੱਲੋਂ 46 ਵਾਂ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ। ਇਸ ਮੌਕੇ ਮੁੱਖ ਸੇਵਾਦਾਰ ਜਸਵੰਤ ਸਿੰਘ ਜੱਸਾ, ਬੀਬੀ ਗੁਰ ਪਿਆਰੀ, ਸਾਈ ਸੋਨੂ ਸ਼ਾਹ, ਮੋਤਾ ਸਿੰਘ ਮਸਤਾਨਾ, ਬਿੱਟੂ, ਧਰਮਪਾਲ, ਤਰਨਦੀਪ, ਕਿਰਤ ਕੁਮਾਰ, ਗੁਰਪ੍ਰੀਤ ਸਿੰਘ, ਰਿੱਕੀ ਗਿੱਲ, ਅਮਰਜੀਤ, ਹਰਮੇਸ਼ ਲਾਲ, ਸਾਗਰ, ਦੀਪ, ਸੁੱਖਾ, ਰਵੀ ਭੱਟੀ, ਕੁਲਵੰਤ ਰਾਮ ਆਦਿ ਹਾਜ਼ਰ ਸਨ।

## ਸੇਫ ਸਕੂਲ ਵਾਹਨ ਪਾਲਿਸੀ ਤਹਿਤ ਤਿੰਨ ਸਕੂਲਾਂ ਦੀਆਂ ਬੱਸਾਂ ਦੀ ਕੀਤੀ ਚੈਕਿੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹੇ ਅੰਦਰ ਬਣੀ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਬਣੀ ਕਮੇਟੀ ਡਿਪਟੀ ਕਮਿਸ਼ਨਰ, ਸੀਨੀਅਰ ਪੁਲਸ ਕਪਤਾਨ ਅਤੇ ਰਿਜਨਲ ਟਰਾਂਸਪੋਰਟ ਅਫ਼ਸਰ ਹੁਸ਼ਿਆਰਪੁਰ ਦੀ ਰਹਿਨੁਮਾਈ ਹੇਠ ਰਿਜ਼ਨਲ ਟਰਾਂਸਪੋਰਟ ਅਤੇ ਸਹਾਇਕ ਟਰਾਂਸਪੋਰਟ



ਅਫ਼ਸਰ ਵਲੋਂ 3 ਸਕੂਲਾਂ ਦੀਆਂ 25 ਤੋਂ 30 ਬੱਸਾਂ ਦੀ ਚੈਕਿੰਗ ਕੀਤੀ ਗਈ।ਰਿਜ਼ਨਲ ਟਰਾਂਸਪੋਰਟ ਅਫ਼ਸਰ ਰਵਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਇਸ ਸਖ਼ਤ ਚੈਕਿੰਗ ਦੌਰਾਨ ਸੇਫ ਸਕੂਲ ਵਾਹਨ ਸਕੀਮ ਅਧੀਨ ਕੀਤੀਆਂ ਹਦਾਇਤਾਂ ਦੀ ਉਲੰਘਣਾ ਕਰਨ ਵੀਆਂ 3 ਬੱਸਾਂ ਦੇ ਚਲਾਨ ਕੀਤੇ ਗਏ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਅੰਦਰ ਪੈਂਦੇ ਸਮੂਹ ਸਕੂਲਾਂ ਦੇ ਪ੍ਰਿੰਸੀਪਲਾਂ ਨੂੰ ਵੀ ਅਪੀਲ ਕੀਤੀ ਗਈ ਕਿ ਉਨ੍ਹਾਂ ਦੇ ਸਕੂਲਾਂ ਨਾਲ ਸਬੰਧਤ ਸਕੂਲੀ ਬੱਸਾਂ ਦੇ ਮਾਲਕਾਂ ਨੂੰ ਸਖ਼ਤ ਹਦਾਇਤ ਕੀਤੀ ਜਾਵੇ ਕਿ ਬੱਸਾਂ ਸਬੰਧੀ ਸਾਰੀਆਂ ਲੋੜਾਂ, ਫਿਟਨੈਸ, ਪ੍ਰਦੂਸ਼ਨ ਸਰਟੀਫਿਕੇਟ, ਇੰਸ਼ੋਰੈਂਸ ਆਦਿ ਸਮੇਂ ਸਿਰ ਸੇਫ ਸਕੂਲ ਵਾਹਨ ਸਕੀਮ 2013 ਤਹਿਤ ਪੂਰੀਆਂ ਕਰਵਾਉਣ ਅਤੇ ਇਸ ਸਬੰਧੀ ਲੋੜੀਂਦੇ ਦਸਤਾਵੇਜ ਪੂਰੇ ਰੱਖਣ। ਇਸ ਦੇ ਨਾਲ ਹੀ ਇਹ ਵੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਕਿ ਸਕੂਲ ਦੇ ਪ੍ਰਿੰਸੀਪਲ ਵੀ ਸਕੂਲੀ ਬੱਸਾਂ ਦੇ ਕਾਗਜਾਤ ਪੂਰੇ ਕਰਵਾਉਣ ਲਈ ਅਤੇ ਪੰਜਾਬ ਸਰਕਾਰ ਵਲੋਂ ਜਾਰੀ ਕੀਤੀ ਗਈ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣ ਕਰਵਾਉਣ ਲਈ ਜ਼ਿੰਮੇਵਾਰ ਹੋਣਗੇ। ਜੇਕਰ ਕਿਸੇ ਵੀ ਸਕੂਲ ਵਲੋਂ ਪੰਜਾਬ ਸਰਕਾਰ ਵਲੋਂ ਜਾਰੀ ਕੀਤੀ ਗਈ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਦੀ ਉਲੰਘਣਾ ਕੀਤੀ ਜਾਂਦੀ ਹੈ, ਤਾਂ ਉਸ ਸਕੂਲ ਦੇ ਖਿਲਾਫ ਹਦਾਇਤਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਸਕੂਲ ਬੱਚਿਆਂ ਦੀ ਸੁਰੱਖਿਆ ਸਰਕਾਰ ਦੀ ਪਰਮ ਤਰਜ਼ੀਹ ਹੈ।

## ਲਿੰਕ ਰੋਡ ਦਾ ਨਾਂਅ ਬਦਲ ਕੇ ਕੀਤਾ 'ਸ਼੍ਰੋਮਣੀ ਸੰਤ ਦਲੇਲ ਸਿੰਘ ਜੀ ਮਹਾਰਾਜ ਮਾਰਗ'

**ਫਗਵਾੜਾ (ਡਾ. ਰਮਨ, ਢੱਡਾ)** ਪੰਜਾਬ ਦੀ ਭਗਵੰਤ ਮਾਨ ਸਰਕਾਰ ਵਲੋਂ ਫਗਵਾੜਾ ਦੇ ਜੀ.ਟੀ. ਰੋਡ ਤੋਂ ਵਾਇਆ ਪੰਡਵਾ ਜਗਤਪੁਰ ਜੱਟਾਂ ਨੂੰ ਜਾਣ ਵਾਲੀ ਲਿੰਕ ਰੋਡ ਦਾ ਨਾਂਅ 'ਸ਼੍ਰੋਮਣੀ ਸੰਤ ਦਲੇਲ ਸਿੰਘ ਜੀ ਮਹਾਰਾਜ ਮਾਰਗ' ਰੱਖਣ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਸਬੰਧੀ



ਸਰਕਾਰ ਵਲੋਂ ਜਾਰੀ ਕੀਤਾ ਗਿਆ ਮਨਜ਼ੂਰੀ ਪੱਤਰ ਹਲਕਾ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ, ਸਾਬਕਾ ਮੰਤਰੀ ਅਤੇ ਸੀਨੀਅਰ ਆਪ ਆਗੂ ਜੋਗਿੰਦਰ ਸਿੰਘ ਮਾਨ ਸਮੇਤ ਆਪ ਪਾਰਟੀ ਦੇ ਹੋਰ ਆਗੂਆਂ ਵਲੋਂ ਨਿਰਮਲ ਕੁਟੀਆ (ਛੱਬ ਵਾਲੀ) ਪੰਡਵਾ ਦੇ ਗੱਦੀ ਨਸ਼ੀਨ ਸੰਤ ਗੁਰਚਰਨ ਸਿੰਘ ਨੂੰ ਸੌਂਪਿਆ ਗਿਆ। ਜਿਸ 'ਤੇ ਸੰਤ ਗੁਰਚਰਨ ਸਿੰਘ ਨੇ ਪੰਜਾਬ ਸਰਕਾਰ ਦਾ ਇਸ ਉਪਰਾਲੇ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਦੱਸਿਆ ਕਿ ਨਿਰਮਲ ਕੁਟੀਆ ਸ਼੍ਰੀਮਾਨ 108 ਸੰਤ ਬਾਬਾ ਦਲੇਲ ਸਿੰਘ ਜੀ ਮਹਾਰਾਜ ਦਾ ਤੱਪ ਅਸਥਾਨ ਹੈ। ਜਿਹਨਾਂ ਪ੍ਰਤੀ ਇਲਾਕੇ ਦੇ ਲੋਕਾਂ 'ਚ ਬਹੁਤ ਆਸਥਾ ਹੈ ਅਤੇ ਉਹ ਸਰਕਾਰ ਦਾ ਧੰਨਵਾਦ ਕਰਦੇ ਹਨ, ਜਿਸ ਨੇ ਲੋਕਾਂ ਦੀ ਮੰਗ ਨੂੰ ਪ੍ਰਵਾਨ ਕਰਦਿਆਂ ਸੜਕ ਦਾ ਨਾਂਅ ਸ਼੍ਰੋਮਣੀ ਸੰਤ ਬਾਬਾ ਦਲੇਲ ਸਿੰਘ ਜੀ ਦੇ ਨਾਂਅ 'ਤੇ ਰੱਖਣ ਨੂੰ ਮਨਜ਼ੂਰੀ ਦਿੱਤੀ ਹੈ। ਜੋਗਿੰਦਰ ਸਿੰਘ ਮਾਨ ਨੇ ਦੱਸਿਆ ਕਿ ਜਲਦੀ ਹੀ ਸੜਕ ਦੇ ਨਵੇਂ ਨਾਂਅ ਵਾਲੇ ਸਾਈਨ ਬੋਰਡ ਵੀ ਲਗਾ ਦਿੱਤੇ ਜਾਣਗੇ। ਇਸ ਦੌਰਾਨ ਸੰਤ ਗੁਰਚਰਨ ਸਿੰਘ ਵਲੋਂ ਡਾ. ਚੱਬੇਵਾਲ, ਜੋਗਿੰਦਰ ਮਾਨ ਅਤੇ ਉਹਨਾਂ ਦੇ ਨਾਲ ਪਹੁੰਚੇ ਸੀਨੀਅਰ ਆਗੂ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ, ਮੇਅਰ ਰਾਮਪਾਲ ਉੱਪਲ, ਵਰੁਣ ਬੰਗੜ ਸਰਪੰਚ ਚੱਕ ਹਕੀਮ ਅਤੇ ਹੋਰਨਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਬਲਜੀਤ ਸਿੰਘ ਜੌਹਲ ਸਰਪੰਚ ਪੰਡਵਾ, ਅਵਤਾਰ ਸਿੰਘ ਸਾਬਕਾ ਸਰਪੰਚ, ਅਰਜੁਨ ਸੁਧੀਰ, ਸੀਮਾ ਰਾਣਾ, ਜਸਪਾਲ ਸਿੰਘ, ਗੁਰਪਾਲ ਸਿੰਘ ਪਾਲਾ, ਕੁਲਵਿੰਦਰ ਸਿੰਘ ਸਰਪੰਚ ਅਠੌਲੀ, ਅਮਨਦੀਪ ਸਿੰਘ ਸਰਪੰਚ ਮੌਲੀ, ਗੁਰਬਖਸ਼ ਕੌਰ ਸਰਪੰਚ ਖੇੜਾ, ਪਰਵੀਨ ਕੁਮਾਰ ਸਮੇਤ ਹੋਰ ਪਤਵੰਤੇ ਹਾਜਰ ਸਨ।

## ਪਬਲਿਕ ਸਕੂਲ ਖਾਂਬਰਾ ਵਿਖੇ ਪੱਤਾ ਸ਼ਿਲਪ ਗਤੀਵਿਧੀ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਡਿਵਾਈਨ ਪਬਲਿਕ ਸਕੂਲ, ਖਾਂਬਰਾ ਵਿਖੇ ਪੱਤਾ ਸ਼ਿਲਪ ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਵੱਖ-ਵੱਖ ਕਿਸਮਾਂ, ਆਕਾਰਾਂ ਅਤੇ ਰੰਗਾਂ ਦੇ ਪੱਤਿਆਂ ਦੀ ਵਰਤੋਂ ਕਰਕੇ ਸੁੰਦਰ ਕਲਾ ਅਤੇ ਸ਼ਿਲਪਕਾਰੀ ਪ੍ਰੋਜੈਕਟ ਬਣਾਏ ਗਏ ਸਨ। ਇਹ ਬੱਚਿਆਂ ਨੂੰ ਕੁਦਰਤ ਦੀ ਪੜਚੋਲ ਕਰਨ ਅਤੇ ਰਚਨਾਤਮਕਤਾ ਨੂੰ ਉਤਸ਼ਾਹਿਤ ਕਰਨ ਵਿੱਚ ਮਦਦ ਕਰਦਾ ਹੈ। ਸਕੂਲ ਦੇ ਵਿਦਿਆਰਥੀਆਂ ਨੇ ਇਹ ਗਤੀਵਿਧੀ ਆਪਣੇ ਛੋਟੇ ਹੱਥਾਂ ਨਾਲ ਕੀਤੀ। ਫਿਰ ਇਹਨਾਂ ਪੱਤਿਆਂ ਦੀ ਵਰਤੋਂ ਜਾਨਵਰਾਂ, ਫੁੱਲਾਂ, ਰੁੱਖਾਂ ਜਾਂ ਇੱਥੋਂ ਤੱਕ ਕਿ ਲੋਕਾਂ ਦੀਆਂ ਤਸਵੀਰਾਂ ਬਣਾਉਣ ਲਈ ਕੀਤੀ ਗਈ । ਉਹਨਾਂ ਨੇ ਕਲਾਕਾਰੀ ਨੂੰ ਹੋਰ ਸਜਾਉਣ ਲਈ ਰੰਗ, ਗੂਗਲੀ ਅੱਖਾਂ ਜਾਂ ਮਾਰਕਰ ਵੀ ਲਗਾਏ। ਇਸਨੇ ਬੱਚਿਆਂ ਨੂੰ ਵੱਖ-ਵੱਖ ਕਿਸਮਾਂ ਦੇ ਪੱਤਿਆਂ ਅਤੇ ਰੁੱਖਾਂ ਬਾਰੇ ਸਿੱਖਣ, ਉਹਨਾਂ ਦੇ ਵਧੀਆ ਮੋਟਰ ਹੁਨਰਾਂ ਨੂੰ ਬਿਹਤਰ ਬਣਾਉਣ ਅਤੇ ਕਲਪਨਾ ਨੂੰ ਉਤੇਜਿਤ ਕਰਨ ਵਿੱਚ ਮਦਦ ਕੀਤੀ। ਇਹ ਉਹਨਾਂ ਨੂੰ ਇੱਕ ਮਜ਼ੇਦਾਰ ਅਤੇ ਵਾਤਾਵਰਣ-ਅਨੁਕੂਲ ਤਰੀਕੇ ਨਾਲ ਕੁਦਰਤੀ ਸਮੱਗਰੀ ਦੀ ਮੁੜ ਵਰਤੋਂ ਕਰਨਾ ਵੀ ਸਿਖਾਉਂਦਾ ਹੈ।

## 199ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਕਰਵਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਬਲੱਡ ਬੈਂਕ ਦੇ ਸਰਪ੍ਰਸਤ ਕੇ.ਕੇ. ਸਰਦਾਨਾ ਦੀ ਸਰਪ੍ਰਸਤੀ ਅਤੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖ-ਰੇਖ ਹੇਠ 199ਵਾਂ ਮਾਸਿਕ ਰਾਸ਼ਨ ਵੰਡ ਸਮਾਗਮ ਆਯੋਜਿਤ ਕੀਤਾ ਗਿਆ। ਜਿਸ ਵਿੱਚ ਸਮਾਜ ਸੇਵਕ ਰਮੇਸ਼ ਗਾਬਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।



ਉਨ੍ਹਾਂ ਨੇ 80 ਲੋੜਵੰਦ ਔਰਤਾਂ ਨੂੰ ਰਾਸ਼ਨ ਵੰਡਿਆ ਅਤੇ ਸਮਾਜ ਸੇਵਾ ਵਿੱਚ ਬਲੱਡ ਬੈਂਕ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਰਾਸ਼ਨ ਵੰਡਣ ਦੀ ਸੇਵਾ ਲਗਭਗ 16 ਸਾਲਾਂ ਤੋਂ ਨਿਰੰਤਰ ਚੱਲ ਰਹੀ ਹੈ। ਜਿਸ ਵਿੱਚ ਸਮਾਜ ਸੇਵਕ ਰਜਿੰਦਰ ਸਿੰਘ ਕੋਛੜ (ਖੰਡਵਾਲੇ), ਰਮੇਸ਼ ਗਾਬਾ, ਰਮੇਸ਼ ਦੁੱਗਲ, ਮਨੀਸ਼ ਬੱਤਰਾ, ਤਾਰਾ ਚੰਦ ਚੁੰਬਰ, ਅਵਤਾਰ ਸਿੰਘ ਕੋਛੜ, ਰਾਜੀਵ ਕੁਮਾਰ, ਐਨ.ਆਰ.ਆਈ. ਸਤਪਾਲ ਵਰਮਾ, ਹਰਸ਼ ਵੀਰਜੀ ਛਾਬੜਾ, ਰਮਨ ਨਹਿਰਾ, ਸੋਨੀ ਦੁੱਗਲ, ਐਡਵੋਕੇਟ ਅੰਕਿਤ ਢੀਂਗਰਾ ਆਦਿ ਵੱਲੋਂ ਵਢਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ। ਇਸ ਮੌਕੇ ਵੀ.ਪੀ. ਸਿੰਘ ਅਰੋੜਾ, ਕ੍ਰਿਸ਼ਨ ਕੁਮਾਰ, ਰਮਨ ਨਹਿਰਾ, ਵਿਪਨ ਖੁਰਾਨਾ, ਮੋਹਨ ਲਾਲ ਤਨੇਜਾ, ਸੁਧਾ ਬੇਦੀ, ਵੰਦਨਾ ਸ਼ਰਮਾ, ਤਾਰਾ ਚੰਦ ਚੁੰਬਰ, ਰਮੇਸ਼ ਗਾਬਾ, ਅਸ਼ਵਨੀ ਸ਼ਰਮਾ ਆਦਿ ਮੌਜੂਦ ਸਨ।

## ਮਾਲ ਵਿਭਾਗ ਤੇ ਡਰਾਈਵਿੰਗ ਲਾਇਸੰਸ ਤੇ ਆਰ ਸੀ ਨਾਲ ਸੰਬੰਧਤ 32 ਸੇਵਾਵਾਂ ਹੁਣ ਮਿਲਣਗੀਆਂ ਸੇਵਾ ਕੇਂਦਰਾਂ ਤੋਂ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)** ਆਮ ਲੋਕਾਂ ਨੂੰ ਵੱਡੀ ਸਹੂਲਤ ਦਿੰਦੇ ਹੋਏ ਪੰਜਾਬ ਸਰਕਾਰ ਵੱਲੋਂ ਮਾਲ ਵਿਭਾਗ ਨਾਲ ਸਬੰਧਤ 5 ਸੇਵਾਵਾਂ ਅਤੇ ਡਰਾਈਵਿੰਗ ਲਾਇਸੰਸ ਅਤੇ ਆਰ.ਸੀ. ਨਾਲ ਸੰਬੰਧਿਤ ਟਰਾਂਸਪੋਰਟ ਵਿਭਾਗ ਦੀਆਂ 27 ਸੇਵਾਵਾਂ ਹੁਣ ਸੇਵਾ ਕੇਂਦਰਾਂ 'ਤੇ ਉਪਲਬਧ ਕਰਵਾ ਦਿੱਤੀਆਂ ਗਈਆਂ ਹਨ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਹੁਣ ਡੀਡ ਰਜਿਸਟ੍ਰੇਸ਼ਨ, ਡੀਡ ਦਾ ਖਰੜਾ ਤਿਆਰ ਕਰਨਾ, ਪੂਰਵ-ਪੜਤਾਲ ਲਈ ਡੀਡ ਜਮ੍ਹਾ ਕਰਨੀ, ਅਪਾਇੰਟਮੈਂਟ, ਸਟੈਂਪ ਡਿਊਟੀ ਦਾ ਭੁਗਤਾਨ, ਇੰਤਕਾਲ ਲਈ ਬੇਨਤੀ (ਵਿਰਾਸਤ ਜਾਂ ਰਜਿਸਟਰਡ ਡੀਡ ਦੇ ਆਧਾਰ 'ਤੇ), ਰਪਟਾਂ ਦੇ ਦਾਖ਼ਲੇ ਲਈ ਬੇਨਤੀ (ਅਦਾਲਤੀ ਆਦੇਸ਼ਾਂ, ਬੈਂਕ ਕਰਜ਼ੇ/ਗਿਰਵੀਨਾਮੇ ਜਾਂ ਬੈਂਕ ਕਰਜ਼ਿਆਂ/ਗਿਰਵੀਨਾਮੇ ਦੀ ਮੁਆਫ਼ੀ ਨਾਲ ਸਬੰਧਤ), ਫ਼ਰਦ ਬਦਰ ਲਈ ਬੇਨਤੀ (ਰਿਕਾਰਡ ਵਿੱਚ ਸੁਧਾਰ), ਡਿਜੀਟਲ ਤੌਰ 'ਤੇ ਦਸਤਖ਼ਤ ਕੀਤੀ ਫ਼ਰਦ ਲਈ ਬੇਨਤੀ ਤੋਂ ਇਲਾਵਾ ਡਰਾਈਵਿੰਗ ਲਾਇਸੰਸ ਨਾਲ ਸੰਬੰਧਿਤ 15 ਅਤੇ ਆਰ.ਸੀ. ਨਾਲ ਸਬੰਧਤ 12 ਸੇਵਾਵਾਂ ਹੁਣ ਸੇਵਾ ਕੇਂਦਰ ਤੋਂ ਮਿਲਣਗੀਆਂ।ਡਾ. ਅਗਰਵਾਲ ਨੇ ਦੱਸਿਆ ਕਿ ਡਰਾਈਵਿੰਗ ਲਾਇਸੰਸ ਨਾਲ ਸਬੰਧਤ ਸੇਵਾਵਾਂ ਵਿੱਚ ਲਰਨਰ ਲਾਇਸੰਸ ਨਾਲ ਸਬੰਧਤ ਸੇਵਾਵਾਂ, ਜਿਵੇਂ ਕਿ ਨਵੀਂ ਅਰਜ਼ੀ, ਪਤੇ ਦੀ ਤਬਦੀਲੀ, ਨਾਂਅ ਦੀ ਤਬਦੀਲੀ, ਡੁਪਲੀਕੇਟ ਲਰਨਲ ਲਾਇਸੰਸ ਤੋਂ ਇਲਾਵਾ ਡਰਾਇਵਿੰਗ ਲਾਇਸੰਸ ਨਾਲ ਸਬੰਧਤ ਸੇਵਾਵਾਂ ਜਿਵੇਂ ਕਿ ਡੁਪਲੀਕੇਟ ਲਾਇਸੰਸ, ਨਵੀਨੀਕਰਨ (ਜਿਥੇ ਟੈਸਟ ਟਰੈਕ ਜਾਣ ਦੀ ਜ਼ਰੂਰਤ ਨਹੀਂ), ਰਿਪਲੇਸਮੈਂਟ, ਪਤੇ ਦੀ ਤਬਦੀਲੀ, ਨਾਂਅ ਦੀ ਤਬਦੀਲੀ, ਜਨਮ ਮਿਤੀ ਦੀ ਦਰੁੱਸਤੀ, ਡਰਾਈਵਿੰਗ ਲਾਇਸੰਸ ਐਕਸਟ੍ਰੈਕਟ ਪ੍ਰੋਵੀਜ਼ਨਿੰਗ, ਲਾਇਸੰਸ ਸਰੰਡਰ, ਪਬਲਿਕ ਸਰਵਿਸ ਵਹੀਕਲ ਦਾ ਬੈਜ, ਕੰਡਕਟਰ ਲਾਇਸੰਸ ਦਾ ਨਵੀਨੀਕਰਨ, ਲਰਨਰ ਲਾਇਸੰਸ ਦੀ ਮਿਆਦ ਵਿਚ ਵਾਧਾ ਸ਼ਾਮਲ ਹਨ।ਆਰ ਸੀ ਨਾਲ ਸਬੰਧਤ ਸੇਵਾਵਾਂ ਵਿੱਚ ਡੁਪਲੀਕੇਟ ਆਰ.ਸੀ., ਗੈਰ-ਵਪਾਰਕ ਵਾਹਨ ਦੀ ਮਾਲਕੀ ਤਬਦੀਲੀ, ਹਾਇਰ ਪ੍ਰਚੇਜ਼ ਦੀ ਨਿਰੰਤਰਤਾ (ਮਾਲਕੀ ਤਬਦੀਲੀ/ਨਾਮ ਤਬਦੀਲੀ ਦੀ ਸੂਰਤ ਵਿੱਚ), ਹਾਇਰ ਪ੍ਰਚੇਜ਼ ਐਗਰੀਮੈਂਟ ਦੀ ਇੰਡੋਰਸਮੈਂਟ, ਵਪਾਰਕ ਵਾਹਨਾਂ ਨੂੰ ਫਿਟਨੈੱਸ ਸਰਟੀਫਿਕੇਟ (ਹੈਵੀ/ਮੀਡੀਅਮ/ਤਿੰਨ ਪਹੀਆ/ ਚਾਰ ਪਹੀਆ/ਐਲ.ਐਮ.ਵੀ.), ਵਾਧੂ ਲਾਈਫ਼ ਟਾਈਮ ਟੈਕਸ ਦੀ ਅਦਾਇਗੀ (ਮਾਲਕੀ ਤਬਦੀਲੀ ਦੀ ਸੂਰਤ ਵਿੱਚ), ਆਰ.ਸੀ. ਦੇ ਵੇਰਵੇ ਦੇਖਣ ਲਈ, ਆਰ.ਸੀ. ਲਈ ਐਨ.ਓ.ਸੀ., ਟਰਾਂਸਪੋਰਟ ਸੇਵਾਵਾਂ ਲਈ ਰਿਕਾਰਡ ਵਿਚ ਮੋਬਾਇਲ ਨੰਬਰ ਦਾ ਅਪਡੇਟ, ਆਰ.ਸੀ. ਵਿਚ ਪਤੇ ਦੀ ਤਬਦੀਲੀ ਸ਼ਾਮਲ ਹਨ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜੋ ਨਾਗਰਿਕ ਸੇਵਾ ਕੇਂਦਰ ਨਹੀਂ ਆ ਸਕਦੇ, ਉਹ ਫੋਨ ਨੰਬਰ 1076 ਡਾਇਲ ਕਰਕੇ ਇਨ੍ਹਾਂ ਸੇਵਾਵਾਂ ਦਾ ਲਾਭ ਡੋਰ ਸਟੈੱਪ ਡਲਿਵਰੀ ਰਾਹੀਂ ਘਰ ਬੈਠੇ ਵੀ ਪ੍ਰਾਪਤ ਕਰ ਸਕਦੇ ਹਨ।

## ਲਾਇਨ ਸਿੰਗਰ ਜਸਵੀਰ ਮਾਹੀ ਦਾ ਤਾਜਪੋਸ਼ੀ ਸਮਾਗਮ

**ਫਗਵਾੜਾ (ਡਾ. ਰਮਨ)** ਲਾਇਨਜ਼ ਇੰਟਰਨੈਸ਼ਨਲ 321-ਡੀ ਦੀ ਇਲੈਵਨ ਸਟਾਰ ਦਰਜਾ ਪ੍ਰਾਪਤ ਸੌ ਪ੍ਰਤੀਸ਼ਤ ਐਕਟਿਵ ਲਾਇਨਜ਼ ਕਲੱਬ ਫਗਵਾੜਾ ਸਿਟੀ ਦੇ ਨਵੇਂ ਚੁਣੇ ਗਏ ਪ੍ਰਧਾਨ (2025-26) ਲਾਇਨ ਸਿੰਗਰ ਜਸਵੀਰ ਮਾਹੀ ਦਾ ਸ਼ਾਨਦਾਰ ਤਾਜਪੋਸ਼ੀ ਸਮਾਗਮ ਸਥਾਨਕ ਹੋਟਲ ਵਿਖੇ ਆਯੋਜਿਤ ਕੀਤਾ ਗਿਆ। ਇਸ ਦੌਰਾਨ ਸਾਬਕਾ ਪ੍ਰਧਾਨ ਲਾਇਨ ਜੁਗਲ ਬਵੇਜਾ ਨੇ ਲਾਇਨ ਸਿੰਗਰ ਜਸਵੀਰ ਮਾਹੀ ਨਾਲ ਪ੍ਰਧਾਨ ਦੀ ਕੁਰਸੀ ਦੀ ਅਦਲਾ-ਬਦਲੀ ਕੀਤੀ ਅਤੇ ਉਨ੍ਹਾਂ ਨੂੰ ਮੈਡਲ ਪਾ ਕੇ ਸਨਮਾਨਿਤ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਦੀ ਟੀਮ ਦੇ ਹੋਰ ਅਹੁਦੇਦਾਰਾਂ, ਲਾਇਨ ਦੀਪਕ ਸੇਠੀ ਕਲੱਬ ਸਕੱਤਰ, ਲਾਇਨ ਗੁਲਸ਼ਨ ਸ਼ਰਮਾ ਲੱਕੀ ਖਜ਼ਾਨਚੀ ਅਤੇ ਲਾਇਨ ਸੰਜੇ ਤ੍ਰੇਹਨ ਪੀ.ਆਰ.ਓ. ਨੂੰ ਵੀ ਫੁੱਲਾਂ ਦੇ ਹਾਰ ਪਾ ਕੇ ਸਨਮਾਨਿਆ ਗਿਆ। ਨਵ-ਨਿਯੁਕਤ ਪ੍ਰਧਾਨ ਲਾਇਨ ਜਸਵੀਰ ਮਾਹੀ ਨੇ ਸਾਰੇ ਕਲੱਬ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਕਲੱਬ ਦੀ ਸ਼ਾਨ ਨੂੰ ਬਰਕਰਾਰ ਰੱਖਦੇ ਹੋਏ, ਉਹ ਆਉਣ ਵਾਲੇ ਇੱਕ ਸਾਲ ਵਿੱਚ ਆਪਣੀ ਟੀਮ ਅਤੇ ਸਮੂਹ ਮੈਂਬਰਾਂ ਦੀ ਮਦਦ ਨਾਲ ਕਈ ਸਮਾਜ ਸੇਵਾ ਪ੍ਰੋਜੈਕਟ ਕਰਨਗੇ। ਇਸ ਦੌਰਾਨ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ ਲਾਇਨ ਆਸ਼ੂ ਮਾਰਕੰਡਾ, ਡਿਸਟ੍ਰਿਕਟ ਚੇਅਰਮੈਨ ਲਾਇਨ ਤਜਿੰਦਰ ਬਾਵਾ ਐਮ.ਜੇ.ਐਫ., ਡਿਸਟ੍ਰਿਕਟ ਚੇਅਰਮੈਨ ਲਾਇਨ ਅਸ਼ੋਕ ਵਧਵਾ, ਡਿਸਟ੍ਰਿਕਟ ਚੇਅਰਮੈਨ ਲਾਇਨ ਸੁਨੀਲ ਢੀਂਗਰਾ ਅਤੇ ਡਿਸਟ੍ਰਿਕਟ ਚੇਅਰਮੈਨ ਬੱਬੂ ਮਨੀਲਾ ਨੇ ਨਵੀਂ ਟੀਮ ਨੂੰ ਵਧਾਈ ਦਿੱਤੀ ਅਤੇ ਵਿਸ਼ਵਾਸ ਪ੍ਰਗਟ ਕੀਤਾ ਕਿ ਲਾਇਨ ਜਸਵੀਰ ਮਾਹੀ ਇੱਕ ਪ੍ਰਸਿੱਧ ਗਾਇਕ ਹੋਣ ਦੇ ਨਾਤੇ ਕਲੱਬ ਦੇ ਸਥਾਈ ਪ੍ਰੋਜੈਕਟਾਂ ਤੋਂ ਇਲਾਵਾ ਪੰਜਾਬੀ ਸੱਭਿਆਚਾਰ ਨੂੰ ਉਤਸ਼ਾਹਿਤ ਕਰਨ ਅਤੇ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਵੀ ਪ੍ਰਮੁੱਖਤਾ ਨਾਲ ਕੰਮ ਕਰਨਗੇ। ਸਮੂਹ ਕਲੱਬ ਮੈਂਬਰਾਂ ਨੇ ਨਵੀਂ ਟੀਮ ਨੂੰ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਨੂੰ ਆਪਣਾ ਪੂਰਾ ਸਹਿਯੋਗ ਦੇਣਗੇ। ਇਸ ਮੌਕੇ ਕਲੱਬ ਦੇ ਉਪ ਪ੍ਰਧਾਨ ਵਿਪਨ ਠਾਕੁਰ, ਉਪ ਸਕੱਤਰ ਮੋਹਿਤ ਅਰੋੜਾ, ਉਪ ਕੈਸ਼ੀਅਰ ਪੁਨੀਤ ਸੇਠੀ, ਉਪ ਪੀਆਰਓ ਵਿਜੇ ਅਰੋੜਾ, ਤਰੁਣ ਖੋਸਲਾ, ਅਮਿਤ ਢੀਂਗਰਾ, ਮੋਹਿਤ ਮਨੋਚਾ, ਅਸ਼ੋਕ ਮਨੀਲਾ, ਨਵੀਨ ਵਧਵਾ ਅਤੇ ਹੋਰ ਕਲੱਬ ਮੈਂਬਰ ਮੌਜੂਦ ਸਨ।



## ਸਿਵਲ ਹਸਪਤਾਲ 'ਚ ਮਨਾਇਆ 'ਵਿਸ਼ਵ ਜਨਸੰਖਿਆ ਦਿਵਸ'

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਯੂਥ ਅਧਿਕਾਰੀ ਮਾਈ ਭਾਰਤ ਹੁਸ਼ਿਆਰਪੁਰ ਦੇ ਦਿਸ਼ਾ ਨਿਰਦੇਸ਼ 'ਤੇ "ਵਿਸ਼ਵ ਜਨਸੰਖਿਆ ਦਿਵਸ" 'ਤੇ ਇਕ ਸਮਾਗਮ ਸਿਵਲ ਸਰਜਨ ਹੁਸ਼ਿਆਰਪੁਰ,



ਡਾ. ਪਵਨ ਸਗੋਤਰਾ ਦੇ ਸਹਿਯੋਗ ਨਾਲ ਉਨ੍ਹਾਂ ਦੇ ਦਫ਼ਤਰ ਦੇ ਮੀਟਿੰਗ ਹਾਲ ਵਿਖੇ ਮਨਾਇਆ ਗਿਆ। ਸਥਾਨਕ ਸਮਾਜ ਸੇਵਕ ਵਿਜੇ ਅਰੋੜਾ, ਅਜੈ ਸ਼ਾਰਦਾ, ਸੁਮੇਸ਼ ਕੁਮਾਰ, ਰਮੇਸ਼ ਕੁਮਾਰ, ਅਸ਼ੋਕ ਪੁਰੀ ਦੇ ਨਾਲ ਜ਼ਿਲ੍ਹਾ ਫੈਮਿਲੀ ਪਲੈਨਿੰਗ ਅਫਸਰ ਡਾ.ਰਣਜੀਤ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਪ੍ਰੋਜੈਕਟ ਦੇ ਪ੍ਰਬੰਧਕ ਵਿਕਰਮਪ੍ਰੀਤ ਸਿੰਘ ਸਨ। ਸਿਵਲ ਸਰਜਨ ਨੇ ਆਪਣੇ ਸੰਬੋਧਨ ਵਿੱਚ ਦੱਸਿਆ ਕਿ ਵਿਸ਼ਵ ਜਨਸੰਖਿਆ ਦਿਵਸ ਇਕ ਦਿਨ ਨਾ ਮਨਾ ਕੇ ਸਗੋਂ ਪੂਰੇ ਹਫਤੇ ਲਈ ਜ਼ਿਲ੍ਹੇ ਭਰ ਵਿੱਚ ਜਨਸੰਖਿਆ ਦੇ ਵਿਸਫੋਟ ਤੋਂ ਜਾਗਰੂਕ ਕਰਨ ਲਈ ਮਨਾਇਆ ਜਾਂਦਾ ਹੈ। ਮੰਚ ਸੰਚਾਲਕ ਨੇ ਦੱਸਿਆ ਕਿ ਵੱਧ ਰਹੀ ਆਬਾਦੀ, ਆਬਾਦੀ ਨਹੀਂ ਸਗੋਂ ਭੀੜ ਹੈ ਜੋ ਕਿ ਅਪਰਾਧਿਕ ਘਟਨਾਵਾਂ ਦਾ ਕਾਰਨ ਬਣਦੀ ਹੈ। ਇਸ ਉਪਰੰਤ ਸਤਿ ਸ੍ਰੀ ਅਕਾਲ ਦੁਆਬਾ ਵੱਲੋਂ ਜ਼ਿਲ੍ਹਾ ਫੈਮਿਲੀ ਪਲੈਨਿੰਗ ਅਫਸਰ ਡਾ.ਰਣਜੀਤ ਸਿੰਘ ਅਤੇ ਸਿਵਲ ਸਰਜਨ ਡਾ.ਪਵਨ ਸਗੋਤਰਾ ਨੂੰ ਸੁਮੇਸ਼ ਕੁਮਾਰ, ਅਸ਼ੋਕ ਪੁਰੀ ਅਤੇ ਹੋਰ ਪਤਵੰਤਿਆਂ ਨੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ। ਇੱਥੇ ਅਸ਼ੋਕ ਪੁਰੀ ਨੇ ਵਿਸ਼ਵਾਸ਼ ਦਿਵਾਇਆ ਕਿ ਅਸੀਂ ਜਲਦੀ ਹੀ ਜਨਸੰਖਿਆ ਵਿਸਫੋਟ ਤੋਂ ਜਾਗਰੂਕ ਕਰਨ ਲਈ ਨੁਕੜ ਨਾਟਕ "ਭੀੜ" ਦਾ ਵੱਖ-ਵੱਖ ਥਾਵਾਂ 'ਤੇ ਪ੍ਰਦਰਸ਼ਨ ਕਰਾਂਗੇ।

# ਓਵਰਫਲੋ ਛੱਪੜਾਂ ਦਾ ਪਾਣੀ ਗਲੀਆਂ 'ਚ ਖੜਨ ਕਾਰਨ ਲੋਕ ਪ੍ਰੇਸ਼ਾਨ

## ਛੱਪੜਾਂ ਦੇ ਪਾਣੀ ਦਾ ਢੁਕਵਾਂ ਨਿਕਾਸ ਕਰਨ ਦੀ ਮੰਗ



**ਲਹਿਰਾ ਮੁੱਹਬਤ (ਭੀਮ ਸੈਨ ਹਦਵਾਰੀਆ)**

ਕਈ ਦਿਨਾਂ ਤੋਂ ਰੁਕ ਰੁਕ ਕੇ ਹੋ ਰਹੀ ਬਾਰਸ਼ ਨਾਲ ਨਗਰ ਲਹਿਰਾ ਮੁੱਹਬਤ ਦੇ ਛੱਪੜਾਂ ਦਾ ਪਾਣੀ ਓਵਰਫਲੋ ਹੋ ਕੇ ਗਲੀਆਂ ਵਿੱਚ ਖੜਨ ਨਾਲ ਲੋਕਾਂ ਨੂੰ ਮੁਸ਼ਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਨਗਰ ਦੀਆਂ ਨੀਵੀਆਂ ਥਾਂਵਾਂ, ਫਿਰਨੀਆਂ, ਤਾਰਾ ਪੱਤੀ ਬਗੀਚੀ ਵਾਲੇ ਛੱਪੜ ਅਤੇ ਨਾਗੇ ਵਾਲੀ ਢਾਬ ਦੇ ਓਵਰਫਲੋ ਹੋਣ ਕਾਰਨ ਲੋਕਾਂ ਦਾ ਲੰਘਣਾ ਮੁਸ਼ਕਲ ਬਣਿਆ ਹੋਇਆ ਹੈ। ਨਾਗੇ ਵਾਲੀ ਢਾਬ ਨੇੜਲੇ ਚੌਰਸਤੇ 'ਚ ਸਥਿੱਤ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਤੇ ਤਾਰਾ ਪੱਤੀ ਵਾਲੇ ਛੱਪੜ, ਦੋਨਾਂ ਦੇ ਆਸ-ਪਾਸ ਗਲੀਆਂ ਵਿੱਚ ਪਾਣੀ ਭਰਿਆ ਹੋਇਆ ਹੈ। ਇਸ ਤੋਂ ਇਲਾਵਾ ਫੋਕਲ ਪੁਆਇੰਟ ਏਰੀਏ 'ਚ ਮੁੱਢਲਾ ਸਿਹਤ ਕੇਂਦਰ ਤੇ ਪਸ਼ੂ ਹਸਪਤਾਲ ਦੇ ਸਾਹਮਣੇ ਪਾਣੀ ਜਮ੍ਹਾਂਵੜਾ ਹੈ।

ਗੁਰਦੁਆਰਾ ਪਾਤਸ਼ਾਹੀ ਛੇਵੀਂ ਨੇੜਲੇ ਦੋ ਭਾਗਾਂ ਵਿੱਚ ਵੰਡੇ ਛੱਪੜਾਂ ਦੇ ਪਾਣੀ ਦਾ ਨਿਕਾਸ ਵੀ ਲੋਕਾਂ ਲਈ ਬਹੁਤ ਮੁਸ਼ਕਲਾਂ ਖੜੀਆਂ ਕਰ ਰਿਹਾ ਹੈ। ਅੱਗੇ ਹੋਣ ਵਾਲੀ ਬਾਰਸ਼ ਨਾਲ ਪਾਣੀ ਘਰਾਂ 'ਚ ਵੜਨ ਦੇ ਡਰੋਂ ਲੋਕਾਂ ਦੇ ਸਾਹ ਸੂਤੇ ਹੋਏ ਹਨ। ਮੋਹਨ ਲਾਲ ਉਰਫ ਨਿੱਕਾ ਪੰਡਤ, ਸੁਖਵਿੰਦਰ ਸ਼ਰਮਾ, ਜਸਕਰਨ ਸਿੰਘ, ਕੁਲਵਿੰਦਰ ਸਿੰਘ, ਹਰਕਰਨ ਸਿੰਘ, ਗੁਰੂ ਘਰ ਕਮੇਟੀ ਦੇ ਪ੍ਰਧਾਨ ਅਮਰੀਕ ਸਿੰਘ, ਪਾਲ ਸਿੰਘ, ਗੁਰਜੰਟ ਸਿੰਘ, ਨਿੱਕਾ ਸਿੰਘ, ਕਰਨੈਲ ਸਿੰਘ ਕੈਲੀ ਤੇ ਜਗਸੀਰ ਸਿੰਘ ਸੀਰਾ ਆਦਿ ਦਾ ਕਹਿਣਾ ਹੈ ਕਿ ਉਨ੍ਹਾਂ ਵੱਲੋਂ 20 ਜਨਵਰੀ 2025 ਨੂੰ ਨਗਰ ਪੰਚਾਇਤ ਦਫਤਰ ਵਿਖੇ ਪਿੰਡ ਵਾਸੀਆਂ ਦੇ ਦਸਤਖਤਾਂ ਵਾਲੀ ਲਿਖਤੀ ਦਰਖਾਸਤ ਕਾਰਜ ਸਾਧਕ ਅਫਸਰ ਨੂੰ (ਫਾਈਲ ਨੰ: 6) ਦੇ ਕੇ ਛੱਪੜਾਂ ਦੇ ਪਾਣੀ ਦਾ ਢੁਕਵਾਂ ਨਿਕਾਸ ਕਰਨ ਦੀ ਮੰਗ ਕੀਤੀ ਗਈ ਸੀ, ਪ੍ਰੰਤੂ ਛੇ ਮਹੀਨੇ ਲੰਘ ਜਾਣ 'ਤੇ ਵੀ ਕੋਈ ਹੱਲ ਨਹੀਂ ਕੀਤਾ ਗਿਆ। ਮੋਹਨ ਲਾਲ ਨੇ ਕਿਹਾ ਕਿ ਨਾਗੇ ਵਾਲੇ ਛੱਪੜ ਦਾ ਪਾਣੀ ਕੱਢਣ ਲਈ ਪਹਿਲਾਂ ਤੋਂ ਪਾਈਆਂ ਹੋਈਆਂ ਪਾਈਪਾਂ ਬੰਦ ਪਈਆਂ ਹਨ। ਇਸ ਛੱਪੜ ਦਾ ਪਾਣੀ ਓਵਰਫਲੋ ਹੋ ਕੇ ਗਲੀਆਂ ਵਿੱਚ ਭਰਿਆ ਰਹਿੰਦਾ ਹੈ। ਨੇੜੇ ਸਥਿਤ ਗੁਰਦੁਆਰਾ ਪਾਤਸ਼ਾਹੀ ਸੱਤਵੀਂ ਦੇ ਆਸ-ਪਾਸ ਪਾਣੀ ਭਰਨ ਨਾਲ ਗੁਰੂ ਘਰ ਆਉਣ ਜਾਣ ਵਾਲੇ ਤੇ ਕੰਮੀਂ ਕਾਰੀਂ ਜਾਣ ਵਾਲੇ ਲੋਕਾਂ ਨੂੰ ਮੁਸ਼ਕਲ ਦਾ ਸਾਹਮਣਾ ਕਰਨਾ ਪੈਂਦਾ ਹੈ। ਨੇੜਲੇ ਵਾਸੀਆਂ ਨੇ ਰੋਸ ਜਤਾਉਂਦੇ ਹੋਏ ਕਿਹਾ ਕਿ ਉਹ ਪਿਛਲੇ ਸਮੇਂ ਤੋਂ ਕਈ ਵਾਰ ਨਗਰ ਪੰਚਾਇਤ ਦਫਤਰ ਜਾ ਕੇ ਫਰਿਆਦ ਕਰ ਚੁੱਕੇ ਹਨ, ਪ੍ਰੰਤੂ ਛੱਪੜਾਂ ਦੇ ਪਾਣੀ ਦੇ ਨਿਕਾਸ ਦਾ ਕੋਈ ਪੱਕਾ ਹੱਲ ਨਹੀਂ ਕੱਢਿਆ ਗਿਆ। ਮੋਹਨ ਲਾਲ ਨੇ ਕਿਹਾ ਕਿ ਫਿਰਨੀ ਵਾਲੀ ਸੰਪਰਕ ਸੜਕ ਦੀ ਮੁਰੰਮਤ ਕਾਂਗਰਸ ਸਰਕਾਰ ਸਮੇਂ ਹੋਈ ਸੀ, ਉਸ ਤੋਂ ਬਾਅਦ ਮੁਰੰਮਤ ਨਹੀਂ ਹੋਈ। ਸਰਕਾਰੀ ਸਕੂਲ ਨੇੜੇ ਫਿਰਨੀ ਵਾਲੀ ਖਸਤਾ ਹਾਲਤ ਸੜਕ ਪਾਣੀ ਜਮ੍ਹਾਂ ਹੋਣ ਨਾਲ ਰਾਹਗੀਰਾਂ ਲਈ ਮੁਸੀਬਤ ਬਣੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਜੇਕਰ ਜਲਦ ਹੀ ਛੱਪੜਾਂ ਦੇ ਪਾਣੀ ਦਾ ਨਿਕਾਸ ਨਾ ਕੀਤਾ ਗਿਆ ਤਾਂ ਪਿੰਡ ਵਾਸੀ ਨਗਰ ਪੰਚਾਇਤ ਦਫਤਰ ਅੱਗੇ ਧਰਨਾ ਦੇਣ ਲਈ ਮਜਬੂਰ ਹੋਣਗੇ।

## ਸੰਨੀ ਗਿੱਲ ਨੇ ਫੌਜਾ ਸਿੰਘ ਦੇ ਅਕਾਲ ਚਲਾਣੇ 'ਤੇ ਕੀਤਾ ਦੁੱਖ ਪ੍ਰਗਟ



**ਮੋਗਾ (ਇਕਬਾਲ ਸਿੰਘ ਖਹਿਰਾ)**-ਸਿੱਖ ਕੌਮ ਦੀ ਮਾਣਮੱਤੀ ਸ਼ਖ਼ਸੀਅਤ ਤੇ ਬਜ਼ੁਰਗ ਮੈਰਾਥਨ ਦੌੜਾਕ ਇੱਕ ਸੜਕ ਹਾਦਸੇ ਵਿੱਚ ਸਾਨੂੰ ਸਭ ਨੂੰ ਅਲਵਿਦਾ ਆਖ ਗਏ। ਇਸ 'ਤੇ ਆਪਣਾ ਪ੍ਰਤੀਕਰਮ ਦਿੰਦੇ ਹੋਏ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਮੋਗਾ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਨੇ ਵਿਸ਼ਵ ਪ੍ਰਸਿੱਧ ਸਿੱਖ ਦੌੜਾਕ ਫੌਜਾ ਸਿੰਘ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਫੌਜਾ ਸਿੰਘ ਨੇ ਨਾ ਸਿਰਫ਼ ਸਿੱਖ ਕੌਮ ਦਾ ਨਾਮ ਰੌਸ਼ਨ ਕੀਤਾ, ਸਗੋਂ ਦੁਨੀਆ ਭਰ ਵਿੱਚ ਪੰਜਾਬੀਆਂ ਦੀ ਸ਼ਾਨ ਨੂੰ ਵੀ ਉੱਚਿਆਂ ਕੀਤਾ। ਉਨ੍ਹਾਂ ਕਿਹਾ ਕਿ ਫੌਜਾ ਸਿੰਘ ਦਾ ਜੀਵਨ ਸਮੁੱਚੀ ਮਾਨਵਤਾ ਲਈ ਪ੍ਰੇਰਨਾ ਸਰੋਤ ਸੀ ਨਹੀਂ ਸਗੋਂ ਸਿਹਤਮੰਦ ਜਿਉਣਾ ਲਈ ਉਹ ਸਾਡੇ ਨੌਜਵਾਨਾਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਬਣੇ ਰਹਿਣਗੇ ਜਿਸ ਨੇ ਸਾਬਤ ਕੀਤਾ ਕਿ ਕਿਸੇ ਵੀ ਉਮਰ ਵਿਚ ਜਜ਼ਬੇ ਨਾਲ ਕੋਈ ਵੀ ਮੁਕਾਮ ਹਾਸਲ ਕੀਤਾ ਜਾ ਸਕਦਾ ਹੈ।ਸੰਨੀ ਗਿੱਲ ਨੇ ਕਿਹਾ ਕਿ ਫੌਜਾ ਸਿੰਘ ਦੀਆਂ ਸੇਵਾਵਾਂ ਅਤੇ ਉਨ੍ਹਾਂ ਦਾ ਅਡੋਲ ਜਜ਼ਬਾ ਸਾਡੇ ਨੌਜਵਾਨਾਂ ਨੂੰ ਬਹੁਤ ਕੁਝ ਸਿਖਾ ਗਿਆ। ਉਨ੍ਹਾਂ ਫੌਜਾ ਸਿੰਘ ਦੇ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਰਤਾ ਪੁਰਖ ਅੱਗੇ ਅਰਦਾਸ ਬੇਨਤੀ ਕੀਤੀ ਕਿ ਵਾਹਿਗੁਰੂ ਵਿਛੜੀ ਰੂਹ ਨੂੰ ਚਰਨਾਂ ਵਿਚ ਨਿਵਾਸ ਅਤੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖ਼ਸ਼ਣ।

## ਦੋਹਰੇ ਕਤਲ ਕੇਸ ਸਬੰਧੀ ਪੀੜਤ ਪਰਵਾਰ ਨੇ ਐੱਸ ਸੀ ਕਮਿਸ਼ਨ ਦੇ ਮੈਂਬਰਾਂ ਨਾਲ ਕੀਤੀ ਮੁਲਾਕਾਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਕਮਾਸਕਾ 'ਚ ਵਾਪਰੇ ਦੋਹਰੇ ਕਤਲ ਕੇਸ ਸਬੰਧੀ ਪੀੜਤ ਤਰਸੇਮ ਸਿੰਘ ਨੇ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਮੈਂਬਰ ਗੁਰਪ੍ਰੀਤ ਸਿੰਘ ਇੰਟਾਂਵਾਲੀ ਨਾਲ ਮੁਲਾਕਾਤ ਕੀਤੀ। ਮੁਲਾਕਾਤ ਦੌਰਾਨ ਪੰਚਾਇਤ ਪਿੰਡ ਕਮਾਸਕਾ ਦੇ ਸਰਪੰਚ ਜਸਪਾਲ ਸਿੰਘ ਗਿੱਲ ਤੇ ਕੁਲਦੀਪ ਕੌਰ ਪਤਨੀ ਬਲਵਿੰਦਰ ਸਿੰਘ ਦਾ ਪੰਚਾਇਤੀ ਚੋਣਾਂ ਵਿਚ ਹਿੱਸਾ ਲੈਣ ਸਬੰਧੀ ਹੋਈ ਤਕਰਾਰ ਦੌਰਾਨ ਉਚ ਜਾਤੀ ਦੇ ਲੋਕਾਂ ਦੁਆਰਾ ਕਤਲ ਕਰ ਦਿੱਤਾ ਗਿਆ ਸੀ। ਕਤਲ ਦੇ ਦੋਸ਼ ਹੇਠ ਉੱਚ ਜਾਤ ਨਾਲ ਸਬੰਧਤ 27 ਦੇ ਕਰੀਬ ਵਿਅਕਤੀਆਂ ਨੂੰ ਪੁਲਸ ਨੇ ਮੁਕੱਦਮੇ ਵਿੱਚ ਨਾਮਜ਼ਦ ਕੀਤਾ ਸੀ। ਉਨ੍ਹਾਂ ਕਮਿਸ਼ਨ ਦੇ ਧਿਆਨ ਵਿਚ ਲਿਆਂਦਾ ਹੈ ਕਿ ਇਸ ਕਤਲ ਕੇਸ 'ਚ ਨਾਮਜ਼ਦ ਵਿਅਕਤੀਆਂ ਵਿਰੁੱਧ ਐੱਸਸੀ ਐਕਟ ਤਹਿਤ ਕਾਰਵਾਈ ਨਾ ਕਰਨ ਸਬੰਧੀ ਜਾਂਚ ਕਰਨ ਵਾਲੇ ਪੁਲਿਸ ਅਧਿਕਾਰੀਆਂ ਵੱਲੋਂ ਆਪਣੇ ਫ਼ਰਜ਼ ਨਾਲ ਕੁਤਾਹੀ ਕੀਤੀ ਹੈ। ਇਸ ਤੋਂ ਇਲਾਵਾ ਦੋ ਨਾਬਾਲਗ ਤਿੰਨ ਨਿਰਦੋਸ਼ ਭੈਣ ਭਰਾਵਾਂ ਨੂੰ ਇਸ ਕਤਲ ਕੇਸ 'ਚ ਦੋਸ਼ੀ ਬਣਾ ਕੇ ਅਣਗਹਿਲੀ ਕਰਨ ਦਾ ਵੀ ਦੋਸ਼ ਲਾਇਆ ਗਿਆ ਹੈ। ਕਮਿਸ਼ਨ ਦੇ ਮੈਂਬਰ ਗੁਰਪ੍ਰੀਤ ਸਿੰਘ ਇੰਟਾਂਵਾਲੀ ਨੇ ਦੱਸਿਆ ਕਿ ਉਕਤ ਕੇਸ ਸਬੰਧੀ ਐੱਸਸੀ ਕਮਿਸ਼ਨ ਵੱਲੋਂ ਸਖ਼ਤ ਨੋਟਿਸ ਲਿਆ ਗਿਆ ਹੈ ਤੇ ਪੁਲਿਸ ਤੋਂ ਰਿਪੋਰਟ ਤਲਬ ਕੀਤੀ ਗਈ ਹੈ ਅਤੇ ਦੁਬਾਰਾ ਤੋਂ ਜਾਂਚ ਕਰਨ ਸਬੰਧੀ ਨਿਰਦੇਸ਼ ਦਿੱਤੇ ਗਏ ਹਨ।

## ਝਾੜ ਸਾਹਿਬ ਕਾਲਜ ਦਾ ਬੀ ਏ ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ



**ਸਮਰਾਲਾ/ਮਾਛੀਵਾੜਾ (ਸੁਰਜੀਤ ਸਿੰਘ/ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗੁਰੂ ਗੋਬਿੰਦ ਸਿੰਘ ਖਾਲਸਾ ਕਾਲਜ ਫਾਰ ਵਿਮੈਨ ਝਾੜ ਸਾਹਿਬ ਦਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਐਲਾਨਿਆ ਬੀ.ਏ ਸਮੈਸਟਰ ਛੇਵਾਂ ਦਾ ਨਤੀਜਾ ਸ਼ਾਨਦਾਰ ਰਿਹਾ। ਬੀ.ਏ ਸਮੈਸਟਰ ਛੇਵੇਂ ਦੀ ਵਿਦਿਆਰਥਣ ਸੁਖਵੀਰ ਕੌਰ ਨੇ 79.16 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ ਸਥਾਨ, ਸੰਦੀਪ ਕੌਰ ਨੇ 78.3 ਫੀਸਦੀ ਅੰਕ ਹਾਸਲ ਕਰਕੇ ਦੂਜਾ ਸਥਾਨ, ਸੰਗੀਤਾ ਰਾਣੀ ਨੇ 76.3 ਅੰਕ ਹਾਸਲ ਕਰਕੇ ਤੀਜਾ ਸਥਾਨ ਹਾਸਲ ਕੀਤਾ।ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਨੇ ਵਿਦਿਆਰਥਣਾਂ ਅਤੇ ਸਟਾਫ਼ ਮੈਂਬਰ, ਮਾਪਿਆਂ ਨੂੰ ਵਧਾਈ ਦਿੰਦੀ ਅਤੇ ਸ਼ੁੱਭਕਾਮਨਾਵਾਂ ਦਿੰਦੇ ਹੋਏ ਕਿਹਾ ਕਿ ਇਹ ਸੰਸਥਾ ਵਿਦਿਆਰਥਣਾਂ ਦੇ ਸਰਵਪੱਖੀ ਵਿਕਾਸ ਦੀ ਪੂਰਤੀ ਲਈ ਸਦਾ ਯਤਨਸ਼ੀਲ ਰਹਿੰਦੀ ਹੈ। ਉਹਨਾਂ ਕਿਹਾ ਕਿ ਭਵਿੱਖ ਵਿੱਚ ਵੀ ਕਾਲਜ ਵਿਦਿਆਰਥਣਾਂ ਇਸੇ ਤਰ੍ਹਾਂ ਦ੍ਰਿੜ੍ਹ ਮਿਹਨਤ ਅਤੇ ਲਗਨ ਸਦਕਾ ਵਧੀਆ ਨਤੀਜੇ ਪ੍ਰਾਪਤ ਕਰਕੇ ਅਧਿਆਪਕਾਂ ਅਤੇ ਮਾਪਿਆਂ ਦਾ ਨਾਂਅ ਰੌਸ਼ਨ ਕਰਨਗੀਆਂ।ਕਾਲਜ ਵਿਖੇ ਬੀ.ਏ. ਤੋਂ ਇਲਾਵਾ ਐਮ.ਏ (ਪੰਜਾਬੀ) ਕੋਰਸ ਸਫਲਤਾਪੂਰਵਕ ਚੱਲ ਰਿਹਾ ਹੈ ਅਤੇ ਇਹਨਾਂ ਦਾ ਦਾਖ਼ਲਾ ਸ਼ੁਰੂ ਹੋ ਗਿਆ ਹੈ। ਇਸ ਲਈ ਇਲਾਕੇ ਦੀਆਂ ਵਿਦਿਆਰਥਣਾਂ ਆਪਣੇ ਸੁਨਹਿਰੀ ਭਵਿੱਖ ਲਈ ਕਾਲਜ ਵਿੱਚ ਦਾਖ਼ਲਾ ਲੈ ਸਕਦੀਆਂ ਹਨ।ਕਾਲਜ ਦੀ ਲੋਕਲ ਮੈਨੇਜਿੰਗ ਕਮੇਟੀ ਵੱਲੋਂ ਵਿਦਿਆਰਥਣਾਂ ਦੀ ਇਸ ਪ੍ਰਾਪਤੀ ਲਈ ਵਧਾਈ ਦਿੱਤੀ ਗਈ।

## ਫ਼ੱਕਰ ਫ਼ਕੀਰ ਵੈੱਲਫ਼ੇਅਰ ਸੰਸਥਾ ਪੰਜਾਬ ਦੀ ਮੀਟਿੰਗ



**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਵਿਖੇ ਪੀਰ ਬਾਬਾ ਮੋਹਕਮਦੀਨ ਦੀ ਦਰਗਾਹ 'ਤੇ ਫ਼ੱਕਰ ਫ਼ਕੀਰ ਵੈੱਲਫ਼ੇਅਰ ਸੰਸਥਾ ਰਜਿ . ਪੰਜਾਬ ਵੱਲੋਂ ਇੱਕ ਅਹਿਮ ਮੀਟਿੰਗ ਵਿੱਚ ਦਰਬਾਰ ਮੰਨ ਸ਼ਾਹ ਪਿੰਡ ਪਰਜੀਆਂ ਮੁੱਖ ਸੇਵਾਦਾਰ ਪ੍ਰਧਾਨ ਸਾਈਂ ਤਿਲਕ ਰਾਜ ਤੇ ਵਾਈਸ ਚੇਅਰਮੈਨ ਬਾਬਾ ਨੂਰਦੀਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੀਟਿੰਗ ਵਿੱਚ ਕੁਝ ਅਹਿਮ ਫੈਸਲੇ ਲਏ ਗਏ, ਜਿਸ ਵਿੱਚ ਜ਼ਰੂਰਤਮੰਦ ਲੜਕੀਆਂ ਦੀਆਂ ਸ਼ਾਦੀਆਂ ਕਰਵਾਈਆਂ ਜਾਣਗੀਆਂ ਅਤੇ ਅੱਖਾਂ ਦੇ ਕੈਂਪ ਵੀ ਲਗਾਏ ਜਾਣਗੇ। ਖੂਨਦਾਨ ਕੈਂਪ ਵੀ ਲਗਾਏ ਜਾਣਗੇ ਅਤੇ ਹੋਰ ਵੀ ਸਮਾਜਿਕ ਕੰਮਾਂ ਵਿੱਚ ਵੱਧ ਚੜ੍ਹ ਕੇ ਹਿੱਸਾ ਲਿਆ ਜਾਵੇਗਾ। ਇਸ ਮੌਕੇ ਮੁਖੀ ਬਾਬੀ ਡਿੰਪਾ ਸ਼ਾਹਕੋਟ, ਪ੍ਰਧਾਨ ਸਾਈਂ ਤਿਲਕ ਰਾਜ, ਚੇਅਰਮੈਨ ਬਾਬਾ ਨੂਰਦੀਨ ਨਕਸ਼ਬੰਦੀ, ਵਾਈਸ ਚੇਅਰਮੈਨ ਸਾਈਂ ਸ਼ੇਮੇ ਸ਼ਾਹ ਜੀ, ਸੈਕਟਰੀ ਸਾਈਂ ਬਾਬਾ ਚਨੀ ਸ਼ਾਹ ਜੀ, ਸਰਪ੍ਰਸਤ ਬਿੱਟੂ ਸਾਈਂ, ਮੈਂਬਰ ਵੀਰੂ, ਰਾਜਾ ਵਰਮਾ, ਸੁੰਦਰ ਦਾਸ, ਨਿਰਮਲ ਦਾਸ, ਬਾਲੀ ਸਾਈਂ, ਮਨੀ ਸਾਈਂ, ਨਿਰਮਿਲਾ ਨਾਥ, ਮੰਗਤ ਰਾਮ, ਭੋਲਾ, ਸੋਨੀ, ਫ਼ਜ਼ਲ ਦੀਨ, ਗੁਰਤੇਜ ,ਅਸਮੰਦ , ਆਦਿ ਹਾਜ਼ਰ ਸਨ।

## ਬਿਮਲ ਗੁਪਤਾ ਨਿਊ ਆਲ ਇੰਡੀਆ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਉਪ ਪ੍ਰਧਾਨ ਨਿਯੁਕਤ



**ਲੁਧਿਆਣਾ (ਰਾਜ ਸਿੰਗਲਾ)**-ਨਿਊ ਆਲ ਇੰਡੀਆ ਕਾਂਗਰਸ ਪਾਰਟੀ ਦੇ ਪੰਜਾਬ ਪ੍ਰਧਾਨ ਸ੍ਰੀ ਵਿਕਰਮ ਵਰਮਾ ਨੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਦੇ ਹੋਏ ਪਾਰਟੀ ਲਈ ਵਧੀਆ ਕੰਮ ਕਰਨ ਵਾਲੇ ਆਗੂਆਂ ਨੂੰ ਨਿਯੁਕਤ ਕਰਨ ਦਾ ਕਾਰਜ ਸ਼ੁਰੂ ਕਰ ਦਿੱਤਾ ਹੈ। ਇਸੇ ਸੰਬੰਧ 'ਚ ਲੁਧਿਆਣਾ ਜ਼ਿਲ੍ਹੇ ਵਿੱਚ ਪਾਰਟੀ ਦੇ ਸਰਗਰਮ ਆਗੂਆਂ ਦੀ ਇੱਕ ਮੀਟਿੰਗ ਬਸੰਤ ਵਿਹਾਰ ਵਿਖੇ ਹੋਈ ਜਿਸ ਵਿੱਚ ਪਾਰਟੀ ਦੇ ਸੀਨੀਅਰ ਮੀਤ ਪ੍ਰਧਾਨ ਪੰਜਾਬ ਦੀ ਦੇਖ ਰੇਖ ਹੇਠ ਹੋਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਪਾਰਟੀ ਦੇ ਪੰਜਾਬ ਪ੍ਰਧਾਨ ਸ੍ਰੀ ਵਿਕਰਮ ਵਰਮਾ ਪੰਜਾਬ ਪ੍ਰਧਾਨ ਨੇ ਸ਼ਮੂਲੀਅਤ ਕੀਤੀ। ਇਸ ਸਮੇਂ ਪਾਰਟੀ ਲਈ ਵਧੀਆ ਕੰਮ ਕਰਨ ਵਾਲੇ ਸ੍ਰੀ ਬਿਮਲ ਕੁਮਾਰ ਗੁਪਤਾ ਨੂੰ ਜ਼ਿਲ੍ਹੇ ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ। ਸ੍ਰੀ ਵਰਮਾ ਨੇ ਕਿਹਾ ਕਿ ਹਰ ਵਰਗ ਅਤੇ ਹਰ ਪ੍ਰਭਾਵ ਵਰਕਰ ਨੂੰ ਨਿਊ ਆਲ ਇੰਡੀਆ ਕਾਂਗਰਸ ਪਾਰਟੀ ਵਿੱਚ ਸ਼ਾਮਲ ਕਰਕੇ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ। ਇਸ ਮੌਕੇ ਹਰਜੀਵ ਕੁਮਾਰ ਜੋਸ਼ੀ, ਤਲਵਿੰਦਰ ਸਿੰਘ ਗਿੱਲ, ਬਲਜੀਤ ਸਿੰਘ ਲਾਟੀ ਆਦਿ ਹਾਜ਼ਰ ਸਨ।

## ਅਸ਼ਵਨੀ ਸ਼ਰਮਾ ਨੂੰ ਪੰਜਾਬ ਭਾਜਪਾ ਦਾ ਕਾਰਜਕਾਰੀ ਪ੍ਰਧਾਨ ਬਣਨ 'ਤੇ ਹਰਿੰਦਰ ਸਿੰਘ ਕੱਲ ਨੇ ਦਿੱਤੀ ਵਧਾਈ



**ਫਿਰੋਜ਼ਪੁਰ (ਗੁਰਬਚਨ ਸਿੰਘ)**-ਪੰਜਾਬ ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਆਪਣੇ ਸੰਗਠਨਾਤਮਕ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਦੇ ਮੰਤਵ ਨਾਲ ਇਕ ਅਹਿਮ ਫੈਸਲਾ ਲੈਂਦਿਆਂ ਪਠਾਨਕੋਟ ਤੋਂ ਵਿਧਾਇਕ ਅਸ਼ਵਨੀ ਸ਼ਰਮਾ ਨੂੰ ਸੂਬੇ ਦਾ ਕਾਰਜਕਾਰੀ ਪ੍ਰਧਾਨ ਨਿਯੁਕਤ ਕੀਤਾ ਹੈ।ਇਸ ਮੌਕੇ ਸੀਨੀਅਰ ਭਾਜਪਾ ਆਗੂ ਹਰਿੰਦਰ ਸਿੰਘ ਕੱਲ ਨੇ ਅਸ਼ਵਨੀ ਸ਼ਰਮਾ ਨੂੰ ਮਿਲ ਕੇ ਉਨ੍ਹਾਂ ਦੀ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ ਤੇ ਸੰਗਠਨ ਦੀ ਮਜ਼ਬੂਤੀ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਅਸ਼ਵਨੀ ਸ਼ਰਮਾ ਜੋ ਕਿ ਭਾਜਪਾ ਦੇ ਇੱਕ ਸਮਰਪਤ ਤੇ ਤਜਰਬੇਕਾਰ ਨੇਤਾ ਹਨ, ਨੇ ਪਾਰਟੀ ਵਿੱਚ ਕਈ ਮਹੱਤਵਪੂਰਨ ਅਹੁਦਿਆਂ 'ਤੇ ਸੇਵਾਵਾਂ ਨਿਭਾਈਆਂ ਹਨ।ਉਨ੍ਹਾਂ ਨੂੰ ਪਾਰਟੀ ਦਾ ਪੁਰਾਣਾ ਸਿਪਾਹੀ ਮੰਨਿਆ ਜਾਂਦਾ ਹੈ, ਜਿਸ ਦੀ ਸੰਗਠਨ 'ਤੇ ਮਜ਼ਬੂਤ ਪਕੜ ਤੇ ਜਨਤਾ ਵਿੱਚ ਵਿਸ਼ਵਾਸਯੋਗਤਾ ਹੈ।ਪਾਰਟੀ ਸੂਤਰਾਂ ਅਨੁਸਾਰ, ਇਹ ਨਿਯੁਕਤੀ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਕੀਤੀ ਗਈ ਹੈ, ਜਿਸ ਵਿੱਚ ਭਾਜਪਾ ਪੰਜਾਬ ਵਿੱਚ ਆਪਣੀ ਸਥਿਤੀ ਨੂੰ ਹੋਰ ਮਜ਼ਬੂਤ ਕਰਨ ਦੀ ਰਣਨੀਤੀ 'ਤੇ ਕੰਮ ਕਰ ਰਹੀ ਹੈ।ਅਸ਼ਵਨੀ ਸ਼ਰਮਾ ਦੀ ਇਸ ਨਵੀਂ ਭੂਮਿਕਾ ਨੂੰ ਪਾਰਟੀ ਦੇ ਰਣਨੀਤਕ ਫੈਸਲਿਆਂ ਦੇ ਹਿੱਸੇ ਮੰਨਿਆ ਜਾ ਰਿਹਾ ਹੈ, ਜਿਸ ਦਾ ਮੁੱਖ ਉਦੇਸ਼ ਸੰਗਠਨ ਨੂੰ ਮੁੜ ਸਰਗਰਮ ਕਰਨਾ ਤੇ ਆਉਣ ਵਾਲੀਆਂ ਚੋਣਾਂ ਲਈ ਮਜ਼ਬੂਤ ਆਧਾਰ ਤਿਆਰ ਕਰਨਾ ਹੈ।ਸੂਤਰਾਂ ਮੁਤਾਬਕ ਅਸ਼ਵਨੀ ਸ਼ਰਮਾ ਨੂੰ ਸੰਗਠਨ ਦੀਆਂ ਸਰਗਰਮੀਆਂ ਨੂੰ ਤੇਜ਼ ਕਰਨ, ਨਵੇਂ ਕਾਰਜਕਰਤਾਵਾਂ ਨੂੰ ਜੋੜਨ ਤੇ ਪਾਰਟੀ ਦੇ ਪੁਰਾਣੇ ਕਾਡਰ ਨੂੰ ਮੁੜ ਸਰਗਰਮ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ।ਹਰਿੰਦਰ ਸਿੰਘ ਕੱਲ ਨੇ ਇਸ ਮੌਕੇ ਕਿਹਾ ਕਿ ਅਸ਼ਵਨੀ ਸ਼ਰਮਾ ਦੀ ਨਿਯੁਕਤੀ ਪੰਜਾਬ ਭਾਜਪਾ ਲਈ ਮੀਲ ਪੱਥਰ ਸਾਬਤ ਹੋਵੇਗੀ।ਉਨ੍ਹਾਂ ਦਾ ਅਨੁਭਵ ਤੇ ਸਮਰਪਣ ਪਾਰਟੀ ਨੂੰ ਨਵੀਂ ਊਰਜਾ ਪ੍ਰਦਾਨ ਕਰੇਗਾ।ਪੰਜਾਬ ਵਿੱਚ ਭਾਜਪਾ ਦੀ ਸਥਿਤੀ ਨੂੰ ਮਜ਼ਬੂਤ ਕਰਨ ਲਈ ਇਹ ਫੈਸਲਾ ਨਾ ਸਿਰਫ਼ ਸੰਗਠਨ ਨੂੰ ਮੁੜ ਮਜ਼ਬੂਤ ਕਰੇਗਾ ਤੇ ਨਵੀਂ ਦਿਸ਼ਾ ਦੇਵੇਗਾ, ਸਗੋਂ ਆਉਣ ਵਾਲੇ ਸਮੇਂ ਵਿੱਚ ਪਾਰਟੀ ਦੀ ਰਣਨੀਤੀ ਨੂੰ ਵੀ ਹੋਰ ਪ੍ਰਭਾਵੀ ਬਣਾਏਗਾ।

## ਮੈਡੀਕਲ ਪ੍ਰੈਕਟੀਸ਼ਨਰਜ਼ ਬਲਾਕ ਜ਼ੀਰਾ ਦੀ ਜਥੇਬੰਦਕ ਸਿੱਖਿਆ ਸੰਬੰਧੀ ਕਨਵੈਨਸ਼ਨ



**ਜ਼ੀਰਾ (ਨਰਿੰਦਰ ਅਨੇਜਾ)**-ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਬਲਾਕ ਜ਼ੀਰਾ ਦੀ ਜਥੇਬੰਦਕ ਸਿੱਖਿਆ ਸਬੰਧੀ ਅਹਿਮ ਕਨਵੈਨਸ਼ਨ ਮੀਟਿੰਗ ਪ੍ਰਧਾਨ ਡਾਕਟਰ ਆਤਮਾ ਸਿੰਘ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਜ਼ਿਲ੍ਹਾ ਪ੍ਰਧਾਨ ਡਾਕਟਰ ਹਰਭਜਨ ਕੰਬੋਜ, ਜ਼ਿਲ੍ਹਾ ਸਕੱਤਰ ਡਾਕਟਰ ਸੰਤੋਖ ਸਿੰਘ, ਜ਼ਿਲ੍ਹਾ ਸਲਾਹਕਾਰ ਡਾਕਟਰ ਜਸਵੰਤ ਸਿੰਘ ਤੇ ਹੋਰ ਬਲਾਕਾਂ ਦੇ ਸੀਨੀਅਰ ਆਗੂਆਂ ਨੇ ਵੀ ਸ਼ਿਰਕਤ ਕੀਤੀ ਅਤੇ ਮੌਜੂਦਾ ਸਮੱਸਿਆਵਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਜ਼ਿਲ੍ਹਾ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਤੇ ਉਪਰੋਕਤ ਸੀਨੀਅਰ ਆਗੂਆਂ ਨੇ ਮੀਟਿੰਗ ਵਿੱਚ ਇਕੱਤਰ ਹੋਏ ਪ੍ਰੈਕਟੀਸ਼ਨਰਾਂ ਨੂੰ ਪਿਛਲੇ ਕੁੱਝ ਸਮੇਂ ਤੋਂ ਹੋ ਰਹੇ ਗੁੰਮਰਾਹਕੁਨ ਕੂੜ ਪ੍ਰਚਾਰ ਤੋਂ ਸੁਚੇਤ ਰਹਿਣ, ਜਥੇਬੰਦਕ ਜ਼ਾਬਤੇ ਵਿੱਚ ਰਹਿੰਦਿਆਂ ਤੇ ਭਰਾਤਰੀ ਸਾਂਝ ਨੂੰ ਵਧਾਉਂਦਿਆਂ ਜਥੇਬੰਦੀ ਦੀ ਚੜ੍ਹਦੀ ਕਲਾ ਲਈ ਇੱਕਜੁੱਟ ਹੋ ਕੇ ਤਨਦੇਹੀ ਨਾਲ ਉਪਰਾਲੇ ਕਰਨ ਲਈ ਪ੍ਰੇਰਿਆ।ਜਥੇਬੰਦੀ ਬਾਰੇ ਪ੍ਰਧਾਨ ਸਾਹਿਬ ਨੇ ਕਿਹਾ ਕਿ ਜਥੇਬੰਦੀ ਦੀ ਲੋੜ ਕਿਉਂ ਪਈ, ਕਦੋਂ ਜਥੇਬੰਦੀ ਹੋਂਦ ਵਿੱਚ ਆਈ, ਕਿਸ ਤਰ੍ਹਾਂ ਦੀਆਂ ਪ੍ਰੇਸ਼ਾਨੀਆਂ ਝੱਲਣੀਆਂ ਪਈਆਂ ਤੇ ਹੁਣ ਤੱਕ ਜਥੇਬੰਦੀ ਦੀਆਂ ਕੀ ਪ੍ਰਾਪਤੀਆਂ ਹਨ, ਬਾਰੇ ਬਹੁਤ ਹੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਅੱਗੇ ਆਉਣ ਵਾਲੀਆਂ ਸਮੱਸਿਆਵਾਂ ਸਬੰਧੀ ਵਿਚਾਰ ਵਟਾਂਦਰਾ ਕਰਦਿਆਂ ਕਿਹਾ ਕਿ ਸਾਰੇ ਇੱਕਜੁੱਟ ਹੋ ਕੇ ਜਥੇਬੰਦੀ ਨੂੰ ਮਜ਼ਬੂਤ ਬਣਾਓ।

ਕਨਵੈਨਸ਼ਨ ਵਿੱਚ ਉਪਰੋਕਤ ਜ਼ਿਲ੍ਹਾ ਆਗੂਆਂ ਤੋਂ ਇਲਾਵਾ ਵੱਖ ਵੱਖ ਬਲਾਕਾਂ, ਬਲਾਕ ਗੁਰੂ ਹਰਸਹਾਏ ਦੇ ਸਕੱਤਰ ਡਾਕਟਰ ਗੁਲਜ਼ਾਰ ਸਿੰਘ ਤੇ ਡਾਕਟਰ ਦਰਸ਼ਨ ਸਿੰਘ, ਬਲਾਕ ਘੱਲ ਖੁਰਦ ਦੇ ਪ੍ਰਧਾਨ ਡਾਕਟਰ ਕੁਲਦੀਪ ਸਿੰਘ ਕੈਲਾਸ਼ ਤੇ ਡਾਕਟਰ ਹਰਪ੍ਰੀਤ ਸਿੰਘ, ਬਲਾਕ ਮੁੱਦਕੀ ਸ਼ਹਿਰੀ ਦੇ ਪ੍ਰਧਾਨ ਡਾਕਟਰ ਅਵਤਾਰ ਸਿੰਘ ਤੇ ਡਾਕਟਰ ਬੇਅੰਤ ਸਿੰਘ, ਬਲਾਕ ਜ਼ੀਰਾ ਦੇ ਚੇਅਰਮੈਨ ਡਾਕਟਰ ਰਣਜੀਤ ਸਿੰਘ, ਡਾਕਟਰ ਰਾਮ ਸਿੰਘ, ਡਾਕਟਰ ਇਕਬਾਲ ਸਿੰਘ, ਡਾਕਟਰ ਕੁਲਦੀਪ ਸਿੰਘ, ਡਾਕਟਰ ਹਰਬੇਲ ਸਿੰਘ, ਡਾਕਟਰ ਪਰਮਜੀਤ ਸਿੰਘ, ਡਾਕਟਰ ਵਿਜੇਪਾਲ, ਡਾਕਟਰ ਗੁਰਜੰਟ ਸਿੰਘ, ਡਾਕਟਰ ਜੋਰਾ ਸਿੰਘ, ਡਾਕਟਰ ਭੁਪਿੰਦਰ ਸਿੰਘ, ਡਾਕਟਰ ਰਾਜਬੀਰ ਸਿੰਘ, ਡਾਕਟਰ ਰਮਨਦੀਪ ਸਿੰਘ, ਡਾਕਟਰ ਸੰਦੀਪ ਸਿੰਘ ਹੀਰੋ, ਡਾਕਟਰ ਹੀਰਾ ਸਿੰਘ, ਡਾਕਟਰ ਜਰਨੈਲ ਸਿੰਘ, ਡਾਕਟਰ ਗੁਰਪ੍ਰੀਤ ਸਿੰਘ, ਡਾਕਟਰ ਜਸਵਿੰਦਰ ਸਿੰਘ ਸੋਢੀ ਵਾਲਾ, ਡਾਕਟਰ ਕੁਲਵੀਰ ਸਿੰਘ, ਡਾਕਟਰ ਰਾਜਵਿੰਦਰ ਸਿੰਘ, ਡਾਕਟਰ ਪਵਨਵੀਰ ਤੇ ਹੋਰਨਾਂ ਮੈਂਬਰਾਂ ਨੇ ਵੀ ਸ਼ਮੂਲੀਅਤ ਕੀਤੀ ਅਤੇ ਆਪਣੇ ਵੱਡਮੁੱਲੇ ਵਿਚਾਰ ਸਾਂਝੇ ਕਰਦਿਆਂ ਜਥੇਬੰਦੀ ਦੀ ਬਿਹਤਰੀ ਲਈ ਤਨਦੇਹੀ ਨਾਲ ਉਪਰਾਲੇ ਕਰਨ ਦਾ ਅਹਿਦ ਲਿਆ।

## ਮੁੱਖ ਮੰਤਰੀ ਦੀ ਕੋਠੀ ਅੱਗੇ ਰੋਸ ਪ੍ਰਦਰਸ਼ਨ ਅੱਜ

**ਸੰਗਰੂਰ (ਪ੍ਰਵੀਨ ਸਿੰਘ)**-1158 ਸਹਾਇਕ ਪ੍ਰੋਫ਼ੈਸਰ ਤੇ ਲਾਇਬ੍ਰੇਰੀਅਨ ਫ਼ਰੰਟ ਦੀ ਸਾਂਝੀ ਮੀਟਿੰਗ ਪਟਿਆਲਾ ਵਿਖੇ ਹੋਈ।ਮੀਟਿੰਗ ਵਿੱਚ ਪਿਛਲੇ ਦਿਨੀਂ ਮਾਣਯੋਗ ਸੁਪਰੀਮ ਕੋਰਟ ਵੱਲੋਂ ਭਰਤੀ ਨੂੰ ਰੱਦ ਕਰਨ ਦੇ ਫ਼ੈਸਲੇ ਬਾਰੇ ਚਰਚਾ ਕੀਤੀ ਗਈ।ਇਸ ਦੇ ਕਾਰਨਾਂ, ਖ਼ਾਮੀਆਂ ਤੇ ਇਸ ਦੇ ਸਿਆਸੀ ਤੇ ਕਾਨੂੰਨੀ ਪੱਖਾਂ ਨੂੰ ਵਿਚਾਰਿਆ ਗਿਆ।ਡਾ. ਸੋਹੇਲ ਨੇ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਵੱਲੋਂ 1158 ਸਹਾਇਕ ਪ੍ਰੋਫ਼ੈਸਰ ਤੇ ਲਾਇਬ੍ਰੇਰੀਅਨ ਭਰਤੀ ਨੂੰ ਰੱਦ ਕਰਨ ਦਾ ਫ਼ੈਸਲਾ ਬਹੁਤ ਮੰਦਭਾਗਾ ਹੈ।ਇਹ ਫ਼ੈਸਲਾ ਸਿਰਫ਼ ਇਸ ਭਰਤੀ ਦੇ ਉਮੀਦਵਾਰਾਂ ਜਾਂ ਉਨ੍ਹਾਂ ਦੇ ਪਰਵਾਰਾਂ ਖਿਲਾਫ਼ ਹੀ ਨਹੀਂ ਬਲਕਿ ਪੰਜਾਬ ਦੀ ਉਚੇਰੀ ਸਿੱਖਿਆ ਤੇ ਵਿਦਿਆਰਥੀਆਂ ਦੇ ਭਵਿੱਖ ਦੇ ਖਿਲਾਫ਼ ਵੀ ਹੈ।ਉਨ੍ਹਾ ਐਲਾਨ ਕੀਤਾ ਕਿ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਮੁੱਚੇ 1158 ਫ਼ਰੰਟ ਵੱਲੋਂ ਸੰਗਰੂਰ ਵਿਖੇ ਮੁੱਖ ਮੰਤਰੀ ਦੀ ਰਿਹਾਇਸ਼ ਅੱਗੇ 18 ਜੁਲਾਈ ਨੂੰ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਜਦੋਂ ਤੱਕ ਫ਼ਰੰਟ ਦੀਆਂ ਹੱਕੀ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਸੰਘਰਸ਼ ਜਾਰੀ ਰਹੇਗਾ।

## ਪੱਖੇ ਨਾਲ ਲਟਕ ਕੇ ਕੀਤੀ ਖੁਦਕੁਸ਼ੀ

**ਨਾਭਾ (ਵਰਿੰਦਰ ਵਰਮਾ)**-ਨਾਭਾ ਦੀ ਜੈਮਲ ਸਿੰਘ ਕਲੋਨੀ ਵਿਖੇ ਇੱਕ ਵਿਅਕਤੀ ਨੇ ਪੱਖੇ ਨਾਲ ਲਟਕ ਕੇ ਆਪਣੀ ਜੀਵਨ ਲੀਲ੍ਹਾ ਸਮਾਪਤ ਕਰ ਲਈ।ਮਿਲੀ ਜਾਣਕਾਰੀ ਅਨੁਸਾਰ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਸਾਨੂੰ ਇਤਲਾਹ ਮਿਲੀ ਸੀ ਕਿ ਰਾਜੇਸ਼ ਕੁਮਾਰ 48 ਸਾਲਾ ਪੁੱਤਰ ਲੇਟ ਸਾਧੂ ਰਾਮ 4 ਬੱਚਿਆਂ ਦਾ ਪਿਤਾ ਹੈ।ਵਾਸੀ ਜੈਮਲ ਸਿੰਘ ਕਲੋਨੀ ਦਾ ਰਹਿਣ ਵਾਲਾ ਹੈ, ਮ੍ਰਿਤਕਾ ਨੇ ਪੱਖੇ ਨਾਲ ਲਟਕ ਕੇ ਸੂਸਾਈਡ ਕਰ ਲਿਆ।ਮ੍ਰਿਤਕ ਦੀ ਲਾਸ਼ ਨੂੰ ਨਾਭਾ ਦੇ ਸਰਕਾਰੀ ਸਿਵਲ ਹਸਪਤਾਲ ਵਿਖੇ ਲਿਆਂਦਾ ਗਿਆ। ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਰਾਜੇਸ਼ ਕੁਮਾਰ ਦੀ ਪਤਨੀ ਮੀਨੂ ਦੇ ਬਿਆਨਾਂ 'ਤੇ 174 ਦੀ ਕਾਰਵਾਈ ਕਰ ਕੇ ਲਾਸ਼ ਦਾ ਪੋਸਟਮਾਰਟਮ ਕਰਾ ਕੇ ਵਾਰਸਾਂ ਦੇ ਹਵਾਲੇ ਕਰ ਦਿੱਤੀ ਹੈ।

## ਜਥੇਦਾਰ ਮਾਹਲਾ ਨੇ ਪਾਰਟੀ ਨੂੰ ਨਵੀਂ ਊਰਜਾ ਪ੍ਰਦਾਨ ਕੀਤੀ : ਅਕਾਲੀ ਆਗੂ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਚੇਅਰਮੈਨ ਬਚਿੱਤਰ ਸਿੰਘ ਕਾਲੇਕੇ, ਸੀਨੀਅਰ ਆਗੂ ਤ੍ਰਿਲੋਚਨ ਸਿੰਘ ਗਿੱਲ ਤੇ ਹਰਜਿੰਦਰ ਸਿੰਘ ਕਾਲੇਕੇ ਨੇ ਆਖਿਆ ਕਿ ਸ਼੍ਰੋਮਣੀ ਅਕਾਲੀ ਦਲ ਹਲਕਾ ਬਾਘਾ ਪੁਰਾਣਾ ਦੇ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੇ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਦੇ ਮੈਂਬਰ ਬਣਨ ਦੇ ਬਾਅਦ ਮੋਗਾ ਜ਼ਿਲ੍ਹੇ ਅੰਦਰ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ ਅਤੇ ਰੋਜ਼ਾਨਾ ਹੀ ਆਏ ਦਿਨ ਪਿੰਡ ਪਿੰਡ ਤੇ ਕਸਬਿਆਂ ਅੰਦਰ ਉਨ੍ਹਾਂ ਦੇ ਸਨਮਾਨ ਲਈ ਸਮਾਰੋਹ ਹੋ ਰਹੇ ਹਨ।ਉਨ੍ਹਾਂ ਆਖਿਆ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਸ਼੍ਰੋਮਣੀ ਅਕਾਲੀ ਦਲ ਪਾਰਟੀ ਦੇ ਬਹੁਤ ਹੀ ਮਿਹਨਤੀ ਤੇ ਧੜੱਲੇਦਾਰ ਆਗੂ ਹੈ, ਜਿਸ ਦੀ ਅਗਵਾਈ ਅੰਦਰ ਸ਼੍ਰੋਮਣੀ ਅਕਾਲੀ ਦਲ ਪਾਰਟੀ ਦਿਨੋਂ ਦਿਨ ਬੁਲੰਦੀਆਂ ਨੂੰ ਛੂਹ ਰਹੀ ਹੈ।ਇਸ ਮੌਕੇ ਗੱਲਬਾਤ ਕਰਦਿਆਂ ਆਖਿਆ ਕਿ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਨਾ ਸਿਰਫ਼ ਪਾਰਟੀ ਵਿੱਚ, ਸਗੋਂ ਨਿੱਜੀ ਤੌਰ 'ਤੇ ਵੀ ਆਪਣਾ ਵਿਸ਼ੇਸ਼ ਪ੍ਰਭਾਵ ਸਥਾਪਤ ਕੀਤਾ ਹੈ।ਉਹ ਸ਼੍ਰੋਮਣੀ ਅਕਾਲੀ ਦਲ ਦੇ ਸਿਰਮੌਰ ਆਗੂਆਂ ਵਿੱਚੋਂ ਇਕ ਮੰਨੇ ਜਾਂਦੇ ਹਨ ਤੇ ਉਨ੍ਹਾਂ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਪਹਿਲਾਂ ਨਾਲੋਂ ਹੋਰ ਵੀ ਮਜ਼ਬੂਤ ਹੋਵੇਗੀ। ਅਕਾਲੀ ਆਗੂਆਂ ਨੇ ਆਖਿਆ ਕਿ ਸ੍ਰ. ਮਾਹਲਾ ਨੇ ਨਾ ਸਿਰਫ਼ ਪਾਰਟੀ ਅੰਦਰ, ਸਗੋਂ ਨਿੱਜੀ ਤੌਰ 'ਤੇ ਵੀ ਆਪਣਾ ਵਿਸ਼ੇਸ਼ ਪ੍ਰਭਾਵ ਸਥਾਪਤ ਕੀਤਾ ਹੈ ਅਤੇ ਅਕਾਲੀ ਦਲ ਦੇ ਸਿਰਮੌਰ ਆਗੂਆਂ 'ਚੋਂ ਇੱਕ ਵਜੋਂ ਜਾਣੇ ਜਾਂਦੇ ਹਨ।ਉਨ੍ਹਾਂ ਆਖਿਆ ਕਿ ਜਥੇਦਾਰ ਮਾਹਲਾ ਦੀ ਨਿਯੁਕਤੀ ਨੂੰ ਪਾਰਟੀ ਦੀ ਅੰਦਰੂਨੀ ਮਜ਼ਬੂਤੀ ਦੀ ਦਿਸ਼ਾ 'ਚ ਅਹਿਮ ਕਦਮ ਮੰਨਿਆ ਜਾ ਰਿਹਾ ਹੈ।

ਉਨ੍ਹਾਂ ਦੀ ਅਗਵਾਈ 'ਚ ਅਕਾਲੀ ਦਲ ਮਾਲਵੇ 'ਚ ਆਪਣੀਆਂ ਸਿਆਸੀ ਜੜ੍ਹਾਂ ਨੂੰ ਹੋਰ ਡੂੰਘਾ ਕਰਨ ਦੀ ਰਣਨੀਤੀ 'ਤੇ ਕੰਮ ਕਰ ਰਿਹਾ ਹੈ। ਸਮਾਗਮ 'ਚ ਸ਼ਾਮਲ ਆਗੂਆਂ ਨੇ ਕਿਹਾ ਕਿ ਸ੍ਰ. ਮਾਹਲਾ ਦੀ ਸਿਆਸੀ ਸੂਝ-ਬੂਝ ਤੇ ਸਮਰਪਣ ਨੇ ਪਾਰਟੀ ਨੂੰ ਨਵੀਂ ਊਰਜਾ ਪ੍ਰਦਾਨ ਕੀਤੀ ਹੈ।ਉਨ੍ਹਾਂ ਨੇ ਪੰਥਕ ਤੇ ਪੰਜਾਬੀ ਹਿੱਤਾਂ ਦੀ ਰਾਖੀ ਲਈ ਸ੍ਰ. ਮਾਹਲਾ ਦੀਆਂ ਕੋਸ਼ਿਸ਼ਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਮਾਹਲਾ ਦੀ ਅਗਵਾਈ ਵਿੱਚ ਮੋਗਾ ਜ਼ਿਲ੍ਹੇ ਵਿੱਚ ਪਾਰਟੀ ਹੋਰ ਮਜ਼ਬੂਤ ਹੋਵੇਗੀ।

## ਸਰਕਾਰ ਨੂੰ ਇੱਕ ਇੰਚ ਵੀ ਜ਼ਮੀਨ ਐਕਵਾਇਰ ਨਹੀਂ ਕਰਨ ਦਿਆਂਗੇ : ਬੀ ਕੇ ਯੂ ਤੋਤੇਵਾਲ



**ਮੋਗਾ (ਇਕਬਾਲ ਸਿੰਘ ਖਹਿਰਾ)**- ਭਾਰਤੀ ਕਿਸਾਨ ਯੂਨੀਅਨ ਤੋਤੇਵਾਲ ਦੀ ਅਹਿਮ ਮੀਟਿੰਗ ਗੁਰਦੁਆਰਾ ਜਾਮਨੀ ਸਾਹਿਬ ਵਜੀਦਪੁਰ ਸਾਹਿਬ ਸੂਬਾ ਪ੍ਰਧਾਨ ਸੁੱਖ ਗਿੱਲ ਮੋਗਾ ਦੀ ਪ੍ਰਧਾਨਗੀ ਹੇਠ ਹੋਈ। ਸੁੱਖ ਗਿੱਲ ਮੋਗਾ ਨੇ ਕਿਹਾ ਕਿ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਸਕੀਮ ਤਹਿਤ ਕੀਤੀ ਜਾ ਰਹੀ ਜ਼ਮੀਨ ਐਕਵਾਇਰ ਦਾ ਡਟਵਾਂ ਵਿਰੋਧ ਕਰਾਂਗੇ ਅਤੇ ਕਿਸਾਨਾਂ ਦੀ ਇੱਕ ਇੰਚ ਵੀ ਜ਼ਮੀਨ ਸਰਕਾਰ ਨੂੰ ਨਹੀਂ ਹੜੱਪਣ ਦਿਆਂਗੇ। ਇਸ ਮੌਕੇ ਸਟੇਜ ਦੀ ਕਾਰਵਾਈ ਜਸਵੰਤ ਸਿੰਘ ਲੋਹਗੜ੍ਹ ਨੇ ਨਿਭਾਈ। ਇਸ ਮੌਕੇ ਕੇਵਲ ਸਿੰਘ ਖਹਿਰਾ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਪਿੰਡ ਕਰਮੂੰਵਾਲਾ ਤਰਨਜੀਤ ਸਿੰਘ ਗਿੱਲ ਦੀ ਪ੍ਰੇਰਨਾ ਸਦਕਾ ਜੱਗਾ ਸਿੰਘ ਕਰਮੂੰਵਾਲਾ, ਛਿੰਦਰਪਾਲ ਸਿੰਘ ਕਰਮੂੰਵਾਲਾ, ਜੱਸਾ ਸਿੰਘ ਕਰਮੂੰਵਾਲਾ, ਬਿੱਟੂ ਕਰਮੂੰਵਾਲਾ, ਡਾ. ਨਿਸ਼ਾਨ ਸਿੰਘ ਕਰਮੂੰਵਾਲਾ, ਸਰਦੂਲ ਸਿੰਘ ਕਰਮੂੰਵਾਲਾ, ਗੁਰਦੇਵ ਸਿੰਘ ਕਰਮੂੰਵਾਲਾ, ਬਿੰਦਰ ਸਿੰਘ ਗਿੱਲ ਕਰਮੂੰਵਾਲਾ, ਗੁਰਭੇਜ ਸਿੰਘ ਅੰਜਲਾ, ਚਾਨਣ ਸਿੰਘ ਕਰਮੂੰਵਾਲਾ, ਜਸਕਰਨ ਸਿੰਘ ਗਿੱਲ, ਜਸਵੀਰ ਸਿੰਘ ਗਿੱਲ ਕਰਮੂੰਵਾਲਾ, ਭਾਰਤੀ ਕਿਸਾਨ ਯੂਨੀਅਨ ਤੋਤੇਵਾਲਾ 'ਚ ਸ਼ਾਮਲ ਹੋਏ, ਸੂਬਾ ਪ੍ਰਧਾਨ ਸੁੱਖ ਤਲਵਿੰਦਰ ਸਿੰਘ ਤੋਤੇਵਾਲਾ, ਜਗਤਾਰ ਸਿੰਘ ਦਾਨੇਵਾਲਾ, ਸਤਨਾਮ ਸਿੰਘ ਦਾਨੇਵਾਲਾ, ਚੰਦਨ ਦੀਪ ਰੌਂਤਾ, ਕੁਲਜੀਤ ਸਿੰਘ ਰੌਂਤਾ, ਹਰਨੇਕ ਸਿੰਘ ਚੰਦੂ ਵਾਲਾ, ਗੁਰਜੀਤ ਸਿੰਘ ਭਿੰਡਰ, ਗੁਰਚਰਨ ਸਿੰਘ ਤੋਤੇਵਾਲਾ, ਕੁਲਵੰਤ ਸਿੰਘ ਬਲਾਕ ਪ੍ਰਧਾਨ ਹਰੀਕੇ, ਦੀਦਾਰ ਸਿੰਘ, ਦਰਸ਼ਨ ਸਿੰਘ ਹਰੀਕੇ ਕਲਾਂ, ਸੁਰਿੰਦਰ ਸਿੰਘ, ਤਰਨਜੀਤ ਸਿੰਘ, ਜਸਕਰਨ ਸਿੰਘ, ਜਗਤਾਰ ਸਿੰਘ, ਗੁਰਪ੍ਰੀਤ ਸਿੰਘ , ਜਸਵੀਰ ਸਿੰਘ, ਬਲਵਿੰਦਰ ਸਿੰਘ, ਸੁਰਜੀਤ ਸਿੰਘ, ਨਿਸ਼ਾਨ ਸਿੰਘ ਕਰਮੂਵਾਲਾ, ਗੁਰਭੇਜ ਸਿੰਘ ਕਰਮੂਵਾਲਾ, ਜਸਬੀਰ ਸਿੰਘ ਬਿੱਟੂ ਕਰਮੂਵਾਲਾ, ਜਸਵਿੰਦਰ ਸਿੰਘ ਜੱਸਾ, ਅਵਤਾਰ ਸਿੰਘ ਮੱਕੜ ਕਰਮੂਵਾਲਾ, ਮੱਡਾ ਸਿੰਘ ਕਰਮੂਵਾਲਾ, ਸਰਦੂਲ ਸਿੰਘ ਕਰਮੂਵਾਲਾ, ਗੁਰਭੇਜ ਸਿੰਘ ਮਿਸ਼ਰੀ ਵਾਲਾ, ਹਰਪ੍ਰੀਤ ਸਿੰਘ ਮਿਸ਼ਰੀ ਵਾਲਾ, ਗੁਰਮੁਖ ਸਿੰਘ ਮਿਸ਼ਰੀ ਵਾਲਾ, ਦਿਲਜੀਤ ਸਿੰਘ, ਬੋਹੜ ਸਿੰਘ ਦਾਨੇਵਾਲਾ ਇਕਾਈ ਪ੍ਰਧਾਨ, ਦਵਿੰਦਰ ਸਿੰਘ ਦਾਨੇਵਾਲਾ, ਤਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਲੁਧਿਆਣਾ, ਜਸਵੰਤ ਸਿੰਘ ਲੋਹਗੜ੍ਹ ਜ਼ਿਲ੍ਹਾ ਪ੍ਰਧਾਨ ਜਲੰਧਰ, ਦਲਜੀਤ ਸਿੰਘ, ਬਾਬਾ ਹਰਦੀਪ ਸਿੰਘ ਇਕਾਈ ਪ੍ਰਧਾਨ ਝੁੱਗੀਆਂ, ਦਿਲਬਾਗ ਸਿੰਘ, ਗੁਰਮੀਤ ਸਿੰਘ ਦਲਜੀਤ ਸਿੰਘ, ਅਰਵਿੰਦਰ ਸਿੰਘ ਸੋਢੀ ਆਦਿ ਸ਼ਾਮਲ ਹੋਏ।

## ਫੌਜਾ ਸਿੰਘ ਦੇ ਦੇਹਾਂਤ 'ਤੇ ਸਿੱਧੂ ਵੱਲੋਂ ਦੁੱਖ ਪ੍ਰਗਟ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**


ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅੰਮ੍ਰਿਤਪਾਲ ਸਿੰਘ ਸਿੱਧੂ ਲੌਂਗੋਵਾਲ ਨੇ ਵਿਸ਼ਵ ਪ੍ਰਸਿੱਧ ਪੰਜਾਬੀ ਸਿੱਖ ਦੌੜਾਕ ਸ੍ਰ. ਫੌਜਾ ਸਿੰਘ ਦੇ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਉਨ੍ਹਾ ਕਿਹਾ ਕਿ ਸ੍ਰ. ਫੌਜਾ ਸਿੰਘ ਅੰਦਰ 114 ਸਾਲ ਦੀ ਵਡੇਰੀ ਉਮਰ ਵਿੱਚ ਵੀ ਜਜ਼ਬਾ ਤੇ ਹਿੰਮਤ ਕੁੱਟ-ਕੁੱਟ ਕੇ ਭਰੀ ਹੋਈ ਸੀ। ਉਨ੍ਹਾਂ ਨਾ ਸਿਰਫ਼ ਸਿੱਖ ਕੌਮ ਦਾ ਨਾਮ ਰੌਸ਼ਨ ਕੀਤਾ, ਸਗੋਂ ਦੁਨੀਆ ਭਰ ਵਿੱਚ ਪੰਜਾਬੀਆਂ ਦੀ ਸ਼ਾਨ ਨੂੰ ਵੀ ਉੱਚਾ ਕੀਤਾ।

ਉਨ੍ਹਾਂ ਕਿਹਾ ਕਿ ਸ੍ਰ. ਫੌਜਾ ਸਿੰਘ ਦਾ ਜੀਵਨ ਸਮੁੱਚੀ ਮਾਨਵਤਾ ਲਈ ਪ੍ਰੇਰਣਾ ਸਰੋਤ ਸੀ, ਜਿਸ ਨੇ ਸਾਬਿਤ ਕੀਤਾ ਕਿ ਕਿਸੇ ਵੀ ਉਮਰ ਵਿੱਚ ਜਜ਼ਬੇ ਨਾਲ ਕੋਈ ਵੀ ਮੁਕਾਮ ਹਾਸਲ ਕੀਤਾ ਜਾ ਸਕਦਾ ਹੈ। ਉਨ੍ਹਾਂ ਸ੍ਰ. ਫੌਜਾ ਸਿੰਘ ਦੇ ਪਰਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਅਕਾਲ ਪੁਰਖ ਅੱਗੇ ਅਰਦਾਸ ਕੀਤੀ ਕਿ ਵਿੱਛੜੀ ਰੂਹ ਨੂੰ ਚਰਨਾਂ ਵਿੱਚ ਨਿਵਾਸ ਤੇ ਪਰਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

## ਗੁਰਦੁਆਰਾ ਸਾਹਿਬ ਵਿਖੇ ਸੰਗਰਾਂਦ ਦਾ ਦਿਹਾੜਾ ਮਨਾਇਆ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਚਰਨ ਛੋਹ ਪ੍ਰਾਪਤ ਧਰਤੀ ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਸਾਵਣ ਮਹੀਨੇ ਦੀ ਸੰਗਰਾਂਦ ਦਾ ਦਿਹਾੜਾ ਸੰਗਤਾਂ ਵੱਲੋਂ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸਾਹਿਬ ਦੇ ਮੈਨੇਜਰ ਜਸਵੀਰ ਸਿੰਘ ਮੰਗਲੀ ਨੇ ਦੱਸਿਆ ਕਿ ਸੰਗਰਾਂਦ ਦਿਹਾੜੇ ਮੌਕੇ ਹਜ਼ੂਰੀ ਰਾਗੀ ਭਾਈ ਜਸਦੇਵ ਸਿੰਘ, ਸੁਖਵੀਰ ਸਿੰਘ ਤੇ ਗੁਰਵਿੰਦਰ ਸਿੰਘ ਵੱਲੋਂ ਸਾਥੀਆਂ ਸਮੇਤ ਰਸਭਿੰਨਾ ਕੀਰਤਨ ਕੀਤਾ ਗਿਆ। ਗੁਰਦੁਆਰਾ ਸਾਹਿਬ ਦੇ ਹਜ਼ੂਰੀ ਕਥਾਵਾਚਕ ਭਾਈ ਇਕਨਾਮ ਸਿੰਘ ਵੱਲੋਂ ਸਾਵਣ ਮਹੀਨੇ ਦੀ ਸੰਗਰਾਂਦ ਬਾਰੇ ਕਥਾ ਵਿਚਾਰ ਵੀ ਕੀਤੀ। ਇਸ ਮੌਕੇ ਬੀਬੀ ਅਮਨਦੀਪ ਕੌਰ ਦੇ ਇੰਟਰਨੈਸ਼ਨਲ ਪੰਥਕ ਢਾਡੀ ਜਥੇ ਤੇ ਹੋਰਨਾਂ ਜਥਿਆਂ ਵੱਲੋਂ ਸੰਗਤਾਂ ਨੂੰ ਇਤਿਹਾਸਕ ਪ੍ਰਸੰਗ ਸੁਣਾਏ ਗਏ। ਸੰਗਤਾਂ ਵੱਲੋਂ ਇਤਿਹਾਸਕ ਖੂਹ ਸਾਹਿਬ ਤੇ ਜੰਡ ਸਾਹਿਬ ਦੇ ਵੀ ਦਰਸ਼ਨ ਕੀਤੇ ਗਏ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਢਿੱਲੋਂ, ਹਰਜਤਿੰਦਰ ਸਿੰਘ ਬਾਜਵਾ, ਹੈੱਡ ਗ੍ਰੰਥੀ ਭਾਈ ਹਰਪਾਲ ਸਿੰਘ ਗੁਰਮੁਖ, ਗ੍ਰੰਥੀ ਬਲਦੇਵ ਸਿੰਘ, ਸ਼ਹਿਰੀ ਪ੍ਰਧਾਨ ਜਸਪਾਲ ਸਿੰਘ ਜੱਜ, ਜਥੇਦਾਰ ਹਰਜੀਤ ਸਿੰਘ ਸ਼ੇਰੀਆਂ, ਬਾਬਾ ਮੋਹਣ ਸਿੰਘ, ਸਟੋਰ ਕੀਪਰ ਗੁਲਜ਼ਾਰ ਸਿੰਘ, ਜਸਵੀਰ ਸਿੰਘ ਢਿੱਲੋਂ, ਸੁਖਵਿੰਦਰ ਸਿੰਘ, ਜਸਪਾਲ ਸਿੰਘ, ਚਰਨਜੀਤ ਸਿੰਘ, ਰਮੇਸ਼ ਸਿੰਘ ਉਟਾਲਾਂ, ਬਿੰਦਰ ਸਿੰਘ ਲਾਂਗਰੀ ਆਦਿ ਮੌਜੂਦ ਸਨ।

## ਪਾਵਾ ਵੱਲੋਂ 'ਭੋਜਨ 'ਚ ਮਿਲਾਵਟ ਵਿਰੁੱਧ ਜਾਗਰੂਕਤਾ' ਵਿਸ਼ੇ 'ਤੇ ਸੈਮੀਨਾਰ



**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)**-ਪਬਲਿਕ ਅਗੇਂਸਟ ਐਡਲਟ੍ਰੇਸ਼ਨ ਵੈੱਲਫੇਅਰ ਐਸੋਸੀਏਸ਼ਨ (ਪਾਵਾ) ਨੇ ਦੇਸ਼ ਭਗਤ ਯੂਨੀਵਰਸਿਟੀ, ਪ੍ਰਦਰਸ਼ਨ ਕਲਾ ਤੇ ਮੀਡੀਆ ਦੀ ਫੈਕਲਟੀ ਦੇ ਸਹਿਯੋਗ ਨਾਲ 'ਭੋਜਨ ਵਿੱਚ ਮਿਲਾਵਟ ਵਿਰੁੱਧ ਜਾਗਰੂਕਤਾ' ਵਿਸ਼ੇ 'ਤੇ ਸੈਮੀਨਾਰ ਕਰਵਾਇਆ, ਜਿਸ ਵਿੱਚ ਵੱਖ-ਵੱਖ ਅਕਾਦਮਿਕ ਵਿਸ਼ਿਆਂ ਦੇ 200 ਤੋਂ ਵੱਧ ਵਿਦਿਆਰਥੀਆਂ ਨੇ ਭਾਗ ਲਿਆ।ਸੈਮੀਨਾਰ ਦਾ ਉਦੇਸ਼ ਨੌਜਵਾਨ ਮਨਾਂ ਨੂੰ ਜੰਕ ਤੇ ਮਿਲਾਵਟੀ ਭੋਜਨਾਂ ਤੋਂ ਪੈਦਾ ਹੋਣ ਵਾਲੇ ਅਤੇ ਵਧ ਰਹੇ ਸਿਹਤ ਖਤਰਿਆਂ ਬਾਰੇ ਜਾਗਰੂਕ ਕਰਨਾ ਤੇ ਸਿਹਤਮੰਦ ਜੀਵਨ ਸ਼ੈਲੀ ਦੇ ਵਿਕਲਪਾਂ ਦੀ ਤੁਰੰਤ ਲੋੜ 'ਤੇ ਧਿਆਨ ਕੇਂਦਰਤ ਕਰਨਾ ਸੀ।ਇਸ ਮੌਕੇ ਦੇਸ਼ ਭਗਤ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਡਾ. ਜ਼ੋਰਾ ਸਿੰਘ ਨੇ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਆਪਣੇ ਸੰਬੋਧਨ ਵਿੱਚ ਉਨ੍ਹਾਂ ਪਾਵਾ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਇਸ ਨੂੰ ਜਨਤਕ ਸਿਹਤ ਸੰਕਟ ਦੇ ਹੱਲ ਵੱਲ ਇੱਕ ਮਹੱਤਵਪੂਰਨ ਕਦਮ ਦੱਸਿਆ।ਉਨ੍ਹਾਂ ਨੌਜਵਾਨਾਂ ਨੂੰ ਜੰਕ ਫੂਡ ਛੱਡਣ ਤੇ ਪੌਸ਼ਟਿਕ ਖਾਣ-ਪੀਣ ਦੀਆਂ ਆਦਤਾਂ ਅਪਣਾਉਣ ਦੀ ਅਪੀਲ ਕੀਤੀ।ਦੇਸ਼ ਭਗਤ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ ਸਮਾਗਮ ਵਿੱਚ ਵਿਸ਼ੇਸ਼ ਮਹਿਮਾਨ ਸਨ।'ਪਾਵਾ' ਦੇ ਮੁੱਖ ਸਰਪ੍ਰਸਤ ਅਤੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਦੇ ਸਾਬਕਾ ਜੱਜ ਜਸਟਿਸ (ਸੇਵਾਮੁਕਤ) ਜ਼ੋਰਾ ਸਿੰਘ ਨੇ ਸਿੱਖਿਆ ਨੀਤੀ ਦੀ ਵਕਾਲਤ ਤੇ ਐੱਫ ਐੱਸ ਐੱਸ ਆਈ ਤੇ ਐੱਫ ਡੇ ਏ ਵਰਗੀਆਂ ਏਜੰਸੀਆਂ ਨਾਲ ਸਹਿਯੋਗ ਰਾਹੀਂ ਭੋਜਨ ਮਿਲਾਵਟਖੋਰੀ ਦਾ ਮੁਕਾਬਲਾ ਕਰਨ ਲਈ 'ਪਾਵਾ' ਦੇ ਮਿਸ਼ਨ 'ਤੇ ਜ਼ੋਰ ਦਿੱਤਾ।ਇਸ ਸੈਮੀਨਾਰ ਵਿੱਚ ਪਾਵਾ ਦੇ ਪ੍ਰੈਜ਼ੀਡੈਂਟ ਅਮਰਜੀਤ ਸਿੰਘ, ਵਾਈਸ ਪ੍ਰੈਜ਼ੀਡੈਂਟ ਕੈਪਟਨ ਬਲਵਿੰਦਰ ਸਿੰਘ ਤੇ ਬੀਰਿੰਦਰ ਸਿੰਘ (ਸੇਵਾਮੁਕਤ ਸੈਸ਼ਨ ਜੱਜ), ਜਨਰਲ ਸਕੱਤਰ ਸੁਰਜੀਤ ਸਿੰਘ ਭਟੋਆ, ਕੁਲਵੰਤ ਸਿੰਘ ਲਹਿਰਾ ਤੇ ਕੁਲਵੰਤ ਸਿੰਘ ਪੂਰਬਾ, ਸੰਯੁਕਤ ਸਕੱਤਰ, ਯਾਦਬਿੰਦਰ ਪਾਲ ਸਿੰਘ, ਕਾਨੂੰਨੀ ਸਲਾਹਕਾਰ, ਮੰਚ ਸੰਚਾਲਕ ਭਗਵਾਨ ਦਾਸ ਅਤੇ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਦੇ ਕਈ ਜ਼ਿਲ੍ਹਾ ਆਗੂ ਸ਼ਾਮਲ ਸਨ।ਦੇਸ਼ ਭਗਤ ਗਲੋਬਲ ਸਕੂਲ ਦੇ ਵਿਦਿਆਰਥੀਆਂ ਨੇ ਇਸ ਮੌਕੇ ਸੱਭਿਆਚਾਰਕ ਪ੍ਰਦਰਸ਼ਨਾਂ ਤੇ ਇੰਟਰੈਕਟਿਵ ਵਿਚਾਰ-ਵਟਾਂਦਰੇ ਨਾਲ ਪ੍ਰੋਗਰਾਮ ਨੂੰ ਸਫਲ ਬਣਾਇਆ।ਸੈਮੀਨਾਰ ਦੇ ਅੰਤ ਵਿੱਚ ਸ਼੍ਰੀ ਬੀਰਿੰਦਰ ਸਿੰਘ ਦੁਆਰਾ ਧੰਨਵਾਦ ਦਾ ਮਤਾ ਪੇਸ਼ ਕੀਤਾ ਗਿਆ, ਜਿਨ੍ਹਾਂ ਯੂਨੀਵਰਸਿਟੀ ਤੇ ਭਾਗੀਦਾਰਾਂ ਦਾ ਧੰਨਵਾਦ ਕੀਤਾ।

## ਬੱਚੇ ਦੇ ਜਨਮ ਦਿਨ ਦੀ ਖੁਸ਼ੀ 'ਚ ਸਕੂਲ ਨੂੰ ਕੂਲਰ ਭੇਟ ਤੇ ਪੌਦੇ ਲਗਾਏ



**ਮਾਨਸਾ (ਆਤਮਾ ਸਿੰਘ ਪਮਾਰ)**-ਸਰਕਾਰੀ ਪ੍ਰਾਇਮਰੀ ਸਕੂਲ ਬਰਨ ਵਿਖੇ ਨਿਰਮਲ ਸਿੰਘ ਦੰਦੀਵਾਲ ਤੇ ਉਨ੍ਹਾਂ ਦੀ ਧਰਮ-ਪਤਨੀ ਪ੍ਰਿਤਪਾਲ ਕੌਰ ਵੱਲੋਂ ਆਪਣੇ ਸਪੁੱਤਰ ਜਸਕਰਨ ਸਿੰਘ ਦੰਦੀਵਾਲ ਕੈਨੇਡਾ ਦੇ ਜਨਮ ਦਿਨ ਦੀ ਖੁਸ਼ੀ 'ਚ ਸਕੂਲ ਨੂੰ ਇੱਕ ਕੂਲਰ ਦਾਨ ਵਜੋਂ ਭੇਟ ਕੀਤਾ ਗਿਆ। ਇਸ ਤੋਂ ਇਲਾਵਾ ਗੰਧਲ ਰਹੇ ਵਾਤਾਵਰਣ ਨੂੰ ਧਿਆਨ ਹਿੱਤ ਰੱਖਦਿਆਂ, ਬੋਹੜ, ਅਮਰੂਦ ਤੇ ਹੋਰ ਫਲਦਾਰ ਅਤੇ ਛਾਂਦਾਰ ਪੌਦੇ ਲਗਾ ਕੇ ਵਾਤਾਵਰਣ ਦੀ ਸ਼ੁੱਧਤਾ 'ਚ ਵੀ ਆਪਣਾ ਯੋਗਦਾਨ ਪਾਇਆ।ਇਸ ਸਮੇਂ ਸਕੂਲ ਦੇ ਸਾਰੇ ਵਿਦਿਆਰਥੀਆਂ ਤੇ ਸਟਾਫ ਨੂੰ ਉਨ੍ਹਾਂ ਵੱਲੋਂ ਮਿਠਾਈਆਂ ਆਦਿ ਵੰਡ ਕੇ ਆਪਣੇ ਸਪੁੱਤਰ ਦਾ ਜਨਮ ਦਿਨ ਮਨਾਇਆ ਤੇ ਸਭ ਨਾਲ ਖ਼ੁਸ਼ੀ ਸਾਂਝੀ ਕੀਤੀ।ਇਸ ਮੌਕੇ ਬੋਲਦਿਆਂ ਨਿਰਮਲ ਸਿੰਘ ਨੇ ਸਮੁੱਚੇ ਨਗਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਸਰਕਾਰੀ ਸਕੂਲਾਂ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ।ਸਰਕਾਰੀ ਪ੍ਰਾਇਮਰੀ ਸਕੂਲ ਬਰਨ ਦੇ ਸਮੂਹ ਸਟਾਫ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕਰਦਿਆਂ, ਜਨਮ ਦਿਨ ਦੀਆਂ ਮੁਬਾਰਕਾਂ ਦੇਣ ਤੋਂ ਇਲਾਵਾ ਉਨ੍ਹਾਂ ਨੂੰ ਸਨਮਾਨਤ ਵੀ ਕੀਤਾ ਗਿਆ।

## ਮਿਲਾਵਟ ਖ਼ਿਲਾਫ਼ ਐੱਸ ਡੀ ਐੱਮ ਨੇ ਦਿੱਤੀਆਂ ਸਖ਼ਤ ਹਦਾਇਤਾਂ



**ਸੁਨਾਮ ਉਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਮੀਂਹ ਦੇ ਮੌਸਮ ਵਿੱਚ ਹੋਣ ਵਾਲੀਆਂ ਬਿਮਾਰੀਆਂ ਨੂੰ ਧਿਆਨ ਵਿੱਚ ਰੱਖਦਿਆਂ ਐੱਸ.ਡੀ.ਐੱਮ. ਸੁਨਾਮ ਸ਼੍ਰੀ ਪ੍ਰਮੋਦ ਸਿੰਗਲਾ ਨੇ ਖਾਣ-ਪੀਣ ਦੀਆਂ ਵਸਤੂਆਂ ਦੀ ਗੁਣਵੱਤਾ ਸਬੰਧੀ ਸਖ਼ਤ ਰੁਖ ਅਖਤਿਆਰ ਕੀਤਾ ਹੈ।ਇੱਥੇ ਇੱਕ ਸਿਹਤ ਵਿਭਾਗ ਦੇ ਅਧਿਕਾਰੀਆਂ ਤੇ ਹੋਰ ਪ੍ਰਸ਼ਾਸਨਕ ਅਧਿਕਾਰੀਆਂ ਨਾਲ ਸੰਯੁਕਤ ਮੀਟਿੰਗ ਦੌਰਾਨ ਉਨ੍ਹਾਂ ਨੇ ਦੁੱਧ ਉਤਪਾਦਕਾਂ ਨੂੰ ਕਿਹਾ ਕਿ ਦੁੱਧ ਵਿੱਚ ਕਿਸੇ ਵੀ ਕਿਸਮ ਦੀ ਮਿਲਾਵਟ ਨਾ ਹੋਵੇ, ਕਿਉਂਕਿ ਇਹ ਸਿੱਧਾ ਲੋਕਾਂ ਦੀ ਸਿਹਤ ਨਾਲ ਜੁੜਿਆ ਮਾਮਲਾ ਹੈ।ਉਨ੍ਹਾਂ ਮਿਠਾਈ ਦੀਆਂ ਦੁਕਾਨਾਂ ਨੂੰ ਤਾਜ਼ੀ ਤੇ ਸਾਫ਼ ਸੁਥਰੀ ਮਿਠਾਈ ਵੇਚਣ ਦੀ ਹਦਾਇਤ ਕੀਤੀ।ਉਨ੍ਹਾਂ ਕਿਹਾ ਕਿ ਮਿਠਾਈਆਂ 'ਚ ਸਾਫ਼ ਸੁਥਰੀ ਤੇ ਮਿਆਦ ਦੀ ਪਾਲਣਾ ਜ਼ਰੂਰੀ ਹੈ, ਨਹੀਂ ਤਾਂ ਸਖ਼ਤ ਕਾਰਵਾਈ ਹੋਵੇਗੀ।

ਐੱਸ ਡੀ ਐੱਮ ਨੇ ਸਿਹਤ, ਫੂਡ ਸੇਫਟੀ ਤੇ ਹੋਰ ਅਧਿਕਾਰੀਆਂ ਨੂੰ ਪਿੰਡਾਂ ਤੇ ਸ਼ਹਿਰੀ ਇਲਾਕਿਆਂ ਵਿੱਚ ਨਿਯਮਤ ਚੈਕਿੰਗ ਕਰਨ ਲਈ ਕਿਹਾ, ਤਾਂ ਜੋ ਮਾਰਕੀਟ 'ਚ ਵਿਕ ਰਹੀਆਂ ਖਾਣ-ਪੀਣ ਵਾਲੀਆਂ ਵਸਤੂਆਂ ਦੀ ਪੂਰੀ ਜਾਂਚ ਹੋ ਸਕੇ।ਉਨ੍ਹਾਂ ਕਿਹਾ ਕਿ ਮਿਲਾਵਟੀ ਤੇ ਮਿਆਦ ਪੁੱਗੀਆਂ ਖਾਧ ਵਸਤੂਆਂ ਨਾਲ ਲੋਕਾਂ ਦੀ ਜਾਨ ਖਤਰੇ 'ਚ ਪੈ ਸਕਦੀ ਹੈ, ਜਿਸ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਇਸ ਮੀਟਿੰਗ ਮੌਕੇ ਡੀ ਐੱਸ ਪੀ ਹਰਵਿੰਦਰ ਸਿੰਘ ਖਹਿਰਾ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਹਾਜ਼ਰ ਸਨ।

## ਸਾਵਣ ਮਹੀਨੇ ਦੀ ਆਮਦ 'ਤੇ ਸ੍ਰੀ ਕ੍ਰਿਸ਼ਨਾ ਗਊਸ਼ਾਲਾ ਵਿਖੇ ਲਗਾਇਆ ਲੰਗਰ



**ਮਮਦੋਟ (ਹਰਪਾਲ ਸੋਢੀ)**-ਸਾਵਣ ਮਹੀਨੇ ਦੇ ਸ਼ੁੱਭ ਆਮਦ ਤੇ ਸ੍ਰੀ ਕ੍ਰਿਸ਼ਨਾ ਗਊਸ਼ਾਲਾ ਮਮਦੋਟ ਵਿਖੇ ਭਜਨ ਕੀਰਤਨ ਕੀਤਾ ਗਿਆ ਤੇ ਆਈ ਹੋਈ ਸੰਗਤ ਵਾਸਤੇ ਕੜਾਹ ਪ੍ਰਸ਼ਾਦ ਤੇ ਦੁੱਧ ਦਾ ਲੰਗਰ ਲਗਾਇਆ ਗਿਆ।ਇਸ ਮੌਕੇ ਸ੍ਰੀ ਕ੍ਰਿਸ਼ਨਾ ਗਊਸ਼ਾਲਾ ਦੇ ਪ੍ਰਧਾਨ ਸ਼ਾਮ ਲਾਲ ਭੋਲੇਵਾਸੀਆ, ਤਜਿੰਦਰ ਪਾਲ ਢੀਂਗੜਾ, ਰਾਜ ਕੁਮਾਰ ਮਦਾਨ, ਰਾਜੇਸ਼ ਗਾਬਾ, ਬਲਦੇਵ ਰਾਜ ਸ਼ਰਮਾ ਆਦਿ ਨੇ ਦੱਸਿਆ ਕਿ ਗਊ ਭਗਤਾਂ ਵੱਲੋਂ ਹਰ ਮਹੀਨੇ ਦੀ ਤਰ੍ਹਾਂ ਸਾਵਣ ਮਹੀਨੇ ਦੀ ਆਮਦ 'ਤੇ ਆਈ ਹੋਈ ਸੰਗਤ ਨੂੰ ਕੜ੍ਹਾਹ ਪ੍ਰਸ਼ਾਦ ਤੇ ਦੁੱਧ ਦਾ ਲੰਗਰ ਵਰਤਾਇਆ ਗਿਆ।ਗਊਸ਼ਾਲਾ ਦੇ ਪ੍ਰਬੰਧਕਾਂ ਨੇ ਮਮਦੋਟ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਦਾ ਜਨਮ ਦਿਨ, ਵਿਆਹ ਦੀ ਵਰ੍ਹੇਗੰਡ ਤੇ ਬਜ਼ੁਰਗਾਂ ਦੀ ਸਾਲਗਿਰਾ ਗਊਸ਼ਾਲਾ ਵਿੱਚ ਆ ਕੇ ਗਊਆਂ ਨੂੰ ਚਾਰਾ ਖਵਾ ਕੇ ਮਨਾਉਣ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਾਜਨ ਜਿਉਲਰਜ਼, ਸੁਰਿੰਦਰ ਕੁਮਾਰ ਕਾਲਾ, ਬਗੀਚਾ ਸਿੰਘ ਰਾਜਾ, ਮਹਿੰਦਰ ਸਿੰਘ, ਲਖਵਿੰਦਰ ਸਿੰਘ ਮੁਰਕ ਵਾਲਾ, ਕਪਿਲ ਭੋਲੇਵਾਸੀਆ, ਜੱਜ ਲੂਥਰਾ, ਮਿਸਤਰੀ ਸ਼ਾਮ ਲਾਲ, ਅਸ਼ੋਕ ਪਰਜਾਪਤੀ, ਡਾ: ਬੰਗਾਲੀ ਆਦਿ ਹਾਜ਼ਰ ਸਨ।

## ਬਾਬਾ ਨਾਮਦੇਵ ਭਵਨ 'ਚ ਬੂਟੇ ਲਾਏ



**ਭੀਖੀ (ਗੁਰਿੰਦਰ ਸਿੰਘ ਔਲਖ)**-ਧਰਤੀ ਸਾਡੀ ਮਾਂ ਤੇ ਰੁੱਖ ਸਾਡੀ ਛਾਂ ਦੇ ਬੈਨਰ ਹੇਠ ਬਾਬਾ ਨਾਮਦੇਵ ਵੈੱਲਫੇਅਰ ਸਭਾ ਦੇ ਪ੍ਰਧਾਨ ਤੇ ਵਾਤਾਵਰਣ ਪ੍ਰੇਮੀ ਪ੍ਰਿੰਸ ਕੁਮਾਰ ਵੱਲੋਂ ਸਥਾਨਕ ਬਾਬਾ ਨਾਮ ਦੇਵ ਭਵਨ ਵਿਖੇ ਬੂਟੇ ਲਾਏ ਗਏ।ਇਸ ਮੌਕੇ ਉਨ੍ਹਾਂ ਕਿਹਾ ਕਿ ਅੱਜ ਦੇ ਯੁਗ 'ਚ ਜਦੋਂ ਵਾਤਾਵਰਣ ਗੰਧਲਾ ਹੋ ਰਿਹਾ ਹੈ, ਅਜਿਹੇ 'ਚ ਹਰ ਮਨੁੱਖ ਦਾ ਫਰਜ਼ ਬਣਦਾ ਹੈ ਕਿ ਉਹ ਆਪਣੇ ਜੀਵਨ 'ਚ ਘੱਟੋ ਘੱਟ ਇੱਕ ਬੂਟਾ ਜ਼ਰੂਰ ਲਾਵੇ ਤਾਂ ਜੋ ਵਾਤਾਵਰਣ ਨੂੰ ਬਚਾਇਆ ਜਾ ਸਕੇ।ਬੂਟੇ ਕੇਵਲ ਸਾਨੂੰ ਫਲ਼, ਛਾਂ ਹੀ ਨਹੀਂ ਦਿੰਦੇ, ਬਲਕਿ ਆਕਸੀਜਨ ਪ੍ਰਦਾਨ ਕਰਦੇ ਹਨ।ਇਸ ਮੌਕੇ ਜਨਕ ਸਿੰਘ, ਗੁਰਚਰਨ ਸਿੰਘ, ਕੁਲਦੀਪ ਸਿਮਗ ਜੱਗੀ ਤੇ ਹੋਰ ਹਾਜ਼ਰ ਸਨ।

## ਮਾਸਟਰ ਤਾਰਾ ਸਿੰਘ ਮੈਮੋਰੀਅਲ ਕਾਲਜ ਫ਼ਾਰ ਵੂਮੈਨ ਵਿਖੇ ਇੰਡਕਸ਼ਨ ਸੈਸ਼ਨ



**ਲੁਧਿਆਣਾ (ਰੈਕਟਰ ਕਥੂਰੀਆ)**-ਮਾਸਟਰ ਤਾਰਾ ਸਿੰਘ ਮੈਮੋਰੀਅਲ ਕਾਲਜ ਫ਼ਾਰ ਵਿਮੈਨ ਲੁਧਿਆਣਾ ਵਿਖੇ ਪੀਜੀ ਕਾਮਰਸ ਤੇ ਬਿਜ਼ਨੈੱਸ ਐਡਮਿਨਿਸਟ੍ਰੇਸ਼ਨ ਵਿਭਾਗ ਨੇ ਬੀ. ਕਾਮ ਪਹਿਲੇ ਤੇ ਬੀਬੀਏ ਪਹਿਲੇ ਸਮੈਸਟਰ ਦੀਆਂ ਵਿਦਿਆਰਥਣਾਂ ਲਈ ਇੰਡਕਸ਼ਨ ਸੈਸ਼ਨ ਦਾ ਆਯੋਜਨ ਕੀਤਾ, ਜਿਸ ਦੌਰਾਨ ਕਾਲਜ ਪ੍ਰਿੰਸੀਪਲ ਡਾ. ਕਿਰਨਦੀਪ ਕੌਰ ਨੇ ਪਹਿਲੇ ਸਾਲ ਦੀਆਂ ਵਿਦਿਆਰਥਣਾਂ ਦਾ ਕਾਲਜ ਦੇ ਵਿਹੜੇ ਸਵਾਗਤ ਕਰਦਿਆਂ ਉਨ੍ਹਾਂ ਨੂੰ ਆਪਣੇ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਸਖ਼ਤ ਵਚਨਬੱਧਤਾ ਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ।ਵਿਭਾਗ ਮੁਖੀ ਡਾ. ਸੁਮੇਧਾ ਗੁਪਤਾ ਨੇ ਵਿਦਿਆਰਥਣਾਂ ਨੂੰ ਵਿਭਾਗ ਦੇ ਕੰਮਕਾਜਾਂ ਬਾਰੇ ਚਾਨਣਾ ਪਾਉਂਦਿਆਂ ਕਾਲਜ ਦੇ ਵੱਖ-ਵੱਖ ਨਿਯਮਾਂ ਬਾਰੇ ਵੀ ਜਾਣੂ ਕਰਵਾਇਆ।ਪ੍ਰੋ. ਮਿਨਾਕਸ਼ੀ ਨੇ ਵਿਦਿਆਰਥਣਾਂ ਨੂੰ ਕਾਲਜ ਦੀਆਂ ਵੱਖ-ਵੱਖ ਕਮੇਟੀਆਂ ਤੇ ਕਲੱਬਾਂ ਦੀ ਮਹੱਤਤਾ ਬਾਰੇ ਸਮਝਾਇਆ ਤੇ ਉਨ੍ਹਾਂ ਨੂੰ ਕਾਲਜ ਦੀਆਂ ਵੱਖ-ਵੱਖ ਗਤੀਵਿਧੀਆਂ ਵਿੱਚ ਆਪਣਾ ਨਾਮ ਦਰਜ ਕਰਵਾਉਣ ਲਈ ਉਤਸ਼ਾਹਤ ਕੀਤਾ।ਬਾਅਦ ਵਿੱਚ ਵਿਦਿਆਰਥਣਾਂ ਨੇ ਆਪਣੇ ਸੰਚਾਰ ਹੁਨਰ ਨੂੰ ਵਧਾਉਣ, ਸਹਿਯੋਗ ਤੇ ਟੀਮ ਵਰਕ ਦੀ ਮਹੱਤਤਾ ਸਿੱਖਣ ਲਈ ਕਈ ਖੇਡਾਂ ਖੇਡੀਆਂ।ਪ੍ਰਿੰਸੀਪਲ ਡਾ. ਕਿਰਨਦੀਪ ਕੌਰ, ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਵਰਨ ਸਿੰਘ, ਸਕੱਤਰ ਗੁਰਬਚਨ ਸਿੰਘ ਪਾਹਵਾ ਤੇ ਹੋਰ ਮੈਂਬਰ ਸਾਹਿਬਾਨਾਂ ਨੇ ਸਟਾਫ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਵਿਦਿਆਰਥਣਾਂ ਦੇ ਉੱਜਵਲ ਅਕਾਦਮਿਕ ਸਫ਼ਰ ਦੀ ਕਾਮਨਾ ਕੀਤੀ ਤੇ ਜੇਤੂਆਂ ਨੂੰ ਇਨਾਮ ਵੀ ਦਿੱਤੇ ਗਏ।ਵਿਦਿਆਰਥਣਾਂ ਨੇ ਇੰਡਕਸ਼ਨ ਸੈਸ਼ਨ ਦਾ ਪੂਰਾ ਆਨੰਦ ਮਾਣਿਆ।

## ਵਤਰੁਖ ਫਾਊਂਡੇਸ਼ਨ ਨੇ ਰਾਮਪੁਰ ਵਿਖੇ ਵਣ-ਮਹਾਂਉਤਸਵ ਮਨਾਇਆ



**ਲੁਧਿਆਣਾ (ਰੈਕਟਰ ਕਥੂਰੀਆ)**-ਵਤਰੁਖ ਫਾਊਂਡੇਸ਼ਨ ਨੇ ਪਿੰਡ ਰਾਮਪੁਰ, ਜ਼ਿਲ੍ਹਾ ਲੁਧਿਆਣਾ ਵਿਖੇ ਵਣ ਮਹਾਂਉਤਸਵ ਮਨਾਇਆ।ਪਿੰਡ ਵਿੱਚ ਲਗਭਗ 500 ਰੁੱਖ ਲਗਾਏ ਗਏ। ਨਨਕਾਣਾ ਸਾਹਿਬ ਸਕੂਲ ਰਾਮਪੁਰ ਦੇ ਸਕੂਲੀ ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ।ਨਨਕਾਣਾ ਸਾਹਿਬ ਸਕੂਲ ਦੇ ਪ੍ਰਿੰਸੀਪਲ ਜਸਵਿੰਦਰ ਸਿੰਘ ਨੇ ਕਿਹਾ ਕਿ ਸਿਰਫ਼ ਰੁੱਖ ਲਗਾਉਣਾ ਹੀ ਨਹੀਂ, ਸਗੋਂ ਉਨ੍ਹਾਂ ਦੀ ਦੇਖਭਾਲ ਕਰਨਾ ਵੀ ਜ਼ਰੂਰੀ ਹੈ।ਸਰਪੰਚ ਜਸਵੰਤ ਸਿੰਘ ਨੇ ਕਿਹਾ ਕਿ ਰੁੱਖ ਸਮੇਂ ਦੀ ਲੋੜ ਹਨ। ਵਤਰੁਖ ਫਾਊਂਡੇਸ਼ਨ ਦੀ ਸਮਿਤਾ ਕੌਰ ਨੇ ਕਿਹਾ ਕਿ ਪੰਜਾਬ ਦੇ ਰੁੱਖਾਂ ਦੇ ਰਕਬੇ ਨੂੰ ਪੰਜਾਬ ਦੇ ਭੂਗੋਲਿਕ ਖੇਤਰ ਦੇ 3.67% ਤੋਂ ਵਧਾ ਕੇ 33% ਕੀਤਾ ਜਾਵੇਗਾ।ਇਸ ਨਾਲ ਧਰਤੀ ਹੇਠਲੇ ਪਾਣੀ ਨੂੰ ਮੁੜ ਸੁਰਜੀਤ ਕਰਨ ਤੇ ਸਾਫ਼ ਹਵਾ ਬਣਾਉਣ ਵਿੱਚ ਮਦਦ ਮਿਲੇਗੀ।ਇਸ ਮੌਕੇ ਜੰਗਲਾਤ ਵਿਭਾਗ ਤੋਂ ਸ੍ਰ. ਬਲਦੇਵ ਸਿੰਘ, ਗੁਰਮਨੀਤ ਸਿੰਘ ਮਾਂਗਟ, ਸਵਰਨਜੀਤ ਕੌਰ, ਨਵਦੀਪ ਕੌਰ ਤੇ ਅਭਿਸ਼ੇਕ ਸ਼ਰਮਾ ਮੌਜੂਦ ਸਨ।ਇਸ ਸਮਾਗਮ ਵਿੱਚ ਪਿੰਡ ਵਾਸੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ।

# ਭੂਰੇ ਗਿੱਲ ਵਿਖੇ ਪੰਚਾਇਤ ਵਿਭਾਗ ਨੇ ਨਸ਼ਾ ਸਮੱਗਲਰ ਦਾ ਘਰ ਢਾਹਿਆ

ਅੰਮ੍ਰਿਤਸਰ, ਚੇਤਨਪੁਰਾ (ਨਰਿੰਦਰ ਜੀਤ ਸਿੰਘ, ਸੁਖਵੰਤ ਚੇਤਨਪੁਰੀ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਿੱਚੋਂ ਨਸ਼ੇ ਦੇ ਖਾਤਮੇ ਲਈ ਸ਼ੁਰੂ ਕੀਤੇ ਗਏ ਯੁੱਧ ਨਸ਼ੇ ਵਿਰੁੱਧ ਤਹਿਤ ਕਾਰਵਾਈ ਕਰਦੇ ਹੋਏ ਪੰਚਾਇਤ ਵਿਭਾਗ ਨੇ ਪੁਲਸ ਦੀ ਮਦਦ ਨਾਲ ਸਰਹੱਦੀ ਪਿੰਡ ਭੂਰੇ ਗਿੱਲ, ਥਾਣਾ ਰਮਦਾਸ ਦੇ ਰਹਿਣ ਵਾਲੇ ਗਗਨਦੀਪ ਸਿੰਘ ਪੁੱਤਰ ਇਕਬਾਲ ਸਿੰਘ, ਜੋ ਕਿ ਚਿੱਟੇ ਦਾ ਸਮੱਗਲਰ ਹੈ, ਦਾ ਨਜਾਇਜ਼ ਬਣਾਇਆ ਗਿਆ ਘਰ ਮਲੀਆਮੇਟ ਕਰ ਦਿੱਤਾ। ਇਸ ਬਾਰੇ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪੁਲਿਸ ਮੁਖੀ ਮਨਿੰਦਰ ਸਿੰਘ ਨੇ ਦੱਸਿਆ ਕਿ ਗਗਨਦੀਪ ਸਿੰਘ ਖਿਲਾਫ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਵੱਖ-ਵੱਖ ਧਾਰਾਵਾਂ ਅਧੀਨ ਛੇ ਮੁਕੱਦਮੇ ਦਰਜ ਹਨ ਅਤੇ ਇਸ ਨੇ ਪਿੰਡ ਭੂਰੇ ਗਿੱਲ ਦੀ ਪੰਚਾਇਤੀ ਜ਼ਮੀਨ ਉਤੇ ਨਾਜਾਇਜ਼ ਕਬਜ਼ਾ ਕਰਕੇ ਆਪਣਾ ਘਰ ਬਣਾਇਆ ਹੋਇਆ ਸੀ। ਜਿਸ ਸਬੰਧ ਵਿੱਚ ਪਿੰਡ ਦੀ ਸਮੁੱਚੀ ਪੰਚਾਇਤ ਅਤੇ ਸਰਪੰਚ ਵੱਲੋਂ ਇਸ ਖਿਲਾਫ ਮਤਾ ਪਾ ਕੇ ਬੀ ਡੀ ਪੀ ਓ ਰਮਦਾਸ ਦੀ ਸਹਾਇਤਾ ਮੰਗੀ ਗਈ ਅਤੇ ਅੱਜ ਬੀ ਡੀ ਪੀ ਓ ਰਮਦਾਸ ਪਵਨ ਕੁਮਾਰ ਵੱਲੋਂ ਪੁਲਸ ਦੀ ਮਦਦ ਨਾਲ ਨਸ਼ਟ ਕਰਕੇ ਉਸ ਦਾ ਕਬਜ਼ਾ ਬੀ ਡੀ ਪੀ ਓ ਰਮਦਾਸ ਰਾਹੀਂ ਪਿੰਡ ਦੀ ਪੰਚਾਇਤ ਨੂੰ ਦਿੱਤਾ ਗਿਆ। ਇਸ ਮੌਕੇ ਪਹੁੰਚੇ ਐਸ ਪੀ ਹੈਡਕੁਆਰਟਰ ਅਦਿਤਿਆ ਵਾਰੀਅਰ ਨੇ ਦੱਸਿਆ ਕਿ ਗਗਨਦੀਪ ਸਿੰਘ ਇਸ ਵਕਤ ਭਗੌੜਾ ਚੱਲ ਰਿਹਾ ਹੈ। ਗਗਨਦੀਪ ਸਿੰਘ ਵੱਲੋਂ ਨਸ਼ਿਆਂ ਦਾ ਕਾਰੋਬਾਰ ਕਰਕੇ ਨਸ਼ਿਆਂ ਦੀ ਕਾਲੀ ਕਮਾਈ ਨਾਲ ਇਹ ਘਰ ਬਣਾਇਆ ਹੋਇਆ ਸੀ, ਇਸ ਲਈ ਇਹ ਘਰ ਜ਼ਾਬਤੇ ਅਨੁਸਾਰ ਖਾਲੀ ਕਰਵਾ ਕੇ ਜਗ੍ਹਾ ਪੰਚਾਇਤ ਦੇ ਹਵਾਲੇ ਕੀਤੀ ਗਈ ਹੈ। ਉਹਨਾਂ ਕਿਹਾ ਕਿ ਗਗਨਦੀਪ ਸਿੰਘ ਵਰਗੇ ਹੋਰ ਨਸ਼ਾ ਤਸਕਰਾਂ ਨੂੰ ਇਹ ਸਖਤ ਤਾੜਨਾ ਹੈ ਕਿ ਉਹ ਜਾਂ ਤਾਂ ਮਾੜੇ ਕੰਮ ਛੱਡ ਕੇ ਮੁੱਖ ਧਾਰਾ ਵਿੱਚ ਸ਼ਾਮਲ ਹੋ ਕੇ ਆਮ ਜ਼ਿੰਦਗੀ ਬਤੀਤ ਕਰਨ ਨਹੀਂ ਤਾਂ ਜੇਲ੍ਹ ਜਾਣ ਲਈ ਤਿਆਰ ਰਹਿਣ। ਅਜਿਹੇ ਹੋਰ ਨਸ਼ਾ ਤਸਕਰਾਂ ਦੇ ਖਿਲਾਫ ਆਉਣ ਵਾਲੇ ਦਿਨਾਂ ਵਿੱਚ ਸਖਤ ਕਾਰਵਾਈ ਕੀਤੀ ਜਾਵੇਗੀ।



# ਕੇਂਦਰੀ ਸੁਰੱਖਿਆ ਬਲਾਂ ਨੂੰ ਪੱਕੇ ਤੌਰ 'ਤੇ ਦਰਬਾਰ ਸਾਹਿਬ 'ਚ ਤਾਇਨਾਤ ਕੀਤਾ ਜਾਵੇ : ਔਜਲਾ

ਅੰਮ੍ਰਿਤਸਰ/ਚੇਤਨਪੁਰਾ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ, ਸੁਖਵੰਤ ਚੇਤਨਪੁਰੀ)- ਆਰ ਡੀ ਐਕਸ ਨਾਲ ਹਰਿਮੰਦਰ ਸਾਹਿਬ ਨੂੰ ਉਡਾਉਣ ਦੀ ਧਮਕੀ ਵਾਲੇ ਈਮੇਲ ਮਿਲਣ ਤੋਂ ਬਾਅਦ ਐਮ.ਪੀ ਗੁਰਜੀਤ ਸਿੰਘ ਔਜਲਾ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਪੱਤਰ ਲਿਖ ਕੇ ਕੇਂਦਰੀ ਸੁਰੱਖਿਆ ਬਲਾਂ ਨੂੰ ਪੱਕੇ ਤੌਰ 'ਤੇ ਤਾਇਨਾਤ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਉਨ੍ਹਾਂ ਨੂੰ ਐਸ.ਜੀ.ਪੀ.ਸੀ. ਵੱਲੋਂ ਸੂਚਿਤ ਕਰਨ ਤੋਂ ਬਾਅਦ ਹੀ ਈਮੇਲ ਬਾਰੇ ਪਤਾ ਲੱਗਾ।ਐਮ.ਪੀ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਉਨ੍ਹਾਂ ਦੇ ਦਫ਼ਤਰ ਵਿੱਚ ਇੱਕ ਈਮੇਲ ਆਈ ਸੀ ਪਰ ਇਹ ਸਪੈਮ ਈਮੇਲ ਹੋਣ ਕਾਰਨ ਸਟਾਫ ਦੇ ਧਿਆਨ ਵਿੱਚ ਨਹੀਂ ਆਈ, ਜਦੋਂ ਕਿ ਈਮੇਲ ਬਹੁਤ ਉਲਝਣ ਵਾਲੀ ਹੈ ਅਤੇ ਸਮਝਣ ਵਿੱਚ ਮੁਸ਼ਕਲ ਹੈ, ਪਰ ਜਦੋਂ ਐਸ.ਜੀ.ਪੀ.ਸੀ.ਦੇ ਮੁਖੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਬਾਰੇ ਦੱਸਿਆ ਤਾਂ ਇਸ ਦੀ ਖੋਜ ਕੀਤੀ ਗਈ ਅਤੇ ਫਿਰ ਈਮੇਲ ਮਿਲੀ। ਐਮ.ਪੀ ਗੁਰਜੀਤ ਸਿੰਘ ਔਜਲਾ ਨੇ ਕਿਹਾ ਕਿ ਇਹ ਬਹੁਤ ਗੰਭੀਰ ਮੁੱਦਾ ਹੈ ਅਤੇ ਉਹ ਇਸ ਮੁੱਦੇ ਦਾ ਸਥਾਈ ਹੱਲ ਚਾਹੁੰਦੇ ਹਨ, ਜਿਸ ਕਾਰਨ ਉਨ੍ਹਾਂ ਨੇ ਅੱਜ ਗ੍ਰਹਿ ਮੰਤਰੀ ਨੂੰ ਮਿਲਣ ਦੀ ਕੋਸ਼ਿਸ਼ ਕੀਤੀ, ਪਰ ਜਦੋਂ ਮੀਟਿੰਗ ਨਹੀਂ ਹੋ ਸਕੀ, ਤਾਂ ਉਨ੍ਹਾਂ ਨੇ ਇਸ ਮੁੱਦੇ 'ਤੇ ਗੰਭੀਰਤਾ ਨਾਲ ਵਿਚਾਰ ਕਰਨ ਦੀ ਮੰਗ ਕਰਦੇ ਹੋਏ ਇੱਕ ਪੱਤਰ ਲਿਖਿਆ।ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਨੇ ਗ੍ਰਹਿ ਮੰਤਰੀ ਨੂੰ ਲਿਖੇ ਇੱਕ ਪੱਤਰ ਵਿੱਚ ਕਿਹਾ ਹੈ ਕਿ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ, ਸਿੱਖ ਧਰਮ ਦਾ ਇੱਕ ਪਵਿੱਤਰ ਅਤੇ ਇਤਿਹਾਸਕ ਤੀਰਥ ਸਥਾਨ ਹੈ ਅਤੇ ਇੱਥੇ ਹਰ ਰੋਜ਼ ਭਾਰਤ ਅਤੇ ਵਿਦੇਸ਼ਾਂ ਤੋਂ ਹਜ਼ਾਰਾਂ ਸ਼ਰਧਾਲੂ ਅਤੇ ਸੈਲਾਨੀ ਆਉਂਦੇ ਹਨ। ਇਹ ਬਹੁਤ ਚਿੰਤਾਜਨਕ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਪੰਜਵੀਂ ਧਮਕੀ ਭਰੀ ਈਮੇਲ ਪ੍ਰਾਪਤ ਹੋਈ ਹੈ ਜਿਸ ਵਿੱਚ ਸ੍ਰੀ ਹਰਿਮੰਦਰ ਸਾਹਿਬ ਨੂੰ ਉਡਾਉਣ ਦੇ ਇਰਾਦੇ ਦਾ ਸੰਕੇਤ ਹੈ। ਇਨ੍ਹਾਂ ਧਮਕੀਆਂ ਦੀ ਬਾਰੰਬਾਰਤਾ, ਨਿਰੰਤਰਤਾ ਅਤੇ ਗੰਭੀਰਤਾ ਸਪੱਸ਼ਟ ਤੌਰ 'ਤੇ ਪੰਜਾਬ ਵਿੱਚ ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਅਸਥਿਰ ਕਰਨ ਦੇ ਇੱਕ ਯਤਨ ਨੂੰ ਦਰਸਾਉਂਦੀ ਹੈ। ਉਨ੍ਹਾਂ ਕਿਹਾ ਕਿ ਇੱਥੇ ਸੁਰੱਖਿਆ ਵਿੱਚ ਕਿਸੇ ਵੀ ਤਰ੍ਹਾਂ ਦੀ ਕੁਤਾਹੀ ਜਾਂ ਹਮਲੇ ਦੇ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਵਿਨਾਸ਼ਕਾਰੀ ਨਤੀਜੇ ਨਿਕਲਣਗੇ।ਸੰਸਦ ਮੈਂਬਰ ਗੁਰਜੀਤ ਔਜਲਾ ਨੇ ਕਿਹਾ ਕਿ ਉਹ ਸ੍ਰੀ ਦਰਬਾਰ ਸਾਹਿਬ ਦੀ ਸੁਰੱਖਿਆ ਨੂੰ ਪਹਿਲ ਦੇ ਆਧਾਰ 'ਤੇ ਅਤੇ ਸਥਾਈ ਤੌਰ 'ਤੇ ਯਕੀਨੀ ਬਣਾਉਣ ਦੀ ਮੰਗ ਕਰਦੇ ਹਨ। ਇਸ ਤੋਂ ਇਲਾਵਾ, ਕੇਂਦਰੀ ਏਜੰਸੀਆਂ ਦੀ ਸਿੱਧੀ ਨਿਗਰਾਨੀ ਹੇਠ ਆਰ ਡੀ ਐਕਸ/ਬੰਬ ਡਿਟੈਕਟਰ, ਬੈਗੇਜ ਸਕੈਨਰ, ਚਿਹਰੇ ਦੀ ਪਛਾਣ ਕਰਨ ਵਾਲੇ ਕੈਮਰੇ, ਡਰੋਨ ਨਿਗਰਾਨੀ ਪ੍ਰਣਾਲੀਆਂ ਅਤੇ ਰਸਾਇਣਕ/ਰੇਡੀਓਲੋਜੀਕਲ ਸੈਂਸਰਾਂ ਸਮੇਤ ਉੱਚ-ਤਕਨੀਕੀ ਨਿਗਰਾਨੀ ਬੁਨਿਆਦੀ ਢਾਂਚੇ ਦੀ ਸਥਾਪਨਾ, ਸਥਾਨਕ ਪੁਲਸ ਅਤੇ ਕੇਂਦਰੀ ਖੁਫੀਆ ਏਜੰਸੀਆਂ ਦੁਆਰਾ ਸਾਂਝੇ ਤੌਰ 'ਤੇ ਸੰਚਾਲਿਤ ਇੱਕ ਸਥਾਈ ਸੁਰੱਖਿਆ ਤਾਲਮੇਲ ਸੈੱਲ ਦੀ ਸਥਾਪਨਾ, ਜੋ ਕਿ ਖਤਰੇ ਦੇ ਇਨਪੁਟ ਦੀ ਨਿਗਰਾਨੀ ਕਰਨ ਅਤੇ ਸਰਗਰਮ ਪ੍ਰਤੀਕਿਰਿਆ ਉਪਾਅ ਸ਼ੁਰੂ ਕਰਨ ਲਈ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸ੍ਰੀ ਹਰਿਮੰਦਰ ਸਾਹਿਬ ਨੂੰ ਵਾਰ-ਵਾਰ ਮਿਲ ਰਹੀਆਂ ਧਮਕੀਆਂ ਦੇ ਪਿੱਛੇ ਮੌਜੂਦ ਤੱਤਾਂ ਦੀ ਤੁਰੰਤ ਜਾਂਚ ਅਤੇ ਗ੍ਰਿਫ਼ਤਾਰੀ ਨੂੰ ਯਕੀਨੀ ਬਣਾਇਆ ਜਾਵੇ।ਉਨ੍ਹਾਂ ਮੰਗ ਕੀਤੀ ਕਿ ਹਰਿਮੰਦਰ ਸਾਹਿਬ ਨੂੰ 'ਰਾਸ਼ਟਰੀ ਸੁਰੱਖਿਅਤ ਧਾਰਮਿਕ ਸੰਸਥਾ' ਐਲਾਨਿਆ ਜਾਵੇ। ਉਨ੍ਹਾਂ ਮੰਗ ਕੀਤੀ ਕਿ ਰਾਸ਼ਟਰੀ ਸੁਰੱਖਿਆ ਪ੍ਰੋਟੋਕੋਲ ਤਹਿਤ ਸੁਰੱਖਿਆ ਅਤੇ ਸੁਰੱਖਿਆ ਲਈ ਫੰਡ ਮੁਹੱਈਆ ਕਰਵਾਏ ਜਾਣ ਅਤੇ ਸ਼ਹਿਰ ਦੇ ਅੰਦਰ ਇੱਕ ਤੇਜ਼ ਪ੍ਰਤੀਕਿਰਿਆ ਟੀਮ (ਥ੍ਰਠ) ਅਤੇ ਬੰਬ ਨਿਰੋਧਕ ਇਕਾਈਆਂ ਸਥਾਈ ਤੌਰ 'ਤੇ ਸਥਾਪਤ ਕੀਤੀਆਂ ਜਾਣ।



# ਪੰਜਾਬ ਸਰਕਾਰ ਵੱਲੋਂ ਸੇਵਾ ਕੇਂਦਰਾਂ ਦੀ ਗਿਣਤੀ ਵਧਾਉਣ ਦਾ ਫ਼ੈਸਲਾ

ਬਟਾਲਾ (ਡਾਕਟਰ ਮਲਵਿੰਦਰ ਸਿੰਘ)- ਪੰਜਾਬ ਸਰਕਾਰ ਬਿਹਤਰ ਸ਼ਾਸਨ ਅਤੇ ਕੁਸ਼ਲ ਢੰਗ ਨਾਲ ਸੇਵਾਵਾਂ ਪ੍ਰਦਾਨ ਕਰਕੇ ਨਾਗਰਿਕਾਂ ਨੂੰ ਹੋਰ ਬਿਹਤਰ ਅਨੁਭਵ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਸੂਬੇ ਭਰ ਵਿੱਚ ਹੋਰ 44 ਸੇਵਾ ਕੇਂਦਰ ਕਾਰਜਸ਼ੀਲ ਕਰਕੇ ਪ੍ਰਸ਼ਾਸਨਿਕ ਸੇਵਾਵਾਂ ਨੈੱਟਵਰਕ ਦਾ ਵਿਸਥਾਰ ਕਰਨ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿ ਸੁਚੱਜਾ ਪ੍ਰਸ਼ਾਸਨ ਅਤੇ ਸੂਚਨਾ ਤਕਨੀਕ ਵਿਭਾਗ ਵਲੋਂ ਇਸ ਵਿਸਥਾਰ ਤਹਿਤ 16 ਨਵੇਂ ਸੇਵਾ ਕੇਂਦਰਾਂ ਖੋਲ੍ਹੇ ਜਾਣਗੇ ਅਤੇ ਬੰਦ ਪਏ 28 ਕੇਂਦਰਾਂ ਨੂੰ ਮੁੜ ਕਾਰਜਸ਼ੀਲ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸੂਬੇ ਵਿੱਚ ਛੇ ਸੇਵਾ ਕੇਂਦਰਾਂ ਦੇ ਕਾਊਂਟਰਾਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇਸ ਵਿਸਥਾਰ ਦਾ ਉਦੇਸ਼ ਨਾਗਰਿਕਾਂ ਨੂੰ ਸੁਵਿਧਾਜਨਕ ਅਤੇ ਪਾਰਦਰਸ਼ੀ ਢੰਗ ਨਾਲ 500 ਤੋਂ ਵੱਧ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ ਵਾਲੇ ਸੇਵਾ ਕੇਂਦਰਾਂ ਰਾਹੀਂ ਈ-ਗਵਰਨੈਂਸ ਅਤੇ ਨਾਗਰਿਕ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣਾ ਹੈ। ਉਨ੍ਹਾਂ ਦੱਸਿਆ ਕਿ ਵਿਭਾਗ ਦੇ ਅਧਿਕਾਰੀਆਂ ਨੂੰ ਜਨਤਕ ਸਹੂਲਤਾਂ ਵਿੱਚ ਵਾਧਾ ਕਰਨ ਦੇ ਉਦੇਸ਼ ਨਾਲ ਸੇਵਾ ਕੇਂਦਰਾਂ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ, ਜਿਸ ਵਿੱਚ ਬਿਹਤਰ ਉਡੀਕ ਖੇਤਰ, ਬੈਠਣ ਦੀ ਜਗ੍ਹਾ, ਏਅਰ ਕੰਡੀਸ਼ਨਿੰਗ ਅਤੇ ਹੋਰ ਜ਼ਰੂਰੀ ਸਹੂਲਤਾਂ ਸ਼ਾਮਲ ਹਨ। ਇਨ੍ਹਾਂ ਸਾਰੇ ਉਪਾਵਾਂ ਦਾ ਉਦੇਸ਼ ਨਾਗਰਿਕਾਂ ਦੇ ਅਨੁਭਵ ਤੇ ਸੇਵਾ ਕੇਂਦਰ ਦੀ ਪਹੁੰਚ ਯੋਗਤਾ ਨੂੰ ਵਧਾਉਣਾ ਅਤੇ ਸੇਵਾਵਾਂ ਲਈ ਵਧਦੀ ਮੰਗ ਦਾ ਪ੍ਰਬੰਧਨ ਕਰਨਾ ਅਤੇ ਕੁਝ ਕੇਂਦਰਾਂ 'ਤੇ ਭੀੜ ਨੂੰ ਘਟਾਉਣ ਵਿੱਚ ਮਦਦ ਕਰਨਾ ਹੈ।



## ਪੰਚਾਇਤਾਂ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀ ਪੱਤਰ ਭਰਨ ਦਾ ਅੱਜ ਆਖਰੀ ਦਿਨ, 27 ਨੂੰ ਹੋਵੇਗੀ ਜ਼ਿਮਨੀ ਚੋਣ

ਮਜੀਠਾ (ਸੋਇਮ ਆਨੰਦ)- ਪੰਜਾਬ ਰਾਜ ਚੋਣ ਕਮਿਸ਼ਨ ਵਲੋਂ ਪੰਜਾਬ ਅੰਦਰ ਰਹਿੰਦੀਆਂ ਪੰਚਾਇਤਾਂ ਜਾਂ ਖਾਲੀ ਹੋਈਆਂ ਪੰਚਾਇਤਾਂ ਦੀਆਂ ਸੀਟਾਂ ਦੀਆਂ ਜ਼ਿਮਨੀ ਚੋਣਾਂ ਕਰਾਉਣ ਸਬੰਧੀ ਨੋਟੀਫਿਕੇਸ਼ਨ ਜਾਰੀ ਕੀਤਾ ਗਿਆ ਹੈ। ਇਸ ਤਹਿਤ ਬਲਾਕ ਮਜੀਠਾ ਅਧੀਨ ਆਉਂਦੀਆਂ ਪੰਜ ਗਰਾਮ ਪੰਚਾਇਤਾਂ ਦੇ ਪੰਚਾਂ ਦੀਆਂ ਖਾਲੀ ਸੀਟਾਂ 'ਤੇ ਵੀ ਜ਼ਿਮਨੀ ਚੋਣ ਹੋਣੀ ਹੈ। ਬਲਾਕ ਮਜੀਠਾ ਅਧੀਨ ਪਿੰਡ ਖਾਪੜਖੇੜੀ ਦੀ ਐਸ.ਸੀ. ਵਾਰਡ ਨੰਬਰ 2 ਦੀ ਪੰਚ ਦੀ ਸੀਟ ਜਿਸ ਦੀ ਚੋਣ ਰੱਦ ਹੋ ਗਈ ਸੀ, ਪਿੰਡ ਜੇਠੂਨੰਗਲ ਦੀ ਜਨਰਲ ਵਾਰਡ ਨੰਬਰ 7 ਤੇ ਪੰਚ ਦੀ ਸੀਟ ਜਿਸ ਦੀ ਚੋਣ ਰੱਦ ਹੋ ਗਈ ਸੀ, ਪਿੰਡ ਧਰਮਪੁਰ ਦੀ ਜਨਰਲ ਵਾਰਡ ਨੰਬਰ 3 ਤੋਂ ਪੰਚ ਦੀ ਸੀਟ ਜਿਸ ਦੇ ਚੁਣੇ ਪੰਚ ਦੀ ਮੌਤ ਹੋ ਗਈ ਸੀ, ਪਿੰਡ ਬੁਚ ਨੇ ਆਬਾਦ ਦੀ ਜਨਰਲ ਵਾਰਡ ਨੰਬਰ 3 ਦੀ ਸੀਟ ਜਿਸ ਦੇ ਚੁਣੇ ਪੰਚ ਦੀ ਮੌਤ ਹੋ ਗਈ ਸੀ, ਇਸੇ ਤਰ੍ਹਾਂ ਪਿੰਡ ਵਡਾਲਾ ਦੀ ਵਾਰਡ ਨੰਬਰ 2 ਐਸ.ਸੀ. ਇਸਤਰੀ ਚੁਣੀ ਪੰਚ ਦੀ ਮੌਤ ਹੋ ਗਈ ਸੀ, ਦੀ ਜ਼ਿਮਨੀ ਚੋਣ ਹੋਣੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਐਸ.ਡੀ.ਐਮ ਮਜੀਠਾ ਮੈਡਮ ਪੀਯੂਸ਼ਾ ਬੁਰੜਕ ਨੇ ਦੱਸਿਆ ਕਿ ਜ਼ਿਮਨੀ ਚੋਣ ਕਰਾਉਣ ਲਈ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਨਾਮਜ਼ਦਗੀ ਪੱਤਰ ਲੈਣ ਵਾਲੀ ਟੀਮ ਡਿਊਟੀ 'ਤੇ ਹੈ ਪਰ ਅਜੇ ਤੱਕ ਕਿਸੇ ਵੀ ਸੀਟ ਵਾਸਤੇ ਕਿਸੇ ਉਮੀਦਵਾਰ ਨੇ ਆਪਣੇ ਨਾਮਜ਼ਦਗੀ ਪੱਤਰ ਦਾਖਲ ਨਹੀਂ ਕਰਾਏ। 27 ਜੁਲਾਈ ਨੂੰ ਵੋਟਾਂ ਪੈਣਗੀਆਂ।



# ਸਖ਼ਤ ਸਜ਼ਾਵਾਂ ਬੇਅਦਬੀ ਦੇ ਅਪਰਾਧ ਖ਼ਤਮ ਕਰਨ ਦੀ ਗਾਰੰਟੀ ਨਹੀਂ : ਤਰਕਸ਼ੀਲ ਸੁਸਾਇਟੀ

*** ਬੇਅਦਬੀ ਦੀਆਂ ਘਟਨਾਵਾਂ ਪਿੱਛੇ ਸਰਕਾਰਾਂ ਦੀ ਨਾਕਾਮੀ ਜ਼ਿੰਮੇਵਾਰ**

ਅੰਮ੍ਰਿਤਸਰ-ਤਰਕਸ਼ੀਲ ਸੁਸਾਇਟੀ ਪੰਜਾਬ ਨੇ ਪੰਜਾਬ ਸਰਕਾਰ ਵੱਲੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਦੇ ਦੋਸ਼ੀਆਂ ਨੂੰ ਉਮਰ ਕੈਦ ਦੀ ਸਖ਼ਤ ਸਜ਼ਾ ਦੇਣ ਲਈ ਲਿਆਂਦੇ ਜਾ ਰਹੇ ਸਖ਼ਤ ਕਾਨੂੰਨ ਨੂੰ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਮਾੜੇ ਅਮਨ ਕਾਨੂੰਨ ਦੇ ਹਾਲਾਤ ਸਮੇਤ ਆਪਣੀਆਂ ਨਾਕਾਮੀਆਂ ਛੁਪਾਉਣ ਅਤੇ ਆਮ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਭੜਕਾਉਣ ਦੀ ਮੌਕਾਪ੍ਰਸਤ ਫ਼ਿਰਕੂ ਸਿਆਸਤ ਕਰਾਰ ਦਿੰਦਿਆਂ ਇਸ ਕਾਨੂੰਨ ਤਹਿਤ ਉਮਰ ਕੈਦ ਦੀ ਸਖ਼ਤ ਸਜ਼ਾ ਦੇਣ ਦੀ ਤਜਵੀਜ਼ ਨੂੰ ਰੱਦ ਕਰਨ ਦੀ ਮੰਗ ਕੀਤੀ ਹੈ।ਇਸ ਸਬੰਧੀ ਸੁਸਾਇਟੀ ਦੇ ਸੂਬਾ ਕਮੇਟੀ ਆਗੂਆਂ ਮਾਸਟਰ ਰਾਜਿੰਦਰ ਭਦੌੜ, ਹੇਮ ਰਾਜ ਸਟੈਨੋ, ਰਾਜਪਾਲ ਬਠਿੰਡਾ, ਜਸਵਿੰਦਰ ਫਗਵਾੜਾ, ਰਾਜੇਸ਼ ਅਕਲੀਆ, ਰਾਮ ਸਵਰਨ ਲੱਖੇਵਾਲੀ ਅਤੇ ਸੁਮੀਤ ਅੰਮ੍ਰਿਤਸਰ ਨੇ ਤਰਕਸ਼ੀਲ ਭਵਨ ਬਰਨਾਲਾ ਤੋਂ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਤਤਕਾਲੀ ਅਕਾਲੀ-ਭਾਜਪਾ, ਕਾਂਗਰਸ ਅਤੇ ਮੌਜੂਦਾ ਪੰਜਾਬ ਸਰਕਾਰ ਵੱਲੋਂ ਬੀਤੇ ਸਮੇਂ ਵਿੱਚ ਵਾਪਰੀਆਂ ਧਾਰਮਿਕ ਬੇਅਦਬੀਆਂ ਦੀਆਂ ਘਟਨਾਵਾਂ ਦੀ ਕੋਈ ਠੋਸ ਜਾਂਚ ਪੜਤਾਲ ਕਰਕੇ ਅਸਲ ਸਚਾਈ ਸਾਹਮਣੇ ਨਹੀਂ ਲਿਆਂਦੀ ਗਈ ਅਤੇ ਨਾ ਹੀ ਮੌਕ 'ਤੇ ਕਾਬੂ ਦੋਸ਼ੀਆਂ ਦੇ ਕਤਲ ਕਰਕੇ ਸਬੂਤ ਮਿਟਾਉਣ ਵਾਲਿਆਂ ਨੂੰ ਕੋਈ ਸਜ਼ਾ ਦਿਵਾਈ ਗਈ ਹੈ ਜੋ ਕਿ ਸਰਕਾਰ ਦੀ ਗ਼ੈਰ ਸੰਜੀਦਗੀ ਅਤੇ ਫਿਰਕੂ ਤਾਕਤਾਂ ਨਾਲ ਮਿਲੀਭੁਗਤ ਨੂੰ ਸਾਬਤ ਕਰਦਾ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਬੇਅਦਬੀ ਦੀਆਂ ਘਟਨਾਵਾਂ ਪਿੱਛੇ ਕੰਮ ਕਰਦੇ ਕਾਰਨਾਂ ਅਤੇ ਫ਼ਿਰਕੂ ਤਾਕਤਾਂ ਦਾ ਪਰਦਾਫਾਸ਼ ਕਰਕੇ ਹੀ ਅਜਿਹੇ ਅਪਰਾਧਾਂ ਨੂੰ ਖ਼ਤਮ ਕੀਤਾ ਜਾ ਸਕਦਾ ਹੈ, ਸਖ਼ਤ ਸਜ਼ਾਵਾਂ ਦੇ ਕੇ ਨਹੀਂ।ਤਰਕਸ਼ੀਲ ਆਗੂਆਂ ਨੇ ਸਪੱਸ਼ਟ ਕੀਤਾ ਕਿ ਸਰਕਾਰਾਂ ਵੱਲੋਂ ਕੋਈ ਸਖ਼ਤ ਸਜ਼ਾ ਦੇਣ ਦਾ ਕਾਨੂੰਨ ਬਣਾ ਕੇ ਲਾਗੂ ਕਰਨਾ ਕਿਸੇ ਅਪਰਾਧ ਨੂੰ ਖ਼ਤਮ ਕਰਨ ਦੀ ਗਾਰੰਟੀ ਨਹੀਂ ਹੋ ਸਕਦਾ ਕਿਉਂਕਿ ਭਾਰਤੀ ਨਿਆਂ ਪ੍ਰਣਾਲੀ ਵਿੱਚ ਕਤਲ ਅਤੇ ਬਲਾਤਕਾਰ ਦੇ ਦੋਸ਼ੀਆਂ ਲਈ ਮੌਤ ਦੀ ਸਖ਼ਤ ਸਜ਼ਾ ਹੋਣ ਦੇ ਬਾਵਜੂਦ ਦੇਸ਼ ਵਿੱਚ ਕਤਲ ਅਤੇ ਬਲਾਤਕਾਰ ਦੇ ਅਪਰਾਧਾਂ ਵਿੱਚ ਕੋਈ ਕਮੀ ਨਹੀਂ ਆਈ ਉਲਟਾ ਸਗੋਂ ਵਾਧਾ ਹੋਇਆ ਹੈ।ਸੂਬਾ ਕਮੇਟੀ ਆਗੂਆਂ ਜਸਵੰਤ ਮੁਹਾਲੀ, ਸੁਖਵਿੰਦਰ ਬਾਗਪੁਰ, ਜੋਗਿੰਦਰ ਕੁੱਲੇਵਾਲ ਅਤੇ ਗੁਰਪ੍ਰੀਤ ਸ਼ਹਿਣਾ ਨੇ ਇਸ ਕਾਨੂੰਨ ਦੀ ਦੁਰਵਰਤੋਂ ਹੋਣ ਦਾ ਖਦਸ਼ਾ ਜ਼ਾਹਰ ਕਰਦਿਆਂ ਦੋਸ਼ ਲਾਇਆ ਕਿ ਜਿਵੇਂ ਸਾਮਰਾਜ ਪੱਖੀ ਹਕੂਮਤਾਂ ਵੱਲੋਂ ਯੂ ਏ ਪੀ ਏ ਅਤੇ ਐਨ ਐਸ ਏ ਵਰਗੇ ਲੋਕ ਵਿਰੋਧੀ ਸਖ਼ਤ ਕਾਨੂੰਨਾਂ ਦੀ ਆਪਣੇ ਸਿਆਸੀ ਅਤੇ ਵਿਚਾਰਧਾਰਕ ਵਿਰੋਧੀਆਂ ਦੇ ਖ਼ਿਲਾਫ਼ ਦੁਰਵਰਤੋਂ ਕਰਕੇ ਉਨ੍ਹਾਂ ਨੂੰ ਕਈ ਕਈ ਸਾਲਾਂ ਤੱਕ ਜੇਲ੍ਹਾਂ ਵਿੱਚ ਨਜ਼ਰਬੰਦ ਕੀਤਾ ਗਿਆ ਹੈ, ਉਵੇਂ ਹੀ ਧਾਰਮਿਕ ਬੇਅਦਬੀ ਵਿਰੋਧੀ ਕਾਨੂੰਨ ਹੇਠ ਸਿਆਸੀ ਵਿਰੋਧੀਆਂ ਅਤੇ ਵਿਗਿਆਨਕ ਸੋਚ ਦੇ ਧਾਰਨੀਆਂ ਨੂੰ ਧਾਰਮਿਕ ਬੇਅਦਬੀ ਦੇ ਝੂਠੇ ਕੇਸਾਂ ਵਿੱਚ ਫਸਾ ਕੇ ਉਨ੍ਹਾਂ ਦੀ ਜ਼ੁਬਾਨਬੰਦੀ ਕੀਤੀ ਜਾਵੇਗੀ।ਇਸ ਮੌਕੇ ਸੂਬਾ ਕਮੇਟੀ ਆਗੂਆਂ ਸੁਰਜੀਤ ਟਿੱਬਾ, ਮੋਹਨ ਬਡਲਾ, ਕੁਲਜੀਤ ਡੰਗਰਖੇੜਾ ਅਤੇ ਜ਼ੋਨ ਆਗੂਆਂ ਨੇ ਕਿਹਾ ਕਿ ਦੇਸ਼ ਵਿੱਚ ਧਾਰਮਿਕ ਕੱਟੜਤਾ ਵਧਣ ਦੇ ਨਤੀਜੇ ਵਜੋਂ ਬੇਰੁਜ਼ਗਾਰੀ, ਮਹਿੰਗਾਈ, ਭੁੱਖਮਰੀ, ਖ਼ੁਦਕਸ਼ੀਆਂ, ਬਾਲ ਮਜ਼ਦੂਰੀ ਅਤੇ ਨਸ਼ਿਆਂ ਵਰਗੀਆਂ ਗੰਭੀਰ ਸਮੱਸਿਆਵਾਂ ਨੇ ਕਰੋੜਾਂ ਆਮ ਲੋਕਾਂ ਦੀ ਜ਼ਿੰਦਗੀ ਨੂੰ ਦੁੱਭਰ ਕਰ ਦਿੱਤਾ ਹੈ, ਜਿਨ੍ਹਾਂ ਤੋਂ ਧਿਆਨ ਲਾਂਭੇ ਹਟਾਉਣ ਅਤੇ ਲੋਕਾਂ ਦੇ ਧਾਰਮਿਕ ਜਜ਼ਬਾਤ ਭੜਕਾਉਣ ਲਈ ਹੀ ਮੌਜੂਦਾ ਸਰਕਾਰ ਵੱਲੋਂ ਅਜਿਹੇ ਸਖ਼ਤ ਕਾਨੂੰਨ ਲਾਗੂ ਕੀਤੇ ਜਾ ਰਹੇ ਹਨ।ਤਰਕਸ਼ੀਲ ਆਗੂਆਂ ਨੇ ਅਜਿਹੇ ਫ਼ਾਸ਼ੀਵਾਦੀ ਕਾਨੂੰਨ ਅਤੇ ਸਖ਼ਤ ਸਜ਼ਾ ਦੀ ਤਜਵੀਜ਼ ਨੂੰ ਸੰਵਿਧਾਨ ਦੀ ਧਾਰਾ 51- ਏ (ਅਚ) ਦੀ ਉਲੰਘਣਾ ਅਤੇ ਅਗਾਂਹਵਧੂ ਸਮਾਜ ਅਤੇ ਨਾਗਰਿਕਾਂ ਦੇ ਜਮਹੂਰੀ ਹੱਕਾਂ ਦਾ ਵਿਰੋਧੀ ਦੱਸਦਿਆਂ ਤੁਰੰਤ ਰੱਦ ਕਰਨ ਦੀ ਮੰਗ ਕੀਤੀ ਹੈ।ਉਨ੍ਹਾਂ ਨੇ ਪੰਜਾਬ ਸਰਕਾਰ ਤੋਂ ਕਾਨੂੰਨ ਦੇ ਖਰੜੇ ਵਿੱਚ ਸ਼ਾਮਲ ਹੋਰ ਧਾਰਮਿਕ ਗ੍ਰੰਥਾਂ ਦੇ ਨੁਕਤੇ ਬਾਰੇ ਸਪਸ਼ਟ ਵਿਆਖਿਆ ਕਰਨ ਦੀ ਵੀ ਮੰਗ ਕੀਤੀ।



# ਹੈਰੀਟੇਜ ਸਟਰੀਟ ਉੱਪਰ ਲੱਗੇ ਵਾਟਰ ਏ ਟੀ ਐਮ ਹੋਏ ਚਾਲੂ

ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ਹਿਰਾਂ ਦੀਆਂ ਸੜਕਾਂ ਨੂੰ ਸੁਰੱਖਿਅਤ ਅਤੇ ਸਾਫ ਸੁਥਰਾ ਬਣਾਉਣ ਲਈ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਦਾ ਸਹਿਯੋਗ ਲੈਣ ਲਈ ਜੋ ਰੋਡ ਅਡਾਪਸ਼ਨ ਦੀ ਤਜਵੀਜ਼ ਦਿੱਤੀ ਗਈ ਸੀ, ਉਸ ਉੱਤੇ ਕੰਮ ਕਰਦੇ ਡਿਪਟੀ ਕਮਿਸ਼ਨਰ ਸ੍ਰੀਮਤੀ ਸਾਕਸ਼ੀ ਸਾਹਨੀ ਵੱਲੋਂ ਕੀਤੀ ਗਈ ਕੋਸ਼ਿਸ਼ ਦੇ ਵਧੀਆ ਪ੍ਰਭਾਵ ਦੇਖਣ ਨੂੰ ਮਿਲ ਰਹੇ ਹਨ। ਡਿਪਟੀ ਕਮਿਸ਼ਨਰ ਵੱਲੋਂ ਵਿਰਾਸਤੀ ਮਾਰਗ ਜੋ ਕਿ ਸ੍ਰੀ ਦਰਬਾਰ ਸਾਹਿਬ ਨੂੰ ਜਾਂਦਾ ਮੁੱਖ ਰਸਤਾ ਹੈ, ਵਿਖੇ ਕੀਤੇ ਗਏ ਨਿਰੀਖਣ ਸਦਕਾ ਉੱਥੇ ਸਾਫ ਸਫਾਈ ਦਾ ਕੰਮ ਬਿਹਤਰ ਹੋਇਆ ਹੈ, ਇਸ ਦੇ ਨਾਲ ਹੀ ਉੱਥੇ ਸੰਗਤਾਂ ਦੀ ਸਹੂਲਤ ਲਈ ਲਗਾਏ ਗਏ ਵਾਟਰ ਏ ਟੀ ਐਮ ਵੀ ਚਾਲੂ ਕੀਤੇ ਜਾ ਰਹੇ ਹਨ। ਉਹਨਾਂ ਦੱਸਿਆ ਕਿ ਅੱਜ ਤੱਕ ਸੱਤ ਵਾਟਰ ਏ ਟੀ ਐਮ ਚਾਲੂ ਹੋ ਗਏ ਹਨ ਅਤੇ ਤਿੰਨ ਚਲਾਉਣ ਲਈ ਕੰਮ ਜਾਰੀ ਹੈ। ਡਿਪਟੀ ਕਮਿਸ਼ਨਰ ਨੇ ਅੱਜ ਇਸ ਸਬੰਧੀ ਅਧਿਕਾਰੀਆਂ ਨਾਲ ਮੀਟਿੰਗ ਕਰਦੇ ਵਿਸ਼ੇਸ਼ ਮੀਟਿੰਗ ਕੀਤੀ। ਇਸ ਵਿਚ ਉਹਨਾਂ ਨੇ ਅਧਿਕਾਰੀਆਂ ਦੇ ਨਾਲ ਨਾਲ ਜ਼ਿਲ੍ਹੇ ਦੀ ਜਨਤਾ ਵੱਲੋਂ ਫੀਡਬੈਕ ਵਜੋਂ ਮਿਲ ਰਹੇ ਸਹਿਯੋਗ ਲਈ ਧੰਨਵਾਦ ਵੀ ਕੀਤਾ। ਉਹਨਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਬਰਸਾਤ ਦੇ ਚਲਦੇ ਤਰਜੀਹੀ ਅਧਾਰ ਉੱਤੇ ਸੜਕਾਂ ਉੱਤੇ ਖੜ੍ਹਾ ਹੁੰਦਾ ਪਾਣੀ ਕੱਢਣ ਦੇ ਪ੍ਰਬੰਧ ਤੁਰੰਤ ਕੀਤੇ ਜਾਣ, ਸਟਰੀਟ ਲਾਈਟਾਂ ਚਾਲੂ ਕੀਤੀਆਂ ਜਾਣ ਅਤੇ ਸੀਵਰੇਜ ਹੋਲ ਦਾ ਖਾਸ ਖਿਆਲ ਰੱਖਿਆ ਜਾਵੇ। ਉਨ੍ਹਾਂ ਕਿਹਾ ਕਿ ਸ਼ਹਿਰਾਂ ਅਤੇ ਕਸਬਿਆਂ ਦੀਆਂ ਸੜਕਾਂ ਉੱਤੇ ਦੁਕਾਨਦਾਰਾਂ ਵੱਲੋਂ ਕੀਤੇ ਨਜਾਇਜ਼ ਕਬਜ਼ੇ ਅਤੇ ਬਰਸਾਤ ਕਾਰਨ ਡਿੱਗੇ ਦਰੱਖਤਾਂ ਨੂੰ ਤੁਰੰਤ ਹਟਾਇਆ ਜਾਵੇ। ਉਨ੍ਹਾਂ ਇਸ ਤੋਂ ਇਲਾਵਾ ਆਵਾਜਾਈ ਵਿੱਚ ਵਿਘਨ ਪਾਉਂਦੇ ਦਰਖਤਾਂ ਨੂੰ ਛਾਂਗਣ ਦੀ ਹਦਾਇਤ ਵੀ ਕੀਤੀ। ਉਹਨਾਂ ਅਧਿਕਾਰੀਆਂ ਨੂੰ ਹੌਂਸਲਾ ਦਿੰਦੇ ਕਿਹਾ ਕਿ ਤੁਹਾਡੇ ਵੱਲੋਂ ਕੀਤੇ ਗਏ ਨਿਰੀਖਣ ਸਦਕਾ ਕਈ ਸੜਕਾਂ ਉੱਤੇ ਸਟਰੀਟ ਲਾਈਟ ਚਾਲੂ ਹੋ ਗਈਆਂ ਹਨ ਅਤੇ ਕਈਆਂ ਉੱਪਰ ਕੰਮ ਚੱਲ ਰਿਹਾ ਹੈ। ਉਹਨਾਂ ਦੱਸਿਆ ਕਿ ਰੋਜ਼ਾਨਾ ਵੱਖ-ਵੱਖ ਸੜਕਾਂ ਉੱਤੇ ਕਾਰਪੋਰੇਸ਼ਨ, ਮੰਡੀ ਬੋਰਡ, ਲੋਕ ਨਿਰਮਾਣ ਵਿਭਾਗ, ਅੰਮ੍ਰਿਤਸਰ ਨਗਰ ਸੁਧਾਰ ਟਰੱਸਟ ਅਤੇ ਹੋਰ ਵਿਭਾਗਾਂ ਵੱਲੋਂ ਕੀਤੇ ਜਾ ਰਹੇ ਕੰਮ ਦੀਆਂ ਵੀਡੀਓ ਅਤੇ ਫੋਟੋਆਂ ਆ ਰਹੀਆਂ ਹਨ ਅਤੇ ਲੋਕਾਂ ਵੱਲੋਂ ਵੀ ਇਸ ਕੰਮ ਨੂੰ ਸਰਾਹਿਆ ਜਾ ਰਿਹਾ ਹੈ। ਅੱਜ ਦੀ ਮੀਟਿੰਗ ਵਿਚ ਵਧੀਕ ਡਿਪਟੀ ਕਮਿਸ਼ਨਰ ਰੋਹਿਤ ਗੁਪਤਾ, ਵਧੀਕ ਡਿਪਟੀ ਕਮਿਸ਼ਨਰ ਅਮਨਦੀਪ ਕੌਰ, ਸਹਾਇਕ ਕਮਿਸ਼ਨਰ ਸੁਰਿੰਦਰ ਸਿੰਘ, ਐਸ ਡੀ ਐਮ ਮਨਕੰਵਲ ਸਿੰਘ ਚਾਹਲ, ਐਸ ਡੀ ਐਮ ਗੁਰਸਿਮਰਨ ਸਿੰਘ ਢਿੱਲੋਂ ਅਤੇ ਸਾਰੇ ਵਿਭਾਗਾਂ ਦੇ ਜ਼ਿਲ੍ਹਾ ਮੁਖੀ ਹਾਜ਼ਰ ਸਨ।

# ਅਧੂਰਾ ਕੇਂਦਰੀ ਤਨਖਾਹ ਕਮਿਸ਼ਨ ਦੇ ਵਿਰੋਧ 'ਚ ਸਟਾਫ ਨਰਸਾਂ ਵੱਲੋਂ ਐਸ ਐਮ ਓ ਨੂੰ ਮੰਗ ਪੱਤਰ

ਚੋਹਲਾ ਸਾਹਿਬ (ਰਮਨ ਚੱਢਾ)-ਸਟਾਫ ਨਰਸਾਂ ਵੱਲੋਂ ਅਧੂਰਾ ਕੇਂਦਰੀ ਤਨਖਾਹ ਕਮਿਸ਼ਨ 2020 ਦੇ ਵਿਰੋਧ ਵਿੱਚ ਸੀਨੀਅਰ ਮੈਡੀਕਲ ਅਫਸਰ ਡਾ. ਜਤਿੰਦਰ ਸਿੰਘ ਗਿੱਲ ਨੂੰ ਮੰਗ ਪੱਤਰ ਸੌਂਪਿਆ ਗਿਆ। ਨਰਸਿੰਗ ਸਿਸਟਰ ਤਰਜੀਤ ਕੌਰ ਨੇ ਦੱਸਿਆ ਕਿ ਡੀ ਐਚ ਐਸ ਦੇ ਅਧੀਨ ਆਉਂਦੀਆਂ ਸਟਾਫ ਨਰਸਾਂ ਜੋ 17.07.2020 ਤੋਂ ਬਾਅਦ ਵਿੱਚ ਭਰਤੀ ਹੋਈਆਂ ਹਨ ਉਹਨਾਂ 'ਤੇ ਪੰਜਾਬ ਸਰਕਾਰ ਦੁਆਰਾ ਅਧੂਰਾ 7ਵਾਂ ਕੇਂਦਰੀ ਤਨਖਾਹ ਕਮਿਸ਼ਨ ਥੋਪਿਆ ਗਿਆ ਹੈ ਜਿਸ ਦੇ ਵਿਰੋਧ ਵਿੱਚ 17 ਜੁਲਾਈ ਨੂੰ ਡੀ ਐਚ ਐਸ ਪੰਜਾਬ ਅਧੀਨ ਆਉਂਦੇ ਹਰ ਹਸਪਤਾਲ ਦੀਆਂ ਸਟਾਫ ਨਰਸਾਂ ਵੱਲੋਂ ਕਾਲੇ ਬਿੱਲੇ ਲਗਾ ਕੇ ਡਿਊਟੀ ਨਿਭਾਉਂਦਿਆਂ ਰੋਸ ਜ਼ਾਹਰ ਕੀਤਾ। ਉਹਨਾਂ ਦੱਸਿਆ ਕਿ ਇਸ ਸਬੰਧੀ ਐਸ ਐਮ ਓ ਸਰਹਾਲੀ ਡਾ. ਜਤਿੰਦਰ ਸਿੰਘ ਗਿੱਲ ਨੂੰ ਇੱਕ ਮੰਗ ਪੱਤਰ ਸੌਂਪਿਆ ਗਿਆ ਅਤੇ ਬਾਅਦ ਵਿੱਚ ਸਟਾਫ ਨਰਸਾਂ ਵੱਲੋਂ ਆਪਣੀਆਂ ਡਿਗਰੀਆਂ ਦੀਆਂ ਕਾਪੀਆਂ ਵੀ ਸਾੜੀਆਂ ਗਈਆਂ । ਉਹਨਾਂ ਦੱਸਿਆ ਕਿ ਉਹਨਾਂ ਮੰਗ ਪੱਤਰ ਵਿੱਚ ਲਿਖਿਆ ਹੈ ਕਿ 2020 ਤੋਂ ਬਾਅਦ ਭਰਤੀ ਹੋਏ ਸਟਾਫ ਨਰਸਾਂ ਦਾ ਜਾਂ ਤੇ ਕੇਂਦਰੀ ਤਨਖਾਹ ਕਮਿਸ਼ਨ ਦੇ ਹਿਸਾਬ ਨਾਲ ਉਹਨਾਂ ਦੀ ਬਣਦੀ ਤਨਖਾਹ ਸਹੀ ਕੀਤੀ ਜਾਵੇ ਜਾਂ ਮੁੜ ਪੰਜਾਬ ਦਾ ਤਨਖਾਹ ਕਮਿਸ਼ਨ ਹੀ ਲਾਗੂ ਕਰ ਦਿੱਤਾ ਜਾਵੇ ਤਾਂ ਜੋ ਪੰਜਾਬ ਦੇ ਅਧੀਨ ਆਉਂਦੇ ਸਟਾਫ ਨਰਸਾਂ ਦਾ ਹਰ ਮਹੀਨੇ ਆਰਥਿਕ ਨੁਕਸਾਨ ਦੀ ਭਰਪਾਈ ਹੋ ਸਕੇ। ਉਹਨਾਂ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਉਹਨਾਂ ਦੀਆਂ ਮੰਗਾਂ ਵੱਲ ਜਲਦ ਧਿਆਨ ਦਿੱਤਾ ਜਾਵੇ ਨਹੀਂ ਤਾਂ ਉਹ ਵੱਡੇ ਪੱਧਰ ਤੇ ਸੰਘਰਸ਼ ਵਿੱਢਣ ਲਈ ਮਜਬੂਰ ਹੋਣਗੀਆਂ। ਇਸ ਸਮੇਂ ਸ਼ਬਨਮ ਬੱਲ ਸਟਾਫ ਨਰਸ, ਰੁਪਿੰਦਰ ਕੌਰ ਸਟਾਫ ਨਰਸ, ਸੰਦੀਪ ਕੌਰ ਪੰਨੂ ਸਟਾਫ ਨਰਸ, ਕਵਲਜੀਤ ਕੌਰ ਸਟਾਫ ਨਰਸ, ਕਵਲਜੀਤ ਕੌਰ ਢੋਟੀਆਂ ਸਟਾਫ ਨਰਸ, ਪ੍ਰਭਜੋਤ ਕੌਰ ਫਾਰਮੇਸੀ ਅਫਸਰ, ਜਸਕੀਰਤ ਸਿੰਘ ਫਾਰਮੇਸੀ ਅਫਸਰ, ਤੇਜਿੰਦਰ ਸਿੰਘ ਆਦਿ ਹਾਜ਼ਰ ਸਨ।



# ਕਿਸਾਨ ਜਥੇਬੰਦੀਆਂ ਵੱਲੋਂ ਬਿਜਲੀ ਸੋਧ ਬਿੱਲ ਰੱਦ ਕਰਵਾਉਣ ਲਈ ਧਰਨਾ ਪ੍ਰਦਰਸ਼ਨ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਕਿਸਾਨ ਜਥੇਬੰਦੀਆਂ ਵੱਲੋਂ ਬਿਜਲੀ ਸੋਧ ਬਿੱਲ 2025 ਰੱਦ ਕਰਵਾਉਣ ਲਈ ਪੰਜਾਬ ਵਿੱਚ ਐਕਸੀਅਨ ਪਾਵਰ ਕੰਮ ਦਫਤਰਾਂ ਅੱਗੇ ਧਰਨੇ ਦੇਣ ਦੇ ਸੱਦੇ ਦੇ ਤਹਿਤ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਪੰਜਾਬ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਬਟਾਲਾ ਐਕਸੀਅਨ ਦਫਤਰ ਅੱਗੇ ਵਿਸ਼ਾਲ ਅਤੇ ਰੋਸ ਭਰਪੂਰ ਧਰਨਾ ਦਿੱਤਾ ਗਿਆ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ ਭੇਜਿਆ ਗਿਆ। ਅੱਜ ਦੇ ਇਸ ਪ੍ਰਦਰਸ਼ਨ ਦੇ ਵਿੱਚ ਮੁੱਖ ਮੰਗ ਕੇਂਦਰ ਸਰਕਾਰ ਤੋਂ ਹੈ ਕਿ ਮਾਨਸੂਨ ਸੈਸ਼ਨ ਵਿੱਚ ਪੇਸ਼ ਹੋਣ ਜਾ ਰਹੇ ਬਿਜਲੀ ਸੋਧ ਬਿੱਲ 2025 ਨੂੰ ਸਦਨ ਵਿੱਚ ਪੇਸ਼ ਨਾ ਕੀਤਾ ਜਾਵੇ। ਕਿਉਂਕਿ ਪਹਿਲਾਂ ਹੀ ਬਿਜਲੀ ਦੀ ਪੈਦਾਵਾਰ ਅਤੇ ਢੋਆ ਢਵਾਈ ਪ੍ਰਾਈਵੇਟ ਹੱਥਾਂ ਵਿੱਚ ਦਿੱਤੀ ਜਾ ਚੁੱਕੀ ਹੈ। ਇਸ ਨਾਲ ਬਿਜਲੀ ਦੀਆਂ ਕੀਮਤਾਂ ਤੋਂ ਸਰਕਾਰੀ ਕੰਟਰੋਲ ਖਤਮ ਹੋ ਜਾਵੇਗਾ। ਬੁਲਾਰਿਆਂ ਕਿਹਾ ਕਿ ਕਿਸਾਨ ਜਥੇਬੰਦੀਆਂ ਇਸ ਲੋਕ ਵਿਰੋਧੀ ਬਿੱਲ ਵਿਰੁੱਧ ਸਮੂਹ ਜਨਤਾ ਨੂੰ ਨਾਲ ਲੈ ਕੇ ਵੱਡੀ ਲੜਾਈ ਲੜਨਗੀਆਂ। ਉਹਨਾਂ ਕਿਹਾ ਕਿ ਸਰਕਾਰ ਵੱਲੋਂ ਧੱਕੇ ਨਾਲ ਲਾਏ ਜਾ ਰਹੇ ਚਿੱਪ ਵਾਲੇ ਮੀਟਰਾਂ ਬਾਰੇ ਦੱਸਦੇ ਕਿਹਾ ਕਿ ਚਿੱਪਾਂ ਵਾਲੇ ਮੀਟਰ ਲੱਗਣ ਨਾਲ ਐਡਵਾਂਸ ਪੇਮੈਂਟ ਨਾਲ ਬਿਜਲੀ ਮਿਲੇਗੀ ਅਤੇ ਅਡਾਨੀ ਨੂੰ ਖੁੱਲ੍ਹੀ ਲੁੱਟ ਕਰਨ ਦਾ ਮੌਕਾ ਮਿਲੇਗਾ। ਇਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਇਸ ਮੌਕੇ ਜਥੇਬੰਦੀਆਂ ਵੱਲੋਂ ਹੋਰ ਮੰਗਾਂ ਸਬੰਧੀ ਵੀ ਰੋਸ ਪ੍ਰਦਰਸ਼ਨ ਕੀਤਾ ਗਿਆ। ਉਹਨਾਂ ਕਿਹਾ ਕਿ ਜੇਕਰ ਕਿਸਾਨਾਂ ਦੀਆਂ ਮੰਗਾਂ ਜਾਂ ਲੋਕਾਂ ਦੀਆਂ ਮੰਗਾਂ ਨੂੰ ਸਰਕਾਰ ਨੇ ਜਲਦ ਹੀ ਪੂਰਾ ਨਾ ਕੀਤਾ ਤਾਂ ਆਉਣ ਵਾਲੇ ਸਮਿਆਂ ਦੇ ਵਿੱਚ ਸੰਘਰਸ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ, ਸਕੱਤਰ ਕੁਲਵਿੰਦਰ ਸਿੰਘ, ਪ੍ਰੈਸ ਸਕੱਤਰ ਡਾ. ਅਸ਼ੋਕ ਭਾਰਤੀ, ਪ੍ਰਧਾਨ ਕੈਪਟਨ ਅਜੀਤ ਸਿੰਘ ਸੈਰੋਵਾਲ, ਸਕੱਤਰ ਕੁਲਦੀਪ ਸਿੰਘ ਸੈਰੋਵਾਲ, ਜ਼ਿਲ੍ਹਾ ਖਜ਼ਾਨਚੀ ਸਿਕੰਦਰ ਸਿੰਘ, ਰਣਜੀਤ ਸਿੰਘ, ਦਿਲਬਾਗ ਸਿੰਘ, ਹਰਦੇਵ ਸਿੰਘ, ਦਿਲਬਾਗ ਸਿੰਘ, ਹਰਜੀਤ ਸਿੰਘ, ਨਵਜੋਤ ਸਿੰਘ, ਪਰਮਜੀਤ ਸਿੰਘ, ਮਾਸਟਰ ਗੁਰਚਰਨ ਸਿੰਘ, ਲਖਵਿੰਦਰ ਸਿੰਘ, ਜੋਗਿੰਦਰ ਸਿੰਘ, ਗੁਰਮੀਤ ਸਿੰਘ, ਮਹਿੰਦਰ ਸਿੰਘ, ਰਾਜਕੁਮਾਰ, ਬਚਨ ਸਿੰਘ, ਰਾਜ ਗੁਰਵਿੰਦਰ ਸਿੰਘ, ਲਖਵਿੰਦਰ ਸਿੰਘ ਮੰਜਿਆਂਵਾਲੀ, ਹਰਪਿੰਦਰ ਸਿੰਘ, ਹਰਪ੍ਰੀਤ ਸਿੰਘ ਅਤੇ ਸਮੂਹ ਜਥੇਬੰਦੀਆਂ ਦੇ ਆਗੂ ਤੇ ਕਿਸਾਨ ਵੱਡੀ ਗਿਣਤੀ ਵਿੱਚ ਹਾਜ਼ਰ ਸਨ।



# ਸਰਕਾਰੀ ਸਕੂਲ ਕਲੇਰ ਕਲਾਂ ਦੇ ਵਿਦਿਆਰਥੀਆਂ ਫਾਇਰ ਸਟੇਸ਼ਨ ਦਾ ਕੀਤਾ ਦੌਰਾ

ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਪੀਐਮ ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕਲੇਰ ਕਲਾਂ ਦੇ ਵਿਦਿਆਰਥੀਆਂ ਨੇ ਫਾਇਰ ਬ੍ਰਿਗੇਡ ਸਟੇਸ਼ਨ ਬਟਾਲਾ ਦਾ ਵਿੱਦਿਅਕ ਦੌਰਾ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਦੇ ਪ੍ਰਿੰਸੀਪਲ ਰਾਮ ਪਾਲ ਨੇ ਦੱਸਿਆ ਕਿ ਇਸ ਦੌਰਾਨ ਵੋਕੇਸ਼ਨਲ ਸਿੱਖਿਆ ਸਕਿਊਰਿਟੀ ਵਿਸ਼ੇ ਨਾਲ ਸੰਬੰਧਤ ਸਕੂਲ ਦੇ 60 ਵਿਦਿਆਰਥੀਆਂ ਨੇ ਅਰੁਣ ਗੁਪਤਾ ਇੰਚਾਰਜ ਐਨ.ਐਸ.ਕਿਊ.ਐਫ ਅਤੇ ਸਾਇੰਸ ਅਧਿਆਪਕ ਕਰਮਜੀਤ ਸਿੰਘ ਦੀ ਅਗਵਾਈ ਵਿੱਚ ਫਾਇਰ ਸਟੇਸ਼ਨ ਪਹੁੰਚ ਕੇ ਐਮਰਜੈਂਸੀ ਦੌਰਾਨ ਵਰਤੇ ਜਾਣ ਵਾਲੇ ਉਪਕਰਨਾਂ ਸਮੇਤ ਵੱਖ ਵੱਖ ਜਾਣਕਾਰੀ ਹਾਸਲ ਕੀਤੀ। ਸਕੂਲ ਪ੍ਰਿੰਸੀਪਲ ਰਾਮ ਪਾਲ ਨੇ ਦੱਸਿਆ ਇਸ ਦੌਰੇ ਦੌਰਾਨ ਵਿਦਿਆਰਥੀਆਂ ਨੂੰ ਫਾਇਰ ਸਟੇਸ਼ਨ ਦੇ ਇੰਚਾਰਜ ਨੀਰਜ ਸ਼ਰਮਾ, ਫਾਇਰ ਅਫ਼ਸਰ ਰਾਕੇਸ਼ ਸ਼ਰਮਾ ਅਤੇ ਹਰਬਖ਼ਸ਼ ਸਿੰਘ ਸਿਵਲ ਡਿਫੈਂਸ ਤੇ ਫਾਇਰ ਫਾਈਟਰਾਂ ਵਲੋਂ ਜਾਗਰੂਕ ਕੀਤਾ ਗਿਆ। ਫਾਇਰ ਫਾਈਟਰਾਂ ਨੇ ਵਿਦਿਆਰਥੀਆਂ ਨੂੰ ਫਾਇਰ ਸਟੇਸ਼ਨ ਦੀ ਜਾਣ-ਪਛਾਣ ਦੇਣ ਉਪਰੰਤ ਕੰਟਰੋਲ ਰੂਮ ਨੰਬਰ 91157 96801 ਤੇ 112 ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਫਾਇਰ ਕਾਲ ਸੂਚਿਤ ਕਰਦੇ ਸਮੇਂ ਸਹੀ ਤੇ ਪੂਰਾ ਪਤਾ ਦੱਸਿਆ ਜਾਵੇ। ਉਨ੍ਹਾਂ ਫਾਇਰ ਟੈਂਡਰ ਬਾਰੇ ਅਤੇ ਐਮਰਜੈਂਸੀ ਦੌਰਾਨ ਵਰਤੇ ਜਾਣ ਵਾਲੇ ਵੱਖ-ਵੱਖ ਉਪਕਰਨਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜਦੋਂ ਫਾਇਰ ਬ੍ਰਿਗੇਡ ਦਾ ਸਾਇਰਨ ਸੁਣਾਈ ਦਿੰਦਾ ਹੈ ਤਾਂ ਵਾਹਨਾਂ ਨੂੰ ਸੜਕ 'ਤੇ ਰਸਤਾ ਦੇਣਾ ਚਾਹੀਦਾ ਹੈ। ਫਾਇਰ ਸਟੇਸ਼ਨ 'ਤੇ ਵਿਦਿਆਰਥੀਆਂ ਨੂੰ ਅੱਗ ਬੁਝਾਉਣ ਲਈ ਵੱਖ-ਵੱਖ ਤਕਨੀਕਾਂ ਬਾਰੇ ਵੀ ਦੱਸਿਆ ਗਿਆ। ਅੱਗ ਬੁਝਾਉਣ ਲਈ ਵਰਤੇ ਜਾਣ ਵਾਲੇ ਪਾਣੀ ਦੇ ਹੌਜ਼ਾਂ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ ਵਿਦਿਆਰਥੀਆਂ ਨੂੰ ਫਾਇਰਮੈਨ ਬਣਨ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਪ੍ਰਿੰਸੀਪਲ ਰਾਮ ਪਾਲ, ਸਾਇੰਸ ਅਧਿਆਪਕ ਕਰਮਜੀਤ ਸਿੰਘ, ਅਰੁਣ ਗੁਪਤਾ ਇੰਚਾਰਜ ਐਨ.ਐਸ.ਕਿਊ.ਐਫ, ਲੈਕਚਰਾਰ ਲਖਵਿੰਦਰ ਸਿੰਘ ਮਾਨ, ਸੁਖਚੈਨ ਸਿੰਘ ਸੰਧੂ, ਸੁੱਚਾ ਸਿੰਘ ਬਾਗੋਵਾਣੀ, ਮਨੋਜ ਕੁਮਾਰ ਆਦਿ ਅਧਿਆਪਕ ਮੌਜੂਦ ਸਨ।



# ਸੀ ਐੱਚ ਸੀ ਸਰਹਾਲੀ ਵਿਖੇ ਨਾਨਕ ਬਗੀਚੀ 'ਚ ਬੂਟੇ ਲਗਾਏ




ਚੋਹਲਾ ਸਾਹਿਬ (ਰਮਨ ਚੱਢਾ)-ਸਿਵਲ ਸਰਜਨ ਤਰਨ ਤਾਰਨ ਡਾ. ਗੁਰਪ੍ਰੀਤ ਸਿੰਘ ਰਾਏ ਅਤੇ ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਵਰਿੰਦਰਪਾਲ ਕੌਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਦੇ ਹੋਏ ਡਾ. ਜਤਿੰਦਰ ਸਿੰਘ ਗਿੱਲ ਸੀਨੀਅਰ ਮੈਡੀਕਲ ਅਫਸਰ ਇੰਚਾਰਜ ਸੀ ਐਚ ਸੀ ਸਰਹਾਲੀ ਵਿਖੇ 'ਨਾਨਕ ਬਗੀਚੀ' ਬਣਾਈ ਗਈ ਹੈ ਜਿਸ ਵਿੱਚ 100 ਸੁੰਦਰ ਬੂਟੇ ਲਗਾਏ ਗਏ ਹਨ। ਇਸ ਸਮੇਂ ਡਾ. ਜਤਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਸੀ ਐਚ ਸੀ ਸਰਹਾਲੀ ਵਿਖੇ 'ਨਾਨਕ ਬਗੀਚੀ' ਬਣਾਈ ਗਈ ਹੈ ਜਿਸ ਵਿੱਚ ਸੁੰਦਰ ਫੁੱਲਾਂ ਅਤੇ ਫਲਾਂ ਦੇ ਬੂਟੇ ਲਗਾ ਕੇ ਚਾਰਦਿਵਾਰੀ ਕਵਰ ਕਰ ਦਿੱਤੀ ਗਈ ਹੈ ਤਾਂ ਜੋ ਬੂਟਿਆਂ ਨੂੰ ਨੁਕਸਾਨ ਨਾ ਪਹੁੰਚ ਸਕੇ। ਉਹਨਾਂ ਦੱਸਿਆ ਕਿ ਹਰ ਇਨਸਾਨ ਨੂੰ ਚਾਹੀਦਾ ਹੈ ਕਿ ਉਹ ਆਪਣੀ ਜ਼ਿੰਦਗੀ ਵਿੱਚ ਇੱਕ ਬੂਟਾ ਜ਼ਰੂਰ ਲਗਾਵੇ ਅਤੇ ਉਸ ਦਾ ਪਾਲਣ ਪੋਸ਼ਣ ਕਰਕੇ ਉਸ ਨੂੰ ਵੱਡਾ ਕਰੇ। ਉਹਨਾਂ ਦੱਸਿਆ ਕਿ ਦਰੱਖਤ ਆਕਸੀਜਨ ਦਿੰਦੇ ਹਨ ਜਿਸ ਕਾਰਨ ਧਰਤੀ ਤੇ ਮਨੁੱਖਤਾ ਜੀਵਨ ਦੇ ਨਾਲ ਨਾਲ ਅਰਬਾਂ ਖਰਬਾਂ ਜੀਵ ਜੰਤੂ ਸਾਹ ਲੈ ਕੇ ਆਪਣੀ ਜ਼ਿੰਦਗੀ ਬਚਾਉਂਦੇ ਹਨ।ਉਹਨਾਂ ਦੱਸਿਆ ਕਿ ਦਰਖਤ ਬਾਰਿਸ਼ਾਂ ਲਿਆਉਣ ਵਿੱਚ ਸਹਾਇਤਾ ਕਰਦੇ ਹਨ ਅਤੇ ਹੜ੍ਹਾਂ ਨੂੰ ਵੀ ਰੋਕਦੇ ਹਨ। ਉਹਨਾਂ ਦੱਸਿਆ ਕਿ ਦਰੱਖਤ ਸਾਨੂੰ ਕਈ ਭਿਆਨਕ ਬਿਮਾਰੀਆਂ ਤੋਂ ਬਚਾਉਂਦੇ ਹਨ। ਉਹਨਾਂ ਦੱਸਿਆ ਕਿ ਫਲਾਂ ਦੇ ਦਰੱਖਤ ਸਾਨੂੰ ਮੌਸਮੀ ਫਲ ਦਿੰਦੇ ਹਨ ਜਿਵੇਂ ਅਮਰੂਦ, ਅੰਬ, ਸੇਬ, ਜਾਮਨ ਆਦਿ ਫਲ ਸਾਨੂੰ ਸਰੀਰਕ ਤਾਕਤ ਦਿੰਦੇ ਹਨ। ਉਹਨਾਂ ਦੱਸਿਆ ਕਿ ਨਾਨਕ ਬਗੀਚੀ ਦੀ ਸਾਂਭ ਸੰਭਾਲ ਲਈ ਡਿਊਟੀ ਲਗਾਈ ਗਈ ਅਤੇ ਕਰਮਚਾਰੀ ਸਮੇਂ ਸਿਰ ਪਾਣੀ ਦੇਣ ਦੇ ਨਾਲ ਨਾਲ ਧਿਆਨ ਰੱਖਣਗੇ ਕਿ ਕੋਈ ਇਹਨਾਂ ਬੂਟਿਆਂ ਨੂੰ ਨੁਕਸਾਨ ਨਾ ਪਹੁੰਚਾਏ। ਇਸ ਸਮੇਂ ਸੀਨੀਅਰ ਸਹਾਇਕ ਨਰਿੰਦਰ ਸਿੰਘ, ਗੁਰਪ੍ਰੀਤ ਕੌਰ ਸਟੈਨੋ, ਪ੍ਰਭਜੋਤ ਕੌਰ ਫਾਰਮੇਸੀ ਅਫਸਰ, ਕਲਰਕ ਕਰਨਦੀਪ ਸਿੰਘ, ਜਸਕੀਰਤ ਸਿੰਘ ਫਾਰਮੇਸੀ ਅਫਸਰ, ਗੁਰਪਵਿੱਤਰ ਸਿੰਘ ਹੈਲਥ ਵਰਕਰ, ਤੇਜਿੰਦਰ ਸਿੰਘ ਵਾਰਡ ਅਟੈਂਡਡ ਆਦਿ ਹਾਜ਼ਰ ਸਨ।

## ਚੇਅਰਮੈਨ ਭਾਰਤ ਭੂਸ਼ਨ ਸ਼ਰਮਾ ਨੇ ਇਲਾਕਾ ਵਾਸੀਆਂ ਨੂੰ ਨਸ਼ਾ ਵਿਰੁੱਧ ਸਹੁੰ ਚੁਕਾਈ



ਗੁਰਦਾਸਪੁਰ (ਜਨਕ ਮਹਾਜਨ)- ਵਿਧਾਨ ਸਭਾ ਹਲਕਾ ਗੁਰਦਾਸਪੁਰ ਦੇ ਪਿੰਡਾਂ ਮੁਕੰਦਪੁਰ, ਹਰਦਾਨ ਤੇ ਲੋਲੇ ਨੰਗਲ ਵਿਖੇ ਨਸ਼ਾ ਮੁਕਤੀ ਯਾਤਰਾ ਤਹਿਤ ਵਿਸ਼ੇਸ਼ ਜਾਗਰੂਕਤਾ ਸਭਾਵਾਂ ਕੀਤੀਆਂ ਗਈਆਂ, ਜਿਨ੍ਹਾਂ ਦੀ ਅਗਵਾਈ ਮਾਰਕਿਟ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ, ਨਸ਼ਾ ਮੁਕਤੀ ਯਾਤਰਾ ਦੇ ਹਲਕਾ ਕੋਆਰਡੀਨੇਟਰ ਨੀਰਜ ਸਲਹੋਤਰਾ, ਹਨੀ ਬਹਿਲ ਅਤੇ ਸੁੱਚਾ ਸਿੰਘ ਮੁਲਤਾਨੀ ਵੱਲੋਂ ਕੀਤੀ ਗਈ। ਪਿੰਡ ਮੁਕੰਦਪੁਰ, ਹਰਦਾਨ ਤੇ ਲੋਲੇ ਨੰਗਲ ਵਿਖੇ ਨਸ਼ਾ ਮੁਕਤੀ ਯਾਤਰਾ ਤਹਿਤ ਹੋਈਆਂ ਜਾਗਰੂਕਤਾ ਸਭਾਵਾਂ ਦੌਰਾਨ ਵਿਲੇਜ ਡਿਫੈਂਸ ਕਮੇਟੀਆਂ ਦੇ ਨੁਮਾਇੰਦਿਆਂ ਅਤੇ ਪਿੰਡ ਵਾਸੀਆਂ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਭਾਰਤ ਭੂਸ਼ਨ ਸ਼ਰਮਾ ਨੇ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਲਪੇਟ ਤੋਂ ਬਾਹਰ ਕੱਢਣਾ ਅਤੇ ਉਨ੍ਹਾਂ ਨੂੰ ਰੌਸ਼ਨ ਭਵਿੱਖ ਵੱਲ ਲਿਜਾਣਾ ਹੈ।ਇਸ ਮੌਕੇ ਇਲਾਕੇ ਦੇ ਵਸਨੀਕਾਂ ਨੇ ਆਪਣੇ ਪਿੰਡਾਂ ਨੂੰ ਨਸ਼ਾ ਮੁਕਤ ਬਣਾਉਣ ਦਾ ਸਮੂਹਿਕ ਤੌਰ 'ਤੇ ਪ੍ਰਣ ਲਿਆ। ਪਿੰਡ ਦੇ ਵਸਨੀਕਾਂ ਨੇ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਦੀ ਜ਼ਮਾਨਤ ਨਹੀਂ ਦੇਣਗੇ ਅਤੇ ਅਜਿਹੇ ਅਨਸਰਾਂ ਦਾ ਮੁਕੰਮਲ ਬਾਈਕਾਟ ਕਰਨਗੇ।

# ਪਿੰਡ ਲੁੱਧੜ ਤੇ ਗੋਪਾਲਪੁਰ ਦੇ ਸਰਕਾਰੀ ਸਕੂਲਾਂ ਦੀਆਂ ਮੈਨੇਜਮੈਂਟ ਕਮੇਟੀਆਂ ਦਾ ਗਠਨ

ਮਜੀਠਾ (ਸੋਇਮ ਆਨੰਦ)-ਹਲਕਾ ਮਜੀਠਾ ਦੇ ਪਿੰਡਾਂ ਲੁੱਧੜ ਅਤੇ ਗੋਪਾਲਪੁਰ ਦੇ ਸਰਕਾਰੀ ਸਕੂਲਾਂ ਵਿੱਚ ਸਕੂਲ ਮੈਨੇਜਮੈਂਟ ਕਮੇਟੀਆਂ ਦਾ ਗਠਨ ਸਫਲਤਾਪੂਰਵਕ ਸੰਪੰਨ ਹੋਇਆ। ਇਹ ਪ੍ਰਕਿਰਿਆ ਸਰਪੰਚ ਰਾਜ ਕੁਮਾਰ ਲੁੱਧੜ, ਜੋ ਸਿੱਖਿਆ ਸੁਧਾਰਕ ਅਤੇ ਸਕੂਲ ਵਿਕਾਸ ਦੀ ਨਿਗਰਾਨ ਦੀ ਅਗਵਾਈ ਹੇਠ ਹੋਈ। ਸਰਕਾਰੀ ਹਾਈ ਸਕੂਲ ਗੋਪਾਲਪੁਰ, ਮਿਡਲ ਸਕੂਲ ਲੁੱਧੜ ਅਤੇ ਐਲੀਮੈਂਟਰੀ ਸਕੂਲ ਲੁੱਧੜ ਵਿਖੇ ਇਹ ਕਮੇਟੀਆਂ ਗਠਿਤ ਕੀਤੀਆਂ ਗਈਆਂ। ਇਸ ਪ੍ਰਕਿਰਿਆ ਵਿੱਚ ਹੈਡਮਾਸਟਰ ਗੁਰਿੰਦਰਜੀਤ ਸਿੰਘ, ਹੈਡਮਾਸਟਰ ਓਂਕਾਰ ਸਿੰਘ ਅਤੇ ਹੈਡਮਾਸਟਰ ਗੁਰਪ੍ਰੀਤ ਸਿੰਘ ਨਾਗਕਲਾਂ ਨੇ ਮੁੱਖ ਭੂਮਿਕਾ ਨਿਭਾਈ। ਕਮੇਟੀਆਂ ਦੀ ਨਿਯੁਕਤੀ ਦੌਰਾਨ ਸਰਕਾਰੀ ਹਾਈ ਸਕੂਲ ਗੋਪਾਲਪੁਰ ਦੇ ਚੇਅਰਮੈਨ ਵਜੋਂ ਸਰਪੰਚ ਰਾਜ ਕੁਮਾਰ, ਮਿਡਲ ਸਕੂਲ ਲੁੱਧੜ ਦੀ ਚੇਅਰਪਰਸਨ ਵਜੋਂ ਹਰਪ੍ਰੀਤ ਕੌਰ ਭਗਤ ਅਤੇ ਐਲੀਮੈਂਟਰੀ ਸਕੂਲ ਲੁੱਧੜ ਦੀ ਚੇਅਰਪਰਸਨ ਵਜੋਂ ਸ੍ਰੀਮਤੀ ਰੈਨੂੰ ਨੂੰ ਚੁਣਿਆ ਗਿਆ। ਇਸ ਮੌਕੇ ਸਕੂਲਾਂ ਦੇ ਅਧਿਆਪਕ, ਮਾਪੇ ਅਤੇ ਕਮੇਟੀ ਮੈਂਬਰਾਂ ਵਿੱਚ ਕਲਭੂਸ਼ਨ ਸ਼ਰਮਾ, ਰਾਜਵਿੰਦਰ ਸਿੰਘ ਔਲਖ, ਅੰਜਲੀ ਥਾਵਰੀਆ, ਮੈਡਮ ਪੂਨਮ, ਰੁਪਿੰਦਰ ਕੌਰ, ਹਰਪਿੰਦਰ ਪਾਲ ਕੌਰ, ਸਿੰਦਰ ਸਿੰਘ, ਮਨਮੋਹਨ ਸਿੰਘ, ਸੰਦੀਪ ਸਿੰਘ, ਰਾਜਬੀਰ ਕੌਰ, ਰਵਿੰਦਰ ਕੌਰ, ਕਰਮਜੀਤ ਕੌਰ, ਡਿੰਪਲ, ਪਰਮਜੀਤ ਕੌਰ, ਜੋਤੀ, ਤਲਵਿੰਦਰ ਕੌਰ, ਗੁਰਪ੍ਰੀਤ ਕੌਰ, ਮਨਪ੍ਰੀਤ ਕੌਰ, ਪੂਜਾ ਮੋਟਨ ਅਤੇ ਕੈਪਟਨ ਸਿੰਘ ਸਮੇਤ ਕਈ ਪਤਵੰਤੇ ਹਾਜ਼ਰ ਸਨ। ਇਹਨਾਂ ਕਮੇਟੀਆਂ ਦਾ ਮੁੱਖ ਉਦੇਸ਼ ਸਕੂਲਾਂ ਵਿੱਚ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ, ਬੁਨਿਆਦੀ ਸਹੂਲਤਾਂ ਦਾ ਵਿਕਾਸ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣਾ ਹੈ। ਕਮੇਟੀ ਮੈਂਬਰਾਂ ਨੂੰ ਸਕੂਲ ਪ੍ਰਬੰਧਨ, ਵਿੱਤੀ ਨਿਗਰਾਨੀ ਅਤੇ ਸਿੱਖਿਆ ਸੁਧਾਰਾਂ ਨਾਲ ਜੁੜੀਆਂ ਜ਼ਿੰਮੇਵਾਰੀਆਂ ਸੌਂਪੀਆਂ ਗਈਆਂ ਹਨ।



# ਚੀਫ਼ ਖ਼ਾਲਸਾ ਦੀਵਾਨ ਵੱਲੋਂ ਸਿੱਖ ਦੌੜਾਕ ਫੌਜਾ ਸਿੰਘ ਦੇ ਅਕਾਲ ਚਲਾਣੇ 'ਤੇ ਦੁੱਖ ਦਾ ਪ੍ਰਗਟਾਵਾ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)- ਚੀਫ਼ ਖ਼ਾਲਸਾ ਦੀਵਾਨ ਮੁੱਖ ਦਫ਼ਤਰ ਵਿਖੇ ਹੋਈ ਮੀਟਿੰਗ ਦੌਰਾਨ ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਵੱਲੋਂ ਵਿਸ਼ਵ ਪ੍ਰਸਿੱਧ ਸਿੱਖ ਮੈਰਾਥਨ ਦੌੜਾਕ ਸ੍ਰ. ਫੌਜਾ ਸਿੰਘ ਦੇ ਅਕਾਲ ਚਲਾਣੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਅਤੇ ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ ਨੇ ਕਿਹਾ ਕਿ 100 ਸਾਲ ਤੋਂ ਵੱਧ ਉਮਰ ਵਿਚ ਵੀ ਮੈਰਾਥਨ ਦੌੜਾਂ ਵਿਚ ਭਾਗ ਲੈ ਕੇ ਸ. ਫੌਜਾ ਸਿੰਘ ਨੇ ਦੇਸ਼ਾਂ-ਵਿਦੇਸ਼ਾਂ ਵਿਚ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ ਜਿਸ ਨੇ ਸਿੱਖੀ ਦੀ ਵਿਲੱਖਣ ਪਹਿਚਾਣ ਅਤੇ ਸ਼ਾਨ ਅਤੇ ਪੰਜਾਬ ਦੀ ਮਿੱਠੀ ਖੁਸ਼ਬੂ ਨੂੰ ਸਮੁੱਚੇ ਵਿਸ਼ਵ ਵਿਚ ਉਜਾਗਰ ਕੀਤਾ।ਉਨ੍ਹਾਂ ਨੇ ਕਿਹਾ ਕਿ ਫੌਜਾ ਸਿੰਘ ਦੌੜਾਕ ਹੀ ਨਹੀਂ, ਸਮੁੱਚੇ ਜਗਤ ਲਈ ਪ੍ਰੇਰਨਾ ਸਰੋਤ ਸਨ। ਉਨ੍ਹਾਂ ਦੀ ਸਾਦਗੀ, ਦ੍ਰਿੜ੍ਹ ਨਿਸ਼ਚਾ ਅਤੇ ਹੌਸਲਾ, ਵਡੇਰੀ ਉਮਰ ਤੋਂ ਬੇਅਸਰ ਹੋ ਕੇ ਬੇਝਿਜਕ ਦੌੜਨਾ ਅਸੰਭਵ ਨੂੰ ਸੰਭਵ ਬਣਾਉਣ ਦੀ ਪ੍ਰੇਰਨਾ ਦਿੰਦਾ ਹੈ।ਮੀਟਿੰਗ ਵਿਚ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਰਮਣੀਕ ਸਿੰਘ, ਐਡੀ. ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ. ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਗੁਰਭੇਜ ਸਿੰਘ, ਤਰਲੋਚਨ ਸਿੰਘ, ਪ੍ਰੋ. ਭੁਪਿੰਦਰ ਸਿੰਘ ਸੇਠੀ, ਮਨਪ੍ਰੀਤ ਸਿੰਘ, ਡਾਇਰੈਕਟਰ ਡਾ. ਏ. ਪੀ. ਐਸ ਚਾਵਲਾ ਨੇ ਕੌਮ ਅਤੇ ਪੰਜਾਬੀਅਤ ਦੇ ਮਾਣ ਮੈਰਾਥਨ ਦੌੜਾਕ ਫੌਜਾ ਸਿੰਘ ਦੇ ਸਦੀਵੀ ਵਿਛੋੜੇ 'ਤੇ ਦੁੱਖ ਜ਼ਾਹਿਰ ਕਰਦਿਆਂ ਕਿਹਾ ਕਿ ਫੌਜਾ ਸਿੰਘ ਦੀ ਅਦੁੱਤੀ ਸ਼ਖ਼ਸੀਅਤ ਅਤੇ ਬੇਮਿਸਾਲ ਉਤਸ਼ਾਹ ਖੇਡ ਜਗਤ ਅਤੇ ਯਾਦਾਂ ਵਿਚ ਹਮੇਸ਼ਾ ਜ਼ਿੰਦਾ ਰਹੇਗਾ।



# ਦਬੁਰਜੀ, ਬਾਲਾ ਪਿੰਡੀ, ਪਿੰਡ ਮਾਨ ਕਲੋਨੀ ਅਤੇ ਰੰਗੜ ਪਿੰਡੀ ਵਿਖੇ ਨਸ਼ਾ ਮੁਕਤੀ ਯਾਤਰਾ ਤਹਿਤ ਹੋਈਆਂ ਜਾਗਰੂਕਤਾ ਸਭਾਵਾਂ




ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ) - ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਿਧਾਨ ਸਭਾ ਹਲਕਾ ਦੀਨਾਨਗਰ ਵਿੱਚ ਨਸ਼ਾ ਮੁਕਤੀ ਯਾਤਰਾ ਪੂਰੇ ਉਤਸ਼ਾਹ ਨਾਲ ਚੱਲ ਰਹੀ ਹੈ ਅਤੇ ਲੋਕਾਂ ਵੱਲੋਂ ਇਸ ਲਹਿਰ ਨੂੰ ਪੂਰਾ ਸਮਰਥਨ ਦਿੱਤਾ ਜਾ ਰਿਹਾ ਹੈ। ਬੀਤੀ ਸ਼ਾਮ ਨਸ਼ਾ ਮੁਕਤੀ ਯਾਤਰਾ ਹਲਕੇ ਦੇ ਪਿੰਡ ਦਬੁਰਜੀ, ਬਾਲਾ ਪਿੰਡੀ, ਪਿੰਡ ਮਾਨ ਕਲੋਨੀ ਅਤੇ ਰੰਗੜ ਪਿੰਡੀ ਵਿੱਚ ਪਹੁੰਚੀ, ਜਿਸ ਦੀ ਅਗਵਾਈ ਸ਼ਮਸ਼ੇਰ ਸਿੰਘ ਦੀਨਾਨਗਰ ਵੱਲੋਂ ਕੀਤੀ ਗਈ। ਪਿੰਡ ਦਬੁਰਜੀ, ਬਾਲਾ ਪਿੰਡੀ, ਪਿੰਡ ਮਾਨ ਕਲੋਨੀ ਅਤੇ ਰੰਗੜ ਪਿੰਡੀ ਵਿੱਚ ਨਸ਼ਾ ਮੁਕਤੀ ਯਾਤਰਾ ਦੌਰਾਨ ਹੋਈਆਂ ਜਨਤਕ ਸਭਾਵਾਂ ਨੂੰ ਸੰਬੋਧਨ ਕਰਦਿਆਂ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿੰਡਾਂ ਅਤੇ ਸ਼ਹਿਰੀ ਵਾਰਡਾਂ ਵਿੱਚ ਹਰੇਕ ਨਾਗਰਿਕ ਤੱਕ ਸਿੱਧੀ ਪਹੁੰਚ ਨੂੰ ਯਕੀਨੀ ਬਣਾਉਣ ਲਈ ਨਸ਼ਾ ਮੁਕਤੀ ਯਾਤਰਾ ਚਲਾਈ ਜਾ ਰਹੀ ਹੈ ਤਾਂ ਜੋ ਲੋਕਾਂ ਤੋਂ ਸਿੱਧੀ ਫੀਡਬੈਕ ਲੈ ਕੇ ਨਸ਼ਿਆਂ ਦੀ ਸਪਲਾਈ ਲਾਈਨ ਤੋੜੀ ਜਾ ਸਕੇ ਅਤੇ ਨਸ਼ਿਆਂ ਦੀ ਦਲਦਲ ਵਿੱਚ ਫਸੇ ਵਿਅਕਤੀਆਂ ਦਾ ਮੁਫਤ ਅਤੇ ਢੁਕਵਾਂ ਇਲਾਜ ਕਰਵਾਇਆ ਜਾ ਸਕੇ।

ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਇੱਕ ਪਿੰਡ ਵਿੱਚ ਪੇਂਡੂ ਡਿਫੈਂਸ ਕਮੇਟੀਆਂ ਕਾਰਜਸ਼ੀਲ ਹਨ ਅਤੇ ਸਾਨੂੰ ਪੂਰੀ ਉਮੀਦ ਹੈ ਕਿ ਇਹ ਡਿਫੈਂਸ ਕਮੇਟੀਆਂ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਸ਼ਿੱਦਤ ਅਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਨਸ਼ਾ ਤਸਕਰਾਂ ਦੇ ਕਾਰੋਬਾਰ ਨੂੰ ਮੁਕੰਮਲ ਤੌਰ 'ਤੇ ਬੰਦ ਕਰਵਾਉਣ ਵਿੱਚ ਯੋਗਦਾਨ ਪਾਉਣਗੀਆਂ। ਇਸ ਮੌਕੇ ਸ਼ਮਸ਼ੇਰ ਸਿੰਘ ਨੇ ਜਨ ਸਭਾਵਾਂ ਵਿੱਚ ਹਾਜ਼ਰ ਵਿਅਕਤੀਆਂ ਨੂੰ ਨਸ਼ਾ ਮੁਕਤੀ ਮੁਹਿੰਮ ਵਿੱਚ ਆਪਣਾ ਪੂਰਾ ਸਹਿਯੋਗ ਦੇਣ ਦੀ ਸਹੁੰ ਵੀ ਚੁਕਾਈ।

# ਦੋਰਾਂਗਲਾ ਬਲਾਕ 'ਚ 2 ਹੋਰ ਲਿੰਕ ਸੜਕਾਂ ਬਣਾਉਣ ਦੇ ਕੰਮ ਨੂੰ ਮਿਲੀ ਮਨਜ਼ੂਰੀ

**ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ)**- ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੰਜਾਬ ਅੰਦਰ ਲਿੰਕ ਸੜਕਾਂ ਨੂੰ ਨਵਿਆਉਣ ਦੇ ਵੱਡੀ ਪੱਧਰ 'ਤੇ ਸ਼ੁਰੂ ਕੀਤੇ ਜਾ ਰਹੇ ਕੰਮਾਂ ਦੌਰਾਨ ਦੀਨਾਨਗਰ ਵਿਧਾਨ ਸਭਾ ਹਲਕੇ ਦੀਆਂ ਪਹਿਲਾਂ ਮਨਜ਼ੂਰ ਹੋਈਆਂ 64 ਲਿੰਕ ਸੜਕਾਂ ਦੇ ਇਲਾਵਾ ਵਿਧਾਨ ਸਭਾ ਹਲਕੇ ਦੇ ਦੋਰਾਂਗਲਾ ਬਲਾਕ ਅੰਦਰ ਦੋ ਹੋਰ ਸੜਕਾਂ ਦੀ ਮੁਰੰਮਤ ਦੇ ਕੰਮ ਦੀ ਮਨਜ਼ੂਰੀ ਮਿਲ ਗਈ ਹੈ। ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਦੋਰਾਂਗਲਾ ਬਲਾਕ ਦੇ ਲੋਕਾਂ ਦੀ ਲੋੜ ਨੂੰ ਧਿਆਨ ਵਿੱਚ ਰੱਖਦੇ ਹੋਏ ਉਹਨਾਂ ਨੇ ਵਿਸ਼ੇਸ਼ ਉਪਰਾਲਾ ਕਰਕੇ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਕੋਲੋਂ ਦੋਰਾਂਗਲਾ ਸ਼ਾਹਪੁਰ ਤੋਂ ਪ੍ਰਾਇਮਰੀ ਹੈਲਥ ਸੈਂਟਰ ਤੱਕ ਦੀ 2.10 ਕਿਲੋਮੀਟਰ ਲੰਮੀ ਅਤੇ ਗੁਰਦਾਸਪੁਰ ਹਰਦੋਛੰਨੀ, ਹਰਦਾਨ ਦੋਰਾਂਗਲਾ ਤੋਂ ਡਾ. ਦਲਜੀਤ ਸਿੰਘ ਤੱਕ 5.85 ਕਿਲੋਮੀਟਰ ਲੰਮੀਆਂ ਦੋ ਸੜਕਾਂ ਨੂੰ ਲਗਭਗ 1.69 ਕਰੋੜ ਰੁਪਏ ਦੀ ਲਾਗਤ ਨਾਲ ਨਵਿਆਉਣ ਦੇ ਕੰਮ ਦੀ ਮਨਜ਼ੂਰੀ ਹਾਸਲ ਕੀਤੀ ਹੈ। ਉਹਨਾਂ ਦੱਸਿਆ ਕਿ ਇਸ ਤੋਂ ਪਹਿਲਾਂ ਦੀਨਾਨਗਰ ਹਲਕੇ ਅੰਦਰ 136.66 ਕਿਲੋਮੀਟਰ ਲੰਮੀਆਂ 64 ਲਿੰਕ ਸੜਕਾਂ ਨੂੰ 33.15 ਕਰੋੜ ਰੁਪਏ ਦੀ ਲਾਗਤ ਨਾਲ ਨਵਿਆਉਣ ਦੇ ਕੰਮ ਦੀ ਮਨਜ਼ੂਰੀ ਮਿਲ ਚੁੱਕੀ ਹੈ।



# ਸ਼ਹਿਰ ਦੇ ਪ੍ਰਾਚੀਨ ਰਾਮ ਤਲਾਈ ਮੰਦਰ ਵਾਲੀ ਗਲੀ ਦਾ ਨਿਰਮਾਣ ਕਾਰਜ ਸ਼ੁਰੂ

ਬਟਾਲਾ ( ਡਾਕਟਰ ਮਲਵਿੰਦਰ ਸਿੰਘ)- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵਲੋਂ ਬਟਾਲਾ ਸ਼ਹਿਰ ਅੰਦਰ ਲੋਕਾਂ ਦੀਆਂ ਲੰਮੇ ਸਮੇਂ ਲਟਕਦੀਆਂ ਮੰਗਾਂ ਪੂਰੀਆਂ ਕਰਨ ਦੀ ਲੜੀ ਤਹਿਤ ਵਾਰਡ ਨੰਬਰ 26 ਦੇ ਵਾਸੀਆਂ ਦੀ ਆਵਾਜਾਈ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪ੍ਰਾਚੀਨ ਰਾਮ ਤਲਾਈ ਮੰਦਿਰ ਵਾਲੀ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ। ਇਸ ਮੌਕੇ ਵਾਰਡ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਗਲੀ ਬਣਨ ਨਾਲ ਲੋਕਾਂ ਨੂੰ ਵੱਡੀ ਰਾਹਤ ਮਿਲੇਗੀ।ਇਸ ਮੌਕੇ ਅੰਮ੍ਰਿਤ ਕਲਸੀ ਅਤੇ ਚੇਅਰਮੈਨ ਮਾਨਿਕ ਮਹਿਤਾ ਵਲੋਂ ਗਲੀ ਬਣਾਉਣ ਦਾ ਕੰਮ ਸ਼ੁਰੂ ਕਰਨ ਉਪਰੰਤ ਗੱਲਬਾਤ ਕਰਦਿਆਂ ਕਿਹਾ ਗਿਆ ਕਿ ਵਿਧਾਇਕ ਸ਼ੈਰੀ ਕਲਸੀ ਵਲੋਂ ਉਨ੍ਹਾਂ ਦੀ ਡਿਊਟੀ ਲਗਾਈ ਸੀ, ਕਿਉਂਕਿ ਪਿਛਲੇ ਕਾਫੀ ਲੰਮੇ ਸਮੇਂ ਤੋਂ 26 ਨੰਬਰ ਵਾਰਡ ਵਾਸੀਆਂ ਨੂੰ ਗਲੀ ਨਾ ਬਣਨ ਕਰਕੇ ਬਹੁਤ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਨ੍ਹਾਂ ਕਿਹਾ ਕਿ ਹੁਣ ਲੋਕਾਂ ਦੀ ਮੁਸ਼ਕਿਲ ਦਾ ਹੱਲ ਕਰਦਿਆਂ ਗਲੀ ਦਾ ਨਿਰਮਾਣ ਕੰਮ ਸ਼ੁਰੂ ਕਰਵਾਇਆ ਗਿਆ ਹੈ।ਬਟਾਲਾ ਸ਼ਹਿਰ ਅੰਦਰ ਲੋਕਹਿੱਤ ਵਿੱਚ ਵਿਧਾਇਕ ਸ਼ੈਰੀ ਕਲਸੀ ਦੀ ਅਗਵਾਈ ਹੇਠ ਕਰਵਾਏ ਵਿਕਾਸ ਕਾਰਜਾਂ ਦਾ ਜ਼ਿਕਰ ਕਰਦਿਆਂ ਉਨ੍ਹਾਂ ਦੱਸਿਆ ਕਿ ਬਟਾਲਾ ਸ਼ਹਿਰ ਵਿੱਚ ਦਹਾਕਿਆਂ ਤੋਂ ਵਿਕਾਸ ਕਾਰਜ ਅਧੂਰੇ ਸਨ, ਉਨ੍ਹਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ ਅਤੇ ਮਹਿਜ਼ ਤਿੰਨ ਸਾਲਾਂ ਦੇ ਕਾਰਜਕਾਲ ਵਿਚ ਬਟਾਲਾ ਹਲਕੇ ਲਈ ਜ਼ਿਕਰਯੋਗ ਵਿਕਾਸ ਕੰਮ ਕੀਤੇ ਗਏ ਹਨ।ਉਨ੍ਹਾਂ ਨੇ ਦੱਸਿਆ ਕਿ ਬਟਾਲਾ ਸ਼ਹਿਰ ਵਿੱਚ ਸੜਕਾਂ ਤੰਗ ਹੋਣ ਕਾਰਨ ਅਕਸਰ ਟਰੈਫਿਕ ਬਣੀ ਰਹਿੰਦੀ ਸੀ ਪਰ ਹੁਣ ਵਿਧਾਇਕ ਸ਼ੈਰੀ ਕਲਸੀ ਵਲੋਂ ਟਰੈਫਿਕ ਦੀ ਸਮੱਸਿਆ ਤੋਂ ਲੋਕਾਂ ਨੂੰ ਨਿਜਾਤ ਪਾਉਣ ਦੇ ਮੰਤਵ ਨਾਲ ਸੜਕਾਂ ਨੂੰ ਚੌੜਿਆਂ ਕਰਨ ਦੇ ਨਾਲ ਬਿਜਲੀ ਦੇ ਖੰਭਿਆਂ ਨੂੰ ਸੜਕਾਂ ਦੇ ਕਿਨਾਰਿਆਂ ਤੋਂ ਹਟਾਇਆ ਗਿਆ ਹੈ। ਸ਼ਹਿਰ ਵਿੱਚ ਖੂਬਸੂਰਤ ਪਾਰਕ ਉਸਾਰਣ ਦੇ ਨਾਲ ਚੌਂਕਾਂ ਨੂੰ ਚੌੜਿਆਂ ਕੀਤਾ ਗਿਆ ਹੈ। ਲੋਕਾਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਰਕਾਰੀ ਸੇਵਾਵਾਂ ਦੇਣ ਦੇ ਮੰਤਵ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ।ਇਸ ਮੌਕੇ ਬਲਾਕ ਪ੍ਰਧਾਨ ਮਾਸਟਰ ਤਿਲਕ ਰਾਜ, ਅਸ਼ਵਨੀ ਮਹਾਜਨ, ਅਮਿਤ ਸੋਢੀ, ਸੰਧੂ ਭੱਟੀ, ਭੁਪਿੰਦਰ ਸਿੰਘ, ਰਜਿੰਦਰ ਕੁਮਾਰ ਸਮੇਤ ਵਾਰਡ ਵਾਸੀ ਵੱਡੀ ਗਿਣਤੀ ਵਿੱਚ ਮੌਜੂਦ ਸਨ।



## ਤਲਬੀਰ ਗਿੱਲ ਨੇ ਜੱਗਾ ਮਜੀਠੀਆ ਦੀ ਮਾਤਾ ਦੀ ਮੌਤ 'ਤੇ ਕੀਤਾ ਅਫਸੋਸ ਪ੍ਰਗਟ



**ਮਜੀਠਾ (ਸੋਇਮ ਆਨੰਦ)**-ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਦੇ ਗ੍ਰਹਿ ਮਜੀਠਾ ਵਿਖੇ ਪਹੁੰਚ ਕੇ ਉਨ੍ਹਾਂ ਨਾਲ ਮਾਤਾ ਦੀ ਮੌਤ ਦਾ ਅਫਸੋਸ ਜ਼ਾਹਰ ਕੀਤਾ। ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਦੀ ਮਾਤਾ ਸਰਦਾਰਨੀ ਜਸਵਿੰਦਰ ਕੌਰ ਪਤਨੀ ਲੇਟ ਜੋਗਿੰਦਰ ਸਿੰਘ ਗਿੱਲ ਜਿਹੜੇ ਕਿ ਕੈਨੇਡਾ ਵਿਚ ਆਪਣੇ ਛੋਟੇ ਪੁੱਤਰ ਜਤਿੰਦਰ ਸਿੰਘ ਜੀਤੂ ਦੇ ਕੋਲ ਰਹਿੰਦੇ ਸਨ, ਆਪਣੇ ਸੁਆਸਾਂ ਦੀ ਪੂੰਜੀ ਖਤਮ ਕਰਕੇ ਅਕਾਲ ਚਲਾਣਾ ਕਰ ਗਏ ਸਨ। ਮਾਤਾ ਜੀ ਦੀਆਂ ਅੰਤਿਮ ਰਸਮਾਂ ਨਿਭਾਉਣ ਵਾਸਤੇ ਜੱਗਾ ਮਜੀਠਾ ਕੈਨੇਡਾ ਵਿਖੇ ਗਏ ਸਨ। ਬੀਤੇ ਦਿਨ ਉਹ ਵਾਪਸ ਮਜੀਠਾ ਆਪਣੇ ਗ੍ਰਹਿ ਵਿਖੇ ਆਏ ਜਿਥੇ ਹਲਕੇ ਭਰ 'ਚੋਂ ਵੱਡੀ ਗਿਣਤੀ ਵਿਚ ਉਨ੍ਹਾਂ ਦੇ ਵਰਕਰਾਂ ਅਤੇ ਸਨੇਹੀਆਂ ਵਲੋਂ ਵੀ ਦੁੱਖ ਸਾਂਝਾ ਕੀਤਾ ਗਿਆ। ਇਸ ਮੌਕੇ ਹਰਭੁਪਿੰਦਰ ਸਿੰਘ ਸਾਹ ਮਜੀਠਾ, ਬਲਵਿੰਦਰ ਸਿੰਘ ਮਰੜ੍ਹੀ ਕਲਾਂ, ਅਮਰਬੀਰ ਸਿੰਘ ਗਿੱਲ ਮਜੀਠਾ ਸਮੇਤ ਆਮ ਆਦਮੀ ਪਾਰਟੀ ਦੇ ਵੱਡੀ ਗਿਣਤੀ ਵਿਚ ਆਗੂ ਤੇ ਵਰਕਰ ਹਾਜ਼ਰ ਸਨ।

# ਹਲਕੇ ਦੇ ਪਿੰਡਾਂ ਦੇ ਸਟੇਡੀਅਮਾਂ ਲਈ 7 ਕਰੋੜ ਦੀ ਗਰਾਂਟ ਜਾਰੀ : ਪਵਨ ਟੀਨੂੰ

**ਆਦਮਪੁਰ (ਪਰਮਜੀਤ ਸਿੰਘ)**- ਆਮ ਆਦਮੀ ਪਾਰਟੀ ਵੱਲੋਂ ਵਿਧਾਨ ਸਭਾ ਹਲਕਾ ਆਦਮਪੁਰ ਵਿਖੇ ਸੰਗਠਨ ਦਾ ਵਿਸਥਾਰ ਕਰਦਿਆਂ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਵੱਲੋਂ ਜਿੱਥੇ ਯੂਥ ਅਤੇ ਮਹਿਲਾ ਵਿੰਗ ਸਮੇਤ ਕਈ ਨਿਯੁਕਤੀਆਂ ਕੀਤੀਆਂ ਗਈਆਂ ਹਨ ਉੱਥੇ ਹੀ ਆਦਮਪੁਰ ਦੇ ਪਿੰਡਾਂ ਦੇ ਖੇਡ ਸਟੇਡੀਅਮ ਲਈ ਪੰਜਾਬ ਸਰਕਾਰ ਤੋਂ 7 ਕਰੋੜ ਦੀ ਰਾਸ਼ੀ ਜਾਰੀ ਕਰਵਾਈ ਗਈ ਹੈ।ਮਾਰਕੀਟ ਕਮੇਟੀ ਆਦਮਪੁਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਹਾਜ਼ਰ ਸਮੂਹ ਬਲਾਕ ਪ੍ਰਧਾਨ, ਕੁਆਰਡੀਨੇਟਰ ਸਮੇਤ ਅਹੁਦੇਦਾਰਾਂ ਦੀ ਹਾਜ਼ਰੀ ਵਿਚ ਸੰਬੋਧਨ ਕਰਦਿਆਂ



ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਨੇ ਦੱਸਿਆ ਸੂਬੇ ਦੇ ਮੁੱਖ ਮੰਤਰੀ ਭਗਵੰਤ ਮਾਨ ਤੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹਲਕੇ ਦੇ ਸੂਝਵਾਨ ਪੜ੍ਹੇ ਲਿਖੇ ਵਿਅਕਤੀਆਂ ਨੂੰ ਨਵੀਆਂ ਨਿਯੁਕਤੀਆਂ ਦੇ ਕੇ ਅਹੁਦਿਆਂ 'ਤੇ ਨਿਵਾਜਿਆ ਗਿਆ ਜਿਨ੍ਹਾਂ ਵਿਚ ਕ੍ਰਿਸ਼ਨਾ ਗਰੇਵਾਲ ਨੂੰ ਮਹਿਲਾ ਵਿੰਗ ਪ੍ਰਧਾਨ ਦਿਹਾਤੀ ਜਲੰਧਰ ਅਤੇ ਰਾਜਵਿੰਦਰ ਕੌਰ ਤੇ ਮਨਦੀਪ ਕੌਰ ਕੋਟਲਾ ਨੂੰ ਮਹਿਲਾ ਵਿੰਗ ਦੀ ਮੈਂਬਰ ਬਣਾਇਆ ਗਿਆ। ਇਸ ਤੋਂ ਇਲਾਵਾ ਹਰਕੀਤ ਸਿੰਘ ਨਿੱਜਰ, ਕੁਲਵਿੰਦਰ ਸਿੰਘ ਪਤਿਆਲ, ਸੁਖਬੀਰ ਸਿੰਘ ਉੱਚਾ ਨੂੰ ਕਿਸਾਨ ਵਿੰਗ ਦੇ ਮੈਂਬਰ, ਬੂਟਾ ਸਿੰਘ ਟੀਟੂ ਤੇ ਸੁਖਬੀਰ ਸਿੱਧੂ ਨੂੰ ਐਸ.ਸੀ. ਵਿੰਗ, ਦਵਿੰਦਰ ਸਿੰਘ ਸੂਰੀ, ਪਵਨ ਅਰੋੜਾ ਨੂੰ ਟਰੇਡਿੰਗ ਵਿੰਗ, ਕਰਨੈਲ ਸਿੰਘ ਰਾਣਾ ਦੂਹੜੇ, ਅਜੇ ਕੁਮਾਰ ਨੂੰ ਟਰਾਂਸਪੋਰਟ ਵਿੰਗ, ਡਾ: ਸੁਮਿਤ ਵਰਮਾ, ਡਾ: ਕਮਲ ਸਿੰਘ ਨੂੰ ਡਾਕਟਰ ਵਿੰਗ, ਮਨਵੀਰ ਸਿੰਘ ਤੇ ਕੁਲਤਾਰ ਸਿੰਘ ਨੂੰ ਐਕਸ ਸਰਵਿਸਮੈਨ ਵਿੰਗ, ਰੋਹਿਤ ਕਲਿਆਣ ਮਸੀਹ, ਮੁਹੰਮਦ ਆਲਮ ਨੂੰ ਮਾਈਨੋਰਿਟੀ ਵਿੰਗ, ਜਨਕ ਰਾਜ ਕਪੂਰ ਤੇ ਗੁਰਨਾਮ ਸਿੰਘ ਨੂੰ ਵਿਮੁਕਤ ਜਾਤੀ ਵਿੰਗ, ਸਰਬਜੀਤ ਸਿੰਘ ਸੰਦਰ, ਗੁਰਪ੍ਰੀਤ ਸਿੰਘ ਕੰਪੀ ਤੇ ਪ੍ਰਿੰਸ ਬੈਂਸ ਨੂੰ ਯੂਥ ਵਿੰਗ, ਅਨੂਪ ਵਰਮਾ, ਅਜੇ ਅਗਰਵਾਲ ਨੂੰ ਸਵਰਨਕਾਰ ਵਿੰਗ, ਐਡਵੋਕੇਟ ਅੰਮ੍ਰਿਤ ਸਿੰਘ, ਐਡਵੋਕੇਟ ਅਮਰੀਕ ਸਿੰਘ ਨੂੰ ਲੀਗਲ ਵਿੰਗ, ਕੁਲਤਾਰ ਸਿੰਘ ਕਾਲਰਾ ਤੇ ਗੁਰਮੇਲ ਸਿੰਘ ਮਾਣਕੋ ਨੂੰ ਬੁੱਧੀਜੀਵੀ ਵਿੰਗ, ਹਰਦੀਪ ਸਿੰਘ ਨੂੰ ਯੁਵਾਵਾਂ ਸੇਵਾਵਾਂ ਵਿੰਗ ਆਦਿ ਨਿਯੁਕਤ ਕੀਤੇ ਗਏ ਹਨ। ਇਸੇ ਤਰ੍ਹਾਂ ਹੀ ਸਰਕਾਰ ਵੱਲੋਂ ਵੱਖ-ਵੱਖ ਪਿੰਡਾਂ ਦੇ ਸਟੇਡੀਅਮ ਲਈ 7 ਕਰੋੜ ਦੀ ਰਾਸ਼ੀ ਜਾਰੀ ਕੀਤੀ ਗਈ ਜਿਨ੍ਹਾਂ ਵਿਚ ਭਟਨੂਰਾ ਲੁਬਾਣਾ 26.85 ਲੱਖ, ਕਿੰਗਰਾ ਚੋ ਵਾਲਾ 24.86, ਬਹਿਰਾਮ ਸਰਿਸ਼ਤਾ 6.43, ਮਾਣਕ ਰਾਏ 22.12, ਲੜੋਈ 11.94, ਕਰਾੜੀ 11.5, ਬਿਆਸ ਪਿੰਡ 27.44, ਚੋਮੋ 43.21, ਚੂਹੜਵਾਲੀ 30.28, ਡਮੁੰਡਾ 37.45, ਡਰੋਲੀ ਕਲਾਂ 17.67, ਡਰੋਲੀ ਖੁਰਦ 36.07, ਘੁੜਿਆਲ 24.42, ਹਰੀਪੁਰ 24.28, ਕਾਲਰਾ 25.09, ਕੂਪਰ 24.42, ਖੁਰਦਪੁਰ 17.92, ਲੇਸੜੀਵਾਲ 25.44, ਮਾਣਕੋ 13.73, ਪਧਿਆਣਾ 33.76, ਪੰਡੋਰੀ ਨਿਜਰਾਂ 31.64, ਢੱਡਾ 30.51, ਤੱਲ੍ਹਣ 26.14, ਕੰਗਣੀਵਾਲ 29.27, ਕੰਗਣੀਵਾਲ 28.27, ਕੋਟਲੀ ਥਾਨ ਸਿੰਘ 55.53, ਪਤਾਰਾ 17.41, ਜੈਤੇਵਾਲੀ 33.83 ਨੂੰ ਲੱਖਾਂ ਦੀ ਗਰਾਂਟ ਜਾਰੀ ਕੀਤੀ। ਮੀਟਿੰਗ ਦੌਰਾਨ ਦਲਜੀਤ ਸਿੰਘ ਮਿਨਹਾਸ ਕੁਆਰਡੀਨੇਟਰ ਨਸ਼ਾ ਮੁਕਤੀ ਮੋਰਚਾ ਆਦਮਪੁਰ, ਪਰਮਜੀਤ ਪੰਮਾ ਸੰਗਠਨ ਇੰਚਾਰਜ, ਪਰਮਜੀਤ ਸਿੰਘ ਰਾਜ ਵੰਸ਼ ਚੇਅਰਮੈਨ, ਬਲਵਿੰਦਰ ਭੰਡਾਰੀ ਬਲਾਕ ਪ੍ਰਧਾਨ ਭੋਗਪੁਰ, ਭੁਪਿੰਦਰ ਸਿੰਘ ਦੇਵ ਬਲਾਕ ਪ੍ਰਧਾਨ, ਲਖਬੀਰ ਸਿੰਘ ਸਾਬਕਾ ਸਰਪੰਚ, ਅਮਨਦੀਪ ਮਾਹੀ, ਅਜੇ ਕੁਮਾਰ ਬਲਾਕ ਪ੍ਰਧਾਨ, ਅਸ਼ੋਕ ਕੁਮਾਰ ਸਰਪੰਚ ਕਪੂਰ ਪਿੰਡ, ਸੁਖਬੀਰ ਕੁਮਾਰ ਨੰਬਰਦਾਰ ਸਮੇਤ ਇਲਾਕੇ ਦੇ ਬਲਾਕ ਪ੍ਰਧਾਨ ਸੀਨੀਅਰ ਆਗੂ ਤੇ ਵਰਕਰ ਵੱਡੀ ਗਿਣਤੀ 'ਚ ਹਾਜ਼ਰ ਹੋਏ।

# ਸੁਖਵਿੰਦਰ ਕੌਰ ਨੇ ਇੱਕ ਚਾਂਦੀ ਤੇ ਦੋ ਸੋਨੇ ਦੇ ਤਮਗੇ ਜਿੱਤੇ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)** ਯੂਥ ਗੇਮਜ਼ ਐਜੂਕੇਸ਼ਨ ਫੈਡਰੇਸ਼ਨ ਇੰਡੀਆ ਵੱਲੋਂ ਨੇਪਾਲ ਦੇ ਸ਼ਹਿਰ ਪੋਖਰਾ ਵਿਖੇ 'ਇੰਡੋ-ਨੇਪਾਲ ਯੂਥ ਗੇਮਜ਼ ਚੈਂਪੀਅਨਸ਼ਿਪ 2025' ਬੈਨਰ ਹੇਠ ਵੱਖੋ-ਵੱਖ ਖੇਡਾਂ ਦੇ ਅੰਦਰ ਰਾਸ਼ਟਰੀ ਮੁਕਾਬਲੇ ਕਰਵਾਏ ਗਏ।ਜਿਸ ਦੌਰਾਨ ਭਾਰਤ ਵੱਲੋਂ ਮੈਡਮ ਸੁਖਵਿੰਦਰ ਕੌਰ ਨੇ 01 ਚਾਂਦੀ ਅਤੇ 02 ਸੋਨੇ ਦੇ ਤਮਗ਼ੇ ਜਿੱਤੇ। ਲੌਂਗ ਜੰਪ ਤੇ ਟਰਿਪਲ ਜੰਪ ਵਿਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ,ਗੋਲਡ ਮੈਡਲ ਤੇ ਹਰਡਲ ਰੇਸ ਵਿੱਚੋਂ ਦੂਸਰਾ ਸਥਾਨ ਹਾਸਲ ਕਰਕੇ, ਸਿਲਵਰ ਮੈਡਲ ਪ੍ਰਾਪਤ ਕੀਤਾ। ਜ਼ਿਕਰਯੋਗ ਹੈ ਕਿ ਮੈਡਮ ਸੁਖਵਿੰਦਰ ਕੌਰ ਪਹਿਲਾਂ ਵੀ ਸਟੇਟ, ਨੈਸ਼ਨਲ ਤੇ ਇੰਟਰਨੈਸ਼ਨਲ ਪੱਧਰ 'ਤੇ ਖੇਡ ਕੇ ਦਰਜਨਾਂ ਮੈਡਲ ਜਿੱਤ ਚੁੱਕੇ ਹਨ, ਇਨ੍ਹਾਂ ਨੇ ਆਪਣੇ ਇਲਾਕੇ ਤੇ ਭਾਰਤ ਦਾ ਨਾਂਅ ਰੌਸ਼ਨ ਕੀਤਾ ਹੈ।



# ਹਲਕਾ ਉੱਤਰੀ ਦੇ ਬੂਥ ਲੈਵਲ ਅਫ਼ਸਰਾਂ ਦੀ ਟ੍ਰੇਨਿੰਗ ਸਮਾਪਤ



**ਜਲੰਧਰ (ਸ਼ੈਲੀ ਐਲਬਰਟ)** ਭਾਰਤ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਡਾ. ਹਿਮਾਂਸ਼ੂ ਅਗਰਵਾਲ ਦੀਆਂ ਹਦਾਇਤਾਂ 'ਤੇ ਵਿਧਾਨ ਸਭਾ ਹਲਕਾ ਜਲੰਧਰ ਉੱਤਰੀ ਦੇ ਬੂਥ ਲੈਵਲ ਅਫ਼ਸਰਾਂ ਨੂੰ ਤਰੁੱਟੀ ਰਹਿਤ ਵੋਟਰ ਸੂਚੀਆਂ ਤਿਆਰ ਕਰਨ ਸਬੰਧੀ ਦਿੱਤੀ ਜਾ ਰਹੀ ਟ੍ਰੇਨਿੰਗ ਸਮਾਪਤ ਹੋ ਗਈ।ਡੀ.ਏ.ਵੀ.ਇੰਸਟੀਟਿਊਟ ਆਫ਼ ਇੰਜਨੀਅਰਿੰਗ ਅਤੇ ਟੈਕਨੋਲੋਜੀ ਵਿਖੇ ਕਰਵਾਏ ਗਏ ਇਸ ਟ੍ਰੇਨਿੰਗ ਸੈਸ਼ਨ ਦੌਰਾਨ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ-036 ਜਲੰਧਰ ਉੱਤਰੀ-ਕਮ-ਵਧੀਕ ਮੁੱਖ ਪ੍ਰਸ਼ਾਸਕ, ਜੇ.ਡੀ.ਏ. ਜਲੰਧਰ ਦਰਬਾਰਾ ਸਿੰਘ ਰੰਧਾਵਾ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਜਾਰੀ ਪ੍ਰੋਗਰਾਮ ਅਨੁਸਾਰ ਹਲਕੇ ਨਾਲ ਸਬੰਧਤ ਸਮੂਹ ਬੀ.ਐਲ.ਓਜ਼ ਨੂੰ 4 ਬੈਚਾ ਵਿੱਚ ਵੰਡ ਕੇ ਸਿਖਲਾਈ ਪ੍ਰਦਾਨ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਟ੍ਰੇਨਿੰਗ ਦੌਰਾਨ ਬੀ.ਐਲ.ਓਜ਼ ਨੂੰ ਉਨ੍ਹਾਂ ਦੇ ਵੱਖ-ਵੱਖ ਕੰਮਾਂ ਅਤੇ ਜ਼ਿੰਮੇਵਾਰੀਆਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ ਗਿਆ ਅਤੇ ਬੀ.ਐਲ.ਓਜ਼ ਐਪ 'ਤੇ ਸਰਵੇ ਸਬੰਧੀ ਜਾਣਕਾਰੀ ਦਿੱਤੀ ਗਈ ਹੈ। ਚੋਣ ਕਮਿਸ਼ਨ ਵੱਲੋਂ ਟ੍ਰੇਨਿੰਗ ਉਪਰੰਤ ਪ੍ਰਸ਼ਨ ਪੱਤਰ ਜਾਰੀ ਕੀਤੇ ਗਏ, ਜਿਨ੍ਹਾਂ ਦਾ ਜਵਾਬ ਬੀ.ਐਲ.ਓਜ਼ ਵੱਲੋਂ ਟ੍ਰੇਨਿੰਗ ਦੌਰਾਨ ਹੀ ਦਿੱਤਾ ਗਿਆ। ਅਖੀਰ ਵਿੱਚ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਵੱਲੋਂ ਬੀ.ਐਲ.ਓਜ਼ ਨੂੰ ਪਾਰਟੀਸਿਪੇਸ਼ਨ ਪੱਤਰ ਵੀ ਦਿੱਤੇ ਗਏ। ਇਸ ਮੌਕੇ ਡਿਪਟੀ ਰਜਿਸਟਰਾਰ ਕੋਆਪ੍ਰੇਟਿਵ ਸੁਸਾਇਟੀਜ਼ ਜਲੰਧਰ ਗੁਰਵਿੰਦਰਜੀਤ ਸਿੰਘ, ਚੋਣ ਸਟਾਫ਼, ਚੌਥੇ ਬੈਚ ਨਾਲ ਸਬੰਧਤ ਸੁਪਰਵਾਈਜ਼ਰ ਅਤੇ ਬੀ.ਐਲ.ਓਜ਼ ਵੀ ਮੌਜੂਦ ਸਨ।

# ਬਾਬਾ ਫਾਰੂਕ ਅਲੀ ਕਾਦਰੀ ਦੀ ਯਾਦ 'ਚ ਕਰਵਾਇਆ 18ਵਾਂ ਸਾਲਾਨਾ ਜੋੜ ਮੇਲਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਬੰਗਾ ਰੋਡ ਨਵਾਂਸ਼ਹਿਰ ਵਿਖੇ ਹਜਰਤ ਪੰਜ ਪੀਰ ਦਰਬਾਰ ਵਿਖੇ ਗੁਰੂ ਮੁਰਸ਼ਦ ਪੀਰ ਬਾਬਾ ਫਾਰੂਕ ਅਲੀ ਕਾਦਰੀ ਜੀ ਦੀ ਯਾਦ 'ਚ 18ਵਾਂ ਸਲਾਨਾ ਜੋੜ ਮੇਲਾ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਪੂਰਵਕ ਨਾਲ ਮਨਾਇਆ ਗਿਆ। ਸਾਰੀਆਂ ਰਸਮਾਂ ਪੂਰੀਆਂ ਕਰਨ ਉਪਰੰਤ ਨਗਰ ਦੀ ਸੁੱਖ ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਫਰਿਆਦ ਕੀਤੀ ਗਈ। ਮਹਿੰਦੀ ਦੀ ਰਸਮ ਅਦਾ ਕੀਤੀ ਗਈ। ਸ਼ਾਮ ਨੂੰ ਚਿਰਾਗ ਰੋਸ਼ਨ ਕੀਤੇ ਅਤੇ ਚਾਦਰ ਦੀ ਰਸਮ ਅਦਾ ਕੀਤੀ ਗਈ। ਰਾਤ ਨੂੰ ਮਹਿਫਲ ਕਵਾਲੀ ਤੇ ਨਕਲਾਂ ਦਾ ਪ੍ਰੋਗਰਾਮ ਪੇਸ਼ ਕੀਤਾ । ਮਹਿਤਾਬ ਅਹਿਮਦ ਕਾਦਰੀ ਨੇ ਕਿਹਾ ਕਿ ਸਾਨੂੰ ਦੁਨੀਆਦਾਰੀ ਦੇ ਚੱਕਰ ਨੂੰ ਛੱਡ ਕੇ ਉਸ ਖੁਦਾ ਦੀ ਬੰਦਗੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਸਾਨੂੰ ਗੁਰੂਆਂ ਅਤੇ ਪੀਰਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਚਾਹੀਦਾ ਹੈ। ਲੰਗਰ ਅਤੁੱਟ ਵਰਤਾਇਆ ਗਿਆ । ਦਰਬਾਰ ਮਾਈ ਪ੍ਰੀਤੀ ਮਹੰਤ, ਕੁੱਕੂ ਭਗਤ, ਵੂਰਣ ਸੋਭਤੀ, ਬਾਬਾ ਪਿਆਰਾ, ਕੁਲਰਾਜ ਮੁਹੰਮਦ ਰਾਜੀ,ਬੀਬੀ ਬਲਜੀਤ ਕੌਰ ਕਾਦਰੀ, ਸਾਈ ਪੱਪਲ ਸ਼ਾਹ, ਪਿਆਰਾ ਬਾਬਾ,



ਨਰਿੰਦਰ ਚੋਹਾਨ, ਬਾਬਾ ਕੁੱਕੂ ਭਗਤ, ਬਾਬਾ ਸਾਈ ਸਾਬਰ ਅਲੀ, ਪਿੰਕੀ ਬਾਬਾ, ਬਿੱਲਾ ਬਾਬਾ,ਬੀਬੀ ਸੰਤੋਸ਼ ਕੁਮਾਰੀ,ਬੀਬੀ ਸੁਖਰਾਜ, ਬੀਬੀ ਬਲਵੀਰ ਕੌਰ, ਬਾਬਾ ਲੱਡੂ ਉਡਾਪੜ ਵਾਲੇ, ਅਮਰੀਕ ਸਿੰਘ ਡੇਰਾ ਸੰਚਣ ਕਾਮਾ, ਸਾਈ ਸੁਖਰਾਜ ਰਾਹੋਂ, ਬਲਜਿੰਦਰ ਕੌਰ, ਬੀਬੀ ਰਣਜੀਤ,ਦਰਬਾਰ ਸਰਕਾਰ ਮਸਤ ਸ਼ਾਹਰ ਮੁਕੰਦਪੁਰ, ਸਾਈ ਮੱਖਣ ਸ਼ਾਹ, ਸਾਈ ਕਰਨੈਲ ਸ਼ਾਹ ਕਾਦਰੀ, ਬੀਬੀ ਸੰਤੋਸ਼, ਬੀਬੀ ਬਲਬੀਰੋ, ਜਸਵਿੰਦਰ ਸਿੰਘ ਸਿਆਣ, ਹਰਵਿੰਦਰ ਕੌਰ ਸਿਆਣ ਸੀਨੀਅਰ ਵਾਇਸ ਪ੍ਰਧਾਨ ਬਲਾਚੌਰ,ਸੇਵਾਦਾਰ ਭਾਈਕੇ ਐਗਰੋ ਵਰਕਸ ਗੁਰਮੇਲ ਸਿੰਘ ਸਿੰਗਰ ਵਿਜੈ ਮੱਲਪੁਰੀ ਮਹੇਸ਼ ਸਾਜ ਆਦਿ ਫਕੀਰ ਹਾਜਰ ਰਹੇ।

# ਗੁਰਦੁਆਰਾ ਗੁਰਪਲਾਹ ਵਿਖੇ ਲੰਗਰ ਹਾਲ ਦਾ ਨੀਂਹ ਪੱਥਰ ਰੱਖਿਆ

**ਭਲਾਣ (ਹਰਭਜਨ ਢਿੱਲੋਂ)** ਪੰਜਾਬ ਦੀ ਸਰਹੱਦ ਨਾਲ ਲੱਗਦੇ ਹਿਮਾਚਲ ਪ੍ਰਦੇਸ਼ ਦੇ ਜ਼ਿਲ੍ਹਾ ਊਨਾ ਦੇ ਪਿੰਡ ਬਾਬੂ ਵਿਖੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰਪਲਾਹ ਸਾਹਿਬ ਵਿਖੇ ਲੰਗਰ ਹਾਲ ਦਾ ਨੀਂਹ ਪੱਥਰ ਸਥੰ: ਡਾਕਟਰ ਦਲਜੀਤ ਸਿੰਘ



ਭਿੰਡਰ ਅੰਤ੍ਰਿੰਗ ਕਮੇਟੀ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਅਤੇ ਸੰਤ ਬਾਬਾ ਸੁੱਚਾ ਸਿੰਘ ਕਾਰ ਸੇਵਾ ਕਿਲ੍ਹਾ ਅਨੰਦਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਜੀ ਨੇ ਰੱਖਿਆ। ਸਾਵਣ ਮਹੀਨੇ ਦੀ ਸੰਗਰਾਂਦ ਅਤੇ ਭਾਈ ਤਾਰੂ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਉਪਰੰਤ ਦਸਮੇਸ਼ ਪਬਲਿਕ ਸਕੂਲ ਦੀਆਂ ਵਿਦਿਆਰਥਣਾਂ ਨੇ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਦੱਸਣਯੋਗ ਹੈ ਕਿ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਇਤਿਹਾਸਿਕ ਅਸਥਾਨ ਗੁਰਦੁਆਰਾ ਗੁਰਪਲਾਹ ਸਾਹਿਬ ਵਿਖੇ ਸੰਗਤ ਦੀ ਦਿਨੋ ਦਿਨ ਵੱਧ ਰਹੀ ਆਮਦ ਨੂੰ ਦੇਖਦਿਆਂ ਲੰਗਰ ਹਾਲ ਬਨਾਉਣ ਦਾ ਉਪਰਾਲਾ ਕੀਤਾ ਗਿਆ। ਕਿਉਂਕਿ ਗਰਮੀ, ਸਰਦੀ ਅਤੇ ਬਰਸਾਤ ਦੇ ਮੌਸਮ ਵਿੱਚ ਗੁਰਪੁਰਬ ਮਨਾਉਣ ਮੌਕੇ ਸੰਗਤਾਂ ਨੂੰ ਪ੍ਰਸਾਦਾ ਛਕਾਉਣ ਲਈ ਬੜੀਆਂ ਮੁਸ਼ਕਿਲਾਂ ਆਉਂਦੀਆਂ ਸਨ। ਇਸ ਮੌਕੇ ਸਿੱਖ ਮਿਸ਼ਨ ਹਿਮਾਚਲ ਪ੍ਰਦੇਸ਼ ਇੰਚਾਰਜ ਗੁਰਦੀਪ ਸਿੰਘ, ਹੈਡ ਗ੍ਰੰਥੀ ਕੁਲਵਿੰਦਰ ਸਿੰਘ, ਮੈਨੇਜਰ ਗੁਰਦੀਪ ਸਿੰਘ ਕੰਗ ਤਖਤ ਸ੍ਰੀ ਕੇਸਗੜ੍ਹ ਅਨੰਦਪੁਰ ਸਾਹਿਬ, ਮੈਨੇਜਰ ਸ੍ਰੀ ਗੁਰਦੁਆਰਾ ਬਿਭੌਰ ਸਾਹਿਬ, ਬਾਬਾ ਪ੍ਰਿਤਪਾਲ ਸਿੰਘ ਗੁਰਦੁਆਰਾ ਸ਼ਹੀਦਾਂ ਸਿੰਘਾਂ ਊਨਾ ਸਾਹਿਬ, ਸੀਨੀਅਰ ਵਾਈਸ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਹਰਜੀਤ ਸਿੰਘ ਸੈਹਜੋਵਾਲ, ਪ੍ਰਿੰਸੀਪਲ ਦਲਵਿੰਦਰ ਕੌਰ ਦਸਮੇਸ ਪਬਲਿਕ ਸਕੂਲ ਗੁਰਪਲਾਹ ਸਾਹਿਬ, ਸਰਕਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਮਾਸਟਰ ਕਮਲ ਸਿੰਘ ਮਜਾਰੀ, ਬਾਬਾ ਗੁਰਮੇਲ ਸਿੰਘ, ਮਾਸਟਰ ਹਰੀ ਸਿੰਘ, ਅਵਤਾਰ ਸਿੰਘ, ਕੁਲਵੰਤ ਸਿੰਘ ਗਰੇਵਾਲ, ਹਰਮੀਤ ਸਿੰਘ ਲੁਧਿਆਣਾ ਆਦਿ ਤੋਂ ਇਲਾਵਾ ਸੰਗਤਾਂ ਦਾ ਵੱਡਾ ਇਕੱਠ ਸੀ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

# ਫਰੀਡਮ ਫਾਈਟਰਾਂ ਦੇ ਵਾਰਸਾਂ ਵੱਲੋਂ ਸਰਕਾਰ ਤੋਂ ਹੱਕੀ ਮੰਗਾਂ ਲਈ ਮਹੀਨਾਵਾਰ ਮੀਟਿੰਗ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਫਰੀਡਮ ਫਾਈਟਰ 196 ਜਥੇਬੰਦੀ ਸੰਗਰੂਰ ਦੀ ਜ਼ਿਲ੍ਹਾ ਇਕਾਈ ਸ਼ਹੀਦ ਭਗਤ ਸਿੰਘ ਨਗਰ ਦੀ ਇੱਕ ਵਿਸ਼ੇਸ਼ ਇਕੱਤਰਤਾ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਤੇ ਅਸ਼ੋਕ ਸਿੰਘ ਉਪ ਪ੍ਰਧਾਨ ਦੀ ਸਾਂਝੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਜ਼ਿਲ੍ਹੇ ਦੇ ਸਮੂਹ ਫਰੀਡਮ ਫਾਈਟਰਾਂ ਦੇ ਵਾਰਸਾਂ ਵੱਲੋਂ ਭਾਗ ਲਿਆ ਗਿਆ।ਮੀਟਿੰਗ ਤੋਂ ਉਪਰੰਤ ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਨੇ ਆਖਿਆ ਕਿ ਦੇਸ ਨੂੰ ਅਜ਼ਾਦ ਕਰਵਾਉਣ ਵਾਲੇ ਪਰਵਾਰਾਂ ਦੇ ਵਡੇਰਿਆ ਵਲੋਂ ਅੰਗਰੇਜਾਂ ਨੂੰ ਦੇਸ਼ ਵਿੱਚੋਂ ਕੱਢਣ ਤੇ ਅਜ਼ਾਦ ਕਰਵਾਉਣ ਲਈ ਅਹਿਮ ਯੋਗਦਾਨ ਪਾ ਕੇ ਨਾਮਣਾ ਖੱਟਿਆ ਹੈ।ਪਰ ਸਰਕਾਰ ਵਲੋਂ ਉਨ੍ਹਾਂ ਦੇ ਵਾਰਸਾਂ ਨੂੰ ਸਰਕਾਰੇ ਦਰਬਾਰੇ ਬਣਦਾ ਮਾਣ ਸਤਿਕਾਰ ਨਹੀ ਦਿੱਤਾ ਜਾ ਰਿਹਾ। ਜਥੇਬੰਦੀ ਨੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਫਰੀਡਮ ਫਾਈਟਰਾਂ ਦੇ ਵਾਰਸਾਂ ਦੀ ਹੱਕੀ ਮੰਗਾਂ ਜਲਦ ਤੋਂ ਜਲਦ ਮੰਨੀਆਂ ਜਾਣ ਤੇ ਜ਼ਿਲ੍ਹੇ ਸਮੇਤ ਦੇਸ਼ ਦੇ ਸਮੂਹ ਟੋਲ ਪਲਾਜਿਆਂ ਤੋਂ ਸਾਡੇ ਪਰਵਾਰਾਂ ਨੂੰ ਛੋਟ ਦਿੱਤੀ ਜਾਵੇ।ਇਸੇ ਤਰ੍ਹਾਂ ਸਾਰੇ ਸਰਕਾਰੀ ਦਫਤਰਾਂ ਵਿੱਚ ਸਾਨੂੰ ਬਣਦਾ ਮਾਣ ਸਤਿਕਾਰ ਦਿੱਤਾ ਜਾਵੇ, ਉਨ੍ਹਾਂ ਦੇ ਵਾਰਸਾਂ ਦੇ ਸ਼ਨਾਖਤੀ ਕਾਰਡ



ਬਣਾਏ ਜਾਣ ਤਾਂ ਜੋ ਫਰੀਡਮ ਫਾਈਟਰਾਂ ਦੀ ਤੁਰੰਤ ਪਛਾਣ ਹੋ ਸਕੇ।ਉਨ੍ਹਾਂ ਇਹ ਵੀ ਮੰਗ ਕੀਤੀ ਕਿ ਸਰਕਾਰੀ ਬੱਸਾਂ ਵਿੱਚ ਫਰੀਡਮ ਫਾਈਟਰ ਦੇ ਵਾਰਸਾਂ ਨੂੰ ਸਫਰ ਕਰਨ ਲਈ ਸੀਟਾਂ ਰਾਖਵੀਆਂ ਕੀਤੀਆਂ ਜਾਣ।ਉਨ੍ਹਾਂ ਕਿਹਾ ਕਿ ਸਾਡੀ ਜਥੇਬੰਦੀ ਸਰਕਾਰ ਤੋਂ ਇਹ ਮੰਗ ਵੀ ਕਰਦੀ ਹੈ ਕਿ 26 ਜਨਵਰੀ ਅਤੇ 15 ਅਗਸਤ ਨੂੰ ਮਨਾਏ ਜਾਣ ਵਾਲੇ ਸੰਵਿਧਾਨ ਅਤੇ ਅਜਾਦੀ ਦਿਵਸ ਦੇ ਸਰਕਾਰੀ ਸਮਾਗਮਾਂ ਵਿੱਚ ਵੀ ਫਰੀਡਮ ਫਾਈਟਰਾਂ ਦੇ ਵਾਰਸਾਂ ਨੂੰ ਸੱਦ ਕਿ ਉਨ੍ਹਾਂ ਦਾ ਬਣਦਾ ਮਾਣ ਸਤਿਕਾਰ ਕੀਤਾ ਜਾਵੇ।ਇਸ ਮੌਕੇ ਜੀਵਨ ਕੁਮਾਰ ਸਕੱਤਰ,ਅਸ਼ੋਕ ਸਿੰਘ ਉਪਪ੍ਰਧਾਨ,ਅਮਰੀਕ ਸਿੰਘ ਚੱਕਦਾਨਾ, ਗੁਰਨਾਮ ਸਿੰਘ ਖੁਰਦ,ਭਜਨ ਸਿੰਘ,ਦੇਵ ਦੱਤ ਸ਼ਰਮਾਂ,ਜੁਝਾਰ ਸਿੰਘ,ਅਮਰਜੀਤ ਸਿੰਘ,ਨਿਰਮਲ ਸਿੰਘ,ਪਰਵਿੰਦਰ ਸਿੰਘ, ਤਰਨਜੀਤ ਸਿੰਘ ਥਾਂਦੀ,ਤਰਸੇਮ ਸਿੰਘ ਆਦਿ ਵੀ ਹਾਜ਼ਰ ਸਨ।

# ਜਗਸੀਰ ਸਿੰਘ ਕਾਲੇਕੇ ਦੀ ਅਗਵਾਈ ਹੇਠ ਸੰਵਿਧਾਨ ਬਚਾਓ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਲਾਮਬੰਦੀ ਮੀਟਿੰਗ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਕਾਂਗਰਸ ਪਾਰਟੀ ਦੇ ਕੌਮੀ ਆਗੂ ਰਾਹੁਲ ਗਾਂਧੀ ਅਤੇ ਪੰਜਾਬ ਦੇ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਸੂਬੇ ਅੰਦਰ ਵੱਖ-ਵੱਖ ਵਿਧਾਨ ਸਭਾ ਹਲਕਿਆਂ ਅੰਦਰ ਸੰਵਿਧਾਨ ਬਚਾਓ ਰੈਲੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਦੇ ਤਹਿਤ ਅੱਜ ਮੋਗਾ ਵਿਖੇ 19 ਜੁਲਾਈ ਨੂੰ ਪ੍ਰਾਈਮ ਫਾਰਮ ਮੋਗਾ ਵਿਖੇ ਹੋਣ ਜਾ ਰਹੀ ਰੈਲੀ ਦੀਆਂ ਤਿਆਰੀਆਂ ਨੂੰ ਲੈ ਕੇ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਅੰਦਰ ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੀ ਅਗਵਾਈ ਹੇਠ ਹੋਈ, ਜਿਸ ਵਿਚ ਕਾਂਗਰਸ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਸਾਬਕਾ ਵਿਧਾਇਕ ਹਲਕਾ ਧਰਮਕੋਟ, ਆਬਜ਼ਰਵਰ ਮਨਜੀਤ ਸਿੰਘ ਹੰਬੜਾ, ਕੋਆਰਡੀਨੇਟਰ ਜਸਵੀਰ ਸਿੰਘ ਜੌਲੀ ਅਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਸੂਬੇਦਾਰ ਗੁਰਬਚਨ ਸਿੰਘ ਬਰਾੜ ਵੱਲੋਂ ਇਸ ਲਾਮਬੰਦੀ ਮੀਟਿੰਗ ਵਿਚ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ, ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ, ਆਬਜ਼ਰਵਰ ਮਨਜੀਤ ਸਿੰਘ ਹੰਬੜਾਂ ਅਤੇ ਕੋਆਰਡੀਨੇਟਰ ਜਸਵੀਰ ਸਿੰਘ ਜੌਲੀ ਨੇ ਸਾਂਝੇ ਤੌਰ 'ਤੇ ਆਖਿਆ ਕਿ ਅੱਜ ਦੀ ਲਾਮਬੰਦੀ ਮੀਟਿੰਗ 19 ਜੁਲਾਈ ਨੂੰ ਮੋਗਾ ਵਿਖੇ ਹੋ ਰਹੀ 'ਸੰਵਿਧਾਨ ਬਚਾਓ' ਰੈਲੀ ਨੂੰ ਲੈ ਕੇ ਕੀਤੀ ਜਾ ਰਹੀ ਹੈ, ਜਿਸ ਵਿਚ ਵੱਡੀ ਗਿਣਤੀ ਵਿਚ ਲੋਕਾਂ ਦੀ ਭਾਗੀਦਾਰੀ ਦੀ ਉਮੀਦ ਹੈ। ਉਨ੍ਹਾਂ ਆਖਿਆ ਕਿ ਮੋਗਾ ਜ਼ਿਲ੍ਹੇ ਅੰਦਰ 'ਸੰਵਿਧਾਨ ਬਚਾਓ' ਰੈਲੀ ਨੂੰ ਸਫਲ ਬਣਾਉਣ ਲਈ ਸੀਨੀਅਰ ਆਗੂਆਂ ਨੇ ਜ਼ਿੰਮੇਵਾਰੀਆਂ



ਸੰਭਾਲ ਲਈਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿਚ ਆਮ ਆਦਮੀ ਪਾਰਟੀ ਅਤੇ ਕੇਂਦਰ ਸਰਕਾਰ ਸੰਵਿਧਾਨਕ ਸੰਸਥਾਵਾਂ ਨੂੰ ਕਮਜ਼ੋਰ ਕਰ ਰਹੀ ਹੈ, ਜਿਸ ਨੂੰ ਲੈ ਕੇ ਲੋਕਾਂ ਵਿਚ ਬਹੁਤ ਗੁੱਸਾ ਹੈ। ਇਸ ਗੱਲ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਕਾਂਗਰਸ ਪਾਰਟੀ ਵੱਲੋਂ ਇਹ ਰੈਲੀ ਮਹੱਤਵਪੂਰਨ ਕਦਮ ਹੈ। ਉਨ੍ਹਾਂ ਮੀਟਿੰਗ ਵਿਚ ਹਾਜ਼ਰ ਕਾਂਗਰਸੀ ਆਗੂਆਂ ਨੂੰ ਅਪੀਲ ਕੀਤੀ ਕਿ ਹਲਕਾ ਬਾਘਾ ਪੁਰਾਣਾ ਦੇ ਵੋਟਰ ਵੱਡੀ ਗਿਣਤੀ ਵਿਚ 19 ਜੁਲਾਈ ਨੂੰ ਮੋਗਾ ਪਹੁੰਚ ਕੇ ਸੰਵਿਧਾਨ ਅਤੇ ਲੋਕਤੰਤਰ ਦੀ ਰੱਖਿਆ ਲਈ ਆਵਾਜ਼ ਬੁਲੰਦ ਕਰਨ। ਇਸ ਮੌਕੇ ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਨੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਉਨ੍ਹਾਂ ਵਲੋਂ ਇਸ ਰੈਲੀ ਵਿਚ ਵੱਡੀ ਗਿਣਤੀ ਵਿਚ ਕਾਫ਼ਲੇ ਬੰਨ੍ਹ ਕੇ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਦਾਅਵਾ ਕੀਤਾ ਕਿ 19 ਜੁਲਾਈ ਨੂੰ ਹੋਣ ਵਾਲੀ ਮੋਗਾ ਰੈਲੀ ਇਤਿਹਾਸਕ ਸਾਬਿਤ ਹੋਵੇਗੀ ਅਤੇ ਵਿਰੋਧੀਆਂ ਦੀਅ ਜੜ੍ਹਾਂ ਹਲਾ ਕੇ ਰੱਖ ਦੇਵੇਗੀ। ਇਸ ਮੌਕੇ ਬਲਾਕ ਪ੍ਰਧਾਨ ਗੁਰਤੇਜ ਸਿੰਘ ਨੱਥੂਵਾਲਾ, ਬਲਾਕ ਪ੍ਰਧਾਨ ਹਰਦੀਸ਼ ਸਿੰਘ ਸੇਖਾ, ਸ਼ਹਿਰੀ ਪ੍ਰਧਾਨ ਪ੍ਰਦੀਪ ਅਰੋੜਾ, ਯੂਥ ਪ੍ਰਧਾਨ ਗਗਨ ਸਰਪੰਚ ਨਿਗਾਹਾਂ, ਬਲਾਕ ਪ੍ਰਧਾਨ ਕਿਸਾਨ ਕਾਂਗ ਲਾਭ ਸਿੰਘ ਠੱਠੀ, ਬਲਾਕ ਪ੍ਰਧਾਨ ਕਿਸਾਨ ਕਾਂਗ ਜਸਪਾਲ ਸਿੰਘ ਆਲਮਵਾਲਾ, ਕੌਂਸਲਰ ਸ਼ਸ਼ੀ ਗਰਗ, ਚੇਅਰਮੈਨ ਕਿਰਨਜੀਤ ਸਿੰਘ ਵਾਂਦਰ, ਵਾ.ਚੇਅਰਮੈਨ ਸੀਪਾ ਰਾਜਿਆਣਾ, ਜਗਸੀਰ ਸਿੰਘ ਜੱਗਾ ਸਾਬਕਾ ਕੌਂਸਲਰ, ਸਾਬਕਾ ਸਰਪੰਚ ਨਰਿੰਦਰ ਸਿੰਘ ਮਾਹਲਾਂ ਕਲਾਂ, ਸਾਬਕਾ ਸਰਪੰਚ ਸੁਖਦੇਵ ਮਾਹਲਾਂ ਕਲਾਂ, ਬਲਵੀਰ ਸਿੰਘ ਮਾਹਲਾਂ ਮੈਂਬਰ ਮਾਰਕੀਟ ਕਮੇਟੀ, ਸਾਬਕਾ ਸਰਪੰਚ ਗੁਰਮੇਲ ਸਿੰਘ ਮਾਹਲਾਂ ਖੁਰਦ, ਸਾਬਕਾ ਸਰਪੰਚ ਜਗਦੇਵ ਸਿੰਘ ਛੋਟਾ ਘਰ, ਰਾਜਾ ਵੱਡਾ ਘਰ, ਸਾਬਕਾ ਸਰਪੰਚ ਜੱਜ ਸਿੰਘ ਹਰੀਏਵਾਲਾ, ਪੰਚ ਰਣਜੀਤ ਸਿੰਘ ਭਲੂਰ, ਜੱਸਾ ਪ੍ਰਧਾਨ ਰੋਡੇ, ਗੁਰਚਰਨ ਸਿੰਘ ਰਾਜਿਆਣਾ, ਸਾਧੂ ਰਾਮ ਰਾਜਿਆਣਾ, ਸਾਬਕਾ ਸਰਪੰਚ ਹਰਪ੍ਰੀਤ ਸਿੰਘ ਚੰਦ ਨਵਾਂ, ਬਲਦੇਵ ਚੰਦ ਪੁਰਾਣਾ, ਸੋਨੂੰ ਚੰਦਪੁਰਾਣਾ, ਸੀਰਾ ਮੱਲਕੇ, ਸੰਮਤੀ ਮੈਂਬਰ ਲਛਮਣ ਮੱਲਕੇ, ਜਤਿੰਦਰ ਸਿੰਘ ਸੋਨਾ ਵਾਂਦਰ, ਤੇਜਪਾਲ ਕੌਰ, ਜੀਵਨ ਲਤਾ, ਸਾਜਨ ਅਰੋੜਾ, ਵਿਸ਼ਾਲ ਨਾਥੇਵਾਲਾ ਹਾਜ਼ਰ ਸਨ।

# ਭਾਸ਼ਾ ਵਿਭਾਗ ਵੱਲੋਂ ਉਰਦੂ ਅਧਿਆਪਕ ਦੀ ਨਿਯੁਕਤੀ ਲਈ ਅਰਜ਼ੀਆਂ ਦੀ ਮੰਗ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਜ਼ਿਲ੍ਹਾ ਭਾਸ਼ਾ ਅਫ਼ਸਰ ਜਸਪ੍ਰੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਦਾ ਅਦਾਰਾ ਭਾਸ਼ਾ ਵਿਭਾਗ ਜਿੱਥੇ ਪੰਜਾਬੀ ਭਾਸ਼ਾ ਦੇ ਪ੍ਰਚਾਰ ਅਤੇ ਪ੍ਰਸਾਰ ਲਈ ਅਨੇਕ ਤਰ੍ਹਾਂ ਦੇ ਉਪਰਾਲੇ ਕਰਦਾ ਹੈ, ਉੱਥੇ ਹੀ ਹੋਰ ਭਾਸ਼ਾਵਾਂ ਦੇ ਕਲਾਸਕੀ ਸਾਹਿਤ ਦੇ ਪੰਜਾਬੀ ਅਨੁਵਾਦ ਰਾਹੀਂ ਪਾਠਕਾਂ ਦੀ ਸਾਂਝ ਵਿਸ਼ਵ ਸਾਹਿਤ ਨਾਲ ਵੀ ਪਵਾਉਂਦਾ ਹੈ।ਉਨ੍ਹਾਂ ਦੱਸਿਆ ਕਿ ਭਾਸ਼ਾ ਵਿਭਾਗ ਵੱਲੋਂ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਲਈ ਉਰਦੂ ਆਮੋਜ਼ ਕੋਰਸ ਦਾ ਪ੍ਰਬੰਧ ਕੀਤਾ ਜਾਣਾ ਹੈ, ਜਿਸ ਲਈ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ ਨੂੰ ਉਰਦੂ ਅਧਿਆਪਕ ਦੀ ਜ਼ਰੂਰਤ ਹੈ। ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਦੱਸਿਆ ਕਿ ਉਰਦੂ ਅਧਿਆਪਕ ਲਈ ਵਿੱਦਿਅਕ ਯੋਗਤਾ ਐਮ.ਏ. ਉਰਦੂ ਹੈ ਅਤੇ ਉਰਦੂ ਅਧਿਆਪਕ ਨੂੰ ਪ੍ਰਤੀ ਮਹੀਨਾ ਅੱਠ ਹਜ਼ਾਰ ਰੁਪਏ ਸੇਵਾ ਫ਼ਲ ਮਿਲੇਗਾ।ਉਨ੍ਹਾਂ ਕਿਹਾ ਕਿ ਕਲਾਸ ਦਾ ਸਮਾਂ ਸ਼ਾਮ 05 ਵਜੇ ਤੋਂ ਸ਼ਾਮ 06 ਵਜੇ ਤੱਕ ਦਾ ਹੋਵੇਗਾ ਤੇ ਉਰਦੂ ਅਧਿਆਪਕ ਦੀ ਨਿਯੁਕਤੀ ਕੇਵਲ ਇੱਕ ਘੰਟੇ ਦੀ ਉਰਦੂ ਕਲਾਸ ਲਈ ਕੀਤੀ ਜਾਣੀ ਹੈ, ਜਦਕਿ ਬਾਕੀ ਦਫ਼ਤਰੀ ਸਮੇਂ ਵਿੱਚ ਹਾਜ਼ਰ ਰਹਿਣ ਲਈ ਉਰਦੂ ਅਧਿਆਪਕ ਨੂੰ ਕੋਈ ਪਾਬੰਦੀ ਨਹੀਂ ਹੋਵੇਗੀ। ਜ਼ਿਲ੍ਹਾ ਭਾਸ਼ਾ ਅਫ਼ਸਰ ਨੇ ਦੱਸਿਆ ਕਿ ਉਰਦੂ ਆਮੋਜ਼ ਕੋਰਸ, ਵਿਭਾਗ ਵੱਲੋਂ ਹਰ ਸਾਲ ਜਨਵਰੀ ਤੇ ਜੁਲਾਈ ਵਿੱਚ ਕਰਾਇਆ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਉਰਦੂ ਅਧਿਆਪਕ ਦੀ ਨਿਯੁਕਤੀ ਲਈ ਅਰਜ਼ੀ 30-07-2025 ਤੱਕ ਦਫ਼ਤਰ ਜ਼ਿਲ੍ਹਾ ਭਾਸ਼ਾ ਅਫ਼ਸਰ, ਫ਼ਤਹਿਗੜ੍ਹ ਸਾਹਿਬ ਵਿਖੇ ਦਿੱਤੀ ਜਾ ਸਕਦੀ ਹੈ।

# ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਨੇ ਤੁਲਸੀ ਦੇ ਪੌਦੇ ਵੰਡੇ

**ਡੇਰਾਬੱਸੀ (ਵਿਨੈ ਕੁਮਾਰ ਜੈਨ)**— ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਡੇਰਾਬੱਸੀ ਵੱਲੋਂ 'ਸੇਵਾ ਪ੍ਰੋਜੈਕਟ' ਦੇ ਤਹਿਤ ਸਥਾਨਕ ਏ.ਟੀ.ਐਸ. ਸੁਸਾਇਟੀ ਵਿਖੇ ਗਮਲਿਆਂ ਸਮੇਤ ਤੁਲਸੀ ਦੇ ਪੌਦੇ ਵੰਡੇ ਗਏ। ਪ੍ਰੀਸ਼ਦ ਦੇ ਸਕੱਤਰ ਉਪੇਸ਼ ਬੰਸਲ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਪ੍ਰੀਸ਼ਦ ਦੇ ਪ੍ਰਧਾਨ ਡਾ. ਬਰਖਾ ਰਾਮ ਦੀ ਅਗਵਾਈ ਵਿਚ ਏ.ਟੀ.ਐਸ. ਸੁਸਾਇਟੀ ਦੇ ਵਸਨੀਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪ੍ਰੀਸ਼ਦ ਵੱਲੋਂ ਸਾਵਣ ਦੇ ਮਹੀਨੇ ਵਿਚ ਇਲਾਕੇ ਦੀਆਂ ਧਾਰਮਿਕ ਅਸਥਾਨਾਂ, ਸੁਸਾਇਟੀਆਂ ਅਤੇ ਸਮਸ਼ਾਨਘਾਟਾਂ ਵਿਚ ਫਲਦਾਰ, ਛਾਂਦਾਰ ਅਤੇ ਫੁੱਲਦਾਰ ਬੂਟੇ ਲਗਾਏ ਜਾ ਰਹੇ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਵੱਧ ਤੋਂ ਵੱਧ ਪੌਦੇ ਲਗਾਉਣ ਤਾਂ ਜੋ ਆਪਣਾ ਆਲਾ- ਦੁਆਲਾ ਹਰਿਆ ਭਰਿਆ ਹੋ ਸਕੇ।ਇਸ ਮੌਕੇ ਸੁਸਾਇਟੀ ਦੇ ਲੋਕਾਂ ਨੇ ਭਾਰਤ ਵਿਕਾਸ ਪ੍ਰੀਸ਼ਦ ਵਿਵੇਕਾਨੰਦ ਵੱਲੋਂ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਇਸ ਮੁਹਿੰਮ ਵਿਚ ਵੱਡਮੁੱਲਾ ਯੋਗਦਾਨ ਪਾਉਣ ਦਾ ਭਰੋਸਾ ਦਿਵਾਇਆ। ਇਸ ਮੌਕੇ 120 ਲੋਕਾਂ ਨੂੰ ਗਮਲਿਆਂ ਸਮੇਤ ਤੁਲਸੀ ਦੇ ਪੌਦੇ ਸੌਂਪੇ ਗਏ। ਇਸ ਮੌਕੇ ਵਿਸ਼ੇਸ਼ ਤੌਰ ਤੇ ਜ਼ਿਲ੍ਹਾ ਕੋਆਰਡੀਨੇਟਰ ਭੂਸ਼ਨ ਜੈਨ, ਅਸ਼ਵਨੀ ਕੁਮਾਰ ਸ਼ਰਮਾ ਆਦਿ ਮੌਜੂਦ ਸਨ।



# ਬਿਰਧ ਆਸ਼ਰਮ ਨੂੰ ਭੇਟ ਕੀਤੀ ਖਾਣ-ਪੀਣ ਦੀ ਸਮੱਗਰੀ

**ਫਗਵਾੜਾ (ਡਾ. ਰਮਨ)** ਲਾਇਨਜ ਇੰਟਰਨੈਸ਼ਨਲ 321-ਡੀ ਦੀ ਇਲੈਵਨ ਸਟਾਰ ਸਪੈਸ਼ਲ ਸਟੇਟਸ ਮਾਡਲ ਲਾਇਨਜ ਕਲੱਬ ਫਗਵਾੜਾ ਵਿਸ਼ਵਾਸ ਅਤੇ ਅਲਾਇੰਸ ਇੰਟਰਨੈਸ਼ਨਲ ਦੀ ਅਲਾਇੰਸ ਕਲੱਬ ਫਗਵਾੜਾ ਵਲੋਂ ਸਾਂਝਾ ਉਪਰਾਲਾ ਕਰਦੇ ਹੋਏ ਬਿਰਧ ਆਸ਼ਰਮ ਵਿਰਕ ਵਿਖੇ ਰਹਿ ਰਹੇ ਆਸ਼ਿ੍ਤਾਂ ਲਈ ਅਨਾਜ ਅਤੇ ਹੋਰ ਖਾਣ ਪੀਣ ਦੀ ਸਮੱਗਰੀ ਭੇਟ ਕੀਤੀ ਗਈ। ਲਾਇਨਜ ਕਲੱਬ ਫਗਵਾੜਾ ਵਿਸ਼ਵਾਸ ਦੇ ਚਾਰਟਰ ਪ੍ਰਧਾਨ ਅਤੇ ਡਿਸਟ੍ਰਿਕਟ 321-ਡੀ ਦੇ ਸਪੈਸ਼ਲ ਸਕੱਤਰ ਲਾਇਨ ਇੰਚਾਰਜ ਐਮ.ਐਮ.ਆਰ. ਲਾਇਨ ਸੁਸ਼ੀਲ ਸ਼ਰਮਾ ਤੇ ਉਹਨਾਂ ਦੇ ਨਾਲ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ ਅਲਾਇੰਸ ਕਲੱਬ ਦੇ ਪ੍ਰਿੰਸੀਪਲ ਸਕੱਤਰ ਐਲੀ ਰਵੀ ਮੰਗਲ ਨੇ ਦੱਸਿਆ ਕਿ ਉਹਨਾਂ ਦੀਆਂ ਸੰਸਥਾਵਾਂ ਵਲੋਂ ਬਿਰਧ ਆਸ਼ਰਮ ਨੂੰ 60 ਕਿੱਲੋ ਆਟਾ, 50 ਪੀਸ ਟੂਥਪੇਸਟ ਤੇ ਬੁਰਸ਼, ਕਰੀਬ 4 ਕੁਇੰਟਲ ਬਾਲਣ ਸਮੇਤ ਹੋਰ ਖਾਣ-ਪੀਣ ਦੀ ਸਮੱਗਰੀ ਭੇਂਟ ਕੀਤੀ ਗਈ ਹੈ। ਉਹਨਾਂ ਨੇ ਲਾਇਨਜ ਕਲੱਬ ਦੇ ਪ੍ਰਧਾਨ ਲਾਇਨ ਅਸ਼ਵਨੀ ਸ਼ਰਮਾ ਅਤੇ ਅਲਾਇੰਸ ਕਲੱਬ ਦੇ ਪ੍ਰਧਾਨ ਐਲੀ ਇੰਦਰਜੀਤ ਸਿੰਘ ਨੂੰ ਭਵਿੱਖ 'ਚ ਵੀ ਅਜਿਹੇ ਉਪਰਾਲੇ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਇਸ ਦੌਰਾਨ ਬਿਰਧ ਆਸ਼ਰਮ ਦੇ ਡਾਇਰੈਕਟਰ ਰਣਜੀਤ ਕੌਰ ਅਤੇ ਇੰਚਾਰਜ ਪੂਜਾ ਮਾਲੀ ਨੇ ਦੋਵੇਂ ਕਲੱਬਾਂ ਵਲੋਂ ਕੀਤੇ ਗਏ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਦਾਨੀ ਸੱਜਣਾਂ ਅਤੇ ਕੱਲਬਾਂ ਦੀ ਬਦੌਲਤ ਹੀ ਆਸ਼ਰਮ 'ਚ ਰਹਿਣ ਵਾਲੇ ਬਿਰਧਾਂ ਅਤੇ ਅਨਾਥਾਂ ਨੂੰ ਚੰਗੀਆਂ ਸਹੂਲਤਾਂ ਮਿਲ ਰਹੀਆਂ ਹਨ। ਇਸ ਮੌਕੇ ਲਾਇਨ ਬਲਵਿੰਦਰ ਸਿੰਘ, ਪ੍ਰਦੀਪ ਸਿੰਘ ਅਤੇ ਦੋਵੇਂ ਕਲੱਬਾਂ ਦੇ ਮੈਂਬਰ ਤੇ ਪਤਵੰਤੇ ਹਾਜਰ ਸਨ।



# ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਤੇ ਧਮਕੀਆਂ ਦੇਣ ਵਿਰੁੱਧ 4 ਨਾਮਜ਼ਦ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਥਾਣਾ ਘੱਲਖੁਰਦ ਦੇ ਅਧੀਨ ਆਉਂਦੇ ਪਿੰਡ ਪਤਲੀ ਵਿਖੇ ਇਕ ਵਿਅਕਤੀ ਦੀ ਜ਼ਮੀਨ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼ ਕਰਕੇ ਧਮਕੀਆਂ ਦੇਣ ਦੇ ਦੋਸ਼ ਵਿਚ ਥਾਣਾ ਘੱਲਖੁਰਦ ਪੁਲਿਸ ਨੇ 4 ਵਿਅਕਤੀਆਂ ਖਿਲਾਫ 303 (2), 329 (3), 324 (4), 351 (3), 3 (5) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਦਰਖਾਸਤੀ ਨੰਬਰ 250-ਐੱਸਪੀ-ਪੀਸੀ ਮਿਤੀ 4 ਜੂਨ 2025 ਵੱਲੋਂ ਗੁਰਮੁੱਖ ਸਿੰਘ ਸਰਾਂ ਪੁੱਤਰ ਜਗਜੀਤ ਸਿੰਘ ਵਾਸੀ ਪਿੰਡ ਪਤਲੀ ਹਾਲ ਅਮਰੀਕਾ ਬਰਖਿਲਾਫ਼ ਕਰਤਾਰ ਸਿੰਘ ਗਰੇਵਾਲ ਪੁੱਤਰ ਬਲਜਿੰਦਰ ਸਿੰਘ ਵਾਸੀ ਸ਼ਹੀਦ ਭਗਤ ਸਿੰਘ ਨਗਰ ਮੋਗਾ ਤੇ ਕੁਝ ਅਣਪਛਾਤੇ ਵਿਅਕਤੀਆਂ ਨੇ ਉਤਰਾਵਾਦੀ ਧਿਰ ਵੱਲੋਂ ਬਿਨਾਂ ਕਿਸੇ ਅਦਾਲਤ ਦੇ ਹੁਕਮ ਤੋਂ ਕਾਸ਼ਤਕਾਰ ਗੁਰਮੁੱਖ ਸਿੰਘ ਉਕਤ ਦੀ ਜ਼ਮੀਨ ਵਾਹ ਕੇ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ। ਗੁਰਮੁਖ ਸਿੰਘ ਨੂੰ ਠੇਕੇ 'ਤੇ ਜ਼ਮੀਨ ਨਾ ਲੈਣ ਬਾਰੇ ਧਮਕੀਆਂ ਦਿੱਤੀਆਂ ਹਨ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਵਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਕਰਤਾਰ ਸਿੰਘ ਪੁੱਤਰ ਬਲਜਿੰਦਰ ਸਿੰਘ, ਰਾਣਾ ਪੁੱਤਰ ਬਲਵਿੰਦਰ ਸਿੰਘ ਵਾਸੀ ਪਿੰਡ ਚੰਦਨਵਾਂ ਮੋਗਾ, ਅਜਮੇਰ ਸਿੰਘ ਵਾਸੀ ਪਿੰਡ ਇੰਦਗੜ੍ਹ ਜ਼ਿਲ੍ਹਾ ਮੋਗਾ ਤੇ ਗੁਰਚਰਨ ਸਿੰਘ ਪੁੱਤਰ ਹਰਨਾਮ ਸਿੰਘ ਵਾਸੀ ਸ਼ਹੀਦ ਭਗਤ ਸਿੰਘ ਨਗਰ ਮੋਗਾ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

# ਮਾਨ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਤਹਿਤ ਮੀਟਿੰਗਾਂ

**ਫਗਵਾੜਾ (ਡਾ. ਰਮਨ)** ਪੰਜਾਬ ਸਰਕਾਰ ਦੀ ਮੁਹਿਮ ਯੁੱਧ ਨਸ਼ਿਆਂ ਵਿੱਰੁਧ ਤਹਿਤ ਸੀਨੀਅਰ ਆਪ ਆਗੂ ਜੋਗਿੰਦਰ ਸਿੰਘ ਮਾਨ ਸਾਬਕਾ ਮੰਤਰੀ ਪੰਜਾਬ ਦੀ ਅਗਵਾਈ ਹੇਠ ਹਲਕੇ ਦੇ ਪਿੰਡ ਭਬਿਆਣਾ ਅਤੇ ਹਰਬੰਸਪੁਰ ਵਿਖੇ ਲੋਕ ਸਭਾਵਾਂ ਕੀਤੀਆਂ ਗਈਆਂ। ਇਸ ਦੌਰਾਨ ਸਕੂਲੀ ਵਿਦਿਆਰਥੀਆਂ ਨੂੰ ਜਿੱਥੇ ਨਸ਼ੇ ਨਾ ਕਰਨ ਦੀ ਸੌਂਹ ਚੁਕਾਈ ਗਈ, ਉੱਥੇ ਹੀ ਪਿੰਡਾਂ ਦੇ ਵਸਨੀਕਾਂ ਨੂੰ ਵੀ ਨਸ਼ਾ ਵੇਚਣ ਵਾਲਿਆਂ ਦੀ ਸੂਚਨਾ ਪੁਲਸ ਥਾਣਿਆਂ 'ਚ ਦੇਣ ਦੀ ਅਪੀਲ ਕੀਤੀ ਗਈ। ਮਾਨ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਪੰਜਾਬ ਪੁਲਸ ਵਲੋਂ ਹੁਣ ਤੱਕ ਨਸ਼ਾ ਵੇਚਣ ਵਾਲਿਆਂ ਖਿਲਾਫ ਕਰੀਬ ਤੇਰਾਂ ਹਜਾਰ ਐਫ.ਆਈ.ਆਰ. ਦਰਜ ਕੀਤੀਆਂ ਗਈਆਂ ਹਨ ਅਤੇ ਕਰੀਬ 22 ਹਜਾਰ ਨਸ਼ਾ ਤਸਕਰਾਂ ਨੂੰ ਜੇਲ੍ਹਾਂ 'ਚ ਡੱਕਿਆ ਗਿਆ ਹੈ। ਉਹਨਾਂ ਕਿਹਾ ਕਿ ਇਹ ਮੁਹਿੰਮ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਪੰਜਾਬ ਨੂੰ ਪੂਰੀ ਤਰ੍ਹਾਂ ਦੇ ਨਾਲ ਨਸ਼ਾ ਮੁਕਤ ਨਹੀਂ ਕਰ ਦਿੱਤਾ ਜਾਂਦਾ। ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੇ ਸਮੇਂ ਦੌਰਾਨ ਨਸ਼ਿਆਂ ਦਾ ਜਾਲ ਇਸ ਕਦਰ ਫੈਲਾਇਆ ਗਿਆ ਸੀ, ਜਿਸ ਤੋਂ ਮੁਕਤੀ ਲਈ ਪੁਲਸ ਨੂੰ ਕੜੀ ਮਸ਼ੱਕਤ ਕਰਨੀ ਪੈ ਰਹੀ ਹੈ। ਇਸ ਦੌਰਾਨ ਯੁੱਧ ਨਸ਼ਿਆਂ ਵਿਰੁੱਧ ਯਾਤਰਾ ਦੇ ਕੋਆਰਡੀਨੇਟਰ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ ਨੇ ਨਸ਼ੇ ਦੀ ਲਤ ਦੇ ਸ਼ਿਕਾਰ ਨੌਜਵਾਨਾਂ ਨੂੰ ਪੁਰਜ਼ੋਰ ਅਪੀਲ ਕੀਤੀ ਕਿ ਉਹ ਸਰਕਾਰੀ ਨਸ਼ਾ ਛੁਡਾਉ ਕੇਂਦਰਾਂ 'ਚ ਭਰਤੀ ਹੋ ਕੇ ਆਪਣਾ ਫਰੀ ਇਲਾਜ ਕਰਵਾਉਣ ਤਾਂ ਜੋ ਦੁਬਾਰਾ ਆਮ ਨਾਗਰਿਕਾਂ ਵਾਂਗੂ ਵਧੀਆ ਜਿੰਦਗੀ ਬਤੀਤ ਕਰ ਸਕਣ। ਇਸ ਮੌਕੇ ਨਵਨੀਤ ਉੱਪਲ ਵਾਈਸ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਸੀਮਾ ਰਾਣਾ ਵਾਈਸ ਕੋਆਰਡੀਨੇਟਰ ਯੁੱਧ ਨਸ਼ਿਆਂ ਵਿਰੁੱਧ, ਵਰੁਣ ਬੰਗੜ ਸਰਪੰਚ ਚੱਕ ਹਕੀਮ, ਰਵਿੰਦਰ ਸਿੱਧੂ ਕੌਂਸਲਰ, ਸਤਵਿੰਦਰ ਸਿੰਘ ਸਰਪੰਚ, ਗੁਰਮੁਖ ਸਿੰਘ, ਸੇਵਾ ਸਿੰਘ ਪ੍ਰਧਾਨ, ਜੋਗਾ ਸਿੰਘ, ਮੇਵਾ ਸਿੰਘ, ਬੂਟਾ ਸਿੰਘ ਸਾਬਕਾ ਸਰਪੰਚ, ਸੁਰਿੰਦਰ ਸਿੰਘ ਸਾਬਕਾ ਸਰਪੰਚ, ਗੁਰਦੀਸ਼ ਸਿੰਘ, ਡਾ. ਸੋਨੀ, ਕੇਵਲ ਸਿੰਘ, ਹੁਸ਼ਿਆਰ ਸਿੰਘ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਦੋਵੇਂ ਪਿੰਡਾਂ ਦੇ ਪਤਵੰਤੇ ਅਤੇ ਸਕੂਲੀ ਵਿਦਿਆਰਥੀ ਹਾਜਰ ਸਨ।




# ਡਾ. ਓਬਰਾਏ ਵੱਲੋਂ ਅੰਗਹੀਣ ਵਿਅਕਤੀਆਂ ਦੀ ਦਿਲ ਖੋਲ੍ਹ ਕੇ ਮਦਦ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਗੈਰ ਸਿਆਸੀ ਤੇ ਸਵੈ ਵਿੱਤੀ ਸੰਸਥਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਟਰੱਸਟੀ ਡਾਕਟਰ ਐਸ ਪੀ ਸਿੰਘ ਓਬਰਾਏ ਵਲੋਂ ਮਾਨਵਤਾ ਦੀ ਭਲਾਈ ਲਈ ਅਪਣੀ ਕੁੱਲ ਆਮਦਨ ਵਿੱਚੋਂ 98% ਲੋਕ ਭਲਾਈ ਲਈ ਖਰਚ ਕੀਤੇ ਜਾ ਰਹੇ ਹਨ। ਇਸ ਲੜੀ ਹੇਠ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਡਾਕਟਰ ਓਬਰਾਏ ਵਲੋਂ ਭੇਜੀ 30000 ਦੀ ਰਾਸ਼ੀ 40 ਅੰਗਹੀਣ ਵਿਅਕਤੀਆਂ ਨੂੰ ਪਿਛਲੇ ਦਿਨੀਂ ਇੱਕ ਸਾਦੇ ਸਮਾਗਮ ਦੌਰਾਨ ਦਿੱਤੀ ਗਈ ਅਰਵਿੰਦਰ ਪਾਲ ਸਿੰਘ ਚਾਹਲ ਬੂੜਾ ਗੁੱਜਰ ਜ਼ਿਲ੍ਹਾ ਪ੍ਰਧਾਨ ਸ੍ਰੀ ਮੁਕਤਸਰ ਸਾਹਿਬ ਨੇ ਪ੍ਰੈਸ ਨੂੰ ਦੱਸਿਆ ਕਿ ਇਹ ਲੋੜਵੰਦ ਅੰਗਹੀਣ ਵਿਅਕਤੀ ਕੰਮ ਕਰਨ ਤੋਂ ਅਸਮਰਥ ਹਨ ਅਤੇ ਕਈ ਵੱਖ ਵੱਖ ਬੀਮਾਰੀ ਤੋਂ ਵੀ ਪੀੜਤ ਹਨ। ਅੰਗਹੀਣ ਵਿਅਕਤੀਆਂ ਨੇ ਦੱਸਿਆ ਕਿ ਇਸ ਸਥਿਤੀ ਵਿੱਚ ਸਾਡੇ ਅਪਣੇ ਵੀ ਸਾਡੇ ਕੋਲੋਂ ਮੂੰਹ ਮੋੜਦੇ ਹਨ। ਅਸੀਂ ਡਾਕਟਰ ਓਬਰਾਏ ਦਾ ਧੰਨਵਾਦ ਕਰਦੇ ਹਾਂ ਜੋ ਹਮੇਸ਼ਾ ਸਾਡੀ ਲਾਠੀ ਬਣ ਕੇ ਸਾਡੇ ਨਾਲ ਖੜਦੇ ਹਨ ਤੇ ਸਮੇਂ-ਸਮੇਂ 'ਤੇ ਸਾਨੂੰ ਪੂਰਨ ਸਹਿਯੋਗ ਦੇਂਦੇ ਹਨ।ਇਸ ਮੌਕੇ ਮਹੰਤ ਕਸ਼ਮੀਰ ਸਿੰਘ ਨੇ ਡਾ. ਓਬਰਾਏ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ ਅਤੇ ਸੰਗਤਾਂ ਲਈ ਲੰਗਰ ਤਿਆਰ ਵੀ ਕਰਾਇਆ ਗਿਆ।

# ਸਰਕਾਰ ਵਪਾਰੀਆਂ ਦੀ ਸਹੂਲਤ ਤੇ ਵਿਕਾਸ ਲਈ ਲਗਾਤਾਰ ਯਤਨਸ਼ੀਲ : ਮੋਹਿੰਦਰ ਭਗਤ

**ਜਲੰਧਰ (ਇਕਬਾਲ ਸਿੰਘ ਉਭੀ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸਰਕਟ ਹਾਊਸ ਵਿਖੇ ਇੰਪਰੂਵਮੈਂਟ ਟਰੱਸਟ ਦੀ ਚੇਅਰਪਰਸਨ ਰਾਜਵਿੰਦਰ ਕੌਰ ਥਿਆੜਾ, ਹਲਕਾ ਇੰਚਾਰਜ ਨਿਤਿਨ ਕੋਹਲੀ, ਆਪ ਆਗੂ ਦਿਨੇਸ਼ ਢੱਲ ਸਮੇਤ ਵਧੀਕ ਡਿਪਟੀ ਕਮਿਸ਼ਨਰ (ਜ) ਅਮਨਿੰਦਰ ਕੌਰ, ਸਟੇਟ ਜੀ.ਐਸ.ਟੀ. ਵਿਭਾਗ ਦੇ ਸੀਨੀਅਰ ਅਧਿਕਾਰੀਆਂ ਅਤੇ ਵਪਾਰੀਆਂ ਨਾਲ ਮੀਟਿੰਗ ਦੌਰਾਨ ਕਿ ਕਿਹਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਰਾਜ ਸਰਕਾਰ ਵਪਾਰੀ ਵਰਗ ਨਾਲ ਚੱਟਾਨ ਵਾਂਗ ਖੜ੍ਹੀ ਹੈ ਅਤੇ ਉਨ੍ਹਾਂ ਦੀ ਭਲਾਈ ਨੂੰ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਭਗਤ ਨੇ ਸਟੇਟ ਜੀ.ਐਸ.ਟੀ. ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਵਪਾਰੀਆਂ ਨੂੰ ਆਪਣੇ ਵਪਾਰ ਦੌਰਾਨ ਕੋਈ ਦਿੱਕਤ ਪੇਸ਼ ਨਾ ਆਵੇ। ਉਨ੍ਹਾਂ ਕਿਹਾ ਕਿ ਵਪਾਰੀ ਵਰਗ ਹਮੇਸ਼ਾ ਤੋਂ ਕਿਸੇ ਵੀ ਰਾਜ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਰਿਹਾ ਹੈ, ਜਿਨ੍ਹਾਂ ਦੇ ਯੋਗਦਾਨ ਨੂੰ ਕਦੇ ਵੀ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ।ਵਪਾਰੀਆਂ ਦੀਆਂ ਮੰਗਾਂ ਅਤੇ ਸਮੱਸਿਆਵਾਂ ਦੀ ਸੁਣਵਾਈ ਕਰਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਪਾਰੀਆਂ ਦੀ ਸਹੂਲਤ ਅਤੇ ਵਿਕਾਸ ਲਈ ਲਗਾਤਾਰ ਯਤਨਸ਼ੀਲ ਹੈ ਅਤੇ ਜਲਦ ਹੀ ਵਪਾਰੀ ਵਰਗ ਦੇ ਮੁੱਦਿਆਂ ਦਾ ਢੁੱਕਵਾਂ ਹੱਲ ਕੱਢ ਕੇ ਉਨ੍ਹਾਂ ਨੂੰ ਰਾਹਤ ਪਹੁੰਚਾਈ ਜਾਵੇਗੀ। ਉਨ੍ਹਾਂ ਅਧਿਕਾਰੀਆਂ ਨੂੰ ਵਪਾਰੀਆਂ ਦੀਆਂ ਜ਼ਿਲ੍ਹਾ ਪੱਧਰ ਨਾਲ ਸਬੰਧਤ ਮੁਸ਼ਕਲਾਂ ਦਾ ਫੌਰੀ ਹੱਲ ਯਕੀਨੀ ਬਣਾਉਣ ਦੀ ਹਦਾਇਤ ਕੀਤੀ ਅਤੇ ਨਾਲ ਹੀ ਸੂਬਾ ਪੱਧਰ ਨਾਲ ਸਬੰਧਤ ਮੁੱਦੇ ਮੁੱਖ ਮੰਤਰੀ ਪੰਜਾਬ ਦੇ ਧਿਆਨ ਵਿੱਚ ਲਿਆਉਣ ਦਾ ਭਰੋਸਾ ਦਿਵਾਇਆ ਤਾਂ ਜੋ ਉਨ੍ਹਾਂ ਦਾ ਜਲਦ ਤੋਂ ਜਲਦ ਹੱਲ ਕੀਤਾ ਜਾ ਸਕੇ।

# ਤੀਆਂ ਦਾ ਮੇਲਾ 3 ਨੂੰ ਮਨਾਇਆ ਜਾਵੇਗਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਧੀਆਂ ਦਾ ਤਿਉਹਾਰ ਇਹ ਸਾਵਣ ਦਾ ਮਹੀਨਾ ਪੰਜਾਬੀ ਸੱਭਿਆਚਾਰ ਦੇ ਲਈ ਵੀ ਬਹੁਤ ਮਹੱਤਵਪੂਰਨ ਹੈ। ਸਾਵਣ ਦੇ ਮਹੀਨੇ ਵਿੱਚ ਨਵ-



ਵਿਆਹੁਤਾ ਔਰਤਾਂ ਆਪਣੇ ਪੇਕੇ ਘਰ ਜਾ ਕੇ ਆਪਣੀ ਸਹੇਲੀਆਂ ਨਾਲ ਪਿੱਪਲ ਹੇਠਾਂ ਪੀਂਘਾਂ ਝੂਟਦੀਆਂ ਅਤੇ ਨੱਚ ਕੇ ਤੀਆਂ ਦਾ ਤਿਉਹਾਰ ਮਨਾਉਂਦੀਆਂ ਹਨ। ਅੱਜ ਦੇ ਆਧੁਨਿਕ ਯੁੱਗ ਵਿੱਚ ਨਵੀਂ ਪੀੜ੍ਹੀ ਆਪਣੇ ਸੱਭਿਆਚਾਰ ਨੂੰ ਭੁੱਲਦੀ ਜਾ ਰਹੀ ਹੈ। ਇਹ ਪ੍ਰਗਟਾਵਾ ਸੂਰੀ ਹਸਪਤਾਲ ਬਲਾਚੌਰ ਦੇ ਡਾਕਟਰ ਅਮਨਦੀਪ ਸੂਰੀ ਅਤੇ ਸਿਮਰਨ ਕੌਰ ਸਹਿਜਪਾਲ ਖਾਲਸਾ ਫਾਰਮ ਸ਼ਿਕਾਗੋ ਵਾਲਿਆਂ ਨੇ ਕਰਦਿਆਂ ਕਿਹਾ ਤੀਆਂ ਦਾ ਮੇਲਾ 3 ਅਗਸਤ ਨੂੰ ਸਵੇਰੇ 11 ਤੋਂ ਸ਼ਾਮ 4 ਵਜੇ ਤੱਕ ਚੌਧਰੀ ਪੈਲੇਸ ਭੱਦੀ ਰੋਡ ਬਲਾਚੌਰ ਵਿਖੇ ਕਰਵਾਇਆ ਜਾ ਰਿਹਾ ਹੈ । ਐਂਟਰੀ ਫੀਸ 500 ਰੁਪਏ ਰੱਖੀ ਗਈ ਹੈ । ਇਸ ਮੇਲੇ ਵਿੱਚ ਪੰਜਾਬ ਦੇ ਪ੍ਰਸਿੱਧ ਗਾਇਕ ਐਂਕਰ ਤੇ ਐਕਟਰ: ਬਿੰਨੂ ਢਿੱਲੋਂ , ਯੁਵਰਾਜ ਹੰਸ, ਮਲਕੀਤ ਰੌਣੀ, ਪਰਮਵੀਰ ਸਿੰਘ, ਸਮੀਰ ਮਾਹੀ, ਹਰਸ਼ ਪੰਧੇਰ, ਟਾਈਗਰ ਹਰਮੀਕ, ਰਾਮ ਔਜਲਾ ,ਵਿਕਟਰ ਯੋਗਰਾਜ ਸਿੰਘ, ਪ੍ਰਿੰਸ ਸੰਧੂ, ਅਨਮੋਲ , ਵੀਜੇ ਮੱਟੂ, ਆਰਜੇ ਮੱਟੂ ਅਤੇ ਸੁਨੀਤਾ ਧੀਰ, ਗੁਰਪ੍ਰੀਤ ਭੰਗੂ, ਰੁਪਿੰਦਰ ਰੂਪੀ, ਅਨੀਤਾ ਮੀਤ, ਸਤਵੰਤ ਕੌਰ, ਪਰਮਿੰਦਰ ਗਿੱਲ,ਅਨੀਤਾ ਸ਼ਬਦੀਸ਼, ਨੀਨਾ ਯੋਗਰਾਜ ਸਿੰਘ, ਨਿਸ਼ਾ ਬਾਨੋ ,ਨੇਹਾ ਦਿਆਲ, ਰਾਜ ਧਾਲੀਵਾਲ, ਪੂਨਮ ਸੂਦ, ਮਨੀ ਬੋਪਾਰਾਏ, ਹਰਪ੍ਰੀਤ ਵਾਲੀਆ, ਜੋਤੀ ਆਰੋੜਾ, ਮਨਪ੍ਰੀਤ ਮਨੀ, ਪ੍ਰਿਆ ਸਿੰਘ ਪ੍ਰੀਤ, ਵਿਸ਼ੂ ਖੇੜੀਆ, ਗੀਤ ਕਾਹਲੋਂ , ਕਨਨ ਸੇਠ, ਮਰਜੀਨਾ ਸਾਗਰ, ਮੌਸਮੀ ਸੇਨ, ਸੰਦੀਪ ਕੌਰ, ਸੰਦੀਪ ਸਿੱਧੂ, ਨਵਦੀਪ ਕੌਰ ਰਾਂਧੀ ਤੋਂ ਇਲਾਵਾ ਤਰੁਨਜੋਤ ਸਿੰਘ ਈਵੈਂਟ ਮੈਨੇਜਰ, ਡਾ. ਭੁਪਿੰਦਰ ਸਿੰਘ ਸੂਰੀ ਹਸਪਤਾਲ ਅਤੇ ਦੇਸ਼ ਵਿਦੇਸ਼ ਦੀਆਂ ਨਾਮਵਰ ਸ਼ਖਸੀਅਤਾਂ ਹਾਜਰੀ ਲਗਵਾਉਣਗੀਆਂ।

# ਸੂਰਬੀਰਾਂ ਦੀ ਧਰਤੀ ਪੰਜਾਬ 'ਤੇ ਨਸ਼ਿਆਂ ਦਾ ਕੋਈ ਕੰਮ ਨਹੀਂ : ਰਾਜਪਾਲ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**— ਰਤਨ ਪ੍ਰੋਫੈਸਨਲ ਐਜੂਕੇਸ਼ਨ ਕਾਲਜ, ਸੈਕਟਰ-78, ਸੋਹਾਣਾ (ਮੋਹਾਲੀ) ਵੱਲੋਂ ਨਸ਼ਾ ਵਿਰੋਧੀ ਮੁਹਿੰਮ ਦੇ ਤਹਿਤ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਮੁੱਖ ਮਹਿਮਾਨ ਦੇ ਤੌਰ 'ਤੇ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਵੱਲੋਂ ਸ਼ਿਰਕਤ ਕੀਤੀ ਗਈ। ਇਸ ਮੌਕੇ ਉਨ੍ਹਾਂ ਵੱਲੋਂ ਕਾਲਜ ਦੇ ਵਿਹੜੇ ਵਿੱਚ ਰੁੱਖ ਲਗਾ ਕੇ ਪੰਜਾਬ ਨੂੰ ਹਰਿਆ-ਭਰਿਆ ਅਤੇ ਸਿਹਤਮੰਦ ਪੰਜਾਬ ਬਣਾਉਣ ਲਈ ਯੋਗਦਾਨ ਪਾਉਣ ਦੀ ਅਪੀਲ ਕੀਤੀ ਗਈ। ਕਾਲਜ ਦੇ ਵਿਦਿਆਰਥੀਆਂ ਵੱਲੋਂ ਨਸ਼ਾ ਮੁਕਤ ਭਾਰਤ ਥੀਮ 'ਤੇ ਨਾਟਕ, ਪੋਸਟਰ ਨਿਰਮਾਣ ਅਤੇ ਵੱਖ-ਵੱਖ ਪੇਸ਼ਕਾਰੀਆਂ ਦਿੱਤੀਆਂ ਗਈਆਂ। ਇਨ੍ਹਾਂ ਰਚਨਾਤਮਕ ਪ੍ਰਸਤਾਵਾਂ ਰਾਹੀਂ ਵਿਦਿਆਰਥੀਆਂ ਨੇ ਨਸ਼ਿਆਂ ਦੇ ਨੁਕਸਾਨਾਂ ਤੇ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਨ ਦਾ ਸੁਨੇਹਾ ਦਿੱਤਾ। ਉਨ੍ਹਾਂ ਦੀ ਇਸ ਕਲਾ ਅਤੇ ਸੰਵੇਦਨਸ਼ੀਲ ਭੂਮਿਕਾ ਲਈ ਰਾਜਪਾਲ ਪੰਜਾਬ ਵੱਲੋਂ ਬੱਚਿਆਂ ਨੂੰ ਸਨਮਾਨਿਤ ਵੀ ਕੀਤਾ ਗਿਆ। ਕਟਾਰੀਆ ਨੇ ਆਪਣੇ ਸੰਬੋਧਨ ਵਿੱਚ ਰਤਨ ਕਾਲਜ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਵਿਦਿਅਕ ਸੰਸਥਾਵਾਂ ਸਮਾਜ ਵਿੱਚ ਨਸ਼ੇ ਵਿਰੁੱਧ ਜਾਗਰੂਕਤਾ ਫੈਲਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀਆਂ ਹਨ। ਉਨ੍ਹਾਂ ਨੇ ਕਾਲਜ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਖੁੱਲ੍ਹ ਕੇ ਸ਼ਲਾਘਾ ਕੀਤੀ। ਵੱਖ-ਵੱਖ



ਪਿੰਡਾਂ ਦੇ ਸਰਪੰਚਾਂ ਨੂੰ ਨਸ਼ਾ ਮੁਕਤ ਅਭਿਆਨ ਵਿੱਚ ਉਨ੍ਹਾਂ ਵੱਲੋਂ ਪਾਏ ਯੋਗਦਾਨ ਲਈ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਉਹ ਵਿਅਕਤੀ ਜੋ ਨਸ਼ੇ ਤੋਂ ਛੁਟਕਾਰਾ ਪਾ ਚੁੱਕੇ ਹਨ, ਉਨ੍ਹਾਂ ਨੂੰ ਵੀ ਸਨਮਾਨਿਤ ਕਰ ਉਨ੍ਹਾਂ ਦੀ ਹਿੰਮਤ ਨੂੰ ਸਲਾਮ ਕੀਤਾ ਗਿਆ। ਕਟਾਰੀਆ ਨੇ ਕਿਹਾ ਕਿ "ਪੰਜਾਬ ਵੀਰ ਜਵਾਨਾਂ, ਸੂਰਬੀਰਾਂ ਅਤੇ ਗੁਰੂਆਂ ਪੀਰਾਂ, ਮਹਾਨ ਯੋਧਿਆਂ ਦੀ ਧਰਤੀ ਹੈ। ਇਹ ਜਰੂਰੀ ਹੈ ਕਿ ਅਸੀਂ ਇਸ ਧਰਤੀ ਨੂੰ ਨਸ਼ਿਆਂ ਦੀ ਬੁਰਾਈ ਤੋਂ ਬਚਾਈਏ ਤਾਂ ਜੋ ਭਵਿੱਖ ਦੀ ਪੀੜ੍ਹੀ ਸੁਰੱਖਿਅਤ ਰਹੇ। ਹਾਲਾਂਕਿ ਇਹ ਸਮੱਸਿਆ ਹੋਰ ਰਾਜਾਂ ਵਿੱਚ ਵੀ ਹੈ, ਪਰ ਪੰਜਾਬ ਲਈ ਇਹ ਇਕ ਗੰਭੀਰ ਚੁਣੌਤੀ ਹੈ, ਜਿਸ ਦਾ ਸਹਿਯੋਗ ਦੇ ਕੇ ਸਮੂਹਿਕ ਤੌਰ 'ਤੇ ਸਾਹਮਣਾ ਕਰਨਾ ਲਾਜਮੀ ਹੈ।" ਉਨ੍ਹਾਂ ਵੱਲੋਂ ਅਪੀਲ ਕੀਤੀ ਗਈ ਕਿ ਸਾਰੇ ਕੋਸ਼ਿਸ਼ ਕਰਨ ਕਿ ਸਾਰੇ ਪਿੰਡ, ਸਾਰਾ ਦੇਸ਼, ਸਾਰੇ ਕਾਲਜ, ਸਾਰੀਆਂ ਯੂਨੀਵਰਸਿਟੀਆਂ ਅਤੇ ਸਾਰੇ ਸ਼ਹਿਰ ਨਸ਼ਾ ਮੁਕਤ ਕਰੀਏ। ਇਸ ਮੌਕੇ ਡਿਪਟੀ ਕਮਿਸ਼ਨਰ, ਸ੍ਰੀਮਤੀ ਕੋਮਲ ਮਿੱਤਲ, ਆਈ.ਏ.ਐਸ. ਅਧਿਕਾਰੀ ਲਲਿਤ ਜੈਨ, ਰਾਜਪਾਲ ਦੇ ਏ.ਡੀ.ਸੀ. ਰਣਧੀਰ ਸਿੰਘ, ਐਸ.ਡੀ.ਐਮ, ਮੋਹਾਲੀ, ਦਮਨਦੀਪ ਕੌਰ, ਸੁੰਦਰ ਲਾਲ ਅਗਰਵਾਲ, ਚੇਅਰਮੈਨ ਰਤਨ ਪ੍ਰੋਫੈਸ਼ਨਲ ਐਜੂਕੇਸ਼ਨ ਕਾਲਜ, ਕਾਰਤਿਕ ਅਗਰਵਾਲ, ਡਾਇਰੈਕਟਰ, ਮੈਨੇਜਿੰਗ ਡਾਇਰੈਕਟਰ, ਸੰਗੀਤਾ ਅਗਰਵਾਲ ਅਤੇ ਦੀਪਿਕਾ ਗਰਗ, ਪ੍ਰਿੰਸੀਪਲ ਐਜੂਕੇਸ਼ਨ ਕਾਲਜ, ਡਾ. ਮਨਦੀਪ ਕੌਰ, ਪ੍ਰਿੰਸੀਪਲ ਕਾਲਜ ਆਫ ਨਰਸਿੰਗ ਡਾ. ਕਾਰਤਿਕਾ ਸ਼ਰਮਾ, ਹਰਦੇਵ ਸਿੰਘ ਉੱਭਾ ਅਤੇ ਕਾਲਜ ਦੇ ਵਿਦਿਆਰਥੀ, ਪਿੰਡਾਂ ਦੇ ਪੰਚ ਸਰਪੰਚ ਅਤੇ ਹੋਰ ਮੋਹਤਬਰ ਵੀ ਮੌਜੂਦ ਸਨ।

# ਸ਼ਰਧਾਪੂਰਵਕ ਮਨਾਇਆ ਸੰਗਰਾਂਦ ਦਾ ਦਿਹਾੜਾ

**ਅੱਡਾ ਸਰਾਂ (ਜਸਵੀਰ ਕਾਜਲ)**— ਪਿੰਡ ਕੰਧਾਲਾ ਜੱਟਾਂ ਵਿਖੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਵਿਖੇ ਸਾਵਣ ਮਹੀਨੇ ਦੀ ਸੰਗਰਾਂਦ ਦਾ ਸਮਾਗਮ ਸ਼ਰਧਾ ਪੂਰਵ ਕਰਵਾਇਆ ਗਿਆ। ਇਸ ਮੌਕੇ ਨਗਰ ਦੀਆਂ ਸੰਗਤਾਂ ਨੇ ਹਾਜਰੀ ਭਰੀ ਅਤੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਸਿੰਘ ਵੱਲੋਂ ਸਾਵਣ ਮਹੀਨੇ ਦੀ ਸੰਖੇਪ ਵਿਆਖਿਆ ਕਰਦੇ ਹੋਏ ਸੰਗਤਾਂ ਨੂੰ ਪ੍ਰਭੂ ਭਗਤੀ ਸਿਮਰਨ ਨਾਲ ਜੁੜਨ ਲਈ ਪ੍ਰੇਰਿਆ।ਇਥੇ ਰੋਜ਼ਾਨਾ ਕੀਰਤਨ ਕਰਨ ਵਾਲੇ ਬੱਚਿਆਂ ਨੇ ਸੰਗਰਾਂਦ ਦੇ ਸਮਾਗਮ ਵਿੱਚ ਹਾਜ਼ਰੀ ਭਰੀ ਤੇ ਰਸਭਿੰਨੇ ਕੀਰਤਨ ਨਾਲ ਆਈਆਂ ਹੋਈਆਂ ਸੰਗਤਾਂ ਨੂੰ ਜੋੜੀ ਰੱਖਿਆ।ਸੰਗਤਾਂ ਲਈ ਠੰਡੇ ਮਿੱਠੇ ਜਲ ਅਤੇ ਮਠਿਆਈਆਂ ਦੇ ਲੰਗਰ ਲਗਾਏ ਗਏ।

